ਮੰਗਲਵਾਰ, 19 ਮਈੀ, 2026
5 ਜੇਠ { ਨਾਨਕਸ਼ਾਹੀ 558 / ਬਿਕਰਮੀ 2083 }
ਜਿਲਦ/VOL. : 74
ਅੰਕ/NO. : 348

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • TUESDAY, 19 MAY, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪ੍ਰੂਫ਼-ਰਿਡਿੰਗ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਸੁਪਰੀਮ ਕੋਰਟ ਖ਼ਾਲਿਦ ਤੇ ਸ਼ਰਜੀਲ ਨੂੰ ਜ਼ਮਾਨਤ ਨਾ ਦੇਣ ਦੇ ਆਪਣੇ ਹੀ ਫ਼ੈਸਲੇ ਤੋਂ ਅਸਹਿਮਤ

## ਦੋ ਮੈਂਬਰੀ ਬੈਂਚ ਵੱਲੋਂ ਤਿੰਨ ਮੈਂਬਰੀ ਬੈਂਚ ਨੂੰ ਅਣਗੌਲਿਆ ਗਿਆ



**ਨਵੀਂ ਦਿੱਲੀ (ਨ ਜ਼ ਸ)**- 2020 ਦੇ ਦਿੱਲੀ ਦੰਗਿਆਂ ਦੀ ਸਾਜ਼ਿਸ਼ ਦੇ ਮਾਮਲੇ ਵਿੱਚ ਸੁਪਰੀਮ ਕੋਰਟ ਦੇ ਦੋ ਜੱਜਾਂ ਦੀ ਬੈਂਚ ਵੱਲੋਂ ਉਮਰ ਖਾਲਿਦ ਅਤੇ ਸ਼ਰਜੀਲ ਇਮਾਮ ਦੀ ਜ਼ਮਾਨਤ ਰੱਦ ਕੀਤੇ ਜਾਣ ਦੇ ਚਾਰ ਮਹੀਨਿਆਂ ਤੋਂ ਵੱਧ ਸਮੇਂ ਬਾਅਦ ਸੁਪਰੀਮ ਕੋਰਟ ਦੀ ਇੱਕ ਹੋਰ ਦੋ ਜੱਜਾਂ ਦੀ ਬੈਂਚ ਨੇ ਸੋਮਵਾਰ ਇਸ ਫੈਸਲੇ 'ਤੇ ਵੱਡੇ ਸਵਾਲ ਖੜ੍ਹੇ ਕੀਤੇ। ਬੈਂਚ ਨੇ ਕਿਹਾ ਕਿ ਪਿਛਲੇ ਫੈਸਲੇ ਦੌਰਾਨ ਤਿੰਨ ਜੱਜਾਂ ਦੀ ਵੱਡੀ ਬੈਂਚ ਵੱਲੋਂ 'ਕੇ ਏ ਨਜੀਬ' ਮਾਮਲੇ ਵਿੱਚ ਤੈਅ ਕੀਤੇ ਗਏ 'ਬੰਧਨਕਾਰੀ ਕਾਨੂੰਨੀ ਸਿਧਾਂਤ' ਨੂੰ ਅਣਗੌਲਿਆ ਕੀਤਾ ਗਿਆ। ਜਸਟਿਸ ਬੀ ਵੀ ਨਾਗਰਤਨਾ ਅਤੇ ਜਸਟਿਸ ਉੱਜਲ ਭੂਈਆਂ ਦੀ ਬੈਂਚ ਨੇ ਗੈਰ-ਕਾਨੂੰਨੀ ਗਤੀਵਿਧੀਆਂ ਰੋਕੂ ਕਾਨੂੰਨ (ਯੂ ਏ ਪੀ ਏ) ਤਹਿਤ ਨਾਰਕੋ-ਟੈਰਰਿਜ਼ਮ ਮਾਮਲੇ ਵਿੱਚ ਪਿਛਲੇ ਪੰਜ ਸਾਲਾਂ ਤੋਂ ਹਿਰਾਸਤ ਵਿੱਚ ਚੱਲ ਰਹੇ ਸਈਅਦ ਇਫਤਿਖ਼ਾਰ ਅੰਦਰਾਬੀ ਨੂੰ ਜ਼ਮਾਨਤ ਦਿੰਦਿਆਂ ਸਪੱਸ਼ਟ ਕੀਤਾ ਕਿ ਦੋ ਜੱਜਾਂ ਦੀ ਛੋਟੀ ਬੈਂਚ, ਤਿੰਨ ਜੱਜਾਂ ਦੀ ਵੱਡੀ ਬੈਂਚ ਦੇ ਫੈਸਲੇ ਨੂੰ ਮੰਨਣ ਲਈ ਪੂਰੀ ਤਰ੍ਹਾਂ ਪਾਬੰਦ ਹੈ।

ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ 5 ਜਨਵਰੀ ਨੂੰ ਜਸਟਿਸ ਅਰਵਿੰਦ ਕੁਮਾਰ ਅਤੇ ਜਸਟਿਸ ਐੱਨ ਵੀ ਅੰਜਾਰੀਆ ਦੀ ਬੈਂਚ ਨੇ ਉਮਰ ਖਾਲਿਦ ਤੇ ਸ਼ਰਜੀਲ ਇਮਾਮ ਦੀ ਜ਼ਮਾਨਤ ਅਰਜ਼ੀ ਇਹ ਕਹਿੰਦਿਆਂ ਰੱਦ ਕਰ ਦਿੱਤੀ ਸੀ ਕਿ ਉਪਲੱਬਧ ਸਮੱਗਰੀ ਮੁਤਾਬਕ ਇਹ ਮਾਮਲਾ ਸਿਰਫ ਸਥਾਨਕ ਘਟਨਾਵਾਂ ਦਾ ਨਹੀਂ, ਬਲਕਿ ਵੱਡੀ ਯੋਜਨਾਬੰਦੀ ਤੇ ਸਾਜ਼ਿਸ਼ ਨਾਲ ਜੁੜਿਆ ਹੋਇਆ ਹੈ, ਜਿਸ ਕਾਰਨ ਯੂ ਏ ਪੀ ਏ ਦੀ ਧਾਰਾ 434 (5) ਤਹਿਤ ਲੱਗੀਆਂ ਪਾਬੰਦੀਆਂ ਇਨ੍ਹਾਂ 'ਤੇ ਲਾਗੂ ਹੁੰਦੀਆਂ ਹਨ।

ਜਸਟਿਸ ਉੱਜਲ ਭੂਈਆਂ ਨੇ ਸੋਮਵਾਰ ਫੈਸਲਾ ਸੁਣਾਉਂਦਿਆਂ ਕਿਹਾ, "ਨਿਆਂਇਕ ਅਨੁਸ਼ਾਸਨ ਦਾ ਇਹ ਮੁੱਢਲਾ ਨਿਯਮ ਹੈ ਕਿ ਘੱਟ ਜੱਜਾਂ ਦੀ ਗਿਣਤੀ ਵਾਲੀ ਬੈਂਚ ਵੱਲੋਂ ਵੱਡੀ ਬੈਂਚ ਦੇ ਫੈਸਲੇ ਦੀ ਪਾਲਣਾ ਕੀਤੀ ਜਾਵੇ। ਜੇ ਕੋਈ ਸ਼ੱਕ ਹੋਵੇ, ਤਾਂ ਮਾਮਲਾ ਹੋਰ ਵੱਡੀ ਬੈਂਚ ਨੂੰ ਭੇਜਿਆ ਜਾਣਾ ਚਾਹੀਦਾ ਹੈ। ਇੱਕ ਛੋਟੀ ਬੈਂਚ ਵੱਡੀ ਬੈਂਚ ਦੇ ਫੈਸਲੇ ਦੇ ਪ੍ਰਭਾਵ ਨੂੰ ਨਾ ਤਾਂ ਘਟਾ ਸਕਦੀ ਹੈ ਅਤੇ ਨਾ ਹੀ ਉਸ ਨੂੰ ਨਜ਼ਰਅੰਦਾਜ਼ ਕਰ ਸਕਦੀ ਹੈ। ਉਨ੍ਹਾ ਕਿਹਾ ਕਿ ਸਾਲ 2021 ਦੇ 'ਕੇ ਏ ਨਜੀਬ' ਮਾਮਲੇ ਵਿੱਚ ਤਿੰਨ ਜੱਜਾਂ ਦੀ ਬੈਂਚ ਨੇ ਸਾਫ ਨਿਰਦੇਸ਼ ਦਿੱਤੇ ਸਨ ਕਿ ਜੇ ਕੋਈ ਮੁਲਜ਼ਮ ਲੰਮੇ ਸਮੇਂ ਤੋਂ ਜੇਲ੍ਹ ਵਿੱਚ ਬੰਦ ਹੈ ਤਾਂ ਸੰਵਿਧਾਨਕ ਅਦਾਲਤਾਂ ਯੂ ਏ ਪੀ ਏ ਦੀ ਧਾਰਾ 434 (5) ਦੀਆਂ ਸਖਤ ਸ਼ਰਤਾਂ ਦੇ ਬਾਵਜੂਦ ਉਸ ਨੂੰ ਜ਼ਮਾਨਤ ਦੇ ਸਕਦੀਆਂ ਹਨ।" ਬੈਂਚ ਨੇ ਕਿਹਾ, 'ਯੂ ਏ ਪੀ ਏ ਦੀ ਧਾਰਾ 434(5) ਦੀਆਂ ਕਾਨੂੰਨੀ ਪਾਬੰਦੀਆਂ ਸੰਵਿਧਾਨ ਦੇ ਆਰਟੀਕਲ 21 (ਜੀਵਨ ਅਤੇ ਨਿੱਜੀ ਸੁਤੰਤਰਤਾ ਦਾ ਅਧਿਕਾਰ) ਅਤੇ ਆਰਟੀਕਲ 22 ਦੇ ਅਧੀਨ ਹੀ ਕੰਮ ਕਰ ਸਕਦੀਆਂ ਹਨ। ਇਸ ਲਈ ਸਾਨੂੰ ਇਹ ਕਹਿਣ ਵਿੱਚ ਕੋਈ ਸ਼ੱਕ ਨਹੀਂ ਹੈ ਕਿ ਯੂ ਏ ਪੀ ਏ ਦੇ ਮਾਮਲਿਆਂ ਵਿੱਚ ਵੀ ਜ਼ਮਾਨਤ ਇੱਕ ਨਿਯਮ ਹੈ ਅਤੇ ਜੇਲ੍ਹ ਇੱਕ ਅਪਵਾਦ। ਬੇਸ਼ੱਕ, ਕਿਸੇ ਖਾਸ ਮਾਮਲੇ ਦੇ ਤੱਥਾਂ ਨੂੰ ਦੇਖਦੇ ਹੋਏ ਜ਼ਮਾਨਤ ਤੋਂ ਇਨਕਾਰ ਕੀਤਾ ਜਾ ਸਕਦਾ ਹੈ।'

ਯੂ ਏ ਪੀ ਏ ਦੀ ਇਸ ਧਾਰਾ ਮੁਤਾਬਕ ਦੇਸ਼ ਵਿਰੋਧੀ ਜਾਂ ਅੱਤਵਾਦੀ ਗਤੀਵਿਧੀਆਂ ਦੇ ਮੁਲਜ਼ਮ ਨੂੰ ਉਦੋਂ ਤੱਕ ਜ਼ਮਾਨਤ ਨਹੀਂ ਦਿੱਤੀ ਜਾ ਸਕਦੀ, ਜਦੋਂ ਤੱਕ ਸਰਕਾਰੀ ਵਕੀਲ ਨੂੰ ਸੁਣਨ ਦਾ ਮੌਕਾ ਨਾ ਮਿਲਿਆ ਹੋਵੇ। ਇਸ ਤੋਂ ਇਲਾਵਾ ਜੇ ਅਦਾਲਤ ਨੂੰ ਕੇਸ ਡਾਇਰੀ ਜਾਂ ਚਾਰਜਸ਼ੀਟ ਦੇਖ ਕੇ ਲੱਗਦਾ ਹੈ ਕਿ ਮੁਲਜ਼ਮ ਖਿਲਾਫ ਲੱਗੇ ਦੋਸ਼ ਪਹਿਲੀ ਨਜ਼ਰੇ ਸੱਚੇ ਜਾਪਦੇ ਹਨ, ਤਾਂ ਜ਼ਮਾਨਤ ਨਹੀਂ ਦਿੱਤੀ ਜਾ ਸਕਦੀ।

ਮੌਜੂਦਾ ਬੈਂਚ ਨੇ ਉਮਰ ਖਾਲਿਦ ਅਤੇ ਸ਼ਰਜੀਲ ਇਮਾਮ ਵਾਲੇ ਫੈਸਲੇ (ਗੁਲਫਿਸ਼ਾ ਫ਼ਾਤਿਮਾ ਕੇਸ) 'ਤੇ ਗੰਭੀਰ ਚਿੰਤਾ ਜਤਾਉਂਦਿਆਂ ਕਿਹਾ ਕਿ ਉਸ ਫੈਸਲੇ ਵਿੱਚ 'ਨਜੀਬ ਕੇਸ' ਦੇ ਵੱਡੇ ਸਿਧਾਂਤ ਨੂੰ ਬਹੁਤ ਸੀਮਤ ਕਰਕੇ ਪੇਸ਼ ਕੀਤਾ ਗਿਆ ਸੀ, ਜੋ ਕਿ ਗਲਤ ਹੈ। ਅਦਾਲਤ ਨੇ ਸਪੱਸ਼ਟ ਕੀਤਾ ਕਿ ਹੇਠਲੀਆਂ ਅਦਾਲਤਾਂ, ਹਾਈ ਕੋਰਟਾਂ ਜਾਂ ਸੁਪਰੀਮ ਕੋਰਟ ਦੀਆਂ ਛੋਟੇ ਬੈਂਚਾਂ ਵੱਲੋਂ 'ਨਜੀਬ ਫੈਸਲੇ' ਨੂੰ ਕਮਜ਼ੋਰ ਨਹੀਂ ਕੀਤਾ ਜਾ ਸਕਦਾ।

ਜੰਮੂ-ਕਸ਼ਮੀਰ ਦੇ ਕੁਪਵਾੜਾ ਜ਼ਿਲ੍ਹੇ ਦੇ ਹੰਦਵਾੜਾ ਦੇ ਰਹਿਣ ਵਾਲੇ ਸਈਅਦ ਇਫ਼ਤਿਖ਼ਾਰ ਅੰਦਰਾਬੀ ਨੂੰ ਐੱਨ ਆਈ ਏ ਨੇ 11 ਜੂਨ 2020 ਨੂੰ ਗ੍ਰਿਫਤਾਰ ਕੀਤਾ ਸੀ। ਉਸ 'ਤੇ ਸਰਹੱਦ ਪਾਰੋਂ ਹੈਰੋਇਨ ਮੰਗਵਾਉਣ ਅਤੇ ਉਸ ਦੀ ਕਮਾਈ ਲਸ਼ਕਰ-ਏ-ਤਈਬਾ ਅਤੇ ਹਿਜ਼ਬੁਲ ਮੁਜਾਹਦੀਨ ਵਰਗੇ ਅੱਤਵਾਦੀ ਸੰਗਠਨਾਂ ਨੂੰ ਦੇਣ ਦੇ ਦੋਸ਼ ਹਨ। ਜੰਮੂ ਦੀ ਵਿਸ਼ੇਸ਼ ਐੱਨ ਆਈ ਏ ਅਦਾਲਤ ਨੇ ਅਗਸਤ 2024 ਵਿੱਚ ਉਸ ਦੀ ਜ਼ਮਾਨਤ ਰੱਦ ਕਰ ਦਿੱਤੀ ਸੀ, ਜਿਸ ਨੂੰ ਜੰਮੂ-ਕਸ਼ਮੀਰ ਅਤੇ ਲੱਦਾਖ ਹਾਈ ਕੋਰਟ ਨੇ ਵੀ ਬਰਕਰਾਰ ਰੱਖਿਆ ਸੀ। ਇਸ ਤੋਂ ਬਾਅਦ ਮੁਲਜ਼ਮ ਨੇ ਸੁਪਰੀਮ ਕੋਰਟ ਤੱਕ ਪਹੁੰਚ ਕੀਤੀ ਸੀ, ਜਿੱਥੇ ਲੰਮੇ ਸਮੇਂ ਤੋਂ ਜੇਲ੍ਹ ਵਿੱਚ ਬੰਦ ਹੋਣ ਦੇ ਆਧਾਰ 'ਤੇ ਹੁਣ ਉਸ ਨੂੰ ਜ਼ਮਾਨਤ ਮਿਲ ਗਈ ਹੈ।

## ਮੁੱਖ ਮੰਤਰੀ ਨੇ ਪਟਨਾ ਸਾਹਿਬ ਮੱਥਾ ਟੇਕਿਆ



**ਪਟਨਾ (ਨ ਜ਼ ਸ)**- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸੋਮਵਾਰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਜਨਮ ਅਸਥਾਨ ਤਖਤ ਸ੍ਰੀ ਪਟਨਾ ਸਾਹਿਬ ਵਿਖੇ ਨਤਮਸਤਕ ਹੋਣ ਲਈ ਧਾਰਮਕ ਯਾਤਰਾ 'ਤੇ ਪਹੁੰਚੇ। ਇਹ ਦੌਰਾ ਮੁੱਖ ਮੰਤਰੀ ਦੀ ਉਸ 'ਸ਼ੁਕਰਾਨਾ ਯਾਤਰਾ' ਦੀ ਕੜੀ ਦਾ ਹਿੱਸਾ ਹੈ, ਜਿਸ ਤਹਿਤ ਉਨ੍ਹਾ ਪਿਛਲੇ ਦਿਨੀਂ ਤਖਤ ਸ੍ਰੀ ਅਕਾਲ ਤਖਤ ਸਾਹਿਬ, ਤਖਤ ਸ੍ਰੀ ਕੇਸਗੜ੍ਹ ਸਾਹਿਬ ਅਤੇ ਤਖਤ ਸ੍ਰੀ ਦਮਦਮਾ ਸਾਹਿਬ ਸਮੇਤ ਹੋਰ ਇਤਿਹਾਸਕ ਧਾਰਮਕ ਅਸਥਾਨਾਂ ਦੇ ਦਰਸ਼ਨ ਕੀਤੇ ਸਨ। ਇਹ ਯਾਤਰਾ ਮੁੱਖ ਤੌਰ 'ਤੇ ਸਰਕਾਰ ਦੇ ਉਸ ਇਤਿਹਾਸਕ ਕਦਮ ਨੂੰ ਸਮਰਪਤ ਹੈ, ਜਿਸ ਤਹਿਤ 'ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026' ਨੂੰ ਸਫਲਤਾਪੂਰਵਕ ਲਾਗੂ ਕੀਤਾ ਗਿਆ ਹੈ। ਇਹ ਕਾਨੂੰਨ ਬੇਅਦਬੀ ਦੇ ਮਾਮਲਿਆਂ ਵਿੱਚ ਸਖਤ ਤੋਂ ਸਖਤ ਸਜ਼ਾ ਦਾ ਪ੍ਰਬੰਧ ਕਰਦਾ ਹੈ।

## ਪ੍ਰਧਾਨ ਮੰਤਰੀ ਦਾ ਕਰੀਬੀ ਬਣ ਕੇ ਠੱਗਣ ਵਾਲੇ ਦੀ ਜ਼ਮਾਨਤ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਸੋਮਵਾਰ ਮਨੀ ਲਾਂਡਰਿੰਗ (ਪੈਸੇ ਦੀ ਹੇਰਾਫੇਰੀ) ਦੇ ਇੱਕ ਮਾਮਲੇ ਵਿੱਚ ਉਸ ਮੁਲਜ਼ਮ ਨੂੰ ਜ਼ਮਾਨਤ ਦੇ ਦਿੱਤੀ, ਜਿਸ ਨੇ ਕਥਿਤ ਤੌਰ 'ਤੇ ਲੋਕਾਂ ਦੇ ਕੰਮ ਕਰਵਾਉਣ ਦੇ ਬਹਾਨੇ ਪੈਸੇ ਵਸੂਲਣ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਹੋਰ ਕੇਂਦਰੀ ਮੰਤਰੀਆਂ ਦਾ ਨਜ਼ਦੀਕੀ ਸਹਾਇਕ ਹੋਣ ਦਾ ਢੌਂਗ ਰਚਿਆ ਸੀ। ਇਲਾਹਾਬਾਦ ਹਾਈ ਕੋਰਟ ਦੇ 5 ਫਰਵਰੀ ਦੇ ਉਸ ਹੁਕਮ ਨੂੰ ਰੱਦ ਕਰਦਿਆਂ, ਜਿਸ ਵਿੱਚ ਮੁਹੰਮਦ ਕਾਸ਼ਿਫ ਨੂੰ ਜ਼ਮਾਨਤ ਦੇਣ ਤੋਂ ਇਨਕਾਰ ਕਰ ਦਿੱਤਾ ਗਿਆ ਸੀ, ਜਸਟਿਸ ਐੱਮ ਐੱਮ ਸੁੰਦਰੇਸ਼ ਅਤੇ ਜਸਟਿਸ ਐੱਨ ਕੋਟੀਸ਼ਵਰ ਸਿੰਘ ਦੀ ਬੈਂਚ ਨੇ ਉਸ ਵੱਲੋਂ ਉੱਚ ਸੰਵਿਧਾਨਕ ਅਹੁਦੇਦਾਰਾਂ ਦੇ ਨਾਂਅ ਦੀ ਵਰਤੋਂ ਨਾ ਕਰਨ ਦਾ ਭਰੋਸਾ (ਅੰਡਰਟੇਕਿੰਗ) ਦੇਣ ਤੋਂ ਬਾਅਦ ਇਹ ਫੈਸਲਾ ਸੁਣਾਇਆ। ਮੁਲਜ਼ਮ ਪਿਛਲੇ ਲਗਭਗ ਤਿੰਨ ਸਾਲਾਂ ਤੋਂ ਜੇਲ੍ਹ ਵਿੱਚ ਬੰਦ ਹੈ।

19 ਅਪਰੈਲ, 2023 ਨੂੰ ਉਸ ਵਿਰੁੱਧ ਯੂ ਪੀ ਦੇ ਗੌਤਮ ਬੁੱਧ ਨਗਰ ਥਾਣੇ ਵਿੱਚ ਕੇਸ ਦਰਜ ਹੋਇਆ ਸੀ। ਈ ਡੀ ਨੇ ਦੋਸ਼ ਲਗਾਇਆ ਸੀ ਕਿ ਕਾਸ਼ਿਫ ਨੇ ਆਪਣੇ ਫੇਸਬੁਕ ਅਤੇ ਇੰਸਟਾਗ੍ਰਾਮ ਵਰਗੇ ਸੋਸ਼ਲ ਮੀਡੀਆ ਅਕਾਊਂਟਸ 'ਤੇ ਪ੍ਰਧਾਨ ਮੰਤਰੀ ਅਤੇ ਕੇਂਦਰੀ ਮੰਤਰੀਆਂ ਨਾਲ ਮੋਰਫਡ/ ਐਡਿਟ ਕੀਤੀਆਂ ਫੋਟੋਆਂ ਗੈਰ-ਕਾਨੂੰਨੀ ਤਰੀਕੇ ਨਾਲ ਪੋਸਟ ਕਰਕੇ ਪੈਸੇ ਵਸੂਲੇ। ਮੰਤਰੀਆਂ ਨਾਲ ਨਜ਼ਦੀਕੀ ਹੋਣ ਦਾ ਢੌਂਗ ਰਚ ਕੇ ਲੋਕਾਂ ਨੂੰ ਪ੍ਰਭਾਵਤ ਕਰਕੇ, ਉਸ ਨੇ ਕਥਿਤ ਤੌਰ 'ਤੇ ਰਾਜਸਥਾਨ ਸਰਕਾਰ ਅਤੇ ਹੋਰ ਵਿਭਾਗਾਂ ਤੋਂ ਕੰਮ ਦੇ ਠੇਕੇ ਹਾਸਲ ਕੀਤੇ ਸਨ।

## ਚੰਡੀਗੜ੍ਹ 'ਚ ਤੇਲ ਦੀ ਰਾਸ਼ਨਿੰਗ ਦੇ ਪੋਸਟਰ ਨਾਲ ਸਨਸਨੀ

**ਚੰਡੀਗੜ੍ਹ (ਨ ਜ਼ ਸ)**- ਡਿਪਟੀ ਕਮਿਸ਼ਨਰ ਨਿਸ਼ਾਂਤ ਕੁਮਾਰ ਯਾਦਵ ਨੇ ਸੋਮਵਾਰ ਸਪੱਸ਼ਟ ਕੀਤਾ ਕਿ ਚੰਡੀਗੜ੍ਹ ਪ੍ਰਸ਼ਾਸਨ ਨੇ ਪੈਟਰੋਲ ਜਾਂ ਡੀਜ਼ਲ ਦੀ ਵਿਕਰੀ 'ਤੇ ਕਿਸੇ ਵੀ ਤਰ੍ਹਾਂ ਦੀ ਸੀਮਾ ਜਾਂ ਪਾਬੰਦੀਆਂ ਲਗਾਉਣ ਦੇ ਕੋਈ ਹੁਕਮ ਜਾਰੀ ਨਹੀਂ ਕੀਤੇ। ਪੈਟਰੋਲ ਅਤੇ ਡੀਜ਼ਲ ਦੀ ਲੋੜੀਂਦੀ ਉਪਲੱਬਧਤਾ ਹੈ। ਤੇਲ ਮਾਰਕੀਟਿੰਗ ਕੰਪਨੀਆਂ ਨੇ ਵੀ ਪੁਸ਼ਟੀ ਕੀਤੀ ਹੈ ਕਿ ਤੇਲ ਦਾ ਕਾਫੀ ਸਟਾਕ ਉਪਲੱਬਧ ਹੈ ਅਤੇ ਸਪਲਾਈ ਕਾਰਜ ਬਿਨਾਂ ਕਿਸੇ ਰੁਕਾਵਟ ਦੇ ਸੁਚਾਰੂ ਢੰਗ ਨਾਲ ਜਾਰੀ ਹਨ।

ਚੰਡੀਗੜ੍ਹ ਦੇ ਸੈਕਟਰ 17 ਸਥਿਤ ਪੈਟਰੋਲ ਪੰਪ 'ਤੇ ਦੋ ਪਹੀਆ ਵਾਹਨਾਂ ਨੂੰ ਇੱਕ ਵਾਰ ਵਿੱਚ ਸਿਰਫ 500 ਰੁਪਏ ਅਤੇ ਚਾਰ ਪਹੀਆ ਵਾਹਨਾਂ ਨੂੰ 1500 ਰੁਪਏ ਤੱਕ ਦਾ ਹੀ ਤੇਲ ਦਿੱਤੇ ਜਾਣ ਬਾਰੇ ਪੋਸਟਰ ਲਗਾਏ ਗਏ ਸਨ, ਜਿਨ੍ਹਾਂ ਨੂੰ ਬਾਅਦ ਵਿੱਚ ਪ੍ਰਸ਼ਾਸਨ ਦੇ ਦਖਲ ਤੋਂ ਬਾਅਦ ਹਟਾ ਦਿੱਤਾ ਗਿਆ ਸੀ।

## ਦੀਪਕ ਸਿੰਗਲਾ ਦੀ ਗ੍ਰਿਫਤਾਰੀ 'ਤੇ ਕੇਜਰੀਵਾਲ ਦਾ ਭਾਜਪਾ 'ਤੇ ਹਮਲਾ



**ਨਵੀਂ ਦਿੱਲੀ (ਨ ਜ਼ ਸ)**-ਆਮ ਆਦਮੀ ਪਾਰਟੀ ਦੇ ਗੋਆ ਵਿੱਚ ਸਹਿ-ਇੰਚਾਰਜ ਦੀਪਕ ਸਿੰਗਲਾ ਦੀ ਗ੍ਰਿਫ਼ਤਾਰੀ 'ਤੇ ਭਾਜਪਾ ਖ਼ਿਲਾਫ਼ ਤਿੱਖਾ ਹਮਲਾ ਬੋਲਦਿਆਂ 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਤਿੱਖੀ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਦੀਪਕ ਸਿੰਗਲਾ ਨੂੰ ਇਸ ਲਈ ਗ੍ਰਿਫ਼ਤਾਰ ਨਹੀਂ ਕੀਤਾ ਗਿਆ ਕਿ ਉਸ ਨੇ ਕੋਈ ਗ਼ਲਤ ਕੰਮ ਕੀਤਾ ਹੈ, ਸਗੋਂ ਇਸ ਲਈ ਗ੍ਰਿਫ਼ਤਾਰ ਕੀਤਾ ਗਿਆ ਹੈ, ਕਿਉਂਕਿ ਉਹ ਭਾਜਪਾ ਦੇ ਖ਼ਿਲਾਫ਼ ਕੰਮ ਕਰ ਰਿਹਾ ਸੀ ਅਤੇ ਉਸ ਨੇ ਭਾਜਪਾ ਵਿੱਚ ਸ਼ਾਮਲ ਹੋਣ ਤੋਂ ਨਾਂਹ ਕਰ ਦਿੱਤੀ ਸੀ। ਦੀਪਕ ਸਿੰਗਲਾ ਬਹਾਦਰ ਹੈ ਅਤੇ ਦੇਸ਼ ਲਈ ਲੜ ਰਿਹਾ ਹੈ। ਕੇਜਰੀਵਾਲ ਨੇ ਸੰਜੀਵ ਅਰੋੜਾ ਬਾਰੇ ਕਿਹਾ ਕਿ ਸੰਜੀਵ ਅਰੋੜਾ ਬਹੁਤ ਬਹਾਦਰ ਅਤੇ ਦੇਸ਼ ਭਗਤ ਹਨ। ਪੂਰੇ ਪੰਜਾਬ ਨੂੰ ਉਨ੍ਹਾ 'ਤੇ ਮਾਣ ਹੈ।'ਆਪ' ਦੇ ਗੋਆ ਇੰਚਾਰਜ ਅਤੇ ਦਿੱਲੀ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੀ ਨੇਤਾ ਆਤਿਸ਼ੀ ਨੇ ਕਿਹਾ ਕਿ ਅੱਜ ਸਾਡੇ ਦੇਸ਼ ਵਿੱਚ ਨੀਟ ਦਾ ਪੇਪਰ ਲੀਕ ਹੋ ਰਿਹਾ ਹੈ, ਪੈਟਰੋਲ-ਡੀਜ਼ਲ ਅਤੇ ਸੀ ਐੱਨ ਜੀ ਦੀਆਂ ਕੀਮਤਾਂ ਰੋਜ਼ ਵਧ ਰਹੀਆਂ ਹਨ, ਰੁਪਿਆ ਡਾਲਰ ਦੇ ਮੁਕਾਬਲੇ ਡਿੱਗਦਾ ਜਾ ਰਿਹਾ ਹੈ, ਪਰ ਮੋਦੀ ਜੀ ਕੋਲ ਸਿਰਫ਼ ਇੱਕ ਹੀ ਕੰਮ ਹੈ—ਵਿਰੋਧੀ ਧਿਰ ਦੇ ਨੇਤਾਵਾਂ 'ਤੇ ਝੂਠੇ ਕੇਸ ਪਾਉਣਾ ਅਤੇ ਉਨ੍ਹਾਂ ਨੂੰ ਗ੍ਰਿਫ਼ਤਾਰ ਕਰਨਾ। ਸੋਮਵਾਰ ਈ ਡੀ ਨੇ ਆਪ ਨੇਤਾ ਦੀਪਕ ਸਿੰਗਲਾ ਨੂੰ ਗ੍ਰਿਫਤਾਰ ਕੀਤਾ ਹੈ, ਕਿਉਂਕਿ ਉਹ ਗੋਆ ਵਿੱਚ ਭਾਜਪਾ ਖਿਲਾਫ ਲੜਨ ਵਾਲਾ ਇੱਕ ਸੰਗਠਨ ਤਿਆਰ ਕਰ ਰਹੇ ਸਨ। ਮੇਰਾ ਮੋਦੀ ਜੀ ਨੂੰ ਕਹਿਣਾ ਹੈ ਕਿ ਤੁਸੀਂ ਚਾਹੇ ਸਾਡੀ ਪਾਰਟੀ ਦੇ ਕਿੰਨੇ ਵੀ ਨੇਤਾਵਾਂ ਨੂੰ ਗ੍ਰਿਫਤਾਰ ਕਰ ਲਵੋ, ਅਸੀਂ ਦੇਸ਼ ਦੇ ਹਿੱਤ ਲਈ ਕੰਮ ਕਰਦੇ ਰਹਾਂਗੇ।

## ਤਸ਼ੱਦਦ ਹੌਸਲਾ ਨਹੀਂ ਡੇਗ ਸਕਦਾ : ਸੂਰਤ ਸਿੰਘ ਧਰਮਕੋਟ



**ਸ਼ਾਹਕੋਟ (ਗਿਆਨ ਸੈਦਪੁਰੀ)**-ਬੀਤੇ ਦਿਨੀਂ ਸੰਯੁਕਤ ਕਿਸਾਨ ਮੋਰਚੇ ਵੱਲੋਂ ਚੰਡੀਗੜ੍ਹ ਵਿਖੇ ਪੰਜਾਬ ਦੀਆਂ ਮੰਗਾਂ ਨੂੰ ਲੈ ਕੇ ਗਵਰਨਰ ਪੰਜਾਬ ਨੂੰ ਮੰਗ ਪੱਤਰ ਦੇਣ ਜਾ ਰਹੇ ਕਿਸਾਨਾਂ 'ਤੇ ਚੰਡੀਗੜ੍ਹ ਪੁਲਸ ਵੱਲੋਂ ਵੱਡੇ ਪੱਧਰ 'ਤੇ ਤਸ਼ੱਦਦ ਕੀਤਾ ਗਿਆ। ਜਿਸ ਨਾਲ ਧਰਮਕੋਟ ਸ਼ਹਿਰ ਦੇ ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾ ਮੀਤ ਪ੍ਰਧਾਨ ਕਾਮਰੇਡ ਸੂਰਤ ਸਿੰਘ ਧਰਮਕੋਟ ਵੀ ਜ਼ਖਮੀ ਹੋਏ।ਉਨ੍ਹਾ ਕਿਹਾ ਕਿ ਸਾਨੂੰ ਸਰਕਾਰੀ ਤਸ਼ੱਦਦ ਦਾ ਕੋਈ ਡਰ ਨਹੀਂ ਅਤੇ ਇਹ ਸਰਕਾਰੀ ਤਸ਼ੱਦਦ ਸਾਡੇ ਹੌਸਲੇ ਨਹੀਂ ਡੇਗ ਸਕਦਾ।

## ਵੈਨ-ਟਰੱਕ ਟੱਕਰ 'ਚ 10 ਮੌਤਾਂ

**ਲਖਨਊ (ਨ ਜ਼ ਸ)**- ਸੋਮਵਾਰ ਯੂ ਪੀ ਦੇ ਸਿਸਈਆ-ਲਖੀਮਪੁਰ ਕੌਮੀ ਰਾਜਮਾਰਗ 'ਤੇ ਵੈਨ ਤੇ ਟਰੱਕ ਦੀ ਸਿੱਧੀ ਟੱਕਰ ਵਿੱਚ 10 ਲੋਕਾਂ ਦੀ ਮੌਤ ਹੋ ਗਈ। ਹਾਦਸਾ ਉਸ ਸਮੇਂ ਵਾਪਰਿਆ, ਜਦੋਂ ਲਖੀਮਪੁਰ ਤੋਂ ਸਿਸਈਆ ਵੱਲ ਜਾ ਰਹੀ ਵੈਨ ਉਂਚਗਾਂਵ ਤੇ ਭਰੇਹਤਾ ਪਿੰਡਾਂ ਦੇ ਵਿਚਕਾਰ ਪਹੁੰਚੀ। ਵੈਨ ਵਿੱਚ ਸਵਾਰ ਸਾਰੇ 9 ਯਾਤਰੀ ਤੇ ਡਰਾਈਵਰ ਮਾਰੇ ਗਏ।

## ਅਰੋੜਾ ਨਿਆਂਇਕ ਰਿਮਾਂਡ 'ਤੇ

**ਗੁਰੂਗ੍ਰਾਮ (ਨ ਜ਼ ਸ)**-ਸਥਾਨਕ ਕੋਰਟ ਨੇ ਪੰਜਾਬ ਦੇ ਕੈਬਨਿਟ ਮੰਤਰੀ ਸੰਜੀਵ ਅਰੋੜਾ ਨੂੰ ਸੋਮਵਾਰ 14 ਦਿਨਾਂ ਲਈ ਨਿਆਂਇਕ ਹਿਰਾਸਤ 'ਚ ਭੇਜ ਦਿੱਤਾ। ਅਰੋੜਾ 9 ਦਿਨ ਈ ਡੀ ਦੀ ਹਿਰਾਸਤ 'ਚ ਰਹੇ ਅਤੇ ਇਸੇ ਦੌਰਾਨ ਈ ਡੀ ਨੇ ਜਾਂਚ 'ਚ ਸਹਿਯੋਗ ਨਾ ਕਰਨ ਦੇ ਇਲਜ਼ਾਮ ਵੀ ਸੰਜੀਵ ਅਰੋੜਾ 'ਤੇ ਲਗਾਏ।

## ਸਕੂਲ ਨੂੰ ਧਮਕੀ

**ਲੁਧਿਆਣਾ** : ਸੋਮਵਾਰ ਸਰਾਭਾ ਨਗਰ ਸਥਿਤ ਸੈਕਰਡ ਹਾਰਟ ਸੀਨੀਅਰ ਸੈਕੰਡਰੀ ਸਕੂਲ ਵਿੱਚ ਦਹਿਸ਼ਤ ਦਾ ਮਾਹੌਲ ਬਣ ਗਿਆ, ਜਦੋਂ ਸਵੇਰੇ 8:48 ਵਜੇ ਸਕੂਲ ਨੂੰ ਬੰਬ ਨਾਲ ਉਡਾ ਦੇਣ ਦੀ ਈਮੇਲ ਮਿਲੀ। ਉਦੋਂ ਪ੍ਰਿੰਸੀਪਲ ਰਾਊਂਡ 'ਤੇ ਸਨ, ਇਸ ਲਈ ਈਮੇਲ ਨਹੀਂ ਪੜ੍ਹੀ ਗਈ, ਪਰ ਜਿਵੇਂ ਹੀ ਸਿਸਟਰ ਆਏ ਅਤੇ ਉਨ੍ਹਾ 9:15 ਵਜੇ ਦੇ ਕਰੀਬ ਈਮੇਲ ਪੜ੍ਹੀ, ਤਾਂ ਤੁਰੰਤ ਸਕੂਲ ਖਾਲੀ ਕਰਵਾਉਣ ਦਾ ਫੈਸਲਾ ਕੀਤਾ ਅਤੇ ਮਾਪਿਆਂ ਨੂੰ ਸੁਨੇਹਾ ਭੇਜਿਆ ਕਿ ਉਹ ਬੱਚਿਆਂ ਨੂੰ ਜਲਦੀ ਤੋਂ ਜਲਦੀ ਘਰ ਲੈ ਜਾਣ। ਸਵੇਰੇ 11 ਵਜੇ ਤੋਂ ਪਹਿਲਾਂ ਸਾਰੇ ਬੱਚਿਆਂ ਨੂੰ ਘਰ ਭੇਜ ਦਿੱਤਾ ਗਿਆ।

## ਕਾਮਰੇਡ ਰੂੜਾ ਰਾਮ ਪਰਜੀਆਂ ਨਹੀਂ ਰਹੇ, ਅੰਤਮ ਸੰਸਕਾਰ ਅੱਜ



**ਸ਼ਾਹਕੋਟ (ਗਿਆਨ ਸੈਦਪੁਰੀ)**-ਇਹ ਖਬਰ ਕਮਿਊਨਿਸਟ ਧਿਰਾਂ ਵਿੱਚ ਬੜੇ ਦੁੱਖ ਨਾਲ ਪੜ੍ਹੀ ਜਾਵੇਗੀ ਕਿ ਕਾਮਰੇਡ ਰੂੜਾ ਰਾਮ ਪਰਜੀਆਂ ਨਹੀਂ ਰਹੇ। ਉਨ੍ਹਾ ਸੋਮਵਾਰ ਬਾਅਦ ਦੁਪਹਿਰ 4 ਵਜੇ ਆਖਰੀ ਸਾਹ ਲਿਆ।ਕਾਮਰੇਡ ਰੂੜਾ ਰਾਮ ਲੋਕ ਹਿੱਤਾਂ ਲਈ ਲੜਨ ਵਾਲੇ ਯੋਧਾ ਸਨ। ਉਹ ਭਾਰਤੀ ਕਮਿਊਨਿਸਟ ਪਾਰਟੀ ਦੇ ਅਹਿਮ ਆਗੂ ਸਨ। ਉਹ ਭਾਰਤੀ ਖੇਤ ਮਜ਼ਦੂਰ ਯੂਨੀਅਨ ਦੀ ਜਨਰਲ ਕੌਂਸਲ ਦੇ ਮੈਂਬਰ ਅਤੇ ਪੰਜਾਬ ਖੇਤ ਮਜ਼ਦੂਰ ਸਭਾ ਦੇ ਮੀਤ ਪ੍ਰਧਾਨ ਵੀ ਰਹੇ। ਅੱਜਕੱਲ੍ਹ ਉਹ ਪੰਜਾਬ ਖੇਤ ਮਜ਼ਦੂਰ ਸਭਾ ਜ਼ਿਲ੍ਹਾ ਜਲੰਧਰ ਦੇ ਸ੍ਰਪਰਸਤ ਸਨ। ਉਹ 'ਨਵਾਂ ਜ਼ਮਾਨਾ' ਦੇ ਵੱਡੇ ਪ੍ਰਸੰਸਕ ਤੇ ਹਿਤੈਸ਼ੀ ਸਨ। ਉਹਨਾ ਦਾ ਅੰਤਮ ਸੰਸਕਾਰ 19 ਮਈ (ਮੰਗਲਵਾਰ) ਨੂੰ ਸਵੇਰੇ 11 ਵਜੇ ਉਹਨਾ ਦੇ ਪਿੰਡ ਪਰਜੀਆਂ ਕਲਾਂ ਵਿੱਚ ਕੀਤਾ ਜਾਵੇਗਾ। ਭਾਰਤੀ ਖੇਤ ਮਜ਼ਦੂਰ ਯੂਨੀਅਨ ਦੇ ਕੌਮੀ ਜਨਰਲ ਸਕੱਤਰ ਗੁਲਜਾਰ ਸਿੰਘ ਗੋਰੀਆ, 'ਨਵਾਂ ਜ਼ਮਾਨਾ' ਦੇ ਸੰਪਾਦਕ ਚੰਦ ਫਤਿਹਪੁਰੀ, ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ, ਪੰਜਾਬ ਖੇਤ ਮਜ਼ਦੂਰ ਸਭਾ ਦੇ ਜਨਰਲ ਸਕੱਤਰ ਦੇਵੀ ਕੁਮਾਰੀ ਸਰਹਾਲੀ ਕਲਾਂ, ਸੀ ਪੀ ਆਈ ਜਿਲ੍ਹਾ ਜਲੰਧਰ ਦੇ ਸਕੱਤਰ ਰਸ਼ਪਾਲ ਕੈਲੇ, ਪੰਜਾਬ ਖੇਤ ਮਜ਼ਦੂਰ ਸਭਾ ਜ਼ਿਲ੍ਹਾ ਜਲੰਧਰ ਦੇ ਆਗੂ ਸਿਕੰਦਰ ਸੰਧੂ, ਪ੍ਰਧਾਨ ਵੀਰ ਕੁਮਾਰ, ਭੱਠਾ ਮਜ਼ਦੂਰ ਆਗੂ ਸੁਨੀਲ ਕੁਮਾਰ, ਸੀ ਪੀ ਆਈ ਤਹਿਸੀਲ ਸ਼ਾਹਕੋਟ ਦੇ ਮੀਤ ਸਕੱਤਰ ਰਜਿੰਦਰ ਹੈਪੀ, ਸਵਰਨ ਭੋਏਪੁਰੀ ਅਤੇ ਸੀ ਪੀ ਆਈ (ਐੱਮ) ਦੇ ਆਗੂ ਵਰਿੰਦਰ ਪਾਲ ਸਿੰਘ ਕਾਲਾ ਨੇ ਕਾਮਰੇਡ ਰੂੜਾ ਰਾਮ ਦੀ ਮੌਤ 'ਤੇ ਡੂੰਘੇ ਦੁੱਖ ਦਾ ਇਜ਼ਹਾਰ ਕਰਦਿਆਂ ਪਰਵਾਰ ਨਾਲ ਹਮਦਰਦੀ ਦਾ ਪ੍ਰਗਟਾਵਾ ਕੀਤਾ।ਕੁਲ ਹਿੰਦ ਕਿਸਾਨ ਸਭਾ ਪੰਜਾਬ ਦੇ ਮੀਤ ਪ੍ਰਧਾਨ ਸੂਰਤ ਸਿੰਘ ਧਰਮਕੋਟ ਨੇ ਇੱਕ ਵੱਖਰੇ ਸ਼ੋਕ ਸੰਦੇਸ਼ ਵਿੱਚ ਕਾਮਰੇਡ ਰੂੜਾ ਰਾਮ ਨੂੰ ਇੱਕ ਪ੍ਰਤੀਬੱਧ ਕਮਿਊਨਿਸਟ ਆਗੂ ਦੱਸਿਆ।

## ਆਪ 'ਚ ਨਹੀਂ ਜਾਣਾ : ਇਆਲੀ



**ਲੁਧਿਆਣਾ** : ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੇ ਸੀਨੀਅਰ ਆਗੂ ਮਨਪ੍ਰੀਤ ਸਿੰਘ ਇਆਲੀ ਨੇ ਸੋਮਵਾਰ ਸਪੱਸ਼ਟ ਕੀਤਾ ਕਿ ਉਹ ਆਮ ਆਦਮੀ ਪਾਰਟੀ ਨਾਲ ਕਦੇ ਵੀ ਨਹੀਂ ਜੁੜਨਗੇ, ਕਿਉਂਕਿ ਇਹ ਪੰਥਕ ਪਾਰਟੀ ਨਹੀਂ ਅਤੇ ਇਸ ਦੇ ਸਾਰੇ ਫੈਸਲੇ ਤੇ ਕੰਮਕਾਜ ਦਿੱਲੀ ਤੋਂ ਚਲਾਏ ਜਾ ਰਹੇ ਹਨ। ਸੋਸ਼ਲ ਮੀਡੀਆ 'ਤੇ ਅੱਜ-ਕੱਲ੍ਹ ਆਰਟੀਫਿਸ਼ੀਅਲ ਇੰਟੈਲੀਜੈਂਸ ਰਾਹੀਂ ਤਿਆਰ ਕੀਤੀ ਗਈ ਇੱਕ ਤਸਵੀਰ ਕਾਫੀ ਵਾਇਰਲ ਹੋ ਰਹੀ ਹੈ, ਜਿਸ ਵਿੱਚ ਮਨਪ੍ਰੀਤ ਸਿੰਘ ਇਆਲੀ, ਬੀਬੀ ਜਗੀਰ ਕੌਰ ਅਤੇ ਪ੍ਰੇਮ ਸਿੰਘ ਚੰਦੂਮਾਜਰਾ ਮੁੱਖ ਮੰਤਰੀ ਭਗਵੰਤ ਮਾਨ ਨਾਲ ਦਿਖਾਈ ਦੇ ਰਹੇ ਹਨ। ਇਆਲੀ ਨੇ ਕਿਹਾ ਕਿ ਇਹ ਕੰਪਿਊਟਰ ਰਾਹੀਂ ਤਿਆਰ ਕੀਤੀ ਗਈ ਫਰਜ਼ੀ ਤਸਵੀਰ ਹੈ ਅਤੇ ਉਨ੍ਹਾ ਦਾ ਇਸ ਨਾਲ ਕੋਈ ਲੈਣਾ-ਦੇਣਾ ਨਹੀਂ। ਇਆਲੀ ਨੇ ਕਿਹਾ ਕਿ ਜੇ ਸੁਖਬੀਰ ਸਿੰਘ ਬਾਦਲ ਪਾਰਟੀ ਦੇ ਭਲੇ ਲਈ ਪ੍ਰਧਾਨਗੀ ਦਾ ਅਹੁਦਾ ਛੱਡ ਦਿੰਦੇ ਹਨ ਤਾਂ ਸਾਰੇ ਆਗੂ ਦੁਬਾਰਾ ਇੱਕਜੁੱਟ ਹੋ ਕੇ ਪਾਰਟੀ ਦਾ ਮਜ਼ਬੂਤ ਚਿਹਰਾ ਸਾਹਮਣੇ ਲਿਆਉਣਗੇ।

## ਤਰਨ ਤਾਰਨ 'ਚ ਵੱਡੇ ਸੁਨਿਆਰੇ 'ਤੇ ਛਾਪਾ

**ਤਰਨ ਤਾਰਨ** : ਈ ਡੀ ਨੇ ਸੋਮਵਾਰ ਇੱਥੋਂ ਦੇ ਨਾਮਵਰ ਸੁਨਿਆਰੇ (ਸਰਦਾਰ ਜਿਊਲਰਜ਼) ਕੁਲਵੰਤ ਸਿੰਘ ਅਤੇ ਉਸ ਦੇ ਬੇਟੇ ਬਿਕਰਮ ਸਿੰਘ ਬੰਟੀ ਦੀ ਦੁਕਾਨ ਤੇ ਰਿਹਾਇਸ਼ 'ਤੇ ਅਚਨਚੇਤ ਛਾਪਾ ਮਾਰਿਆ। ਸੂਤਰਾਂ ਮੁਤਾਬਕ ਇਹ ਕਾਰਵਾਈ ਸੁਨਿਆਰੇ ਵੱਲੋਂ ਕੀਤੇ ਗਏ ਇੱਕ ਵੱਡੇ ਅਤੇ ਸ਼ੱਕੀ ਵਿੱਤੀ ਲੈਣ-ਦੇਣ (ਭਾਰੀ ਪੇਮੈਂਟ) ਦੇ ਆਧਾਰ 'ਤੇ ਅਮਲ ਵਿੱਚ ਲਿਆਂਦੀ ਗਈ ਹੈ। ਇਸ ਤੋਂ ਪਹਿਲਾਂ ਈ ਡੀ ਵੱਲੋਂ ਕੁਲਵੰਤ ਸਿੰਘ ਦੇ ਦਿੱਲੀ ਦੇ ਰਾਜੌਰੀ ਗਾਰਡਨ ਸਥਿਤ ਇੱਕ ਨਜ਼ਦੀਕੀ ਰਿਸ਼ਤੇਦਾਰ ਦੇ ਟਿਕਾਣਿਆਂ 'ਤੇ ਵੀ ਛਾਪਾ ਮਾਰਿਆ ਗਿਆ ਸੀ। ਈ ਡੀ ਦੀ ਟੀਮ ਕਰੀਬ 9 ਵਜੇ ਸੁਨਿਆਰੇ ਦੇ ਟਿਕਾਣਿਆਂ 'ਤੇ ਪਹੁੰਚੀ ਅਤੇ ਤੁਰੰਤ ਸਾਰੇ ਦਸਤਾਵੇਜ਼ ਕਬਜ਼ੇ ਵਿੱਚ ਲੈ ਕੇ ਜਾਂਚ ਸ਼ੁਰੂ ਕਰ ਦਿੱਤੀ। ਇਹ ਪਰਵਾਰ ਪ੍ਰਾਪਰਟੀ ਦਾ ਕਾਰੋਬਾਰ ਵੀ ਕਰਦਾ ਹੈ।

## ਬਲੋਚਿਸਤਾਨ 'ਚ 35 ਲੜਾਕੇ ਮਾਰੇ

**ਕਰਾਚੀ (ਨ ਜ਼ ਸ)**-ਪਾਕਿਸਤਾਨੀ ਸੁਰੱਖਿਆ ਬਲਾਂ ਨੇ ਬਲੋਚਿਸਤਾਨ ਦੇ ਮੰਗਲਾ ਜ਼ਰਘੂਨ ਘਰ ਇਲਾਕੇ ਵਿੱਚ 35 ਲੜਾਕਿਆਂ ਨੂੰ ਮਾਰ ਦਿੱਤਾ ਅਤੇ ਤਿੰਨ ਹਾਈ-ਪ੍ਰੋਫਾਈਲ ਸੀਨੀਅਰ ਕਮਾਂਡਰਾਂ ਨੂੰ ਗ੍ਰਿਫਤਾਰ ਕਰ ਲਿਆ। ਬਲੋਚਿਸਤਾਨ ਸਰਕਾਰ ਦੇ ਬੁਲਾਰੇ ਸ਼ਾਹਿਦ ਰਿੰਦ ਨੇ ਐਤਵਾਰ ਰਾਤ ਨੂੰ ਕੁਵੇਟਾ ਵਿੱਚ ਮੀਡੀਆ ਨੂੰ ਦੱਸਿਆ ਕਿ 13 ਮਈ ਨੂੰ ਸ਼ੁਰੂ ਹੋਏ ਇਸ ਅਪ੍ਰੇਸ਼ਨ ਦੌਰਾਨ ਪਿਛਲੇ ਚਾਰ ਦਿਨਾਂ ਵਿੱਚ 35 ਅੱਤਵਾਦੀਆਂ ਦੀ ਮੌਤ ਹੋਈ ਹੈ। ਰਿੰਦ ਨੇ ਕਿਹਾ ਕਿ ਇਹ ਅਪ੍ਰੇਸ਼ਨ ਬਲੋਚਿਸਤਾਨ ਵਿੱਚ ਪਾਬੰਦੀਸ਼ੁਦਾ ਤਹਿਰੀਕ-ਏ-ਤਾਲਿਬਾਨ ਪਾਕਿਸਤਾਨ ਅਤੇ ਉਸ ਦੇ ਸਹਿਯੋਗੀ ਸਮੂਹਾਂ ਦੇ ਖਿਲਾਫ ਸੀ।

## ਚੀਫ ਜਸਟਿਸ ਦੀਆਂ ਨੌਜਵਾਨਾਂ ਤੇ ਕਾਰਕੁਨਾਂ ਖ਼ਿਲਾਫ਼ ਟਿੱਪਣੀਆਂ ਅਪਮਾਨਜਨਕ : ਅਮਰਜੀਤ ਕੌਰ

**ਲੁਧਿਆਣਾ (ਐੱਮ ਐੱਸ ਭਾਟੀਆ)**

ਆਲ ਇੰਡੀਆ ਟ੍ਰੇਡ ਯੂਨੀਅਨ ਕਾਂਗਰਸ (ਏਟਕ) ਦੇ ਕੌਮੀ ਜਨਰਲ ਸਕੱਤਰ ਅਮਰਜੀਤ ਕੌਰ ਨੇ ਭਾਰਤ ਦੇ ਚੀਫ ਜਸਟਿਸ ਸੂਰਿਆ ਕਾਂਤ ਵੱਲੋਂ ਬੇਰੁਜ਼ਗਾਰ ਨੌਜਵਾਨਾਂ ਅਤੇ ਕਾਰਕੁਨਾਂ ਲਈ ਕਾਕਰੋਚ ਅਤੇ ਪਰਜੀਵੀ ਵਰਗੇ ਅਪਮਾਨਜਨਕ ਸ਼ਬਦ ਵਰਤਣ ਦੀ ਤਿੱਖੀ ਨਿੰਦਾ ਕੀਤੀ ਹੈ। ਭਾਵੇਂ ਮਾਣਯੋਗ ਚੀਫ ਜਸਟਿਸ ਨੇ ਬਾਅਦ ਵਿੱਚ ਕੁਝ ਸਪੱਸ਼ਟੀਕਰਨ ਦਿੱਤੇ ਹਨ, ਪਰ ਵਰਤੀ ਗਈ ਭਾਸ਼ਾ ਬਹੁਤ ਹੀ ਚਿੰਤਾਜਨਕ ਹੈ ਅਤੇ ਗੰਭੀਰ ਅਸੰਵੇਦਨਸ਼ੀਲਤਾ ਅਤੇ ਬੇਪਰਵਾਹੀ ਨੂੰ ਦਰਸਾਉਂਦੀ ਹੈ।ਉਨ੍ਹਾ ਕਿਹਾ ਕਿ ਅੱਜ ਭਾਰਤ ਬੇਮਿਸਾਲ ਬੇਰੁਜ਼ਗਾਰੀ, ਅਸਥਿਰ ਰੁਜ਼ਗਾਰ, ਮਜ਼ਦੂਰ ਸੁਰੱਖਿਆ ਵਿੱਚ ਕਮੀ ਅਤੇ ਵਧਦੀ ਆਰਥਕ ਅਸੁਰੱਖਿਆ ਦੇ ਗੰਭੀਰ ਸੰਕਟ ਦਾ ਸਾਹਮਣਾ ਕਰ ਰਿਹਾ ਹੈ। ਲੱਖਾਂ ਪੜ੍ਹੇ-ਲਿਖੇ ਨੌਜਵਾਨਾਂ ਦੇ ਸੰਘਰਸ਼ ਅਤੇ ਦੁੱਖ ਬੇਹੱਦ ਵੱਡੇ ਹਨ। ਇਹ ਸਥਿਤੀ ਨਵ-ਉਦਾਰਵਾਦੀ ਆਰਥਿਕ ਨੀਤੀਆਂ ਦਾ ਨਤੀਜਾ ਹੈ, ਜਿਨ੍ਹਾਂ ਸਰਕਾਰੀ ਰੁਜ਼ਗਾਰ ਨੂੰ ਕਮਜ਼ੋਰ ਕੀਤਾ, ਮਜ਼ਦੂਰ ਹੱਕਾਂ ਨੂੰ ਖੋਖਲਾ ਕੀਤਾ ਅਤੇ ਠੇਕੇਦਾਰੀ ਅਤੇ ਨਿੱਜੀਕਰਨ ਨੂੰ ਵਧਾਇਆ। ਇਹ ਚਿੰਤਾ ਵੀ ਵਧ ਰਹੀ ਹੈ ਕਿ ਭਾਰਤੀ ਨਿਆਂ ਪ੍ਰਣਾਲੀ ਲੋਕਾਂ ਪ੍ਰਤੀ ਇਨਸਾਫ਼ ਅਤੇ ਬਰਾਬਰੀ ਦੇ ਸੰਵਿਧਾਨਕ ਵਾਅਦਿਆਂ ਨੂੰ ਪੂਰਾ ਕਰਨ ਵਿੱਚ ਕਮਜ਼ੋਰ ਰਹੀ ਹੈ। ਅਜਿਹੇ ਸਮੇਂ ਵਿੱਚ ਤ੍ਰਿਸਕਾਰ ਨਹੀਂ, ਸਗੋਂ ਸੰਵੇਦਨਸ਼ੀਲਤਾ ਅਤੇ ਹਮਦਰਦੀ ਦੀ ਲੋੜ ਹੈ।

ਉਨ੍ਹਾ ਕਿਹਾ ਕਿ ਏਟਕ ਇਨ੍ਹਾਂ ਟਿੱਪਣੀਆਂ ਤੋਂ ਵੀ ਬਰਾਬਰ ਤੌਰ 'ਤੇ ਚਿੰਤਤ ਹੈ, ਜਿਨ੍ਹਾਂ ਵਿੱਚ ਕਾਰਕੁਨਾਂ, ਆਰ ਟੀ ਆਈ ਮੁਹਿੰਮਕਾਰਾਂ, ਸੋਸ਼ਲ ਮੀਡੀਆ ਆਲੋਚਕਾਂ ਅਤੇ ਸੱਤਾ ਨੂੰ ਸਵਾਲ ਕਰਨ ਵਾਲਿਆਂ ਨੂੰ ਜਾਣ-ਬੁੱਝ ਕੇ ਘਟੀਆ ਢੰਗ ਨਾਲ ਪੇਸ਼ ਕੀਤਾ ਗਿਆ। ਟ੍ਰੇਡ ਯੂਨੀਅਨਾਂ ਅਤੇ ਲੋਕਤੰਤਰਿਕ ਸੰਗਠਨਾਂ ਨੇ ਇਤਿਹਾਸਕ ਤੌਰ 'ਤੇ ਸੰਵਿਧਾਨਕ ਕਦਰਾਂ ਕੀਮਤਾਂ ਦੀ ਰੱਖਿਆ ਕਰਨ, ਭ੍ਰਿਸ਼ਟਾਚਾਰ ਨੂੰ ਬੇਨਕਾਬ ਕਰਨ, ਮਜ਼ਦੂਰ ਹੱਕਾਂ ਦੀ ਰੱਖਿਆ ਕਰਨ ਅਤੇ ਲੋਕਤੰਤਰ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਈ ਹੈ। ਅਸਹਿਮਤੀ ਦੀਆਂ ਆਵਾਜ਼ਾਂ ਨੂੰ ਸਿਸਟਮ ਦੇ ਵਿਰੋਧੀ ਵਜੋਂ ਦਰਸਾਉਣਾ ਲੋਕਤੰਤਰਿਕ ਭਾਗੀਦਾਰੀ ਨੂੰ ਗੈਰ-ਵਾਜਬ ਠਹਿਰਾਉਂਦਾ ਹੈ।

ਭਾਰਤੀ ਸੰਵਿਧਾਨ ਅਨੁਸਾਰ ਸੁਪਰੀਮ ਕੋਰਟ ਬੇਹੱਦ ਨੈਤਿਕ ਅਧਿਕਾਰ ਵਾਲੀ ਸਭ ਤੋਂ ਉਚੀ ਸੰਸਥਾ ਹੈ। ਨਿਆਂ ਪਾਲਿਕਾ ਤੋਂ ਇਹ ਉਮੀਦ ਕੀਤੀ ਜਾਂਦੀ ਹੈ ਕਿ ਉਹ ਕੇਵਲ ਆਪਣੇ ਫ਼ੈਸਲਿਆਂ ਰਾਹੀਂ ਹੀ ਨਹੀਂ, ਸਗੋਂ ਜਨਤਕ ਵਿਚਾਰ-ਵਟਾਂਦਰੇ ਵਿੱਚ ਵੀ ਮਰਿਆਦਾ, ਸਮਾਨਤਾ ਅਤੇ ਲੋਕਤੰਤਰਿਕ ਭਾਵਨਾ ਵਰਗੀਆਂ ਸੰਵਿਧਾਨਕ ਕਦਰਾਂ ਕੀਮਤਾਂ ਨੂੰ ਅਪਣਾਏ, ਪਰ ਸਭ ਤੋਂ ਉੱਚੇ ਨਿਆਂਇਕ ਅਹੁਦੇ 'ਤੇ ਬੈਠੇ ਚੀਫ ਜਸਟਿਸ ਦੀਆਂ ਇਹ ਟਿੱਪਣੀਆਂ ਇਨ੍ਹਾਂ ਕਦਰਾਂ ਕੀਮਤਾਂ ਨੂੰ ਕਮਜ਼ੋਰ ਕਰਦੀਆਂ ਹਨ।

ਏਟਕ ਦੁਬਾਰਾ ਸਪੱਸ਼ਟ ਕਰਦੀ ਹੈ ਕਿ ਬੇਰੁਜ਼ਗਾਰ ਨੌਜਵਾਨ ਨੀਤੀਗਤ ਅਸਫਲਤਾਵਾਂ ਅਤੇ ਆਰਥਿਕ ਅਸਮਾਨਤਾ ਦੇ ਸ਼ਿਕਾਰ ਹਨ। ਟ੍ਰੇਡ ਯੂਨੀਅਨਾਂ, ਆਰ ਟੀ ਆਈ ਕਾਰਕੁਨ, ਪੱਤਰਕਾਰ ਅਤੇ ਸਮਾਜਿਕ ਅੰਦੋਲਨ ਦੇਸ਼ ਦੇ ਦੁਸ਼ਮਣ ਨਹੀਂ ਹਨ, ਉਹ ਲੋਕਤੰਤਰ ਅਤੇ ਸੰਵਿਧਾਨਕ ਜਵਾਬਦੇਹੀ ਦੇ ਅਟੁੱਟ ਸਤੰਭ ਹਨ। ਬੇਰੁਜ਼ਗਾਰ ਨੌਜਵਾਨਾਂ ਦੀ ਤੁਲਨਾ ਕਾਕਰੋਚਾਂ ਤੇ ਪਰਜੀਵੀਆਂ ਨਾਲ ਕਰਨਾ ਬਹੁਤ ਹੀ ਅਪਮਾਨਜਨਕ,

• ਬਾਕੀ ਸਫ਼ਾ 2 'ਤੇ

## ਹੜਤਾਲ ਖ਼ਤਮ ਕਰਵਾਉਣ ਲਈ ਸਫ਼ਾਈ ਕਰਮਚਾਰੀ ਯੂਨੀਅਨ ਆਗੂਆਂ ਨਾਲ ਮੀਟਿੰਗ ਬੇਨਤੀਜਾ



**ਜਲੰਧਰ (ਗਿਆਨ ਸੈਦਪੁਰੀ)**

ਜ਼ਿਲ੍ਹੇ ਅੰਦਰ ਸਮੁੱਚੀਆਂ ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਅੰਦਰ ਕੰਮ ਕਰਦੇ ਸਫ਼ਾਈ ਸੇਵਕਾਂ ਅਤੇ ਮਿਉਂਸਪਲ ਕਾਮਿਆਂ ਵੱਲੋਂ ਆਪਣੀਆਂ ਮੰਗਾਂ ਨੂੰ ਹੱਲ ਕਰਵਾਉਣ ਲਈ 6 ਮਈ ਤੋਂ ਚੱਲ ਰਹੀ ਅਣਮਿੱਥੇ ਸਮੇਂ ਦੀ ਹੜਤਾਲ ਨੂੰ ਖ਼ਤਮ ਕਰਵਾਉਣ ਲਈ ਭਗਵੰਤ ਮਾਨ ਸਰਕਾਰ ਦੇ ਆਦੇਸ਼ਾਂ ਉੱਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਡੀਸੀ ਜਲੰਧਰ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਪ੍ਰਸ਼ਾਸਨਿਕ ਮੀਟਿੰਗ ਹਾਲ 'ਚ ਸੋਮਵਾਰ ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਦੇ ਕਾਮਿਆਂ ਦੇ ਆਗੂਆਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ, ਜੋ ਕਿਸੇ ਸਿੱਟੇ ਉੱਤੇ ਨਹੀਂ ਪੁੱਜੀ।ਇਸ ਮੌਕੇ ਯੂਨੀਅਨ ਆਗੂਆਂ ਨੇ ਦੋ ਟੁੱਕ ਜਵਾਬ ਦਿੱਤਾ ਕਿ ਮੰਗਾਂ ਮੰਨਣ ਤੋਂ ਬਿਨਾਂ ਹੜਤਾਲ ਖ਼ਤਮ ਨਹੀਂ ਹੋਵੇਗੀ।

ਜ਼ਿਲ੍ਹਾ ਪ੍ਰਸ਼ਾਸਨ ਨਾਲ ਹੋਈ ਮੀਟਿੰਗ ਵਿੱਚ ਸਫ਼ਾਈ ਸੇਵਕਾਂ ਅਤੇ ਮਿਉਂਸਪਲ ਕਾਮਿਆਂ ਦੇ ਕਰਤਾਰਪੁਰ ਕਮੇਟੀ ਤੋਂ ਯੂਨੀਅਨ ਆਗੂ ਵਿਸ਼ਵਾਸ ਕੁਮਾਰ ਗਿੱਲ, ਲੋਹੀਆਂ ਖਾਸ ਤੋਂ ਸੰਦੀਪ ਸਿੰਘ, ਆਦਮਪੁਰ ਤੋਂ ਸੰਜੀਵ ਕੁਮਾਰ, ਨਕੋਦਰ ਤੋਂ ਹਰਬੰਸ, ਧੀਰਜ ਗਿੱਲ, ਫਿਲੌਰ ਤੋਂ ਮਨੀ ਲਾਲ, ਸ਼ਾਹਕੋਟ ਤੋਂ ਲਛਮਣ ਕੁਮਾਰ, ਨੂਰਮਹਿਲ ਤੋਂ ਰਵੀ ਕੁਮਾਰ, ਬਿਲਗਾ ਤੋਂ ਰਮਨ ਕੁਮਾਰ, ਮਹਿਤਪੁਰ ਤੋਂ ਸੁਭਾਸ਼, ਭੋਗਪੁਰ ਤੋਂ ਰਾਜ ਕੁਮਾਰ ਅਤੇ ਗੁਰਾਇਆ ਤੋਂ ਰਾਜੇਸ਼ ਕੁਮਾਰ ਲੱਕੀ ਆਦਿ ਸ਼ਾਮਲ ਸਨ ਅਤੇ ਪ੍ਰਸ਼ਾਸਨ ਵੱਲੋਂ ਸਫ਼ਾਈ ਕਰਮਚਾਰੀ ਕਮਿਸ਼ਨ ਦੇ ਚੇਅਰਮੈਨ ਚੰਦਨ ਗਰੇਵਾਲ ਡੀ ਸੀ, ਏ ਡੀ ਸੀ ਵਿਕਾਸ, ਐੱਸ ਐੱਸ ਪੀ ਜਲੰਧਰ ਦਿਹਾਤੀ ਤੋਂ ਇਲਾਵਾ ਜਲੰਧਰ ਦਿਹਾਤੀ ਪੁਲਸ ਦੀਆਂ ਸਮੁੱਚੀਆਂ ਸਬ ਡਵੀਜ਼ਨਾਂ ਦੇ ਡੀ ਐੱਸ ਪੀਜ਼ ਹਾਜ਼ਰ ਸਨ।ਮੀਟਿੰਗ ਉਪਰੰਤ ਜ਼ਿਲ੍ਹੇ ਭਰ ਦੀਆਂ ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਤੋਂ ਹਾਜ਼ਰ ਯੂਨੀਅਨ ਆਗੂਆਂ ਨੇ ਇੱਕਸੁਰ ਐਲਾਨ ਕੀਤਾ ਕਿ ਜਿੰਨੀ ਦੇਰ ਕੱਚੇ ਕਾਮਿਆਂ ਨੂੰ ਪੱਕੇ ਕਰਨ, ਘੱਟੋ-ਘੱਟ ਉਜਰਤ 40 ਹਜ਼ਾਰ ਰੁਪਏ ਪ੍ਰਤੀ ਮਹੀਨਾ ਕਰਨ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਆਦਿ ਮੰਗਾਂ ਮੰਨਣ ਤੱਕ ਇਹ ਹੜਤਾਲ ਨਿਰੰਤਰ ਜਾਰੀ ਰਹੇਗੀ।

ਯੂਨੀਅਨ ਆਗੂਆਂ ਨੇ ਕਿਹਾ ਕਿ ਸੱਤਾ ਵਿੱਚ ਆਉਣ ਲਈ ਸੂਬਾ ਸਰਕਾਰ ਨੇ ਕੱਚੇ ਕਾਮਿਆਂ ਨੂੰ ਪੱਕੇ ਕਰਨ, ਠੇਕੇਦਾਰੀ ਸਿਸਟਮ ਖਤਮ ਕਰਨ ਅਤੇ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਦੀ ਗਾਰੰਟੀ ਦਿੱਤੀ ਸੀ। ਜਿਸ ਨੂੰ ਅੱਜ ਤੱਕ ਪੂਰਾ ਨਹੀਂ ਕੀਤਾ ਗਿਆ। ਪੰਜਾਬ ਅੰਦਰ ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਦੀਆਂ ਚੋਣਾਂ ਕਾਰਨ ਜ਼ਾਬਤਾ ਲਾਗੂ ਹੋਣ ਦਾ ਬਹਾਨਾ ਬਣਾ ਕੇ ਮੰਗਾਂ ਮੰਨਣ ਤੋਂ ਹੱਥ ਖੜ੍ਹੇ ਕੀਤੇ ਜਾ ਰਹੇ ਹਨ।

## ਅੱਜ-ਨਾਮਾ

ਖਾਸ ਇੱਕ ਆਗੂ ਦੇ ਵਾਸਤੇ ਕਹਿਣ ਲੋਕੀਂ,
ਪਾਰਟੀ ਵਿੱਚ ਇਹ ਓਦੋਂ ਤੱਕ ਰਹੇਗਾ ਜੀ।
ਜਦ ਤੱਕ ਪਾਰਟੀ ਦਾ ਸਿੱਕਾ ਗਿਆ ਚੱਲੀ,
ਪਹਿਲੀ ਪਾਲ਼ ਵਿੱਚ ਇਹ ਤਾਂ ਬਹੇਗਾ ਜੀ।
ਪਾਰਟੀ ਵਾਲੇ ਵੀ ਕਹਿਣ ਨਾ ਕੱਖ ਬੇਸ਼ੱਕ,
ਉਂਜ ਇਹ ਸੋਚਦੇ ਗੱਲਾਂ ਕਦ ਲਹੇਗਾ ਜੀ।
ਨਵਾਂ ਕੋਈ ਭਾਰੀ ਕਮਾਈ ਦਾ ਦਰ ਡਿੱਠਾ,
ਪਲਾਂ ਵਿੱਚ ਪਾਰਟੀ ਨੂੰ ਟਾਟਾ ਕਹੇਗਾ ਜੀ।
ਜਿਸ ਵੀ ਪਾਰਟੀ ਵੱਲ ਇਹ ਜਾਏਗਾ ਜੀ,
ਤਰਦੇ ਮਾਲ ਨੂੰ ਕੁੰਡੀ ਇਹ ਲਾਏਗਾ ਜੀ।
ਸੁਧਰਨਾ ਹੋਰ ਆ ਕਿਸੇ ਤਾਂ ਸੁਧਰ ਜਾਏ,
ਇਹ ਨਾ ਬਾਜ਼ ਐਕਾਤ ਤੋਂ ਆਏਗਾ ਜੀ।

-ਤੀਸ ਮਾਰ ਖਾਂ

## ਨਰੇਗਾ ਰੁਜ਼ਗਾਰ ਪ੍ਰਾਪਤੀ ਮਜ਼ਦੂਰ ਯੂਨੀਅਨ ਵੱਲੋਂ ਲੜੀਵਾਰ ਧਰਨੇ ਆਰੰਭ




**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)** ਨਰੇਗਾ ਰੁਜ਼ਗਾਰ ਪ੍ਰਾਪਤੀ ਮਜ਼ਦੂਰ ਯੂਨੀਅਨ ਪੰਜਾਬ ਦੇ ਸੱਦੇ 'ਤੇ ਨਰੇਗਾ ਜ਼ਿਲ੍ਹਾ ਪ੍ਰੋਗਰਾਮ ਅਫਸਰ ਦੇ ਦਫਤਰ ਅੱਗੇ ਯੂਨੀਅਨ ਵੱਲੋਂ ਲੜੀਵਾਰ ਧਰਨੇ ਦਾ ਸੋਮਵਾਰ ਆਰੰਭ ਕੀਤਾ ਗਿਆ। ਹਰ ਰੋਜ਼ ਦੋ-ਦੋ ਪਿੰਡਾਂ ਵਿੱਚੋਂ ਨਰੇਗਾ ਕਾਮੇ ਇਸ ਧਰਨੇ ਵਿੱਚ ਬੈਠਿਆ ਕਰਨਗੇ। ਧਰਨੇ ਦੀ ਅਗਵਾਈ ਜ਼ਿਲ੍ਹਾ ਪ੍ਰਧਾਨ ਬੋਹੜ ਸਿੰਘ ਸੁਖਣਾ, ਜਿਸਵਿੰਦਰ ਸਿੰਘ ਸਾਹਿਬ ਚੰਦ, ਸਰਜੀਤ ਸਿੰਘ ਛਤੇਆਣਾ ਨੇ ਕੀਤੀ। ਇਸ ਲੜੀਵਾਰ ਧਰਨੇ ਦਾ ਮਕਸਦ ਯੂਨੀਅਨ ਵੱਲੋਂ ਦਿੱਤੇ ਮੰਗ ਪੱਤਰਾਂ ਉੱਪਰ ਅਮਲ ਨਾ ਕਰਨ ਵਿਰੁੱਧ, ਨਰੇਗਾ ਕਾਮਿਆਂ ਦਾ ਗੁੱਸਾ ਜ਼ਾਹਰ ਕਰਨਾ ਹੈ। ਨਰੇਗਾ ਕਾਮਿਆਂ ਨੂੰ ਕੰਮ ਅਰਜ਼ੀਆਂ ਦੀਆਂ ਰਸੀਦਾਂ ਨਹੀਂ ਦਿੱਤੀਆਂ ਜਾਂਦੀਆਂ, ਜਿੱਥੇ ਲੜ-ਭਿੜ ਕੇ ਰਸੀਦਾਂ ਲੈ ਲੈਂਦੇ ਹਨ, ਉਥੇ ਕੰਮ ਨਹੀਂ ਦਿੱਤਾ ਜਾਂਦਾ। ਜਦੋਂ ਨਰੇਗਾ ਕਾਮੇ ਕੰਮ ਨਹੀਂ ਤਾਂ ਭੱਤਾ ਦਿਓ ਦੀ ਮੰਗ ਕਰਦੇ ਹਨ ਤਾਂ ਕਿਹਾ ਜਾਂਦਾ ਹੈ ਭੱਤਾ ਹਾਲੇ ਕਿਤੇ ਵੀ ਨਹੀਂ ਮਿਲਦਾ ! ਯੂਨੀਅਨ ਨੇ ਫੈਸਲਾ ਕੀਤਾ ਹੈ ਲੜੀਵਾਰ ਧਰਨਾ ਓਨੀ ਦੇਰ ਜਾਰੀ ਰੱਖਿਆ ਜਾਵੇਗਾ, ਜਦੋਂ ਤੱਕ ਮਸਲੇ ਹੱਲ ਨਹੀਂ ਹੁੰਦੇ।

ਇਸ ਧਰਨੇ ਨੂੰ ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਹਰਲਾਭ ਸਿੰਘ ਦੂਹੇਵਾਲਾ ਨੇ ਸੰਬੋਧਨ ਕਰਦਿਆਂ ਕਿਹਾ, ਪਾਰਟੀ ਨਰੇਗਾ ਕਾਮਿਆਂ ਦੀ ਹਰ ਮਦਦ ਕਰੇਗੀ। ਨਰੇਗਾ ਕਾਨੂੰਨ ਤੇ ਕਹਿੰਦਾ ਹੈ : ਨਰੇਗਾ ਕੰਮ ਮਿਲੇਗਾ ਜਾਂ ਭੱਤਾ ਗਰੰਟੀ ਮਿਲੇਗੀ, ਪਰ ਇੱਥੇ ਪ੍ਰਬੰਧਕਾਂ ਦਾ ਇੰਨਾ ਬੁਰਾ ਹਾਲ ਹੈ ਕਿ ਕੰਮ ਕਰਵਾ ਕੇ ਮਾਸਟਰੋਲ ਆਨ ਲਾਈਨ ਕਰਕੇ, ਪਿੱਛੋਂ ਮਾਸਟਰੋਲ ਜ਼ੀਰੋ ਕਰ ਦਿੱਤੇ ਜਾਂਦੇ ਹਨ। ਇਹ ਬਰਦਾਸ਼ਤ ਤੋਂ ਬਾਹਰ ਹੈ।ਯੂਨੀਅਨ ਦੀ ਇਹ ਮੰਗ ਬਿਲਕੁਲ ਜਾਇਜ਼ ਹੈ; ਜ਼ੀਰੋ ਕੀਤੇ ਮਾਸਟਰੋਲ ਬਹਾਲ ਕਰੋ ਅਤੇ ਦੋਸ਼ੀਆਂ ਵਿਰੁੱਧ ਕਾਰਵਾਈ ਕਰੋ ਤੇ ਨਰੇਗਾ ਕਾਮਿਆਂ ਨੂੰ ਉਜਰਤਾਂ ਦਾ ਭੁਗਤਾਨ ਕਰੋ।

ਜ਼ਿਲ੍ਹਾ ਪ੍ਰਧਾਨ ਬੋਹੜ ਸਿੰਘ ਸੁਖਨਾ ਨੇ ਕਿਹਾ ਕਿ ਸਕਿਲਡ ਕਾਮਿਆਂ ਦੇ ਨਾਂਅ 'ਤੇ ਜਾਲ੍ਹੀ ਬਿੱਲ ਪਾਏ ਜਾਂਦੇ ਹਨ ਅਤੇ ਜਿਨ੍ਹਾਂ ਤੋਂ ਕੰਮ ਕਰਾਇਆ ਜਾਂਦਾ ਹੈ, ਉਹਨਾਂ ਦੀ ਉਜਰਤ ਅਣ ਸਕਿਲਡ ਕਾਮਿਆਂ ਦੇ ਖਾਤੇ ਵਿੱਚੋਂ ਦਿੱਤੀ ਜਾਂਦੀ ਹੈ। ਯੂਨੀਅਨ ਇਹ ਕਦਾਚਿੱਤ ਬਰਦਾਸ਼ਤ ਨਹੀਂ ਕਰੇਗੀ। ਭਾਰਤ ਸਰਕਾਰ ਨਰੇਗਾ ਵਿਰੋਧੀ ਰੋਲ ਅਦਾ ਕਰ ਰਹੀ ਹੈ। ਉਸ ਨੇ ਅਜੇ ਤੱਕ ਇੱਕ ਅਪ੍ਰੈਲ ਤੋਂ ਜਾਰੀ ਹੋਣ ਵਾਲੀ ਉਜਰਤ ਰੇਟ ਲਿਸਟ ਜਾਰੀ ਨਹੀਂ ਕੀਤੀ। ਅਸੀਂ ਮੰਗ ਕਰਦੇ ਹਾਂ ਕਿ ਉਜਰਤ ਰੇਟ ਲਿਸਟ ਜਾਰੀ ਕੀਤੀ ਜਾਏ ਅਤੇ ਪੰਜਾਬ ਵਿੱਚ 1 ਮਈ ਤੋਂ ਵਧਾਈਆਂ ਉਜਰਤਾਂ ਮੁਤਾਬਕ ਨਰੇਗਾ ਦਿਹਾੜੀ ਰੇਟ ਦਿੱਤਾ ਜਾਵੇ। ਯੂਨੀਅਨ ਨੇ ਕੰਮ 200 ਦਿਨ ਅਤੇ ਉਜਰਤ ਰੇਟ ਹਜ਼ਾਰ ਰੁਪਏ ਦਿਹਾੜੀ ਕਰਨ ਦੀ ਮੰਗ ਵੀ ਕੀਤੀ।ਇਸੇ ਦੌਰਾਨ ਜ਼ਿਲ੍ਹਾ ਪ੍ਰੋਗਰਾਮ ਅਫਸਰ, ਡਿਪਟੀ ਕਮਿਸ਼ਨਰ

• ਬਾਕੀ ਸਫ਼ਾ 2 'ਤੇ

# ਨਵਜੰਮੇ ਬੱਚਿਆਂ ਦੀ ਖਰੀਦੋ-ਫਰੋਖ਼ਤ ਕਰਨ ਵਾਲੇ ਗਿਰੋਹ ਦਾ ਪਰਦਾ ਫਾਸ਼

**● ਨਵਜੰਮੇ ਬੱਚੇ ਸਮੇਤ 6 ਦੋਸ਼ੀ ਗ੍ਰਿਫ਼ਤਾਰ**

**ਖੰਨਾ (ਸੁਖਵਿੰਦਰ ਸਿੰਘ ਭਾਦਲਾ)** ਖੰਨਾ ਪੁਲਸ ਨੇ ਗ਼ਰੀਬ ਤੇ ਲੋੜਵੰਦ ਪਰਵਾਰਾਂ ਤੋਂ ਨਵਜੰਮੇ ਬੱਚਿਆਂ ਨੂੰ ਖਰੀਦ ਕੇ ਅੱਗੇ ਵੇਚਣ ਵਾਲੇ ਇਕ ਗਿਰੋਹ ਦਾ ਪਰਦਾਫਾਸ਼ ਕਰਦਿਆਂ ਇੱਕ ਨਵਜੰਮੇ ਬੱਚੇ ਸਮੇਤ 6 ਕਥਿਤ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਥਾਣਾ ਸਿਟੀ ਖੰਨਾ ਵਿਖੇ ਮੁਕੱਦਮਾ ਨੰਬਰ 113 ਮਿਤੀ 15 ਮਈ 2026 ਅਧੀਨ ਧਾਰਾ 143 ਬੀਐਨਐਸ ਤੇ 81 ਜੇਜੇ ਐਕਟ ਤਹਿਤ ਕੇਸ ਦਰਜ ਕੀਤਾ ਗਿਆ ਹੈ। ਇਹ ਕਾਰਵਾਈ ਦਰਪਣ ਅਹਲੂਵਾਲੀਆ ਆਈਪੀਐਸ, ਸੀਨੀਅਰ ਕਪਤਾਨ ਪੁਲਸ ਖੰਨਾ ਦੀ ਅਗਵਾਈ ਵਿੱਚ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਦੌਰਾਨ ਕੀਤੀ ਗਈ। ਮਹਿਲਾ ਸਹਾਇਕ ਥਾਣੇਦਾਰ ਡਿੰਪਲ ਨੂੰ ਗੁਪਤ ਸੂਚਨਾ ਮਿਲੀ ਸੀ ਕਿ ਇੱਕ ਗਿਰੋਹ ਗਰੀਬ ਪਰਿਵਾਰਾਂ ਤੋਂ ਨਵਜੰਮੇ ਬੱਚਿਆਂ ਨੂੰ ਲਾਲਚ ਦੇ ਕੇ ਲੈ ਜਾਂਦਾ ਤੇ ਫਿਰ ਉਨ੍ਹਾਂ ਨੂੰ ਮਹਿੰਗੇ ਭਾਅ 'ਤੇ ਅੱਗੇ ਵੇਚਦਾ ਹੈ।ਸੂਚਨਾ ਮਿਲਣ 'ਤੇ ਸੀਆਈਏ ਖੰਨਾ ਦੀ ਟੀਮ ਨੇ ਦਾਨਾ ਮੰਡੀ ਰਹੌਣ ਨੇੜੇ ਛਾਪੇਮਾਰੀ ਕਰਕੇ ਤਿੰਨ ਔਰਤਾਂ ਨੂੰ ਇੱਕ ਨਵਜੰਮੇ ਬੱਚੇ ਸਮੇਤ ਕਾਬੂ ਕੀਤਾ। ਗ੍ਰਿਫ਼ਤਾਰ ਕੀਤੀਆਂ ਔਰਤਾਂ ਦੀ ਪਛਾਣ ਕੁਲਦੀਪ ਕੌਰ ਵਾਸੀ ਖਮਾਣੋ ਕਲਾਂ, ਹਰਮੀਤ ਕੌਰ ਵਾਸੀ ਪਿੰਡ ਨੱਤ ਤੇ



ਮੋਨਿਕਾ ਵਾਸੀ ਰਹੌਣ ਵਜੋਂ ਹੋਈ ਹੈ।ਪੁਲਸ ਨੇ ਬੱਚੇ ਨੂੰ ਸੁਰੱਖਿਅਤ ਬਰਾਮਦ ਕਰਕੇ ਤਿੰਨਾਂ ਨੂੰ ਗ੍ਰਿਫ਼ਤਾਰ ਕਰ ਲਿਆ। ਪੁੱਛਗਿੱਛ ਦੌਰਾਨ ਸਾਹਮਣੇ ਆਇਆ ਕਿ ਦਲਜੀਤ ਸਿੰਘ ਤੇ ਉਸ ਦੀ ਪਤਨੀ ਮਨਪ੍ਰੀਤ ਕੌਰ ਵਾਸੀ ਲੁਧਿਆਣਾ ਅਤੇ ਆਸ਼ਾ ਵਰਕਰ ਜਸਵੀਰ ਕੌਰ ਵਾਸੀ ਅਜਨਾਲੀ ਵੀ ਇਸ ਗਿਰੋਹ ਨਾਲ ਜੁੜੇ ਹੋਏ ਸਨ।ਇਹ ਲੋਕ ਗ਼ਰੀਬ ਪਰਵਾਰਾਂ ਤੋਂ ਬੱਚੇ ਲੈ ਕੇ ਉਨ੍ਹਾਂ ਲੋਕਾਂ ਨੂੰ ਵੇਚਦੇ ਸਨ, ਜਿਨ੍ਹਾਂ ਦੇ ਆਪਣੇ ਬੱਚੇ ਨਹੀਂ ਹੁੰਦੇ ਸਨ ਅਤੇ ਇਸ ਦੇ ਬਦਲੇ ਵਿੱਚ ਮੋਟੀ ਰਕਮ ਵਸੂਲ ਕਰਦੇ ਸਨ।

# ਭਾਰਤੀ ਜਨਤਾ ਪਾਰਟੀ ਦੇ ਵਰਕਰਾਂ ਦੀ ਅਹਿਮ ਮੀਟਿੰਗ

**ਮੂਣਕ (ਰਾਜਪਾਲ ਸਿੰਗਲਾ)**- ਸ਼ਹਿਰ ਦੀ ਸਿੱਧ ਮਾਰਕੀਟ ਵਿੱਚ ਭਾਰਤੀ ਜਨਤਾ ਪਾਰਟੀ ਦੇ ਵਰਕਰਾਂ ਦੀ ਇੱਕ ਅਹਿਮ ਮੀਟਿੰਗ ਹੋਈ।ਇਸ ਮੀਟਿੰਗ ਵਿੱਚ ਜ਼ਿਲ੍ਹੇ ਦੇ ਜਨਰਲ ਸੈਕਟਰੀ ਸ਼ੇਰਵਿੰਦਰ ਸਿੰਘ ਤੇ ਭਾਜਪਾ ਆਗੂ ਸੁਖਵੰਤ ਸਰਾਓ ਮੂਣਕ ਵਿਸ਼ੇਸ਼ ਤੌਰ 'ਤੇ ਪਹੁੰਚੇ।ਇਸ ਮੌਕੇ ਵਰਕਰਾਂ ਨੂੰ ਸੰਬੋਧਨ ਕਰਦੇ ਹੋਏ ਸ਼ੇਰਵਿੰਦਰ ਸਿੰਘ ਨੇ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਬੇਸ਼ੱਕ ਛੇ ਮਹੀਨੇ ਦਾ ਸਮਾਂ ਪਿਆ ਹੈ, ਪਰ ਸਾਡੀ ਪਾਰਟੀ ਲਈ ਇਹ ਸਮਾਂ ਬਹੁਤ ਥੋੜ੍ਹਾ ਹੈ।



ਸਾਡੇ ਸਾਰੇ ਵਰਕਰਾਂ ਨੂੰ ਵੱਡੀ ਮਿਹਨਤ ਕਰਨ ਦੀ ਲੋੜ ਹੈ।ਇਸ ਮੌਕੇ ਵੋਟਾਂ ਦੀ ਜਾਂਚ ਪੜਤਾਲ ਹੋ ਰਹੀ ਹੈ, ਜਿਸ ਲਈ ਸਾਨੂੰ ਅੱਜ ਤੋਂ ਹੀ ਆਪਣੇ ਆਪਣੇ ਬੂਥਾਂ ਮੁਤਾਬਕ ਵਰਕਰ ਕਮੇਟੀ ਬਣਾਉਣ ਦੀ ਖਾਸ ਲੋੜ ਹੈ ਤਾਂ ਕਿ ਸਾਡੇ ਕਿਸੇ ਵੀ ਵੋਟਰ ਦੀ ਵੋਟ ਬਣਨ ਤੋਂ ਨਾ ਰਹਿ ਸਕੇ।ਉਨ੍ਹਾ ਕਿਹਾ ਕਿ ਸਾਨੂੰ ਹਰ ਪਿੰਡ ਤੇ ਸ਼ਹਿਰ ਅੰਦਰ ਕਮੇਟੀਆਂ ਬਣਾਉਣ ਤੇ ਕੇਂਦਰ ਸਰਕਾਰ ਵੱਲੋਂ ਲੋਕਾਂ ਨੂੰ ਮਿਲਣ ਵਾਲੀਆਂ ਸਹੂਲਤਾਂ ਪ੍ਰਤੀ ਘਰ ਘਰ ਜਾ ਕੇ ਜਾਣੂ ਕਰਵਾਉਣ ਦੀ ਜ਼ਰੂਰਤ ਹੈ ਤਾਂ ਹੀ ਅਸੀਂ ਪੰਜਾਬ ਅੰਦਰ ਡਬਲ ਇੰਜਣ ਦੀ ਸਰਕਾਰ ਬਣਾਉਣ ਵਿੱਚ ਸਫਲ ਹੋਵਾਂਗੇ। ਮੋਹਨ ਸਿੰਘ ਮਕੋਰੜ ਮੰਡਲ ਪ੍ਰਧਾਨ ਨੇ ਅੰਤ ਵਿੱਚ ਪਹੁੰਚੇ ਵਰਕਰਾਂ ਦਾ ਧੰਨਵਾਦ ਕੀਤਾ। ਇਸ ਮੌਕੇ ਪਹੁੰਚੇ ਅਹੁਦੇਦਾਰ ਤੇ ਵਰਕਰਾਂ 'ਚ ਰਾਂਝਾ ਬਖਸ਼ੀ ਜਨਰਲ ਸਕੱਤਰ, ਸੁਰੇਸ਼ ਰਾਠੀ ਵਾਈਸ ਪ੍ਰਧਾਨ, ਗਿਆਨ ਸੈਣੀ, ਜਗਤਾਰ ਸਿੰਘ ਮੂਣਕ, ਪਰਵੀਨ ਸਿੰਘ ਮੂਣਕ, ਪ੍ਰਵਾਨ ਸਿੰਘ, ਬਲਜੀਤ ਸਿੰਘ ਬੋਪਰ, ਨਿਸ਼ਾਨ ਸਿੰਘ, ਪਰਮ ਸਿੰਘ, ਫੌਜਾ ਸਿੰਘ, ਜੋਧਾ ਸਿੰਘ, ਵਿਕਾਸ ਕੁਮਾਰ, ਲਛਮਣ ਸਿੰਘ, ਰਿੰਕੂ ਸਿੰਘ ਤੇ ਹੋਰ ਆਗੂ ਵਰਕਰ ਹਾਜ਼ਰ ਸਨ।

# ਮੈਡੀਕਲ ਐਸੋਸੀਏਸ਼ਨ ਵੱਲੋਂ ਦੁਕਾਨਾਂ ਬੰਦ ਰੱਖਣ ਦਾ ਐਲਾਨ



**ਨਿਹਾਲ ਸਿੰਘ ਵਾਲਾ, (ਲਵਲੀ ਮਾਛੀਕੇ)** ਮੈਡੀਕਲ ਐਸੋਸੀਏਸ਼ਨ ਵੱਲੋਂ 20 ਮਈ ਨੂੰ ਇਲਾਕੇ ਦੀਆਂ ਸਾਰੀਆਂ ਮੈਡੀਕਲ ਦੁਕਾਨਾਂ ਬੰਦ ਰੱਖਣ ਦਾ ਐਲਾਨ ਕੀਤਾ ਗਿਆ ਹੈ।ਐਸੋਸੀਏਸ਼ਨ ਦੇ ਅਹੁਦੇਦਾਰਾਂ ਨੇ ਦੱਸਿਆ ਕਿ ਪੰਜਾਬ ਭਰ ਦੇ ਮੈਡੀਕਲ ਸਟੋਰ ਮਾਲਕਾਂ ਨੂੰ ਆ ਰਹੀਆਂ ਮੁਸ਼ਕਲਾਂ ਤੇ ਸਰਕਾਰ ਦੀਆਂ ਨੀਤੀਆਂ ਦੇ ਵਿਰੋਧ ਵਜੋਂ ਇਹ ਫੈਸਲਾ ਲਿਆ ਗਿਆ ਹੈ।ਐਸੋਸੀਏਸ਼ਨ ਦੇ ਮੈਂਬਰਾਂ ਨੇ ਕਿਹਾ ਕਿ ਮੈਡੀਕਲ ਕਾਰੋਬਾਰ ਨਾਲ ਜੁੜੇ ਲੋਕ ਲੰਮੇ ਸਮੇਂ ਤੋਂ ਆਪਣੀਆਂ ਮੰਗਾਂ ਨੂੰ ਲੈ ਕੇ ਸਰਕਾਰ ਤੱਕ ਆਵਾਜ਼ ਪਹੁੰਚਾ ਰਹੇ ਹਨ, ਪਰ ਅਜੇ ਤੱਕ ਕੋਈ ਢੁੱਕਵਾਂ ਹੱਲ ਨਹੀਂ ਨਿਕਲਿਆ, ਜਿਸ ਕਾਰਨ ਮਜਬੂਰਨ 20 ਮਈ ਨੂੰ ਦੁਕਾਨਾਂ ਬੰਦ ਰੱਖ ਕੇ ਰੋਸ ਪ੍ਰਗਟ ਕੀਤਾ ਜਾਵੇਗਾ। ਕੈਮਿਸਟ ਐਸੋਸੀਏਸ਼ਨ ਦੀ ਮੀਟਿੰਗ ਪ੍ਰਧਾਨ ਜਸਪ੍ਰੀਤ ਸਿੰਗਲਾ ਪ੍ਰਿੰਸ ਮੈਡੀਕਲ ਨਿਹਾਲ ਸਿੰਘ ਵਾਲਾ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਪ੍ਰੇਮ ਮੈਡੀਕਲ ਨਿਹਾਲ ਸਿੰਘ ਵਾਲਾ, ਰਾਜੂ ਮੈਡੀਕਲ ਨਿਹਾਲ ਸਿੰਘ ਵਾਲਾ, ਓਜੋਨ ਮੈਡੀਕਲ ਪੱਤੋਂ ਹੀਰਾ ਸਿੰਘ, ਏਕਮ ਫਾਰਮਾ ਮਾਛੀਕੇ, ਪ੍ਰਭ ਮੈਡੀਕਲ ਮਧੇਕੇ, ਸਿੱਧੂ ਮੈਡੀਕਲ ਹਿੰਮਤਪੁਰਾ ਤੇ ਪ੍ਰੇਮੀ ਮੈਡੀਕਲ ਵੱਲੋਂ ਸ਼ਮੂਲੀਅਤ ਕੀਤੀ ਗਈ।

# ਨਸ਼ਿਆਂ ਵਿਰੁੱਧ ਪੁਲਸ ਦੀ ਵੱਡੀ ਕਾਰਵਾਈ, 5 ਤਸਕਰ ਗ੍ਰਿਫ਼ਤਾਰ : ਰਵਜੋਤ ਗਰੇਵਾਲ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**- ਨਸ਼ਿਆਂ ਦੇ ਕੋਹੜ ਨੂੰ ਜੜ੍ਹ ਤੋਂ ਖ਼ਤਮ ਕਰਨ ਲਈ ਸੰਗਰੂਰ ਪੁਲਸ ਵੱਲੋਂ ਚਲਾਈ ਗਈ ਵਿਸ਼ੇਸ਼ ਮੁਹਿੰਮ ਤਹਿਤ ਸਬ-ਡਵੀਜ਼ਨ ਧੂਰੀ ਪੁਲਸ ਨੂੰ ਵੱਡੀ ਸਫ਼ਲਤਾ ਮਿਲੀ ਹੈ।ਡਾਕਟਰ ਰਵਜੋਤ ਗਰੇਵਾਲ ਐੱਸ.ਐੱਸ.ਪੀ. ਸੰਗਰੂਰ ਨੇ ਪ੍ਰੈੱਸ ਨੂੰ ਅਹਿਮ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੁਲਸ ਵੱਲੋਂ ਚਲਾਈਆਂ ਗਈਆਂ 'ਯੁੱਧ ਨਸ਼ਿਆਂ ਵਿਰੁੱਧ' ਤੇ 'ਪਿੰਡਾਂ ਦੇ ਪਹਿਰੇਦਾਰ' ਮੁਹਿੰਮਾਂ ਤਹਿਤ 11 ਮਈ ਤੋਂ 17 ਮਈ ਤੱਕ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਹੈ।ਇਸ ਦੌਰਾਨ ਵੱਖ-ਵੱਖ ਥਾਣਿਆਂ ਵਿੱਚ 5 ਮੁਕੱਦਮੇ ਦਰਜ ਕਰਕੇ 5 ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ, ਜਿਨ੍ਹਾਂ ਪਾਸੋਂ 27.30 ਗ੍ਰਾਮ ਚਿੱਟਾ/ਹੈਰੋਇਨ ਤੇ 20 ਬੋਤਲਾਂ ਦੇਸੀ ਸ਼ਰਾਬ ਬ੍ਰਾਮਦ ਕੀਤੀ ਗਈ ਹੈ। ਐੱਸ.ਐੱਸ.ਪੀ. ਸੰਗਰੂਰ ਨੇ ਦੱਸਿਆ ਕਿ ਜਿੱਥੇ ਨਸ਼ਾ ਤਸਕਰਾਂ 'ਤੇ ਸਖ਼ਤੀ ਕੀਤੀ ਜਾ ਰਹੀ ਹੈ, ਉੱਥੇ ਹੀ ਨਸ਼ੇ ਦੀ ਦਲਦਲ ਵਿੱਚ ਫਸੇ ਨੌਜਵਾਨਾਂ ਨੂੰ ਮੁੱਖ ਧਾਰਾ ਵਿੱਚ ਲਿਆਉਣ ਲਈ ਵੀ ਉਪਰਾਲੇ ਕੀਤੇ ਜਾ ਰਹੇ ਹਨ।ਪੁਲਸ ਪ੍ਰਸ਼ਾਸਨ ਵੱਲੋਂ ਆਮ ਲੋਕਾਂ ਦੀਆਂ ਮੁਸ਼ਕਲਾਂ ਨੂੰ ਪਹਿਲ ਦੇ ਅਧਾਰ 'ਤੇ ਸੁਣਦਿਆਂ ਰਿਕਾਰਡ 87 ਜਨਤਕ ਦਰਖਾਸਤਾਂ ਦਾ ਨਿਪਟਾਰਾ ਕੀਤਾ ਗਿਆ।ਟ੍ਰੈਫਿਕ ਵਿਵਸਥਾ ਨੂੰ ਦਰੁਸਤ ਰੱਖਣ ਲਈ ਮੋਟਰ ਵਹੀਕਲ ਐਕਟ ਤਹਿਤ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਕਰਦਿਆਂ 187 ਵਾਹਨਾਂ ਦੇ ਚਲਾਨ ਕੀਤੇ ਗਏ।ਧੂਰੀ ਸਬ-ਡਵੀਜ਼ਨ ਦੇ ਵੱਖ-ਵੱਖ ਥਾਣਿਆਂ ਅਤੇ ਚੌਕੀਆਂ ਦੀ ਪੁਲਸ ਵੱਲੋਂ ਲੋਕਾਂ ਨਾਲ ਸਿੱਧਾ ਰਾਬਤਾ ਕਾਇਮ ਕਰਨ ਲਈ 'ਸੰਪਰਕ ਪ੍ਰੋਜੈਕਟ' ਚਲਾਇਆ ਜਾ ਰਿਹਾ ਹੈ।ਇਸ ਤਹਿਤ ਪੰਚਾਇਤਾਂ, ਸਪੋਰਟਸ ਕਲੱਬਾਂ ਤੇ ਇਲਾਕੇ ਦੇ ਮੋਹਤਬਰ ਪੁਰਸ਼ਾਂ ਨਾਲ ਵਿਸ਼ੇਸ਼ ਮੀਟਿੰਗਾਂ ਕਰਕੇ ਆਮ ਪਬਲਿਕ ਤੇ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ।ਪੁਲਸ ਵੱਲੋਂ ਜਨਤਾ ਨਾਲ ਥਾਣਿਆਂ ਤੇ ਚੌਕੀਆਂ ਦੇ ਹੈਲਪਲਾਈਨ ਨੰਬਰ ਸਾਂਝੇ ਕੀਤੇ ਗਏ ਹਨ ਤਾਂ ਜੋ ਨਸ਼ਾ ਤਸਕਰਾਂ ਬਾਰੇ ਤੁਰੰਤ ਇਤਲਾਹ ਦਿੱਤੀ ਜਾ ਸਕੇ।ਐੱਸ.ਐੱਸ.ਪੀ. ਨੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਨਸ਼ਾ ਵਿਰੋਧੀ ਜੰਗ ਵਿੱਚ ਪੁਲਸ ਦਾ ਸਾਥ ਦੇਣ ਤਾਂ ਜੋ ਸਮਾਜ ਨੂੰ ਨਸ਼ਾ-ਮੁਕਤ ਬਣਾਇਆ ਜਾ ਸਕੇ।



# ਢਾਣੀ ਜਨਤਾ ਨਗਰ ਤੋਂ ਪੰਚਾਇਤ ਮੈਂਬਰ ਕਾਂਗਰਸ 'ਚ ਸ਼ਾਮਲ

**ਜਲਾਲਾਬਾਦ (ਜੀਤ ਕੁਮਾਰ/ਜੰਗੀਰ ਕੌਰ)**- ਕਾਂਗਰਸ ਪਾਰਟੀ ਨੂੰ ਉਸ ਵੇਲੇ ਭਾਰੀ ਬੱਲ ਮਿਲਿਆ, ਜਦੋਂ ਜਲਾਲਾਬਾਦ ਹਲਕੇ ਦੇ ਪਿੰਡ ਸਜਰਾਣਾ ਦੀ ਢਾਣੀ ਜਨਤਾ ਨਗਰ ਤੋਂ ਪੰਚਾਇਤ ਮੈਂਬਰ ਬਲਵਿੰਦਰ ਸਿੰਘ, ਪੰਚਾਇਤ ਮੈਂਬਰ ਪ੍ਰੀਤਮ ਸਿੰਘ ਤੇ ਡਾ. ਸੋਨੂੰ ਆਮ ਆਦਮੀ ਪਾਰਟੀ ਨੂੰ ਛੱਡ ਕੇ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋ ਗਏ। ਇਨ੍ਹਾਂ ਦਾ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਣ 'ਤੇ ਸਾਬਕਾ ਵਿਧਾਇਕ ਰਮਿੰਦਰ ਸਿੰਘ ਆਂਵਲਾ ਨੇ ਆਪਣੇ ਗ੍ਰਹਿ ਅਸਥਾਨ ਗੁਰੂ ਹਰਸਹਾਏ ਵਿਖੇ ਭਰਵਾਂ ਸਵਾਗਤ ਕੀਤਾ ਅਤੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਦੀਆਂ ਉਮੀਦਾਂ 'ਤੇ ਪੂਰੀ ਨਹੀਂ ਉੱਤਰ ਸਕੀ ਹੈ, ਜਿਸ ਦੇ ਕਾਰਨ ਹੀ ਆਪ ਦੇ ਵਰਕਰ ਕਾਂਗਰਸ ਵਿੱਚ ਸ਼ਾਮਲ ਹੋਣ ਰਹੇ ਹਨ। ਉਨ੍ਹਾਂ ਕਿਹਾ ਕਿ ਕਾਂਗਰਸ ਨਾਲ ਜੁੜ ਰਹੇ ਲੋਕਾਂ ਦਾ ਪੂਰਾ ਮਾਨ ਸਨਮਾਨ ਹੋਵੇਗਾ, ਕਿਉਂਕਿ ਵਰਕਰ ਹੀ ਪਾਰਟੀ ਦੀ ਰੀੜ੍ਹ ਦੀ ਹੱਡੀ ਹੁੰਦੇ ਹਨ। ਇਸ ਮੌਕੇ ਦਵਿੰਦਰ ਸਿੰਘ ਬੱਬਲ, ਸੁਰੇਸ਼ ਕੰਬੋਜ, ਸੁਨੀਲ ਕੁਮਾਰ, ਬਲਵਿੰਦਰ ਸਿੰਘ ਰਾਏ ਮੌਜੂਦ ਸਨ।



# ਕੈਮਿਸਟ ਦੀਆਂ ਦੁਕਾਨਾਂ ਭਲਕੇ ਬੰਦ ਰਹਿਣਗੀਆਂ



**ਕੋਟ ਈਸੇ ਖਾਂ (ਅਰੋੜਾ)**- ਕੈਮਿਸਟ ਐਸੋਸੀਏਸ਼ਨ ਕੋਟ ਈਸੇ ਖਾਂ ਜ਼ਿਲ੍ਹਾ ਮੋਗਾ ਦੇ ਪ੍ਰਧਾਨ ਰਛਪਾਲ ਸਿੰਘ, ਸੈਕਟਰੀ ਗਗਨਦੀਪ, ਮੁਨੀਸ਼ ਅਰੋੜਾ ਤੇ ਹੋਰਨਾਂ ਮੈਂਬਰਾਂ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਦੱਸਿਆ ਕਿ ਆਲ ਇੰਡੀਆ ਕੈਮਿਸਟ ਐਸੋਸੀਏਸ਼ਨ ਤੇ ਪੰਜਾਬ ਕੈਮਿਸਟ ਐਸੋਸੀਏਸ਼ਨ ਦੇ ਸੱਦੇ 'ਤੇ ਮੁੱਖ ਮੰਗਾਂ ਨੂੰ ਲੈ ਕੇ 20 ਮਈ ਨੂੰ ਸਾਰੀਆਂ ਕੈਮਿਸਟਾਂ ਦੀਆਂ ਦੁਕਾਨਾਂ ਬੰਦ ਕਰਕੇ ਹੜਤਾਲ ਦਾ ਐਲਾਨ ਕੀਤਾ ਗਿਆ ਹੈ।

ਇਸ ਦੇ ਮੱਦੇਨਜ਼ਰ 20 ਮਈ ਬੁੱਧਵਾਰ ਨੂੰ ਕੋਟ ਈਸੇ ਖਾਂ (ਮੋਗਾ) ਵਿਖੇ ਵੀ ਕੈਮਿਸਟ ਦੀਆਂ ਦੁਕਾਨਾਂ ਮੁਕੰਮਲ ਤੌਰ 'ਤੇ ਬੰਦ ਰਹਿਣਗੀਆਂ।ਇਸ ਮੌਕੇ ਹੋਰ ਵੀ ਕਈ ਕੈਮਿਸਟ/ਮੈਂਬਰ ਹਾਜ਼ਰ ਸਨ।

# ਦੇਸ਼ ਭਗਤ ਗਲੋਬਲ ਸਕੂਲ ਵਿਖੇ ਸੜਕ ਸੁਰੱਖਿਆ ਨਿਯਮਾਂ ਸਬੰਧੀ ਸੈਮੀਨਾਰ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ/ਪਰਮਜੀਤ ਸਿੰਘ, ਕੁਲਭੂਸ਼ਨ ਚਾਵਲਾ)**- ਦੇਸ਼ ਭਗਤ ਗਲੋਬਲ ਸਕੂਲ ਸ੍ਰੀ ਮੁਕਤਸਰ ਸਾਹਿਬ ਵੱਲੋਂ ਦੇਸ਼ ਭਗਤ ਗਰੁੱਪ ਸ੍ਰੀ ਮੁਕਤਸਰ ਸਾਹਿਬ ਦੇ ਚੇਅਰਮੈਨ ਤੇ ਦੇਸ਼ ਭਗਤ ਯੂਨੀਵਰਸਿਟੀ ਦੇ ਮਾਨਯੋਗ ਚਾਂਸਲਰ ਡਾਕਟਰ ਜ਼ੋਰਾ ਸਿੰਘ ਤੇ ਪ੍ਰੋ ਚਾਂਸਲਰ ਡਾਕਟਰ ਤੇਜਿੰਦਰ ਕੌਰ ਦੀ ਸਰਪ੍ਰਸਤੀ ਹੇਠ ਸਕੂਲ ਦੇ ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ ਦੀ ਯੋਗ ਅਗਵਾਈ ਹੇਠ ਚੱਲ ਰਹੇ ਦੇਸ਼ ਭਗਤ ਗਲੋਬਲ ਸਕੂਲ ਵਿਖੇ ਸੜਕ ਸੁਰੱਖਿਆ ਸਬੰਧੀ ਸੈਮੀਨਾਰ ਲਗਾਇਆ ਗਿਆ।ਇਸ ਵਿੱਚ ਬੱਚਿਆਂ ਨੂੰ ਸੜਕ 'ਤੇ ਚੱਲਦਿਆਂ ਤੇ ਵਾਹਨ ਚਲਾਉਂਦੇ ਸਮੇਂ ਕਿਸ ਤਰ੍ਹਾਂ ਸਾਵਧਾਨੀਆਂ ਵਰਤਣੀਆ ਚਾਹੀਦੀਆਂ ਹਨ, ਬਾਰੇ ਦੱਸਿਆ ਗਿਆ। ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ ਨੇ ਕਿਹਾ ਕਿ ਸੜਕ ਸੁਰੱਖਿਆ ਹਰ ਇਕ ਨਾਗਰਿਕ ਦੀ ਜ਼ਿੰਮੇਵਾਰੀ ਹੈ।ਵਿਦਿਆਰਥੀਆਂ ਨੂੰ ਛੋਟੀ ਉਮਰ ਤੋਂ ਹੀ ਟ੍ਰੈਫਿਕ ਨਿਯਮਾਂ ਦੀ ਜਾਣਕਾਰੀ ਹੋਣੀ ਬਹੁਤ ਜ਼ਰੂਰੀ ਹੈ।ਹੈਲਮੈਟ ਪਹਿਨਣਾ, ਸੀਟ ਬੈਲਟ ਲਗਾਉਣਾ ਤੇ ਟ੍ਰੈਫਿਕ ਸੰਕੇਤਾਂ ਦੀ ਪਾਲਣਾ ਕਰਨਾ ਸਾਡੀ ਜ਼ਿੰਦਗੀ ਦੀ ਸੁਰੱਖਿਆ ਲਈ ਲਾਜ਼ਮੀ ਹੈ।ਇਸ ਤਰ੍ਹਾਂ ਦੇ ਸੈਮੀਨਾਰ ਵਿਦਿਆਰਥੀਆਂ ਵਿੱਚ ਜਾਗਰੂਕਤਾ ਪੈਦਾ ਕਰਦੇ ਹਨ ਤੇ ਉਨ੍ਹਾਂ ਨੂੰ ਜ਼ਿੰਮੇਵਾਰ ਨਾਗਰਿਕ ਬਣਾਉਣ ਵਿੱਚ ਮਦਦ ਕਰਦੇ ਹਨ। ਵਾਈਸ ਪ੍ਰਿੰਸੀਪਲ ਡਾਕਟਰ ਪਰਮਪ੍ਰੀਤ ਕੌਰ ਨੇ ਕਿਹਾ ਕਿ ਸੜਕ ਹਾਦਸਿਆਂ ਤੋਂ ਬਚਾਅ ਲਈ ਸਾਵਧਾਨੀ ਤੇ ਅਨੁਸ਼ਾਸਨ ਬਹੁਤ ਮਹੱਤਵਪੂਰਨ ਹਨ।ਮੋਬਾਈਲ ਫੋਨ ਦੀ ਵਰਤੋਂ ਕਰਦੇ ਹੋਏ ਵਾਹਨ ਚਲਾਉਣਾ ਜਾਂ ਤੇਜ਼ ਰਫ਼ਤਾਰ ਨਾਲ ਗੱਡੀ ਚਲਾਉਣਾ ਖਤਰਨਾਕ ਹੋ ਸਕਦਾ ਹੈ।ਵਿਦਿਆਰਥੀਆਂ ਨੂੰ ਆਪਣੇ ਪਰਿਵਾਰ ਤੇ ਸਮਾਜ ਵਿੱਚ ਵੀ ਸੜਕ ਸੁਰੱਖਿਆ ਦੇ ਨਿਯਮਾਂ ਬਾਰੇ ਜਾਗਰੂਕਤਾ ਫੈਲਾਉਣੀ ਚਾਹੀਦੀ ਹੈ।ਦੇਸ਼ ਭਗਤ ਕੈਂਪਸ ਦੇ ਚੇਅਰਮੈਨ ਤੇ ਦੇਸ਼ ਭਗਤ ਯੂਨੀਵਰਸਿਟੀ ਦੇ ਮਾਨਯੋਗ ਚਾਂਸਲਰ ਡਾ. ਜ਼ੋਰਾ ਸਿੰਘ ਤੇ ਪ੍ਰੋ ਚਾਂਸਲਰ ਡਾ. ਤੇਜਿੰਦਰ ਕੌਰ ਨੇ ਕਿਹਾ ਕਿ ਬੱਚਿਆਂ ਨੂੰ ਕਿਤਾਬਾਂ ਦੇ ਗਿਆਨ ਦੇ ਨਾਲ ਨਾਲ ਆਪਣੀ ਜ਼ਿੰਦਗੀ ਦੇ ਨੈਤਿਕ ਕਦਰਾਂ ਕੀਮਤਾਂ ਬਾਰੇ ਵੀ ਗਿਆਨ ਹੋਣਾ ਬਹੁਤ ਜ਼ਰੂਰੀ ਹੈ।




# ਛਾਪਾ 'ਚ ਅੱਖਾਂ ਦਾ 29 ਵਾਂ ਮੁਫ਼ਤ ਚੈਕਅੱਪ, ਅਪ੍ਰੇਸ਼ਨ ਕੈਂਪ ਲਾਇਆ

**ਮਹਿਲ ਕਲਾਂ, (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)** ਸਮਾਜ ਸੇਵੀ ਪਿਆਰਾ ਸਿੰਘ ਮਾਹਮਦਪੁਰ ਦੀ ਅਗਵਾਈ ਹੇਠ ਏਕ ਜੋਤ ਆਈ ਹਸਪਤਾਲ ਮਲੇਰਕੋਟਲਾ ਦੀ ਡਾਕਟਰੀ ਟੀਮ, ਗ੍ਰਾਮ ਪੰਚਾਇਤ ਦੇ ਸਹਿਯੋਗ ਨਾਲ ਪਿੰਡ ਛਾਪਾ ਵਿਖੇ ਐਸ ਸੀ ਧਰਮਸ਼ਾਲਾ 'ਚ 29 ਵਾਂ ਮੁਫ਼ਤ ਅੱਖਾਂ ਦਾ ਚੈਕਅਪ ਤੇ ਅਪ੍ਰੇਸ਼ਨ ਕੈਂਪ ਲਾਇਆ ਗਿਆ।

ਕੈਂਪ ਦਾ ਉਦਘਾਟਨ ਸਰਪੰਚ ਗੁਰਦੀਪ ਸਿੰਘ ਛਾਪਾ ਨੇ ਕੀਤਾ।ਸਰਪੰਚ ਗੁਰਦੀਪ ਸਿੰਘ ਬਾਬਾ ਨੇ ਸਮਾਜ ਸੇਵੀ ਪਿਆਰਾ ਸਿੰਘ ਮਾਹਮਦਪੁਰ ਦੇ ਉਪਰਾਲਿਆਂ ਦੀ ਪ੍ਰਸ਼ੰਸਾ ਕਰਦਿਆ ਕਿਹਾ ਕਿ ਮਨੁੱਖਤਾ ਦੀ ਭਲਾਈ ਲਈ ਅਜਿਹੇ ਕੈਂਪ ਲਾਏ ਜਾਣੇ ਸਮੇਂ ਦੀ ਵੱਡੀ ਲੋੜ ਹਨ।ਉਨ੍ਹਾਂ ਕਿਹਾ ਕਿ ਅੱਖਾਂ ਦੀ ਰੌਸ਼ਨੀ ਵਾਪਸ ਮਿਲਣ ਨਾਲ ਮਨੁੱਖ ਦੀ ਨਵੀਂ ਜ਼ਿੰਦਗੀ ਦੀ ਸ਼ੁਰੂਆਤ ਹੁੰਦੀ ਹੈ, ਇਸ ਤੋਂ ਸੇਧ ਲੈ ਕੇ ਹੋਰ ਸਮਾਜ ਸੇਵੀ ਲੋਕਾਂ ਨੂੰ ਵੀ ਅੱਗੇ ਆ ਕੇ ਅਜਿਹੇ ਲੋਕ ਭਲਾਈ ਕੰਮਾਂ ਵਿੱਚ ਯੋਗਦਾਨ ਪਾਉਣਾ ਚਾਹੀਦਾ ਹੈ।

ਮੁੱਖ ਪ੍ਰਬੰਧਕ ਪਿਆਰਾ ਸਿੰਘ ਮਾਹਮਦਪੁਰ ਨੇ ਕਿਹਾ ਕਿ ਇਨਸਾਨੀਅਤ ਦੀ ਸੇਵਾ ਕਰਨਾ ਹੀ ਸਾਡਾ ਅਸਲ ਧਰਮ ਹੈ।ਉਨ੍ਹਾਂ ਕਿਹਾ ਕਿ ਹਰ ਮਨੁੱਖ ਨੂੰ ਸੁੰਦਰ ਸੰਸਾਰ ਦੇ ਦਰਸ਼ਨ ਕਰਨ ਦਾ ਮੌਕਾ ਮਿਲਦਾ ਰਹੇ, ਇਹੋ ਮਕਸਦ ਨਾਲ ਇਹ ਸੇਵਾ ਨਿਰੰਤਰ ਜਾਰੀ ਰਹੇਗੀ।ਇਸ ਮੌਕੇ ਏਕਜੋਤ ਆਈ ਹਸਪਤਾਲ ਮਲੇਰਕੋਟਲਾ ਦੇ ਅੱਖਾਂ ਦੇ ਮਾਹਿਰ ਡਾ. ਅਜੇ ਕੁਮਾਰ ਯਾਦਵ, ਸਟਾਫ਼ ਨਰਸ ਗਗਨਦੀਪ ਕੌਰ, ਸੰਦੀਪ ਸਿੰਘ ਨੇ ਆਪਣੀ ਟੀਮ ਸਮੇਤ 85 ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕੀਤੀ।

ਮਰੀਜ਼ਾਂ ਨੂੰ ਮੁਫ਼ਤ ਦਵਾਈਆਂ, ਐਨਕਾਂ ਵੀ ਦਿੱਤੀਆਂ ਗਈਆਂ। 15 ਮਰੀਜ਼ਾਂ ਨੂੰ ਮੁਫ਼ਤ ਲੈਂਜ਼ ਪਾਉਣ ਲਈ ਚੁਣਿਆ ਗਿਆ।



# ਵਿਧਾਇਕ ਜਰਨੈਲ ਸਿੰਘ ਦੇ ਪੁੱਤਰਾਂ ਦੀ ਹੋਈ ਦਸਤਾਰ ਬੰਦੀ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਦਿੱਲੀ ਤੋਂ ਐਮਐਲਏ ਜਰਨੈਲ ਸਿੰਘ ਦੇ ਦੋਵੇਂ ਸਪੁੱਤਰ ਪ੍ਰਥਮਵੀਰ ਸਿੰਘ, ਹਰਸ਼ਵੀਰ ਸਿੰਘ ਦੀ ਦਸਤਾਰਬੰਦੀ ਮੌਕੇ ਦਿੱਲੀ ਦੀ ਸਿੱਖ ਸੰਗਤ, ਧਾਰਮਿਕ ਤੇ ਰਾਜਨੀਤਕ ਲੋਕ, ਆਪ ਦੇ ਕਨਵੀਨਰ ਅਰਵਿੰਦ ਕੇਜਰੀਵਾਲ, ਸੁਨੀਤਾ ਕੇਜਰੀਵਾਲ ਨੇ ਵੀ ਸ਼ਿਰਕਤ ਕੀਤੀ।ਚੇਅਰਮੈਨ ਇੰਦਰਜੀਤ ਸਿੰਘ ਸੰਧੂ ਨੇ ਪਰਵਾਰ ਨੂੰ ਮਿਲ ਕੇ ਵਧਾਈ ਦਿੱਤੀ। ਇੰਦਰਜੀਤ ਸਿੰਘ ਸੰਧੂ ਨੇ ਕਿਹਾ ਕਿ ਜਰਨੈਲ ਸਿੰਘ ਜੋ ਸਿੱਖ ਧਰਮ ਨੂੰ ਸਮਰਪਤ ਹਨ, ਨੇ ਆਪਣੇ ਪੁੱਤਰਾਂ ਨੂੰ ਦਸਤਾਰ ਸਜਾ ਕੇ ਸਿੱਖ ਧਰਮ ਨੂੰ ਅਰਪਣ ਕਰਨਾ ਇਕ ਸ਼ਲਾਘਾਯੋਗ ਉਪਰਾਲਾ ਹੈ।



# ਕਮਿਊਨਿਸਟ ਆਗੂ ਸੁਰਿੰਦਰ ਤਿਵਾੜੀ ਨੂੰ ਹਜ਼ਾਰਾਂ ਲੋਕਾਂ ਵੱਲੋਂ ਸ਼ਰਧਾਂਜਲੀ ਭੇਟ

**ਸਮਰਾਲਾ (ਸੁਰਜੀਤ ਸਿੰਘ)**- ਮਰਹੂਮ ਕਮਿਊਨਿਸਟ ਇਨਕਲਾਬੀ ਆਗੂ ਕਾਮਰੇਡ ਸੁਰਿੰਦਰ ਤਿਵਾੜੀ ਨੂੰ ਸਮਰਾਲਾ ਵਿਖੇ ਹਜ਼ਾਰਾਂ ਹੀ ਗਿਣਤੀ ਵਿਚ ਇੱਕਤਰ ਹੋਏ ਇਨਕਲਾਬੀ ਸੋਚ ਰੱਖਣ ਵਾਲੇ ਆਦਮੀ ਤੇ ਔਰਤਾਂ ਨੇ ਸ਼ਰਧਾਂਜਲੀ ਭੇਟ ਕੀਤੀ ਅਤੇ ਉਸ ਦੀ ਲੋਕਾਂ ਪ੍ਰਤੀ ਅਮਰ ਘਾਲਣਾ ਨੂੰ ਯਾਦ ਕਰਦਿਆਂ ਲੋਕਾਂ ਨੇ ਸੰਗਰਾਮੀ ਨਾਅਰਿਆਂ ਨਾਲ ਸਿਜਦਾ ਕੀਤਾ।ਸਥਾਨਕ ਦਾਨਾ ਮੰਡੀ ਵਿੱਚ ਹੋਏ ਸਮਾਗਮ ਵਿੱਚ ਉਨ੍ਹਾਂ ਦੀ ਤਸਵੀਰ 'ਤੇ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਉਪਰੰਤ ਸਮੁੱਚੇ ਇਕੱਠ ਨੇ ਖੜ੍ਹੇ ਹੋ ਕੇ ਕੌਮਾਂਤਰੀ ਗੀਤ ਦੀ ਧੁਨ 'ਤੇ ਕਾਮਰੇਡ ਤਿਵਾੜੀ ਦੇ ਕਿਰਤ ਦੀ ਮੁਕਤੀ ਦੇ ਅਕੀਦੇ ਨੂੰ ਬੁਲੰਦ ਕੀਤਾ। ਸ਼ਰਧਾਂਜਲੀਆਂ ਦੀ ਸ਼ੁਰੂਆਤ ਕਮੇਟੀ ਮੈਂਬਰ ਪਾਵੇਲ ਕੁੱਸਾ ਨੇ ਕਰਦਿਆਂ ਇਨਕਲਾਬੀ ਲਹਿਰ ਅੰਦਰ ਡਟਣ ਲਈ ਕਾਮਰੇਡ ਤਿਵਾੜੀ ਦੇ ਲੰਮੇ ਅਣਥੱਕ ਸਫ਼ਰ ਤੋਂ ਪ੍ਰੇਰਨਾ ਲੈਣ ਦਾ ਸੱਦਾ ਦਿੱਤਾ।ਸੀਪੀਆਈ ਐੱਮ ਐੱਲ (ਐੱਨ ਡੀ) ਦੇ ਆਗੂ ਕਾਮਰੇਡ ਦਰਸ਼ਨ ਖਟਕੜ ਨੇ ਸੁਰਿੰਦਰ ਤਿਵਾੜੀ ਨਾਲ ਆਪਣੀਆਂ ਮਿਲਣੀਆਂ ਨੂੰ ਯਾਦ ਕਰਦਿਆਂ ਉਸ ਨੂੰ ਇਰਾਦੇ ਦਾ ਪੱਕਾ ਸਾਥੀ ਕਰਾਰ ਦਿੱਤਾ।ਉਨ੍ਹਾਂ ਕਿਹਾ ਕਿ ਕਾਮਰੇਡ ਸੁਰਿੰਦਰ ਤਿਵਾੜੀ ਨੇ ਨਕਸਲਵਾੜੀ ਲਹਿਰ ਦੀ ਸਹੀ ਭਾਵਨਾ ਨੂੰ ਬੁੱਝਦਿਆਂ ਲਹਿਰ ਅੰਦਰ ਲੋਕਾਂ ਦੀ ਸ਼ਮੂਲੀਅਤ 'ਤੇ ਜ਼ੋਰ ਦਿੱਤਾ।ਉਨ੍ਹਾਂ ਕਿਹਾ ਕਿ ਸਾਥੀ ਤਿਵਾੜੀ ਲੋਕਾਂ ਦੀ ਲਹਿਰ 'ਤੇ ਆਪਣੀ ਛਾਪ ਛੱਡ ਕੇ ਗਏ ਹਨ।ਕਾਮਰੇਡ ਮੁਖਤਿਆਰ ਪੂਹਲਾ ਨੇ ਸਾਥੀ ਤਿਵਾੜੀ ਦੀ ਮਾਰਕਸਵਾਦ ਲੈਨਿਨਵਾਦ ਮਾਓ ਵਿਚਾਰਧਾਰਾ 'ਤੇ ਡੂੰਘੀ ਪਕੜ ਬਾਰੇ ਚਰਚਾ ਕੀਤੀ।ਸ਼ਰਧਾਂਜਲੀ ਸਮਾਗਮ ਕਮੇਟੀ ਦੇ ਕਨਵੀਨਰ ਜਸਪਾਲ ਜੱਸੀ ਨੇ ਕਾ. ਤਿਵਾੜੀ ਦੇ ਲੋਕ ਸੰਘਰਸ਼ਾਂ ਦੀ ਲਹਿਰ ਅੰਦਰ ਪਾਏ ਯੋਗਦਾਨ ਦੇ ਵੱਖ-ਵੱਖ ਪਹਿਲੂਆਂ ਬਾਰੇ ਚਰਚਾ ਕੀਤੀ।ਉਨ੍ਹਾਂ ਕਿਹਾ ਕਿ ਅੱਜ ਫੌਰੀ ਪ੍ਰਸੰਗ ਅੰਦਰ ਕਿਸਾਨ ਮਜ਼ਦੂਰ ਏਕਤਾ ਦਾ ਨਾਅਰਾ ਉੱਚਾ ਕਰਨਾ ਤੇ ਇਸ ਏਕਤਾ ਨੂੰ ਸਾਕਾਰ ਕਰਨ ਲਈ ਅਮਲੀ ਤੌਰ 'ਤੇ ਕੰਮ ਕਰਨਾ ਹੀ ਕਾਮਰੇਡ ਤਿਵਾੜੀ ਨੂੰ ਸੱਚੀ ਸ਼ਰਧਾਂਜਲੀ ਹੈ। ਇਸ ਮੌਕੇ ਮੁਕਤੀ ਸੰਗਰਾਮ ਮਜ਼ਦੂਰ ਮੰਚ ਵੱਲੋਂ ਕਾਮਰੇਡ ਨਮਿਤਾ ਨੇ ਸੁਰਿੰਦਰ ਤਿਵਾੜੀ ਵੱਲੋਂ ਇਨਕਲਾਬੀ ਜਨਤਕ ਲੀਹ ਦੀ ਸਥਾਪਤੀ ਲਈ ਘਾਲੀ ਘਾਲ਼ਣਾ ਨੂੰ ਉਚਿਆਇਆ। ਉਨ੍ਹਾਂ ਵੀ ਕਮਿਊਨਿਸਟ ਇਨਕਲਾਬੀਆਂ ਦੀ ਆਪਸੀ ਏਕਤਾ ਤੇ ਸਹਿਯੋਗ ਦੀ ਲੋੜ 'ਤੇ ਜ਼ੋਰ ਦਿੱਤਾ। ਮੁੰਬਈ ਤੋਂ ਆਏ ਹਰਸ਼ ਠਾਕੁਰ ਨੇ ਕਿਹਾ ਕਿ ਸੁਰਿੰਦਰ ਤਿਵਾੜੀ ਦਾ ਕੀਤਾ ਕੰਮ ਸਦਾ ਅਮਰ ਰਹੇਗਾ। ਕਮੇਟੀ ਮੈਂਬਰ ਹਰਜਿੰਦਰ ਸਿੰਘ ਨੇ ਮੰਚ ਸੰਚਾਲਨ ਕੀਤਾ। ਵਿੱਛੜੇ ਸਾਥੀ ਦੀ ਜਥੇਬੰਦੀ ਸੀ.ਪੀ.ਆਰ.ਸੀ.ਆਈ. (ਐੱਮ ਐੱਲ) ਵੱਲੋਂ ਲੋਕਾਂ ਨਾਲ ਸਾਂਝਾ ਕਰਦਾ ਤੇ ਸਮਾਗਮ ਜਥੇਬੰਦ ਕਰਨ ਵਾਲੀ ਕਮੇਟੀ ਦਾ ਧੰਨਵਾਦ ਕਰਦਾ ਸੰਦੇਸ਼ ਮੰਚ ਤੋਂ ਪੜ੍ਹਿਆ ਗਿਆ।ਲੋਕ ਸੰਗਰਾਮ ਮੋਰਚਾ ਦੇ ਸੂਬਾਈ ਪ੍ਰਧਾਨ ਤਾਰਾ ਸਿੰਘ ਵੱਲੋਂ ਵੀ ਸ਼ੋਕ ਸੰਦੇਸ਼ ਭੇਜਿਆ ਗਿਆ।



# ਪੰਜਾਬ ਲਾਇਬਰੇਰੀ ਐਕਟ ਲਾਗੂ ਕਰਕੇ ਯੋਗ ਸਟਾਫ ਭਰਤੀ ਕੀਤਾ ਜਾਵੇ : ਗਿੱਲ

**ਦੋਰਾਹਾ (ਹਰਮਿੰਦਰ ਸੇਠ)**- ਪੰਜਾਬ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੇ ਪਿੰਡ ਮਾਣਕੀ ਵਿਖੇ ਹੋਏ ਲੋਕ ਮਿਲਣੀ ਪ੍ਰੋਗਰਾਮ ਦੌਰਾਨ ਸਮਾਜ ਸੇਵੀ ਤੇ ਨੌਜਵਾਨ ਆਗੂ ਕੁਲਵੰਤ ਸਿੰਘ ਗਿੱਲ, ਡਾ. ਸੋਮਪਾਲ ਹੀਰਾ, ਡਾ. ਗੁਰਪ੍ਰੀਤ ਸਿੰਘ, ਪ੍ਰੋ. ਸੰਦੀਪ ਸਿੰਘ ਹੁੰਦਲ ਤੇ ਸ੍ਰ. ਰੂਪ ਸਿੰਘ ਸੰਧੂ ਦੇ ਇੱਕ ਵਫ਼ਦ ਵੱਲੋਂ ਇੱਕ ਰਸਮੀ ਮੰਗ ਪੱਤਰ ਸੌਂਪਿਆ ਗਿਆ।ਮੁੱਖ ਮੰਤਰੀ ਵੱਲੋਂ ਇਹ ਮੰਗ ਪੱਤਰ ਮੈਡਮ ਗੁਰਸ਼ਰਨ ਜੀਤ ਕੌਰ ਪੀ. ਸੀ.ਐੱਸ., ਐੱਸ. ਡੀ. ਐੱਮ. ਸਮਰਾਲਾ ਨੇ ਪ੍ਰਾਪਤ ਕੀਤਾ। ਵਫ਼ਦ ਵੱਲੋਂ ਪੰਜਾਬ ਲਾਇਬ੍ਰੇਰੀ ਐਕਟ ਨੂੰ ਲਾਗੂ ਕਰਨ, ਪੇਂਡੂ ਤੇ ਪਬਲਿਕ ਲਾਇਬ੍ਰੇਰੀਆਂ ਵਿੱਚ ਯੋਗ ਤੇ ਪ੍ਰਸ਼ਿਕਸ਼ਿਤ ਸਟਾਫ ਦੀ ਭਰਤੀ ਕਰਨ ਅਤੇ ਪੰਜਾਬ ਦੇ ਏਡਿਡ ਕਾਲਜਾਂ ਦੇ ਅਧਿਆਪਕਾਂ ਦੀਆਂ ਲੰਬੇ ਸਮੇਂ ਤੋਂ ਚੱਲ ਰਹੀਆਂ ਹੱਕੀ ਮੰਗਾਂ ਵੱਲ ਸਰਕਾਰ ਦਾ ਧਿਆਨ ਖਿੱਚਿਆ ਗਿਆ। ਲਾਇਬ੍ਰੇਰੀਅਨ ਕੁਲਵੰਤ ਸਿੰਘ ਗਿੱਲ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਵਿੱਚ ਪੜ੍ਹਨ-ਲਿਖਣ ਦੀ ਰੁਚੀ ਵਧਾਉਣ ਲਈ ਪੇਂਡੂ ਤੇ ਪਬਲਿਕ ਲਾਇਬ੍ਰੇਰੀਆਂ ਦੀ ਸਥਾਪਨਾ ਕੀਤੀ ਗਈ ਹੈ, ਪਰ ਬਹੁਤੀਆਂ ਲਾਇਬ੍ਰੇਰੀਆਂ ਵਿੱਚ ਪੱਕੇ ਤੇ ਯੋਗ ਕਰਮਚਾਰੀਆਂ ਦੀ ਘਾਟ ਕਾਰਨ ਪਾਠਕਾਂ ਤੇ ਨੌਜਵਾਨਾਂ ਨੂੰ ਪੂਰੀਆਂ ਸਹੂਲਤਾਂ ਨਹੀਂ ਮਿਲ ਰਹੀਆਂ।ਉਨ੍ਹਾਂ ਕਿਹਾ ਕਿ ਲਾਇਬ੍ਰੇਰੀਆਂ ਦੀ ਸੁਚੱਜੀ ਸੰਭਾਲ, ਕਿਤਾਬਾਂ ਦੀ ਰਿਕਾਰਡਿੰਗ, ਪਾਠਕਾਂ ਦੀ ਸਹਾਇਤਾ ਤੇ ਡਿਜੀਟਲ ਸੇਵਾਵਾਂ ਲਈ ਪ੍ਰਸ਼ਿਕਸ਼ਿਤ ਲਾਇਬ੍ਰੇਰੀ ਕਰਮਚਾਰੀ ਬਹੁਤ ਜ਼ਰੂਰੀ ਹਨ। ਉਨ੍ਹਾਂ ਮੰਗ ਕੀਤੀ ਕਿ ਪੰਜਾਬ ਦੀਆਂ ਸਾਰੀਆਂ ਪੇਂਡੂ ਤੇ ਪਬਲਿਕ ਲਾਇਬ੍ਰੇਰੀਆਂ ਵਿੱਚ ਯੋਗ ਲਾਇਬ੍ਰੇਰੀ ਕਰਮਚਾਰੀਆਂ ਦੀ ਤੁਰੰਤ ਭਰਤੀ ਕੀਤੀ ਜਾਵੇ ਅਤੇ ਹਰ ਲਾਇਬ੍ਰੇਰੀ ਵਿੱਚ ਘੱਟੋ-ਘੱਟ ਇੱਕ ਲਾਇਬ੍ਰੇਰੀਅਨ ਤੇ ਸਹਾਇਕ ਕਰਮਚਾਰੀ ਨਿਯੁਕਤ ਕੀਤਾ ਜਾਵੇ।ਇਸ ਤੋਂ ਇਲਾਵਾ ਲਾਇਬ੍ਰੇਰੀ ਸਾਇੰਸ ਵਿੱਚ ਯੋਗਤਾ ਰੱਖਣ ਵਾਲੇ ਨੌਜਵਾਨਾਂ ਨੂੰ ਰੋਜ਼ਗਾਰ ਦੇ ਵਧੇਰੇ ਮੌਕੇ ਪ੍ਰਦਾਨ ਕਰਨ ਦੀ ਵੀ ਮੰਗ ਕੀਤੀ ਗਈ।ਇਸ ਮੌਕੇ ਵਫ਼ਦ ਵੱਲੋਂ ਪੰਜਾਬ ਦੇ ਏਡਿਡ ਕਾਲਜਾਂ ਦੇ ਅਧਿਆਪਕਾਂ ਨਾਲ ਸੰਬੰਧਤ ਕਈ ਅਹਿਮ ਮੁੱਦੇ ਵੀ ਮੰਗ ਪੱਤਰ ਵਿੱਚ ਉਠਾਏ ਗਏ। ਵਫ਼ਦ ਨੇ ਆਸ ਪ੍ਰਗਟਾਈ ਕਿ ਪੰਜਾਬ ਸਰਕਾਰ ਅਧਿਆਪਕਾਂ ਤੇ ਲਾਇਬ੍ਰੇਰੀ ਕਰਮਚਾਰੀਆਂ ਨਾਲ ਜੁੜੇ ਇਹਨਾਂ ਲੰਬੇ ਸਮੇਂ ਤੋਂ ਚੱਲ ਰਹੇ ਮੁੱਦਿਆਂ ਦਾ ਜਲਦ ਹੱਲ ਕਰਕੇ ਨੌਜਵਾਨਾਂ ਦੇ ਭਵਿੱਖ, ਸਿੱਖਿਆ ਦੇ ਵਿਕਾਸ ਤੇ ਲਾਇਬ੍ਰੇਰੀ ਪ੍ਰਣਾਲੀ ਨੂੰ ਮਜ਼ਬੂਤ ਕਰਨ ਵੱਲ ਢੁੱਕਵੇਂ ਕਦਮ ਚੁੱਕੇਗੀ।



# ਦੇਵ ਮਾਨ ਨੇ 'ਆਪ' ਉਮੀਦਵਾਰਾਂ ਦੇ ਹੱਕ 'ਚ ਮੰਗੀਆਂ ਵੋਟਾਂ

**ਨਾਭਾ (ਵਰਿੰਦਰ ਵਰਮਾ)** ਨਗਰ ਕੌਂਸਲ ਦੀਆਂ ਚੋਣਾਂ ਲਈ ਹਰ ਪਾਰਟੀ ਵੱਲੋਂ ਪ੍ਰਚਾਰ ਕੀਤਾ ਜਾ ਰਿਹਾ ਹੈ, ਉੱਥੇ ਹਲਕਾ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਵੱਲੋਂ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਦੇ ਹੱਕ ਵਿੱਚ ਪ੍ਰਚਾਰ ਕਰਕੇ ਵੋਟਾਂ ਮੰਗੀਆਂ ਜਾ ਰਹੀਆਂ ਹਨ।ਦੇਵ ਮਾਨ ਨੇ ਚਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਕਰਵਾਏ ਗਏ ਵਿਕਾਸ ਕਾਰਜਾਂ ਦੇ ਮੁੱਦਿਆਂ ਨੂੰ ਲੈ ਕੇ ਵੋਟਾਂ ਮੰਗੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਅਧੀਨ 10 ਲੱਖ ਰੁਪਏ ਪਰਵਾਰ ਦੇ ਸਾਰੇ ਮੈਂਬਰਾਂ ਦਾ ਬੀਮਾ ਕਾਰਡ ਬਣਾ ਕੇ ਘਰ-ਘਰ ਦਿਤੇ ਗਏ ਹਨ। ਉਨ੍ਹਾਂ ਕਿਹਾ ਕਿ ਮਾਂਵਾਂ, ਧੀਆਂ, ਨੂੰਹਾਂ ਸਤਿਕਾਰ ਯੋਜਨਾ ਅਧੀਨ ਹਰ ਮਹਿਨੇ 1500/1000 ਰੁ: ਦੇਣ ਦਾ ਆਮ ਆਦਮੀ ਪਾਰਟੀ ਦੇਣ ਦਾ ਵਚਨਬੱਧ ਹੈ, ਜੋ 2026 ਮਹੀਨੇ ਤੋਂ ਚਾਲੂ ਹੈ।ਉਨ੍ਹਾਂ ਕਿਹਾ ਕਿ ਸਰਕਾਰ ਦੁਆਰਾ ਹਰ ਮਹੀਨੇ 300 ਯੂਨਿਟ ਬਿਜਲੀ ਹਰ ਘਰ ਵਿੱਚ ਮੁਫਤ ਦਿੱਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਬਜ਼ੁਰਗਾਂ ਲਈ ਫ੍ਰੀ ਜਾਰੀ ਹੈ।ਦੇਵ ਮਾਨ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੁਆਰਾ ਔਰਤਾਂ ਲਈ ਬਿਲਕੁਲ ਮੁਫਤ ਬੱਸ ਸਫਰ ਪੰਜਾਬ ਵਿੱਚ ਜਾਰੀ ਹੈ। ਉਨ੍ਹਾਂ ਕਿਹਾ ਕਿ ਕੋਈ ਵੀ ਮਾਨ ਸਰਕਾਰ ਦੁਆਰਾ ਜਦੋਂ ਕੋਈ ਵੀ ਸਰਕਾਰੀ ਸਹੂਲਤ ਆਉਂਦੀ ਹੈ ਤਾਂ ਸਭ ਤੋਂ ਪਹਿਲਾਂ ਹਲਕੇ ਵਿੱਚ ਵਿਚ ਲਿਆਉਣ ਦੇ ਪ੍ਰਬੰਧ ਕੀਤੇ ਜਾਣਗੇ।ਵਿਧਾਇਕ ਦੇਵ ਮਾਨ ਨੇ ਕਿਹਾ ਕਿ ਵਾਰਡ ਵਿੱਚ ਲੰਬੇ ਸਮੇਂ ਤੋਂ ਸੇਵਾ ਕਰਦੇ ਆ ਰਹੇ ਉਮੀਦਵਾਰ, ਇਮਾਨਦਾਰ, ਬੇਦਾਗ ਤੇ ਪੜ੍ਹੇ ਲਿਖੇ ਹਨ, ਜੋ 24 ਘੰਟੇ ਤੁਹਾਡੀ ਸੇਵਾ ਵਿੱਚ ਹਾਜ਼ਰ ਰਹਿੰਦੇ ਹਨ।




# ਫ਼ਤਿਹ ਸਕੂਲ ਦੇ ਵਿਦਿਆਰਥੀਆਂ ਦਾ ਬਾਰਵੀਂ ਦੀ ਪ੍ਰੀਖਿਆ 'ਚ ਸ਼ਾਨਦਾਰ ਪ੍ਰਦਰਸ਼ਨ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਜਮਾਤ ਬਾਰਵੀਂ ਦੇ ਨਤੀਜਿਆਂ ਵਿੱਚ ਫ਼ਤਿਹ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਨੇ ਆਰਟਸ, ਕਾਮਰਸ, ਸਾਇੰਸ ਤੇ ਨਾਨ-ਮੈਡੀਕਲ ਸਮੇਤ ਸਾਰੀਆਂ ਧਾਰਾਵਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਸੰਸਥਾ, ਮਾਪਿਆਂ ਤੇ ਸਮੂਹ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ।ਸਕੂਲ ਦਾ ਨਤੀਜਾ ਇਸ ਵਰ੍ਹੇ ਵੀ ਬੇਹੱਦ ਸਰਾਹੁਣਯੋਗ ਰਿਹਾ, ਜਿਸ ਨਾਲ ਫ਼ਤਿਹ ਗਰੁੱਪ ਨੇ ਗੁਣਵੱਤਾ-ਪੂਰਨ ਸਿੱਖਿਆ ਦੇ ਖੇਤਰ ਵਿੱਚ ਆਪਣੀ ਵਿਲੱਖਣ ਪਛਾਣ ਨੂੰ ਹੋਰ ਮਜ਼ਬੂਤ ਕੀਤਾ ਹੈ। ਆਰਟਸ ਸਟਰੀਮ ਵਿੱਚ ਜਸਪ੍ਰੀਤ ਕੌਰ ਨੇ 91 ਪ੍ਰਤੀਸ਼ਤ ਅੰਕਾਂ ਨਾਲ ਪਹਿਲਾ, ਅਰਸ਼ਪ੍ਰੀਤ ਕੌਰ ਨੇ 86 ਪ੍ਰਤੀਸ਼ਤ ਅੰਕਾਂ ਨਾਲ ਦੂਜਾ ਤੇ ਜਸਪ੍ਰੀਤ ਕੌਰ ਨੇ 84 ਪ੍ਰਤੀਸ਼ਤ ਅੰਕਾਂ ਨਾਲ ਤੀਜਾ ਸਥਾਨ ਪ੍ਰਾਪਤ ਕੀਤਾ।ਕਾਮਰਸ ਸਟਰੀਮ ਵਿੱਚ ਪਰਵੀਰ ਕੌਰ ਪੁੱਤਰੀ ਚਮਕੌਰ ਸਿੰਘ ਨੇ 86 ਪ੍ਰਤੀਸ਼ਤ ਅੰਕਾਂ ਨਾਲ ਪਹਿਲਾ, ਕੁਸ਼ਲ ਨੇ 85.20 ਪ੍ਰਤੀਸ਼ਤ ਅੰਕਾਂ ਨਾਲ ਦੂਜਾ ਤੇ ਖੁਸ਼ਪ੍ਰੀਤ ਕੌਰ ਨੇ 82.40 ਪ੍ਰਤੀਸ਼ਤ ਅੰਕਾਂ ਨਾਲ ਤੀਜਾ ਸਥਾਨ ਹਾਸਲ ਕੀਤਾ।ਸਾਇੰਸ ਸਟਰੀਮ ਵਿੱਚ ਜੈਸਮੀਨ ਕੌਰ ਨੇ 81.4 ਪ੍ਰਤੀਸ਼ਤ ਅੰਕਾਂ ਨਾਲ ਪਹਿਲਾ, ਨੋਬਲਜੋਤ ਕੌਰ ਨੇ 79.6 ਪ੍ਰਤੀਸ਼ਤ ਅੰਕਾਂ ਨਾਲ ਦੂਜਾ ਤੇ ਅਨਮੋਲਪ੍ਰੀਤ ਕੌਰ ਨੇ 78.4 ਪ੍ਰਤੀਸ਼ਤ ਅੰਕਾਂ ਨਾਲ ਤੀਜਾ ਸਥਾਨ ਪ੍ਰਾਪਤ ਕੀਤਾ। ਨਾਨ-ਮੈਡੀਕਲ ਸਟਰੀਮ ਵਿੱਚ ਲੱਖਦੀਪ ਸਿੰਘ ਨੇ ਪਹਿਲਾ, ਸੌਰਵਜੀਤ ਸਿੰਘ ਨੇ ਦੂਜਾ ਤੇ ਸਾਹਿਲਪ੍ਰੀਤ ਸਿੰਘ ਨੇ ਤੀਜਾ ਸਥਾਨ ਹਾਸਲ ਕਰਕੇ ਸਕੂਲ ਦਾ ਮਾਣ ਵਧਾਇਆ। ਸਕੂਲ ਦੇ ਚੇਅਰਮੈਨ ਐੱਸ. ਐੱਸ. ਚੱਠਾ ਤੇ ਪ੍ਰਬੰਧ ਨਿਰਦੇਸ਼ਕ ਮਨਜੀਤ ਕੌਰ ਚੱਠਾ ਨੇ ਕਿਹਾ ਕਿ ਫ਼ਤਿਹ ਗਰੁੱਪ ਦਾ ਉਦੇਸ਼ ਵਿਦਿਆਰਥੀਆਂ ਨੂੰ ਕੇਵਲ ਉੱਚ ਅੰਕ ਦਿਵਾਉਣਾ ਹੀ ਨਹੀਂ, ਸਗੋਂ ਉਨ੍ਹਾਂ ਵਿੱਚ ਆਤਮਵਿਸ਼ਵਾਸ, ਅਨੁਸ਼ਾਸਨ, ਉੱਚ ਜੀਵਨ ਮੁੱਲ ਤੇ ਵੱਡੇ ਸੁਪਨੇ ਸਾਕਾਰ ਕਰਨ ਦੀ ਸੋਚ ਪੈਦਾ ਕਰਨੀ ਹੈ।ਉਨ੍ਹਾਂ ਕਿਹਾ ਕਿ ਇਹ ਨਤੀਜੇ ਇਸ ਗੱਲ ਦਾ ਸਪੱਸ਼ਟ ਪ੍ਰਮਾਣ ਹਨ ਕਿ ਦ੍ਰਿੜ੍ਹ ਨਿਸ਼ਚਾ, ਲਗਾਤਾਰ ਮਿਹਨਤ ਤੇ ਯੋਗ ਮਾਰਗਦਰਸ਼ਨ ਨਾਲ ਹਰ ਵਿਦਿਆਰਥੀ ਸਫਲਤਾ ਦੀਆਂ ਨਵੀਆਂ ਉਚਾਈਆਂ ਨੂੰ ਛੂਹ ਸਕਦਾ ਹੈ।



# ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਬਲਾਕ ਫਰੀਦਕੋਟ ਦੀ ਮੀਟਿੰਗ ਹੋਈ

**ਫਰੀਦਕੋਟ, (ਗੁਰਪ੍ਰੀਤ ਸਿੰਘ ਬੇਦੀ)** ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੀ ਮਹੀਨਾਵਾਰ ਮੀਟਿੰਗ ਬਲਾਕ ਪ੍ਰਧਾਨ ਡਾ. ਅੰਮ੍ਰਿਤਪਾਲ ਸਿੰਘ ਟਹਿਣਾ ਦੀ ਪ੍ਰਧਾਨਗੀ ਹੇਠ ਰਾਧਾ ਕ੍ਰਿਸ਼ਨ ਧਾਮ ਵਿਖੇ ਹੋਈ।ਜ਼ਿਲ੍ਹਾ ਪ੍ਰਧਾਨ ਡਾ. ਰਛਪਾਲ ਸਿੰਘ ਸੰਧੂ, ਡਾਕਟਰ ਵਿਜੇ ਕੁਮਾਰ, ਡਾਕਟਰ ਪ੍ਰੇਮ ਸਿੰਘ ਢੁਡੀ ਜਿਲਾ ਕੈਸ਼ੀਅਰ ਵਿਸ਼ੇਸ਼ ਤੌਰ 'ਤੇ ਪਹੁੰਚੇ।ਮੀਟਿੰਗ ਦੌਰਾਨ ਅਮਨਦੀਪ ਹਸਪਤਾਲ ਫਿਰੋਜ਼ਪੁਰ ਤੋਂ ਪਹੁੰਚੇ ਸੀਨੀਅਰ ਡਾਕਟਰ ਵੱਲੋਂ ਅੱਖ ਨੱਕ ਗਲੇ ਦੇ ਮਾਹਿਰ ਡਾਕਟਰ ਵਿਘਨੇਸ਼ ਏ ਕੇ ਨੇ ਸਬੰਧਤ ਬਿਮਾਰੀਆਂ ਦੀ ਵਿਸਥਾਰ ਨਾਲ ਜਾਣਕਾਰੀ ਦਿੱਤੀ ਤੇ ਸਮੇਂ ਸਿਰ ਇਲਾਜ ਤੇ ਸਾਵਧਾਨੀਆਂ ਬਾਰੇ ਮੈਂਬਰਾਂ ਨੂੰ ਜਾਗਰੂਕ ਕੀਤਾ ਗਿਆ।ਇਸ ਤੋਂ ਇਲਾਵਾ ਗੈਸਟਰੋ ਦੇ ਮਾਹਿਰ ਡਾਕਟਰ ਨਦੀਨ ਅਹਿਮਦ ਨੇ ਪੇਟ ਰੋਗ, ਗੈਸ, ਤੇਜ਼ਾਬ ਨਾਲ ਸੰਬੰਧਤ ਬਿਮਾਰੀਆਂ ਬਾਰੇ ਮਹੱਤਵਪੂਰਨ ਜਾਣਕਾਰੀ ਸਾਂਝੀ ਕੀਤੀ। ਰਾਜਵੀਰ ਸਿੰਘ ਮਾਰਕੀਟਿੰਗ ਮੈਨੇਜਰ ਅਮਨਦੀਪ ਮਲਟੀਸਪੈਸ਼ਲਿਸਟੀ ਫਿਰੋਜ਼ਪੁਰ ਹਸਪਤਾਲ ਵਿੱਚ ਦਿੱਤੀਆਂ ਜਾ ਰਹੀਆਂ ਸੇਵਾਵਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।ਮੀਟਿੰਗ 'ਚ ਪਿਛਲੇ ਦਿਨੀਂ ਬਲਾਕ ਫਰੀਦਕੋਟ ਦੀ ਐਗਜ਼ੈਕਟਿਵ ਬਾਡੀ ਵੱਲੋਂ ਲਏ ਗਏ ਫ਼ੈਸਲਿਆਂ ਨੂੰ ਇਸ ਵਾਰ ਲਾਗੂ ਕਰਨ ਸਬੰਧੀ ਵੀ ਚਰਚਾ ਕੀਤੀ ਗਈ।ਆਗੂਆਂ ਨੇ ਕਿਹਾ ਕਿ ਐਸੋਸੀਏਸ਼ਨ ਦੇ ਮੈਂਬਰਾਂ ਦੀ ਭਲਾਈ ਅਤੇ ਸਿਹਤ ਸੇਵਾਵਾਂ ਨੂੰ ਹੋਰ ਬਿਹਤਰ ਬਣਾਉਣ ਲਈ ਲਗਾਤਾਰ ਉਪਰਾਲੇ ਜਾਰੀ ਰਹਿਣਗੇ।ਪ੍ਰੈਸ ਸਕੱਤਰ ਡਾਕਟਰ ਯਸ਼ਪਾਲ ਘੁਲਾਟੀ ਨੇ ਦੱਸਿਆ ਕਿ ਇਸ ਮੌਕੇ ਐਸੋਸੀਏਸ਼ਨ ਦੇ ਡਾਕਟਰ ਸੇਵਕ ਸਿੰਘ ਬਰਾੜ ਸੀਨੀਅਰ ਮੀਤ ਪ੍ਰਧਾਨ, ਡਾਕਟਰ ਗੁਰਮੀਤ ਸਿੰਘ ਢੁੱਡੀ ਬਲਾਕ ਕੈਸ਼ੀਅਰ, ਡਾਕਟਰ ਬਲਦੇਵ ਸਿੰਘ, ਡਾਕਟਰ ਨਰੇਸ਼ ਭਾਣਾ ਡਾਕਟਰ ਭੀਮ ਸੈਨ, ਡਾਕਟਰ ਐੱਚ ਐਸ ਵੋਹਰਾ ਡਾਕਟਰ ਗੁਰਵਿੰਦਰ ਸਿੰਘ ਡਾਕਟਰ ਸਿਕੰਦਰ ਸਿੰਘ ਪੱਕਾ, ਡਾਕਟਰ ਬੂਟਾ ਸਿੰਘ ਤੇ ਵੱਡੀ ਗਿਣਤੀ ਵਿੱਚ ਡਾਕਟਰ ਸਾਥੀ ਹਾਜ਼ਰ ਸਨ।



# ਵਿਸ਼ੇਸ਼ ਇੰਟੈਂਸਿਵ ਰਵੀਜ਼ਨ ਲਈ ਰਾਜਨੀਤਕ ਪਾਰਟੀਆਂ ਸਹਿਯੋਗ ਕਰਨ : ਰਾਹੁਲ ਕੁਮਾਰ

**ਫ਼ਰੀਦਕੋਟ, (ਐਲਿਗਜੈਂਡਰ ਡਿਸੂਜ਼ਾ)** ਭਾਰਤੀ ਚੋਣ ਕਮਿਸ਼ਨ ਨਵੀਂ ਦਿੱਲੀ ਵੱਲੋਂ ਪੰਜਾਬ ਰਾਜ 'ਚ ਸਪੈਸ਼ਲ ਇੰਟੈਂਸਿਵ ਰਵੀਜ਼ਨ ਦਾ ਸ਼ਡਿਊਲ ਜਾਰੀ ਕਰ ਦਿੱਤਾ ਗਿਆ ਹੈ।ਕਮਿਸ਼ਨ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਹਿੱਤ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫਸਰ ਫਰੀਦਕੋਟ ਸ੍ਰੀ ਰਾਹੁਲ ਕੁਮਾਰ ਚਾਬਾ (ਆਈ.ਏ.ਐੱਸ.) ਵੱਲੋਂ ਜ਼ਿਲ੍ਹੇ ਦੀਆਂ ਸਮੂਹ ਮਾਨਤਾ ਪ੍ਰਾਪਤ ਰਾਜਨੀਤਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਜ਼ਿਲ੍ਹਾ ਚੋਣ ਅਫ਼ਸਰ ਨੇ ਸਮੂਹ ਸਿਆਸੀ ਆਗੂਆਂ ਨੂੰ ਚੋਣ ਕਮਿਸ਼ਨ ਦੀ ਪ੍ਰਕਿਰਿਆ ਤੋਂ ਜਾਣੂ ਕਰਾਉਂਦਿਆਂ ਮਹੱਤਵਪੂਰਨ ਤਾਰੀਕਾਂ ਦਾ ਵੇਰਵਾ ਸਾਂਝਾ ਕੀਤਾ। 25 ਜੂਨ ਤੋਂ 24 ਜੁਲਾਈ ਬੀ.ਐੱਲ.ਓਜ਼ ਵੱਲੋਂ ਘਰ-ਘਰ ਜਾ ਕੇ ਗਣਨਾ ਫਾਰਮ ਭਰੇ ਜਾਣਗੇ।ਇਸੇ ਦੌਰਾਨ ਪੋਲਿੰਗ ਸਟੇਸ਼ਨਾਂ ਦੀ ਰੈਸ਼ਨੇਲਾਈਜ਼ੇਸ਼ਨ ਦੀ ਪ੍ਰਕਿਰਿਆ ਵੀ ਮੁਕੰਮਲ ਕੀਤੀ ਜਾਵੇਗੀ। 31 ਜੁਲਾਈ ਨੂੰ ਪ੍ਰਾਪਤ ਗਣਨਾ ਫਾਰਮਾਂ ਦੇ ਆਧਾਰ 'ਤੇ ਡਰਾਫਟ ਵੋਟਰ ਸੂਚੀ ਪਬਲਿਸ਼ ਕੀਤੀ ਜਾਵੇਗੀ। 31 ਅਗਸਤ ਨੂੰ ਡਰਾਫਟ ਸੂਚੀ ਸਬੰਧੀ ਦਾਅਵੇ ਅਤੇ ਇਤਰਾਜ਼ ਪ੍ਰਾਪਤ ਕੀਤੇ ਜਾਣਗੇ। 31 ਜੁਲਾਈ ਤੋਂ 28 ਸਤੰਬਰ ਨੂੰ ਪ੍ਰਾਪਤ ਹੋਏ ਦਾਅਵਿਆਂ ਅਤੇ ਇਤਰਾਜ਼ਾਂ ਦਾ ਨਿਪਟਾਰਾ ਕੀਤਾ ਜਾਵੇਗਾ। 1 ਅਕਤੂਬਰ ਨੂੰ ਸਾਰੇ ਸੋਧਾਂ, ਜੋੜਨ, ਮਿਟਾਉਣ ਤੇ ਰੈਸ਼ਨੇਲਾਈਜ਼ੇਸ਼ਨ ਦੇ ਆਧਾਰ 'ਤੇ ਅਪਡੇਟਿਡ ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾ ਕੀਤੀ ਜਾਵੇਗੀ। ਸ੍ਰੀ ਰਾਹੁਲ ਕੁਮਾਰ ਚਾਬਾ ਨੇ ਕਿਹਾ ਕਿ ਇਸ ਮਹੱਤਵਪੂਰਨ ਪ੍ਰਕਿਰਿਆ ਨੂੰ ਪੂਰੀ ਪਾਰਦਰਸ਼ਤਾ ਨਾਲ ਨੇਪਰੇ ਚਾੜ੍ਹਨ ਲਈ ਰਾਜਨੀਤਕ ਪਾਰਟੀਆਂ ਦੀ ਸ਼ਮੂਲੀਅਤ ਬਹੁਤ ਜ਼ਰੂਰੀ ਹੈ।ਉਨ੍ਹਾਂ ਸਾਰੀਆਂ ਪਾਰਟੀਆਂ ਨੂੰ ਆਪਣੇ ਬੂਥ ਲੈਵਲ ਏਜੰਟ ਨਿਯੁਕਤ ਕਰਨ ਤੇ ਬੀ.ਐਲ.ਓਜ਼ ਦਾ ਪੂਰਨ ਸਹਿਯੋਗ ਕਰਨ ਦੀ ਅਪੀਲ ਕੀਤੀ।ਉਨ੍ਹਾਂ ਸਪੱਸ਼ਟ ਕੀਤਾ ਕਿ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਕੋਈ ਵੀ ਯੋਗ ਨਾਗਰਿਕ ਵੋਟ ਬਣਾਉਣ ਤੋਂ ਵਾਂਝਾ ਨਹੀਂ ਰਹਿਣਾ ਚਾਹੀਦਾ ਤੇ ਕਿਸੇ ਵੀ ਅਯੋਗ ਵਿਅਕਤੀ ਦਾ ਨਾਂਅ ਵੋਟਰ ਸੂਚੀ ਵਿੱਚ ਦਰਜ ਨਹੀਂ ਹੋਣਾ ਚਾਹੀਦਾ। ਮੀਟਿੰਗ ਵਿੱਚ ਚੋਣ ਤਹਿਸੀਲਦਾਰ ਸ੍ਰੀਮਤੀ ਪੂਨਮ ਸਿੱਧੂ ਤੋਂ ਇਲਾਵਾ ਵੱਖ-ਵੱਖ ਸਿਆਸੀ ਪਾਰਟੀਆਂ ਦੇ ਪ੍ਰਮੁੱਖ ਨੁਮਾਇੰਦੇ ਸ਼ਾਮਲ ਹੋਏ, ਜਿਨ੍ਹਾਂ ਵਿੱਚ ਜਲੌਰ ਸਿੰਘ (ਆਮ ਆਦਮੀ ਪਾਰਟੀ), ਮਨਦੀਪ ਸਿੰਘ (ਸ਼੍ਰੋਮਣੀ ਅਕਾਲੀ ਦਲ), ਗੁਰਭਜਨ ਸਿੰਘ ਸੰਧੂ (ਇੰਡੀਅਨ ਨੈਸ਼ਨਲ ਕਾਂਗਰਸ), ਮਨਜੀਤ ਸਿੰਘ (ਬਹੁਜਨ ਸਮਾਜ ਪਾਰਟੀ), ਅਪਾਰ ਸਿੰਘ ਸੰਧੂ ਕਮਿਊਨਿਸਟ ਪਾਰਟੀ ਆਫ ਇੰਡੀਆ (ਐੱਮ) ਵਿਸ਼ੇਸ਼ ਤੌਰ 'ਤੇ ਮੌਜੂਦ ਸਨ।



## ...ਸ.ਫ਼ਾ 1 ਦੇ ਬਾਕੀ

### ਨਰੇਗਾ ਰੁਜ਼ਗਾਰ ਪ੍ਰਾਪਤੀ ਮਜ਼ਦੂਰ ...

ਮੁਕਤਸਰ ਨੇ ਯੂਨੀਅਨ ਆਗੂਆਂ ਨੂੰ ਮੀਟਿੰਗ ਲਈ ਦਫਤਰ ਵਿੱਚ ਬੁਲਾਇਆ, ਜਿਸ ਵਿੱਚ ਜ਼ਿਲ੍ਹਾ ਪ੍ਰਧਾਨ ਬੋਹੜ ਸਿੰਘ ਸੁਖਨਾ, ਜਿਸਵਿੰਦਰ ਸਿੰਘ ਸਾਹਿਬ ਚੰਦ ਅਤੇ ਜ਼ਿਲ੍ਹਾ ਸਕੱਤਰ ਸੀ ਪੀ ਆਈ ਹਰਲਾਭ ਸਿੰਘ ਦੂਹੇਵਾਲੇ ਨੇ ਉਹਨਾਂ ਨਾਲ ਮੀਟਿੰਗ ਕੀਤੀ। ਉਹਨਾਂ ਨੂੰ ਨਰੇਗਾ ਕਾਮਿਆਂ ਦੀਆਂ ਮੰਗਾਂ ਬਾਰੇ ਜਾਣੂ ਕਰਾਇਆ ਅਤੇ ਇਤਰਾਜ਼ ਜਤਾਇਆ ਕਿ ਮੀਟਿੰਗ ਦਾ ਸਮਾਂ ਦੇ ਕੇ ਮੀਟਿੰਗਾਂ ਨਹੀਂ ਕੀਤੀਆਂ ਜਾਂਦੀਆਂ।ਜਿਸ ਦੇ ਰੋਸ ਵਜੋਂ ਅਸੀਂ ਧਰਨੇ 'ਤੇ ਬੈਠੇ ਆਂ। ਡਿਪਟੀ ਕਮਿਸ਼ਨਰ ਮੁਕਤਸਰ ਨੇ ਯੂਨੀਅਨ ਆਗੂਆਂ ਨੂੰ ਯਕੀਨ ਦਿਵਾਇਆ ਕਿ ਤੁਹਾਡੀਆਂ ਸਭ ਜਾਇਜ਼ ਮੰਗਾਂ ਪ੍ਰਵਾਨ ਹਨ, ਪਰ ਮੈਨੂੰ ਚੋਣਾਂ ਕਾਰਨ ਕੁਝ ਦਿਨ ਚਾਹੀਦੇ ਹਨ, ਪਰ ਮੈਂ ਹੁਣੇ ਹੁਕਮ ਦਿੰਨਾ ਕਿ ਤੁਹਾਡੇ ਨਾਲ ਬੈਠ ਕੇ ਮਸਲੇ ਹੱਲ ਕੀਤੇ ਜਾਣ। ਉਹਨਾਂ ਨਰੇਗਾ ਨੋਡਲ ਅਫਸਰ ਨੂੰ ਹਦਾਇਤ ਵੀ ਕੀਤੀ ਕਿ ਇਹਨਾਂ ਨਾਲ ਹਰ 15 ਦਿਨਾਂ ਵਿੱਚ ਮੀਟਿੰਗ ਕਰੋ ਅਤੇ ਮਸਲੇ ਹੱਲ ਕਰੋ। ਉਹਨਾਂ ਯੂਨੀਅਨ ਆਗੂਆਂ ਨਾਲ ਤਿੰਨ ਜੂਨ ਨੂੰ ਮੀਟਿੰਗ ਦਾ ਸਮਾਂ ਤੈਅ ਕੀਤਾ ਜਿਸ ਵਿੱਚ ਸਾਰੇ ਮਸਲੇ ਵਿਚਾਰੇ ਤੇ ਨਜਿੱਠੇ ਜਾਣਗੇ। ਯੂਨੀਅਨ ਆਗੂਆਂ ਨੇ ਵੀ ਸਹਿਮਤੀ ਦਿੱਤੀ ਅਤੇ ਮੀਟਿੰਗ 3 ਜੂਨ ਨੂੰ ਲਾਜ਼ਮੀ ਹੋਵੇ ਅਤੇ ਪਹਿਲਾਂ ਦੀ ਤਰ੍ਹਾਂ ਪੋਸਟਪੋਨ ਨਾ ਕੀਤੀ ਜਾਵੇ। ਯੂਨੀਅਨ ਆਗੂਆਂ ਨੇ ਧਰਨਾਕਾਰੀਆਂ ਨੂੰ ਸੰਬੋਧਨ ਹੁੰਦਿਆਂ ਸਾਰੀ ਜਾਣਕਾਰੀ ਦਿੱਤੀ ਅਤੇ ਇਹ ਐਲਾਨ ਕੀਤਾ ਕਿ ਜੇ ਤਿੰਨ ਜੂਨ ਨੂੰ ਮੀਟਿੰਗ ਵਿੱਚ ਮਸਲੇ ਹੱਲ ਨਹੀਂ ਹੁੰਦੇ ਤਾਂ ਚਾਰ ਜੂਨ ਤੋਂ ਲੜੀਵਾਰ ਨਰੇਗਾ ਅਧਿਕਾਰੀਆਂ ਦੇ ਪੁਤਲੇ ਫੂਕੇ ਜਾਣਗੇ। ਇਸ ਧਰਨੇ ਨੂੰ ਹੋਰਨਾਂ ਤੋਂ ਇਲਾਵਾ ਬਿੰਦਰ ਸਿੰਘ ਖੂਨਣ ਕਲਾਂ, ਧਰਤੀ ਜੈਮਲ ਸਿੰਘ ਜਿਹੜੀ ਨੇ ਵੀ ਸੰਬੋਧਨ ਕੀਤਾ, ਸਰਜੀਤ ਸਿੰਘ ਛਤੇਆਣਾ ਨੇ ਸਾਰੇ ਧਰਨਾਕਾਰੀਆਂ ਦਾ ਧੰਨਵਾਦ ਕੀਤਾ ਅਤੇ ਫਿਲਹਾਲ ਲੜੀਵਾਰ ਧਰਨੇ ਨੂੰ 3 ਤਰੀਕ ਤੱਕ ਮੁਲਤਵੀ ਕਰ ਦਿੱਤਾ ਗਿਆ।

### ਚੀਫ ਜਸਟਿਸ ਦੀਆਂ ਨੌਜਵਾਨਾਂ ...

ਗੈਰ-ਮਾਨਵੀ ਅਤੇ ਪੂਰੀ ਤਰ੍ਹਾਂ ਅਸਵੀਕਾਰਯੋਗ ਹੈ।ਇਹ ਪਹਿਲਾ ਮੌਕਾ ਨਹੀਂ, ਜਦੋਂ ਜਸਟਿਸ ਸੂਰਿਆ ਕਾਂਤ ਦੀਆਂ ਟਿੱਪਣੀਆਂ ਵਿੱਚ ਮਿਹਨਤਕਸ਼ ਲੋਕਾਂ ਅਤੇ ਟ੍ਰੇਡ ਯੂਨੀਅਨਾਂ ਪ੍ਰਤੀ ਪੱਖਪਾਤ ਦਿਖਾਈ ਦਿੱਤਾ ਹੋਵੇ। ਇਸ ਤੋਂ ਪਹਿਲਾਂ ਵੀ ਉਹ ਉਦਯੋਗਿਕ ਵਿਕਾਸ ਦੀ ਮੰਦੀ ਗਤੀ ਲਈ ਟ੍ਰੇਡ ਯੂਨੀਅਨਵਾਦ ਨੂੰ ਜ਼ਿੰਮੇਵਾਰ ਠਹਿਰਾਉਂਦੀਆਂ ਗੈਰ-ਜ਼ਿੰਮੇਵਾਰ ਟਿੱਪਣੀਆਂ ਕਰ ਚੁੱਕੇ ਹਨ। ਉਨ੍ਹਾਂ ਟਿੱਪਣੀਆਂ ਦਾ ਵਿਆਪਕ ਵਿਰੋਧ ਹੋਇਆ ਸੀ। ਉਹੀ ਚਿੰਤਾਜਨਕ ਵੈਰ-ਭਾਵਨਾ ਇੱਕ ਵਾਰ ਫਿਰ ਸਾਹਮਣੇ ਆਈ ਹੈ। ਇਹ ਕਤਈ ਕਬੂਲਯੋਗ ਨਹੀਂ।ਏਟਕ ਭਾਰਤ ਦੇ ਚੀਫ ਜਸਟਿਸ ਅਤੇ ਸਾਰੇ ਸੰਵਿਧਾਨਕ ਅਧਿਕਾਰੀਆਂ ਨੂੰ ਅਪੀਲ ਕਰਦੀ ਹੈ ਕਿ ਉਹ ਸੰਜਮ ਵਰਤਣ ਅਤੇ ਅਜਿਹੀ ਭਾਸ਼ਾ ਦੀ ਵਰਤੋਂ ਕਰਨ, ਜੋ ਲੋਕਤੰਤਰਿਕ ਦਾਇਰੇ ਅੰਦਰ ਲੋਕਾਂ ਦੇ ਸੰਘਰਸ਼ਾਂ ਪ੍ਰਤੀ ਹਮਦਰਦੀ, ਸੰਵਿਧਾਨਕ ਨੈਤਿਕਤਾ ਅਤੇ ਸਤਿਕਾਰ ਨੂੰ ਦਰਸਾਉਂਦੀ ਹੋਵੇ।

# ਹਰਿਆਣਾ ਕੈਬਨਿਟ ਨੇ ਅਭਿਲੇਖਾਗਾਰ ਵਿਭਾਗ ਸੇਵਾ ਨਿਯਮਾਂ ਵਿੱਚ ਸੋਧ ਨੂੰ ਦਿੱਤੀ ਮਨਜ਼ੂਰੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)**-ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਚੰਡੀਗੜ੍ਹ ਵਿੱਚ ਆਯੋਜਿਤ ਹਰਿਆਣਾ ਕੈਬਨਿਟ ਦੀ ਮੀਟਿੰਗ ਵਿੱਚ ਹਰਿਆਣਾ ਅਭਿਲੇਖਾਗਾਰ ਵਿਭਾਗ (ਗਰੁੱਪ-ਬੀ) ਸੇਵਾ ਨਿਯਮ, 1992 ਵਿੱਚ ਸੋਧ ਨੂੰ ਮਨਜ਼ੂਰੀ ਪ੍ਰਦਾਨ ਕੀਤੀ ਗਈ।ਸੋਧੇ ਹੋਏ ਨਿਯਮਾਂ ਦੇ ਤਹਿਤ ਡਿਪਲੋਮਾ ਇਨ ਆਰਕਾਈਵਜ਼ ਕੀਪਿੰਗ ਦੀ ਯੋਗਤਾ ਦੇ ਸਥਾਨ 'ਤੇ ਡਿਪਲੋਮਾ ਇਨ ਆਰਕਾਈਵਜ਼ ਕੀਪਿੰਗ ਅਥਵਾ ਡਿਪਲੋਮਾ ਇਨ ਆਰਕਾਈਵਲ ਸਟਡੀਜ਼ ਅਥਵਾ ਡਿਪਲੋਮਾ ਇਨ ਆਰਕਾਈਵਜ਼ ਐਂਡ ਰਿਕਾਰਡ ਮੈਨੇਜਮੈਂਟ ਅਥਵਾ ਉਸ ਦੇ ਬਰਾਬਰ (ਸਮਕੱਖ) ਮਾਨਤਾ ਪ੍ਰਾਪਤ ਡਿਪਲੋਮਾ ਨੂੰ ਸ਼ਾਮਲ ਕੀਤਾ ਗਿਆ ਹੈ।ਇਸ ਤੋਂ ਇਲਾਵਾ, ਉਮੀਦਵਾਰਾਂ ਲਈ ਮੈਟ੍ਰਿਕ ਪੱਧਰ ਤੱਕ ਹਿੰਦੀ ਜਾਂ ਸੰਸਕ੍ਰਿਤ ਦਾ ਗਿਆਨ ਹੋਣਾ ਅਥਵਾ ਉੱਚ ਸਿੱਖਿਆ ਵਿੱਚ ਹਿੰਦੀ ਵਿਸ਼ੇ ਦਾ ਅਧਿਐਨ ਕੀਤਾ ਹੋਣਾ ਲਾਜ਼ਮੀ ਹੋਵੇਗਾ।

# ਗੁਰਦਾਸ ਰਾਮ ਆਲਮ ਸਾਹਿਤ ਸਭਾ ਕੈਨੇਡਾ ਵੱਲੋਂ ਛਿਮਾਹੀ ਸਾਹਿਤਕ ਸੰਮੇਲਨ

**ਮੋਗਾ, (ਇਕਬਾਲ ਸਿੰਘ ਖਹਿਰਾ)**

ਲੋਕ ਕਵੀ ਗੁਰਦਾਸ ਰਾਮ ਆਲਮ ਸਾਹਿਤ ਸਭਾ ਕੈਨੇਡਾ ਵੱਲੋਂ ਸਧਾਰਨ ਲੋਕਾਂ ਦਾ ਮਹਾਨ ਕਵੀ ਗੁਰਦਾਸ ਰਾਮ ਆਲਮ ਦੀ ਨਿੱਘੀ ਯਾਦ ਵਿੱਚ ਬਾਰਵਾਂ ਛਿਮਾਹੀ ਸਾਹਿਤਕ ਸੰਮੇਲਨ 10350 ਸਿਟੀ ਸੈਂਟਰ ਲਾਇਬ੍ਰੇਰੀ ਸਰੀ ਵਿੱਚ ਕਰਵਾਇਆ ਗਿਆ। ਸਮਾਗਮ ਦੇ ਪਹਿਲੇ ਭਾਗ ਵਿੱਚ ਮਨਜੀਤ ਮੱਲ੍ਹਾ, ਬਲਰਾਜ ਬਾਸੀ, ਗੁਰਮੀਤ ਸਿੰਘ ਕਾਲਕਟ ਤੇ ਸਿਮਰਨ ਕ੍ਰਾਂਤੀ ਆਦਿ ਕਵੀਆਂ ਨੇ ਆਲਮ ਦੀਆਂ ਕਵਿਤਾਵਾਂ ਤਰੰਨਮ ਵਿੱਚ ਸੁਣਾਈਆਂ।ਸੰਮੇਲਨ ਦੇ ਦੂਜੇ ਭਾਗ ਵਿੱਚ 'ਕਿਰਤ ਦੀ ਕਦਰ' ਵਿਸ਼ੇ ਉੱਪਰ ਵਿਚਾਰ ਚਰਚਾ ਹੋਈ।ਪ੍ਰਿੰ. ਮਲੂਕ ਚੰਦ ਨੇ ਕਿਰਤ ਦੀ ਕਦਰ ਉੱਪਰ ਪਰਚਾ ਪੜ੍ਹਿਆ।ਡਾ. ਗੁਰਵਿੰਦਰ ਸਿੰਘ ਪ੍ਰਧਾਨ ਪੰਜਾਬੀ ਪ੍ਰੈੱਸ ਕਲੱਬ ਬੀ ਸੀ, ਰਾਜਿੰਦਰ ਸਿੰਘ ਪੰਧੇਰ, ਕੁਲਵੰਤ ਸਿੰਘ ਧਾਲੀਵਾਲ, ਰਮਨੀ ਕਲੇਰ, ਪ੍ਰੋ. ਦਵਿੰਦਰ ਸਿੰਘ ਸੁੰਨੜ ਕੈ: ਜੀਤ ਮਹਿਰਾ, ਕੁਲਵਿੰਦਰ ਸਿੰਘ ਕੁਲਾਰ ਤੇ ਮਨਮੋਹਨ ਸਿੰਘ ਸਮਰਾ ਆਦਿ ਚਿੰਤਕਾਂ ਦਾ ਵਿਚਾਰ ਚਰਚਾ ਵਿੱਚ ਖ਼ੂਬਸੂਰਤ ਯੋਗਦਾਨ ਰਿਹਾ।ਇਸ ਸਾਹਿਤਕ ਸਮਾਗਮ ਵਿੱਚ ਰੂਪਲਾਲ ਗੱਗੂ, ਰਾਜ ਪੰਧੇਰ, ਅਮਿਤੋਜ ਧਾਲੀਵਾਲ, ਮਨਦੀਪ ਕਲੇਰ, ਹਰਜੀਤ ਕੌਰ ਕਲੇਰ, ਲੈਕ. ਹਰਵਿੰਦਰ ਕੌਰ ਧਾਲੀਵਾਲ, ਜੈਸਿਕਾ, ਯੁਵਰਾਜ, ਭਜਨ ਸਿੰਘ, ਝਲਮਣ ਸਿੰਘ ਸੰਧੀ, ਅਵਤਾਰ ਸਿੰਘ ਢਿੱਲੋਂ, ਨਰਿੰਦਰ ਬਾਹੀਆ, ਸਰਬਜੀਤ ਸਿੰਘ ਬਾਸੀ, ਜਸਵੀਰ ਸਿੰਘ ਭਲੂਰੀਆ, ਅਮਨਦੀਪ ਸਿੰਘ, ਤੇਜਬੀਰ ਚੌਹਾਨ, ਦਲਜੀਤ ਸਿੰਘ ਤੇ ਚੌਧਰੀ ਸੁਸ਼ੀਲ ਆਦਿ ਸਾਹਿਤ ਪ੍ਰੇਮੀ ਸ਼ਾਮਲ ਹੋਏ।ਇਸ ਸੰਮੇਲਨ ਦੀ ਵੀਡੀਓਗ੍ਰਾਫੀ ਨਰਿੰਜਨ ਸਿੰਘ ਲਹਿਲ ਲਿਸ਼ਕਾਰਾ ਟੀ ਵੀ ਤੇ ਤੇਜਬੀਰ ਸਿੰਘ ਟਾਕਸ ਨੇ ਕੀਤੀ।ਮੰਚ ਦਾ ਸੰਚਾਲਨ ਪ੍ਰਿੰ. ਮਲੂਕ ਚੰਦ ਸੰਸਥਾਪਕ : ਲੋਕ ਕਵੀ ਗੁਰਦਾਸ ਰਾਮ ਆਲਮ ਸਾਹਿਤ ਸਭਾ ਕੈਨੇਡਾ ਨੇ ਕੀਤਾ।ਆਏ ਸੱਜਣਾਂ ਦੀ ਮਹਿਮਾਨ ਨਿਵਾਜੀ ਚਾਹ-ਪਾਣੀ ਸਮੇਤ ਖ਼ੂਬਸੂਰਤ ਅੰਦਾਜ਼ ਵਿੱਚ ਕੀਤੀ ਗਈ।



ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਉਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਗੈਸ ਸਿਲੰਡਰਾਂ ਵਾਲੇ ਟਰੱਕ ਨੇ ਸਕੂਲ ਜਾਂਦਾ ਬੱਚਾ ਕੁਚਲਿਆ, ਮੌਕੇ 'ਤੇ ਮੌਤ



**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**
ਥਾਣਾ ਗੋਇੰਦਵਾਲ ਸਾਹਿਬ ਦੇ ਅਧੀਨ ਆਉਂਦੇ ਕਸਬਾ ਫਤਿਹਾਬਾਦ ਵਿਖੇ ਸਕੂਲ ਜਾਂਦੇ 13 ਸਾਲ ਦੇ ਬੱਚੇ ਨੂੰ ਗੈਸ ਸਿਲੰਡਰਾਂ ਨਾਲ ਭਰੇ ਟਰੱਕ ਵੱਲੋਂ ਕੁਚਲੇ ਜਾਣ ਦਾ ਦੁੱਖਦਾਈ ਸਮਾਚਾਰ ਪ੍ਰਾਪਤ ਹੋਇਆ ਹੈ।ਇਕੱਤਰ ਕੀਤੀ ਜਾਣਕਾਰੀ ਅਨੁਸਾਰ ਵਿਦਿਆਰਥੀ ਧੀਰਜ ਤੇਜਪਾਲ ਪੁੱਤਰ ਨਰਿੰਦਰ ਤੇਜਪਾਲ ਜੋ ਕਿ ਕਸਬਾ ਫਤਿਹਾਬਾਦ ਦਾ ਵਾਸੀ ਸੀ ਤੇ ਹਰ ਰੋਜ਼ ਦੀ ਤਰ੍ਹਾਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਫਤਿਹਾਬਾਦ ਵਿਖੇ ਪੜ੍ਹਨ ਲਈ ਜਾ ਰਿਹਾ ਸੀ, ਸਕੂਲ ਦੇ ਬਿਲਕੁਲ ਨਜ਼ਦੀਕ ਤੇਜ਼ ਰਫ਼ਤਾਰ ਗੈਸ ਸਿਲੰਡਰਾਂ ਦੇ ਭਰੇ ਟਰੱਕ ਜਿਸ ਦਾ ਨੰਬਰ ਪੀ ਬੀ 08 ਈ ਕਿਊ 1594 ਵੱਲੋਂ ਸਾਈਕਲ ਤੇ ਜਾ ਰਹੇ ਧੀਰਜ ਤੇਜਪਾਲ ਨੂੰ ਬੁਰੀ ਤਰ੍ਹਾਂ ਕੁਚਲ ਦਿੱਤਾ ਗਿਆ ਜਿਸ ਦੀ ਮੌਕੇ 'ਤੇ ਹੀ ਮੌਤ ਹੋ ਗਈ।ਧੀਰਜ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਫਤਿਹਾਬਾਦ ਦਾ 8ਵੀਂ ਜਮਾਤ ਦਾ ਵਿਦਿਆਰਥੀ ਸੀ।ਬੱਚੇ ਦੀ ਮੌਤ ਤੋਂ ਬਾਅਦ ਉਸ ਦੇ ਮਾਪਿਆਂ ਤੇ ਕਸਬਾ ਫਤਿਹਾਬਾਦ ਦੇ ਵਾਸੀਆਂ ਵੱਲੋਂ ਸੜਕ ਤੇ ਲਾਸ਼ ਰੱਖ ਧਰਨਾ ਦਿੱਤਾ ਗਿਆ।ਜ਼ਿਕਰਯੋਗ ਹੈ ਕਿ ਇਹ ਘਟਨਾ ਦੇ ਢਾਈ ਘੰਟੇ ਬੀਤ ਜਾਣ ਦੇ ਬਾਅਦ ਡੀਐੱਸਪੀ ਗੋਇੰਦਵਾਲ ਸਾਹਿਬ ਘਟਨਾ ਵਾਲੀ ਜਗ੍ਹਾ 'ਤੇ ਪਹੁੰਚੇ। ਦੱਸਣਾ ਬਣਦਾ ਹੈ ਕਿ ਹੈਵੀ ਵਹੀਕਲਾਂ ਦੇ ਕਸਬਾ ਫਤਿਹਾਬਾਦ ਵਿਚ ਦੀ ਤੇਜ਼ ਰਫ਼ਤਾਰ ਹੋ ਕੇ ਲੰਘਣ ਕਰਕੇ ਕਈ ਬੱਚਿਆਂ ਦੀ ਇਸੇ ਤਰਾਂ ਮੌਤ ਹੋ ਚੁੱਕੀ ਹੈ।ਇਸ ਸਬੰਧੀ ਸਬ ਡਵੀਜ਼ਨ ਗੋਇੰਦਵਾਲ ਸਾਹਿਬ ਦੇ ਡੀਐੱਸਪੀ ਹਰਿੰਦਰ ਸਿੰਘ ਨੂੰ ਪੱਤਰਕਾਰਾਂ ਵੱਲੋਂ ਜਦੋਂ ਸਵਾਲ ਕੀਤਾ ਗਿਆ ਤਾਂ ਉਨ੍ਹਾਂ ਹੈਵੀ ਵਹੀਕਲ ਨੂੰ ਕਸਬੇ 'ਚ ਆਉਣ ਤੋਂ ਰੋਕਣ 'ਤੇ ਹੈਵੀ ਗੱਡੀਆਂ ਦਾ ਰੂਟ ਬਦਲਣ ਦਾ ਭਰੋਸਾ ਦਿੱਤਾ।ਜ਼ਿਕਰਯੋਗ ਹੈ ਕਿ ਇਸ ਦੁੱਖਦਾਈ ਘਟਨਾ ਦੇ ਢਾਈ ਘੰਟੇ ਬੀਤਣ ਤੋਂ ਬਾਅਦ ਵੀ ਕਸਬਾ ਫਤਿਹਾਬਾਦ ਦਾ ਚੌਕੀ ਇੰਚਾਰਜ ਘਟਨਾ ਸਥਾਨ 'ਤੇ ਨਹੀਂ ਪਹੁੰਚੇ ਜਦੋਂਕਿ ਥਾਣਾ ਗੋਇੰਦਵਾਲ ਸਾਹਿਬ ਦੇ ਐੱਸਐੱਚਓ ਮੈਡਮ ਬਲਜੀਤ ਕੌਰ ਵੀ ਡੀਐੱਸਪੀ ਗੋਇੰਦਵਾਲ ਸਾਹਿਬ ਤੋਂ ਬਾਅਦ ਵਿਚ ਹੀ ਘਟਨਾ ਸਥਾਨ ਪਹੁੰਚੇ ਜਿਸ 'ਤੇ ਲੋਕਾਂ ਨੇ ਨਾਰਾਜ਼ਗੀ ਪ੍ਰਗਟ ਕੀਤੀ।ਬਾਅਦ ਵਿਚ ਪਿੰਡ ਵਾਸੀਆਂ ਨੇ ਪਰਿਵਾਰਕ ਮੈਂਬਰਾਂ ਨਾਲ ਵਿਦਿਆਰਥੀ ਦੀ ਮ੍ਰਿਤਕ ਦੇਹ ਸਮੇਤ ਗੋਇੰਦਵਾਲ ਸਾਹਿਬ ਵਿਖੇ ਇੰਡੀਅਨ ਆਇਲ ਦੇ ਡਿਪੂ ਸਾਹਮਣੇ ਧਰਨਾ ਲਾਇਆ ਜੋ ਕਿ ਖ਼ਬਰ ਲਿਖੇ ਜਾਣ ਤੱਕ ਜਾਰੀ ਸੀ।

# ਰਿਜਨਲ ਟਰਾਂਸਪੋਰਟ ਅਫ਼ਸਰ ਨੇ ਟ੍ਰੈਫਿਕ ਨਿਯਮਾਂ ਦੀ ਪਾਲਣ ਕਰਨ ਦੀ ਕੀਤੀ ਅਪੀਲ

**ਬਲਾਚੌਰ (ਜਸਵਿੰਦਰ ਬੈਂਸ)**-ਰਿਜਨਲ ਟਰਾਂਸਪੋਰਟ ਅਫ਼ਸਰ ਕਮ ਮੈਂਬਰ ਸਕੱਤਰ ਜ਼ਿਲ੍ਹਾ ਰੋਡ ਸੇਫਟੀ ਕਮੇਟੀ ਇੰਦਰਪਾਲ ਨੇ ਸਮੂਹ ਆਟੋ ਰਿਕਸ਼ਾ ਚਾਲਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਆਟੋ-ਰਿਕਸ਼ਾ ਨੂੰ ਟ੍ਰੈਫਿਕ ਨਿਯਮਾਂ, ਪਰਮਿਟ ਦੀਆਂ ਸ਼ਰਤਾਂ ਅਤੇ ਮਰਿਆਦਾਵਾਂ ਅਨੁਸਾਰ ਹੀ ਚਲਾਉਣ। ਯਾਤਰੀਆਂ ਦੀ ਸੁਰੱਖਿਆ, ਟ੍ਰੈਫਿਕ ਨਿਯਮਾਂ ਦੀ ਪਾਲਣਾ ਅਤੇ ਕਾਨੂੰਨੀ ਪ੍ਰਬੰਧ ਬਣਾਏ ਰੱਖਣ ਲਈ ਨਿਰਧਾਰਿਤ ਰੂਟ ਅਤੇ ਹੋਰ ਨਿਯਮਾਂ ਦਾ ਪੂਰੀ ਤਰ੍ਹਾਂ ਧਿਆਨ ਰੱਖਿਆ ਜਾਵੇ। ਸੜਕ ਸੁਰੱਖਿਆ ਨੂੰ ਧਿਆਨ ਵਿੱਚ ਰੱਖਦਿਆਂ ਬਿਨ੍ਹਾਂ ਦਸਤਾਵੇਜ਼ ਦੇ ਵਾਹਨ ਚਲਾਉਣ ਤੋਂ ਪਰਹੇਜ਼ ਕੀਤਾ ਜਾਵੇ।ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖਿਲਾਫ਼ ਮੋਟਰ ਵਹੀਕਲ ਐਕਟ 1988 ਤਹਿਤ ਕਾਨੂੰਨੀ ਕਾਰਵਾਈ ਕੀਤੀ ਜਾ ਸਕਦੀ ਹੈ। ਇਸ ਲਈ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਸਮੂਹ ਆਟੋ ਰਿਕਸ਼ਾ ਚਾਲਕ ਸਹਿਯੋਗ ਦੇਣ ਤੇ ਜ਼ਿੰਮੇਵਾਰ ਨਾਗਰਿਕ ਹੋਣ ਦਾ ਫਰਜ਼ ਨਿਭਾਉਣ।



# ਨਗਰ ਨਿਗਮ ਤੇ ਨਗਰ ਕੌਂਸਲ ਦੀਆਂ ਚੋਣ ਤਿਆਰੀਆਂ ਦਾ ਚੋਣ ਆਬਜ਼ਰਵਰ ਨੇ ਲਿਆ ਜਾਇਜ਼ਾ

**ਧਾਰੀਵਾਲ (ਮਨਦੀਪ ਵਿੱਕੀ)**
ਚੋਣ ਆਬਜ਼ਰਵਰ ਰਾਕੇਸ਼ ਕੁਮਾਰ ਪੋਪਲੀ ਨੇ ਗੁਰਦਾਸਪੁਰ ਜ਼ਿਲ੍ਹੇ ਵਿੱਚ 26 ਮਈ 2026 ਨੂੰ ਹੋਣ ਵਾਲੀਆਂ ਨਗਰ ਨਿਗਮ ਅਤੇ ਨਗਰ ਕੌਂਸਲ ਚੋਣਾਂ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ।ਡਿਪਟੀ ਕਮਿਸ਼ਨਰ ਆਦਿਤਿਆ ਉਪਲ ਦੇ ਨਾਲ ਮੀਟਿੰਗ ਦੌਰਾਨ ਚੋਣ ਆਬਜ਼ਰਵਰ ਰਾਕੇਸ਼ ਕੁਮਾਰ ਪੋਪਲੀ ਵਲੋਂ ਰਿਟਰਨਿੰਗ ਅਫਸਰਾਂ ਅਤੇ ਪੁਲਸ ਨਾਲ ਗੱਲਬਾਤ ਕਰਦਿਆਂ ਸਾਰੇ ਅਧਿਕਾਰੀਆਂ ਨੂੰ ਕਿਹਾ ਕਿ ਉਹ ਆਪਣੇ ਚੋਣ ਫਰਜ਼ ਪੂਰੀ ਲਗਨ, ਮਿਹਨਤ ਅਤੇ ਇਮਾਨਦਾਰੀ ਨਾਲ ਨਿਭਾਉਣ।ਉਨ੍ਹਾਂ ਕਿਹਾ ਕਿ ਚੋਣ ਪ੍ਰਕਿਰਿਆ ਨੂੰ ਰਾਜ ਚੋਣ ਕਮਿਸ਼ਨ ਦੁਆਰਾ ਜਾਰੀ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਖ਼ਤੀ ਨਾਲ ਕਰਨ ਨੂੰ ਯਕੀਨੀ ਬਣਾਇਆ ਜਾਵੇ।ਉਨ੍ਹਾਂ ਕਿਹਾ ਕਿ ਚੋਣਾਂ ਦੌਰਾਨ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਚੋਣ ਆਬਜ਼ਰਵਰ ਰਾਕੇਸ਼ ਕੁਮਾਰ ਪੋਪਲੀ ਨੇ ਪੁਲਸ ਵਿਭਾਗ ਦੁਆਰਾ ਕੀਤੇ ਗਏ ਸੁਰੱਖਿਆ ਪ੍ਰਬੰਧਾਂ ਦਾ ਵੀ ਜਾਇਜ਼ਾ ਲਿਆ ਅਤੇ ਚੋਣਾਂ ਨਿਰਪੱਖ ਅਤੇ ਸ਼ਾਂਤੀ ਪੂਰਵਕ ਢੰਗ ਨਾਲ ਨੇਪਰੇ ਚਾੜ੍ਹਨ ਲਈ ਕਿਹਾ।ਉਨ੍ਹਾਂ ਪੋਲਿੰਗ ਸਟੇਸ਼ਨਾਂ ਤੇ ਸੁਰੱਖਿਆ ਪ੍ਰਬੰਧਾਂ ਦਾ ਵੀ ਜਾਇਜ਼ਾ ਲਿਆ ਅਤੇ ਪੁਲਸ ਅਧਿਕਾਰੀਆਂ ਨੂੰ ਚੋਣਾਂ ਦੇ ਸ਼ਾਂਤੀਪੂਰਨ ਸੰਚਾਲਨ ਨੂੰ ਯਕੀਨੀ ਬਣਾਉਣ ਲਈ ਕਾਨੂੰਨ ਵਿਵਸਥਾ ਦੀ ਸਥਿਤੀ 'ਤੇ ਨੇੜਿਓਂ ਨਜ਼ਰ ਰੱਖਣ ਦੇ ਨਿਰਦੇਸ਼ ਦਿੱਤੇ।ਚੋਣ ਆਬਜ਼ਰਵਰ ਵਲੋਂ ਵੋਟਾਂ ਵਾਲੇ ਦਿਨ ਵੋਟਰਾਂ ਲਈ ਕੀਤੇ ਗਏ ਪ੍ਰਬੰਧਾਂ ਦਾ ਵੀ ਜਾਇਜ਼ਾ ਲਿਆ।ਇਸ ਗੱਲ ਤੇ ਜ਼ੋਰ ਦਿੱਤਾ ਕਿ ਵੋਟਰ ਬਿਨਾਂ ਕਿਸੇ ਅਸੁਵਿਧਾ ਦੇ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰ ਸਕਣ ਲਈ ਲੋੜੀਂਦੀਆਂ ਸਹੂਲਤਾਂ ਯਕੀਨੀ ਬਣਾਈਆਂ ਜਾਣ।ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਆਦਿਤਿਆ ਉਪਲ ਨੇ ਦੱਸਿਆ ਕਿ ਨਗਰ ਨਿਗਮ ਬਟਾਲਾ ਦੇ 50 ਵਾਰਡਾਂ, ਨਗਰ ਕੌਂਸਲ ਧਾਰੀਵਾਲ ਦੇ 13 ਵਾਰਡਾਂ, ਨਗਰ ਕੌਂਸਲ ਫਤਿਹਗੜ੍ਹ ਚੂੜੀਆਂ ਦੇ 13 ਵਾਰਡਾਂ ਅਤੇ ਨਗਰ ਕੌਂਸਲ ਸ੍ਰੀ ਹਰਗੋਬਿੰਦਪੁਰ ਸਾਹਿਬ ਦੇ 11 ਵਾਰਡਾਂ ਲਈ ਚੋਣਾਂ ਕਰਵਾਈਆਂ ਜਾ ਰਹੀਆਂ ਹਨ।ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿੱਚ ਆਜ਼ਾਦ, ਨਿਰਪੱਖ ਅਤੇ ਪਾਰਦਰਸ਼ੀ ਚੋਣਾਂ ਨੂੰ ਯਕੀਨੀ ਬਣਾਉਣ ਲਈ ਸੁਚਾਰੂ ਢੰਗ ਨਾਲ ਪ੍ਰਬੰਧ ਕੀਤੇ ਗਏ ਹਨ।ਜ਼ਿਕਰਯੋਗ ਹੈ ਕਿ 26 ਮਈ ਨੂੰ ਸਵੇਰੇ 8 ਵਜੇ ਤੋਂ ਸ਼ਾਮ 5 ਵਜੇ ਤੱਕ ਵੋਟਾਂ ਪੈਣਗੀਆਂ ਅਤੇ ਵੋਟਾਂ ਦੀ ਗਿਣਤੀ 29 ਮਈ ਨੂੰ ਨਿਰਧਾਰਤ ਗਿਣਤੀ ਕੇਂਦਰਾਂ ਤੇ ਕੀਤੀ ਜਾਵੇਗੀ।ਇਸ ਮੌਕੇ ਗੁਰਪ੍ਰੀਤ ਸਿੰਘ ਗਿੱਲ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ)-ਕਮ- ਵਧੀਕ ਜ਼ਿਲ੍ਹਾ ਚੋਣਕਾਰ ਅਫਸਰ ਗੁਰਦਾਸਪੁਰ, ਕੁਲਦੀਪ ਚੰਦ ਸਹਾਇਕ ਕਮਿਸ਼ਨਰ (ਜ)- ਕਮ- ਰਿਟਰਨਿੰਗ ਅਫਸਰ ਧਾਰੀਵਾਲ, ਜੁਗਰਾਜ ਸਿੰਘ ਐੱਸ ਪੀ (ਐੱਚ) ਗੁਰਦਾਸਪੁਰ, ਡਾ. ਨਵਜੋਤ ਸ਼ਰਮਾ ਐੱਸ ਡੀ.ਐੱਮ ਫਤਿਹਗੜ੍ਹ ਚੂੜੀਆਂ- ਕਮ-ਰਿਟਰਨਿੰਗ ਅਫਸਰ ਫਤਿਹਗੜ੍ਹ ਚੂੜੀਆਂ, ਸਾਰੰਗਪ੍ਰੀਤ ਸਿੰਘ ਐੱਸ ਡੀ ਐੱਮ ਬਟਾਲਾ- ਕਮ-ਆਰ ਓ ਨਗਰ ਨਿਗਮ ਬਟਾਲਾ (1 ਤੋਂ 25 ਵਾਰਡ), ਡਾ. ਰਣਧੀਰ ਠਾਕੁਰ ਮੁੱਖ ਖੇਤੀਬਾੜੀ ਅਫਸਰ-ਕਮ-ਰਿਟਰਨਿੰਗ ਅਫਸਰ (26 ਤੋਂ 50 ਵਾਰਡ), ਕਰਮਬੀਰ ਮਾਹਲਾ ਸਹਾਇਕ ਕਮਿਸ਼ਨਰ-ਕਮ-ਰਿਟਰਨਿੰਗ ਅਫਸਰ ਸ੍ਰੀ ਹਰਗੋਬਿੰਦਪੁਰ ਸਾਹਿਬ, ਗੁਰਵਿੰਦਰ ਸਿੰਘ ਡੀਐੱਸਪੀ ਬਟਾਲਾ ਵੀ ਮੌਜੂਦ ਸਨ।



# ਆਲ ਇੰਡੀਆ ਕਿਸਾਨ ਸਭਾ ਨੇ ਬਹਾਦਰ ਨਗਰ 'ਚ ਕੇਂਦਰ ਸਰਕਾਰ ਤੇ ਰਾਜਪਾਲ ਦਾ ਪੁਤਲਾ ਫੂਕਿਆ

**ਵਲਟੋਹਾ (ਰਣਜੀਤ ਸਿੰਘ ਵਲਟੋਹਾ)**
ਸੰਯੁਕਤ ਕਿਸਾਨ ਮੋਰਚੇ ਨੇ ਕਿਸਾਨਾ ਦੀਆਂ ਮੰਗਾਂ ਲਈ ਚੰਡੀਗੜ੍ਹ ਵਿਚ ਸ਼ਾਂਤਮਈ ਧਰਨਾ ਲਗਾਇਆ ਸੀ। ਚੰਡੀਗੜ੍ਹ ਪੁਲਸ ਨੇ ਕਿਸਾਨਾਂ 'ਤੇ ਡਾਂਗਾਂ ਵਰ੍ਹਾਈਆਂ ਅਤੇ ਪਾਣੀ ਦੀਆ ਬੁਛਾੜਾਂ ਮਾਰੀਆਂ। ਕਿਸਾਨਾਂ 'ਤੇ ਅੰਨ੍ਹਾ ਤਸ਼ੱਦਦ ਕੀਤਾ। ਕਿਸਾਨ ਮੋਰਚੇ ਨੇ ਕੇਂਦਰ ਸਰਕਾਰ ਅਤੇ ਪੰਜਾਬ ਦੇ ਰਾਜਪਾਲ ਦੇ ਪੁਤਲੇ ਫੂਕਣ ਦਾ ਐਲਾਨ ਕੀਤਾ ਗਿਆ ਸੀ।ਇਸ ਦੇ ਸੰਬੰਧ ਵਿਚ ਆਲ ਇੰਡੀਆ ਕਿਸਾਨ ਸਭਾ ਨੇ ਜ਼ਿਲੇ ਦੇ ਸੀਨੀਅਰ ਮੀਤ ਪ੍ਰਧਾਨ ਰਣਜੀਤ ਸਿੰਘ ਬਹਾਦਰ ਨਗਰ ਦੀ ਅਗਵਾਈ ਹੇਠ ਪਿੰਡ ਬਹਾਦਰ ਨਗਰ ਵਿੱਚ ਕੇਂਦਰ ਸਰਕਾਰ ਅਤੇ ਪੰਜਾਬ ਦੇ ਰਾਜਪਾਲ ਦਾ ਪੁਤਲਾ ਫੂਕਿਆ।ਰਣਜੀਤ ਸਿੰਘ ਬਹਾਦਰ ਨਗਰ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਪੰਜਾਬ ਦਾ ਸਾਰਾ ਕੁਝ ਹੀ ਖੋਹੀ ਜਾ ਰਹੀ ਹੈ, ਸੰਯੁਕਤ ਕਿਸਾਨ ਮੋਰਚੇ ਦੀਆਂ ਮੰਗਾਂ ਵੱਲ ਧਿਆਨ ਨਹੀਂ ਦਿੱਤਾ ਜਾ ਰਿਹਾ। ਜੇਕਰ ਕਿਸਾਨੀ ਮੰਗਾਂ ਵੱਲ ਧਿਆਨ ਨਾ ਦਿੱਤਾ ਗਿਆ ਤਾਂ ਅਸੀਂ ਤਿੱਖਾ ਸੰਘਰਸ਼ ਕਰਨ ਲਈ ਮਜਬੂਰ ਹੋਵਾਂਗੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਚਰਨਜੀਤ ਸਿੰਘ, ਜੋਗਿੰਦਰ ਸਿੰਘ, ਜਸਵੰਤ ਸਿੰਘ, ਦਰਸ਼ਨ ਸਿੰਘ, ਸਤਨਾਮ ਸਿੰਘ, ਚਰਨ ਸਿੰਘ, ਕੇਵਲ ਸਿੰਘ,ਤਰਲੋਚਨ ਸਿੰਘ, ਗੁਰਨੂਰ ਸਿੰਘ, ਬਹਾਦਰ ਨਗਰ, ਜੋਗਿੰਦਰ ਸਿੰਘ ਕੋਟਲੀ, ਵਸਾਵਾ ਸਿੰਘ, ਵਿਸ਼ਾਲਦੀਪ ਸਿੰਘ ਵਲਟੋਹਾ ਆਦਿ ਹਾਜ਼ਰ ਸਨ।



# ਕਾਰ ਦੀ ਟੱਕਰ ਵੱਜਣ ਨਾਲ ਮੋਟਰਸਾਈਕਲ ਸਵਾਰ ਪਤੀ-ਪਤਨੀ ਦੀ ਮੌਤ, ਮਾਮਲਾ ਦਰਜ

**ਗੁਰਦਾਸਪੁਰ, (ਜਨਕ ਮਹਾਜਨ)**-ਥਾਣਾ ਪੁਰਾਣਾ ਸ਼ਾਲਾ ਪੁਲਸ ਨੇ ਕਾਰ ਦੀ ਟੱਕਰ ਵੱਜਣ 'ਤੇ ਮੋਟਰਸਾਈਕਲ ਸਵਾਰ ਪਤੀ-ਪਤਨੀ ਦੀ ਮੌਤ ਹੋ ਜਾਣ 'ਤੇ ਕਾਰ ਸਵਾਰ ਖ਼ਿਲਾਫ਼ ਮਾਮਲਾ ਦਰਜ ਕੀਤੇ ਜਾਣ ਦਾ ਸਮਾਚਾਰ ਹੈ। ਥਾਣਾ ਪੁਰਾਣਾ ਸ਼ਾਲਾ ਪੁਲਸ ਨੂੰ ਦਿੱਤੇ ਬਿਆਨਾਂ ਵਿਚ ਜਗਜੀਤ ਸਿੰਘ ਪੁੱਤਰ ਮਾਧੋ ਸਿੰਘ ਵਾਸੀ ਨਵੀਂ ਆਬਾਦੀ ਕੋਟਲੀ ਸੈਣੀਆਂ ਥਾਣਾ ਕਾਹਨੂੰਵਾਨ ਨੇ ਦੱਸਿਆ ਕਿ 17 ਮਈ ਨੂੰ ਮੇਰੇ ਪਿਤਾ ਮਾਧ ਸਿੰਘ ਅਤੇ ਮੇਰੀ ਮਾਤਾ ਜਗਦੀਸ਼ ਕੌਰ ਮੁਕੇਰੀਆਂ ਗਏ ਸਨ ਜੋ ਮੁਕੇਰੀਆਂ ਤੋਂ ਵਾਪਸ ਆਪਣੇ ਪਿੰਡ ਕੋਟਲੀ ਸੈਣੀਆਂ ਨੂੰ ਆ ਰਹੇ ਸਨ ਕਿ ਨਾਕਾ ਦਊਵਾਲ ਦੇ ਨਜ਼ਦੀਕ ਗੁਰਦਾਸਪੁਰ ਵੱਲੋਂ ਇਕ ਮਹਿੰਦਰਾ ਪਿਕਅਪ ਰੰਗ ਚਿੱਟਾ ਆ ਰਹੀ ਸੀ ਜਿਸ ਦੇ ਡਰਾਈਵਰ ਨੇ ਬਿਨਾਂ ਹਾਰਨ ਦਿੱਤੇ ਲਾਪਰਵਾਹੀ ਨਾਲ ਤੇਜ਼ ਰਫਤਾਰ ਨਾਲ ਮੇਰੇ ਪਿਤਾ ਦੇ ਮੋਟਰਸਾਈਕਲ ਵਿਚ ਲਿਆ ਕੇ ਮਾਰੀ ਜਿਸ ਨਾਲ ਮੇਰੇ_ਪਿਤਾ ਅਤੇ ਮਾਤਾ ਦੀ ਮੌਕੇ 'ਤੇ ਹੀ ਮੌਤ ਹੋ ਗਈ। ਸ਼ਾਲਾ ਪੁਲਸ ਨੇ ਮੋਟਰਸਾਈਕਲ ਨੂੰ ਟੱਕਰ ਮਾਰਨ ਵਾਲੇ ਕਾਰ ਚਾਲਕ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

## ਬਹਿਰਾਮਪੁਰ ਪੁਲਸ ਵੱਲੋਂ ਨਜਾਇਜ਼ ਸ਼ਰਾਬ ਸਮੇਤ ਕਾਬੂ

**ਗੁਰਦਾਸਪੁਰ, (ਜਨਕ ਮਹਾਜਨ)**-ਥਾਣਾ ਬਹਿਰਾਮਪੁਰ ਪੁਲਿਸ ਨੇ ਇਕ ਵਿਅਕਤੀ ਨੂੰ ਨਜਾਇਜ਼ ਸ਼ਰਾਬ ਸਮੇਤ ਕਾਬੂ ਕੀਤਾ ਹੈ। ਏ. ਐੱਸ. ਆਈ. ਤਿਲਕ ਰਾਜ ਨੇ ਦੱਸਿਆ ਕਿ ਉਹ ਸਮੇਤ ਪੁਲਸ ਪਾਰਟੀ ਪੁਲੀ ਸਾਂਸੀਆਂ ਮੁਹੱਲਾ ਮੌਜੂਦ ਸੀ ਕਿ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਬਨਾਰਸੀ ਦਾਸ ਉਰਫ ਸੋਦਾ ਪੁੱਤਰ ਗਰੀਬੂ ਦਾਸ ਵਾਸੀ ਸਾਂਸੀਆਂ ਮੁਹੱਲਾ ਬਹਿਰਾਮਪੁਰ ਨਜਾਇਜ਼ ਸ਼ਰਾਬ ਵੇਚਣ ਦਾ ਆਦੀ ਹੈ ਜਿਸ 'ਤੇ ਉਸ ਦੇ ਘਰ ਰੇਡ ਕਰਕੇ ਉਸ ਪਾਸੋਂ 6750 ਐੱਮ.ਐੱਲ. ਨਜਾਇਜ਼ ਸ਼ਰਾਬ ਬਰਾਮਦ ਕਰਕੇ ਉਸ ਖ਼ਿਲਾਫ਼ ਆਬਕਾਰੀ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਰਜੇਸ਼ ਚੌਹਾਨ ਦੇ ਹੱਕ 'ਚ ਕੀਤੀ ਚੋਣ ਮੀਟਿੰਗ



**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**-ਅਜਨਾਲਾ ਪੰਜਾਬ ਵਿੱਚ ਹੋਣ ਜਾ ਰਹੀਆਂ ਨਗਰ ਪੰਚਾਇਤ ਦੀ ਚੋਣਾਂ ਨੂੰ ਮੱਦੇਨਜ਼ਰ ਰੱਖਦਿਆਂ ਅਜਨਾਲਾ ਸ਼ਹਿਰ ਵਿੱਚ ਵਾਰਡ ਨੰਬਰ 4 ਤੋਂ ਉਮੀਦਵਾਰ ਰਾਜੇਸ਼ ਚੌਹਾਨ ਦੇ ਹੱਕ ਵਿੱਚ ਅਜਨਾਲਾ ਤੋਂ ਸਾਬਕਾ ਵਿਧਾਇਕ ਅਤੇ ਉਹ ਬੀਸੀ ਮੋਰਚਾ ਪੰਜਾਬ ਦੇ ਪ੍ਰਧਾਨ ਬੋਨੀ ਅਮਰਪਾਲ ਸਿੰਘ ਅਜਨਾਲਾ ਵੱਲੋਂ ਇੱਕ ਚੋਣ ਮੀਟਿੰਗ ਕੀਤੀ ਗਈ ਜਿਸ ਵਿੱਚ ਕੇਂਦਰ ਸਰਕਾਰ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕਰਦਿਆਂ ਬੋਨੀ ਅਮਰਪਾਲ ਸਿੰਘ ਅਜਨਾਲਾ ਨੇ ਕਿਹਾ ਕਿ ਪੰਜਾਬ ਵਿੱਚ ਹੋਣ ਜਾ ਰਹੀਆਂ ਨਗਰ ਪੰਚਾਇਤ ਚੋਣਾਂ ਦੇ ਮੱਦੇਨਜ਼ਰ ਅਜਨਾਲਾ ਨਗਰ ਪੰਚਾਇਤ ਦਾ ਪ੍ਰਧਾਨ ਭਾਰਤੀ ਜਨਤਾ ਪਾਰਟੀ ਦਾ ਬਣਾਉਣ ਦਾ ਹੋਕਾ ਦਿੱਤਾ ਅਤੇ ਉਨ੍ਹਾਂ ਨੇ ਕਿਹਾ ਕਿ ਪੰਜਾਬ ਵਿੱਚ 2027 ਦੀ ਇਲੈਕਸ਼ਨ ਵਿੱਚ ਵੀ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਬਣਾਓ ਤਾਂ ਕਿ ਪੰਜਾਬ ਅਤੇ ਕੇਂਦਰ ਦੀ ਸਰਕਾਰ ਰਲ ਕੇ ਪੰਜਾਬ ਦੇ ਅਧੂਰੇ ਮਸਲੇ ਹੱਲ ਕੀਤੇ ਜਾਣ। ਇਸ ਮੌਕੇ ਰਜੇਸ਼ ਚੌਹਾਨ, ਨੰਬਰਦਾਰ ਬਖਸ਼ੀਸ਼ ਸਿੰਘ ਢਿੱਲੋਂ ਚੱਕੀ ਵਾਲੇ, ਕੌਂਸਲਰ ਵਿਕਰਮ ਬੇਦੀ, ਦੀਪੂ ਅਰੋੜਾ, ਲੱਕੀ ਬੇਦੀ, ਧਰਮਿੰਦਰ ਸਿੰਘ, ਸੌਰਵ ਸਰੀਨ, ਵਿਜੇ ਕੁਮਾਰ ਬੀਕਾਨੇਰ ਵਾਲੇ, ਵਿਪਨ ਖੱਤਰੀ, ਕਸ਼ਮੀਰ ਸਿੰਘ ਕਾਕੂ , ਰਾਜਬੀਰ ਸਿੰਘ ਰਾਜ ਆਦਿ ਹਾਜ਼ਰ ਸਨ।

# ਸਫਾਈ ਕਾਮਿਆਂ ਦੇ ਹੜਤਾਲ 'ਤੇ ਜਾਣ ਕਾਰਨ ਥਾਂ-ਥਾਂ ਲੱਗੇ ਕੂੜੇ ਦੇ ਢੇਰ; ਲੋਕਾਂ ਦਾ ਜਿਊਣਾ ਹੋਇਆ ਮੁਹਾਲ

**ਗੁਰਦਾਸਪੁਰ, (ਜਨਕ ਮਹਾਜਨ)**
ਗੁਰਦਾਸਪੁਰ ਸ਼ਹਿਰ ਅੰਦਰ ਨਗਰ ਕੌਂਸਲ ਕਰਮਚਾਰੀਆਂ ਦੇ ਹੜਤਾਲ ਉਪਰ ਜਾਣ ਨਾਲ ਥਾਂ-ਥਾਂ 'ਤੇ ਲੱਗੇ ਕੂੜੇ ਦੇ ਢੇਰ ਵੱਡੇ ਹੁੰਦੇ ਜਾ ਰਹੇ ਹਨ। ਇਨ੍ਹਾਂ ਕੂੜੇ ਤੇ ਢੇਰਾਂ ਦੇ ਕਾਰਨ ਭਿਆਨਕ ਬਿਮਾਰੀਆਂ ਫੈਲਣ ਦਾ ਖਦਸ਼ਾ ਪਾਇਆ ਜਾ ਰਿਹਾ ਹੈ। ਇਨ੍ਹਾਂ ਕੂੜੇ ਦੇ ਢੇਰਾਂ ਨੂੰ ਅੱਗ ਲਗਾ ਦਿੱਤੀ ਗਈ ਹੈ ਜਿਸ ਕਰਕੇ ਇਸ ਤੋਂ ਉਠ ਰਹੇ ਧੂੰਏਂ ਕਾਰਨ ਨਜ਼ਦੀਕੀ ਲੋਕਾਂ ਦਾ ਸਾਹ ਲੈਣਾ ਵੀ ਔਖਾ ਹੋਇਆ ਪਿਆ ਹੈ। ਇਸ ਸਬੰਧੀ ਗੱਲਬਾਤ ਕਰਦੇ ਹੋਏ ਸ਼ਹਿਰ ਵਾਸੀਆਂ ਨੇ ਦੱਸਿਆ ਕਿ ਨਗਰ ਕੌਂਸਲ ਕਰਮਚਾਰੀਆਂ ਦੇ ਹੜਤਾਲ 'ਤੇ ਜਾਣ ਨਾਲ ਸ਼ਹਿਰ ਦੇ ਵੱਖ-ਵੱਖ ਥਾਵਾਂ 'ਤੇ ਕੂੜੇ ਦੇ ਢੇਰ ਦਿਨੋ ਦਿਨ ਵੱਡੇ ਹੁੰਦੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਜੇਕਰ ਨਗਰ ਕੌਂਸਲ ਦੇ ਕਰਮਚਾਰੀਆਂ ਨਾਲ ਚੱਲ ਰਹੇ ਮਸਲੇ ਨੂੰ ਸਰਕਾਰ ਨੇ ਜਲਦ ਹੱਲ ਨਾ ਕੀਤਾ ਤਾਂ ਇਹ ਕੂੜੇ ਦੇ ਡੰਪ ਭਿਆਨਕ ਰੂਪ ਧਾਰਨ ਕਰ ਲੈਣਗੇ। ਲੋਕਾਂ ਦਾ ਕਹਿਣਾ ਹੈ ਕਿ ਇਕ ਪਾਸੇ ਸਿਹਤ ਵਿਭਾਗ ਵੱਲੋਂ ਲੋਕਾਂ ਨੂੰ ਮਲੇਰੀਆ ਡੇਂਗੂ ਤੋਂ ਬਚਣ ਲਈ ਕਈ ਤਰ੍ਹਾਂ ਦੀਆਂ ਸਾਵਧਾਨੀਆਂ ਵਰਤਣ ਲਈ ਜਾਗਰੂਕ ਕੀਤਾ ਜਾ ਰਿਹਾ ਹੈ ਉਥੇ ਹੀ ਸੜਕਾਂ ਉਤੇ ਸ਼ਰੇਆਮ ਲੱਗੇ ਇਹ ਕੂੜੇ ਦੇ ਢੇਰਾਂ ਉੱਤੇ ਬੈਠੀਆਂ ਮੱਖੀਆਂ ਅਤੇ ਮੱਛਰ ਪ੍ਰਸ਼ਾਸਨ ਨੂੰ ਦਿਖਾਈ ਨਹੀਂ ਦੇ ਰਹੇ। ਉਨ੍ਹਾਂ ਕਿਹਾ ਕਿ ਇਨ੍ਹਾਂ ਕੂੜੇ ਵਾਲੇ ਢੇਰਾਂ ਦੇ ਕੋਲ ਕਈ ਰਿਹਾਇਸ਼ੀ ਇਲਾਕੇ ਵੀ ਹਨ ਅਤੇ ਕਈ ਦੁਕਾਨਾਂ ਲੱਗੀਆਂ ਹੋਈਆਂ ਹਨ। ਸ਼ਹਿਰ ਵਾਸੀਆਂ ਨੇ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਕਿ ਸ਼ਹਿਰ ਅੰਦਰ ਥਾਂ-ਥਾਂ ਲੱਗੇ ਕੂੜੇ ਦੇ ਢੇਰਾਂ ਨੂੰ ਚੁਕਵਾਉਣ ਵਾਸਤੇ ਵਿਸ਼ੇਸ਼ ਪ੍ਰਬੰਧ ਕੀਤੇ ਜਾਣ ਤਾਂ ਜੋ ਲੋਕਾਂ ਨੂੰ ਆ ਰਹੀ ਮੁਸ਼ਕਿਲ ਤੋਂ ਰਾਹਤ ਮਿਲ ਸਕੇ।



# ਗਿੱਲ ਦੀ ਅਗਵਾਈ 'ਚ ਪਿੰਡ ਦਾ ਸਰਬਪੱਖੀ ਵਿਕਾਸ ਜਾਰੀ



**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**
ਵਿਧਾਨ ਸਭਾ ਮਜੀਠਾ ਦੇ ਅਧੀਨ ਆਉਂਦੇ ਪਿੰਡ ਸਾਧਪੁਰ ਦਾ ਸਰਬਪੱਖੀ ਵਿਕਾਸ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਦੀ ਰਹਿਨੁਮਾਈ ਹੇਠ ਕਰਵਾਇਆ ਜਾਵੇਗਾ ਤੇ ਕਿਸੇ ਵੀ ਵਿਅਕਤੀ ਨੂੰ ਕੋਈ ਮੁਸ਼ਕਿਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸਰਪੰਚ ਥਾਣੇਦਾਰ ਸਰਬਜੀਤ ਸਿੰਘ ਸਾਧਪੁਰ ਨੇ ਪਿੰਡ ਸਾਧਪੁਰ ਦਾ ਛੱਪੜ ਜੋ ਕਿ ਨਰਕ ਦਾ ਰੂਪ ਧਾਰਨ ਕਰ ਚੁੱਕਾ ਸੀ ਵਿੱਚੋਂ ਪਾਣੀ ਕੱਢ ਕੇ ਸਫਾਈ ਕਰਾਉਣ ਤਾਂ ਕੰਮ ਸ਼ੁਰੂ ਕਰਾਉਣ ਮੌਕੇ ਪਿੰਡ ਵਾਸੀਆਂ ਦੇ ਜੁੜੇ ਇਕੱਠ ਨੂੰ ਸੰਬੋਧਨ ਕਰਦਿਆਂ ਕੀਤਾ। ਸਰਪੰਚ ਸਰਬਜੀਤ ਸਿੰਘ ਸਾਧਪੁਰ ਨੇ ਕਿਹਾ ਕਿ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਜਦੋਂ ਤੋਂ ਹਲਕੇ ਦੀ ਵਾਗਡੋਰ ਸੰਭਾਲੀ ਹੈ, ਦੀ ਕੋਸ਼ਿਸ਼ ਹੈ ਕਿ ਹਲਕੇ ਦੇ ਸਾਰੇ ਪਿੰਡਾਂ ਦਾ ਵਿਕਾਸ ਕੀਤਾ ਜਾਵੇ। ਇਸੇ ਲੜੀ ਤਹਿਤ ਹੀ ਉਨ੍ਹਾਂ ਦੀ ਅਗਵਾਈ ਵਿੱਚ ਪਿੰਡ ਦੀ ਛੱਪੜ ਪਾਣੀ ਦਾ ਨਿਕਾਸ, ਮੜੀਆਂ ਵਾਲਾ ਰਸਤਾ, ਪੰਚਾਇਤ ਘਰ ਅਤੇ ਡੇਰਿਆਂ ਨੂੰ ਜਾਂਦੇ ਰਸਤੇ ਪੱਕੇ ਕਰਨ ਦੀ ਪ੍ਰਕਿਰਿਆ ਚੱਲ ਰਹੀ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਅੰਦੋਲਨ 'ਚ ਨਿਕਲੀ ਹੋਈ ਕ੍ਰਾਂਤੀਕਾਰੀ ਪਾਰਟੀ ਹੈ, ਜਿਸ ਦਾ ਮੁੱਖ ਉਦੇਸ਼ ਲੋਕ ਸੇਵਾ ਹੈ।ਉਨ੍ਹਾਂ ਕਿਹਾ ਕਿ ਤਲਬੀਰ ਸਿੰਘ ਗਿੱਲ ਜੋ ਕਿ ਹਲਕੇ ਦੀਆਂ ਮੁਸ਼ਕਿਲਾਂ ਤੋਂ ਚੰਗੀ ਤਰ੍ਹਾਂ ਜਾਣੂ ਹਨ, ਨੂੰ ਪਿੰਡ ਨਾਲ ਸੰਬੰਧਿਤ ਵਿਕਾਸ ਕੰਮਾਂ ਤੋਂ ਜਾਣੂ ਕਰਵਾ ਦਿੱਤਾ ਗਿਆ ਹੈ।ਇਸ ਮੌਕੇ ਮੈਂਬਰ ਪੰਚਾਇਤ ਜਸਵਿੰਦਰ ਕੌਰ ਪਾਲੋ, ਨਿਰਮਲਜੀਤ ਕੌਰ, ਪਰਦੁਮਨ ਸਿੰਘ ਮੱਲੀ, ਦਲਬੀਰ ਸਿੰਘ ਟੀਟਾ, ਡਾਕਟਰ ਪਰਮਜੀਤ ਸਿੰਘ, ਸਰਵਨ ਸਿੰਘ ਦੋਧੀ, ਗੁਰਮੇਜ ਸਿੰਘ ਬਾਠ, ਰਣਜੀਤ ਸਿੰਘ ਅਤੇ ਜਗਦੀਪ ਸਿੰਘ ਆਦਿ ਵੀ ਹਾਜ਼ਰ ਸਨ।

# 12ਵੀਂ ਜਮਾਤ ਦੇ ਸ਼ਾਨਦਾਰ ਨਤੀਜੇ ਸਦਕਾ ਸੇਂਟ ਕਬੀਰ ਪਬਲਿਕ ਸਕੂਲ ਦਾ ਨਾਂਅ ਚਮਕਿਆ




**ਧਾਰੀਵਾਲ, (ਮਨਦੀਪ ਵਿੱਕੀ)**
ਸੇਂਟ ਕਬੀਰ ਪਬਲਿਕ ਸਕੂਲ, ਸੁਲਤਾਨਪੁਰ-ਗੁਰਦਾਸਪੁਰ ਦੇ ਬਾਰ੍ਹਵੀਂ ਜਮਾਤ ਦੇ ਐਲਾਨੇ ਗਏ ਸ਼ਾਨਦਾਰ ਨਤੀਜੇ 2025-2026 ਨੇ ਉਸ ਨੂੰ ਜ਼ਿਲ੍ਹੇ ਭਰ ਵਿੱਚੋਂ ਮੋਹਰੀ ਸਕੂਲਾਂ ਵਿੱਚੋਂ ਇੱਕ ਬਣਾਇਆ ਹੈ।ਇਸ ਸਬੰਧੀ ਖੁਸ਼ੀ ਜਾਹਿਰ ਕਰਦਿਆਂ ਸਕੂਲ ਪ੍ਰਿੰਸੀਪਲ ਐੱਸ. ਬੀ. ਨਾਯਰ ਅਤੇ ਪ੍ਰਬੰਧਕ ਮੈਂਬਰ ਮੈਡਮ ਨਵਦੀਪ ਕੌਰ ਅਤੇ ਕੁਲਦੀਪ ਕੌਰ ਨੇ ਜਾਣਕਾਰੀ ਦਿੱਤੀ ਕਿ ਪੰਜਾਬੀ ਵਿਸ਼ੇ ਵਿੱਚੋਂ ਬਾਰਵੀਂ ਜਮਾਤ ਦੇ 29 ਵਿਦਿਆਰਥੀਆਂ ਵਰੁਨਜੋਤ ਸੰਧੂ, ਜਗਮੀਤ ਸਿੰਘ, ਜਸ਼ਨਦੀਪ ਕੌਰ, ਯੁਵਰੂਹੀ ਫੰਨਸਾ, ਕਨਵਰਨੂਰ ਕੌਰ ਨਾਗਰਾ, ਦਲਜੀਤ ਕੌਰ, ਹਰਮਨਪ੍ਰੀਤ ਕੌਰ, ਲਕਸ਼ਪ੍ਰੀਤ ਕੌਰ, ਜਸ਼ਨਪ੍ਰੀਤ ਕੌਰ, ਦਮਨਪ੍ਰੀਤ ਕੌਰ, ਸਮਰਪ੍ਰੀਤ ਕੌਰ, ਅੰਕਿਤ ਸ਼ਰਮਾ,ਅਰਪਨਪ੍ਰੀਤ ਕੌਰ, ਚਾਹਤਬੀਰ ਸਿੰਘ ਨਾਗੀ, ਸਨੇਹਦੀਪ ਕੌਰ, ਵਿਕਾਸ ਠਾਕੁਰ, ਅਗਮਪ੍ਰੀਤ ਸਿੰਘ, ਗੁਰਪ੍ਰੀਤ ਕੌਰ ਗਿੱਲ, ਕੁਲਜੀਤ ਕੌਰ, ਸੁਮਨਪ੍ਰੀਤ ਕੌਰ, ਏਕਮਪ੍ਰੀਤ ਕੌਰ,ਮਨਵੀਰ ਕੌਰ, ਰੂਹਾਨਜੋਤ ਸਿੰਘ,ਮਨਪ੍ਰੀਤ ਕੌਰ, ਰਮਨਪ੍ਰੀਤ ਕੌਰ, ਪ੍ਰਤਿਸ਼ਠਾ ਠਾਕੁਰ, ਜਸ਼ਨਪ੍ਰੀਤ ਕੌਰ, ਅਰਸ਼ਪ੍ਰੀਤ ਕੌਰ, ਹਰਸਿਮਰਨ ਕੌਰ ਨੇ 100/100 ਅੰਕ, ਇੱਕ ਵਿਦਿਆਰਥੀ ਜਸਪ੍ਰੀਤ ਨੇ ਮਾਰਕਟਿੰਗ ਵਿੱਚੋਂ 100/100 ਅੰਕ ਹਾਸਲ ਕਰਕੇ ਸਕੂਲ ਦਾ ਸਿਰ ਗਰਵ ਨਾਲ ਉਚਾ ਕੀਤਾ ਹੈ। ਬਾਰ੍ਹਵੀਂ ਜਮਾਤ ਵਿੱਚੋਂ ਆਰਟਸ ਗਰੁੱਪ ਦੇ ਪੋਲੀਟੀਕਲ ਸਾਇੰਸ ਵਿੱਚੋਂ ਅਰਸ਼ਪ੍ਰੀਤ ਕੌਰ ਦੇ 94 ਅੰਕ, ਸਾਈਕੋਲੋਜੀ ਵਿੱਚੋਂ ਨਿਮਰਤ ਬਾਜਵਾ ਨੇ 98 ਅੰਕ, ਹਿਸਟਰੀ ਵਿੱਚੋਂ ਅਰਸ਼ਪ੍ਰੀਤ ਕੌਰ ਨੇ 93 ਅੰਕ ਪ੍ਰਾਪਤ ਕੀਤੇ ਹਨ।ਕਾਮਰਸ ਗਰੁੱਪ ਵਿੱਚੋਂ ਅੰਗਰੇਜ਼ੀ ਵਿੱਚੋਂ ਜਸਪ੍ਰੀਤ ਅਤੇ ਵਿਕਾਸ ਠਾਕੁਰ ਨੇ 99 ਅੰਕ, ਸਰੀਰਕ ਸਿੱਖਿਆ ਵਿਸ਼ੇ ਵਿੱਚ ਅਨਮੋਲ ਪ੍ਰੀਤ ਸਿੰਘ ਨੇ 96 ਅੰਕ, ਬਿਜ਼ਨੈੱਸ ਸਟੱਡੀ ਵਿੱਚੋਂ ਪ੍ਰਤਿਸ਼ਠਾ ਠਾਕੁਰ ਨੇ 97 ਅੰਕ, ਅਕਾਊਂਟ ਵਿੱਚੋਂ ਵੀ ਪ੍ਰਤਿਸ਼ਠਾ ਠਾਕੁਰ ਨੇ 99 ਅੰਕ, ਇਕਨੋਮਿਕਸ ਵਿੱਚੋਂ ਜਸਪ੍ਰੀਤ ਅਤੇ ਸਿਮਰਨ ਸੈਣੀ ਨੇ 95 ਅੰਕ , ਕੰਪਿਊਟਰ ਸਾਇੰਸ ਵਿੱਚੋਂ ਏਕਮਪ੍ਰੀਤ ਕੌਰ ਨੇ 92 ਅੰਕ ਤੇ ਮਿਊਜ਼ਿਕ ਵਿੱਚੋਂ ਖੁਸ਼ਪ੍ਰੀਤ ਕੌਰ ਨੇ 93 ਅੰਕ ਪ੍ਰਾਪਤ ਕੀਤੇ ਹਨ।ਮੈਡੀਕਲ ਅਤੇ ਨਾਨ ਮੈਡੀਕਲ ਗਰੁੱਪ ਵਿੱਚ ਬਾਓਲੋਜੀ ਵਿੱਚੋਂ ਦਵਿੰਦਰ ਸਿੰਘ ਨੇ 95 ਅੰਕ, ਫਿਜ਼ਿਕਸ ਵਿੱਚੋਂ ਵਿਕਾਸ ਠਾਕੁਰ ਨੇ 91 ਅੰਕ, ਕੈਮਿਸਟਰੀ ਵਿੱਚੋਂ ਅੰਕਿਤਾ ਸ਼ਰਮਾ ਨੇ 97 ਅੰਕ ਅਤੇ ਗਣਿਤ ਵਿੱਚੋਂ ਵੀ ਅੰਕਿਤਾ ਸ਼ਰਮਾ ਨੇ 98 ਅੰਕ ਹਾਸਲ ਕਰਕੇ ਬਾਕੀ ਸਾਰੀ ਵਿਦਿਆਰਥੀਆਂ ਨੂੰ ਹੋਰ ਅੱਗੇ ਵਧਣ ਦੀ ਪ੍ਰੇਰਨਾ ਦਿੱਤੀ ਹੈ।

# ਸੱਚਰ ਨੇ ਸੰਤ ਬਾਬਾ ਸੱਜਣ ਸਿੰਘ ਤੋਂ ਲਿਆ ਅਸ਼ੀਰਵਾਦ



**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**-ਕਾਂਗਰਸ ਪਾਰਟੀ ਵੱਲੋਂ ਹਲਕਾ ਮਜੀਠਾ ਦੇ ਇੰਚਾਰਜ ਭਗਵੰਤ ਪਾਲ ਸਿੰਘ ਸੱਚਰ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਮੱਤੇਵਾਲ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਤੋਂ ਅਸ਼ੀਰਵਾਦ ਲੈਣ ਲਈ ਪਹੁੰਚੇ ਜਿਨ੍ਹਾਂ ਨੇ ਗੁਰਦੁਆਰਾ ਸਾਹਿਬ ਵਿਖੇ ਮੱਥਾ ਟੇਕਿਆ ਅਤੇ ਸੰਤ ਬਾਬਾ ਸੱਜਣ ਸਿੰਘ ਤੋਂ ਮਜੀਠਾ ਵਿੱਚ ਹੋ ਰਹੀਆਂ ਨਗਰ ਕੌਂਸਲ ਚੋਣਾਂ ਦੇ ਸੰਬੰਧ ਵਿੱਚ ਅਸ਼ੀਰਵਾਦ ਲਿਆ। ਸੰਤ ਬਾਬਾ ਸੱਜਣ ਸਿੰਘ ਨੇ ਗੁਰਦੁਆਰਾ ਸਾਹਿਬ ਵਿਖੇ ਪਹੁੰਚਣ ਤੇ ਭਗਵੰਤ ਪਾਲ ਸਿੰਘ ਸੱਚਰ ਨੂੰ ਸਿਰੋਪਾਓ ਪਾ ਕੇ ਸਨਮਾਨਿਤ ਕਰਦਿਆਂ ਚੰਗੇਰੇ ਭਵਿੱਖ ਦਾ ਅਸ਼ੀਰਵਾਦ ਦਿੱਤਾ । ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਭਗਵੰਤ ਪਾਲ ਸੱਚਰ ਦੇ ਨਾਲ ਚੇਅਰਮੈਨ ਗੁਰਮੀਤ ਸਿੰਘ ਰਾਜੂ ਭੀਲੋਵਾਲ, ਸਵਰਨ ਸਿੰਘ ਭੀਲੋਵਾਲ ਅਤੇ ਹੋਰ ਬਹੁਤ ਸਾਰੇ ਆਗੂ ਉਨ੍ਹਾਂ ਦੇ ਨਾਲ ਹਾਜ਼ਰ ਸਨ।

## ਪੈਟਰੋਲ-ਡੀਜ਼ਲ ਦੀਆਂ ਕੀਮਤਾਂ 'ਚ ਕੀਤਾ ਵਾਧਾ ਵਾਪਸ ਲਵੇ ਸਰਕਾਰ : ਚੁੰਬਰ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**-ਬਹੁਜਨ ਸਮਾਜ ਪਾਰਟੀ ਵਿਧਾਨ ਸਭਾ ਹਲਕਾ ਨਕੋਦਰ ਦੇ ਸਾਬਕਾ ਪ੍ਰਧਾਨ ਮਲਕੀਤ ਚੁੰਬਰ ਨੇ ਕੇਂਦਰ ਸਰਕਾਰ ਵੱਲੋਂ ਪੈਟਰੋਲ, ਡੀਜ਼ਲ ਤੇ ਸੀ ਐੱਨ ਜੀ ਦੀਆਂ ਕੀਮਤਾਂ ਵਿੱਚ ਕੀਤੇ ਗਏ ਤਾਜ਼ਾ ਵਾਧੇ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਮਲਕੀਤ ਚੁੰਬਰ ਨੇ ਕਿਹਾ ਕਿ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਿੱਚ 3 ਰੁਪਏ ਤੋਂ ਲੈ ਕੇ 3.60 ਰੁਪਏ ਪ੍ਰਤੀ ਲੀਟਰ ਤੱਕ ਦਾ ਵਾਧਾ ਕਰਨਾ ਆਮ ਆਦਮੀ ਅਤੇ ਖਾਸ ਕਰਕੇ ਮੱਧ ਵਰਗ ਤੇ ਕਿਸਾਨੀ ਦੀ ਜੇਬ 'ਤੇ ਸਿੱਧਾ ਡਾਕਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਪੈਟਰੋਲ ਦੀ ਕੀਮਤ 100 ਰੁਪਏ ਦਾ ਅੰਕੜਾ ਪਾਰ ਕਰਨਾ ਬੇਹੱਦ ਚਿੰਤਾਜਨਕ ਹੈ, ਜਿਸ ਨਾਲ ਹਰ ਚੀਜ਼ ਦੀ ਮਹਿੰਗਾਈ ਵਧੇਗੀ।

# ਸ੍ਰੀ ਲਕਸ਼ਮੀ ਨਾਰਾਇਣ ਮੰਦਰ ਵਿਖੇ ਸ਼ਨੀਦੇਵ ਦਾ ਜਨਮ ਉਤਸਵ ਮਨਾਇਆ



**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**
ਸਥਾਨਕ ਸ਼ਹਿਰ ਅਜਨਾਲਾ ਦੇ ਵਾਰਡ ਨੰਬਰ 7 ਅਤੇ 8 ਨਵੀਂ ਆਬਾਦੀ ਗਰਲਜ਼ ਸਕੂਲ ਵਾਲੀ ਗਲੀ ਵਿੱਚ ਸਥਿਤ ਮੰਦਰ ਸ਼੍ਰੀ ਲਕਸ਼ਮੀ ਨਾਰਾਇਣ ਵਿਖੇ ਸ਼ਨੀਦੇਵ ਮਹਾਰਾਜ ਦਾ ਜਨਮ ਉਤਸਵ ਬੜੀ ਸ਼ਰਧਾ ਭਾਵਨਾ ਤੇ ਉਤਸ਼ਾਹ ਦੇ ਨਾਲ ਮਨਾਇਆ ਗਿਆ।ਅਰਸ਼ ਕੁਮਾਰ ਅਰੋੜਾ, ਦਕਸ਼ ਕੁਮਾਰ, ਸੰਨੀ ਕੁਮਾਰ ਅਤੇ ਵੱਖ-ਵੱਖ ਆਈਆਂ ਹੋਈਆਂ ਭਜਨ ਮੰਡਲੀਆਂ ਵੱਲੋਂ ਸ਼ਨੀਦੇਵ ਮਹਾਰਾਜ ਦਾ ਗੁਣਗਾਨ ਕੀਤਾ ਤੇ ਆਈਆਂ ਹੋਈਆਂ ਸੰਗਤਾਂ ਨੂੰ ਨਿਹਾਲ ਕੀਤਾ।ਲੰਗਰ ਭੰਡਾਰਾ ਵੀ ਅਤੁੱਟ ਵਰਤਾਇਆ ਗਿਆ।ਮੰਦਰ ਦੇ ਸੁਆਮੀ ਸੱਤ ਪ੍ਰਕਾਸ਼ ਸ਼ਰਮਾ, ਭਗਤ ਸਿੰਘ ਕੁਟੀਆ ਵਾਲੇ, ਪ੍ਰਧਾਨ ਬਾਊ ਜਸਪਾਲ ਮਹਿਤਾ, ਪ੍ਰਦੀਪ ਕੁਮਾਰ ਠਾਕੁਰ, ਰਾਮ ਮੂਰਤੀ ਜਨਤਾ ਸਟੋਰ ਵਾਲੇ, ਆਪ ਦੇ ਸ਼ਹਿਰੀ ਅਜਨਾਲਾ ਦੇ ਪ੍ਰਧਾਨ ਅਮਿਤ ਔਲ, ਮੈਡਮ ਰਾਜਬੀਰ ਕੌਰ ਚਾਹਲ, ਭਾਜਪਾ ਆਗੂ ਅੰਕੁਸ਼ ਕੁਮਾਰ ਬੰਟੀ ਸ਼ਰਮਾ, ਰਾਕੇਸ਼ ਵਾਸਦੇਵ, ਬੱਬਲੂ ਅਜਨਾਲਾ, ਅਸ਼ਵਨੀ ਕੁਮਾਰ, ਹੈਪੀ ਮਹਿਤਾ, ਮੰਦਰ ਦੇ ਪ੍ਰੈੱਸ ਸੈਕਟਰੀ ਮਨੀਸ਼ ਉਪਲ, ਅਦਿੱਤਿਆ ਉਪਲ, ਪ੍ਰਦੀਪ ਕੁਮਾਰ ਤ੍ਰੇਹਣ, ਡਾ. ਮੋਹਨ ਲਾਲ, ਠੇਕੇਦਾਰ ਗੁਲਸ਼ਨ ਕੁਮਾਰ, ਡਾ. ਸੰਦੀਪ ਉਪਲ, ਮੋਹਿਤ ਸ਼ਰਮਾ ਹੈਪੀ, ਕੁਲਦੀਪ ਤ੍ਰੇਹਣ ਰਾਜੂ, ਕਪਿਲ ਕੁਮਾਰ, ਚੋਪੜਾ ਬੁੱਕ ਡੀਪੂ ਅਜਨਾਲਾ ਵਾਲੇ, ਪ੍ਰਸ਼ੋਤਮ ਲਾਲ ਸ਼ਰਮਾ, ਸਮਾਜ ਸੇਵੀ ਅਜੈ ਕੁਮਾਰ ਮਹਿਤਾ, ਆਰ. ਕੇ. ਸਟੋਰ, ਪ੍ਰੇਮ ਅਨੰਦ, ਹੈਪੀ ਜਿਊਲਰ, ਸ਼ਰਵਨ ਕੁਮਾਰ, ਜੋਨੀ ਅਜਨਾਲਾ, ਰਵੀ ਕੁਮਾਰ ਅਰੋੜਾ, ਪ੍ਰੇਮ ਕੁਮਾਰ ਅਨੰਦ, ਨਿਪੁੰਨ ਵਾਸਦੇਵ, ਸ਼੍ਰੇਆ ਉਪਲ, ਸੰਕੇਤ ਵਾਸਦੇਵ, ਦੁਰਗੇਸ਼ ਕੁਮਾਰ, ਰਾਕੇਸ਼ ਅਨੰਦ, ਦਿਲਬਾਗ ਸਿੰਘ, ਨੀਰਜ ਕੁਮਾਰ ਭੋਲਾ ਅਤੇ ਨਵੀਨ ਕੁਮਾਰ ਆਦਿ ਹਾਜ਼ਰ ਸਨ।

# ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗੱਗੋਬੂਆ ਦਾ ਅਕਾਦਮਿਕ ਖੇਤਰ 'ਚ ਵੱਜਿਆ ਡੰਕਾ

**ਝਬਾਲ (ਹਰਜਿੰਦਰ ਸਿੰਘ ਸੋਨੀ)**-ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ, ਗੱਗੋਬੂਆ ਨੇ ਇੱਕ ਵਾਰ ਫਿਰ ਅਕਾਦਮਿਕ ਖੇਤਰ ਵਿੱਚ ਆਪਣੀ ਸ਼ਾਨਦਾਰ ਕਾਰਗੁਜ਼ਾਰੀ ਦਾ ਲੋਹਾ ਮਨਵਾਇਆ ਹੈ।ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਬਾਰ੍ਹਵੀਂ ਜਮਾਤ ਦੇ ਨਤੀਜਿਆਂ ਵਿੱਚ ਸਕੂਲ ਦੇ ਵਿਦਿਆਰਥੀਆਂ ਨੇ ਉਚ ਪ੍ਰਾਪਤੀਆਂ ਹਾਸਿਲ ਕਰਕੇ ਸਕੂਲ, ਮਾਪਿਆਂ ਅਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ।ਮੈਡੀਕਲ ਸਟ੍ਰੀਮ ਦੀ ਹੋਣਹਾਰ ਵਿਦਿਆਰਥਣ ਜਸ਼ਨਪ੍ਰੀਤ ਕੌਰ ਨੇ 500 ਵਿੱਚੋਂ 488 ਅੰਕ ਪ੍ਰਾਪਤ ਕਰਕੇ ਰਾਜ ਪੱਧਰ ਦੀ ਮੈਰਿਟ ਵਿੱਚ 106ਵਾਂ ਸਥਾਨ ਹਾਸਿਲ ਕੀਤਾ, ਜਦਕਿ ਜ਼ਿਲ੍ਹਾ ਪੱਧਰ 'ਤੇ ਦੂਸਰਾ ਸਥਾਨ ਪ੍ਰਾਪਤ ਕਰਕੇ ਸਕੂਲ ਲਈ ਮਾਣ ਵਾਲੀ ਪ੍ਰਾਪਤੀ ਦਰਜ ਕੀਤੀ।ਇਸੇ ਤਰ੍ਹਾਂ ਵਿਦਿਆਰਥਣ ਜੈਸਮੀਨ ਕੌਰ ਨੇ 500 ਵਿੱਚੋਂ 482 ਅੰਕ ਪ੍ਰਾਪਤ ਕਰਕੇ ਜ਼ਿਲ੍ਹੇ ਦੀ ਟਾਪ-10 ਸੂਚੀ ਵਿੱਚ 6ਵਾਂ ਸਥਾਨ ਹਾਸਿਲ ਕੀਤਾ।ਸਕੂਲ ਦੇ ਵਿਦਿਆਰਥੀ ਗੁਰਮਨਵੀਰ ਸਿੰਘ ਨੇ 479 ਅੰਕ ਪ੍ਰਾਪਤ ਕਰਕੇ ਸਕੂਲ ਵਿੱਚੋਂ ਤੀਸਰਾ ਸਥਾਨ ਪ੍ਰਾਪਤ ਕੀਤਾ।ਕਲਾਸ ਇੰਚਾਰਜ ਪ੍ਰਭਜੀਤ ਸਿੰਘ ਲੈਕਚਰਾਰ ਬਾਇਓਲੋਜੀ ਨੇ ਦੱਸਿਆ ਕਿ ਜ਼ਿਲ੍ਹੇ ਦੀ ਟਾਪ-10 ਸੂਚੀ ਵਿੱਚ ਸਕੂਲ ਦੇ ਦੋ ਵਿਦਿਆਰਥੀਆਂ ਦਾ ਆਉਣਾ ਸਕੂਲ ਲਈ ਬੇਹੱਦ ਮਾਣ ਅਤੇ ਖੁਸ਼ੀ ਦੀ ਗੱਲ ਹੈ।ਉਨ੍ਹਾਂ ਕਿਹਾ ਕਿ ਸਾਇੰਸ ਸਟ੍ਰੀਮ ਦਾ ਨਤੀਜਾ ਬੇਹੱਦ ਸ਼ਾਨਦਾਰ ਰਿਹਾ ਹੈ ਅਤੇ ਸਾਰੇ ਵਿਦਿਆਰਥੀਆਂ ਨੇ ਵਧੀਆ ਅੰਕ ਪ੍ਰਾਪਤ ਕਰਕੇ ਸਫਲਤਾ ਹਾਸਿਲ ਕੀਤੀ ਹੈ। ਪ੍ਰਿੰਸੀਪਲ ਅਨੂ ਮੋਂਗਾ ਨੇ ਵਿਦਿਆਰਥੀਆਂ, ਮਾਪਿਆਂ ਅਤੇ ਸਟਾਫ਼ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਪ੍ਰਾਪਤੀ ਵਿਦਿਆਰਥੀਆਂ ਦੀ ਲਗਨ, ਅਧਿਆਪਕਾਂ ਦੀ ਅਣਥੱਕ ਮਿਹਨਤ ਅਤੇ ਮਾਪਿਆਂ ਦੇ ਸਹਿਯੋਗ ਦਾ ਨਤੀਜਾ ਹੈ।ਉਨ੍ਹਾਂ ਇਹ ਵੀ ਦੱਸਿਆ ਕਿ ਸਾਇੰਸ ਸਟ੍ਰੀਮ ਦੇ ਨਾਲ-ਨਾਲ ਕਾਮਰਸ ਅਤੇ ਹਿਊਮੈਨੀਟੀਜ਼ ਦਾ ਬੋਰਡ ਨਤੀਜਾ ਵੀ 100 ਫੀਸਦੀ ਰਿਹਾ ਹੈ, ਜੋ ਸਕੂਲ ਦੀ ਗੁਣਵੱਤਾਪੂਰਨ ਸਿੱਖਿਆ ਦਾ ਪ੍ਰਤੀਕ ਹੈ।ਉਨ੍ਹਾਂ ਵੱਲੋਂ ਪਹਿਲਾ, ਦੂਸਰਾ ਅਤੇ ਤੀਸਰਾ ਸਥਾਨ ਹਾਸਿਲ ਕਰਨ ਵਾਲੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਿਸ਼ੇਸ਼ ਤੌਰ 'ਤੇ ਸਕੂਲ ਬੁਲਾ ਕੇ ਸਨਮਾਨਿਤ ਕੀਤਾ ਗਿਆ।ਜ਼ਿਲ੍ਹਾ ਸਿੱਖਿਆ ਅਫ਼ਸਰ ਤਰਨਤਾਰਨ ਵੱਲੋਂ ਵੀ ਰਾਜ ਅਤੇ ਜ਼ਿਲ੍ਹਾ ਪੱਧਰ 'ਤੇ ਸਕੂਲ ਦਾ ਨਾਮ ਰੌਸ਼ਨ ਕਰਨ ਵਾਲੇ ਵਿਦਿਆਰਥੀਆਂ, ਪ੍ਰਿੰਸੀਪਲ ਅਤੇ ਸਮੂਹ ਸਟਾਫ਼ ਨੂੰ ਵਧਾਈ ਦਿੰਦਿਆਂ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।ਇਸ ਮੌਕੇ ਸੁਖਵੰਤ ਸਿੰਘ, ਸਰਤਾਜ ਸਿੰਘ, ਜਸਪ੍ਰੀਤ ਕੌਰ, ਅਨੀਤਾ, ਸਿਮਰਨਜੀਤ ਕੌਰ ਅਤੇ ਨਵਦੀਪ ਮਾਹਲਾ ਆਦਿ ਹਾਜ਼ਰ ਸਨ।



# ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਝਬਾਲ ਵਿਖੇ ਕਰਵਾਇਆ ਨਿਵੇਸ਼ਕ ਜਾਗਰੂਕਤਾ ਪ੍ਰੋਗਰਾਮ

**ਝਬਾਲ (ਹਰਜਿੰਦਰ ਸਿੰਘ ਸੋਨੀ)**
ਖਾਲਸਾ ਦੀਵਾਨ ਦੇ ਪ੍ਰਧਾਨ ਇੰਦਰਬੀਰ ਸਿੰਘ ਨਿੱਜਰ ਦੀ ਯੋਗ ਰਹਿਨੁਮਾਈ ਹੇਠ ਚੱਲ ਰਹੀ ਇਲਾਕੇ ਦੀ ਸਿਰਮੌਰ ਵਿੱਦਿਅਕ ਸੰਸਥਾ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ, ਝਬਾਲ ਵਿਖੇ ਨਿਵੇਸ਼ਕ ਜਾਗਰੂਕਤਾ ਪ੍ਰੋਗਰਾਮ ਸਫਲਤਾਪੂਰਵਕ ਕਰਵਾਇਆ ਗਿਆ।ਇਹ ਪ੍ਰੋਗਰਾਮ ਵਿੱਤੀ ਸਾਖਰਤਾ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਕਰਵਾਇਆ ਗਿਆ।ਪ੍ਰੋਗਰਾਮ ਵਿੱਚ ਸ਼ਭੀ ਮਿਊਚਲ ਫੰਡ ਦੇ ਸਹਾਇਕ ਉਪ-ਪ੍ਰਧਾਨ ਚਰਨਪ੍ਰੀਤ ਸਿੰਘ ਅਤੇ ਬ੍ਰਾਂਚ ਮੈਨੇਜਰ ਪ੍ਰਫੁੱਲ ਕੁਮਾਰ ਨੇ ਵਿਸ਼ੇਸ਼ ਬੁਲਾਰਿਆਂ ਵਜੋਂ ਸ਼ਿਰਕਤ ਕੀਤੀ।ਉਨ੍ਹਾਂ ਨੇ ਅਧਿਆਪਕਾਂ ਨੂੰ ਮਿਊਚਲ ਫੰਡਾਂ ਬਾਰੇ ਆਮ ਭੁਲੇਖੇ, ਚੱਕਰਵਰਤੀ ਵਿਆਜ ਦੀ ਤਾਕਤ, ਸ਼ੀਫ ਦੇ ਲਾਭ ਅਤੇ ਜੋਖਮ ਬਨਾਮ ਵਾਪਸੀ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।ਬੁਲਾਰਿਆਂ ਨੇ ਜ਼ੋਰ ਦੇ ਕੇ ਕਿਹਾ ਕਿ ਸੁਰੱਖਿਅਤ ਭਵਿੱਖ ਲਈ ਜਲਦੀ ਨਿਵੇਸ਼ ਸ਼ੁਰੂ ਕਰਨਾ ਬਹੁਤ ਜ਼ਰੂਰੀ ਹੈ।ਛੋਟੇ-ਛੋਟੇ ਕਦਮਾਂ ਨਾਲ ਵੱਡੀ ਦੌਲਤ ਬਣਾਈ ਜਾ ਸਕਦੀ ਹੈ।ਉਨ੍ਹਾਂ ਮਿਊਚਲ ਫੰਡ ਸਹੀ ਹੈ ਅਤੇ ਸ਼ੀਫ, ਟੈਂਸ਼ਨ ਫ੍ਰੀ ਰਹੋ ਵਰਗੇ ਨੁਕਤਿਆਂ ਰਾਹੀਂ ਲੋਕਾਂ ਨੂੰ ਜਾਗਰੂਕ ਕੀਤਾ।ਇਸ ਮੌਕੇ ਸਕੂਲ ਦੇ ਮੈਂਬਰ ਇੰਚਾਰਜ ਸ. ਮਨਜੀਤ ਸਿੰਘ ਢਿੱਲੋਂ, ਆਦਰਸ਼ਪਿੰਦਰ ਸਿੰਘ ਮਾਨ ਅਤੇ ਅਜੀਤਪਾਲ ਸਿੰਘ ਅਨੇਜਾ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਪ੍ਰਿੰਸੀਪਲ ਅਨੂਰੀਤ ਬਾਵਾ ਨੇ ਆਏ ਹੋਏ ਬੁਲਾਰਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਪ੍ਰੋਗਰਾਮ ਬੱਚਿਆਂ ਅਤੇ ਮਾਪਿਆਂ ਨੂੰ ਆਰਥਿਕ ਤੌਰ ਤੇ ਸਮਝਦਾਰ ਬਣਾਉਣ ਵਿੱਚ ਸਹਾਈ ਹੁੰਦੇ ਹਨ।



# ਦੋ ਦਿਨਾ ਜ਼ਿਲ੍ਹਾ ਜੂਡੋ ਚੈਂਪੀਅਨਸ਼ਿਪ ਅੰਮ੍ਰਿਤਸਰ 'ਚ ਖਿਡਾਰੀਆਂ ਨੇ ਦਿਖਾਏ ਖੇਡ ਕਲਾ ਦੇ ਜੌਹਰ

**ਛੇਹਰਟਾ, (ਮਨੋਜ ਕੁਮਾਰ)**
ਜ਼ਿਲ੍ਹਾ ਜੂਡੋ ਐਸੋਸੀਏਸ਼ਨ, ਅੰਮ੍ਰਿਤਸਰ ਵੱਲੋਂ ਕਰਵਾਈ ਜਾ ਰਹੀ ਦੋ ਦਿਨਾ ਜ਼ਿਲ੍ਹਾ ਜੂਡੋ ਚੈਂਪੀਅਨਸ਼ਿਪ, ਅੰਮ੍ਰਿਤਸਰ (ਲੜਕੇ-ਲੜਕੀਆਂ) ਵਿਚ ਖਿਡਾਰੀਆਂ ਵੱਲੋਂ ਆਪਣੀ ਖੇਡ ਕਲਾ ਦੇ ਜੌਹਰ ਵਿਖਾਏ ਜਾ ਰਹੇ ਹਨ। ਪ੍ਰੀ-ਸਬ ਜੂਨੀਅਰ (ਲੜਕੇ) 25 ਕਿਲੋਗ੍ਰਾਮ ਵਿਚ ਸੁਖਪ੍ਰੀਤ ਸਿੰਘ (ਡੀਏਵੀ ਪਬਲਿਕ ਸਕੂਲ) ਨੇ ਪਹਿਲਾ, ਵਿਹਾਨ (ਸੈਣੀ ਪਬਲਿਕ ਸਕੂਲ) ਨੇ ਦੂਜਾ ਅਤੇ ਤਨਿਕਸ਼ (ਅਪੈਕਸ ਇੰਟਰਨੈਸ਼ਨਲ) ਤੇ ਲਵਪ੍ਰੀਤ ਸਿੰਘ (ਬ੍ਰਾਈਟ ਲੈਂਡ) ਨੇ ਤੀਜਾ, 25 ਕਿਲੋਗ੍ਰਾਮ (ਪਲੱਸ) ਵਿਚ ਨਵਜੋਤ (ਭਗਤ ਪੂਰਨ ਸਿੰਘ ਡੈਫ ਸਕੂਲ) ਨੇ ਪਹਿਲਾ, ਗੁਰਸੇਵਕ ਸਿੰਘ (ਭਗਤ ਪੂਰਨ ਸਿੰਘ ਡੈਫ ਸਕੂਲ) ਨੇ ਦੂਜਾ ਅਤੇ ਖੁਸ਼ਵੰਸ਼ ਸਿੰਘ (ਭਵਨ ਐੱਸਐੱਲ) ਤੇ ਰਣਵੀਰ (ਡੀਏਵੀ ਇੰਟਰਨੈਸ਼ਨਲ) ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਸਬ ਜੂਨੀਅਰ (ਲੜਕੇ) 25 ਕਿਲੋਗ੍ਰਾਮ ਵਿਚ ਅਭਿਸ਼ੇਕ (ਖਾਲਸਾ ਸਕੂਲ) ਪਹਿਲੇ, ਹਰਜੋਤ ਸਿੰਘ (ਗੁਰੂ ਕੀ ਵਡਾਲੀ) ਦੂਜੇ ਅਤੇ ਜੱਸ ਗਿੱਲ (ਵਡਾਲੀ) ਤੇ ਦੇਵ ਕੁਮਾਰ (ਸਰਕਾਰੀ ਸਕੂਲ) ਤੀਜੇ ਸਥਾਨ, 30 ਕਿਲੋਗ੍ਰਾਮ ਵਿਚ ਕ੍ਰਿਸ਼ਨਾ (ਭਵਨ ਐੱਸਐੱਲ) ਪਹਿਲੇ, ਗੁਰਸਹਿਜ ਸਿੰਘ (ਭਗਤ ਪੂਰਨ ਸਿੰਘ ਡੈਫ ਸਕੂਲ) ਦੂਜੇ ਅਤੇ ਗੁਰਲਾਲ (ਵਡਾਲੀ) ਤੇ ਉਜੱਵਲ (ਐੱਮਵੀਐੱਨ) ਤੀਜੇ ਸਥਾਨ, 35 ਕਿਲੋਗ੍ਰਾਮ ਵਿਚ ਜ਼ੋਰਾਵਰ ਸਿੰਘ (ਭਗਤ ਪੂਰਨ ਸਿੰਘ ਡੈਫ ਸਕੂਲ) ਪਹਿਲੇ, ਗੁਰਸ਼ਾਨ ਸਿੰਘ (ਭਗਤ ਪੂਰਨ ਸਿੰਘ ਡੈਫ ਸਕੂਲ) ਦੂਜੇ ਅਤੇ ਅਕੁਲ ਸ਼ਰਮਾ (ਵਡਾਲੀ) ਤੇ ਅਨਮੋਲ (ਸਰਕਾਰੀ ਸਕੂਲ) ਤੀਜੇ, 40 ਕਿਲੋਗ੍ਰਾਮ ਵਿਚ ਜਸਪ੍ਰੀਤ ਸਿੰਘ (ਭਗਤ ਪੂਰਨ ਸਿੰਘ ਡੈਫ ਸਕੂਲ) ਪਹਿਲੇ, ਗੁਰਨੂਰ ਸਿੰਘ (ਖਾਲਸਾ ਸਕੂਲ) ਦੂਜੇ ਅਤੇ ਸਹਿਜਵੀਰ (ਭਗਤ ਪੂਰਨ ਸਿੰਘ ਡੈਫ ਸਕੂਲ) ਤੇ ਅਭੀ (ਖਾਲਸਾ ਸਕੂਲ) ਤੀਜੇ ਸਥਾਨ, 45 ਕਿਲੋਗ੍ਰਾਮ ਵਿਚ ਅਰਸ਼ ਸਿੰਘ (ਭਗਤ ਪੂਰਨ ਸਿੰਘ ਡੈਫ ਸਕੂਲ) ਪਹਿਲੇ, ਹਰਸਿਮਰ ਸਿੰਘ (ਵਡਾਲੀ) ਦੂਜੇ ਅਤੇ ਆਰੀਅਨ (ਖਾਲਸਾ ਸਕੂਲ) ਤੇ ਧਰਮਜੀਤ ਸਿੰਘ (ਰਾਮ ਆਸ਼ਰਮ) ਤੀਜੇ, 50 ਕਿਲੋਗ੍ਰਾਮ ਵਿਚ ਰੋਹਿਤ ਸ਼ਰਮਾ (ਬ੍ਰਾਈਟ ਲੈਂਡ) ਪਹਿਲੇ, ਸੁਖਮਨਪਾਲ ਸਿੰਘ (ਭਗਤ ਪੂਰਨ ਸਿੰਘ ਡੈਫ ਸਕੂਲ) ਦੂਜੇ ਅਤੇ ਲਕਸ਼ਦੀਪ ਸਿੰਘ (ਖਾਲਸਾ ਸਕੂਲ) ਤੇ ਕੰਵਰ ਸਿੰਘ(ਖਾਲਸਾ ਸਕੂਲ) ਤੀਜੇ ਸਥਾਨ ਅਤੇ 50 ਕਿਲੋਗ੍ਰਾਮ (ਪਲੱਸ) ਵਿਚ ਆਰਵ(ਡੀਏਵੀ ਸਕੂਲ) ਪਹਿਲੇ, ਨਕਸ਼ ਪਰਾਸ਼ਰ(ਖਾਲਸਾ ਪਬਲਿਕ ਸਕੂਲ) ਦੂਜੇ ਅਤੇ ਨੈਤਿਕ ਸਿੰਘ(ਰਾਮ ਆਸ਼ਰਮ) ਤੇ ਲਕਸ਼ੇ (ਅਪੈਕਸ ਇੰਟਰਨੈਸ਼ਨਲ) ਤੀਜੇ ਸਥਾਨ 'ਤੇ ਰਹੇ। ਕੈਡਿਟ (ਲੜਕੇ) 60 ਕਿਲੋਗ੍ਰਾਮ ਵਿਚ ਸ਼ੁਭਰਾਜ ਸਿੰਘ (ਡੀਏਵੀ ਇੰਟਰਨੈਸ਼ਨਲ) ਪਹਿਲੇ, ਦਕਸ਼ ਗਿੱਲ (ਰਾਮ ਆਸ਼ਰਮ) ਦੂਜੇ ਅਤੇ ਅਨਿਰੁਧ ਠਾਕੁਰ (ਰਾਮ ਆਸ਼ਰਮ) ਤੇ ਬਿਕਰਮਜੀਤ ਸਿੰਘ (ਅਪੈਕਸ) ਤੀਜੇ, 66 ਕਿਲੋਗ੍ਰਾਮ ਵਿਚ ਕੰਵਰ ਗਿੱਲ (ਰਾਮ ਆਸ਼ਰਮ) ਪਹਿਲੇ, ਸ਼ਿਵਾਂਗ (ਖਾਲਸਾ ਸਕੂਲ) ਦੂਜੇ ਅਤੇ ਸਹਿਜਦੀਪ ਸਿੰਘ (ਖਾਲਸਾ ਸਕੂਲ) ਤੇ ਅਰਜਨ ਸਿੰਘ (ਖਾਲਸਾ ਸਕੂਲ) ਤੀਜੇ ਸਥਾਨ 'ਤੇ ਰਹੇ। 73 ਕਿਲੋਗ੍ਰਾਮ (ਲੜਕੇ) ਵਿਚ ਅਨਿਕੇਤ (ਰਾਮ ਆਸ਼ਰਮ) ਪਹਿਲੇ, ਨਮਨ (ਐੱਮਵੀਐੱਨ) ਦੂਜੇ ਅਤੇ ਸੁਸ਼ਾਂਤ (ਰਾਮ ਆਸ਼ਰਮ) ਤੇ ਆਰਵ (ਜਗਤ ਜੋਤੀ) ਤੀਜੇ ਸਥਾਨ, 81 ਕਿਲੋਗ੍ਰਾਮ ਵਿਚ ਜਸਨੂਰ (ਖਾਲਸਾ ਕਾਲਜ) ਪਹਿਲੇ ਤੇ ਸਕਸ਼ਮ ਭਾਟੀਆ (ਭਵਨ ਐੱਸਐੱਲ) ਦੂਜੇ, 90 ਕਿਲੋਗ੍ਰਾਮ ਵਿਚ ਅਵੀਕ੍ਰਿਤ ਸਿੰਘ (ਖਾਲਸਾ ਕਾਲਜ) ਪਹਿਲੇ ਤੇ ਵੰਸ਼ ਸ਼ਰਮਾ (ਰਾਮ ਆਸ਼ਰਮ) ਦੂਜੇ ਅਤੇ 90 ਕਿਲੋਗ੍ਰਾਮ (ਪਲੱਸ) ਵਿਚ ਕ੍ਰਿਸ਼ਨਾ ਸ਼ਰਮਾ (ਡੀਏਵੀ ਇੰਟਰਨੈਸ਼ਨਲ) ਪਹਿਲੇ, ਅਨਹਦ ਸਿੰਘ (ਖਾਲਸਾ ਸਕੂਲ) ਦੂਜੇ ਅਤੇ ਭਾਨੂੰ (ਬ੍ਰਾਈਟ ਲੈਂਡ) ਤੀਜੇ ਸਥਾਨ 'ਤੇ ਰਿਹਾ। ਇਸ ਮੌਕੇ ਜ਼ਿਲ੍ਹਾ ਜੂਡੋ ਐਸੋਸੀਏਸ਼ਨ, ਅੰਮ੍ਰਿਤਸਰ ਦੇ ਪ੍ਰਧਾਨ ਕੌਮਾਂਤਰੀ ਜੂਡੋ ਖਿਡਾਰੀ ਇੰਸਪੈਕਟਰ ਹਰਜਿੰਦਰ ਸਿੰਘ, ਜਨਰਲ ਸਕੱਤਰ ਇੰਸਪੈਕਟਰ ਪਰਮਜੀਤ ਸਿੰਘ, ਸੀਨੀਅਰ ਮੀਤ ਪ੍ਰਧਾਨ ਲਖਵਿੰਦਰ ਸਿੰਘ, ਮੀਤ ਪ੍ਰਧਾਨ ਸੁਸ਼ੀਲ ਕੁਮਾਰ ਗਲਹੋਤਰਾ, ਕੌਮਾਂਤਰੀ ਜੂਡੋ ਖਿਡਾਰੀ ਤੇ ਕੈਸ਼ੀਅਰ ਇੰਸਪੈਕਟਰ ਬਲਵਿੰਦਰ ਸਿੰਘ, ਜੂਡੋ ਕੋਚ ਕਰਮਜੀਤ ਸਿੰਘ, ਕੌਮਾਂਤਰੀ ਜੂਡੋ ਖਿਡਾਰੀ ਇੰਸਪੈਕਟਰ ਪਵਨ ਕੁਮਾਰ, ਕਾਨੂੰਨਗੋ ਭੁਪਿੰਦਰ ਸਿੰਘ, ਏਐੱਸਆਈ ਧਰਮਵੀਰ ਸ਼ਰਮਾ, ਏਐੱਸਆਈ ਜਸਬੀਰ ਸਿੰਘ ਆਦਿ ਮੌਜੂਦ ਸਨ।



# ਸੱਭਿਆਚਾਰਕ ਮੇਲੇ ਦਾ ਪੋਸਟਰ ਜਾਰੀ

**ਟਾਂਡਾ ਉੜਮੁੜ, (ਜਸਵੀਰ ਕਾਜਲ)**-ਪਿੰਡ ਨੈਣੋਵਾਲ ਵੈਦ ਵਿਖੇ ਸਥਿਤ ਬਾਬਾ ਜਾਹਰ ਪੀਰ ਦੇ ਅਸਥਾਨ 'ਤੇ 21 ਮਈ ਨੂੰ ਕਰਵਾਏ ਜਾਣ ਵਾਲੇ ਸੱਭਿਆਚਾਰਕ ਮੇਲੇ ਦਾ ਪ੍ਰਬੰਧਕ ਸੇਵਾਦਾਰਾਂ ਵੱਲੋਂ ਪੋਸਟਰ ਜਾਰੀ ਕੀਤਾ ਗਿਆ। ਮੁੱਖ ਸੇਵਾਦਾਰ ਗੁਰਜੀਤ ਸਿੰਘ, ਜਸਵੰਤ ਸਿੰਘ ਢਿੱਲੋਂ, ਬਲਜਿੰਦਰ ਸਿੰਘ ਢਿੱਲੋਂ, ਜਸਵਿੰਦਰ ਸਿੰਘ ਢਿੱਲੋਂ, ਦਵਿੰਦਰ ਮਹਿਮੀ, ਮਨਵੀਰ ਸਿੰਘ, ਸੁਰਿੰਦਰ ਲੱਬੀ, ਕੁਲਦੀਪ ਸਿੰਘ, ਸਨੀ ਕੁਮਾਰ ਨੇ ਪੋਸਟਰ ਜਾਰੀ ਕਰਦੇ ਹੋਏ ਦੱਸਿਆ ਕਿ ਮੇਲਾ ਸਰਪ੍ਰਸਤ ਨੰਬਰਦਾਰ ਬਲਦੇਵ ਸਿੰਘ ਢਿੱਲੋਂ ਦੀ ਸਰਪ੍ਰਸਤੀ ਹੇਠ ਜਸਵੰਤ ਸਿੰਘ ਢਿੱਲੋਂ, ਬਲਜਿੰਦਰ ਸਿੰਘ ਢਿੱਲੋਂ, ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ ਤੇ ਪ੍ਰਵਾਸੀ ਭਾਰਤੀਆਂ ਦੇ ਸਹਿਯੋਗ ਨਾਲ ਕਰਵਾਏ ਜਾਕੇ ਕਰਵਾਏ ਜਾ ਰਹੇ । ਇਸ ਸੱਭਿਆਚਾਰਕ ਮੇਲੇ ਦੌਰਾਨ ਸਭ ਤੋਂ ਪਹਿਲਾਂ ਪੀਰਾਂ ਦੀ ਦਰਗਾਹ 'ਤੇ ਚਾਦਰ ਤੇ ਝੰਡਾ ਚੜ੍ਹਾਉਣ ਦੀ ਰਸਮ ਅਦਾ ਕੀਤੀ ਜਾਵੇਗੀ। ਪ੍ਰਬੰਧਕਾਂ ਨੇ ਹੋਰ ਦੱਸਿਆ ਕਿ ਸੱਭਿਆਚਾਰਕ ਮੇਲੇ ਦੌਰਾਨ ਐੱਸ ਬੀ ਆਈ ਦੇ ਸੇਵਾ ਮੁਕਤ ਮੈਨੇਜਰ ਜਸਵੀਰ ਸਿੰਘ ਮਹਿਮੀ, ਪੀਰ ਬਾਬਾ ਕੱਲੂ ਸ਼ਾਹ ਜੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਨੰਬਰਦਾਰ ਸਤਨਾਮ ਸਿੰਘ ਢਿੱਲੋਂ ਤੇ ਸਰਪੰਚ ਨਰਿੰਦਰ ਸਿੰਘ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਣਗੇ।

# ਗਤਕਾ ਚੈਂਪੀਅਨਸ਼ਿਪ ਮੁਕਾਬਲੇ 'ਚ ਅਕੈਡਮਿਕ ਹਾਈਟਸ ਪਬਲਿਕ ਸਕੂਲ ਨੇ ਗੱਡੇ ਝੰਡੇ

**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**
ਸਪ੍ਰਿੰਗ ਫੀਲਡ ਪਬਲਿਕ ਸਕੂਲ, ਅੰਮ੍ਰਿਤਸਰ ਵਿਖੇ ਕਰਵਾਈ ਗਈ ਗਤਕਾ ਚੈਂਪੀਅਨਸ਼ਿਪ ਵਿੱਚ ਅਕੈਡਮਿਕ ਹਾਈਟਸ ਪਬਲਿਕ ਸਕੂਲ, ਅਜਨਾਲਾ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕਈ ਇਨਾਮ ਆਪਣੇ ਨਾਮ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ।ਜਮਾਤ ਪੰਜਵੀਂ ਦੀ ਵਿਦਿਆਰਥਣ ਮਹਿਕਪ੍ਰੀਤ ਕੌਰ ਨੇ ਅੰਡਰ-11 ਕਿਰਪਾਨ ਮੁਕਾਬਲੇ ਵਿੱਚ ਪਹਿਲਾ ਸਥਾਨ ਹਾਸਲ ਕੀਤਾ। ਪੰਜਵੀਂ ਦੀ ਵਿਦਿਆਰਥਣ ਅੰਤਰਵੀਰ ਕੌਰ ਨੇ ਅੰਡਰ-11 ਸਿੰਗਲ ਸੋਟੀ ਮੁਕਾਬਲੇ ਵਿੱਚ ਦੂਸਰਾ ਸਥਾਨ ਪ੍ਰਾਪਤ ਕੀਤਾ।ਇਸ ਤੋਂ ਇਲਾਵਾ ਬਚਪਨ ਅਤੇ ਅਕੈਡਮਿਕ ਹਾਈਟਸ ਪਬਲਿਕ ਸਕੂਲ, ਅਜਨਾਲਾ ਦੀਆਂ ਲੜਕੀਆਂ ਦੀ ਟੀਮ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਹਾਸਲ ਕੀਤਾ ਅਤੇ ਫਸਟ ਪ੍ਰਾਈਜ਼ ਟਰਾਫੀ ਆਪਣੇ ਨਾਮ ਕੀਤੀ।ਸਕੂਲ ਦੇ ਐੱਮ. ਡੀ. ਸੰਤੋਸ਼ ਬਜਾਜ, ਅਕੈਡਮਿਕ ਹਾਈਟਸ ਪਬਲਿਕ ਸਕੂਲ, ਅਜਨਾਲਾ ਦੇ ਪ੍ਰਿੰਸੀਪਲ ਅੰਸ਼ ਬਜਾਜ ਅਤੇ ਪ੍ਰਿੰਸੀਪਲ ਮੈਡਮਮੋ ਨਿਕਾ ਖੋਖਰ ਵੱਲੋਂ ਜੇਤੂ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕੀਤੀ ਗਈ ਅਤੇ ਉਨ੍ਹਾਂ ਨੂੰ ਖੇਡਾਂ ਵਿੱਚ ਹੋਰ ਵੱਧ ਚੜ੍ਹ ਕੇ ਭਾਗ ਲੈਣ ਲਈ ਪ੍ਰੇਰਿਤ ਕੀਤਾ ਗਿਆ।ਸਕੂਲ ਸਟਾਫ ਮੈਂਬਰ ਰਿੰਕੀ, ਰੀਨਾ, ਜੋਬਨਜੀਤ, ਨਵਜੀਤ, ਜਗਰੂਪ, ਪ੍ਰਭਜੀਤ, ਅਮਨਦੀਪ, ਸੁਖਪ੍ਰੀਤ, ਸੰਦੀਪ ਅਤੇ ਨਵਰਾਜ ਵੱਲੋਂ ਵੀ ਵਿਦਿਆਰਥੀਆਂ ਨੂੰ ਦਿਲੋਂ ਵਧਾਈਆਂ ਦਿੱਤੀਆਂ ਗਈਆਂ।



# ਸੈਂਚੁਰੀ ਦੇ ਨੇੜੇ

ਜਦੋਂ ਨਰਿੰਦਰ ਮੋਦੀ ਪ੍ਰਧਾਨ ਮੰਤਰੀ ਬਣੇ ਤਾਂ ਇੱਕ ਡਾਲਰ ਦੀ ਕਦਰ ਲੱਗਭੱਗ 59 ਰੁਪਏ ਸੀ। ਹੁਣ ਡਾਲਰ 96 ਰੁਪਏ ਤੋਂ ਉੱਪਰ ਹੋ ਗਿਆ ਹੈ। ਮੋਦੀ ਦੇ ਕਾਰਜਕਾਲ ਦੌਰਾਨ ਡਾਲਰ ਦੇ ਮੁਕਾਬਲੇ ਰੁਪਏ ਦੀ ਕਦਰ ਵਿੱਚ 64 ਪ੍ਰਤੀਸ਼ਤ ਦੀ ਗਿਰਾਵਟ ਆਈ ਹੈ। ਡਾ. ਮਨਮੋਹਨ ਸਿੰਘ ਵੇਲੇ ਰੁਪਈਆ ਕਮਜ਼ੋਰ ਹੋਣ 'ਤੇ ਮੋਦੀ ਨੇ ਹੀ ਕਿਹਾ ਸੀ ਕਿ ਜਦੋਂ ਰੁਪਿਆ ਡਿਗਦਾ ਹੈ, ਤਾਂ ਦੇਸ਼ ਦਾ ਮਾਣ ਡਿਗਦਾ ਹੈ। ਅਰਥਸ਼ਾਸਤਰੀ ਅਤੇ ਬਾਜ਼ਾਰ ਮਾਹਰ ਤਾਂ ਇਹ ਕਹਿ ਰਹੇ ਹਨ ਕਿ ਛੇਤੀ ਹੀ ਇੱਕ ਡਾਲਰ 100 ਰੁਪਏ ਦਾ ਹੋ ਜਾਵੇਗਾ। ਭਾਰਤ ਸਰਕਾਰ ਬੁਨਿਆਦੀ ਕਮਜ਼ੋਰੀਆਂ ਕਰਕੇ ਇਸ ਗਿਰਾਵਟ ਨੂੰ ਰੋਕਣ ਦੇ ਅਸਮਰੱਥ ਹੈ। ਭਾਰਤ ਦਾ ਮੌਜੂਦਾ ਵਿਦੇਸ਼ੀ ਮੁਦਰਾ ਭੰਡਾਰ ਲੱਗਭੱਗ 696.99 ਅਰਬ ਡਾਲਰ ਹੈ। ਇਹ ਅੰਕੜਾ ਮਈ 2026 ਵਿੱਚ ਭਾਰਤੀ ਰਿਜ਼ਰਵ ਬੈਂਕ ਨੇ ਦਿੱਤਾ ਸੀ। ਪਿਛਲੇ ਤਿੰਨ ਮਹੀਨਿਆਂ ਵਿੱਚ, ਇਸ ਵਿੱਚ ਲੱਗਭੱਗ 38 ਅਰਬ ਡਾਲਰ ਦੀ ਗਿਰਾਵਟ ਆਈ ਹੈ। ਦੁਨੀਆ-ਭਰ ਦੇ ਅਰਥਸ਼ਾਸਤਰੀ ਭਵਿੱਖਬਾਣੀ ਕਰਦੇ ਹਨ ਕਿ ਇਹ ਗਿਰਾਵਟ ਜਾਰੀ ਰਹੇਗੀ ਜਾਂ ਵਿਦੇਸ਼ੀ ਮੁਦਰਾ ਭੰਡਾਰ ਛੇਤੀ ਹੀ ਨਹੀਂ ਵਧੇਗਾ।

ਪ੍ਰਧਾਨ ਮੰਤਰੀ ਨੇ ਖੁਦ ਇਸ ਮੁੱਖ ਕਾਰਨ ਕਰਕੇ ਸੋਨਾ ਨਾ ਖਰੀਦਣ, ਊਰਜਾ ਦੀ ਖਪਤ ਘਟਾਉਣ, ਵਿਦੇਸ਼ ਯਾਤਰਾ ਘਟਾਉਣ ਤੇ ਖਾਦ (ਯੂਰੀਆ ਆਦਿ) ਦੀ ਵਰਤੋਂ ਘਟਾਉਣ ਦੀ ਅਪੀਲ ਕੀਤੀ ਹੈ, ਕਿਉਂਕਿ ਵਿਦੇਸ਼ੀ ਮੁਦਰਾ, ਖਾਸ ਕਰਕੇ ਡਾਲਰ, ਇਨ੍ਹਾਂ ਚਾਰ ਚੀਜ਼ਾਂ 'ਤੇ ਖਰਚ ਹੁੰਦੇ ਹਨ। ਜੇ ਵਿਦੇਸ਼ੀ ਮੁਦਰਾ ਭੰਡਾਰ ਡਿਗ ਰਿਹਾ ਹੈ ਅਤੇ ਲਗਾਤਾਰ ਡਿਗ ਰਿਹਾ ਹੈ, ਤਾਂ ਰਿਜ਼ਰਵ ਬੈਂਕ ਬਾਜ਼ਾਰ ਵਿੱਚ ਡਾਲਰ ਸੁੱਟ ਕੇ ਰੁਪਏ ਦੀ ਗਿਰਾਵਟ ਨੂੰ ਰੋਕ ਸਕਦੀ ਹੈ, ਪਰ ਉਸ ਦੇ ਹੱਥ ਪੂਰੀ ਤਰ੍ਹਾਂ ਬੰਨ੍ਹੇ ਹੋਏ ਹਨ। ਜੇ ਇਹ ਡਾਲਰ ਦਾ ਪ੍ਰਵਾਹ ਵਧਾਉਂਦੀ ਹੈ, ਤਾਂ ਵਿਦੇਸ਼ੀ ਮੁਦਰਾ ਭੰਡਾਰ ਹੋਰ ਵੀ ਤੇਜ਼ੀ ਨਾਲ ਡਿੱਗੇਗਾ। ਸਿਰਫ ਜਨਵਰੀ 2026 ਤੋਂ ਹੀ, ਵਿਦੇਸ਼ੀ ਨਿਵੇਸ਼ਕਾਂ ਖਾਸ ਕਰਕੇ ਵਿਦੇਸ਼ੀ ਪੋਰਟਫੋਲੀਓ ਨਿਵੇਸ਼ਕਾਂ (ਐੱਫ ਪੀ ਆਈ/ਐੱਫ ਆਈ ਆਈ) ਨੇ ਭਾਰਤੀ ਸਟਾਕ ਮਾਰਕੀਟ ਤੋਂ ਕਾਫੀ ਨਿਕਾਸੀ ਕੀਤੀ ਹੈ। ਵਿਦੇਸ਼ੀ ਨਿਵੇਸ਼ਕਾਂ ਨੇ ਮਈ ਤੱਕ ਭਾਰਤੀ ਇਕੁਇਟੀ ਬਾਜ਼ਾਰ ਤੋਂ ਲੱਗਭੱਗ 2.2 ਲੱਖ ਕਰੋੜ ਰੁਪਏ (2.2 ਟ੍ਰਿਲੀਅਨ) ਦੀ ਰਕਮ ਕੱਢ ਲਈ ਹੈ। ਡਾਲਰਾਂ ਵਿੱਚ ਇਹ ਰਕਮ ਲੱਗਭੱਗ 25-26 ਅਰਬ ਅਮਰੀਕੀ ਡਾਲਰ ਦੇ ਬਰਾਬਰ ਹੈ। ਸਿਰਫ ਜਨਵਰੀ ਵਿੱਚ ਹੀ ਲੱਗਭੱਗ 35,962 ਕਰੋੜ ਦੀ ਨਿਕਾਸੀ ਕੀਤੀ ਗਈ। ਅਪ੍ਰੈਲ ਤੱਕ, ਕੁੱਲ ਨਿਕਾਸੀ ਲੱਗਭੱਗ 1.92 ਲੱਖ ਕਰੋੜ ਤੱਕ ਪਹੁੰਚ ਗਈ ਸੀ। ਇਸ ਦੇ ਦੋ ਕਾਰਨ ਹਨ : ਪਹਿਲਾ, ਨਿਵੇਸ਼ਕ ਭਾਰਤੀ ਅਰਥਵਿਵਸਥਾ ਦੇ ਭਵਿੱਖ ਬਾਰੇ ਅਨਿਸਚਿਤ ਹਨ। ਉਹ ਦੂਜੇ ਦੇਸ਼ਾਂ ਵਿੱਚ ਨਿਵੇਸ਼ ਕਰਨਾ ਵਧੇਰੇ ਲਾਭਦਾਇਕ ਅਤੇ ਸੁਰੱਖਿਅਤ ਸਮਝਦੇ ਹਨ। ਵਪਾਰ ਘਾਟੇ ਵਾਲੇ ਦੇਸ਼ਾਂ ਵਿੱਚ, ਵਿਦੇਸ਼ੀ ਨਿਵੇਸ਼ ਸੁਰੱਖਿਅਤ ਪੱਧਰ 'ਤੇ ਭੰਡਾਰ ਨੂੰ ਵਧਾਉਣ ਅਤੇ ਬਣਾਈ ਰੱਖਣ ਦਾ ਇੱਕ ਵੱਡਾ ਸਰੋਤ ਹੈ।

ਭਾਰਤ ਦਾ ਵਪਾਰ ਘਾਟਾ 2025-26 ਵਿੱਚ ਪ੍ਰਤੀ ਮਹੀਨਾ ਲੱਗਭੱਗ 25-30 ਅਰਬ ਡਾਲਰ ਰਹੇਗਾ। ਇਸ ਦਾ ਮਤਲਬ ਹੈ ਕਿ ਭਾਰਤ ਪ੍ਰਤੀ ਮਹੀਨਾ ਵਸਤੂਆਂ ਅਤੇ ਸੇਵਾਵਾਂ ਦੇ ਨਿਰਯਾਤ ਅਤੇ ਵਿਦੇਸ਼ਾਂ ਵਿੱਚ ਕੰਮ ਕਰਨ ਵਾਲੇ ਭਾਰਤੀਆਂ ਤੋਂ ਪੈਸੇ ਪ੍ਰਾਪਤ ਕਰਨ ਨਾਲੋਂ 25-30 ਅਰਬ ਡਾਲਰ ਵੱਧ ਆਯਾਤ ਕਰੇਗਾ। ਇਸ ਨੂੰ ਚੀਨ ਦੀ ਮਿਸਾਲ ਨਾਲ ਦਰਸਾਇਆ ਜਾ ਸਕਦਾ ਹੈ। ਭਾਰਤ ਚੀਨ ਨੂੰ ਸਿਰਫ 16 ਤੋਂ 18 ਅਰਬ ਡਾਲਰ ਦਾ ਨਿਰਯਾਤ ਕਰਦਾ ਹੈ, ਜਦੋਂ ਕਿ ਆਯਾਤ 100 ਤੋਂ 110 ਅਰਬ ਡਾਲਰ ਦਾ ਕਰਦਾ ਹੈ। ਚੀਨ ਨਾਲ ਭਾਰਤ ਦਾ ਵਪਾਰ ਘਾਟਾ ਲੱਗਭੱਗ 90-100 ਅਰਬ ਡਾਲਰ ਤੱਕ ਪਹੁੰਚ ਗਿਆ ਹੈ। ਭਾਰਤੀ ਵਿਦੇਸ਼ਾਂ ਤੋਂ ਜੋ ਪੈਸਾ ਭੇਜ ਰਹੇ ਹਨ, ਉਸ ਦਾ ਇੱਕ ਵੱਡਾ ਹਿੱਸਾ ਖਾੜੀ ਦੇਸ਼ਾਂ ਵਿੱਚ ਕੰਮ ਕਰਨ ਵਾਲੇ ਭਾਰਤੀਆਂ ਦਾ ਹੈ, ਉਨ੍ਹਾਂ ਦੀਆਂ ਨੌਕਰੀਆਂ ਅਤੇ ਪੈਸਾ ਦੋਵੇਂ ਇਸ ਸਮੇਂ ਡੂੰਘੇ ਸੰਕਟ ਵਿੱਚ ਹਨ।

ਡਾਲਰ ਦੇ ਮੁਕਾਬਲੇ ਭਾਰਤੀ ਰੁਪਏ ਦੀ ਕਦਰ ਡਿਗਣ ਦਾ ਮਤਲਬ ਇਹ ਨਹੀਂ ਹੈ ਕਿ ਡਾਲਰ ਮਜ਼ਬੂਤ ਜਾਂ ਹੋਰ ਸ਼ਕਤੀਸ਼ਾਲੀ ਹੋ ਰਿਹਾ ਹੈ। ਸਚਾਈ ਇਹ ਹੈ ਕਿ ਅਮਰੀਕੀ ਡਾਲਰ ਜ਼ਿਆਦਾਤਰ ਮੁਦਰਾਵਾਂ ਦੇ ਮੁਕਾਬਲੇ ਲਗਾਤਾਰ ਕਮਜ਼ੋਰ ਹੋ ਰਿਹਾ ਹੈ। ਹਾਲਾਂਕਿ, ਇਹ ਰੁਪਏ ਦੇ ਮੁਕਾਬਲੇ ਲਗਾਤਾਰ ਮਜ਼ਬੂਤੀ ਪ੍ਰਾਪਤ ਕਰ ਰਿਹਾ ਹੈ। ਜਨਵਰੀ ਵਿੱਚ ਡਾਲਰ ਇੰਡੈਕਸ ਲੱਗਭੱਗ 96 ਤੱਕ ਡਿਗ ਗਿਆ, ਜੋ ਕਿ ਲੱਗਭੱਗ 4 ਸਾਲਾਂ ਵਿੱਚ ਇਸ ਦਾ ਸਭ ਤੋਂ ਹੇਠਲਾ ਪੱਧਰ ਹੈ। ਯੂਰੋ, ਪੌਂਡ ਅਤੇ ਕਈ ਉੱਭਰਦੀਆਂ ਅਰਥਵਿਵਸਥਾਵਾਂ ਦੀਆਂ ਮੁਦਰਾਵਾਂ ਡਾਲਰ ਦੇ ਮੁਕਾਬਲੇ ਮਜ਼ਬੂਤ ਹੋਈਆਂ।

ਭਾਰਤੀ ਅਰਥਵਿਵਸਥਾ ਦੀ ਕਮਜ਼ੋਰੀ ਦੇ ਦੋ ਸਭ ਤੋਂ ਵੱਡੇ ਸਬੂਤ ਹਨ : ਪਹਿਲਾ, ਵਿਦੇਸ਼ੀ ਨਿਵੇਸ਼ ਵਿੱਚ ਲਗਾਤਾਰ ਗਿਰਾਵਟ ਅਤੇ ਵਿਦੇਸ਼ੀ ਨਿਵੇਸ਼ਕਾਂ ਵੱਲੋਂ ਪੈਸੇ (ਡਾਲਰਾਂ ਵਿੱਚ) ਦੀ ਲਗਾਤਾਰ ਨਿਕਾਸੀ। ਦੂਜਾ, ਘਰੇਲੂ ਨਿੱਜੀ ਨਿਵੇਸ਼ਕ ਭਾਰਤ ਵਿੱਚ ਨਿਵੇਸ਼ ਨਹੀਂ ਕਰ ਰਹੇ। ਕਾਰਪੋਰੇਟ ਮੁਨਾਫਾ ਲਗਾਤਾਰ ਵਧ ਰਿਹਾ ਹੈ, ਪਰ ਨਿੱਜੀ ਨਿਵੇਸ਼ਕ ਲੋੜੀਂਦੀ ਮਾਤਰਾ ਵਿੱਚ ਨਿਵੇਸ਼ ਨਹੀਂ ਕਰ ਰਹੇ।

ਸੱਚਾਈ ਇਹ ਹੈ ਕਿ ਜਨਤਕ ਨਿਵੇਸ਼ ਭਾਰਤੀ ਅਰਥਵਿਵਸਥਾ ਦਾ ਮੁੱਖ ਇੰਜਣ ਬਣਿਆ ਹੋਇਆ ਹੈ। ਮੋਦੀ ਸਰਕਾਰ ਬੁਨਿਆਦੀ ਢਾਂਚੇ ਵਿੱਚ ਭਾਰੀ ਨਿਵੇਸ਼ ਕਰ ਰਹੀ ਹੈ, ਜਨਤਕ ਟੈਕਸ ਦੇ ਪੈਸੇ ਦੀ ਵਰਤੋਂ ਕਰ ਰਹੀ ਹੈ, ਜਨਤਕ ਸੰਪਤੀਆਂ ਵੇਚ ਰਹੀ ਹੈ, ਕੁਦਰਤੀ ਸਰੋਤ ਕਾਰਪੋਰੇਸ਼ਨਾਂ ਨੂੰ ਸੌਂਪ ਰਹੀ ਹੈ, ਅਤੇ ਮੌਜੂਦਾ ਜਨਤਕ ਫੰਡਾਂ (ਬੈਂਕ ਰਿਜ਼ਰਵ ਆਦਿ) ਦੀ ਵਰਤੋਂ ਕਰ ਰਹੀ ਹੈ।

ਕਈ ਸਾਲਾਂ ਤੋਂ ਘਰੇਲੂ ਅਤੇ ਵਿਦੇਸ਼ੀ ਨਿਵੇਸ਼ਕ ਭਾਰਤ ਵਿੱਚ ਨਿਵੇਸ਼ ਕਰਨ ਤੋਂ ਝਿਜਕਦੇ ਰਹੇ ਹਨ, ਕਿਉਂਕਿ ਸਾਰੇ ਪ੍ਰਭਾਵਸ਼ਾਲੀ ਜੀ ਡੀ ਪੀ (ਕੁੱਲ ਘਰੇਲੂ ਪੈਦਾਵਾਰ) ਅੰਕੜਿਆਂ ਦੇ ਬਾਵਜੂਦ, ਭਾਰਤ ਦੀ ਆਰਥਿਕਤਾ ਦੇ ਮੁੱਖ ਆਧਾਰ 'ਨਿਰਮਾਣ' ਦਾ ਹਿੱਸਾ ਜੀ ਡੀ ਪੀ ਦੇ 13 ਤੋਂ 15 ਪ੍ਰਤੀਸ਼ਤ ਦੇ ਵਿਚਕਾਰ ਚਲਿਆ ਆ ਰਿਹਾ ਹੈ। ਵਰਤਮਾਨ ਵਿੱਚ ਇਹ ਘਟ ਕੇ 13 ਪ੍ਰਤੀਸ਼ਤ ਹੋ ਗਿਆ ਹੈ। ਭਾਰਤ ਏ ਆਈ, ਗਰੀਨ ਐਨਰਜੀ, ਬੈਟਰੀਆਂ, ਰੋਬੋਟਿਕਸ, ਇਲੈਕਟ੍ਰਿਕ ਵਾਹਨ, ਚਿਪਸ ਅਤੇ ਦੁਰਲੱਭ ਖਣਿਜਾਂ ਵਰਗੀਆਂ ਆਧੁਨਿਕ ਤਕਨਾਲੋਜੀਆਂ ਦੇ ਵਿਕਾਸ ਤੇ ਉਤਪਾਦਨ ਵਿੱਚ ਬਹੁਤ ਪਿੱਛੇ ਰਹਿ ਗਿਆ ਹੈ। ਨਿੱਜੀ ਖਪਤ, ਜਾਂ ਮੰਗ, ਜੋ ਕਿ ਭਾਰਤ ਦੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਹੈ (50 ਪ੍ਰਤੀਸ਼ਤ ਤੋਂ ਵੱਧ), ਵਧ ਨਹੀਂ ਰਹੀ।

ਕੁਝ ਲੋਕਾਂ ਦੀਆਂ ਜੇਬਾਂ ਵਿੱਚ ਬਹੁਤ ਸਾਰਾ ਪੈਸਾ ਹੈ, ਪਰ ਜ਼ਿਆਦਾਤਰ ਦੇ ਬੋਝੇ ਖਾਲੀ ਹਨ, ਜਾਂ ਮੱਧ ਵਰਗ, ਜਿਸ ਕੋਲ ਜੋ ਵੀ ਥੋੜ੍ਹਾ ਜਿਹਾ ਪੈਸਾ ਹੈ, ਭਵਿੱਖ ਲਈ ਬਚਾ ਰਿਹਾ ਹੈ, ਭਵਿੱਖ ਦੀ ਅਸੁਰੱਖਿਆ ਦੇ ਡਰੋਂ। ਭਾਰਤ ਵਿੱਚ ਇੱਕ ਛੋਟਾ ਜਿਹਾ ਵਰਗ, ਅਮੀਰ, ਵੱਡੇ ਪੱਧਰ 'ਤੇ ਖਰੀਦਦਾਰੀ ਕਰ ਰਿਹਾ ਹੈ। ਇਸ ਦਾ ਸਪੱਸ਼ਟ ਸੰਕੇਤ ਇਹ ਹੈ ਕਿ ਵੱਡੀਆਂ ਅਤੇ ਮਹਿੰਗੀਆਂ ਕਾਰਾਂ ਚੋਖੀਆਂ ਵਿਕ ਰਹੀਆਂ ਹਨ, ਜਦੋਂ ਕਿ ਛੋਟੀਆਂ ਅਤੇ ਬਜਟ ਕਾਰਾਂ ਦੇ ਖਰੀਦਦਾਰ ਘਟ ਰਹੇ ਹਨ। ਰੁਪਏ ਦੀ ਲਗਾਤਾਰ ਗਿਰਾਵਟ ਭਾਰਤ ਦੀ ਆਰਥਿਕਤਾ ਦੀਆਂ ਬੁਨਿਆਦੀ ਕਮਜ਼ੋਰੀਆਂ ਦਾ ਇੱਕ ਠੋਸ ਪ੍ਰਤੀਕ ਹੈ। ਇੱਕ ਵਿਕਸਤ ਦੇਸ਼ ਬਣਾਉਣ ਦਾ ਦਾਅਵਾ ਸਿਰਫ ਇੱਕ ਜੁਮਲਾ ਹੈ। ਅਸਲੀਅਤ ਇਹ ਹੈ ਕਿ ਅਸੀਂ ਬਚਾਅ ਦੇ ਸੰਕਟ ਨਾਲ ਜੂਝ ਰਹੇ ਹਾਂ।

# ਸੰਘਰਸ਼ ਤੇ ਮਨੁੱਖ ਦਾ ਜੀਵਨ ਚੱਕਰ



ਗੁਰਚਰਨ ਸਿੰਘ ਨੂਰਪੁਰ

ਯੂਨਾਨ ਦੀਆਂ ਪੌਰਾਣਿਕ ਮਿਥਿਹਾਸਕ ਕਥਾਵਾਂ ਵਿੱਚ ਸਿਸੀਫਸ ਨਾਂਅ ਦੇ ਪਾਤਰ ਦੀ ਇੱਕ ਕਥਾ ਹੈ। ਇਸ ਕਥਾ ਵਿੱਚ ਸਿਸੀਫਸ ਦੀ ਛਲ-ਕਪਟ ਕਰਨ ਦੀ ਮਨੋਬਿਰਤੀ ਕਾਰਨ ਦੇਵਤਿਆਂ ਨੇ ਉਸ ਨੂੰ ਦੇਵ-ਲੋਕ ਵਿੱਚੋਂ ਕੱਢ ਦਿੱਤਾ ਅਤੇ ਇਸ ਨੂੰ ਇੱਕ ਬੜੀ ਅਜੀਬ ਸਜ਼ਾ ਦਿੱਤੀ। ਇਸ ਸਜ਼ਾ ਵਿੱਚ ਸਿਸੀਫਸ ਬੜੀ ਮੁਸ਼ੱਕਤ ਨਾਲ ਖੂਨ-ਪਸੀਨਾ ਇੱਕ ਕਰਕੇ ਇੱਕ ਭਾਰੀ ਪੱਥਰ ਨੂੰ ਸਾਰਾ ਦਿਨ ਰੇੜ੍ਹ ਕੇ ਸ਼ਾਮ ਤੱਕ ਇੱਕ ਪਹਾੜੀ ਦੇ ਸਿਖਰ ਤੱਕ ਲੈ ਕੇ ਜਾਂਦਾ ਹੈ, ਜਿਉਂ ਹੀ ਪੱਥਰ ਪਹਾੜੀ ਦੇ ਸਿਖਰ ਤੱਕ ਪਹੁੰਚਦਾ ਤਾਂ ਪੱਥਰ ਬੇਕਾਬੂ ਹੋ ਕੇ ਫਿਰ ਹੇਠ ਰਿੜ੍ਹ ਜਾਂਦਾ। ਹਰ ਦਿਨ, ਹਰ ਵਾਰ ਸਿਸੀਫਸ ਭਾਰੀ ਪੱਥਰ ਨੂੰ ਸਾਰਾ ਤਾਣ ਲਾ ਕੇ ਸਿਖਰ ਤੱਕ ਲੈ ਕੇ ਜਾਣ ਦੀ ਕੋਸ਼ਿਸ਼ ਕਰਦਾ, ਪਰ ਹਰ ਵਾਰ ਪੱਥਰ ਸਿਖਰ 'ਤੇ ਜਾ ਕੇ ਹੇਠਾਂ ਵੱਲ ਖਿਸਕ ਆਉਂਦਾ। ਕਥਾ ਅਨੁਸਾਰ ਉਹਦੀ ਇਸ ਸਜ਼ਾ ਦਾ ਸਿਲਸਿਲਾ ਅਨੰਤਕਾਲ, ਸਦੀਆਂ ਤੱਕ ਚਲਦਾ ਹੈ।

ਵਿਦਵਾਨ ਆਖਦੇ ਹਨ ਕਿ ਇਹ ਕਥਾ ਕਿਸੇ ਸਿਸੀਫਸ ਰਾਜੇ ਦੀ ਕਥਾ ਨਹੀਂ, ਹਕੀਕਤ ਵਿੱਚ ਇਹ ਕਹਾਣੀ ਹਰ ਮਨੁੱਖ ਦੀ ਕਹਾਣੀ ਹੈ। ਮਨੁੱਖੀ ਜੀਵਨ ਦੇ ਸੰਘਰਸ਼ ਦੀ ਕਹਾਣੀ ਹੈ। ਸਾਡੀ ਹਰੇਕ ਦੀ ਇਹੋ ਕਹਾਣੀ ਹੈ। ਜੀਵਨ ਭਰ ਮਨੁੱਖ ਆਪਣੀਆਂ ਜ਼ਿੰਮੇਵਾਰੀਆਂ ਤੇ ਫਰਜ਼ਾਂ ਦੇ ਪੱਥਰ ਨੂੰ ਰੇੜ੍ਹਦਾ ਹੈ, ਰਸਤੇ ਵਿੱਚ ਅਨੇਕਾਂ ਚੁਣੌਤੀਆਂ, ਮੁਸ਼ਕਲਾਂ, ਪ੍ਰੇਸ਼ਾਨੀਆਂ ਅਤੇ ਦੁੱਖਾਂ ਕਸ਼ਟਾਂ ਨਾਲ ਬੰਦੇ ਦਾ ਵਾਹ ਪੈਂਦਾ ਹੈ। ਜਿਉਂ ਹੀ ਮਨੁੱਖ ਆਪਣੇ ਜੀਵਨ ਦੇ ਪੱਥਰ ਨੂੰ ਸਿਖਰ ਵੱਲ ਲੈ ਕੇ ਜਾਣ ਦੀ ਕੋਸ਼ਿਸ਼ ਕਰਦਾ ਹੈ ਤਾਂ ਲੱਗਦਾ ਹੈ ਸਮਾਂ, ਦੌਲਤ, ਸਿਹਤ ਤੇ ਤਜਰਬਾ ਸਭ ਕੁਝ ਹੱਥਾਂ ਵਿੱਚੋਂ ਨਿਕਲ ਗਿਆ।

ਦੁਨੀਆ ਦੇ ਪ੍ਰਸਿੱਧ ਵਿਦਵਾਨ ਫਿਲਾਸਫਰ ਅਲਬਰਟ ਕਾਮੂ ਨੇ ਇਸ ਕਹਾਣੀ 'ਤੇ ਅਧਾਰਤ ਆਪਣੀ ਇੱਕ ਕਿਤਾਬ "ਦਾ ਮਿੱਥ ਆਫ ਸਿਸੀਫਸ" ਲਿਖੀ। ਇਸ ਕਿਤਾਬ ਵਿੱਚ ਉਸ ਨੇ ਮਨੁੱਖ ਨੂੰ ਬੜੇ ਮਹੱਤਵਪੂਰਨ, ਵਿਚਾਰਾਂ, ਸਵਾਲਾਂ ਦੇ ਰੂਬਰੂ ਕੀਤਾ। ਉਹ ਲਿਖਦਾ ਹੈ ਇਸ ਪੌਰਾਣਕ ਕਥਾ ਦੇ ਮੁੱਖ ਪਾਤਰ ਸਿਸੀਫਸ ਦਾ ਸਵੈਮਾਣ ਇਸੇ ਵਿੱਚ ਹੈ ਕਿ ਉਹ ਆਪਣੇ ਜੀਵਨ ਦੀ ਚੁਣੌਤੀ ਨੂੰ ਕਿਵੇਂ ਵੱਡੇ ਜ਼ੇਰੇ ਨਾਲ ਸਵੀਕਾਰ ਕਰਦਾ ਹੈ। ਉਸ ਦਾ ਭਾਵ ਹੈ ਕਿ ਮਨੁੱਖ ਨੂੰ ਅਡੋਲ ਰਹਿ ਕੇ ਆਪਣੀ ਜ਼ਿੰਦਗੀ ਦੌਰਾਨ ਨਿਆਂ, ਇਨਸਾਫ, ਜੀਵਨ ਨੂੰ ਚੰਗੇਰਾ ਬਣਾਉਣ ਲਈ ਲਗਾਤਾਰ ਸੰਘਰਸ਼ ਕਰਦੇ ਰਹਿਣਾ ਚਾਹੀਦਾ ਹੈ।

ਆਦਿ-ਜੁਗਾਦ ਤੋਂ ਇਸ ਧਰਤੀ 'ਤੇ ਜੀਵਨ ਚੱਕਰ ਚਲਦਾ ਆਇਆ ਹੈ ਅਤੇ ਚੱਲ ਰਿਹਾ ਹੈ। ਧਰਤੀ 'ਤੇ ਜੀਵਾਂ ਦੇ ਪੈਦਾ ਹੋਣ ਤੇ ਬਿਨਸ ਜਾਣ ਦੀ ਪਰਿਕਿਰਿਆ ਵਿੱਚ ਅਸੀਂ ਸਾਰੇ ਇਸ ਦੁਨੀਆ ਦੇ ਇਸ ਕਾਫਲੇ ਦਾ ਕੁਝ ਸਮੇਂ ਲਈ ਹਿੱਸਾ ਬਣੇ ਹਾਂ। ਜੀਵਨ ਦੇ ਚੱਲ ਰਹੇ ਵਹਾਅ ਦੇ ਸਾਥੀ ਬਣੇ ਹਾਂ। ਇੱਕ ਨਿਸਚਿਤ ਸਮੇਂ ਮਗਰੋਂ ਅਸੀਂ ਸਭ ਨੇ ਇਸ ਕਾਫਲੇ ਨੂੰ ਸਦਾ ਲਈ ਅਲਵਿਦਾ ਆਖ ਜਾਣੀ ਹੈ। ਜੀਵਨ ਦਾ ਪ੍ਰਵਾਹ ਸਾਡੇ ਜਾਣ ਮਗਰੋਂ ਵੀ ਇਸੇ ਤਰ੍ਹਾਂ ਚਲਦਾ ਰਹੇਗਾ। ਇਹੋ ਹੀ ਦੁਨੀਆ ਦੇ ਸਾਰੇ ਮਨੁੱਖਾਂ ਦੀ ਜ਼ਿੰਦਗੀ ਦਾ ਸੱਚ ਹੈ। ਦੁਨੀਆ ਦੇ ਗ੍ਰੰਥ, ਸ਼ਾਸਤਰ ਵੀ ਇਸੇ ਗੱਲ 'ਤੇ ਜ਼ੋਰ ਦਿੰਦੇ ਹਨ ਕਿ ਸਾਡਾ ਇੱਥੇ ਰਹਿਣਾ ਇੱਕ ਸਮੇਂ ਲਈ ਹੈ ਅਤੇ ਇਸ ਸਮੇਂ ਦੇ ਮਹੱਤਵ ਨੂੰ ਸਾਨੂੰ ਜਾਣਨਾ, ਸਮਝਣਾ ਚਾਹੀਦਾ ਹੈ।

ਮਨੁੱਖੀ ਸੱਭਿਅਤਾ, ਜਿਸ ਪੜਾਅ 'ਤੇ ਪਹੁੰਚੀ ਹੈ, ਇੱਥੇ ਬਹੁਤ ਕੁਝ ਅਜਿਹਾ ਹੈ, ਜਿਸ ਦੀ ਉਸ ਨੂੰ ਲੋੜ ਨਹੀਂ ਬਹੁਤ ਕੁਝ ਅਜਿਹਾ ਹੈ ਜਿਸ ਤੋਂ ਆਮ ਮਨੁੱਖ ਵਿਰਵਾ ਹੈ। ਅਖੌਤੀ ਆਧੁਨਿਕਤਾ ਦੇ ਦੌਰ ਵਿੱਚ ਮਨੁੱਖ ਦਾ ਜ਼ਿਆਦਾ ਸਮਾਂ ਨਿਰਾਰਥਕ ਚੀਜ਼ਾਂ ਲਈ ਖਰਚ ਹੋ ਰਿਹਾ ਹੈ। 'ਬਨਾਉਟੀ ਸਮਝ, ਅਤੇ 'ਨੈਨੋ ਟੈਕਨੀਕ' ਦੇ ਇਸ ਦੌਰ ਵਿੱਚ ਅੰਧਵਿਸ਼ਵਾਸ਼ ਦਾ ਗਲਬਾ ਮਨੁੱਖੀ ਮਨ 'ਤੇ ਘਟਣ ਦੀ ਬਜਾਏ ਵਧ ਰਿਹਾ ਹੈ। ਰੂੜ੍ਹੀਵਾਦੀ ਪ੍ਰੰਪਰਾਵਾਂ, ਅੰਧਵਿਸ਼ਵਾਸਾਂ ਅਤੇ ਧਰਮ ਕਰਮ ਕਾਰਜਾਂ ਵਿੱਚ ਅੱਜ ਵੀ ਭੀੜਾਂ ਵਧ ਰਹੀਆਂ ਹਨ। ਸਮਾਜ ਦੀ ਬਹੁਗਿਣਤੀ ਗਿਆਨ ਵਿਗਿਆਨ ਦੇ ਇਸ ਯੁੱਗ ਵਿੱਚ ਵੀ ਪ੍ਰੰਪਰਾਵਾਦੀ ਰਾਹ ਨੂੰ ਆਪਣੀ ਮੁਕਤੀ ਦਾ ਰਾਹ ਸਮਝਦੀ ਹੈ, ਜਦਕਿ ਇਹ ਮਨੁੱਖ ਦੇ ਮਨੁੱਖ ਹੋਣ ਵਿੱਚ ਇੱਕ ਵੱਡੀ ਰੁਕਾਵਟ ਹੈ। ਇਸ ਰਾਹ 'ਤੇ ਚਲਦਿਆਂ ਅਸੀਂ ਦੁਨੀਆਂ ਨੂੰ ਉਹੋ ਜਿਹੀ ਨਹੀਂ ਬਣਾ ਸਕੇ, ਜਿਸ ਤਰ੍ਹਾਂ ਦੇ ਇਸ ਨੂੰ ਹੋਣਾ ਚਾਹੀਦਾ ਸੀ। ਵੱਖ-ਵੱਖ ਧਰਮਾਂ, ਫਿਰਕਿਆਂ ਵਿੱਚ ਵੰਡੀਆਂ ਭੀੜਾਂ ਨੇ ਆਪਣੇ ਆਪਣੇ ਧਰਮਾਂ, ਮਜ਼ਹਬਾਂ ਦੇ ਲੈਬਲ ਤਾਂ ਆਪਣੇ ਉੱਤੇ ਲਾ ਲਏ, ਪਰ ਇਹਨਾਂ ਤੋਂ ਉਪਰ ਉੱਠ ਕੇ ਮਨੁੱਖ ਮਨੁੱਖ ਨਹੀਂ ਬਣ ਸਕਿਆ। ਇਸੇ ਮਾਨਸਿਕਤਾ ਕਰਕੇ ਹੀ ਅੱਜ ਧਰਤੀ ਦੇ ਵੱਖ-ਵੱਖ ਖਿੱਤਿਆਂ ਵਿੱਚ ਲੜਾਈਆਂ, ਝਗੜੇ, ਕਤਲੋਗਾਰਤ ਹੋ ਰਹੀ ਹੈ। ਇੱਕ ਖਿੱਤੇ ਦੇ ਲੋਕ ਦੂਜੇ ਖਿੱਤੇ ਦੇ ਲੋਕਾਂ ਨੂੰ ਬੰਬਾਂ, ਮਿਜ਼ਾਇਲਾਂ ਦਾਗ ਕੇ ਭਸਮ ਕਰਨ ਲਈ ਲੜ ਰਹੇ ਹਨ। ਧਰਤੀ ਦੇ ਵੱਖ-ਵੱਖ ਖਿੱਤਿਆਂ ਵਿੱਚ ਘੱਟ ਗਿਣਤੀਆਂ 'ਤੇ ਜ਼ੁਲਮੋ-ਤਸ਼ੱਦਦ ਅੱਜ ਦੇ ਦੌਰ ਵਿੱਚ ਵੀ ਮੱਧ ਯੁੱਗ ਵਾਂਗ ਹੀ ਜਾਰੀ ਹਨ। ਸਦੀਆਂ ਤੋਂ ਮਨੁੱਖ ਧਰਮਾਂ, ਮਜ਼ਹਬਾਂ ਦੇ ਨਾਂਅ 'ਤੇ ਲੜਦਾ ਆਇਆ ਹੈ। ਲੱਖਾਂ ਲੋਕ ਹੁਣ ਤੱਕ ਇਸ ਮਾਨਸਿਕਤਾ ਨਾਲ ਤਬਾਹ ਹੋਏ।

ਇਸ ਦੁਨੀਆਂ ਨੂੰ ਹੋਰ ਕਿਵੇਂ ਸੋਹਣਾ ਬਣਾਇਆ ਜਾਵੇ? ਸਾਡੇ ਸਭ ਦੇ ਅੰਦਰ ਇਹ ਸਵਾਲ ਪੈਦਾ ਹੋਣਾ ਚਾਹੀਦਾ ਹੈ। ਮਨੁੱਖ ਇਸ ਧਰਤੀ 'ਤੇ ਕਿਉਂ ਆਇਆ, ਉਸ ਦੇ ਜੀਵਨ ਦਾ ਮਕਸਦ ਕੀ ਹੈ? ਇਸ ਲਈ ਸਾਡੇ ਕੋਲ ਬਣੇ ਬਣਾਏ ਜਵਾਬ ਹਨ, ਜੋ ਕਿ ਸਹੀ ਨਹੀਂ ਹਨ। ਅਸੀਂ ਇਸ ਧਰਤੀ 'ਤੇ ਕਿਸੇ ਅਦਿੱਖ ਸ਼ਕਤੀ ਦਾ ਗੁਣਗਾਣ ਕਰਨ ਲਈ ਨਹੀਂ ਆਏ, ਬਲਕਿ ਅਸੀਂ ਇਸ ਜੀਵਨ ਨੂੰ ਚੰਗਾ ਤੇ ਸੋਹਣਾ ਬਣਾਉਣਾ ਹੈ। ਅਜਿਹਾ ਬਣਾਉਣਾ ਹੈ ਕਿ ਉਮਰ ਦੇ ਆਖਰੀ ਪੜਾਅ 'ਤੇ ਸਾਨੂੰ ਕੋਈ ਹਿਰਖ ਨਾ ਹੋਵੇ ਕਿ ਸਾਨੂੰ ਤਾਂ ਅਜਿਹਾ ਜੀਵਨ ਜਿਊਣਾ ਚਾਹੀਦਾ ਸੀ, ਪਰ ਅਸੀਂ ਬੇਰੰਗ ਜਿਹਾ ਜੀਵਨ ਜੀਅ ਕੇ ਇਸ ਧਰਤੀ ਤੋਂ ਜਾ ਰਹੇ ਹਾਂ। ਇਸ ਵਿੱਚ ਸਭ ਤੋਂ ਵੱਡੀ ਰੁਕਾਵਟ ਕੀ ਹੈ? ਜਦੋਂ ਅਸੀਂ ਇਸ ਦੇ ਉੱਤਰ ਦੀ ਖੋਜ ਕਰਾਂਗੇ ਤਾਂ ਸਾਨੂੰ ਪਤਾ ਲੱਗੇਗਾ ਕਿ ਇਸ ਦਾ ਵੱਡਾ ਕਾਰਨ ਸਾਡੇ ਅੰਦਰ ਪਈਆਂ ਪ੍ਰੰਪਰਾਵਾਦੀ ਧਾਰਨਾਵਾਂ, ਅਧਿਆਤਮਿਕ ਗਤੀਵਿਧੀਆਂ ਅਤੇ ਸਾਡੀ ਅਖੌਤੀ ਸਿੱਖਿਆ ਹੈ।

ਵਿਗਿਆਨਕ ਖੋਜਾਂ ਅਤੇ ਅਜੋਕੀ ਸਿੱਖਿਆ 'ਤੇ ਚਲਦਿਆਂ ਸਾਡਾ ਜੀਵਨ ਪੱਧਰ ਤਾਂ ਸੁਧਰਿਆ, ਜੀਵਨ ਨੂੰ ਨਵੇਂ ਅਰਥ ਮਿਲੇ, ਅਸੀਂ ਬਿਮਾਰੀਆਂ, ਦੁਸ਼ਵਾਰੀਆਂ ਤੋਂ ਕਾਫੀ ਹੱਦ ਤੱਕ ਮੁਕਤੀ ਹਾਸਲ ਕੀਤੀ। ਮਨੁੱਖ ਨੂੰ ਗੁਲਾਮ ਬਣਾ ਕੇ ਰੱਖਣ ਵਾਲੀਆਂ ਰਹੁਰੀਤਾਂ ਤੋਂ ਮਨੁੱਖਤਾ ਮੁਕਤ ਹੋਈ, ਪਰ ਜੀਵਨ ਪ੍ਰਤੀ ਜਿਸ ਤਰ੍ਹਾਂ ਦੀ ਮਨੁੱਖੀ ਸਮਝ ਸਮਾਜ ਦੀ ਬਹੁਗਿਣਤੀ ਅੰਦਰ ਵਿਕਸਤ ਹੋਣੀ ਚਾਹੀਦੀ ਸੀ, ਉਹ ਨਹੀਂ ਹੋਈ। ਇਹੋ ਕਾਰਨ ਹੈ ਸਾਡਾ ਜੀਵਨ ਅੱਜ ਬੇਸ਼ੱਕ ਸੁਖਾਲਾ ਹੋ ਗਿਆ ਹੈ, ਪਰ ਅਸੀਂ ਧਰਤੀ ਜੀਵਨ ਲਈ ਹਾਲਾਤ ਸੁਖਾਵੇ ਨਹੀਂ ਬਣਾ ਸਕੇ, ਸਗੋਂ ਇਸ ਨੂੰ ਹਰ ਦਿਨ ਅਸੀਂ ਨਰਕ ਬਣਾ ਰਹੇ ਹਾਂ। ਨਿੱਜੀ ਸੁੱਖਾਂ ਵਿੱਚ ਮਨੁੱਖ ਪੁਰਾਤਨ ਮਨੁੱਖ ਨੂੰ ਕਿਤੇ ਵੱਧ ਪਛਾੜ ਗਿਆ ਹੈ, ਪਰ ਸਮੂਹਕ ਤੌਰ 'ਤੇ ਅਸੀਂ ਧਰਤੀ 'ਤੇ ਆਪਣੇ ਲਈ ਨਰਕ ਦੀ ਸਿਰਜਣਾ ਕੀਤੀ ਹੈ। ਸਾਡਾ ਘਰ ਸਾਫ-ਸੁਥਰਾ ਹੋ ਗਿਆ, ਪਰ ਧਰਤੀ ਦੇ ਉਹ ਸਾਧਨ ਜਿਹਨਾਂ 'ਤੇ ਸਾਡਾ ਮਨੁੱਖਾਂ ਹੀ ਨਹੀਂ, ਜੀਵ ਜਾਤੀਆਂ, ਪਸ਼ੂਆਂ, ਪਰਿੰਦਿਆਂ ਦਾ ਹੱਕ ਵੀ ਸੀ, ਉਹਨਾਂ ਨੂੰ ਅਸੀਂ ਬਰਬਾਦ ਕਰ ਦਿੱਤਾ ਤੇ ਹਰ ਦਿਨ ਇਹਨਾਂ ਨੂੰ ਹੋਰ ਬਰਬਾਦ ਕਰ ਰਹੇ ਹਾਂ। ਅਸੀਂ ਇੱਟਾਂ-ਪੱਥਰਾਂ ਦੇ ਅਖੌਤੀ ਰੱਬ ਦੇ ਘਰਾਂ ਦੀ ਉਸਾਰੀ ਕਰ ਰਹੇ ਹਾਂ ਅਤੇ ਸੋਚਦੇ ਹਾਂ ਕਿ ਆਪਣੇ ਹੱਥੀਂ ਬਣਾਏ ਇਹ ਅਖੌਤੀ ਰੱਬ ਦੇ ਘਰ ਸਾਡੇ ਦੁੱਖਾਂ-ਕਸ਼ਟਾਂ ਨੂੰ ਘੱਟ ਕਰ ਦੇਣਗੇ। ਇਹਨਾਂ ਵਿੱਚ ਆਪਣਾ ਸਮਾਂ ਅਤੇ ਧਨ ਖਰਚ ਕਰ ਰਹੇ ਹਾਂ। ਅਸੀਂ ਅਖੌਤੀ ਨਰਕ ਤੋਂ ਮੁਕਤੀ ਅਤੇ ਸਵਰਗ ਦੇ ਲਾਲਚ ਲਈ ਜੀਵਨ ਨੂੰ ਖਰਚ ਕਰ ਰਹੇ ਹਾਂ। ਇਸ ਲਈ ਧਰਮ ਅਸਥਾਨਾਂ 'ਤੇ ਭੀੜਾਂ ਨਿਰੰਤਰ ਵਧ ਰਹੀਆਂ ਹਨ। ਗ੍ਰੰਥਾਂ, ਸ਼ਾਸਤਰਾਂ ਦੇ ਮੰਤਰਾਂ ਦੇ ਰਟਨ ਇੱਕੋ ਤਰ੍ਹਾਂ ਦੇ ਪਾਠਾਂ ਦਾ ਰੱਟਾ ਕਰਨ ਅਤੇ ਕਈ ਤਰ੍ਹਾਂ ਦੇ ਕਰਮ ਕਾਂਡ ਕਰਕੇ ਜੀਵਨ ਨੂੰ ਸੋਹਣਾ ਬਣਾਉਣ ਦੇ ਯਤਨ ਵਿੱਚ ਹਾਂ, ਜਦਕਿ ਵਿਚਾਰਨ ਵਾਲੀ ਗੱਲ ਇਹ ਹੈ ਕਿ ਇਹਨਾਂ ਧਾਰਨਾਵਾਂ 'ਤੇ ਚਲਦਿਆਂ ਸਾਡਾ ਜੀਵਨ ਪੱਧਰ ਸੁਧਰਨ ਦੀ ਬਜਾਏ ਹੋਰ ਮੁਸ਼ਕਲਾਂ, ਮੁਸੀਬਤਾਂ ਦਾ ਸ਼ਿਕਾਰ ਬਣ ਰਿਹਾ ਹੈ। ਮਿਸਾਲ ਵਜੋਂ ਅੱਜ ਅਸੀਂ ਪੰਜਾਬੀ ਆਪਣੇ ਚੰਗੇ ਭਵਿੱਖ ਲਈ ਹੋਰ ਦੇਸ਼ਾਂ, ਹੋਰ ਧਰਤੀ ਵੱਲ ਵੇਖ ਰਹੇ ਹਾਂ। ਇਸ ਦਾ ਭਾਵ ਇਹ ਹੈ ਕਿ ਇਸ ਧਰਤੀ 'ਤੇ ਰਹਿੰਦਿਆਂ ਆਪਣੇ ਰਵਾਇਤੀ ਸਿੱਖਿਆ ਗ੍ਰਹਿਣ ਕਰਕੇ, ਮਜ਼ਹਬੀ ਅਕੀਦਿਆਂ 'ਤੇ ਚਲਦਿਆਂ ਅਸੀਂ ਉਹ ਕੁਝ ਹਾਸਲ ਨਹੀਂ ਕਰ ਸਕੇ, ਜੋ ਸਾਨੂੰ ਕਰਨਾ ਚਾਹੀਦੀ ਸੀ। ਇਸ ਲਈ ਲੋੜ ਕਿਤੇ ਹੋਰ ਖੋਜ ਕਰਨ ਦੀ ਨਹੀਂ, ਬਲਕਿ ਉਹ ਵਿਸ਼ਵਾਸ, ਪ੍ਰੰਪਰਾਵਾਂ ਅਤੇ ਆਪਣੇ ਅੰਦਰ ਬਣੀਆਂ ਧਾਰਨਾਵਾਂ ਨੂੰ ਤਿਆਗ ਕੇ ਨਵੇਂ ਸੁਪਨਿਆਂ ਦੀ ਸਿਰਜਣਾ ਕਰਨ ਦੀ ਲੋੜ ਹੈ।

ਮਨੁੱਖ ਦਾ ਪਰਿਵਾਰਕ ਮਾਹੌਲ, ਸੱਭਿਆਚਾਰ, ਸਿੱਖਿਆ, ਧਰਮ ਅਤੇ ਰਾਜਨੀਤੀ ਉਸ ਲਈ ਚੰਗੇ-ਮਾੜੇ ਮਾਹੌਲ ਅਤੇ ਉਸ ਦੀ ਸ਼ਖਸੀਅਤ ਦੀ ਸਿਰਜਣਾ ਕਰਦੇ ਹਨ। ਇਹ ਮਾਹੌਲ ਜੇਕਰ ਬਿਹਤਰ ਹੋਵੇਗਾ ਤਾਂ ਇੱਕ ਮਨੁੱਖ ਨਹੀਂ, ਬਲਕਿ ਪੂਰਾ ਸਮਾਜ ਤਰੱਕੀ ਕਰੇਗਾ।

ਯੂਨਾਨ ਦੀ ਪੌਰਾਣਕ ਕਥਾ ਦੇ ਪਾਤਰ ਸਿਸੀਫਸ ਵਾਂਗ ਮਨੁੱਖ ਦੇ ਜੀਵਨ ਦਾ ਸੰਘਰਸ਼ ਹਰ ਪਲ ਚੱਲ ਰਿਹਾ ਹੈ। ਇਸ ਸੰਘਰਸ਼ ਦੇ ਚਲਦਿਆਂ ਸਾਡੇ ਜੀਵਨ ਦੀ ਸਰਗਰਮੀ ਚੰਗੇ ਜੀਵਨ ਲਈ ਅਤੇ ਚੰਗੇ ਮਾਹੌਲ ਦੀ ਸਿਰਜਣਾ ਲਈ ਹੋਣੀ ਚਾਹੀਦੀ ਹੈ। ਇੱਕ ਅਜਿਹਾ ਮਾਹੌਲ ਜਿਸ ਵਿੱਚ ਮਨੁੱਖ ਦੇ ਡਰ, ਫਿਕਰ, ਤੌਖਲੇ ਘੱਟ ਹੋਣ। ਮਨੁੱਖ ਅੰਦਰ ਉਸ ਦੀਆਂ ਕਲਾਤਮਿਕ ਰੁਚੀਆਂ ਦਾ ਵਿਕਾਸ ਹੋਵੇ। ਮਨੁੱਖ ਹਰ ਤਰ੍ਹਾਂ ਦੇ ਗਲਬਿਆਂ ਤੋਂ ਮੁਕਤ ਹੋਵੇ। ਧਰਤੀ ਦੇ ਕੁਦਰਤੀ ਸਾਧਨ ਕਿਸੇ ਮੁਨਾਫੇ ਦੀ ਹਵਸ ਵਿੱਚ ਲੁੱਟੇ ਨਾ ਜਾਣ, ਬਲਕਿ ਇਹਨਾਂ ਦੀ ਸੁਯੋਗ ਵਰਤੋਂ ਹੋਵੇ ਅਤੇ ਇਹ ਵਰਤੋਂ ਲੋਕ ਹਿੱਤਾਂ ਲਈ ਹੋਵੇ। ਧਰਤੀ 'ਤੇ ਰਹਿਣ ਵਾਲੇ ਹਰ ਮਨੁੱਖ ਲਈ ਢੁਕਵੀਆਂ ਜਿਉਣ ਹਾਲਤਾਂ ਦੀ ਸਿਰਜਣਾ ਕਰਨ ਦੀ ਲੋੜ ਹੈ, ਪਰ ਅਫਸੋਸ ਹੈ ਇਸ ਤੋਂ ਉਲਟ ਰਿਹਾ ਹੈ।

ਕਿਸੇ ਵਿਦਵਾਨ ਨੇ ਲਿਖਿਆ ਹੈ ਕਿ 'ਇਹ ਧਰਤੀ ਤੁਹਾਡੀ ਮਾਲਕੀ ਨਹੀਂ, ਬਲਕਿ ਇਹ ਸਾਡੀਆਂ ਆਉਣ ਵਾਲੀਆਂ ਨਸਲਾਂ ਦੀ ਅਮਾਨਤ ਹੈ।' ਸਾਨੂੰ ਚਾਹੀਦਾ ਹੈ ਅਸੀਂ ਜਾਤਾਂ-ਪਾਤਾਂ, ਵਰਗਾਂ, ਨਸਲਾਂ, ਮਜ਼ਹਬਾਂ ਤੋਂ ਉਪਰ ਉੱਠ ਕੇ ਸਰਬੱਤ ਦੇ ਭਲੇ ਲਈ ਯਤਨਸ਼ੀਲ ਹੋਈਏ। ਸਾਡਾ ਸਭ ਦਾ ਭਲਾ ਇਸ ਵਿੱਚ ਹੈ ਕਿ ਅਸੀਂ ਦੂਜਿਆਂ ਦਾ ਭਲਾ ਸੋਚੀਏ ਤੇ ਭਲਾ ਕਰੀਏ।

# ਸੰਪਰਕ : 98550-51099

# ਚੰਡੀਗੜ੍ਹ 'ਤੇ ਪੰਜਾਬ ਵਾਸੀਆਂ ਦਾ ਹੀ ਹੱਕ

ਪਿਰਥੀਪਾਲ ਸਿੰਘ ਮਾੜੀਮੇਘਾ

15 ਅਗਸਤ 1947 ਨੂੰ ਹਿੰਦੁਸਤਾਨ ਜਦੋਂ ਅੰਗਰੇਜ਼ਾਂ ਤੋਂ ਆਜ਼ਾਦ ਹੋਇਆ ਤੇ ਉਹ ਜਾਣ ਲੱਗੇ ਹਿੰਦੁਸਤਾਨ ਦੇ ਦੋ ਟੋਟੇ ਕਰਕੇ ਇੱਕ ਵੱਖਰਾ ਦੇਸ਼ ਪਾਕਿਸਤਾਨ ਬਣਾ ਗਏ। ਇਸ ਵੰਡ ਦਾ ਖਮਿਆਜ਼ਾ ਹਿੰਦ ਤੇ ਪਾਕਿਸਤਾਨ ਦੇ ਬਾਰਡਰ 'ਤੇ ਵਸਦੀ ਪੰਜਾਬੀ ਕੌਮ ਨੂੰ ਵਧੇਰੇ ਭੁਗਤਣਾ ਪਿਆ, ਕਿਉਂਕਿ ਪੰਜਾਬ ਦੋ ਥਾਈਂ ਵੰਡਿਆ ਗਿਆ। ਇੱਕ ਹਿੱਸਾ ਪਾਕਿਸਤਾਨ ਵਿੱਚ ਚਲੇ ਗਿਆ ਅਤੇ ਬਾਕੀ ਹਿੰਦੁਸਤਾਨ ਵਿੱਚ ਰਹਿ ਗਿਆ। ਸਾਂਝੇ ਪੰਜਾਬ ਦੇ ਦੋਵੇਂ ਪਾਸੇ ਵਸਦੇ ਲੋਕ ਜਿਹੜੇ ਇੱਕ-ਦੂਜੇ ਦੇ ਗੁਆਂਢੀ ਤੇ ਦੁੱਖ-ਸੁੱਖ ਦੇ ਭਾਈਵਾਲ ਸਨ ਉਨ੍ਹਾਂ ਨੇ ਵੰਡ ਹੋਣ ਤੋਂ ਬਾਅਦ ਹਿਜਰਤ ਵੇਲੇ ਇੱਕ ਦੂਜੇ ਦਾ ਬੇਰਹਿਮੀ ਨਾਲ ਕਤਲੇਆਮ ਕੀਤਾ। ਧੀਆਂ-ਭੈਣਾਂ ਦੀਆਂ ਇੱਜ਼ਤਾਂ ਲੁੱਟੀਆਂ ਗਈਆਂ। ਇਨ੍ਹਾਂ ਫਿਰਕੂ ਫਸਾਦਾਂ ਵਿੱਚ ਲੱਖਾਂ ਲੋਕ ਮਾਰੇ ਗਏ।

ਸਾਂਝੇ ਪੰਜਾਬ ਦੀ ਰਾਜਧਾਨੀ ਲਾਹੌਰ ਪਾਕਿਸਤਾਨ ਦੇ ਹਿੱਸੇ ਆ ਗਈ। ਹਿੰਦੁਸਤਾਨ ਦੇ ਹਿੱਸੇ ਆਏ ਪੰਜਾਬ ਦੀ ਰਾਜਧਾਨੀ ਕੁਝ ਸਮਾਂ ਜਲੰਧਰ ਅਤੇ ਫਿਰ ਸ਼ਿਮਲੇ ਚਲੀ ਗਈ। ਜਾਣਕਾਰੀ ਲਈ ਸ਼ਿਮਲਾ ਉਸ ਵਕਤ ਪੰਜਾਬ ਦਾ ਹਿੱਸਾ ਸੀ। ਸ਼ਿਮਲਾ ਪੰਜਾਬ ਦੀ ਇੱਕ ਸਾਈਡ 'ਤੇ ਅਤੇ ਦੂਰ ਸੀ। ਜਲੰਧਰ ਦੇ ਆਲੇ-ਦੁਆਲੇ ਸ਼ਹਿਰ ਦੇ ਵਧਣ ਲਈ ਬਹੁਤੀ ਥਾਂ ਨਹੀਂ ਸੀ। ਇਸ ਪ੍ਰਸਥਿਤੀ ਵਿੱਚ ਪੰਜਾਬ ਦੀ ਨਵੀਂ ਰਾਜਧਾਨੀ ਬਣਾਉਣ ਲਈ ਵਿਚਾਰਾਂ ਹੋਈਆਂ। ਬਹੁਤ ਸਾਰੀਆਂ ਤਜਵੀਜ਼ਾਂ ਆਈਆਂ, ਪਰ ਅੰਤ ਰਾਜਧਾਨੀ ਬਣਾਉਣ ਲਈ ਚੰਡੀਗੜ੍ਹ ਵਾਲੀ ਥਾਂ 1948 ਵਿੱਚ ਪਾਸ ਹੋਈ। ਚੰਡੀਗੜ੍ਹ ਵਸਾਉਣ ਲਈ ਪੰਜਾਬ ਦੇ 38 ਪਿੰਡ ਬਜਵਾੜੀ, ਦਲਹੇੜੀ ਜੱਟਾਂ, ਦਲਹੇੜੀ ਗੁਰਦਾਸਪੁਰਾ, ਹਮੀਰਗੜ੍ਹ,ਕਾਲੀਬੜ,ਕੈਲੜ, ਕਾਂਜੀ ਮਾਜਰਾ,ਖੇੜੀ, ਮਹਿਲਾ ਮਾਜਰਾ,ਨਗਲਾ,ਰਾਮ ਨਗਰ, ਰੁੜਕੀ, ਸੈਣੀ ਮਾਜਰਾ, ਸਹਿਜਾਦਪੁਰ, ਬਜਵਾੜਾ, ਬਜਵਾੜਾ ਬਖਤਾ, ਫਤਿਹਗੜ੍ਹ, ਗੱਗੜ ਮਾਜਰਾ, ਕੰਥਾਲਾ, ਜੈਪੁਰ, ਸਲਾਹਪੁਰ, ਦਾਤਾਰਪੁਰ, ਚੂਹੜਪੁਰ,ਕਰਮਾਣ, ਝੁਮਰੂ, ਨਿਜ਼ਾਮਪੁਰ, ਸਾਹਪੁਰ,ਮਨੀ ਮਾਜਰਾ,ਧਨਾਸ, ਮਲੋਹਾ-ਡੱਡੂ ਮਾਜਰਾ,ਬਡਹੇੜੀ-ਬੁਟਰੇਲਾ, ਅਟਾਵਾ, ਬੁੜੈਲ, ਕਜਹੇੜੀ ਅਤੇ ਪਲੋਸਰਾ ਉਜਾੜੇ ਗਏ।ਚੰਡੀਗੜ੍ਹ ਸ਼ਹਿਰ ਦਾ ਪਹਿਲਾ ਨਮੂਨਾ ਅਮਰੀਕੀ ਭਵਨ ਨਿਰਮਾਣਕਾਰ ਐਲਬਰਟ ਮੇਅਰ ਨੇ ਪੋਲੈਂਡ ਦੇ ਮਾਹਰ ਸ਼ਿਲਪਕਾਰ ਮੈਥਿਊ ਨਾਵੀਤਸਕੀ ਦੇ ਸਹਿਯੋਗ ਨਾਲ ਤਿਆਰ ਕੀਤਾ। ਨਾਵੀਤਸਕੀ 1950 ਵਿੱਚ ਇੱਕ ਹਵਾਈ ਜਹਾਜ਼ ਹਾਦਸੇ 'ਚ ਮਾਰਿਆ ਗਿਆ। ਸ੍ਰੀ ਥਾਪਰ ਦੀ ਰਹਿਨੁਮਾਈ ਹੇਠ ਨਵਾਂ ਭਵਨ ਨਿਰਮਾਤਾ ਲੱਭਣ ਲਈ ਨਵੰਬਰ 1950 ਵਿੱਚ ਇੱਕ ਗਰੁੱਪ ਯੂਰਪ ਗਿਆ ਅਤੇ ਉਨ੍ਹਾ ਦੀ ਮੁਲਾਕਾਤ ਇੱਕ ਚੋਟੀ ਦੇ ਭਵਨ ਨਿਰਮਾਣਕਾਰ ਕਾਰਬੂਜੀਅਰ ਨਾਲ ਹੋਈ। ਉਹ ਪੰਜਾਬ ਆਉਣਾ ਮੰਨ ਗਿਆ, ਪਰ ਉਸ ਦੀ ਸਲਾਹ 'ਤੇ ਉਸ ਦੇ ਚਾਚੇ ਦੇ ਪੁੱਤਰ ਪੀਐਰ ਯਾਂਨੇਰੇ ਨੂੰ ਵੀ ਲਿਆਂਦਾ ਗਿਆ। ਚੰਡੀਗੜ੍ਹ ਬਣਾਉਣ ਲਈ ਲੰਡਨ ਤੋਂ ਈ ਮੈਕਸਵੈੱਲ ਫਰਾਈ ਤੇ ਉਸ ਦੀ ਪਤਨੀ ਜੇਨ ਬੀ: ਡਰਿਊ ਵੀ ਆਈ। ਉਕਤ ਮਾਹਰਾਂ ਨੇ ਚੰਡੀਗੜ੍ਹ ਦਾ ਨਮੂਨਾ ਤਿਆਰ ਕਰਨ ਦਾ ਕਾਰਜ 1950 ਵਿੱਚ ਪੂਰਾ ਕੀਤਾ। ਚੰਡੀਗੜ੍ਹ ਸ਼ਹਿਰ ਨੂੰ ਸਜਾਉਣ ਅਤੇ ਸੁੰਦਰ ਦੁਲਹਨ ਵਾਂਗ ਸ਼ਿੰਗਾਰਨ ਵਿੱਚ ਡਾ: ਮਹਿੰਦਰ ਸਿੰਘ ਰੰਧਾਵਾ ਨੇ ਵੱਡਾ ਯੋਗਦਾਨ ਪਾਇਆ। ਆਧੁਨਿਕ ਭਵਨ ਨਿਰਮਾਣ ਕਲਾ ਦੀ ਇੱਕ ਨਵੀਂ ਸਿਖਰ ਚੰਡੀਗੜ੍ਹ ਦਾ ਉਦਘਾਟਨ 7 ਅਕਤੂਬਰ 1953 ਨੂੰ ਰਾਸ਼ਟਰਪਤੀ ਡਾ. ਰਜਿੰਦਰ ਪ੍ਰਸਾਦ ਨੇ ਕੀਤਾ। ਚੰਡੀਗੜ੍ਹ ਵਿਖੇ ਸਕੱਤਰੇਤ ਦੀ ਬਿਲਡਿੰਗ ਸਭ ਤੋਂ ਵੱਡੀ ਹੈ। ਸਕੱਤਰੇਤ ਦੀਆਂ ਨੌਂ ਮੰਜ਼ਲਾਂ ਹਨ। ਇਹ ਇਮਾਰਤ ਪੰਜਾਬੀਆਂ ਦੀ ਚੜ੍ਹਦੀ ਕਲਾ ਦਾ ਪ੍ਰਤੀਕ ਹੈ। ਹਾਈਕੋਰਟ ਦਾ ਨਮੂਨਾ ਵੀ ਵਿਲੱਖਣ ਹੈ। ਚੰਡੀਗੜ੍ਹ ਦੇ ਦਿਲ 17 ਸੈਕਟਰ ਨੂੰ ਸਿਟੀ ਸੈਂਟਰ ਕਿਹਾ ਜਾਂਦਾ ਹੈ।

ਚੰਡੀਗੜ੍ਹ ਦੇ ਵੰਨ-ਸੁਵੰਨੇ ਰੁੱਖ, ਬੂਟੇ ਤੇ ਫੁੱਲ ਖੁਸ਼ਬੂਆਂ ਬਿਖੇਰਦੇ ਹਨ। ਮਾਹਰਾਂ ਨੇ ਇਹ ਰੁੱਖ ਅਤੇ ਬੂਟੇ ਵੱਖ ਵੱਖ ਦੇਸ਼ਾਂ ਤੋਂ ਲਿਆ ਕੇ ਲਾਏ ਹਨ। ਚੰਡੀਗੜ੍ਹ ਦੇ ਆਲੇ-ਦੁਆਲੇ ਵਾਹਵਾ ਜੰਗਲੀ ਇਲਾਕਾ ਹੈ, ਜਿਸ ਵਿੱਚ ਵੱਖ-ਵੱਖ ਤਰ੍ਹਾਂ ਦੇ ਜਾਨਵਰ ਹਨ। ਚੰਡੀਗੜ੍ਹ ਦੀ ਸੁਖਨਾ (ਸੁਖ ਦੀ ਥਾਂ) ਝੀਲ ਵਿੱਚ ਵੱਖ-ਵੱਖ ਤਰ੍ਹਾਂ ਦੀਆਂ ਬੱਤਖਾਂ ਅਤੇ ਹੰਸ ਰਹਿੰਦੇ ਹਨ। ਇਸ ਝੀਲ 'ਤੇ ਹਰੀਕੇ ਝੀਲ ਦੀ ਤਰ੍ਹਾਂ ਵਿਦੇਸ਼ਾਂ ਤੋਂ ਪ੍ਰਵਾਸੀ ਪੰਛੀ ਆਉਂਦੇ ਹਨ। ਸ਼ਹਿਰ ਵਿੱਚ ਤੋਤਿਆਂ ਦੀ ਇੱਕ ਵੱਖਰੀ ਰੱਖ ਹੈ।ਇਸ ਵੇਲੇ ਚੰਡੀਗੜ੍ਹ ਵਿੱਚ ਜ਼ਾਕਿਰ ਹੁਸੈਨ ਰੋਜ਼ ਗਾਰਡਨ, ਗਾਰਡਨ ਆਫ਼ ਸਪ੍ਰਿੰਗਸ, ਪਾਮ ਗਾਰਡਨ, ਨੇਕ ਚੰਦ ਗਾਰਡਨ, ਰਾਕ ਗਾਰਡਨ ਆਦਿ ਹਨ। ਵਿਦਿਅਕ ਅਦਾਰਿਆਂ ਵਿੱਚ 115 ਸਕੂਲਾਂ ਤੋਂ ਇਲਾਵਾ ਪੰਜਾਬ ਯੂਨੀਵਰਸਿਟੀ, ਪੋਸਟ ਗ੍ਰੈਜੂਏਟ ਇੰਸਟੀਚਿਊਟ ਆਫ ਮੈਡੀਕਲ ਐਜੂਕੇਸ਼ਨ ਐਂਡ ਰਿਸਰਚ, ਪੰਜਾਬ ਇੰਜੀਨੀਅਰਿੰਗ ਕਾਲਜ, ਨੈਸ਼ਨਲ ਇੰਸਟੀਚਿਊਟ ਉਦਯੋਗ ਆਫ ਟੈਕਨੀਕਲ ਟੀਚਰ ਟਰੇਨਿੰਗ ਐਂਡ ਰਿਸਰਚ, ਪੋਸਟ ਗ੍ਰੈਜੂਏਟ ਸਰਕਾਰੀ ਕਾਲਜ ਅਤੇ ਡੀ ਏ ਵੀ ਕਾਲਜ ਹਨ। ਚੰਡੀਗੜ੍ਹ ਵਿਖੇ 15 ਵੱਡੇ ਤੇ ਦਰਮਿਆਨੇ ਦਰਜੇ ਦੇ ਉਦਯੋਗ ਹਨ। ਸਰਕਾਰੀ ਖੇਤਰ ਦੇ ਹਨ। ਛੋਟੇ ਪੈਮਾਨੇ ਦੇ ਰਜਿਸਟਰਡ ਉਦਯੋਗ 2753 ਤੋਂ ਵਧੇਰੇ ਹਨ। ਇਨ੍ਹਾਂ ਕਾਰਖਾਨਿਆਂ ਵਿੱਚ 25700 ਲੋਕ ਕੰਮ ਕਰਦੇ ਹਨ। ਹਕੀਕਤ ਵਿੱਚ ਚੰਡੀਗੜ੍ਹ ਦਾ ਉਦਯੋਗਿਕ ਸੈਕਟਰ ਕਰੀਬ 234 ਹੈਕਟੇਅਰ ਰਕਬੇ ਵਿੱਚ ਫੈਲਿਆ ਹੋਇਆ ਹੈ। ਇਹ ਖੇਤਰ ਯੋਜਨਾਬੱਧ ਢੰਗ ਨਾਲ ਰੇਲਵੇ ਸਟੇਸ਼ਨ ਦੇ ਨਜ਼ਦੀਕ ਬਣਾਇਆ ਗਿਆ। ਇਸ ਸੈਕਟਰ ਵਿੱਚ ਮਨੁੱਖਾਂ ਦੀ ਸਿਹਤ ਦਾ ਧਿਆਨ ਰੱਖਦੇ ਹੋਏ ਰਹਾਇਸ਼ ਨਹੀਂ ਬਣਾਈ ਗਈ।ਚੰਡੀਗੜ੍ਹ ਵਿੱਚ ਚੰਡੀਗੜ੍ਹ ਕ੍ਰਿਕਟ ਸਟੇਡੀਅਮ, ਚੰਡੀਗੜ੍ਹ ਗੋਲਫ ਕਲੱਬ, ਹਾਕੀ ਸਟੇਡੀਅਮ, ਕੈਰਮ ਸਟੇਡੀਅਮ, ਰੌਲਰ ਸਕੇਟਿੰਗ ਰਿੰਕ, ਬੈਡਮਿੰਟਨ ਹਾਲ, ਸਵਿੰਮਗ ਪੂਲ, ਸ਼ੂਟਿੰਗ ਰੇਂਜ, ਅਥਲੈਟਿਕ ਕਲੱਬ ਆਦਿ ਹਨ।ਚੰਡੀਗੜ੍ਹ ਤੋਂ ਛਪਦੇ ਅਖ਼ਬਾਰ ਦਾ ਟ੍ਰਿਬਿਊਨ, ਇੰਡੀਅਨ ਐਕਸਪ੍ਰੈਸ, ਹਿੰਦੁਸਤਾਨ ਟਾਈਮਜ਼, ਟਾਈਮਜ਼ ਆਫ ਇੰਡੀਆ, ਦਾ ਪਾਇਨਾਰ, ਬਿਜਨਿਸ ਲਾਈਨ, ਪੰਜਾਬੀ ਟ੍ਰਿਬਿਊਨ, ਦੇਸ਼ ਸੇਵਕ, ਰੋਜ਼ਾਨਾ ਸਪੋਕਸਮੈਨ, ਜੱਗਬਾਣੀ, ਕਾਂਗੜੀ ਪੰਜਾਬੀ ਅਖਬਾਰ, ਡੋਗਰੀ ਪੰਜਾਬੀ ਅਖਬਾਰ, ਪਹਾੜੀ ਪੰਜਾਬੀ ਅਖਬਾਰ, ਬਿਲਾਸਪੁਰੀ ਪੰਜਾਬੀ ਅਖਬਾਰ, ਹਿੰਦਕੋ ਪੰਜਾਬੀ ਅਖਬਾਰ, ਸਰਾਇਕੀ ਮੁਲਤਾਨੀ ਪੰਜਾਬੀ ਅਖਬਾਰ,ਸ਼ਾਹਪੁਰੀ ਪੰਜਾਬੀ ਅਖਬਾਰ, ਠੇਠ ਪੰਜਾਬੀ ਅਖਬਾਰ, ਦੈਨਿਕ ਹਿੰਦੁਸਤਾਨ, ਪੰਜਾਬ ਕੇਸਰੀ, ਦੈਨਿਕ ਜਾਗਰਣ, ਦੈਨਿਕ ਭਾਸਕਰ,ਅਮਰ ਉਜਾਲਾ,ਦੈਨਿਕ ਟ੍ਰਿਬਿਊਨ ਹਨ।

ਚੰਡੀਗੜ੍ਹ ਸ਼ਹਿਰ ਬਣਨ ਤੋਂ ਬਾਅਦ 1952 ਤੋਂ 1966 ਤੱਕ ਪੰਜਾਬ ਦੀ ਰਾਜਧਾਨੀ ਰਿਹਾ। ਕੇਂਦਰ ਦੀ ਹਕੂਮਤ ਨੇ ਪੰਜਾਬ ਨੂੰ ਵੰਡ ਕੇ 1 ਨਵੰਬਰ 1966 ਨੂੰ ਹਰਿਆਣਾ ਸੂਬਾ ਬਣਾ ਦਿੱਤਾ। ਇਸੇ ਤਰ੍ਹਾਂ ਪੰਜਾਬ ਨਾਲੋਂ ਪਹਾੜੀ ਇਲਾਕਾ ਸ਼ਿਮਲਾ, ਕੁੱਲੂ,ਕਾਂਗੜਾ ਆਦਿ ਲਾ ਕੇ ਹਿਮਾਚਲ ਪ੍ਰਦੇਸ ਨੂੰ ਦੇ ਦਿੱਤਾ ਗਿਆ। ਕੇਂਦਰ ਸਰਕਾਰ ਨੇ ਚੰਡੀਗੜ੍ਹ ਨੂੰ ਕੇਂਦਰ ਸ਼ਾਸਤ ਪ੍ਰਦੇਸ ਐਲਾਨ ਕੇ ਹਰਿਆਣਾ ਦੀ ਰਾਜਧਾਨੀ ਵੀ ਚੰਡੀਗੜ੍ਹ ਬਣਾ ਦਿੱਤੀ ਅਤੇ ਪੰਜਾਬ ਦੀ ਵੀ ਚੰਡੀਗੜ੍ਹ ਰਹਿਣ ਦਿੱਤੀ। ਇਸ ਢੰਗ ਨਾਲ ਸਮੇਂ ਦੀ ਕੇਂਦਰੀ ਹਕੂਮਤ ਨੇ ਚੰਡੀਗੜ੍ਹ ਵਰਗਾ ਨਿਵੇਕਲਾ ਤੇ ਮਨਮੋਹਕ ਸ਼ਹਿਰ ਪੰਜਾਬ ਵਾਸੀਆਂ ਤੋਂ ਖੋਹ ਲਿਆ। ਚੰਡੀਗੜ੍ਹ ਦੀ 2011 ਦੀ ਜਨਗਣਨਾ ਅਨੁਸਾਰ ਕੁੱਲ ਆਬਾਦੀ 10,55450 ਹੈ। ਔਸਤ ਸਾਖਰਤਾ 86.77 ਫੀਸਦੀ ਹੈ। ਮੁੱਖ ਧਰਮਾਂ ਚੰਡੀਗੜ੍ਹ ਵਿੱਚ ਸਿੱਖਾਂ ਦੀ ਵਸੋਂ 95.11 ਫੀਸਦੀ, ਹਿੰਦੂ ਧਰਮ ਦੀ 3.2 ਫੀਸਦੀ, ਇਸਲਾਮ 0.7 ਫੀਸਦੀ ਅਤੇ ਬੁੱਧ ਮੱਤ 0.01 ਫੀਸਦੀ ਹੈ। ਚੰਡੀਗੜ੍ਹ ਦੀ ਪ੍ਰਮੁੱਖ ਬੋਲੀ ਪੰਜਾਬੀ ਹੈ।

ਚੰਡੀਗੜ੍ਹ ਸ਼ਹਿਰ ਬਣਾਉਣ ਦੀ ਇਬਾਰਤ ਤੇ ਮੌਜੂਦਾ ਵਸੋਂ ਇਹ ਹੀ ਦੱਸਦੀ ਹੈ ਕਿ ਚੰਡੀਗੜ੍ਹ ਪੰਜਾਬ ਲਈ ਹੀ ਬਣਿਆ ਸੀ। ਜਦੋਂ ਪੰਜਾਬ ਨਾਲੋਂ ਹਰਿਆਣਾ ਵੱਖ ਕੀਤਾ ਸੀ ਤੇ ਉਸੇ ਸਮੇਂ ਹਰਿਆਣਾ ਦੀ ਰਾਜਧਾਨੀ ਚੰਡੀਗੜ੍ਹ ਤੋਂ ਵੱਖ ਕਿਸੇ ਹੋਰ ਥਾਂ ਬਣਾਉਣੀ ਚਾਹੀਦੀ ਸੀ। ਇਸ ਲਈ ਹੁਣ ਵੀ ਚੰਡੀਗੜ੍ਹ 'ਤੇ ਪੰਜਾਬ ਦਾ ਹੀ ਹੱਕ ਹੈ ਤੇ ਪੰਜਾਬ ਨੂੰ ਫੌਰੀ ਤੌਰ 'ਤੇ ਮਿਲਣਾ ਚਾਹੀਦਾ ਹੈ। ਹਰਿਆਣਾ ਦੀ ਰਾਜਧਾਨੀ ਹਰਿਆਣੇ ਵਿੱਚ ਹੋਰ ਕਿਸੇ ਥਾਂ ਬਣਾਈ ਜਾਵੇ।ਚੰਡੀਗੜ੍ਹ ਪੰਜਾਬ ਨੂੰ ਦੇਣ ਦੀ ਮੰਗ ਪੰਜਾਬੀਆਂ ਵੱਲੋਂ ਵਾਰ-ਵਾਰ ਉੱਠਦੀ ਰਹੀ, ਪਰ ਹੁਣ ਤੱਕ ਕੋਈ ਅਮਲ ਨਹੀਂ ਹੋਇਆ। ਅਕਾਲੀ ਦਲ ਦੇ ਮੋਰਚੇ ਅਨੁਸਾਰ ਕੇਂਦਰ ਸਰਕਾਰ ਨੇ ਚੰਡੀਗੜ੍ਹ ਪੰਜਾਬ ਨੂੰ ਦੇਣਾ ਮੰਨ ਲਿਆ ਸੀ, ਪਰ ਇਹ ਫੈਸਲਾ ਵੀ ਨੇਪਰੇ ਨਹੀਂ ਚੜ੍ਹਿਆ।

# ਸੰਪਰਕ : 98760-78731

ਬਰਸੀ 'ਤੇ ਵਿਸ਼ੇਸ਼

# ਮਹਾਨ ਗਦਰੀ ਭਾਈ ਸੰਤੋਖ ਸਿੰਘ ਧਰਦਿਓ

ਪ੍ਰੋ. ਗੋਪਾਲ ਸਿੰਘ ਬੁੱਟਰ

ਭਾਈ ਸੰਤੋਖ ਸਿੰਘ ਧਰਦਿਓ 1913 ਵਿਚ ਅਮਰੀਕਾ ਦੇ ਕੈਲੇਫੋਰਨੀਆ ਰਾਜ ਦੇ ਸ਼ਹਿਰ ਸਾਨਫਰਾਂਸਿਸਕੋ ਵਿਖੇ ਹੋਂਦ ਵਿਚ ਆਈ ਦੇਸ਼ ਭਗਤ ਭਾਰਤੀਆਂ ਦੀ ਇਨਕਲਾਬੀ ਜਥੇਬੰਦੀ 'ਇੰਡੀਅਨ ਐਸੋਸੀਏਸ਼ਨ ਆਫ ਦਾ ਪੈਸੇਫਿਕ ਕੋਸਟ' ਦਾ ਬਾਨੀ ਮੈਂਬਰ ਸੀ, ਜੋ ਬਾਅਦ ਵਿਚ 'ਹਿੰਦੀ ਐਸੋਸੀਏਸ਼ਨ' ਦੇ ਨਾਂਅ ਨਾਲ ਤੇ ਉਸ ਤੋਂ ਉਪਰੰਤ ਗ਼ਦਰ ਪਾਰਟੀ ਦੇ ਨਾਂਅ ਨਾਲ ਜਗਤ ਪ੍ਰਸਿੱਧ ਹੋਈ। ਇਸ ਦੇ ਪਹਿਲੇ ਜਨਰਲ ਸਕੱਤਰ ਲਾਲਾ ਹਰਦਿਆਲ ਦੇ ਅਮਰੀਕਾ ਛੱਡ ਦੇਣ ਨਾਲ ਸੰਤੋਖ ਸਿੰਘ ਧਰਦਿਓ ਨੂੰ ਬਤੌਰ ਜਨਰਲ ਸਕੱਤਰ ਪਾਰਟੀ ਦੇ ਪ੍ਰਧਾਨ ਬਾਬਾ ਸੋਹਣ ਸਿੰਘ ਭਕਨਾ ਨਾਲ ਮੋਢੇ ਨਾਲ ਮੋਢਾ ਜੋੜ ਕੇ ਪਾਰਟੀ ਦੀ ਵਡੇਰੀ ਜ਼ਿੰਮੇਵਾਰੀ ਸੰਭਾਲਣੀ ਪਈ। ਭਾਈ ਸੰਤੋਖ ਦੇ ਪਿਤਾ ਜਵਾਲਾ ਸਿੰਘ ਰੰਧਾਵਾ ਪਿੰਡ ਧਰਦਿਓ ਜ਼ਿਲ੍ਹਾ ਅੰਮ੍ਰਿਤਸਰ ਦੇ ਵਸਨੀਕ ਸਨ, ਪਰ ਉਹ ਸਿੰਘਾਪੁਰ ਵਿਖੇ ਹਾਰਬਰ ਪੁਲਸ ਦੇ ਮੁਲਾਜ਼ਮ ਹੋਣ ਕਾਰਨ ਉਥੇ ਪਰਵਾਰ ਸਹਿਤ ਰਹਿੰਦੇ ਸਨ। ਸਿੰਘਾਪੁਰ ਵਿਖੇ ਹੀ 1892 ਈ. ਨੂੰ ਭਾਈ ਸੰਤੋਖ ਸਿੰਘ ਦਾ ਜਨਮ ਮਾਤਾ ਰਾਮ ਕੌਰ ਦੀ ਕੁੱਖੋਂ ਹੋਇਆ। ਉਥੇ ਹੀ ਭਾਈ ਸਾਹਿਬ ਨੇ ਮੁੱਢਲੀ ਤਾਲੀਮ ਅੰਗਰੇਜ਼ੀ ਮਾਧਿਅਮ ਵਾਲੇ ਸਕੂਲ ਤੋਂ ਹਾਸਲ ਕੀਤੀ। ਤੀਖਣ ਬੁੱਧ ਭਾਈ ਸੰਤੋਖ ਸਿੰਘ ਨੇ ਬਚਪਨ ਵਿਚ ਹੀ ਅੰਗਰੇਜ਼ੀ ਜ਼ੁਬਾਨ ਬੋਲਣ, ਲਿਖਣ ਵਿਚ ਚੰਗੀ ਮੁਹਾਰਤ ਹਾਸਲ ਕਰ ਲਈ ਸੀ, ਜੋ ਦੇਸ਼-ਵਿਦੇਸ਼ ਵਿਚ ਕੌਮੀ ਕਾਰਜਾਂ ਲਈ ਉਨ੍ਹਾਂ ਦੀ ਸ਼ਕਤੀ ਬਣਦੀ ਰਹੀ। ਜਵਾਲਾ ਸਿੰਘ 1903 ਵਿਚ ਪੈਨਸ਼ਨ ਲੈ ਕੇ ਪਰਵਾਰ ਸਮੇਤ ਆਪਣੇ ਪਿੰਡ ਧਰਦਿਓ ਪਰਤ ਆਏ।



ਪਿੰਡ ਧਰਦਿਓ ਤੋਂ ਦੋ ਮੀਲ ਦੂਰੀ 'ਤੇ ਪੈਂਦੇ ਡੀ.ਬੀ. ਪ੍ਰਾਇਮਰੀ ਸਕੂਲ ਮਹਿਤਾ ਨੰਗਲ ਤੋਂ ਭਾਈ ਸੰਤੋਖ ਸਿੰਘ ਨੇ ਮੁੱਢਲੀ ਪੜ੍ਹਾਈ ਮੁਕੰਮਲ ਕੀਤੀ। ਇਸ ਤੋਂ ਬਾਅਦ ਉਨ੍ਹਾ ਖਾਲਸਾ ਕਾਲਜੀਏਟ ਸਕੂਲ ਅੰਮ੍ਰਿਤਸਰ ਤੋਂ ਹੋਸਟਲ ਵਿਚ ਰਹਿ ਕੇ ਮੈਟ੍ਰਿਕ ਪਾਸ ਕੀਤੀ। ਮਾਸਟਰ ਤਾਰਾ ਸਿੰਘ ਦੇ ਛੋਟੇ ਭਰਾ ਨਿਰੰਜਣ ਸਿੰਘ, ਜੋ ਬਾਅਦ ਵਿਚ ਪ੍ਰਿੰਸੀਪਲ ਤੇ ਕੌਮੀ ਵਰਕਰ ਵੀ ਬਣੇ ਏਥੇ ਭਾਈ ਸਾਹਿਬ ਦੇ ਜਮਾਤੀ ਸਨ ਤੇ ਦੱਸਿਆ ਕਰਦੇ ਸਨ ਕਿ ਸੰਤੋਖ ਸਿੰਘ ਦੀ ਪ੍ਰਭਾਵਸ਼ਾਲੀ ਅੰਗਰੇਜ਼ੀ ਕਾਰਨ ਸਕੂਲ ਵਿਚ ਉਸ ਦਾ ਨਾਂਅ 'ਮਿਸਟਰ ਡਿਕਸ਼ਨਰੀ ਸਿੰਘ' ਪੈ ਗਿਆ ਸੀ। 1912 ਵਿਚ ਭਾਈ ਸੰਤੋਖ ਸਿੰਘ ਉਚੇਰੀ ਪੜ੍ਹਾਈ ਲਈ ਇੰਗਲੈਂਡ ਗਏ, ਪਰ ਉਸ ਤੋਂ ਜਲਦੀ ਬਾਅਦ ਉਹ ਕੈਨੇਡਾ ਪਹੁੰਚ ਗਏ। ਇਥੇ ਉਹ ਅਕਸਰ ਹੀ ਆਪਣੇ ਅਨਪੜ੍ਹ ਦੇਸ਼-ਵਾਸੀ ਆਰਾ ਮਿੱਲਾਂ ਦੇ ਵਰਕਰਾਂ ਦੀਆਂ ਸਮੱਸਿਆਵਾਂ ਗੋਰੇ ਮਿੱਲ ਮਾਲਕਾਂ ਅਤੇ ਅਦਾਲਤਾਂ ਵਿਚ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕਰਕੇ ਉਨ੍ਹਾਂ ਨੂੰ ਇਨਸਾਫ਼ ਦਿਵਾਉਂਦੇ ਸਨ, ਜਿਸ ਕਾਰਨ ਭਾਰਤੀ ਕਾਮਿਆਂ ਨੇ ਸਹਿਜੇ ਹੀ ਉਨ੍ਹਾ ਨੂੰ ਆਪਣਾ ਆਗੂ ਮੰਨ ਲਿਆ। ਜਦ ਕੈਨੇਡਾ ਤੋਂ ਭਾਈ ਸੰਤੋਖ ਸਿੰਘ ਅਮਰੀਕਾ ਆ ਗਏ ਤਾਂ ਜਲਦੀ ਹੀ ਉਨ੍ਹਾ ਬਾਬਾ ਜਵਾਲਾ ਸਿੰਘ ਠੱਠੀਆਂ ਅਤੇ ਬਾਬਾ ਵਿਸਾਖਾ ਸਿੰਘ ਦਦੇਹਰ ਨਾਲ ਮਿਲ ਕੇ ਗ਼ਦਰ ਪਾਰਟੀ ਤੇ ਗ਼ਦਰ ਪਰਚੇ ਦੀਆਂ ਜ਼ਿੰਮੇਵਾਰੀਆਂ ਸਾਂਭ ਲਈਆਂ। ਹਿੰਦੋਸਤਾਨ ਵਿਚ ਗ਼ਦਰ ਕਰਨ ਦੇ ਮਕਸਦ ਨਾਲ ਪਾਰਟੀ ਨੇ ਭਾਈ ਸਾਹਿਬ ਨੂੰ ਸਿੰਘਾਪੁਰ, ਸਿਆਮ, ਮਲਾਇਆ ਤੇ ਬਰਮਾ ਦੀਆਂ ਪਾਰਟੀ ਦੀਆਂ ਸ਼ਾਖਾਵਾਂ ਦਾ ਚਾਰਜ ਸੌਂਪ ਦਿੱਤਾ। ਸਤੰਬਰ 1914 ਦੇ ਕਰੀਬ ਉਹ ਸ਼ਿੰਘਾਈ ਪਹੁੰਚੇ। ਸਿਆਮ ਵਿਚ ਗ਼ਦਰ ਪਾਰਟੀ ਲਈ ਭਾਈ ਸਾਹਿਬ ਨੇ ਸੋਹਨ ਲਾਲ ਪਾਠਕ ਤੇ ਆਤਮਾ ਰਾਮ ਨਾਲ ਕੰਮ ਕੀਤਾ। ਇਥੇ ਸਰਕਾਰੀ ਚੌਕਸੀ ਵਿਚ ਬਹੁਤੇ ਇਨਕਲਾਬੀ ਫਸ ਗਏ, ਪਰ ਭਾਈ ਸੰਤੋਖ ਸਿੰਘ ਕਿਸੇ ਤਰ੍ਹਾਂ ਅਮਰੀਕਾ ਵਾਪਸ ਪਰਤਣ ਵਿਚ ਸਫਲ ਹੋ ਗਏ। ਅਮਰੀਕਾ ਵਿਖੇ ਭਾਈ ਸਾਹਿਬ ਨੇ ਪਾਰਟੀ ਨਵੇਂ ਸਿਰਿਓਂ ਗਠਿਤ ਕਰਨੀ ਸ਼ੁਰੂ ਕੀਤੀ, ਪਰ ਇਨ੍ਹਾਂ ਨੂੰ ਗ਼ਦਰ ਲਈ ਚਲੇ ਮੁਕੱਦਮੇ ਵਿਚ 21 ਮਹੀਨੇ ਲਈ ਜੇਲ੍ਹ ਜਾਣਾ ਪਿਆ। ਰਿਹਾਈ ਪਿਛੋਂ ਭਾਈ ਸੰਤੋਖ ਸਿੰਘ ਨੇ ਆਪਣੇ ਸਾਥੀਆਂ ਨਾਲ ਪਾਰਟੀ ਦੇ ਹੈਡਕੁਆਰਟਰ ਯੁਗਾਂਤਰ ਆਸ਼ਰਮ (ਗ਼ਦਰ ਆਸ਼ਰਮ) ਵਿਚ ਰਹਿ ਕੇ ਪਾਰਟੀ ਨੂੰ ਮੁੜ ਜਥੇਬੰਦ ਕੀਤਾ। ਨਵੰਬਰ 1922 ਵਿਚ ਉਹ ਮਾਸਕੋ ਪਹੁੰਚ ਗਏ ਤੇ ਕਾਮਰੇਡ ਲੈਨਿਨ ਦੀ ਕਾਰਜ ਸ਼ੈਲੀ ਨੂੰ ਨੇੜਿਓਂ ਤੱਕਿਆ।

ਇਥੇ ਉਨ੍ਹਾਂ ਕਮਿਊਨਿਸਟ ਇੰਟਰਨੈਸ਼ਨਲ ਦੀ ਚੌਥੀ ਕਾਂਗਰਸ ਵਿਚ ਹਿੱਸਾ ਲਿਆ। ਰੂਸ ਤੋਂ ਉਹ ਭਾਈ ਰਤਨ ਸਿੰਘ (ਰਾਏਪੁਰ ਡੱਬਾ) ਨਾਲ ਭਾਰਤ ਵਿਚ ਪਰਚਾ ਕੱਢ ਕੇ ਲੋਕਾਂ ਨੂੰ ਜਾਗਰੂਕ ਕਰਨ ਦੇ ਮਕਸਦ ਨਾਲ ਵਾਪਸ ਪਰਤੇ, ਪਰ ਅਫਗਾਨਿਸਤਾਨ ਤੋਂ ਹਿੰਦੋਸਤਾਨ ਪ੍ਰਵੇਸ਼ ਕਰਦੇ ਸਮੇਂ ਹੀ ਬਰਤਾਨਵੀ ਪੁਲਸ ਦੇ ਹੱਥ ਆ ਗਏ। ਗ੍ਰਿਫਤਾਰੀ ਉਪਰੰਤ ਭਾਈ ਸਾਹਿਬ ਕਾਫੀ ਸਮਾਂ ਪਿੰਡ ਵਿਚ ਨਜ਼ਰਬੰਦ ਰਹੇ। ਇਸ ਉਪਰੰਤ ਉਨ੍ਹਾ ਨੇ ਭਾਗ ਸਿੰਘ ਕੈਨੇਡੀਅਨ ਤੇ ਬਾਬਾ ਕਰਮ ਸਿੰਘ ਚੀਮਾ ਦੀ ਮਦਦ ਨਾਲ ਫਰਵਰੀ 1926 ਵਿਚ ਅਗਾਂਹਵਧੂ ਪਰਚਾ 'ਕਿਰਤੀ' ਕੱਢਿਆ, ਜਿਸ ਨੇ ਅਗਾਂਹਵਧੂ ਪੰਜਾਬੀ ਪੱਤਰਕਾਰੀ ਨੂੰ ਪਹਿਲੀ ਵਾਰ ਇਕ ਵੱਡਾ ਮੰਚ ਮੁਹੱਈਆ ਕੀਤਾ। ਜ਼ਿਆਦਾ ਮਿਹਨਤ, ਮਾੜੀ ਖੁਰਾਕ ਤੇ ਪੁਲਸ ਦੇ ਅਣ-ਮਨੁੱਖੀ ਵਿਹਾਰ ਕਾਰਨ ਉਹ ਟੀ ਬੀ ਦਾ ਸ਼ਿਕਾਰ ਹੋ ਗਏ ਅਤੇ ਅੰਤ 19 ਮਈ 1927 ਨੂੰ ਉਹ ਕਿਰਤੀ ਦੇ ਦਫਤਰ ਅੰਮ੍ਰਿਤਸਰ ਵਿਖੇ ਸਦੀਵੀ ਵਿਛੋੜਾ ਦੇ ਗਏ। ਅਸੀਂ ਅੱਜ ਇਸ ਮਹਾਨ ਗ਼ਦਰੀ ਆਗੂ ਤੇ ਚਿੰਤਕ ਨੂੰ ਉਨ੍ਹਾ ਦੀ ਬਰਸੀ 'ਤੇ ਆਪਣੀ ਸ਼ਰਧਾ ਦੇ ਫੁੱਲ ਭੇਟ ਕਰਦੇ ਹਾਂ।

# ਸੰਪਰਕ : 99150-05814

# ਏਟਕ ਦੀ ਸੂਬਾ ਪੱਧਰੀ ਰੈਲੀ 'ਚ ਵੱਡੀ ਗਿਣਤੀ ਉਸਾਰੀ ਕਾਮੇ ਸ਼ਮੂਲੀਅਤ ਕਰਨਗੇ : ਪਰਮਜੀਤ ਢਾਬਾਂ

**ਕੰਸਟਰਕਸ਼ਨ ਵਰਕਰ ਐਂਡ ਲੇਬਰ ਯੂਨੀਅਨ ਏਟਕ ਵੱਲੋਂ ਚੱਕ ਅਰਾਈਆਂਵਾਲਾ ਵਿਖੇ ਮੀਟਿੰਗ**

**ਜਲਾਲਾਬਾਦ (ਜੀਤ ਕੁਮਾਰ/ਜੰਗੀਰ ਕੌਰ) :** ਪਿੰਡ ਚੱਕ ਅਰਾਈਆਂਵਾਲਾ (ਫਲੀਆਂਵਾਲਾ) ਦੇ ਗੁਰਦੁਆਰਾ ਸਾਹਿਬ ਵਿਖੇ ਕੰਸਟਰਕਸ਼ਨ ਵਰਕਰ ਐਂਡ ਲੇਬਰ ਯੂਨੀਅਨ (ਰਜਿ:) ਏਟਕ ਦੇ ਡਿਪਟੀ ਜਨਰਲ ਸਕੱਤਰ ਐਡਵੋਕੇਟ ਪਰਮਜੀਤ ਢਾਬਾਂ ਵੱਲੋਂ ਉਸਾਰੀ ਕਿਰਤੀ ਲਾਭਪਾਤਰੀਆਂ ਤੇ ਨੌਜਵਾਨਾਂ ਨਾਲ ਮੀਟਿੰਗ ਕੀਤੀ ਗਈ। ਇਸ ਮੌਕੇ ਵੱਡੀ ਗਿਣਤੀ ਵਿੱਚ ਪੁੱਜੇ ਕਿਰਤੀ ਮਜ਼ਦੂਰਾਂ, ਨੌਜਵਾਨਾਂ ਤੇ ਔਰਤਾਂ ਨੂੰ ਸੰਬੋਧਤ ਕਰਦਿਆਂ ਸੂਬਾਈ ਡਿਪਟੀ ਜਨਰਲ ਸਕੱਤਰ ਐਡਵੋਕੇਟ ਪਰਮਜੀਤ ਢਾਬਾਂ ਨੇ ਕਿਰਤ ਵਿਭਾਗ ਦੇ ਪੰਜਾਬ ਬਿਲਡਿੰਗ ਐਂਡ ਅਦਰ ਉਸਾਰੀ ਕਿਰਤੀ ਭਲਾਈ ਬੋਰਡ ਅਧੀਨ ਕਿਰਤੀ ਮਜ਼ਦੂਰਾਂ ਤੇ ਉਨ੍ਹਾਂ ਦੇ ਬੱਚਿਆਂ ਨੂੰ ਪੜ੍ਹਾਈ ਦੌਰਾਨ ਮਿਲਣ ਵਾਲੇ ਵਜ਼ੀਫੇ ਤੇ ਹੋਰ ਸਹੂਲਤਾਂ ਬਾਰੇ ਵਿਸਥਾਰ ਨਾਲ ਜਾਣੂ ਕਰਵਾਇਆ। ਉਨ੍ਹਾਂ ਕਿਹਾ ਕਿ ਉਸਾਰੀ ਕਿਰਤੀ ਲਾਭਪਾਤਰੀਆਂ ਨੂੰ ਸਹੂਲਤਾਂ ਲੈਣ ਸਬੰਧੀ ਜੇਕਰ ਕਿਸੇ ਨੂੰ ਕੋਈ ਪ੍ਰੇਸ਼ਾਨੀ ਆ ਰਹੀ ਹੈ ਤਾਂ ਉਹ ਜਲਾਲਾਬਾਦ ਵਿਖੇ ਸਥਾਪਤ ਦਫਤਰ ਵਿੱਚ ਆ ਕੇ ਮਿਲ ਸਕਦਾ ਹੈ, ਕਿਉਂਕਿ ਸਾਡੀ ਜਥੇਬੰਦੀ ਵੱਲੋਂ ਕਿਰਤੀ ਮਜ਼ਦੂਰਾਂ ਦੀਆਂ ਮੁਸ਼ਕਲਾਂ ਦਾ ਹੱਲ ਕਰਨ ਲਈ ਸੰਘਰਸ਼ ਕੀਤਾ ਜਾ ਰਿਹਾ ਹੈ, ਜਿਸ ਦੇ ਸਾਰਥਕ ਨਤੀਜੇ ਵੀ ਨਿਕਲ ਰਹੇ ਹਨ ਤੇ ਕਿਰਤੀ ਮਜ਼ਦੂਰਾਂ ਨੂੰ ਸਹੂਲਤਾਂ ਮਿਲ ਵੀ ਰਹੀਆਂ ਹਨ। ਐਡਵੋਕੇਟ ਢਾਬਾ ਨੇ ਕਿਹਾ ਕਿ ਕਿਰਤੀ,




ਕਾਮਿਆਂ, ਮੁਲਾਜ਼ਮਾਂ ਦੇ ਹੱਕਾਂ ਦੀ ਪ੍ਰਾਪਤੀ, ਪੰਜਾਬ ਸਰਕਾਰ ਵੱਲੋਂ ਉਜ਼ਰਤਾਂ 'ਚ ਕੀਤੇ ਨਿਗੂਣੇ ਵਾਧੇ ਤੇ ਕੇਂਦਰ ਸਰਕਾਰ ਵੱਲੋਂ ਕਿਰਤੀਆਂ ਦੇ ਹੱਕਾਂ ਖ਼ਿਲਾਫ਼ ਜਾਰੀ ਕੀਤੇ 4 ਕਿਰਤ ਕਾਨੂੰਨਾਂ ਖਿਲਾਫ ਆਲ ਇੰਡੀਆ ਟਰੇਡ ਯੂਨੀਅਨ ਕਾਂਗਰਸ (ਏਟਕ) ਪੰਜਾਬ ਵੱਲੋਂ 19 ਮਈ 2026 ਨੂੰ ਮੁਹਾਲੀ ਵਿਖੇ ਕਿਰਤ ਭਵਨ ਸਾਹਮਣੇ ਕੀਤੀ ਜਾ ਰਹੀ ਸੂਬਾ ਪੱਧਰੀ ਰੈਲੀ 'ਚ ਪੰਜਾਬ ਭਰ 'ਚ ਉਸਾਰੀ ਕਿਰਤੀ ਵੱਡੀ ਗਿਣਤੀ 'ਚ ਸ਼ਾਮਲ ਹੋਣਗੇ, ਜਿਸ ਦੀ ਤਿਆਰੀ ਪੂਰੇ ਜ਼ੋਰ ਸ਼ੋਰ ਨਾਲ ਚੱਲ ਰਹੀ ਹੈ ਅਤੇ ਜ਼ਿਲ੍ਹਾ ਫਾਜ਼ਿਲਕਾ ਵਿੱਚ ਪਿੰਡ-ਪਿੰਡ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਇਸ ਮੌਕੇ ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਦੇ ਸੂਬਾ ਪ੍ਰੈੱਸ ਸਕੱਤਰ ਸਤਨਾਮ ਸਿੰਘ ਫਲੀਆਂਵਾਲਾ ਨੇ ਕਿਹਾ ਕਿ ਸੂਬੇ ਦੀ ਆਪ ਸਰਕਾਰ ਨੇ ਆਪਣੇ ਚੋਣ ਮੈਨੀਫੈਸਟੋ ਵਿੱਚ ਵੱਖ-ਵੱਖ ਸਰਕਾਰੀ ਵਿਭਾਗਾਂ 'ਚ ਸੇਵਾਵਾਂ ਦੇ ਰਹੇ ਹਰ ਤਰ੍ਹਾਂ ਦੇ ਠੇਕਾ ਕਾਮਿਆਂ ਨੂੰ ਪੱਕਾ ਕਰਨ ਦਾ ਵਾਅਦਾ ਕੀਤਾ ਸੀ, ਪਰ ਇਹ ਵਾਅਦਾ ਆਪ ਸਰਕਾਰ ਨੇ ਸਾਢੇ 4 ਸਾਲਾਂ ਬੀਤ ਜਾਣ 'ਤੇ ਵੀ ਪੂਰਾ ਨਹੀਂ ਕੀਤਾ, ਇਸ ਲਈ ਸਾਡੀ ਮੰਗ ਹੈ ਕਿ ਹਰ ਤਰ੍ਹਾਂ ਦੇ ਠੇਕਾ ਕਾਮਿਆਂ ਨੂੰ ਪੱਕਾ ਕੀਤਾ ਜਾਵੇ, 1948 ਐਕਟ ਅਧੀਨ 15ਵੀਂ ਲੇਬਰ ਕਾਨਫਰੰਸ ਦੇ ਤਹਿਤ ਤਨਖਾਹ ਵਿੱਚ ਵਾਧਾ ਕੀਤਾ ਜਾਵੇ। ਕੰਸਟਰਕਸ਼ਨ ਵਰਕਰ ਐਂਡ ਲੇਬਰ ਯੂਨੀਅਨ (ਰਜਿ:) ਏਟਕ ਦੇ ਜ਼ਿਲ੍ਹਾ ਸਕੱਤਰ ਸੋਨਾ ਧੁਨਕੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕਿਰਤੀਆਂ ਦੀਆਂ ਉਜ਼ਰਤਾਂ 'ਚ 15 ਫੀਸਦੀ ਵਾਧਾ ਨਿਗੂਣਾ ਹੈ। ਏਟਕ ਮੰਗ ਕਰਦੀ ਹੈ ਕਿ ਕਿਰਤੀ ਦੀ ਪ੍ਰਤੀ ਮਹੀਨਾ ਉਜ਼ਰਤ ਘੱਟੋ ਘੱਟ 26000 ਰੁਪਏ ਲਾਗੂ ਕੀਤੀ ਜਾਵੇ। ਆਗੂਆਂ ਨੇ ਕਿਹਾ ਕਿ ਹੋਰਨਾਂ ਸੂਬਿਆਂ 'ਚ ਉਜ਼ਰਤਾਂ ਦਾ ਵੱਡਾ ਵਾਧਾ ਕੀਤਾ ਗਿਆ ਹੈ। ਏਟਕ ਵੱਲੋਂ ਉਜ਼ਰਤਾਂ ਦੇ ਵਾਧੇ ਲਈ ਕੀਤੀ ਜਾ ਰਹੀ ਸੂਬਾ ਪੱਧਰੀ ਰੈਲੀ 'ਚ ਉਸਾਰੀ ਕਿਰਤੀ ਨੂੰ ਵੱਡੀ ਗਿਣਤੀ 'ਚ ਸ਼ਾਮਲ ਹੋਣ ਦਾ ਸੱਦਾ ਦਿੰਦਿਆਂ ਕਿਹਾ ਕਿ ਉਹ ਆਪਣੇ ਹੱਕਾਂ ਦੀ ਪ੍ਰਾਪਤੀ ਲਈ ਵੱਡੀ ਗਿਣਤੀ 'ਚ ਸ਼ਮੂਲੀਅਤ ਕਰਨ ਤੇ 19 ਮਈ ਦੀ ਸੂਬਾ ਪੱਧਰੀ ਰੈਲੀ ਨੂੰ ਕਾਮਯਾਬ ਬਣਾਇਆ ਜਾਵੇ। ਇਸ ਮੀਟਿੰਗ ਵਿੱਚ ਸਬਜ਼ੀ ਮੰਡੀ ਵਾਲੇ ਭਗਵਾਨ ਸਿੰਘ, ਗੁਰਦੀਪ ਸਿੰਘ ਆਦਿ ਮੌਜੂਦ ਸਨ।

# ਮਾਲੇਰਕੋਟਲਾ 'ਚ ਜਾਲ੍ਹੀ ਕਰੰਸੀ ਮਾਡਿਊਲ ਦਾ ਪਰਦਾਫਾਸ਼, ਸਾਢੇ ਪੰਜ ਲੱਖ ਦੀ ਜਾਲ੍ਹੀ ਕਰੰਸੀ ਸਮੇਤ ਚਾਰ ਕਾਬੂ

- **ਬਰਾਮਦ ਕੀਤੀ ਗਈ ਜਾਲ੍ਹੀ ਭਾਰਤੀ ਕਰੰਸੀ 'ਚ ਸਾਰੇ 500 ਰੁਪਏ ਦੇ ਨੋਟ : ਡੀ ਜੀ ਪੀ**
- **ਆਉਣ ਵਾਲੇ ਦਿਨਾਂ 'ਚ ਹੋਰ ਗ੍ਰਿਫ਼ਤਾਰੀਆਂ ਤੇ ਬਰਾਮਦਗੀਆਂ ਹੋਣ ਦੀ ਸੰਭਾਵਨਾ: ਡਾ. ਸਿਮਰਤ ਕੌਰ**

**ਪਟਿਆਲਾ (ਰਾਜਿੰਦਰ ਸਿੰਘ ਥਿੰਦ) :** ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਵਿੱਢੀ ਮੁਹਿੰਮ ਦੌਰਾਨ ਜਾਲ੍ਹੀ ਭਾਰਤੀ ਕਰੰਸੀ ਨੋਟਾਂ (ਐਫਆਈਸੀਐਨ) ਦੇ ਸਰਕੂਲੇਸ਼ਨ ਨੂੰ ਕਰਾਰਾ ਝਟਕਾ ਦਿੰਦਿਆਂ ਕਾਊਂਟਰ ਇੰਟੈਲੀਜੈਂਸ ਪਟਿਆਲਾ (ਸੀ ਆਈ ਯੂਨਿਟ ਮਾਲੇਰਕੋਟਲਾ) ਨੇ ਜਾਲ੍ਹੀ ਕਰੰਸੀ ਮਾਡਿਊਲ ਵਿੱਚ ਸ਼ਾਮਲ ਚਾਰ ਵਿਅਕਤੀਆਂ ਨੂੰ 5.50 ਲੱਖ ਰੁਪਏ ਦੀ ਜਾਲ੍ਹੀ ਕਰੰਸੀ ਸਮੇਤ ਗ੍ਰਿਫਤਾਰ ਕਰਕੇ ਇਸ ਮਾਡਿਊਲ ਦਾ ਪਰਦਾਫਾਸ਼ ਕੀਤਾ ਹੈ।ਇਹ ਜਾਣਕਾਰੀ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਨਾਜ਼ਰ ਖਾਨ ਵਾਸੀ ਪਿੰਡ ਝੁਨੀਰ ਮਾਲੇਰਕੋਟਲਾ, ਰਾਜ ਮੁਹੰਮਦ ਵਾਸੀ ਧੂਰੀ ਸੰਗਰੂਰ, ਮੁਖਤਿਆਰ ਸਿੰਘ ਉਰਫ਼ ਗੁਰਜੀਤ ਸਿੰਘ ਵਾਸੀ ਪਿੰਡ ਮਲਿਕਪੁਰ ਜੀਂਦ, ਹਰਿਆਣਾ ਤੇ ਆਸਿਫ਼ ਅਲੀ ਵਾਸੀ ਮਾਲੇਰਕੋਟਲਾ ਵਜੋਂ ਹੋਈ ਹੈ। ਡੀਜੀਪੀ ਨੇ ਦੱਸਿਆ ਕਿ ਬਰਾਮਦ ਕੀਤੀ ਗਈ ਜਾਲ੍ਹੀ ਭਾਰਤੀ ਕਰੰਸੀ ਵਿੱਚ ਸਾਰੇ 500 ਰੁਪਏ ਦੇ ਨੋਟ ਹਨ।ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤਾ ਗਿਆ ਰਾਜ ਮੁਹੰਮਦ ਅਪਰਾਧਿਕ ਪਿਛੋਕੜ ਵਾਲਾ ਮੁਲਜ਼ਮ ਹੈ ਤੇ ਉਸ ਵਿਰੁੱਧ ਐਨਡੀਪੀਐੱਸ ਐਕਟ ਨਾਲ ਸਬੰਧਤ ਇੱਕ ਐਫਆਈਆਰ ਦਰਜ ਹੈ।ਉਨ੍ਹਾ ਕਿਹਾ ਕਿ ਇਸ ਨੈੱਟਵਰਕ ਦੇ ਅਗਲੇ-ਪਿਛਲੇ ਸਬੰਧਾਂ ਦਾ ਪਰਦਾਫਾਸ਼ ਕਰਨ ਲਈ ਹੋਰ ਜਾਂਚ ਜਾਰੀ ਹੈ। ਇਸ ਆਪ੍ਰੇਸ਼ਨ ਬਾਰੇ ਜਾਣਕਾਰੀ ਦਿੰਦਿਆਂ ਏਆਈਜੀ ਸੀਆਈ ਪਟਿਆਲਾ ਡਾ. ਸਿਮਰਤ ਕੌਰ ਨੇ ਦੱਸਿਆ ਕਿ ਸੀਆਈ ਯੂਨਿਟ ਮਾਲੇਰਕੋਟਲਾ ਦੀ ਟੀਮ ਵੱਲੋਂ ਕੀਤੀ ਗਈ ਕਾਰਵਾਈ ਦੌਰਾਨ ਦੋ ਸ਼ੱਕੀ ਵਿਅਕਤੀਆਂ ਨਾਜ਼ਰ ਖਾਨ ਤੇ ਰਾਜ ਮੁਹੰਮਦ ਨੂੰ ਗ੍ਰਿਫ਼ਤਾਰ ਕੀਤਾ ਗਿਆ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 4 ਲੱਖ ਰੁਪਏ ਦੇ ਜਾਲ੍ਹੀ ਭਾਰਤੀ ਕਰੰਸੀ ਨੋਟ ਬਰਾਮਦ ਕੀਤੇ ਗਏ।ਉਨ੍ਹਾਂ ਦੱਸਿਆ ਕਿ ਹੋਰ ਜਾਂਚ ਦੌਰਾਨ ਦੋ ਹੋਰ ਮੁਲਜ਼ਮਾਂ ਮੁਖਤਿਆਰ ਸਿੰਘ ਉਰਫ਼ ਗੁਰਜੀਤ ਸਿੰਘ ਤੇ ਆਸਿਫ਼ ਅਲੀ ਨੂੰ ਵੀ ਗ੍ਰਿਫ਼ਤਾਰ ਕੀਤਾ ਗਿਆ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 1.5 ਲੱਖ ਰੁਪਏ ਦੇ ਹੋਰ ਜਾਲ੍ਹੀ ਭਾਰਤੀ ਕਰੰਸੀ ਨੋਟ ਬਰਾਮਦ ਕੀਤੇ ਗਏ।ਏਆਈਜੀ ਨੇ ਕਿਹਾ ਕਿ ਅਗਲੇਰੀ ਜਾਂਚ ਦੌਰਾਨ ਆਉਣ ਵਾਲੇ ਦਿਨਾਂ ਵਿੱਚ ਹੋਰ ਗ੍ਰਿਫ਼ਤਾਰੀਆਂ ਤੇ ਬਰਾਮਦਗੀਆਂ ਹੋਣ ਦੀ ਸੰਭਾਵਨਾ ਹੈ।ਇਸ ਸਬੰਧੀ ਐਫਆਈਆਰ ਨੰਬਰ 159 ਮਿਤੀ 17.05.2026 ਨੂੰ ਭਾਰਤੀ ਨਿਆਂ ਸੰਹਿਤਾ (ਬੀਐਨਐਸ) ਦੀ ਧਾਰਾ 179 ਤੇ 180 ਤਹਿਤ ਮਾਲੇਰਕੋਟਲਾ ਦੇ ਥਾਣਾ ਅਮਰਗੜ੍ਹ ਵਿਖੇ ਦਰਜ ਕੀਤੀ ਗਈ ਹੈ।

# ਭਗੌੜਾ ਗ੍ਰਿਫਤਾਰ



**ਫਿਰੋਜ਼ਪੁਰ (ਅਸ਼ੋਕ ਸ਼ਰਮਾ) :** ਫਿਰੋਜ਼ਪੁਰ ਪੁਲਸ ਵੱਲੋਂ ਮਾੜੇ ਅਨਸਰਾਂ ਤੇ ਕਾਨੂੰਨ ਦੀਆਂ ਅੱਖਾਂ ਵਿੱਚ ਘੱਟਾ ਪਾ ਕੇ ਫਰਾਰ ਚੱਲ ਰਹੇ ਭਗੌੜੇ ਦੋਸ਼ੀਆਂ ਖਿਲਾਫ ਵਿੱਢੀ ਗਈ ਵਿਸ਼ੇਸ਼ ਮੁਹਿੰਮ ਨੂੰ ਉਸ ਸਮੇਂ ਵੱਡੀ ਸਫਲਤਾ ਮਿਲੀ, ਜਦੋਂ ਪੁਲਸ ਨੇ ਮੁਸਤੈਦੀ ਦਿਖਾਉਂਦੇ ਹੋਏ ਇੱਕ ਹੋਰ ਭਗੌੜੇ ਦੋਸ਼ੀ ਨੂੰ ਗ੍ਰਿਫਤਾਰ ਕਰ ਲਿਆ। ਪੁਲਸ ਨੂੰ ਗੁਪਤ ਸੂਚਨਾ ਮਿਲੀ ਸੀ ਕਿ ਇੱਕ ਲੰਮੇ ਸਮੇਂ ਤੋਂ ਫਰਾਰ ਚੱਲ ਰਿਹਾ ਦੋਸ਼ੀ ਇਲਾਕੇ ਵਿੱਚ ਲੁਕਿਆ ਹੋਇਆ ਹੈ। ਪੁਲਸ ਪਾਰਟੀ ਨੇ ਤੁਰੰਤ ਕਾਰਵਾਈ ਕਰਦੇ ਹੋਏ ਯੋਜਨਾਬੱਧ ਤਰੀਕੇ ਨਾਲ ਘੇਰਾਬੰਦੀ ਕੀਤੀ ਤੇ ਉਕਤ ਦੋਸ਼ੀ ਨੂੰ ਦਬੋਚ ਲਿਆ। ਪੁਲਸ ਨੇ ਦੱਸਿਆ ਕਿ ਅਸੀਂ ਜ਼ਿਲ੍ਹੇ ਦੇ ਨਿਵਾਸੀਆਂ ਨੂੰ ਵਿਸ਼ਵਾਸ ਦਿਵਾਉਂਦੇ ਹਾਂ ਕਿ ਮੁਜਰਮ ਚਾਹੇ ਕਿੰਨਾ ਵੀ ਚਲਾਕ ਕਿਉਂ ਨਾ ਹੋਵੇ, ਉਹ ਕਾਨੂੰਨ ਦੀ ਪਕੜ ਤੋਂ ਬਚ ਨਹੀਂ ਸਕਦਾ। ਆਉਣ ਵਾਲੇ ਦਿਨਾਂ ਵਿੱਚ ਇਸ ਮੁਹਿੰਮ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਪੁਲਸ ਅਧਿਕਾਰੀਆਂ ਅਨੁਸਾਰ ਫੜੇ ਗਏ ਦੋਸ਼ੀ ਕੋਲੋਂ ਪੁੱਛਗਿੱਛ ਕੀਤੀ ਜਾ ਰਹੀ ਹੈ ਤਾਂ ਜੋ ਇਹ ਪਤਾ ਲਗਾਇਆ ਜਾ ਸਕੇ ਕਿ ਫਰਾਰ ਰਹਿਣ ਦੌਰਾਨ ਉਸ ਨੂੰ ਕਿਹੜੇ ਲੋਕਾਂ ਨੇ ਪਨਾਹ ਦਿੱਤੀ ਸੀ। ਪੁਲਸ ਨੇ ਸਪੱਸ਼ਟ ਕੀਤਾ ਹੈ ਕਿ ਆਉਣ ਵਾਲੇ ਦਿਨਾਂ ਵਿੱਚ ਅਜਿਹੀਆਂ ਹੋਰ ਗ੍ਰਿਫਤਾਰੀਆਂ ਹੋਣ ਦੀ ਸੰਭਾਵਨਾ ਹੈ।

# ਸ਼ਹਿਰ 'ਚ ਦੁਕਾਨਦਾਰਾਂ ਨੇ ਦੁਕਾਨਾਂ ਬਾਹਰ ਸੜਕ 'ਤੇ ਕੀਤੇ ਨਜਾਇਜ਼ ਕਬਜ਼ੇ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ ਸਿੰਘ) :** ਸਥਾਨਕ ਸ਼ਹਿਰ ਵਿੱਚ ਦਿਨੋਂ-ਦਿਨ ਵਧ ਰਹੀ ਟ੍ਰੈਫਿਕ ਸਮੱਸਿਆ ਤੇ ਜਗ੍ਹਾ-ਜਗ੍ਹਾ ਲੱਗ ਰਹੇ ਜਾਮ ਨੇ ਆਮ ਸ਼ਹਿਰੀਆਂ ਤੇ ਰਾਹਗੀਰਾਂ ਦਾ ਜੀਵਨ ਬੁਰੀ ਤਰ੍ਹਾਂ ਪ੍ਰਭਾਵਿਤ ਕਰ ਦਿੱਤਾ ਹੈ।ਸ਼ਹਿਰ ਦੇ ਮੁੱਖ ਬਾਜ਼ਾਰਾਂ ਤੇ ਸੜਕਾਂ 'ਤੇ ਪੈਦਲ ਚੱਲਣਾ ਵੀ ਕਿਸੇ ਵੱਡੀ ਚੁਣੌਤੀ ਤੋਂ ਘੱਟ ਨਹੀਂ ਰਿਹਾ।ਇਸ ਸਮੱਸਿਆ

- **ਸੜਕਾਂ ਸੁੰਗੜੀਆਂ ਲੱਗ ਰਹੀਆਂ ਲੰਮੀਆਂ ਟਰੈਫਿਕ ਦੀਆਂ ਕਤਾਰਾਂ**



ਦਾ ਸਭ ਤੋਂ ਵੱਡਾ ਕਾਰਨ ਬਾਜ਼ਾਰਾਂ 'ਚ ਦੁਕਾਨਦਾਰਾਂ ਵੱਲੋਂ ਕੀਤੇ ਗਏ ਨਜਾਇਜ਼ ਕਬਜ਼ੇ ਤੇ ਪ੍ਰਸ਼ਾਸਨ ਦੀ ਢਿੱਲੀ ਕਾਰਗੁਜ਼ਾਰੀ ਹੈ।ਸ਼ਹਿਰ ਦੇ ਤਕਰੀਬਨ ਸਾਰੇ ਪ੍ਰਮੁੱਖ ਬਾਜ਼ਾਰਾਂ 'ਚ ਦੁਕਾਨਦਾਰਾਂ ਵੱਲੋਂ ਆਪਣੀਆਂ ਦੁਕਾਨਾਂ ਦਾ ਸਾਮਾਨ ਸੜਕਾਂ 'ਤੇ ਅੱਗੇ ਤੱਕ ਰੱਖ ਕੇ ਸ਼ਰੇਆਮ ਨਜਾਇਜ਼ ਕਬਜ਼ੇ ਕੀਤੇ ਹੋਏ ਹਨ।ਰਹੀ-ਸਹੀ ਕਸਰ ਹਰ ਮੁੱਖ ਚੌਂਕ ਤੇ ਮੋੜ 'ਤੇ ਖੜ੍ਹਨ ਵਾਲੇ ਰੇਹੜੀ-ਫੜੀ ਵਾਲਿਆਂ ਨੇ ਪੂਰੀ ਕਰ ਦਿੱਤੀ ਹੈ।ਇਨ੍ਹਾਂ ਅਸਥਾਈ ਅੱਡਿਆਂ ਕਾਰਨ ਸੜਕਾਂ ਸੁੰਗੜ ਕੇ ਬੇਹੱਦ ਭੀੜੀਆਂ ਹੋ ਚੁੱਕੀਆਂ ਹਨ।ਖ਼ਰੀਦਦਾਰੀ ਕਰਨ ਆਉਣ ਵਾਲੇ ਲੋਕਾਂ ਨੂੰ ਆਪਣੇ ਵਾਹਨ ਪਾਰਕ ਕਰਨ ਲਈ ਜਗ੍ਹਾ ਨਹੀਂ ਮਿਲਦੀ, ਜਿਸ ਕਾਰਨ ਵਾਹਨ ਸੜਕਾਂ ਦੇ ਵਿਚਕਾਰ ਖੜ੍ਹਦੇ ਹਨ ਤੇ ਮਿੰਟਾਂ ਵਿੱਚ ਹੀ ਲੰਮਾ ਟ੍ਰੈਫਿਕ ਜਾਮ ਲੱਗ ਜਾਂਦਾ ਹੈ।ਸਕੂਲਾਂ 'ਚ ਛੁੱਟੀ ਵੇਲੇ ਜਾਮ 'ਚ ਫਸੇ ਰਹਿੰਦੇ ਵਾਹਨ ਇਹ ਸਮੱਸਿਆ ਦੁਪਹਿਰ ਵੇਲੇ ਉਸ ਸਮੇਂ ਹੋਰ ਵੀ ਭਿਆਨਕ ਰੂਪ ਧਾਰਨ ਕਰ ਲੈਂਦੀ ਹੈ, ਜਦੋਂ ਸ਼ਹਿਰ ਦੇ ਵੱਖ-ਵੱਖ ਸਕੂਲਾਂ 'ਚ ਛੁੱਟੀ ਹੁੰਦੀ ਹੈ।ਸਕੂਲੀ ਬੱਸਾਂ, ਵੈਨਾਂ, ਆਟੋ ਤੇ ਆਪਣੇ ਬੱਚਿਆਂ ਨੂੰ ਲੈਣ ਆਏ ਮਾਪਿਆਂ ਦੇ ਵਾਹਨਾਂ ਦੀ ਭਾਰੀ ਗਿਣਤੀ ਕਾਰਨ ਪੂਰਾ ਸ਼ਹਿਰ ਬੰਦ ਹੋ ਜਾਂਦਾ ਹੈ।ਕਈ-ਕਈ ਘੰਟੇ ਵਾਹਨ ਇਸ ਜਾਮ 'ਚ ਫਸੇ ਰਹਿੰਦੇ ਹਨ, ਜਿਸ ਵਿੱਚ ਸਕੂਲੀ ਬੱਚੇ ਗਰਮੀ ਕਾਰਨ ਬੇਹਾਲ ਹੁੰਦੇ ਹਨ।ਸਭ ਤੋਂ ਚਿੰਤਾਜਨਕ ਗੱਲ ਇਹ ਹੈ ਕਿ ਕਈ ਵਾਰ ਹਸਪਤਾਲ ਜਾ ਰਹੀਆਂ ਐਂਬੂਲੈਂਸਾਂ ਵੀ ਇਸ ਜਾਮ ਦੀ ਲਪੇਟ 'ਚ ਆ ਜਾਂਦੀਆਂ ਹਨ।ਟ੍ਰੈਫਿਕ ਨਿਯਮਾਂ ਤੋਂ ਕੋਰੇ ਈ-ਰਿਕਸ਼ਾ ਚਾਲਕ ਬਣਦੇ ਹਾਦਸਿਆਂ ਦਾ ਕਾਰਨ ਸ਼ਹਿਰ 'ਚ ਬਿਨਾਂ ਕਿਸੇ ਰਜਿਸਟਰੇਸ਼ਨ ਤੇ ਯੋਜਨਾ ਦੇ ਈ-ਰਿਕਸ਼ਿਆਂ ਦੀ ਹੜ੍ਹ ਵਾਂਗ ਆਈ ਭਰਮਾਰ ਨੇ ਬਲਦੀ 'ਤੇ ਤੇਲ ਪਾਉਣ ਦਾ ਕੰਮ ਕੀਤਾ ਹੈ।ਇਨ੍ਹਾਂ ਈ-ਰਿਕਸ਼ਿਆਂ ਦੇ ਜ਼ਿਆਦਾਤਰ ਚਾਲਕ ਟ੍ਰੈਫਿਕ ਨਿਯਮਾਂ ਤੋਂ ਪੂਰੀ ਤਰ੍ਹਾਂ ਕੋਰੇ ਹਨ।ਇਹ ਚਾਲਕ ਸਵਾਰੀਆਂ ਲੱਦਣ ਦੇ ਚੱਕਰ ਵਿੱਚ ਬਾਜ਼ਾਰਾਂ ਦੇ ਵਿਚਕਾਰ ਹੀ ਅਚਾਨਕ ਬ੍ਰੇਕ ਲਗਾ ਦਿੰਦੇ ਹਨ, ਜਿਸ ਕਾਰਨ ਰੋਜ਼ਾਨਾ ਛੋਟੇ-ਮੋਟੇ ਹਾਦਸੇ ਵਾਪਰ ਰਹੇ ਹਨ।ਹੱਦ ਤਾਂ ਉਦੋਂ ਹੋ ਜਾਂਦੀ ਹੈ, ਜਦੋਂ ਭੀੜ-ਭੜੱਕੇ ਵਾਲੇ ਤੰਗ ਬਾਜ਼ਾਰਾਂ ਵਿੱਚ ਇਹ ਈ-ਰਿਕਸ਼ੇ ਸਵਾਰੀਆਂ ਢੋਹਣ ਦੇ ਨਾਲ-ਨਾਲ ਦੁਕਾਨਾਂ ਦਾ ਭਾਰੀ ਸਮਾਨ ਤੇ ਲੋਹੇ ਦੇ ਗਾਡਰ ਤੱਕ ਲੱਦ ਕੇ ਲੰਘਦੇ ਹਨ।ਇਸ ਕਾਰਨ ਪੈਦਲ ਚੱਲਣ ਵਾਲੇ ਗਾਹਕਾਂ ਤੇ ਔਰਤਾਂ ਨੂੰ ਲੰਘਣ ਵਿੱਚ ਭਾਰੀ ਦਿੱਕਤ ਆਉਂਦੀ ਹੈ ਅਤੇ ਬਾਜ਼ਾਰਾਂ ਵਿੱਚ ਹਰ ਵੇਲੇ ਦਹਿਸ਼ਤ ਦਾ ਮਾਹੌਲ ਬਣਿਆ ਰਹਿੰਦਾ ਹੈ।ਸ਼ਹਿਰ ਵਾਸੀਆਂ ਤੇ ਵੱਖ-ਵੱਖ ਸਮਾਜਿਕ ਜਥੇਬੰਦੀਆਂ ਨੇ ਜ਼ਿਲ੍ਹਾ ਪ੍ਰਸ਼ਾਸਨ, ਨਗਰ ਕੌਂਸਲ ਤੇ ਟ੍ਰੈਫਿਕ ਪੁਲਸ ਵਿਭਾਗ ਤੋਂ ਪੁਰਜ਼ੋਰ ਮੰਗ ਕੀਤੀ ਹੈ ਕਿ ਸ਼ਹਿਰ ਨੂੰ ਇਸ ਨਰਕ ਵਰਗੀ ਸਮੱਸਿਆ ਤੋਂ ਨਿਜਾਤ ਦਿਵਾਈ ਜਾਵੇ।ਲੋਕਾਂ ਅਨੁਸਾਰ ਬਾਜ਼ਾਰਾਂ ਵਿੱਚੋਂ ਨਜਾਇਜ਼ ਕਬਜ਼ੇ ਹਟਾਉਣ ਲਈ ਇੱਕ ਨਿਰੰਤਰ ਤੇ ਸਖ਼ਤ ਮੁਹਿੰਮ ਚਲਾਈ ਜਾਣੀ ਚਾਹੀਦੀ ਹੈ, ਰੇਹੜੀ ਵਾਲਿਆਂ ਲਈ ਨੋ-ਵੈਂਡਿੰਗ ਜ਼ੋਨ ਤੈਅ ਕੀਤੇ ਜਾਣ ਤੇ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਈ-ਰਿਕਸ਼ਾ ਚਾਲਕਾਂ ਤੇ ਦੁਕਾਨਦਾਰਾਂ ਦੇ ਮੋਟੇ ਚਲਾਨ ਕੱਟੇ ਜਾਣ ਤਾਂ ਜੋ ਟ੍ਰੈਫਿਕ ਵਿਵਸਥਾ ਨੂੰ ਮੁੜ ਲੀਹ 'ਤੇ ਲਿਆਂਦਾ ਜਾ ਸਕੇ।

# ਅਧਿਆਪਕ ਜਥੇਬੰਦੀਆਂ ਦਾ ਵਫਦ ਡੀ ਸੀ ਨੂੰ ਮਿਲਿਆ

**ਮੋਗਾ (ਇਕਬਾਲ ਸਿੰਘ ਖਹਿਰਾ)-** ਮੋਗਾ ਜ਼ਿਲ੍ਹੇ ਦੀਆਂ ਵੱਖ-ਵੱਖ ਅਧਿਆਪਕ ਜਥੇਬੰਦੀਆਂ ਦੇ ਇੱਕ ਵਫ਼ਦ ਬਲਜਿੰਦਰ ਧਾਲੀਵਾਲ ,ਪਰਗਟਜੀਤ ਸਿੰਘ ਕਿਸ਼ਨਪੁਰਾ, ਸੁਖਪਾਲਜੀਤ ਸਿੰਘ, ਜੱਜਪਾਲ ਸਿੰਘ ਬਾਜੇਕੇ,



ਇੰਦਰਪਾਲ ਸਿੰਘ ਢਿੱਲੋਂ ਦੀ ਸਾਂਝੀ ਅਗਵਾਈ ਵਿੱਚ ਜਨਗਣਨਾ 2026 ਦੀ ਡਿਊਟੀ ਕਰ ਰਹੇ ਅਧਿਆਪਕਾਂ ਨੂੰ ਦਰਪੇਸ਼ ਆ ਰਹੀਆਂ ਮੁਸ਼ਕਲਾਂ ਸਬੰਧੀ ਵਫਦ ਡਿਪਟੀ ਕਮਿਸ਼ਨਰ ਮੋਗਾ ਸਾਗਰ ਸੇਤੀਆ ਨੂੰ ਮਿਲਿਆ।ਜਥੇਬੰਦੀਆਂ ਦੇ ਪ੍ਰਤੀਨਿਧੀਆਂ ਨੇ ਡਿਪਟੀ ਕਮਿਸ਼ਨਰ ਅੱਗੇ ਮੰਗ ਰੱਖੀ ਕਿ ਜਨਗਣਨਾ 2026 ਵਿੱਚ ਡਿਊਟੀ ਕਰ ਰਹੇ ਅਧਿਆਪਕਾਂ ਨੂੰ ਸਕੂਲੀ ਡਿਊਟੀ ਤੋਂ ਅਸਥਾਈ ਛੋਟ ਦਿੱਤੀ ਜਾਵੇ, ਤਾਂ ਜੋ ਉਹ ਇਸ ਮਹੱਤਵਪੂਰਨ ਰਾਸ਼ਟਰੀ ਕਾਰਜ ਨੂੰ ਸਮੇਂ ਸਿਰ ਤੇ ਸੁਚੱਜੇ ਢੰਗ ਨਾਲ ਪੂਰਾ ਕਰ ਸਕਣ।ਸਕੂਲ ਸਮੇਂ ਤੋਂ ਪਹਿਲਾਂ ਜਾਂ ਸਕੂਲ ਸਮੇਂ ਤੋਂ ਬਾਅਦ ਇਹ ਡਿਊਟੀ ਕਰਨੀ ਇਸ ਗਰਮੀ ਦੇ ਮੌਸਮ ਵਿੱਚ ਅਤੀ ਕਠਿਨ ਹੈ ਤੇ ਜੇ ਅਧਿਆਪਕ ਨੂੰ ਸਕੂਲ ਸਮੇਂ ਦੇ ਵਿੱਚ ਫਾਰਕ ਕਰਕੇ ਇਹ ਡਿਊਟੀ ਕਰਨ ਸਬੰਧੀ ਪੱਤਰ ਜਾਰੀ ਕਰ ਦਿੱਤਾ ਜਾਵੇ ਤਾਂ ਅਧਿਆਪਕ ਆਪਣੀ ਜਨਗਣਨਾ ਦੀ ਡਿਊਟੀ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਏਗਾ ਤੇ ਆਪਣਾ ਕੰਮ ਦਿੱਤੇ ਹੋਏ ਸਮੇਂ 'ਤੇ ਕਰਨ ਵਿੱਚ ਸਫਲ ਹੋਵੇਗਾ। ਜਥੇਬੰਦੀ ਦੇ ਆਗੂਆਂ ਦੀ ਗੱਲ ਧਿਆਨ ਨਾਲ ਸੁਣਨ ਤੋਂ ਬਾਅਦ ਡਿਪਟੀ ਕਮਿਸ਼ਨਰ ਮੋਗਾ ਸਾਗਰ ਸੇਤੀਆ ਨੇ ਵਫ਼ਦ ਨੂੰ ਵਿਸ਼ਵਾਸ ਦਵਾਇਆ ਕਿ ਇਸ ਮੰਗ ਸਬੰਧੀ ਲੋੜੀਂਦੀ ਕਾਰਵਾਈ ਕੀਤੀ ਜਾਵੇਗੀ। ਅਧਿਆਪਕ ਜਥੇਬੰਦੀਆਂ ਨੇ ਆਸ ਪ੍ਰਗਟਾਈ ਕਿ ਪ੍ਰਸ਼ਾਸਨ ਵੱਲੋਂ ਜਲਦੀ ਹੀ ਸਕਾਰਾਤਮਕ ਫੈਸਲਾ ਲਿਆ ਜਾਵੇਗਾ, ਜਿਸ ਨਾਲ ਜਨਗਣਨਾ ਦਾ ਕੰਮ ਪ੍ਰਭਾਵਸ਼ਾਲੀ ਢੰਗ ਨਾਲ ਸੰਪੰਨ ਹੋ ਸਕੇਗਾ।ਇਸ ਸਮੇਂ ਬਲਜਿੰਦਰ ਧਾਲੀਵਾਲ, ਪ੍ਰਗਟਜੀਤ ਸਿੰਘ ਕਿਸ਼ਨਪੁਰਾ, ਸੁੱਖਪਾਲਜੀਤ ਸਿੰਘ, ਜੱਜਪਾਲ ਸਿੰਘ ਬਾਜੇ ਕੇ, ਇੰਦਰਪਾਲ ਸਿੰਘ ਢਿੱਲੋਂ, ਗੁਰਮੀਤ ਸਿੰਘ ਢੋਲੇਵਾਲਾ ਹਾਜ਼ਰ।



# ਪੀਰ ਬਾਬਾ ਬੇਦੀ ਸ਼ਾਹ ਦਾ ਮੇਲਾ ਤੇ ਭੰਡਾਰਾ 25 ਤੇ 26 ਨੂੰ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-** ਸਥਾਨਕ ਥਾਣਾ ਵਿੱਚ ਸਥਿਤ ਪੀਰ ਬਾਬਾ ਬੇਦੀ ਸ਼ਾਹ ਜੀ ਦਾ ਸਾਲਾਨਾ 2 ਦਿਨਾ ਮੇਲਾ ਤੇ ਭੰਡਾਰਾ 25 ਤੇ 26 ਮਈ ਨੂੰ ਕਰਵਾਇਆ ਜਾ ਰਿਹਾ ਹੈ। ਇਲਾਕੇ ਭਰ ਵਿੱਚ ਮਸ਼ਹੂਰ ਮੇਲੇ ਵਿੱਚ 25 ਮਈ ਨੂੰ ਸਵੇਰੇ ਪੀਰ ਬਾਬਾ ਬੇਦੀ ਸ਼ਾਹ ਜੀ ਦੀ ਮਜ਼ਾਰ 'ਤੇ ਚਾਦਰ ਚੜ੍ਹਾਉਣ ਦੀ ਰਸਮ ਡੀ.ਐੱਸ.ਪੀ. ਪ੍ਰਿਤਪਾਲ ਸਿੰਘ ਤੇ ਥਾਣਾ ਮੁਖੀ ਪਵਿੱਤਰ ਸਿੰਘ ਵੱਲੋਂ ਅਦਾ ਕੀਤੀ ਜਾਵੇਗੀ। 25 ਮਈ ਨੂੰ ਪ੍ਰਸਿੱਧ ਕੱਵਾਲ ਨਜ਼ਾਕਤ ਅਲੀ, ਨਾਜ਼ਿਮਾ ਖਾਨ, ਪ੍ਰੇਮ ਸਾਗਰ ਕੱਵਾਲ ਸੂਫ਼ੀਆਨਾ ਮਹਿਫ਼ਲ ਸਜਾਉਣਗੇ, ਜਦਕਿ 26 ਮਈ ਨੂੰ ਪ੍ਰਸਿੱਧ ਗਾਇਕ ਪਰਵੇਜ਼ ਆਲਮ, ਮਨਜੀਤ ਭੱਟੀ ਤੇ ਲਵ ਪੰਨੂ ਪੀਰਾਂ ਦੀ ਮਹਿਮਾ ਦਾ ਗੁਣਗਾਣ ਕਰਨਗੇ। ਆਈਆਂ ਸੰਗਤਾਂ ਲਈ ਦੋਵੇਂ ਦਿਨ ਠੰਢੇ ਮਿੱਠੇ ਜਲ ਦੀ ਛਬੀਲ ਤੇ ਵੱਖ-ਵੱਖ ਪਕਵਾਨਾਂ ਦੇ ਲੰਗਰ ਵੀ ਵਰਤਾਏ ਜਾਣਗੇ। ਮੇਲੇ ਦੀਆਂ ਤਿਆਰੀਆਂ ਜ਼ੋਰਾਂ 'ਤੇ ਚੱਲ ਰਹੀਆਂ ਹਨ ਤੇ ਥਾਣਾ ਮਾਛੀਵਾੜਾ ਦਾ ਸਮੂਹ ਸਟਾਫ਼ ਤਨਦੇਹੀ ਨਾਲ ਸੇਵਾ ਕਰ ਰਿਹਾ ਹੈ। ਇਸ ਮੌਕੇ ਪਰਮਜੀਤ ਪੰਮੀ, ਮੁੱਖ ਸੇਵਾਦਾਰ ਬਾਬਾ ਗੁਰਦਾਸ, ਡਾਇਰੈਕਟਰ ਗੁਰਮੁਖ ਦੀਪ, ਹਰਦਿਆਲ ਹੈਪੀ, ਜਗਦੀਪ ਸਿੰਘ, ਮਿਠਨ ਕੁਮਾਰ, ਮਨਪ੍ਰੀਤ ਮਨੀ, ਗੁਰਦੀਪ ਸਿੰਘ, ਪ੍ਰਦੀਪ ਸਿੰਘ ਮੰਗਾ ਹਾਜ਼ਰ ਸਨ।

# ਆਰ ਐੱਮ ਪੀ ਆਈ ਤੇ ਲਿਬਰੇਸ਼ਨ ਵੱਲੋਂ ਮਹਿੰਗਾਈ ਤੇ ਪੇਪਰ ਲੀਕ ਮਾਮਲੇ ਖਿਲਾਫ ਧਰਨਾ ਤੇ ਰੈਲੀ

**ਭੀਖੀ (ਗੁਰਿੰਦਰ ਸਿੰਘ ਔਲਖ)-** ਸੂਬਾ ਪੱਧਰੀ ਸੱਦੇ ਤਹਿਤ ਆਰ ਐੱਮ ਪੀ ਆਈ ਤੇ ਸੀ ਪੀ ਆਈ ਐੱਮ ਐੱਲ ਲਿਬਰੇਸ਼ਨ ਵੱਲੋਂ ਮੋਦੀ ਸਰਕਾਰ ਵੱਲੋਂ ਲਗਾਤਾਰ ਮਹਿੰਗਾਈ ਵਿੱਚ ਵਾਧਾ ਪੇਪਰ ਲੀਕ ਰਾਹੀਂ




ਲੱਖਾਂ ਨੌਜਵਾਨਾਂ ਦਾ ਭਵਿੱਖ ਖਰਾਬ ਕਰਨ ਦੇ ਖਿਲਾਫ ਸਾਂਝੇ ਤੌਰ ਤੇ ਬੱਸ ਸਟੈਂਡ ਭੀਖੀ ਵਿਖੇ ਧਰਨਾ ਤੇ ਰੈਲੀ ਪ੍ਰਦਰਸ਼ਨ ਕੀਤਾ ਗਿਆ । ਸੀ ਪੀ ਆਈ ਐੱਮ ਐੱਲ ਲਿਬਰੇਸ਼ਨ ਤੇ ਆਰ ਐੱਮ ਪੀ ਆਈ ਦੀ ਇਸ ਰੈਲੀ ਨੂੰ ਲਿਬਰੇਸ਼ਨ ਦੇ ਸੀਨੀਅਰ ਆਗੂ ਕਾਮਰੇਡ ਗੁਰਨਾਮ ਸਿੰਘ, ਆਰ ਐੱਮ ਪੀ ਆਈ ਦੇ ਆਗੂ ਮਾਸਟਰ ਛੱਜੂ ਰਾਮ ਜੀ, ਲਿਬਰੇਸ਼ਨ ਦੇ ਕਾਮਰੇਡ ਧਰਮਪਾਲ ਨੀਟਾ, ਭੋਲਾ ਸਿੰਘ ਸਮਾਓ, ਬਲਵਿੰਦਰ ਘਰੰਗਣਾ,ਦਿਨੇਸ਼ ਸੋਨੀ , ਭੂਰਾ ਸਮਾਉਂ, ਦਰਸ਼ਨ ਟੇਲਰ, ਗੁਰਜੰਟ ਸਿੰਘ, ਅਜਾਇਬ ਸਿੰਘ, ਅਮਰੀਕ (ਬੋਧੂ), ਗੁਲਾਬ ਸਿੰਘ, ਕਪੂਰ ਚੰਦ ਆਦਿ ਆਗੂਆਂ ਨੇ ਕਿਹਾ ਕਿ ਸਰਕਾਰ ਨੇ ਗੈਸ ਤੇਲ ਕੀਮਤਾਂ ਵਿੱਚ ਅਥਾਹ ਵਾਧੇ ਕਰਕੇ ਲੋਕਾਂ ਦਾ ਗਲਾ ਘੁੱਟਣ ਦਾ ਕੰਮ ਕੀਤਾ ਹੈ।ਜਦ ਤੇਲ ਦੀਆਂ ਕੀਮਤਾਂ ਕਮੰਤਰੀ ਪੱਧਰ 'ਤੇ ਬਹੁਤ ਨੀਵੀਆਂ ਸੀ ਤਾਂ ਉਸ ਟਾਈਮ ਲੋਕਾਂ ਨੂੰ ਇਸ ਦਾ ਕੋਈ ਵੀ ਫਾਇਦਾ ਨਹੀਂ ਦਿੱਤਾ, ਹੁਣ ਕੰਪਨੀਆਂ ਨਾਲ ਯਾਰੀਆਂ ਪਗਾਉਣ ਲਈ ਕੀਮਤਾਂ ਵਿੱਚ ਲਗਾਤਾਰ ਵਾਧਾ ਕੀਤਾ ਜਾ ਰਿਹਾ।ਚੋਣਾਂ ਤੋਂ ਤੁਰੰਤ ਬਾਅਦ ਸਰਕਾਰ ਲੋਕਾਂ ਨੂੰ ਮਾਨਸਿਕ ਤੌਰ 'ਤੇ ਲੌਕਡਾਊਨ ਵਰਗੀ ਸਥਿਤੀ ਵਿੱਚ ਭੇਜਣ ਦੀ ਤਿਆਰੀ ਕਰ ਰਹੀ ਹੈ ਤੇ ਮਨਮਾਨੀ ਲੁੱਟ ਕਰਵਾਉਣ ਲੱਗੀ ਹੋਈ ਹੈ।ਮੋਦੀ ਸਰਕਾਰ ਦੀਆਂ ਨੀਤੀਆਂ ਕਾਰਨ ਸਾਡੇ ਨੇੜਲੇ ਮਿੱਤਰ ਦੇਸ਼ਾਂ ਨਾਲ, ਜਿਨ੍ਹਾਂ ਤੋਂ ਸਾਨੂੰ ਗੈਸ ਤੇਲ ਸਭ ਕੁਝ ਸਸਤਾ ਮਿਲ ਦਾ ਸੀ, ਉਨ੍ਹਾਂ ਨਾਲੋਂ ਸਬੰਧ ਵਿਗਾੜ ਕੇ ਇਜ਼ਰਾਇਲ ਤੇ ਅਮਰੀਕਾ ਵਰਗੇ ਗੁੰਡੇ ਰਾਜਾਂ ਨਾਲ ਸਬੰਧ ਬਣਾਉਣ ਕਾਰਨ ਸਾਨੂੰ ਹੁਣ ਇਸ ਜੰਗ ਵਿੱਚ ਉਸ ਦਾ ਖਮਿਆਜ਼ਾ ਭੁਗਤਣਾ ਪੈ ਰਿਹਾ ਹੈ ਤੇ ਇਸ ਦੇ ਨਾਲ ਹੀ ਪੇਪਰ ਲੀਕ ਰਾਹੀਂ ਵੱਡੇ ਘਪਲੇ ਲਗਾਤਾਰ ਕਰ ਰਹੀ ਸਰਕਾਰ ਦੇ ਬੰਦੇ ਲੱਖਾਂ ਨੌਜਵਾਨਾਂ ਦਾ ਭਵਿੱਖ ਤੇ ਆਰਥਿਕ ਲੁੱਟ ਕਰਕੇ ਉਨ੍ਹਾਂ ਦੀ ਜ਼ਿੰਦਗੀ ਬਰਬਾਦ ਕਰ ਰਹੇ ਨੇ।ਇਹ ਸਰਕਾਰ ਮਜ਼ਦੂਰਾਂ ਵੱਲੋਂ ਆਪਣੀਆਂ ਹੱਕੀ ਮੰਗਾਂ ਲਈ ਹੜਤਾਲ ਕਰਨ 'ਤੇ ਉਨ੍ਹਾਂ ਉੱਪਰ ਜਬਰ ਢਾਹ ਰਹੀ ਹੈ ਤੇ ਜੇਲ੍ਹੀਂ ਫੜ੍ਹ ਕੇ ਡੱਕ ਰਹੀ ਹੈ, ਜੋ ਕਿ ਸਪਸ਼ਟ ਰੂਪ ਵਿੱਚ ਵੱਡੇ ਘਰਾਣਿਆਂ ਦੀ ਪੁਸਤ ਪਨਾਹੀ ਹੈ।ਪੰਜਾਬ ਦੀਆਂ ਹੱਕੀ ਮੰਗਾਂ ਲਈ ਚੰਡੀਗੜ੍ਹ ਪ੍ਰਦਰਸ਼ਨ ਕਰਨ ਗਏ ਕਿਸਾਨਾਂ 'ਤੇ ਜਬਰ ਢਾਹ ਕੇ ਕੇਂਦਰ ਸਰਕਾਰ ਨੇ ਕਿਸਾਨਾਂ ਪੰਜਾਬ ਦੇ ਹਿੱਤਾਂ ਦੀ ਵਿਰੋਧੀ ਹੋਣ ਦਾ ਪੱਕਾ ਸਬੂਤ ਦਿੱਤਾ ਹੈ।ਲੋਕਾਂ ਨੂੰ ਅਪੀਲ ਕਰਦਿਆਂ ਖੱਬੇ ਪੱਖੀ ਆਗੂਆਂ ਨੇ ਕਿਹਾ ਕਿ ਮੋਦੀ ਸਰਕਾਰ ਦੀ ਧਰਮ ਦੇ ਨਾਂ 'ਤੇ ਲੋਕਾਂ ਨੂੰ ਗੁੰਮਰਾਹ ਕਰਕੇ ਅਡਾਨੀ ਅੰਬਾਨੀ ਤੇ ਸਾਮਰਾਜੀਆਂ ਦੀ ਸੇਵਾ ਕਰ ਰਹੀ ਸਰਕਾਰ ਦੀਆਂ ਨੀਤੀਆਂ ਨੂੰ ਸਮਝਣ ਦੀ ਲੋੜ ਹੈ, ਜਿਸ ਕਾਰਨ ਸਾਰਾ ਦੇਸ਼ ਤਬਾਹ ਹੋ ਰਿਹਾ ਹੈ, ਜਿੰਨਾ ਜਲਦੀ ਅਸੀਂ ਇਹ ਸਰਕਾਰ ਦੀਆਂ ਨੀਤਾਂ ਨੂੰ ਸਮਝ ਕੇ ਜਾਗਾਂਗੇ ਤਾਂ ਉਨੀ ਜਲਦੀ ਦੇਸ਼ ਨੂੰ ਦੇਸ਼ ਦੇ ਲੋਕਾਂ ਨੂੰ ਕੰਗਾਲ ਹੋਣ ਤੋਂ ਬਚਾ ਲਵਾਂਗੇ।

# ਵਾਰਡ ਨੰ. 10 ਤੋਂ 'ਆਪ' ਉਮੀਦਵਾਰ ਵਿਕਰਾਂਤ ਚੱਠਾ ਦੇ ਦਫ਼ਤਰ ਦਾ ਉਦਘਾਟਨ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)-** ਸਥਾਨਕ ਸ਼ਹਿਰ ਦੇ ਵਾਰਡ ਨੰਬਰ 10 ਤੋਂ ਆਮ ਆਦਮੀ ਪਾਰਟੀ (ਆਪ) ਦੇ ਨਗਰ ਕੌਂਸਲ ਚੋਣਾਂ ਲਈ ਉਮੀਦਵਾਰ ਵਿਕਰਾਂਤ ਸਿੰਘ ਚੱਠਾ ਦੇ ਚੋਣ ਦਫ਼ਤਰ ਦਾ ਅੱਜ ਇੱਕ ਭਰਵੇਂ ਇਕੱਠ ਦੌਰਾਨ ਰਸਮੀ ਤੌਰ 'ਤੇ ਉਦਘਾਟਨ ਕੀਤਾ ਗਿਆ।ਇਸ ਉਦਘਾਟਨੀ ਸਮਾਰੋਹ ਵਿੱਚ ਮੁੱਖ ਮੰਤਰੀ ਪੰਜਾਬ ਦੇ ਓ.ਐੱਸ.ਡੀ. ਸੁਖਵੀਰ ਸਿੰਘ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਤੇ ਰਿਬਨ ਕੱਟ ਕੇ ਦਫ਼ਤਰ ਦੀ ਸ਼ੁਰੂਆਤ ਕਰਵਾਈ। ਇਸ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਪੰਜਾਬ ਸਰਕਾਰ ਦੇ ਕਈ ਉੱਚ ਅਧਿਕਾਰੀ ਤੇ ਇਲਾਕੇ ਦੀਆਂ ਨਾਮਵਰ ਸਿਆਸੀ ਤੇ ਸਮਾਜਿਕ ਸ਼ਖ਼ਸੀਅਤਾਂ ਮੌਜੂਦ ਸਨ।ਮੁੱਖ ਮੰਤਰੀ ਦੇ ਓ.ਐੱਸ.ਡੀ. ਸੁਖਵੀਰ ਸਿੰਘ ਦੇ ਨਾਲ ਵਿਸ਼ੇਸ਼ ਤੌਰ 'ਤੇ ਵਿੱਤ ਮੰਤਰੀ ਪੰਜਾਬ ਦੇ ਓ.ਐੱਸ.ਡੀ. ਤਪਿੰਦਰ ਸਿੰਘ ਸੋਹੀ ਵੀ ਹਾਜ਼ਰ ਹੋਏ।ਇਸ ਤੋਂ ਇਲਾਵਾ ਆਲ ਇੰਡੀਆ ਐੱਫ.ਸੀ.ਆਈ. ਐਗਜ਼ੀਕਿਊਟਿਵ ਸਟਾਫ਼ ਯੂਨੀਅਨ ਦੇ ਕੌਮੀ ਪ੍ਰਧਾਨ ਸਤਿੰਦਰ ਸਿੰਘ ਚੱਠਾ, ਰਾਈਸਿਲਾ ਦੇ ਡਾਇਰੈਕਟਰ ਪ੍ਰਸ਼ੋਤਮ ਦਾਸ ਤੇ ਸੰਗਰੂਰ ਡਿਸਟ੍ਰਿਕਟ ਇੰਡਸਟਰੀਅਲ ਚੈਂਬਰ ਦੇ ਸੀਨੀਅਰ ਮੀਤ ਪ੍ਰਧਾਨ ਰਾਜੇਸ਼



ਸਿੰਗਲਾ ਸ਼ੈਟੀ, ਮੱਖਣ ਲਾਲ ਗਰਗ ਸਮੇਤ ਹਲਕੇ ਦੇ ਵੱਡੀ ਗਿਣਤੀ 'ਚ ਪਤਵੰਤੇ ਸੱਜਣਾਂ ਨੇ ਵੀ ਸ਼ਿਰਕਤ ਕੀਤੀ। ਇਕੱਠ ਨੂੰ ਸੰਬੋਧਨ ਕਰਦਿਆਂ ਓ.ਐੱਸ.ਡੀ. ਸੁਖਵੀਰ ਸਿੰਘ ਨੇ ਵਿਰੋਧੀ ਧਿਰਾਂ 'ਤੇ ਤਿੱਖੇ ਸਿਆਸੀ ਨਿਸ਼ਾਨੇ ਸਾਧੇ।ਉਨ੍ਹਾਂ ਦਾਅਵਾ ਕਰਦਿਆਂ ਕਿਹਾ ਕਿ ਚੋਣ ਮੈਦਾਨ ਵਿੱਚ ਆਪਣੀ ਕਰਾਰੀ ਹਾਰ ਨੂੰ ਸਾਫ਼ ਵੇਖਦਿਆਂ ਵਿਰੋਧੀ ਆਗੂ ਬੁਰੀ ਤਰ੍ਹਾਂ ਬੌਖਲਾ ਚੁੱਕੇ ਹਨ।ਉਨ੍ਹਾਂ ਕਿਹਾ ਕਿ ਹਲਕੇ ਦੇ ਸੂਝਵਾਨ ਤੇ ਜਾਗਰੂਕ ਲੋਕ 'ਆਮ ਆਦਮੀ ਪਾਰਟੀ' ਦੀਆਂ ਲੋਕ-ਪੱਖੀ ਨੀਤੀਆਂ ਤੋਂ ਪੂਰੀ ਤਰ੍ਹਾਂ ਸੰਤੁਸ਼ਟ ਹਨ ਤੇ ਇਸ ਵਾਰ ਚੋਣਾਂ ਵਿੱਚ ਵਿਰੋਧੀਆਂ ਦੀਆਂ ਜ਼ਮਾਨਤਾਂ ਜ਼ਬਤ ਹੋਣੀਆਂ ਬਿਲਕੁਲ ਤੈਅ ਹਨ। ਸਮਾਗਮ ਦੇ ਅਖ਼ੀਰ ਵਿੱਚ ਵਾਰਡ ਨੰਬਰ 10 ਤੋਂ ਉਮੀਦਵਾਰ ਵਿਕਰਾਂਤ ਸਿੰਘ ਚੱਠਾ ਨੇ ਪਹੁੰਚੀਆਂ ਹੋਈਆਂ ਸਾਰੀਆਂ ਪ੍ਰਮੁੱਖ ਸ਼ਖ਼ਸੀਅਤਾਂ, ਪਾਰਟੀ ਲੀਡਰਸ਼ਿਪ ਤੇ ਵਾਰਡ ਨਿਵਾਸੀਆਂ ਦਾ ਦਿਲੋਂ ਧੰਨਵਾਦ ਕੀਤਾ।ਉਨ੍ਹਾਂ ਭਰੋਸਾ ਦਿਵਾਇਆ ਕਿ ਉਹ ਵਾਰਡ ਦੇ ਹਰ ਇੱਕ ਨਾਗਰਿਕ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਵਾਉਣਗੇ ਤੇ ਵਾਰਡ ਨੂੰ ਸ਼ਹਿਰ ਦਾ ਸਭ ਤੋਂ ਮੋਹਰੀ ਤੇ ਸੁੰਦਰ ਵਾਰਡ ਬਣਾਉਣ ਲਈ ਦਿਨ-ਰਾਤ ਮਿਹਨਤ ਕਰਨਗੇ।ਇਸ ਮੌਕੇ ਹਾਜ਼ਰ ਲੋਕਾਂ ਨੇ 'ਆਪ' ਸਰਕਾਰ ਜ਼ਿੰਦਾਬਾਦ ਦੇ ਨਾਅਰੇ ਲਗਾ ਕੇ ਵਿਕਰਾਂਤ ਚੱਠਾ ਨੂੰ ਭਾਰੀ ਬਹੁਮਤ ਨਾਲ ਜਿਤਾਉਣ ਦਾ ਅਹਿਦ ਲਿਆ।

# ਬੈਂਕ ਮੁਲਾਜ਼ਮਾਂ ਨੇ ਲਾਇਆ ਧਰਨਾ, 25-26 ਨੂੰ ਕਰਨਗੇ ਹੜਤਾਲ

**ਬਠਿੰਡਾ (ਪਰਵਿੰਦਰ ਜੀਤ ਸਿੰਘ)-** ਆਲ ਇੰਡੀਆ ਸਟੇਟ ਬੈਂਕ ਆਫ ਇੰਡੀਆ ਸਟਾਫ ਫੈਡਰੇਸ਼ਨ ਦੇ ਸੱਦੇ 'ਤੇ ਸਟੇਟ ਬੈਂਕ ਆਫ ਇੰਡੀਆ ਦੇ ਜ਼ੋਨਲ ਦਫ਼ਤਰ ਬਠਿੰਡਾ ਵਿਖੇ ਲਗਭਗ 70 ਦੇ ਕਰੀਬ ਮੁਲਾਜ਼ਮ ਆਪਣੀਆਂ ਜਾਇਜ਼ ਮੰਗਾਂ ਨੂੰ ਲੈ ਕੇ ਧਰਨੇ 'ਤੇ ਬੈਠੇ।ਮੁਲਾਜ਼ਮ



ਆਗੂਆਂ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਬੈਂਕ ਵਿੱਚ ਲਗਾਤਾਰ ਆਊਟਸੋਰਸਿੰਗ ਰਾਹੀਂ ਭਰਤੀਆਂ ਕੀਤੀਆਂ ਜਾ ਰਹੀਆਂ ਹਨ ਤੇ ਠੇਕੇ 'ਤੇ ਰੱਖੇ ਗਏ ਮੁਲਾਜ਼ਮਾਂ ਦਾ ਠੇਕੇਦਾਰਾਂ ਵੱਲੋਂ ਖੁੱਲ੍ਹੇਆਮ ਸ਼ੋਸ਼ਣ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਬੈਂਕ ਵਿੱਚ ਲੰਬੇ ਸਮੇਂ ਤੋਂ ਗਾਰਡਾਂ ਤੇ ਮੈਸੇਂਜਰਾਂ ਦੀ ਭਰਤੀ ਨਹੀਂ ਕੀਤੀ ਗਈ, ਜਿਸ ਕਾਰਨ ਇੱਕ ਪਾਸੇ ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਘਟ ਰਹੇ ਹਨ ਤੇ ਦੂਜੇ ਪਾਸੇ ਬੈਂਕਾਂ ਦੀ ਸੁਰੱਖਿਆ ਅਤੇ ਰੋਜ਼ਾਨਾ ਦੇ ਕੰਮਕਾਜ 'ਤੇ ਵੀ ਮਾੜਾ ਅਸਰ ਪੈ ਰਿਹਾ ਹੈ।ਉਨ੍ਹਾਂ ਦੋਸ਼ ਲਗਾਇਆ ਕਿ ਬੈਂਕਾਂ ਵਿੱਚ ਕ੍ਰਾਸ ਸੇਲਿੰਗ ਦੇ ਨਾਂ 'ਤੇ ਵੱਡੇ ਪੱਧਰ 'ਤੇ ਗਲਤ ਵਿਕਰੀ (ਮਿਸ-ਸੇਲਿੰਗ) ਕੀਤੀ ਜਾ ਰਹੀ ਹੈ।ਇਸ ਤੋਂ ਇਲਾਵਾ ਮੁਲਾਜ਼ਮਾਂ ਦੀਆਂ ਤਨਖਾਹਾਂ ਤੇ ਐੱਚ.ਆਰ.ਐੱਮ.ਐੱਸ. ਨਾਲ ਜੁੜੇ ਮੁੱਦਿਆਂ ਨੂੰ ਵੀ ਨਜ਼ਰਅੰਦਾਜ਼ ਕੀਤਾ ਜਾ ਰਿਹਾ ਹੈ। ਆਗੂਆਂ ਨੇ ਕਿਹਾ ਕਿ ਅੱਜ ਕੁਝ ਸਾਥੀ ਧਰਨੇ 'ਤੇ ਬੈਠੇ ਹਨ, ਜਦਕਿ ਬਾਕੀ ਸਾਥੀ ਬੈਂਕਾਂ ਵਿੱਚ ਡਿਊਟੀ ਨਿਭਾਅ ਕੇ ਲੋਕਾਂ ਦੀ ਸੇਵਾ ਕਰ ਰਹੇ ਹਨ ਤਾਂ ਜੋ ਆਮ ਜਨਤਾ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।ਉਨ੍ਹਾਂ ਦੱਸਿਆ ਕਿ ਪਿਛਲੇ ਦੋ ਸਾਲਾਂ ਤੋਂ ਇਹ ਮਸਲੇ ਬੈਂਕ ਪ੍ਰਬੰਧਨ ਦੇ ਧਿਆਨ ਵਿੱਚ ਲਿਆਂਦੇ ਜਾ ਰਹੇ ਹਨ, ਪਰ ਪ੍ਰਬੰਧਨ ਵੱਲੋਂ ਕੋਈ ਗੰਭੀਰਤਾ ਨਹੀਂ ਦਿਖਾਈ ਗਈ।ਇਸ ਕਾਰਨ ਮਜਬੂਰ ਹੋ ਕੇ ਫੈਡਰੇਸ਼ਨ ਨੂੰ 25 ਤੇ 26 ਮਈ ਨੂੰ ਦੋ ਦਿਨਾ ਹੜਤਾਲ ਦਾ ਐਲਾਨ ਕਰਨਾ ਪਿਆ। ਉਨ੍ਹਾਂ ਕਿਹਾ ਕਿ ਆਪਣੀਆਂ ਮੰਗਾਂ ਸਰਕਾਰ ਤੱਕ ਪਹੁੰਚਾਉਣ ਲਈ ਦੇਸ਼ ਦੇ ਵੱਖ-ਵੱਖ ਸੰਸਦ ਮੈਂਬਰਾਂ ਰਾਹੀਂ ਵੀ ਕੋਸ਼ਿਸ਼ਾਂ ਕੀਤੀਆਂ ਗਈਆਂ ਹਨ।ਆਗੂਆਂ ਨੇ ਦੋਹਰਾਇਆ ਕਿ ਉਹ ਹੜਤਾਲ 'ਤੇ ਜਾਣਾ ਨਹੀਂ ਚਾਹੁੰਦੇ ਸਨ, ਪਰ ਬੈਂਕ ਪ੍ਰਬੰਧਨ ਦੇ ਰਵੱਈਏ ਨੇ ਉਨ੍ਹਾਂ ਨੂੰ ਇਸ ਲਈ ਮਜਬੂਰ ਕਰ ਦਿੱਤਾ।ਉਨ੍ਹਾਂ ਕਿਹਾ ਕਿ ਬੈਂਕ, ਸਮਾਜ ਤੇ ਆਪਣੇ ਸਾਥੀਆਂ ਦੇ ਹੱਕਾਂ ਦੀ ਰੱਖਿਆ ਲਈ ਇਹ ਸੰਘਰਸ਼ ਜਾਰੀ ਰਹੇਗਾ।ਇਸ ਵਿੱਚ ਪੰਜਾਬ ਸਟੂਡੈਂਟਸ ਯੂਨੀਅਨ ਦੇ ਰਜਿੰਦਰ ਸਿੰਘ ਤੇ ਸੁਖਪ੍ਰੀਤ ਕੌਰ ਨੇ ਵੀ ਪਹੁੰਚ ਕੇ ਹਮਾਇਤ ਕੀਤੀ।

# ਲੈਂਡ ਮਾਰਗੇਜ ਬੈਂਕ ਅੱਗੇ ਬੀ ਕੇ ਯੂ ਏਕਤਾ ਸਿੱਧੂਪੁਰ ਦਾ ਪੱਕਾ ਮੋਰਚਾ ਜਾਰੀ

**ਫਿਰੋਜ਼ਪੁਰ (ਗੁਰਬਚਨ ਸਿੰਘ) :** ਭਾਰਤੀ ਕਿਸਾਨ ਯੂਨੀਅਨ (ਬੀਕੇਯੂ) ਏਕਤਾ ਸਿੱਧੂਪੁਰ ਵੱਲੋਂ ਲੈਂਡ ਮਾਰਗੇਜ ਬੈਂਕ ਦੇ ਅੜੀਅਲ ਵਤੀਰੇ ਖਿਲਾਫ਼ 11 ਮਈ ਤੋਂ ਸ਼ੁਰੂ ਕੀਤਾ ਗਿਆ ਪੱਕਾ ਮੋਰਚਾ ਲਗਾਤਾਰ ਜਾਰੀ ਹੈ।ਇਸੇ ਕੜੀ ਤਹਿਤ ਅੱਜ ਜ਼ਿਲ੍ਹਾ ਕਮੇਟੀ ਆਗੂ ਰਣਜੀਤ ਸਿੰਘ ਦੀ ਅਗਵਾਈ ਹੇਠ ਬੈਂਕ ਦੇ ਸਾਹਮਣੇ ਕਿਸਾਨਾਂ ਦਾ ਇਕ ਇਕੱਠ ਕੀਤਾ ਗਿਆ।ਸੂਬਾ ਪ੍ਰਧਾਨ ਜਗਜੀਤ ਸਿੰਘ ਡੱਲੇਵਾਲ ਦੇ ਦਿਸ਼ਾ-ਨਿਰਦੇਸ਼ਾਂ 'ਤੇ ਕਰਵਾਏ ਗਏ ਇਸ ਰੋਸ ਪ੍ਰਦਰਸ਼ਨ ਵਿਚ ਵਿਸ਼ੇਸ਼ ਤੌਰ 'ਤੇ ਪਹੁੰਚੇ ਫਰੀਦਕੋਟ ਦੇ ਜ਼ਿਲ੍ਹਾ ਜਨਰਲ ਸਕੱਤਰ ਇੰਦਰਜੀਤ ਸਿੰਘ ਘਣੀਆਂ ਅਤੇ ਮੋਗਾ ਦੇ ਜ਼ਿਲ੍ਹਾ ਪ੍ਰਧਾਨ ਲਵਜੀਤ ਸਿੰਘ ਦੱਦਾਹੂਰ ਨੇ ਸ਼ਮੂਲੀਅਤ ਕੀਤੀ।ਕਿਸਾਨ ਆਗੂਆਂ ਨੇ ਬੈਂਕ ਅਧਿਕਾਰੀਆਂ 'ਤੇ ਕਿਸਾਨਾਂ ਨੂੰ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਕਰਨ ਤੇ ਨਜਾਇਜ਼ ਕੁਰਕੀਆਂ ਦੇ ਨੋਟਿਸ ਜਾਰੀ ਕਰਨ ਦੇ ਗੰਭੀਰ ਦੋਸ਼ ਲਗਾਉਂਦਿਆਂ ਪੰਜਾਬ ਸਰਕਾਰ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕੀਤੀ।ਸਟੇਜ ਤੋਂ ਇਕੱਠ ਨੂੰ ਸੰਬੋਧਨ ਕਰਦਿਆਂ ਬੁਲਾਰਿਆਂ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਕਿਸਾਨਾਂ ਨੂੰ ਰਾਹਤ ਦੇਣ ਦੇ ਦਾਅਵਿਆਂ ਦੇ ਬਾਵਜੂਦ, ਵਿਕਾਸ ਖੇਤੀਬਾੜੀ ਬੈਂਕ ਦੇ ਉੱਚ ਅਧਿਕਾਰੀ ਲਗਾਤਾਰ ਕਿਸਾਨਾਂ ਨੂੰ ਪ੍ਰੇਸ਼ਾਨ ਕਰ ਰਹੇ ਹਨ। ਉਨ੍ਹਾਂ ਹੈਰਾਨੀ ਪ੍ਰਗਟਾਈ ਕਿ ਜਿਨ੍ਹਾਂ ਕਿਸਾਨਾਂ ਨੇ ਆਪਣਾ ਪੂਰਾ ਕਰਜ਼ਾ ਉਤਾਰ ਦਿੱਤਾ ਹੈ ਤੇ ਬੈਂਕ ਵੱਲੋਂ ਉਨ੍ਹਾਂ ਨੂੰ 'ਕਲੀਅਰੈਂਸ ਸਰਟੀਫਿਕੇਟ' ਵੀ ਜਾਰੀ ਕੀਤੇ ਜਾ ਚੁੱਕੇ



ਹਨ, ਉਨ੍ਹਾਂ ਨੂੰ ਵੀ ਦੁਬਾਰਾ ਕਰਜ਼ਾ ਭਰਨ ਲਈ ਨੋਟਿਸ ਭੇਜੇ ਜਾ ਰਹੇ ਹਨ।ਆਗੂਆਂ ਨੇ ਕਿਹਾ ਕਿ ਜਿੱਥੇ ਬਾਕੀ ਸਾਰੇ ਬੈਂਕ ਕਿਸਾਨਾਂ ਨੂੰ ਰਾਹਤ ਦੇਣ ਲਈ 'ਵਨ ਟਾਈਮ ਸੈਟਲਮੈਂਟ' (ਓਟੀਐੱਸ) ਵਰਗੀਆਂ ਸਕੀਮਾਂ ਲਿਆ ਰਹੇ ਹਨ, ਉੱਥੇ ਹੀ ਲੈਂਡ ਮਾਰਗੇਜ ਬੈਂਕ ਕਿਸਾਨਾਂ ਨਾਲ ਕੋਈ ਸਮਝੌਤਾ ਕਰਨ ਲਈ ਤਿਆਰ ਨਹੀਂ ਹੈ।ਇਹ ਬੈਂਕ ਗਰੀਬ ਕਿਸਾਨਾਂ ਤੋਂ ਤਿੰਨ ਗੁਣਾ ਤੱਕ ਵੱਧ ਪੈਸੇ ਵਸੂਲ ਕਰ ਰਿਹਾ ਹੈ।ਬੈਂਕ ਦੀ ਇਸੇ ਨਾਜਾਇਜ਼ ਲੁੱਟ ਅਤੇ ਮਾਨਸਿਕ ਪ੍ਰੇਸ਼ਾਨੀ ਤੋਂ ਤੰਗ ਆ ਕੇ ਫਰੀਦਕੋਟ ਦੇ ਪਿੰਡ 'ਹਰੀ ਨੌਂ' ਦੇ ਇਕ ਕਿਸਾਨ ਵੱਲੋਂ ਖੁਦਕੁਸ਼ੀ ਕਰਨ ਵਰਗਾ ਖੌਫ਼ਨਾਕ ਕਦਮ ਚੁੱਕਿਆ ਗਿਆ।ਇਸ ਬੈਂਕ ਦੀ ਲੁੱਟ ਕਾਰਨ ਕਈ ਕਿਸਾਨ ਆਪਣੀਆਂ ਜ਼ਮੀਨਾਂ ਵੇਚਣ ਲਈ ਮਜਬੂਰ ਹੋ ਚੁੱਕੇ ਹਨ।ਕਿਸਾਨ ਜਥੇਬੰਦੀ ਨੇ ਚੇਤਾਵਨੀ ਦਿੱਤੀ ਕਿ ਜਿੰਨਾ ਚਿਰ ਕਿਸਾਨਾਂ ਦੇ ਬੈਂਕ ਕੋਲ ਪਏ ਖਾਲੀ ਚੈੱਕ ਵਾਪਸ ਨਹੀਂ ਕੀਤੇ ਜਾਂਦੇ, ਅਦਾਲਤਾਂ ਵਿੱਚ ਚੱਲ ਰਹੇ ਝੂਠੇ ਕੇਸ ਰੱਦ ਨਹੀਂ ਹੁੰਦੇ ਤੇ 'ਵਨ ਟਾਈਮ ਸੈਟਲਮੈਂਟ' ਸਕੀਮ ਲਾਗੂ ਨਹੀਂ ਹੁੰਦੀ, ਉਨਾ ਚਿਰ ਇਹ ਪੱਕਾ ਮੋਰਚਾ ਖ਼ਤਮ ਨਹੀਂ ਹੋਵੇਗਾ। ਆਉਣ ਵਾਲੇ ਦਿਨਾਂ ਵਿੱਚ ਪੰਜਾਬ ਕਮੇਟੀ ਦੀ ਮੀਟਿੰਗ ਕਰਕੇ 10 ਜ਼ਿਲ੍ਹਿਆਂ ਅੰਦਰ ਚੱਲ ਰਹੇ ਇਸ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ, ਜਿਸ ਦੀ ਪੂਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।ਇਸ ਮੌਕੇ ਇਕਬਾਲ ਸਿੰਘ ਸੱਪਾਂਵਾਲੀ ਜ਼ਿਲ੍ਹਾ ਪ੍ਰਧਾਨ ਪੂਰਬੀ, ਸਾਬ ਸਿੰਘ ਬਲਾਕ ਪ੍ਰਧਾਨ ਮਮਦੋਟ, ਜੱਸਾ ਸਿੰਘ ਮਾਛੀਵਾੜਾ ਬਲਾਕ ਪ੍ਰਧਾਨ ਸ਼ਹਿਰੀ, ਜਸਕਰਨ ਸਿੰਘ ਯੂਥ ਆਗੂ ਗੁਰੂ ਹਰਸਹਾਏ, ਜੱਜ ਸਿੰਘ ਹਾਮਦ ਸਲਾਹਕਾਰ ਮਮਦੋਟ, ਕਾਰਜ ਸਿੰਘ ਜਨਰਲ ਸਕੱਤਰ ਮਮਦੋਟ, ਮਿਹਰਬਾਨ ਸਿੰਘ ਸੀਨੀਅਰ ਆਗੂ ਸਮੇਤ ਵੱਡੀ ਗਿਣਤੀ ਵਿੱਚ ਸਮੂਹ ਇਕਾਈ ਪ੍ਰਧਾਨ ਤੇ ਮੈਂਬਰ ਹਾਜ਼ਰ ਸਨ।

# ਸੰਤ ਸਹਾਰਾ ਇੰਸ. ਆਫ ਨਰਸਿੰਗ ਵਿਖੇ ਡੇਂਗੂ ਦਿਵਸ ਮਨਾਇਆ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ ਸਿੰਘ)-** ਭਾਰਤ ਸਰਕਾਰ ਦੇ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਡਾਇਰੈਕਟਰ ਐੱਨ.ਸੀ.ਵੀ.ਬੀ.ਡੀ.ਸੀ. ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸੰਤ ਸਹਾਰਾ ਇੰਸਟੀਚਿਊਟ ਆਫ ਨਰਸਿੰਗ ਫਿਰੋਜ਼ਪੁਰ ਰੋਡ




ਸ੍ਰੀ ਮੁਕਤਸਰ ਸਾਹਿਬ ਵਿਖੇ ਨੈਸ਼ਨਲ ਡੇਂਗੂ ਦਿਵਸ ਮਨਾਇਆ ਗਿਆ।ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਕਾਲਜ ਦੇ ਪ੍ਰਿੰਸੀਪਲ ਮੈਡਮ ਨਵਜੀਤ ਕੌਰ ਨੇ ਦੱਸਿਆ ਕਿ ਇਸ ਸਾਲ ਦੇ ਰਾਸ਼ਟਰੀ ਡੇਂਗੂ ਦਿਵਸ 'ਤੇ ਥੀਮ ਡੇਂਗੂ ਕੰਟਰੋਲ ਚੈੱਕ ਕਲੀਨ ਐਂਡ ਕਵਰ ਅਨੁਸਾਰ ਲੋਕਾਂ ਨੂੰ ਜਾਗਰੂਕ ਕੀਤਾ ਜਾਵੇਗਾ।ਉਨ੍ਹਾਂ ਦੱਸਿਆ ਕਿ ਇੰਸਟੀਚਿਊਟ ਵਿੱਚ ਪੜ੍ਹ ਰਹੇ ਸਾਰੇ ਵਿਦਿਆਰਥੀਆਂ ਵੱਲੋਂ ਸਿਹਤ ਵਿਭਾਗ ਦੁਬਾਰਾ ਡੇਂਗੂ ਸਬੰਧੀ ਚਲਾਈ ਜਾ ਰਹੀ ਗਤੀਵਿਧੀਆਂ ਵਿੱਚ ਪੂਰਾ ਸਹਿਯੋਗ ਦਿੱਤਾ ਜਾ ਰਿਹਾ ਹੈ।ਕਾਲਜ ਦੀਆਂ ਜੀ.ਐੱਨ.ਐੱਮ. ਤੇ ਏ.ਐੱਨ.ਐੱਮ. ਦੀਆਂ ਵਿਦਿਆਰਥੀਆਂ ਵੱਲੋਂ ਚੋਂਤਰਾ, ਗੁੜਾ ਗੁੱਜਰ, ਸੰਗੂਧੌਣ ਉਦੇਕਰਨ ਪਿੰਡਾਂ ਵਿੱਚ ਜਾ ਕੇ ਲੋਕਾਂ ਨੂੰ ਡੇਂਗੂ ਪ੍ਰਤੀ ਜਾਗਰੂਕ ਕੀਤਾ ਜਾ ਰਿਹਾ ਹੈ। ਡੇਂਗੂ ਦਿਵਸ ਮਨਾਉਣ 'ਤੇ ਕਾਲਜ ਦੀਆਂ ਜੀ.ਐੱਨ.ਐੱਮ. ਤੇ ਏ.ਐੱਨ.ਐੱਮ. ਵਿਦਿਆਰਥੀਆਂ ਵੱਲੋਂ ਪੋਸਟਰ ਮੇਕਿੰਗ ਮੁਕਾਬਲੇ ਕਰਵਾਏ ਗਏ।ਇਨ੍ਹਾਂ ਮੁਕਾਬਲਿਆਂ ਵਿੱਚ ਨਵਜੋਤ ਕੌਰ, ਮਹਿਕਪ੍ਰੀਤ ਕੌਰ, ਨਵਜੋਤ ਸਿੰਘ, ਕੋਮਲਪ੍ਰੀਤ ਕੌਰ, ਜਸਮੀਨ ਕੌਰ, ਖੁਸ਼ਦੀਪ ਕੌਰ, ਗਗਨਦੀਪ ਕੌਰ, ਕਮਲਪ੍ਰੀਤ ਕੌਰ, ਜੀਵਨਜੋਤ ਕੌਰ, ਜੈਸੀਕਾ, ਰਮਨਦੀਪ ਕੌਰ, ਆਰਤੀ ਵਿਦਿਆਰਥੀਆਂ ਨੇ ਹਿੱਸਾ ਲਿਆ।ਪ੍ਰਬੰਧਕ ਕਮੇਟੀ ਦੁਆਰਾ ਪਹਿਲੇ, ਦੂਜੇ, ਤੀਜੇ ਸਥਾਨ 'ਤੇ ਆਏ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ।ਇਸ ਮੌਕੇ ਕਾਲਜ ਦਾ ਸਟਾਫ ਵੀਰਪਾਲ ਕੌਰ, ਰਜਿੰਦਰ ਕੌਰ, ਜੈਸਮੀਨ ਕੌਰ, ਅਲਕਾ, ਪਲਕ, ਸਿਮਰਨਜੀਤ ਕੌਰ, ਸਿਮਰਨਪ੍ਰੀਤ ਕੌਰ, ਮੋਹਿਤ ਕੁਮਾਰ ਤੇ ਜਸਵਿੰਦਰ ਸਿੰਘ ਹਾਜ਼ਰ ਸਨ।

# ਭਾਰਤ ਚੋਣ ਕਮਿਸ਼ਨ ਵੱਲੋਂ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਸੰਬੰਧੀ ਨੋਟੀਫਿਕੇਸ਼ਨ ਜਾਰੀ

**ਫਿਰੋਜ਼ਪੁਰ (ਅਸ਼ੋਕ ਸ਼ਰਮਾ) :** ਭਾਰਤ ਚੋਣ ਕਮਿਸ਼ਨ ਤੇ ਰਾਜ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹੇ ਵਿੱਚ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਨੂੰ ਪੂਰੀ ਪਾਰਦਰਸ਼ੀ ਤਰੀਕੇ ਨਾਲ ਨੇਪਰੇ ਚਾੜ੍ਹਿਆ ਜਾਵੇਗਾ। ਇਹ ਪ੍ਰਗਟਾਵਾ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਵੱਲੋਂ ਵੱਖ-ਵੱਖ ਮਾਨਤਾ ਪ੍ਰਾਪਤ ਰਾਜਨੀਤਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ

- **25 ਜੂਨ ਤੋਂ 24 ਜੁਲਾਈ ਤੱਕ ਘਰੋ ਘਰੀਂ ਜਾ ਕੇ ਬੀਐੱਲਓਜ਼ ਭਰਵਾਉਣਗੇ ਸਪੈਸ਼ਲ ਫਾਰਮ**

ਮੀਟਿੰਗ ਦੌਰਾਨ ਕੀਤਾ ਗਿਆ। ਜ਼ਿਲ੍ਹਾ ਚੋਣ ਅਫ਼ਸਰ ਦੀਪਸ਼ਿਖਾ ਸ਼ਰਮਾ ਨੇ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਵੱਲੋਂ ਪੰਜਾਬ ਰਾਜ ਵਿੱਚ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਕਰਵਾਉਣ ਦੇ ਹੁਕਮ ਜਾਰੀ ਕੀਤੇ ਗਏ ਹਨ। ਕਮਿਸ਼ਨ ਦਾ ਉਦੇਸ਼ 'ਹਰੇਕ ਯੋਗ ਨਾਗਰਿਕ ਨੂੰ ਵੋਟਰ ਸੂਚੀ ਵਿੱਚ ਸ਼ਾਮਲ ਕਰਨਾ ਤੇ ਅਯੋਗ ਵਿਅਕਤੀਆਂ ਨੂੰ ਵੋਟਰ ਸੂਚੀ ਵਿੱਚੋਂ ਬਾਹਰ ਕਰਨਾ ਹੈ। ਉਨ੍ਹਾਂ ਦੱਸਿਆ ਕਿ ਪ੍ਰੀ-ਐੱਸ.ਆਈ.ਆਰ. ਵੋਟਰ ਮੈਪਿੰਗ ਦੌਰਾਨ ਜ਼ਿਲ੍ਹੇ ਵਿੱਚ 18 ਮਈ 2026 ਤੱਕ ਲਗਪਗ 85.82 ਪ੍ਰਤੀਸ਼ਤ ਮੈਪਿੰਗ ਹੋ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੇ ਕੁੱਲ 7,18,760 ਵੋਟਰਾਂ ਵਿੱਚੋਂ 6,16,817 ਵੋਟਰਾਂ ਦਾ ਸਾਲ 2003 ਦੀ ਵੋਟਰ ਸੂਚੀ ਨਾਲ ਮਿਲਾਨ ਕਰ ਲਿਆ ਗਿਆ ਹੈ। ਜ਼ਿਲ੍ਹਾ ਫਿਰੋਜ਼ਪੁਰ ਦੇ ਵਿਧਾਨ ਸਭਾ ਚੋਣ ਹਲਕਾ 75-ਜ਼ੀਰਾ ਵਿਖੇ ਐੱਸਡੀਐੱਮ, ਜ਼ੀਰਾ, 76-ਫਿਰੋਜ਼ਪੁਰ (ਸ਼ਹਿਰੀ) ਵਿਖੇ ਐੱਸਡੀਐੱਮ ਫਿਰੋਜ਼ਪੁਰ, 77-ਫਿਰੋਜ਼ਪੁਰ (ਦਿਹਾਤੀ) ਵਿਖੇ ਏਡੀਸੀ (ਜ) ਫ਼ਿਰੋਜ਼ਪੁਰ ਤੇ 78-ਗੁਰੂ ਹਰਸਹਾਏ ਵਿਖੇ ਐੱਸਡੀਐੱਮ, ਗੁਰੂ ਹਰਸਹਾਏ ਬਤੌਰ ਚੋਣਕਾਰ ਰਜਿਸਟਰੇਸ਼ਨ ਅਫਸਰ ਡਿਊਟੀ ਨਿਭਾ ਰਹੇ ਹਨ। ਜ਼ਿਲ੍ਹਾ ਫ਼ਿਰੋਜ਼ਪੁਰ ਵਿੱਚ ਕੁੱਲ 903 ਪੋਲਿੰਗ ਬੂਥ, 903 ਬੀਐੱਲਓਜ਼ ਤੇ 91 ਸੈਕਟਰ ਅਫਸਰ ਤੈਨਾਤ ਹਨ। ਉਨ੍ਹਾਂ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਵੱਲੋਂ ਜਾਰੀ ਸ਼ਡਿਊਲ ਅਨੁਸਾਰ ਚੋਣਾਂ ਨਾਲ ਸਬੰਧਤ ਅਫਸਰਾਂ ਜਿਵੇਂ ਕਿ ਈ.ਆਰ.ਓ./ਏ.ਈ.ਆਰ.ਓ./ਸੁਪਰਵਾਈਜ਼ਰ/ਬੀ.ਐਲ.ਓ. ਨੂੰ ਟ੍ਰੇਨਿੰਗ ਤੇ ਇਨੂਮਰੇਸ਼ਨ ਫ਼ਾਰਮ ਡਾਊਨਲੋਡ ਤੇ ਪ੍ਰਿੰਟਿੰਗ 15 ਜੂਨ ਤੋਂ 24 ਜੂਨ 2026 ਤੱਕ ਕਰਵਾਈ ਜਾਵੇਗੀ। ਪ੍ਰੀ ਪ੍ਰਿੰਟਿਡ ਇਨੂਮਰੇਸ਼ਨ ਫ਼ਾਰਮ (02 ਪਰਤਾਂ ਵਿੱਚ) ਦੀ ਵੰਡ 25 ਜੂਨ ਤੋਂ 24 ਜੁਲਾਈ 2026 ਤੱਕ ਬੀਐੱਲਓਜ਼ ਰਾਹੀਂ ਆਪਣੇ ਪੋਲਿੰਗ ਏਰੀਆ ਅਧੀਨ ਆਉਂਦੇ ਘਰਾਂ ਵਿੱਚ



ਜਾ ਕੇ ਕੀਤੀ ਜਾਵੇਗੀ। ਬੀਐੱਲਓਜ਼ ਵੱਲੋਂ ਇਨੂਮਰੇਸ਼ਨ ਫ਼ਾਰਮ ਦੀ ਇਕ ਪਰਤ ਵਿੱਚ ਸਬੰਧਤ ਵੋਟਰ ਦੀ ਜਾਣਕਾਰੀ, ਫੋਟੋ ਤੇ ਵੋਟਰ ਸੂਚੀ 2003 ਵਿੱਚ ਦਰਜ ਇੰਦਰਾਜਾਂ ਨੂੰ ਭਰਿਆ ਜਾਵੇਗਾ ਅਤੇ ਸਬੰਧਤ ਈਆਰਓ ਦਫਤਰ ਵਿੱਚ ਜਮ੍ਹਾਂ ਕਰਵਾਇਆ ਜਾਵੇਗਾ ਅਤੇ ਦੂਸਰੀ ਪਰਤ ਸਬੰਧਤ ਵੋਟਰ ਨੂੰ ਰਸੀਦ ਦੇ ਤੌਰ 'ਤੇ ਦਿੱਤੀ ਜਾਵੇਗੀ। ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਸਮੂਹ ਈਆਰਓਜ਼ ਵੱਲੋਂ ਪੋਲਿੰਗ ਸਟੇਸ਼ਨਾਂ ਦੀ ਰੈਸ਼ਨੇਲਾਈਜ਼ੇਸ਼ਨ 24 ਜੁਲਾਈ 2026 ਤੱਕ ਕੀਤੀ ਜਾਵੇਗੀ। ਵੋਟਰ ਸੂਚੀ ਦੀ ਮੁੱਢਲੀ ਪ੍ਰਕਾਸ਼ਨਾ 31 ਜੁਲਾਈ 2026 ਨੂੰ ਕੀਤੀ ਜਾਵੇਗੀ। 31 ਜੁਲਾਈ ਤੋਂ 30 ਅਗਸਤ 2026 ਤੱਕ ਦਾਅਵੇ ਤੇ ਇਤਰਾਜ਼ ਪ੍ਰਾਪਤ ਕੀਤੇ ਜਾਣਗੇ ਅਤੇ 31 ਜੁਲਾਈ ਤੋਂ 28 ਸਤੰਬਰ 2026 ਤੱਕ ਦਾਅਵੇ ਤੇ ਇਤਰਾਜ਼ਾਂ ਦਾ ਨਿਪਟਾਰਾ ਕੀਤਾ ਜਾਵੇਗਾ। ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾ 01 ਅਕਤੂਬਰ 2026 ਨੂੰ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਵੋਟਰਾਂ ਦੀ ਸਹੂਲਤ ਲਈ ਯੋਗਤਾ 1 ਜਨਵਰੀ 2003 ਦੀਆਂ ਵੋਟਰ ਸੂਚੀਆਂ ਨਾਲ ਮੌਜੂਦਾ ਵੋਟਰ ਸੂਚੀਆਂ ਨੂੰ ਜੋੜ ਦਿੱਤਾ ਗਿਆ ਹੈ, ਜਿਸ ਨਾਲ ਵੋਟਰਾਂ ਨੂੰ ਪੁਰਾਣੀਆਂ ਵੋਟਰ ਸੂਚੀਆਂ ਨੂੰ ਲੱਭਣ ਵਿੱਚ ਕਿਸੇ ਤਰ੍ਹਾਂ ਦੀ ਦਿੱਕਤ ਨਹੀਂ ਆਵੇਗੀ। ਬੀਐੱਲਓਜ਼ ਘਰ-ਘਰ ਜਾ ਕੇ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਸਬੰਧੀ ਫਾਰਮ ਭਰਵਾਉਣਗੇ ਤੇ ਫਾਰਮ ਨੂੰ ਮੁੜ ਪ੍ਰਾਪਤ ਕਰਨ ਲਈ ਵੋਟਰਾਂ ਦੇ ਘਰ ਜਾ ਕੇ ਤਿੰਨ ਵਾਰ ਉਨ੍ਹਾਂ ਨਾਲ ਸੰਪਰਕ ਕਰਨਗੇ। ਉਨ੍ਹਾਂ ਕਿਹਾ ਕਿ ਐੱਸ ਆਈ ਆਰ ਦੌਰਾਨ ਆਧਾਰ ਕਾਰਡ ਨੂੰ ਸਿਰਫ ਪਹਿਚਾਣ ਦੇ ਸਰੋਤ ਵਜੋਂ ਹੀ ਮਾਨਤਾ ਦਿੱਤੀ ਗਈ ਹੈ, ਨਾ ਕਿ ਪਹਿਚਾਣ ਦੇ ਸਬੂਤ ਵਜੋਂ। ਜ਼ਿਲ੍ਹਾ ਚੋਣ ਅਫ਼ਸਰ ਨੇ ਜ਼ਿਲ੍ਹੇ ਦੀਆਂ ਸਮੂਹ ਰਾਜਨੀਤਕ ਪਾਰਟੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੂਥ ਲੈਵਲ ਏਜੰਟ ਜ਼ਰੂਰ ਨਿਯੁਕਤ ਕਰਨ ਤਾਂ ਜੋ ਇਹ ਕਾਰਜ ਨਿਰਵਿਘਨ ਢੰਗ ਨਾਲ ਨੇਪਰੇ ਚੜ੍ਹ ਸਕੇ। ਚੋਣ ਦਫ਼ਤਰ ਵੱਲੋਂ ਸਪੈਸ਼ਲ ਇੰਨਟੈਂਸਿਵ ਰਿਵੀਜ਼ਨ ਦੇ ਹਰੇਕ ਪੜਾਅ 'ਤੇ ਰਾਜਨੀਤਕ ਪਾਰਟੀਆਂ ਨੂੰ ਸ਼ਾਮਲ ਕੀਤਾ ਜਾਵੇਗਾ। ਐੱਸ ਆਈ ਆਰ ਦੌਰਾਨ ਬੀਐੱਲਏ ਲਗਪਗ 50 ਇਨੂਮਰੇਸ਼ਨ ਫ਼ਾਰਮ ਪ੍ਰਤੀ ਦਿਨ ਬੀਐੱਲਓ ਕੋਲ ਜਮ੍ਹਾਂ ਕਰਵਾ ਸਕਦੇ ਹਨ। ਜ਼ਿਲ੍ਹਾ ਚੋਣ ਅਫ਼ਸਰ ਦੀਪਸ਼ਿਖਾ ਸ਼ਰਮਾ ਨੇ ਜ਼ਿਲ੍ਹੇ ਦੇ ਸਮੂਹ ਵੋਟਰਾਂ ਨੂੰ ਵੀ ਅਪੀਲ ਕੀਤੀ ਕਿ ਉਹ ਭਾਰਤ ਚੋਣ ਕਮਿਸ਼ਨ ਵੱਲੋਂ ਵੋਟਰ ਸੂਚੀਆਂ ਦੀ ਕਰਵਾਈ ਜਾ ਰਹੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਵਿੱਚ ਬੀਐੱਲਓਜ਼ ਨੂੰ ਪੂਰਾ ਸਹਿਯੋਗ ਕਰਨ। ਮੀਟਿੰਗ ਵਿੱਚ ਤਹਿਸੀਲਦਾਰ ਚੋਣਾਂ ਸਤਿੰਦਰ ਸਿੰਘ, ਚੋਣ ਕਾਨੂੰਗੋ ਗਗਨਦੀਪ ਕੌਰ, ਆਮ ਆਦਮੀ ਪਾਰਟੀ ਤੋਂ ਬਖ਼ਸ਼ੀਸ਼ ਸਿੰਘ, ਬਹੁਜਨ ਸਮਾਜ ਪਾਰਟੀ ਤੋਂ ਕੁਲਦੀਪ ਸਿੰਘ, ਸੀਪੀਆਈ ਤੋਂ ਹੰਸਾ ਸਿੰਘ, ਸ਼੍ਰੋਮਣੀ ਅਕਾਲੀ ਦਲ ਤੋਂ ਚਮਕੌਰ ਸਿੰਘ ਟਿੱਬੀ ਤੇ ਬੀਜੇਪੀ ਤੋਂ ਮਨਮੀਤ ਸਿੰਘ ਆਦਿ ਹਾਜ਼ਰ ਸਨ।

# ਬੈਂਕਾਂ 'ਚੋਂ ਨਕਦੀ ਨਾ ਮਿਲਣ ਕਾਰਨ ਲੋਕਾਂ 'ਚ ਸਹਿਮ ਦਾ ਮਾਹੌਲ : ਦੌਲਤਪੁਰਾ

**ਪ੍ਰਧਾਨ ਮੰਤਰੀ ਯੋਜਨਾ ਤਹਿਤ ਅਧੂਰੀਆਂ ਸੜਕਾਂ ਦਾ ਜਲਦ ਨਿਰਮਾਣ ਨੇਪਰੇ ਚਾੜ੍ਹਿਆ ਜਾਵੇ**

**ਮੋਗਾ (ਇਕਬਾਲ ਸਿੰਘ ਖਹਿਰਾ) :** ਵੱਖ-ਵੱਖ ਬਲਾਕਾਂ 'ਚੋਂ ਸੂਚਨਾਵਾਂ ਮਿਲ ਰਹੀਆਂ ਹਨ ਕਿ ਆਮ ਲੋਕ ਬੈਂਕਾਂ ਵਿੱਚੋਂ ਪੈਸੇ ਕਢਵਾਉਣ ਜਾ ਰਹੇ ਹਨ, ਪਰ ਬੈਂਕਾਂ 'ਚੋਂ ਪੂਰੇ ਪੈਸੇ ਨਹੀਂ ਮਿਲਣ ਕਾਰਨ



ਲੋਕਾਂ ਵਿੱਚ ਸਹਿਮ ਦਾ ਮਾਹੌਲ ਹੈ ਅਤੇ ਹਾਹਾਕਾਰ ਮੱਚੀ ਹੋਈ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਭਾਰਤੀ ਕਿਸਾਨ ਯੂਨੀਅਨ ਲੱਖੋਵਾਦ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ ਨੇ ਕੀਤਾ।ਉਨ੍ਹਾਂ ਕਿਹਾ ਕਿ ਬੈਂਕਾਂ ਵਾਲੇ ਪੈਸੇ ਦੇਣ ਤੋਂ ਇਨਕਾਰੀ ਹਨ, ਸਾਡੇ ਆਮ ਲੋਕਾਂ ਨਾਲ ਬੈਂਕਾਂ ਇਹੋ ਜਿਹਾ ਵਰਤੀਰਾ ਕਰ ਰਹੀਆਂ ਹਨ।ਇਸ ਲਈ ਕੇਂਦਰ ਸਰਕਾਰ ਨੂੰ ਇਸ 'ਤੇ ਜਲਦ ਤੋਂ ਜਲਦ ਨੋਟਿਸ ਲੈ ਕੇ ਸਥਿਤੀ ਨੂੰ ਸਪੱਸ਼ਟ ਕਰਨਾ ਚਾਹੀਦੀ ਹੈ, ਤਾਂ ਜੋ ਲੋਕ ਆਪਣੀ ਲੋੜ ਬੈਂਕਾਂ 'ਚੋਂ ਆਪਣਾ ਪੈਸਾ ਕਢਵਾ ਕੇ ਬੇਫਿਕਰੀ ਨਾਲ ਆਪਣਾ ਜੀਵਨ ਬਸਰ ਕਰਨ ਸਕਣ, ਕਿਉਂਕਿ ਬੈਂਕਾਂ ਵੱਲੋਂ ਕੀਤੇ ਜਾ ਰਹੇ ਵਤੀਰੇ ਕਾਰਨ ਲੋਕ ਦੋਚਿੱਤੀ ਵਿੱਚ ਹਨ ਕਿ ਪਤਾ ਨਹੀਂ ਲੋੜ ਪੈਣ 'ਤੇ ਉਨ੍ਹਾਂ ਨੂੰ ਉਨ੍ਹਾਂ ਦਾ ਆਪਣਾ ਪੈਸਾ ਮਿਲੇਗਾ ਵੀ ਜਾਂ ਨਹੀਂ? ਭੁਪਿੰਦਰ ਸਿੰਘ ਦੌਲਤਪੁਰਾ ਨੇ ਕਿਹਾ ਹੈ ਕਿ ਜੋ ਮੋਗਾ ਜ਼ਿਲ੍ਹੇ ਅੰਦਰ ਪ੍ਰਧਾਨ ਮੰਤਰੀ ਯੋਜਨਾਵਾਂ ਦੇ ਤਹਿਤ ਸੜਕਾਂ ਸੜਕਾਂ ਦਾ ਨਿਰਮਾਣ ਕੀਤਾ ਜਾ ਰਿਹਾ ਹੈ, ਉਹ ਕਈ ਬਲਾਕਾਂ ਵਿੱਚ ਸੜਕਾਂ ਅੱਧੀਆਂ ਅਧੂਰੀਆਂ ਪਈਆਂ ਹਨ।ਜਿਵੇਂ ਕਿ ਡਗਰੂ ਤੋਂ ਤਲਵੰਡੀ ਭਾਈ ਤੱਕ ਸੜਕ ਬਿਲਕੁਲ ਅਧੂਰੀ ਪਈ ਹੈ ਅਸੀਂ ਪ੍ਰਸ਼ਾਸਨ ਨੂੰ ਅਪੀਲ ਕਰਦੇ ਹਾਂ ਕਿ ਪ੍ਰਧਾਨ ਮੰਤਰੀ ਯੋਜਨਾ ਤਹਿਤ ਸੜਕਾਂ ਦਾ ਕੰਮ ਜਲਦ ਤੋਂ ਜਲਦ ਮੁਕੰਮਲ ਕਰਾਇਆ ਜਾਵੇ ਤਾਂ ਜੋ ਲੋਕਾਂ ਨੂੰ ਆਉਣ ਜਾਣ ਵਿੱਚ ਕੋਈ ਮੁਸ਼ਕਿਲ ਦਾ ਸਾਹਮਣਾ ਨਾ ਕਰਨਾ ਪਵੇ।ਇਸ ਮੌਕੇ ਅਨੁਸ਼ਾਸਨੀ ਕਮੇਟੀ ਮੈਂਬਰ ਸਾਬਕਾ ਸਰਪੰਚ ਇਕਬਾਲ ਸਿੰਘ ਗਲੋਟੀ, ਸੂਬਾ ਆਗੂ ਹਰਨੇਕ ਸਿੰਘ ਫਤਿਹਗੜ੍ਹ, ਜ਼ਿਲ੍ਹਾ ਮੀਤ ਪ੍ਰਧਾਨ ਸਾਬਕਾ ਸਰਪੰਚ ਲਖਵੀਰ ਸਿੰਘ, ਆਗੂ ਸੁਖਚੈਨ ਸਿੰਘ ਬਰਾੜ ਕੰਨੀਆ, ਜ਼ਿਲ੍ਹਾ ਮੀਡੀਆ ਸਕੱਤਰ ਬਲਕਰਨ ਸਿੰਘ ਢਿੱਲੋਂ ਆਦਿ ਮੌਜੂਦ ਸਨ।

# ਨਿੱਜੀ ਸਕੂਲਾਂ ਨੂੰ ਧਮਕੀ ਭਰੀ ਈ-ਮੇਲ ਆਉਣ ਤੋਂ ਬਾਅਦ ਪੁਲਸ ਹੋਈ ਮੁਸਤੈਦ

## ਪੁਲਸ ਹਰ ਗਤੀਵਿਧੀ 'ਤੇ ਨਜ਼ਰ ਰੱਖ ਰਹੀ ਹੈ : ਡੀ ਐੱਸ ਪੀ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**- ਧੂਰੀ ਨੇੜਲੇ ਕਈ ਨਿੱਜੀ ਸਕੂਲਾਂ ਤੇ ਰੇਲਵੇ ਸਟੇਸ਼ਨ ਨੂੰ ਨੁਕਸਾਨ ਪਹੁੰਚਾਉਣ ਦੀ ਆਈ ਧਮਕੀ ਭਰੀ ਈ-ਮੇਲ ਤੋਂ ਬਾਅਦ ਪੁਲਸ ਪੂਰੀ ਤਰ੍ਹਾਂ ਮੁਸਤੈਦ ਹੋ ਗਈ ਹੈ।ਸਥਾਨਕ ਰੇਲਵੇ ਸਟੇਸ਼ਨ ਦੀ ਚੈਕਿੰਗ ਕਰਨ ਉਪਰੰਤ ਡੀ.ਐੱਸ.ਪੀ. ਧੂਰੀ ਗੁਰਪ੍ਰੀਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸੋਮਵਾਰ ਸਵੇਰੇ ਪੁਲਸ ਨੂੰ ਧੂਰੀ ਨੇੜਲੇ ਤਿੰਨ/ਚਾਰ ਨਿੱਜੀ ਸਕੂਲਾਂ ਨੂੰ ਧਮਕੀ ਭਰੀ ਈ-ਮੇਲ ਰਾਹੀਂ ਬੱਚਿਆਂ ਦਾ ਨੁਕਸਾਨ ਕਰਨ ਦੀ ਆਈ ਧਮਕੀ ਤੋਂ ਇਲਾਵਾ ਸਥਾਨਕ ਰੇਲਵੇ ਸਟੇਸ਼ਨ ਨੂੰ ਨੁਕਸਾਨ ਪਹੁੰਚਾਉਣ ਦੀ ਧਮਕੀ ਦੀ ਸੂਚਨਾ ਮਿਲਣ ਤੋਂ ਬਾਅਦ ਪੁਲਸ ਪੂਰੀ ਤਰ੍ਹਾਂ ਮੁਸਤੈਦ ਹੋ ਗਈ ਅਤੇ ਪੜਤਾਲੀਆ ਟੁਕੜੀਆਂ ਬਣਾ ਕੇ ਜਿੱਥੇ ਧਮਕੀ ਕਾਰਨ ਪ੍ਰਭਾਵਿਤ ਸਕੂਲਾਂ ਦੀ ਫਿਜ਼ੀਕਲ ਜਾਂਚ ਕੀਤੀ ਗਈ, ਉਥੇ ਸਥਾਨਕ ਰੇਲਵੇ ਸਟੇਸ਼ਨ 'ਤੇ ਬਾਰੀਕੀ ਨਾਲ ਚੈਕਿੰਗ ਕੀਤੀ ਗਈ, ਪਰ ਪੁਲਸ ਨੂੰ ਇਸ ਚੈਕਿੰਗ ਦੌਰਾਨ ਇਤਰਾਜ਼ਯੋਗ ਜਾਂ ਸ਼ੱਕੀ ਚੀਜ਼ ਨਹੀਂ ਮਿਲੀ।ਉਨ੍ਹਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਭੈ-ਮੁਕਤ ਰਹਿਣ ਤੇ ਪੁਲਸ ਲੋਕਾਂ ਦੀ ਸੁਰੱਖਿਆ ਲਈ ਪੱਬਾਂ ਭਾਰ ਹੈ ਅਤੇ ਸਥਿਤੀ ਪੂਰੀ ਤਰ੍ਹਾਂ ਕਾਬੂ ਹੇਠ ਹੈ। ਨਗਰ ਕੌਂਸਲ ਚੋਣਾਂ ਸਬੰਧੀ ਪੁੱਛੇ ਜਾਣ 'ਤੇ ਉਨ੍ਹਾਂ ਕਿਹਾ ਕਿ 26 ਮਈ ਨੂੰ ਹੋਣ ਜਾ ਰਹੀਆਂ ਕੌਂਸਲ ਚੋਣਾਂ ਦੌਰਾਨ ਅਮਨ ਕਾਨੂੰਨ ਦੀ ਸਥਿਤੀ ਨੂੰ ਬਰਕਰਾਰ ਰੱਖਣ ਲਈ ਹੈੱਡਕੁਆਟਰ ਤੋਂ ਵਾਧੂ ਪੁਲਸ ਫੋਰਸ ਮੰਗਵਾਈ ਗਈ ਹੈ ਤੇ ਸੁਰੱਖਿਆ ਦੇ ਨਜ਼ਰੀਏ ਨਾਲ ਪੁਲਸ ਵੱਲੋਂ ਸਵੇਰੇ-ਸ਼ਾਮ ਗਸ਼ਤ ਕੀਤੀ ਜਾ ਰਹੀ ਹੈ ਅਤੇ ਰਾਤ ਸਮੇਂ ਪੀ.ਸੀ.ਆਰ. ਦੀ ਪੈਟਰੋਲਿੰਗ ਤੇਜ਼ ਕਰਨ ਤੋਂ ਇਲਾਵਾ ਸ਼ੱਕੀ ਵਿਅਕਤੀਆਂ ਉਪਰ ਬਰਾਬਰ ਨਜ਼ਰ ਰੱਖੀ ਜਾ ਰਹੀ ਹੈ।




# 'ਆਪ' ਸਰਕਾਰ ਵੱਲੋਂ ਸਿਹਤ ਤੇ ਸਿੱਖਿਆ ਖੇਤਰ 'ਚ ਲਿਆਂਦੇ ਕ੍ਰਾਂਤੀਕਾਰੀ ਬਦਲਾਅ ਦੇ ਸਾਰਥਕ ਨਤੀਜੇ ਸਾਹਮਣੇ ਆ ਰਹੇ ਹਨ : ਗੋਇਲ

**ਲਹਿਰਾਗਾਗਾ (ਪਵਨ ਸ਼ਰਮਾ)**- ਪੰਜਾਬ ਅੰਦਰ 'ਆਪ' ਸੁਪਰੀਮੋ ਅਰਵਿੰਦ ਕੇਜਰੀਵਾਲ ਤੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸਿਹਤ ਤੇ ਸਿੱਖਿਆ ਦੇ ਖੇਤਰ ਵਿੱਚ ਲਿਆਂਦੇ ਗਏ ਕ੍ਰਾਂਤੀਕਾਰੀ ਬਦਲਾਅ ਦੇ ਸਾਰਥਕ ਨਤੀਜੇ ਸਾਹਮਣੇ ਆ ਰਹੇ ਹਨ। ਸਿਹਤ ਕ੍ਰਾਂਤੀ ਦੇ ਤਹਿਤ ਸਰਕਾਰੀ ਸਕੂਲਾਂ ਵਿੱਚ ਪੜ੍ਹ ਰਹੇ ਵਿਦਿਆਰਥੀਆਂ ਦਾ ਭਵਿੱਖ ਉੱਜਵਲ ਹੋ ਰਿਹੈ ਤੇ ਹਰ ਖੇਤਰ ਵਿੱਚ ਸਰਕਾਰੀ ਸਕੂਲਾਂ ਦੇ ਵਿਦਿਆਰਥੀ ਮੱਲਾਂ ਮਾਰ ਰਹੇ ਹਨ।ਇਸ ਗੱਲ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਐਡਵੋਕੇਟ ਬਰਿੰਦਰ ਗੋਇਲ ਨੇ ਨਗਰ ਕੌਂਸਲ ਪ੍ਰਧਾਨ ਤੇ ਮਹਿਲਾ ਅਗਰਵਾਲ ਸਭਾ ਦੇ ਸੂਬਾ ਪ੍ਰਧਾਨ ਸ਼੍ਰੀਮਤੀ ਕਾਂਤਾ ਗੋਇਲ ਦੇ ਨਾਲ+2 (ਸੀਨੀਅਰ ਸੈਕੰਡਰੀ) ਦੇ ਘੋਸ਼ਿਤ ਨਤੀਜੇ ਵਿੱਚੋਂ ਲਹਿਰਾ ਹਲਕੇ ਦੇ ਪੀ ਐੱਮ ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲਹਿਲਕਲਾਂ ਦੀਆਂ ਵਿਦਿਆਰਥਣਾਂ ਗੁਰਮੀਤ ਕੌਰ, ਅੰਜਲੀ ਕੌਰ ਤੇ ਅਮਨਦੀਪ ਕੌਰ ਨੇ ਕ੍ਰਮਵਾਰ ਪੰਜਾਬ ਵਿੱਚੋਂ ਨੌਵਾਂ ਜ਼ਿਲ੍ਹਾ ਸੰਗਰੂਰ ਵਿੱਚੋਂ ਪਹਿਲਾ, ਪੰਜਾਬ 'ਚੋਂ 13ਵਾਂ ਜ਼ਿਲ੍ਹਾ ਸੰਗਰੂਰ ਵਿੱਚੋਂ ਚੌਥਾ, ਸੂਬਾ ਪੱਧਰ 'ਤੇ 13ਵਾਂ ਤੇ ਜ਼ਿਲ੍ਹਾ ਸੰਗਰੂਰ 'ਚੋਂ ਪੰਜਵਾਂ ਸਥਾਨਾਂ ਹਾਸਲ ਕੀਤਾ ਹੈ, ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕਰਨ ਉਪਰੰਤ ਪੱਤਰਕਾਰਾਂ ਦੇ ਰੂਬਰੂ ਹੁੰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਮੇਰੇ ਲਈ ਮਾਨ ਦੀ ਗੱਲ ਹੈ ਕਿ ਮੇਰੇ ਹਲਕੇ ਦੇ ਪਿੰਡ ਲਹਿਲਕਲਾਂ ਦੇ ਸਰਕਾਰੀ ਸਕੂਲ ਦੀਆਂ ਵਿਦਿਆਰਥਣਾਂ ਨੇ ਸੂਬਾ ਪੱਧਰ 'ਤੇ ਮੈਰਿਟ ਵਿੱਚ ਸਥਾਨ ਹਾਸਲ ਕਰਕੇ ਹਲਕੇ ਦਾ ਨਾਮ ਰੋਸ਼ਨ ਕੀਤਾ ਹੈ।ਉਨ੍ਹਾਂ ਕਿਹਾ ਕਿ ਦੇਸ਼ ਵਿੱਚ ਹੀ ਨਹੀਂ ਬਲਕਿ ਵਿਦੇਸ਼ਾਂ ਵਿੱਚ ਵੀ ਆਮ ਆਦਮੀ ਪਾਰਟੀ ਦੀ ਸਿੱਖਿਆ ਕ੍ਰਾਂਤੀ ਦੀ ਧੂਮ ਹੈ, ਦੇਸ਼ ਦੇ ਵੱਖ-ਵੱਖ ਸੂਬੇ ਜਿੱਥੇ ਪੰਜਾਬ ਦੇ ਸਿੱਖਿਆ ਮਾਡਲ ਨੂੰ ਅਪਨਾ ਰਹੇ ਹਨ, ਉਥੇ ਹੀ ਵਿਦੇਸ਼ਾਂ ਵਿੱਚ ਵੀ ਪੰਜਾਬ ਦਾ ਸਿੱਖਿਆ ਮਾਡਲ ਲਾਗੂ ਹੋ ਰਿਹੈ। ਮੰਤਰੀ ਗੋਇਲ ਨੇ ਕਿਹਾ ਕਿ ਕਾਂਗਰਸ, ਅਕਾਲੀ ਦਲ ਤੇ ਭਾਜਪਾ ਜਿਹੀਆਂ ਫਿਰਕਾਪ੍ਰਸਤ ਪਾਰਟੀਆਂ ਅੱਜ ਤੱਕ ਲੋਕਾਂ ਨੂੰ ਧਰਮ ਤੇ ਜਾਤ ਦੇ ਨਾਂ 'ਤੇ ਲੜਾ ਕੇ ਸੱਤਾ ਹਾਸਲ ਕਰਦੀਆਂ ਰਹੀਆਂ, ਪਰ ਜਿਸ ਦਿਨ ਤੋਂ ਪੰਜਾਬ ਅੰਦਰ ਆਮ ਆਦਮੀ ਪਾਰਟੀ ਨੇ ਸੱਤਾ ਸੰਭਾਲੀ ਹੈ, ਉਕਤ ਪਾਰਟੀਆਂ ਆਪਣੀ ਸਿਆਸੀ ਹੋਂਦ ਬਚਾਉਣ ਦੀ ਲੜਾਈ ਲੜ ਰਹੀਆਂ ਹਨ, ਕਿਉਂਕਿ ਪੰਜਾਬ ਦੀ ਜਨਤਾ ਉਕਤ ਫਿਰਕਾਪ੍ਰਸਤ ਪਾਰਟੀਆਂ ਨੂੰ ਮੂੰਹ ਨਹੀਂ ਲਗਾ ਰਹੀ।ਮੰਤਰੀ ਗੋਇਲ ਨੇ ਦਾਅਵਾ ਕੀਤਾ ਕਿ ਉਹ ਦਿਨ ਦੂਰ ਨਹੀਂ ਜਦੋਂ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਿੱਚ ਪੰਜਾਬ ਹਰ ਖੇਤਰ ਵਿੱਚ ਦੇਸ਼ ਦਾ ਨੰਬਰ ਇੱਕ ਸੂਬਾ ਬਣ ਜਾਵੇਗਾ, ਲੋਕਾਂ ਨਾਲ ਕੀਤੇ ਸਾਰੇ ਵਾਅਦਿਆਂ ਨੂੰ ਪੂਰਾ ਕਰ ਦਿੱਤਾ ਗਿਆ ਹੈ ਤੇ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਇੱਕ ਵਾਰ ਫਿਰ ਆਮ ਆਦਮੀ ਪਾਰਟੀ ਹੁੰਝਾ ਫੇਰ ਜਿੱਤ ਪ੍ਰਾਪਤ ਕਰਕੇ ਸੱਤਾ ਵਿੱਚ ਆਵੇਗੀ ਤੇ ਪੰਜਾਬ ਨੂੰ ਰੰਗਲਾ ਪੰਜਾਬ ਬਣਾ ਦੇਵੇਗੀ।ਇਸ ਮੌਕੇ ਮੰਤਰੀ ਗੋਇਲ ਦੇ ਓਐੱਸਡੀ ਰਕੇਸ਼ ਕੁਮਾਰ ਗੁਪਤਾ ਵਿੱਕੀ, ਹਰਪਾਲ ਸਿੰਘ ਕੋਆਰਡੀਨੇਟਰ ਹਲਕਾ ਲਹਿਰਾ, ਸਕੂਲ ਇੰਚਾਰਜ ਪ੍ਰਦੀਪ ਕੁਮਾਰ, ਹਰਜਿੰਦਰ ਸਿੰਘ ਕਲਰਕ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਆਪ ਆਗੂ ਤੇ ਵਲੰਟੀਅਰ ਹਾਜ਼ਰ ਸਨ।



# ਰਜਨੀ ਚੋਪੜਾ ਨੂੰ ਮਿਲਿਆ ਲੋਕਾਂ ਦਾ ਭਾਰੀ ਸਮਰਥਨ



**ਜਗਰਾਓਂ (ਅਮਿਤ ਖੰਨਾ)**- ਜਗਰਾਓਂ ਨਗਰ ਕੌਂਸਲਰ ਚੋਣਾਂ ਸਬੰਧੀ ਵਾਰਡ ਨੰਬਰ 15 ਤੋਂ ਬੀ ਜੇ ਪੀ ਉਮੀਦਵਾਰ ਰਜਨੀ ਚੋਪੜਾ ਨੂੰ ਲੋਕਾਂ ਦਾ ਭਾਰੀ ਸਮਰਥਨ ਮਿਲ ਰਿਹਾ ਹੈ।ਲੋਕ ਉਨ੍ਹਾਂ ਨੂੰ ਕੌਂਸਲਰ ਬਣਾਉਣ ਲਈ ਉਤਾਵਲੇ ਹਨ।

ਵਾਰਡ ਨੰਬਰ 15 ਦੇ ਲੋਕਾਂ ਦਾ ਕਹਿਣਾ ਹੈ ਕਿ ਉਹ ਆਪਣੇ ਵਾਰਡ ਦਾ ਵਿਕਾਸ ਕਰਨਾ ਚਾਹੁੰਦੇ ਹਨ।ਲੋਕਾਂ ਦਾ ਕਹਿਣਾ ਹੈ ਕਿ ਪਹਿਲਾਂ ਵਾਲੇ ਕੌਂਸਲਰਾਂ ਨੇ ਆਪਣੇ ਵਾਰਡਾਂ ਤੇ ਜਗਰਾਉਂ ਦਾ ਕੁਝ ਵੀ ਨਹੀਂ ਸਵਾਰਿਆ।ਇਸ ਵਾਰ ਲੋਕ ਬਦਲਾਅ ਚਾਹੁੰਦੇ ਹਨ ਤੇ ਰਜਨੀ ਚੋਪੜਾ ਨੂੰ ਜਿਤਾ ਕੇ ਆਪਣੇ ਵਾਰਡ ਦੀ ਨੁਹਾਰ ਬਦਲਨ ਲਈ ਤਿਆਰ ਹਨ। ਰਜਨੀ ਚੋਪੜਾ ਦੇ ਵਾਅਦੇ ਹਰ ਘਰ ਤੱਕ ਸਾਫ ਪੀਣ ਵਾਲੇ ਪਾਣੀ ਦੀ ਸੁਵਿਧਾ ਸੀਵਰੇਜ ਦੀ ਸਫਾਈ ਤੇ ਪੱਕੀ ਵਿਵਸਥਾ ਪੱਕੀਆਂ ਨਾਲੀਆਂ ਦਾ ਨਿਰਮਾਣ ਨਸ਼ੇ ਦੇ ਖਾਤਮੇ ਲਈ ਸਖ਼ਤ ਕਦਮ ਆਪਣੇ ਵਾਰਡ ਨੂੰ ਸੁੰਦਰ, ਸਾਫ ਤੇ ਵਿਕਸਤ ਬਣਾਉਣਾ ਲੋਕਾਂ ਦੀ ਹਰ ਸਮੱਸਿਆ ਦਾ ਪਹਿਲੇ ਹੱਲ ਮੇਰਾ, ਪਹਿਲਾ ਉਦੇਸ਼ ਮੇਰੇ ਵਾਰਡ ਤੇ ਮੇਰੇ ਸ਼ਹਿਰ ਦਾ ਵਿਕਾਸ ਹੈ।ਮੈਂ ਲੋਕਾਂ ਦੇ ਸਹਿਯੋਗ ਨਾਲ ਵਾਰਡ ਨੰਬਰ 15 ਨੂੰ ਆਦਰਸ਼ ਵਾਰਡ ਬਣਾਵਾਂਗੀ।

# ਯੰਗ ਨਭਾਈਟਸ ਐਸੋਸੀਏਸ਼ਨ ਨੇ ਸਮਾਜ ਸੇਵਾ ਖੇਤਰ 'ਚ ਨਿਵੇਕਲੀ ਮਿਸਾਲ ਕਾਇਮ ਕੀਤੀ : ਕਟਾਰੀਆ

**ਨਾਭਾ (ਵਰਿੰਦਰ ਵਰਮਾ)**- ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਨਾਭਾ ਨੇੜਲੇ ਪਿੰਡ ਖੋਖ-ਕੋਟਲੀ ਸਥਿਤ ਨਿਰਮਲ ਕੁਟੀਆ ਵਿਖੇ ਯੰਗ ਨਭਾਈਟਸ ਐਸੋਸੀਏਸ਼ਨ ਵੱਲੋਂ ਕਰਵਾਏ ਸਕੂਲ ਬੈਗ ਵੰਡ ਸਮਾਗਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਨੌਜਵਾਨਾਂ ਵੱਲੋਂ ਸਮਾਜਿਕ ਸੇਵਾ ਤੇ ਸਿੱਖਿਆ ਦੇ ਖੇਤਰ ਵਿੱਚ ਕੀਤੇ ਜਾ ਰਹੇ ਯਤਨ ਹੋਰ ਸੰਸਥਾਵਾਂ ਲਈ ਵੀ ਪ੍ਰੇਰਨਾ ਸਰੋਤ ਹਨ।ਇਸ ਮੌਕੇ ਗਵਰਨਰ ਵੱਲੋਂ ਹਾਲ ਹੀ ਵਿੱਚ ਯੂ.ਪੀ.ਐੱਸ.ਸੀ. ਪ੍ਰੀਖਿਆ ਵਿੱਚ 15ਵਾਂ ਰੈਂਕ ਹਾਸਲ ਕਰਕੇ ਆਈਏਐੱਸ ਅਧਿਕਾਰੀ ਬਣੀ ਪਿੰਡ ਬਿਰੜਵਾਲ ਦੀ ਸਿਮਰਨਦੀਪ ਕੌਰ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਉਨ੍ਹਾਂ ਨਾਲ ਵਿਧਾਇਕ ਨਾਭਾ ਗੁਰਦੇਵ ਸਿੰਘ ਦੇਵ ਮਾਨ ਮੌਜੂਦ ਸਨ।ਰਾਜਪਾਲ ਨੇ ਪਿੰਡ ਖੋਖ ਦੇ ਨਸ਼ਾ ਮੁਕਤ ਹੋਣ ਦੀ ਜਾਣਕਾਰੀ ਮਿਲਣ 'ਤੇ ਪਿੰਡ ਦੇ ਵਿਕਾਸ ਲਈ 3 ਲੱਖ ਰੁਪਏ ਦੀ ਰਾਸ਼ੀ ਜਾਰੀ ਕਰਨ ਸਮੇਤ ਪਿੰਡ ਦੇ ਦੋਵੇਂ ਸਰਕਾਰੀ ਸਕੂਲਾਂ ਨੂੰ ਇੱਕ ਦਿਨ ਦੀ ਛੁੱਟੀ ਦਾ ਐਲਾਨ ਕੀਤਾ। ਰਾਜਪਾਲ ਸ੍ਰੀ ਕਟਾਰੀਆ ਨੇ ਕਿਹਾ ਕਿ ਯੰਗ ਨਭਾਈਟਸ ਐਸੋਸੀਏਸ਼ਨ ਵੱਲੋਂ ਖੋਖ ਦੇ ਦੋ ਸਰਕਾਰੀ ਸਕੂਲਾਂ ਦੇ 100 ਵਿਦਿਆਰਥੀਆਂ ਨੂੰ ਸਕੂਲ ਬੈਗ ਵੰਡਣਾ ਸਿਰਫ਼ ਇੱਕ ਸਹਾਇਤਾ ਕਾਰਜ ਨਹੀਂ, ਸਗੋਂ ਸਿੱਖਿਆ ਪ੍ਰਤੀ ਸਮਾਜਿਕ ਜ਼ਿੰਮੇਵਾਰੀ ਤੇ ਸੰਵੇਦਨਸ਼ੀਲਤਾ ਦਾ ਪ੍ਰਤੀਕ ਹੈ।ਉਨ੍ਹਾਂ ਕਿਹਾ ਕਿ ਸਿੱਖਿਆ ਹੀ ਉਹ ਮਾਧਿਅਮ ਹੈ, ਜੋ ਬੱਚਿਆਂ ਨੂੰ ਉੱਜਵਲ ਭਵਿੱਖ ਵੱਲ ਲੈ ਕੇ ਜਾਂਦੀ ਹੈ ਅਤੇ ਸਮਾਜ ਨੂੰ ਮਜ਼ਬੂਤ ਬਣਾਉਂਦੀ ਹੈ।ਸ੍ਰੀ ਕਟਾਰੀਆ ਨੇ ਕਿਹਾ ਕਿ ਸਮਾਜ ਦੇ ਸਮਰੱਥ ਵਰਗ, ਉਦਯੋਗਪਤੀ ਤੇ ਸਮਾਜਿਕ ਸੰਸਥਾਵਾਂ ਨੂੰ ਵੀ ਕਾਰਪੋਰੇਟ ਸਮਾਜਿਕ ਜ਼ਿੰਮੇਵਾਰੀ ਤਹਿਤ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦੀ ਸਿੱਖਿਆ, ਡਿਜੀਟਲ ਲਰਨਿੰਗ ਤੇ ਹੁਨਰ ਵਿਕਾਸ ਵਿੱਚ ਯੋਗਦਾਨ ਪਾਉਣਾ ਚਾਹੀਦਾ ਹੈ।ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਪਿੰਡ ਖੋਖ ਦੇ ਲੋਕਾਂ ਦੀ ਆਧਿਆਤਮਕ ਸੋਚ, ਸਮਾਜਿਕ ਜ਼ਿੰਮੇਵਾਰੀ ਤੇ ਨਸ਼ਾ ਮੁਕਤ ਜੀਵਨ ਸ਼ੈਲੀ ਦੀ ਵੀ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਗੁਰਬਾਣੀ ਨਾਲ ਜੁੜਾਅ ਤੇ ਸਾਂਝੀ ਸੋਚ ਨੇ ਇਸ ਪਿੰਡ ਨੂੰ ਹੋਰ ਪਿੰਡਾਂ ਲਈ ਇੱਕ ਪ੍ਰੇਰਨਾਦਾਇਕ ਮਾਡਲ ਬਣਾਇਆ ਹੈ।ਸ੍ਰੀ ਕਟਾਰੀਆ ਨੇ ਨਿਰਮਲ ਕੁਟੀਆ ਖੋਖ, ਨਿਰਮਲ ਆਸ਼ਰਮ ਤੇ ਸੰਤ ਬਾਬਾ ਰਾਮ ਸਿੰਘ ਜੀ ਵੱਲੋਂ ਸਿੱਖਿਆ, ਸਿਹਤ ਤੇ ਮਨੁੱਖੀ ਸੇਵਾ ਦੇ ਖੇਤਰ ਵਿੱਚ ਕੀਤੇ ਜਾ ਰਹੇ ਯਤਨਾਂ ਦੀ ਵੀ ਪ੍ਰਸੰਸਾ ਕੀਤੀ।ਰਾਜਪਾਲ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਨੌਜਵਾਨਾਂ ਦੀ ਊਰਜਾ ਨੂੰ ਸਮਾਜਿਕ ਸੇਵਾ, ਸਿੱਖਿਆ ਤੇ ਜਾਗਰੂਕਤਾ ਵਰਗੇ ਸਕਾਰਾਤਮਕ ਕਾਰਜਾਂ ਨਾਲ ਜੋੜਨਾ ਬਹੁਤ ਜ਼ਰੂਰੀ ਹੈ ਤੇ ਯੰਗ ਨਭਾਈਟਸ ਐਸੋਸੀਏਸ਼ਨ ਇਸ ਦਿਸ਼ਾ ਵਿੱਚ ਸ਼ਲਾਘਾਯੋਗ ਕੰਮ ਕਰ ਰਹੀ ਹੈ।ਇਸ ਮੌਕੇ ਵਿਧਾਇਕ ਦੇਵ ਮਾਨ ਸਮੇਤ ਪਿੰਡ ਵਾਸੀਆਂ ਨੇ ਰਾਜਪਾਲ ਗੁਲਾਬ ਚੰਦ ਕਟਾਰੀਆ ਦਾ ਵਿਸ਼ੇਸ਼ ਸਨਮਾਨ ਕੀਤਾ।



# ਲਾਇਨਜ਼ ਕਲੱਬ ਗੋਲਡ ਨੇ ਡਿਸਟ੍ਰਿਕਟ ਕਾਨਫਰੰਸ 'ਚ ਹਿੱਸਾ ਲਿਆ

**ਜਲਾਲਾਬਾਦ (ਬਲਵਿੰਦਰ ਸਿੰਘ)** ਲਾਇਨਜ਼ ਇੰਟਰਨੈਸ਼ਨਲ ਡਿਸਟ੍ਰਿਕਟ 3216 ਹੋਟਲ ਰੈਡੀਸਨ ਸ੍ਰੀਨਗਰ ਵਿਖੇ ਡਿਸਟ੍ਰਿਕਟ ਗਵਰਨਰ ਅੰਮ੍ਰਿਤਪਾਲ ਸਿੰਘ ਝੰਡੂ ਦੀ ਪ੍ਰਧਾਨਗੀ ਹੇਠ ਆਯੋਜਤ ਕੀਤੀ ਗਈ।ਲਾਇਨਜ਼ ਇੰਟਰਨੈਸ਼ਨਲ ਸੀਏ ਲੀਡਰ ਲਾਇਨ ਜਤਿੰਦਰ ਸਿੰਘ ਚੌਹਾਨ ਮੁੱਖ ਮਹਿਮਾਨ ਸਨ ਤੇ ਵੱਖ-ਵੱਖ ਅੰਤਰਰਾਸ਼ਟਰੀ ਨੇਤਾਵਾਂ ਨੇ ਸ਼ਿਰਕਤ ਕੀਤੀ। ਸ੍ਰੀਨਗਰ ਦੇ ਵਿਧਾਇਕ ਸ੍ਰੀ ਸਲਮਾਨ ਅਲੀ ਸਾਗਰ ਸਮਾਗਮ ਵਿੱਚ ਮੌਜੂਦ ਸਨ, ਜਿਸ ਨੇ ਸਮਾਗਮ ਦੀ ਸ਼ਾਨ ਨੂੰ ਹੋਰ ਵਧਾ ਦਿੱਤਾ।ਕਾਨਫਰੰਸ ਵਿੱਚ ਲਗਭਗ 500 ਮੈਂਬਰਾਂ ਨੇ ਸ਼ਿਰਕਤ ਕੀਤੀ, ਜਿਨ੍ਹਾਂ ਵਿੱਚ ਲਾਇਲ ਕਲੱਬ ਜਲਾਲਾਬਾਦ ਗੋਲਡ ਦੇ 12 ਮੈਂਬਰ ਸ਼ਾਮਲ ਸਨ।ਡਿਸਟ੍ਰਿਕਟ 3216 ਦੇ ਗਵਰਨਰ ਲਾਇਨ ਅੰਮ੍ਰਿਤਪਾਲ ਸਿੰਘ ਝੰਡੂ ਨੇ ਸਾਲ ਭਰ ਦੀਆਂ ਆਪਣੀਆਂ ਪ੍ਰਾਪਤੀਆਂ ਸਾਂਝੀਆਂ ਕੀਤੀਆਂ, ਮੈਂਬਰਸ਼ਿਪ ਵਾਧੇ, ਐਲਸੀ, ਆਈਐਫ ਦਾਨ, ਨਵੇਂ ਕਲੱਬ ਗਠਨ, ਸੇਵਾ ਗਤੀਵਿਧੀਆਂ ਤੇ ਹੋਰ ਬਹੁਤ ਕੁਝ ਵਿੱਚ ਜ਼ਿਲ੍ਹਾ 3216 ਦੀਆਂ ਪ੍ਰਾਪਤੀਆਂ ਨੂੰ ਉਜਾਗਰ ਕੀਤਾ। ਇਸ ਕਾਨਫਰੰਸ ਵਿੱਚ ਲਾਇਲ ਕਲੱਬ ਜਲਾਲਾਬਾਦ ਗੋਲਡ ਦੇ 12 ਮੈਂਬਰਾਂ ਨੇ ਹਿੱਸਾ ਲਿਆ, ਜਿਨ੍ਹਾਂ ਵਿੱਚ ਲਾਇਨ ਰੋਹਿਤ ਡੂਮਡਾ, ਪ੍ਰਧਾਨ, ਲਾਇਨ ਹਰਿੰਦਰ ਸਿੰਘ ਕੁੱਕੜ, ਲਾਇਨ ਰਮਨ ਗਗਨੇਜਾ, ਲਾਇਨ ਸ਼ਹਿਜ਼ਾਦ ਦੀਵਾਨ, ਲਾਇਨ ਹੈਪੀ ਕਠਪਾਲ, ਲਾਇਨ ਅਨਮੋਲ ਵਰਮਾ, ਲਾਇਨ ਨਿਤੀਸ਼ ਮਿੱਡਾ, ਲਾਇਨ ਸਿਧਾਰਥ ਸੇਠੀ, ਲਾਇਨ ਰਮੇਸ਼ ਮੱਕੜ, ਲਾਇਨ ਵਿਸ਼ਾਲ ਸੇਤੀਆ, ਲਾਇਨ ਸੁਨੀਲ ਰੰਗਬੁਲਾ, ਲਾਈਨ ਸਾਕੇਤ ਬਜਾਜ ਸ਼ਾਮਲ ਸਨ।



## ਆਹਲੂਵਾਲੀਆ ਬਾਰ ਐਸੋਸੀਏਸ਼ਨ ਚੋਣਾਂ 'ਚ ਐਗਜ਼ੀਕਿਊਟਿਵ ਮੈਂਬਰ ਚੁਣੇ

**ਬਠਿੰਡਾ (ਪਰਵਿੰਦਰ ਜੀਤ ਸਿੰਘ)** ਪੰਜਾਬ ਤੇ ਹਰਿਆਣਾ ਹਾਈਕੋਰਟ, ਚੰਡੀਗੜ੍ਹ ਵਿੱਚ ਬਠਿੰਡਾ ਵਾਲੇ ਦੇ ਨਾਂਅ ਨਾਲ ਪ੍ਰਸਿੱਧ ਸੀਨੀਅਰ ਐਡਵੋਕੇਟ ਜਸਦੀਪ ਸਿੰਘ ਆਹਲੂਵਾਲੀਆ ਦੇ ਪੁੱਤਰ ਐਡਵੋਕੇਟ ਏਕਮਜੀਤ ਸਿੰਘ ਆਹਲੂਵਾਲੀਆ ਦੇ ਪੰਜਾਬ ਅਤੇ ਹਰਿਆਣਾ ਬਾਰ ਐਸੋਸੀਏਸ਼ਨ ਚੋਣਾਂ 2026 ਵਿੱਚ ਬਿਲੋ 10 ਸਾਲ ਕੈਟਾਗਰੀ ਹੇਠ ਐਗਜ਼ਿਕਿਊਟਿਵ ਮੈਂਬਰ ਚੁਣੇ ਜਾਣ 'ਤੇ ਕਾਨੂੰਨੀ ਭਾਈਚਾਰੇ ਵਿੱਚ ਖੁਸ਼ੀ ਤੇ ਮਾਣ ਦੀ ਲਹਿਰ ਦੌੜ ਗਈ। ਐਡਵੋਕੇਟ ਅਕਮਜੀਤ ਸਿੰਘ ਆਹਲੂਵਾਲੀਆ ਨੇ ਆਪਣੀ ਲਗਨ, ਪੇਸ਼ੇਵਰ ਵਚਨਬੱਧਤਾ ਤੇ ਨੌਜਵਾਨ ਵਕੀਲਾਂ ਦੀ ਭਲਾਈ ਲਈ ਸਰਗਰਮ ਭੂਮਿਕਾ ਰਾਹੀਂ ਸਾਥੀ ਵਕੀਲਾਂ ਦਾ ਭਰੋਸਾ ਤੇ ਸਮਰਥਨ ਹਾਸਲ ਕੀਤਾ।ਉਨ੍ਹਾਂ ਦੀ ਇਹ ਜਿੱਤ ਨਵੀਂ ਪੀੜ੍ਹੀ ਦੇ ਕਾਨੂੰਨੀ ਪੇਸ਼ੇਵਰਾਂ 'ਤੇ ਕੀਤੇ ਗਏ ਭਰੋਸੇ ਦਾ ਪ੍ਰਤੀਕ ਮੰਨੀ ਜਾ ਰਹੀ ਹੈ। ਸੀਨੀਅਰ ਐਡਵੋਕੇਟ ਜਸਦੀਪ ਸਿੰਘ ਆਹਲੂਵਾਲੀਆ ਤੇ ਪਰਵਾਰਕ ਮੈਂਬਰਾਂ ਨੇ ਚੋਣਾਂ ਦੌਰਾਨ ਦਿੱਤੀਆਂ ਅਸੀਸਾਂ, ਭਰੋਸੇ ਅਤੇ ਭਰਪੂਰ ਸਮਰਥਨ ਲਈ ਸਮੂਹ ਵਕੀਲਾਂ ਤੇ ਸਮਰਥਕਾਂ ਦਾ ਧੰਨਵਾਦ ਕੀਤਾ।



## ਸ਼ਿਵਾਲਿਕ ਮਾਡਲ ਸਕੂਲ 'ਚ ਪੂਲ ਪਾਰਟੀ

**ਜਗਰਾਓਂ (ਅਮਿਤ ਖੰਨਾ)** ਸ਼ਿਵਾਲਿਕ ਮਾਡਲ ਸਕੂਲ ਦੇ ਕਿੰਡਰਗਾਰਟਨ ਵਿਭਾਗ ਵੱਲੋਂ ਇੱਕ ਸ਼ਾਨਦਾਰ ਪੂਲ ਪਾਰਟੀ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਸਾਰਾ ਕੈਂਪਸ ਬੱਚਿਆਂ ਦੀਆਂ ਕਿਲਕਾਰੀਆਂ ਤੇ ਸ਼ਰਾਰਤਾਂ ਨਾਲ ਗੂੰਜ ਉੱਠਿਆ।ਰੰਗੀਨ ਪ੍ਰੋਗਰਾਮ ਦੀ ਸ਼ੁਰੂਆਤ ਸਵੇਰੇ 10:00 ਵਜੇ ਹੋਈ, ਜਦੋਂ ਸਾਰੇ ਬੱਚੇ ਸੁੰਦਰ ਪੁਸ਼ਾਕਾਂ ਪਹਿਨ ਕੇ ਪਹੁੰਚੇ।ਕਿਸੇ ਨੇ ਸਪਾਈਡਰਮੈਨ ਦਾ ਰੂਪ ਧਾਰਿਆ, ਤਾਂ ਕੋਈ ਪਰੀਆਂ ਦੇ ਖੰਭ ਲਾ ਕੇ ਉੱਡਦਾ ਫਿਰਿਆ।ਮਨਪਸੰਦ ਕਾਰਟੂਨ ਪਾਤਰਾਂ ਦੇ ਭੇਸ ਵਿੱਚ ਇਨ੍ਹਾਂ ਨੰਨ੍ਹੇ ਸਿਤਾਰਿਆਂ ਦੇ ਚਿਹਰਿਆਂ 'ਤੇ ਖੁਸ਼ੀ ਤੇ ਉਤਸ਼ਾਹ ਵੇਖਣਯੋਗ ਸੀ।ਹਰ ਬੱਚਾ ਆਪਣੇ ਨਾਲ ਤੌਲੀਆ, ਰੁਮਾਲ, ਪਾਣੀ ਦੀ ਬੋਤਲ ਅਤੇ ਘਰ ਦੇ ਬਣੇ ਸਵਾਦਿਸ਼ਟ ਖਾਣੇ ਲੈ ਕੇ ਆਇਆ।ਕਿਸੇ ਨੇ ਰਸੀਲੇ ਫਲ ਵੰਡੇ, ਤਾਂ ਕਿਸੇ ਨੇ ਠੰਢੇ ਮਿੱਠੇ ਪੀਣ-ਪਦਾਰਥਾਂ ਨਾਲ ਸਭ ਦਾ ਮੂੰਹ ਮਿੱਠਾ ਕਰਾਇਆ।ਸਾਰਿਆਂ ਨੇ ਮਿਲ ਕੇ ਪਿਆਰ ਅਤੇ ਸਾਂਝ ਨਾਲ ਸਹਿਭੋਜ ਦਾ ਆਨੰਦ ਮਾਣਿਆ।ਜਿਵੇਂ ਹੀ ਪਾਣੀ ਦੀਆਂ ਖੇਡਾਂ ਸ਼ੁਰੂ ਹੋਈਆਂ, ਉਤਸ਼ਾਹ ਦੀਆਂ ਲਹਿਰਾਂ ਦੌੜ ਗਈਆਂ।ਪਾਣੀ ਵਿੱਚ ਗੇਂਦਾਂ ਉਛਾਲਣਾ, ਸੁਰੀਲੇ ਸੰਗੀਤ 'ਤੇ ਨੱਚਣਾ ਤੇ ਛਿੱਟੇ ਮਾਰ ਕੇ ਖੇਡਣਾ ਹਰ ਪਲ ਇੱਕ ਸੁੰਦਰ ਯਾਦ ਬਣ ਗਿਆ।ਅਧਿਆਪਕਾਂ ਨੇ ਵੀ ਪੂਰੀ ਊਰਜਾ ਨਾਲ ਬੱਚਿਆਂ ਦਾ ਸਾਥ ਦਿੱਤਾ ਤੇ ਹਰ ਸਮੇਂ ਉਨ੍ਹਾਂ ਦੀ ਸੁਰੱਖਿਆ ਦਾ ਖਾਸ ਧਿਆਨ ਰੱਖਿਆ।ਬੱਚੇ ਠੰਢੇ ਪਾਣੀ ਵਿੱਚ ਘੰਟਿਆਂਬੱਧੀ ਖੇਡਦੇ, ਹੱਸਦੇ ਅਤੇ ਤੈਰਾਕੀ ਦਾ ਆਨੰਦ ਮਾਣਦੇ ਰਹੇ। ਸਕੂਲ ਪ੍ਰਿੰਸੀਪਲ ਸ਼੍ਰੀਮਤੀ ਨੀਲਮ ਸ਼ਰਮਾ ਨੇ ਕਿਹਾ ਕਿ ਅਜਿਹੇ ਆਯੋਜਨ ਬੱਚਿਆਂ ਵਿੱਚ ਆਤਮ-ਵਿਸ਼ਵਾਸ ਵਧਾਉਂਦੇ ਹਨ ਅਤੇ ਉਨ੍ਹਾਂ ਨੂੰ ਸਹਿਯੋਗ, ਸਮਾਜਿਕ ਸਾਂਝ ਅਤੇ ਅਨੁਸ਼ਾਸਨ ਦਾ ਮਹੱਤਵ ਸਿਖਾਉਂਦੇ ਹਨ।



# ਬਾਬਾ ਫਰੀਦ ਪਬਲਿਕ ਸਕੂਲ 'ਚ ਟਾਪਰਾਂ ਦਾ ਮੇਲਾ, 90 ਫੀਸਦੀ ਵਾਲਿਆਂ 'ਤੇ ਇਨਾਮਾਂ ਦਾ ਮੀਂਹ

**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)** ਬਾਬਾ ਫਰੀਦ ਪਬਲਿਕ ਸਕੂਲ ਵੱਲੋਂ ਸੀ.ਬੀ.ਐੱਸ.ਈ. ਬੋਰਡ ਪ੍ਰੀਖਿਆ 2025-26 ਦੇ ਦਸਵੀਂ ਤੇ ਬਾਰ੍ਹਵੀਂ ਜਮਾਤ ਦੇ ਮੈਰਿਟਧਾਰੀ ਵਿਦਿਆਰਥੀਆਂ ਤੇ ਅਧਿਆਪਕਾਂ ਦਾ ਸਨਮਾਨ ਸਮਾਰੋਹ ਫਰੀਦ ਆਡੀਟੋਰੀਅਮ 'ਚ ਪੂਰੇ ਜਾਹੋ-ਜਲਾਲ ਨਾਲ ਕਰਾਇਆ ਗਿਆ। ਸਮਾਗਮ ਦੀ ਪ੍ਰਧਾਨਗੀ ਸਕੂਲ ਦੇ ਚੇਅਰਮੈਨ ਸਿਮਰਜੀਤ ਸਿੰਘ ਸੇਖੋਂ ਨੇ ਕੀਤੀ, ਜਦਕਿ ਕਮੇਟੀ ਮੈਂਬਰ ਗੁਰਜਾਪ ਸਿੰਘ ਸੇਖੋਂ, ਸੁਰਿੰਦਰ ਸਿੰਘ ਰੋਮਾਣਾ, ਕੁਲਜੀਤ ਸਿੰਘ ਮੋਂਗੀਆ, ਨਰਿੰਦਰਪਾਲ ਸਿੰਘ ਬਰਾੜ ਤੇ ਡਾ. ਪ੍ਰਭਤੇਸ਼ਵਰ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਇਸ ਮੌਕੇ 12ਵੀਂ ਦੇ 47 ਤੇ 10ਵੀਂ ਦੇ 86 ਵਿਦਿਆਰਥੀਆਂ ਸਮੇਤ ਕੁੱਲ 140 ਵਿਦਿਆਰਥੀਆਂ ਨੂੰ, ਜਿਨ੍ਹਾਂ ਨੇ 90 ਫੀਸਦੀ ਤੋਂ ਵੱਧ ਅੰਕ ਹਾਸਲ ਕੀਤੇ, ਟ੍ਰਾਫੀਆਂ ਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ। ਪ੍ਰਬੰਧਕਾਂ ਵੱਲੋਂ ਪਹਿਲਾ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ 31 ਹਜ਼ਾਰ, ਦੂਜਾ ਸਥਾਨ ਲੈਣ ਵਾਲਿਆਂ ਨੂੰ 21 ਹਜ਼ਾਰ ਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲਿਆਂ ਨੂੰ 11 ਹਜ਼ਾਰ ਰੁਪਏ ਪ੍ਰਤੀ ਵਿਦਿਆਰਥੀ ਨਕਦ ਇਨਾਮ ਦਿੱਤੇ ਗਏ।ਸ਼ਾਨਦਾਰ ਨਤੀਜੇ ਦੇਣ ਵਾਲੇ ਅਧਿਆਪਕਾਂ ਨੂੰ ਵੀ 5100/- ਰੁਪਏ ਦੇ ਕੇ ਸਨਮਾਨਿਆ ਗਿਆ। ਕਾ. ਪ੍ਰਿੰਸੀਪਲ ਮੈਡਮ ਸੁਖਦੀਪ ਕੌਰ ਨੇ ਕਿਹਾ ਕਿ ਇਹ ਪ੍ਰਾਪਤੀਆਂ ਵਿਦਿਆਰਥੀਆਂ ਦੀ ਸਖ਼ਤ ਮਿਹਨਤ, ਅਧਿਆਪਕਾਂ ਦੀ ਲਗਨ ਅਤੇ ਮਾਪਿਆਂ ਦੇ ਸਹਿਯੋਗ ਸਦਕਾ ਸੰਭਵ ਹੋਈਆਂ ਹਨ। ਕਾ.ਵਾਈਸ ਪ੍ਰਿੰਸੀਪਲ ਮੈਡਮ ਹਰਸਿਮਰਨਜੀਤ ਕੌਰ ਨੇ ਕਿਹਾ ਕਿ ਇਹ ਸਫਲਤਾ ਤੇ ਪ੍ਰਸੰਸਾ ਹੋਰ ਵਿਦਿਆਰਥੀਆਂ ਲਈ ਪ੍ਰੇਰਨਾ ਸਰੋਤ ਬਣੇਗੀ।



# ਵਿਕਾਸ ਮਿਸ਼ਨ ਵੱਲੋਂ 'ਟੈੱਨ ਟਾਪਰ' ਸਨਮਾਨ ਸਮਾਰੋਹ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)**- ਸਮਾਜ ਦੇ ਭਲੇ ਤੇ ਵਿਕਾਸ ਨੂੰ ਸਮਰਪਤ ਪ੍ਰਮੁੱਖ ਵਰਕਿੰਗ ਗੈਰ-ਸਰਕਾਰੀ ਸਮਾਜ ਸੇਵੀ ਸੰਸਥਾ ਮੁਕਤਸਰ ਵਿਕਾਸ ਮਿਸ਼ਨ ਵੱਲੋਂ ਮਿਸ਼ਨ ਪ੍ਰਧਾਨ ਪ੍ਰਸਿੱਧ ਸਮਾਜ ਸੇਵਕ ਜਗਦੀਸ਼ ਰਾਏ ਢੋਸੀਵਾਲ ਦੀ ਅਗਵਾਈ ਹੇਠ ਸਥਾਨਕ ਸਿਟੀ ਹੋਟਲ ਵਿਖੇ 'ਟੈੱਨ ਟਾਪਰ' ਸਨਮਾਨ ਸਮਾਰੋਹ ਕੀਤਾ ਗਿਆ।ਇਸ ਮੌਕੇ ਮਿਸ਼ਨ ਗਾਇਡ ਇੰਜ. ਅਸ਼ੋਕ ਕੁਮਾਰ ਭਾਰਤੀ, ਚੇਅਰਮੈਨ ਨਿਰੰਜਣ ਸਿੰਘ ਰੱਖਰਾ, ਪੈਟਰਨ ਡਾ. ਸੁਰਿੰਦਰ ਗਿਰਧਰ, ਸੀਨੀਅਰ ਮੈਂਬਰ ਪ੍ਰਿੰ. ਕੁਲਵੰਤ ਸ਼ਰਮਾ, ਮੈਡਮ ਪੂਨਮ ਗਿਰਧਰ ਤੇ ਨਰਿੰਦਰ ਕਾਕਾ ਆਦਿ ਸਮੇਤ ਹੋਰ ਕਈ ਮੈਂਬਰ ਸ਼ਾਮਲ ਹੋਏ।ਸਭ ਤੋਂ ਪਹਿਲਾਂ ਪ੍ਰਿੰ. ਸ਼ਰਮਾ ਨੇ ਸਮਾਰੋਹ ਵਿੱਚ ਸ਼ਾਮਲ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਤੇ ਸਕੂਲ ਸਟਾਫ ਨੂੰ ਵਧਾਈ ਦਿੱਤੀ ਅਤੇ ਮਿਸ਼ਨ ਮੈਂਬਰਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਉਪਰੰਤ ਚੇਅਰਮੈਨ ਰੱਖਰਾ ਨੇ ਮਿਸ਼ਨ ਵੱਲੋਂ ਕੀਤੇ ਜਾ ਰਹੇ ਸਮਾਜ ਸੇਵਾ ਦੇ ਕਾਰਜਾਂ ਦੀ ਸਰਸਰੀ ਜਾਣਕਾਰੀ ਦਿੱਤੀ।ਸਮਾਰੋਹ ਦੌਰਾਨ ਸਟੇਜ ਸਕੱਤਰ ਦੀ ਕਾਰਵਾਈ ਮੈਡਮ ਪੂਨਮ ਗਿਰਧਰ ਨੇ ਬਾਖੂਬੀ ਨਿਭਾਈ।ਸਮਾਰੋਹ ਦੌਰਾਨ ਜ਼ਿਲ੍ਹੇ ਦੇ ਦਸਵੀਂ ਤੇ ਬਾਰਵੀਂ ਵਿੱਚੋਂ ਪਹਿਲੀਆਂ ਦਸ ਪੋਜ਼ੀਸ਼ਨਾਂ ਪ੍ਰਾਪਤ ਕਰਨ ਵਾਲੇ ਬਾਬਾ ਫਰੀਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਛੱਤੇਆਣਾ ਦੀਆਂ ਹੋਣਹਾਰ ਵਿਦਿਆਰਥਣਾਂ ਹਰਮੀਨ ਕੌਰ, ਰਸਪਿੰਦਰ ਕੌਰ, ਸਵਰੀਤ ਕੌਰ, ਜਸਪ੍ਰੀਤ ਕੌਰ, ਅਰਮਾਨ ਸਿੰਘ, ਰਮਨਦੀਪ ਕੌਰ, ਨੂਰਪ੍ਰੀਤ ਕੌਰ ਤੇ ਸੁਖਦੀਪ ਕੌਰ, ਸਰਕਾਰੀ ਹਾਈ ਸਕੂਲ ਨੂਰਪੁਰ ਕ੍ਰਿਪਾਲਕੇ ਦੇ ਰਵਨੀਤ ਕੌਰ, ਸਹਿਜਪ੍ਰੀਤ ਕੌਰ, ਸਰਕਾਰੀ ਹਾਈ ਸਕੂਲ ਸਾਹਿਬ ਚੰਦ ਦੀ ਸਲੋਨੀ, ਸਨਾਤਨ ਧਰਮ ਸੀਨੀਅਰ ਸੈਕੰਡਰੀ ਸਕੂਲ ਦੀ ਸੁਹਾਨੀ ਸੁਖੀਜਾ, ਹਰਨੂਰ ਪਬਲਿਕ ਹਾਈ ਸਕੂਲ ਵੜਿੰਗ ਦੀ ਗਗਨਦੀਪ ਕੌਰ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਉਦੇਕਰਨ ਦੀ ਅਮਨਦੀਪ ਕੌਰ, ਪਾਰੁਲ, ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਸ੍ਰੀ ਮੁਕਤਸਰ ਸਾਹਿਬ ਦੀ ਹਰਮਨ ਕੌਰ, ਸਰਕਾਰੀ ਕੰਨਿਆ ਸੀਨੀਰ ਸੈਕੰਡਰੀ ਸਕੂਲ ਲੱਖੇਵਾਲੀ ਦੀ ਇਸ਼ਮੀਤ ਕੌਰ, ਸ.ਮ.ਸ.ਸ.ਸ. ਭਾਗਸਰ ਦੀ ਨੂਰਦੀਪ ਕੌਰ, ਸ.ਸ.ਸ.ਸ. ਸਰਾਵਾਂ ਬੋਦਲਾ ਦੀ ਭਾਰਤੀ ਤੇ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਗਿੱਦੜਬਾਹਾ ਦੀ ਅਰਸ਼ਪ੍ਰੀਤ ਕੌਰ ਨੂੰ ਸ਼ਾਨਦਾਰ ਯਾਦਗਾਰੀ ਸਨਮਾਨ ਚਿੰਨ ਭੇਟ ਕਰਕੇ ਹੌਸਲਾ ਅਫਜ਼ਾਈ ਕੀਤੀ ਗਈ।ਇਸ ਤੋਂ ਇਲਾਵਾ ਦੇਸ਼ ਭਗਤ ਯੂਨੀਵਰਸਿਟੀ ਮੰਡੀ ਗੋਬਿੰਦਗੜ੍ਹ ਵੱਲੋਂ ਚਲਾਏ ਜਾ ਰਹੇ ਸਥਾਨਕ ਦੇਸ਼ ਭਗਤ ਗਲੋਬਲ ਸਕੂਲ ਦੀਆਂ ਸੀ.ਬੀ.ਐੱਸ.ਈ. ਦੀ ਮੈਟ੍ਰਿਕ ਪ੍ਰੀਖਿਆ ਵਿੱਚੋਂ ਸਕੂਲ 'ਚੋਂ ਪਹਿਲੇ ਤਿੰਨ ਸਥਾਨ ਪ੍ਰਾਪਤ ਕਰਨ ਵਾਲੇ ਆਰਿਅਨ, ਜਸ਼ਨਦੀਪ ਤੇ ਯਸ਼ਪ੍ਰੀਤ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਸਨਮਾਨਤ ਕਰਨ ਦੀ ਇਹ ਰਸਮ ਸ੍ਰੀ ਢੋਸੀਵਾਲ ਦੀ ਅਗਵਾਈ ਹੇਠ ਸਮੁੱਚੀ ਮਿਸ਼ਨ ਟੀਮ ਵੱਲੋਂ ਅਦਾ ਕੀਤੀ ਗਈ।ਸਮਾਰੋਹ ਦੌਰਾਨ ਪ੍ਰਿੰ. ਦੀਪਕ ਬਾਂਸਲ, ਪ੍ਰਿੰ. ਅਸ਼ਵਨੀ ਕੁਮਾਰ, ਪ੍ਰਿੰ. ਡਾ. ਸੰਜੀਵ ਜਿੰਦਲ ਤੇ ਮੈਡਮ ਰੁਪਿੰਦਰ ਕੌਰ ਲੈਕਚਰਾਰ ਤੇ ਹੋਰਨਾਂ ਨੇ ਆਪਣੇ ਸੰਬੋਧਨ ਵਿੱਚ ਮੁਕਤਸਰ ਵਿਕਾਸ ਮਿਸ਼ਨ ਵੱਲੋਂ ਅੱਜ ਦਾ ਸਨਮਾਨ ਸਮਾਰੋਹ ਕਰਨ 'ਤੇ ਸ੍ਰੀ ਢੋਸੀਵਾਲ ਸਮੇਤ ਸਮੁੱਚੀ ਟੀਮ ਨੂੰ ਵਧਾਈ ਦਿੱਤੀ।



## ਪ੍ਰਧਾਨ ਮੰਤਰੀ ਸ਼੍ਰੀ ਕੇਂਦਰੀ ਵਿਦਿਆਲਿਆ ਦੇ ਸ਼ਾਨਦਾਰ ਨਤੀਜੇ

**ਫ਼ਰੀਦਕੋਟ (ਅਲੈਗਜ਼ੈਂਡਰ ਡਿਸੂਜਾ)** ਕੇਂਦਰੀ ਸੈਕੰਡਰੀ ਸਿੱਖਿਆ ਬੋਰਡ ਦੇ 12ਵੀਂ ਜਮਾਤ ਦੇ ਪ੍ਰੀਖਿਆ ਨਤੀਜੇ ਐਲਾਨੇ ਕੁਝ ਦਿਨ ਹੋ ਗਏ ਹਨ, ਪਰ ਪ੍ਰਧਾਨ ਮੰਤਰੀ ਸ਼੍ਰੀ ਕੇਂਦਰੀ ਵਿਦਿਆਲਿਆ ਫਰੀਦਕੋਟ ਛਾਉਣੀ ਵਿਖੇ ਜਸ਼ਨ ਜਾਰੀ ਹਨ।ਸਕੂਲ ਦੇ ਵਿਦਿਆਰਥੀਆਂ ਨੇ ਇਸ ਸਾਲ ਦੀਆਂ ਬੋਰਡ ਪ੍ਰੀਖਿਆਵਾਂ 'ਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਸ਼ਾਨਦਾਰ ਸਫਲਤਾ ਪ੍ਰਾਪਤ ਕੀਤੀ ਹੈ। ਸਕੂਲ ਦੇ ਟਾਪਰ ਇਹ ਹਨ। ਪਹਿਲੇ ਸਥਾਨ 'ਤੇ ਆਇਸ਼ਾ ਠਾਕੁਰ ਹਿਊਮੈਨਿਟੀਜ਼ 96%, ਦੂਜੀ ਗੋਮਾ ਕਾਮਰਸ 95.4%, ਤੀਜੀ ਅਰਸ਼ਦੀਪ ਕੌਰ 94.8% ਪੀ. ਮਿਮੀ। ਹਿਊਮੈਨਿਟੀਜ਼ ਤੋਂ ਏਕਮਦੀਪ ਕੌਰ 91.8%, ਤੇ ਕਾਮਰਸ ਤੋਂ ਜਾਨਵੀ, 91%, ਨੇ ਆਪਣੀ ਪ੍ਰਤਿਭਾ ਦਾ ਸਬੂਤ ਦਿੱਤਾ ਹੈ।ਵਿਦਿਆਰਥੀਆਂ ਦੀ ਇਸ ਸ਼ਾਨਦਾਰ ਪ੍ਰਾਪਤੀ ਨੇ ਸਕੂਲ ਕੈਂਪਸ ਤੇ ਮਾਪਿਆਂ ਲਈ ਬਹੁਤ ਖੁਸ਼ੀ ਅਤੇ ਮਾਣ ਲਿਆ ਹੈ। ਸਕੂਲ ਦੇ ਪ੍ਰਿੰਸੀਪਲ ਡਾ. ਸੁਨੀਲ ਕੁਮਾਰ ਤੇ ਵਾਈਸ ਪ੍ਰਿੰਸੀਪਲ, ਸ਼੍ਰੀ ਸੁਰਿੰਦਰ ਕੁਮਾਰ ਨੇ ਸਾਰੇ ਸਫਲ ਵਿਦਿਆਰਥੀਆਂ ਨੂੰ ਮਠਿਆਈਆਂ ਭੇਟ ਕਰਕੇ ਵਧਾਈ ਦਿੱਤੀ ਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਵਿਦਿਆਰਥੀਆਂ ਦੀ ਇਹ ਸਫਲਤਾ ਉਨ੍ਹਾਂ ਦੀ ਸਖ਼ਤ ਮਿਹਨਤ, ਉਨ੍ਹਾਂ ਦੇ ਮਾਪਿਆਂ ਦੇ ਅਟੁੱਟ ਸਮਰਥਨ ਅਤੇ ਸਾਡੇ ਅਧਿਆਪਕਾਂ ਦੇ ਨਿਰੰਤਰ ਯਤਨਾਂ ਦਾ ਨਤੀਜਾ ਹੈ।ਸਾਨੂੰ ਆਪਣੇ ਵਿਦਿਆਰਥੀਆਂ ਤੇ ਮਾਣ ਹੈ ਅਤੇ ਉਮੀਦ ਹੈ ਕਿ ਉਹ ਭਵਿੱਖ ਵਿੱਚ ਸਕੂਲ ਅਤੇ ਦੇਸ਼ ਦਾ ਨਾਂਅ ਰੌਸ਼ਨ ਕਰਦੇ ਰਹਿਣਗੇ।




# ਪ੍ਰੋਫੈਸਰ ਡਾ. ਗੁਰਮੀਤ ਸਿੰਘ ਸਿੰਗਾਪੁਰ ਕਾਨਫਰੰਸ 'ਚ ਹੋਣਗੇ ਮੁੱਖ ਬੁਲਾਰੇ

**ਲੁਧਿਆਣਾ (ਸਤੀਸ਼ ਸਚਦੇਵਾ)**- ਐੱਸਸੀਡੀ ਸਰਕਾਰੀ ਕਾਲਜ ਲੁਧਿਆਣਾ ਦੇ ਸਾਬਕਾ ਵਿਦਿਆਰਥੀ ਤੇ ਪ੍ਰੋਫੈਸਰ ਡਾ. ਗੁਰਮੀਤ ਸਿੰਘ, ਜਿਨ੍ਹਾਂ 1990 ਦੇ ਦਹਾਕੇ ਦੇ ਸ਼ੁਰੂ ਵਿੱਚ ਗਣਿਤ ਵਿੱਚ ਆਪਣੀ ਪੋਸਟ ਗ੍ਰੈਜੂਏਸ਼ਨ ਤੱਕ ਕਾਲਜ ਵਿੱਚ 6 ਲੰਬੇ ਸਾਲ ਬੀਐੱਸਸੀ ਤੇ ਐੱਮਐੱਸਸੀ ਵਿੱਚ ਬਿਤਾਏ, ਸਿੰਗਾਪੁਰ ਵਿੱਚ ਦਿ ਨੈਸ਼ਨਲ ਯੂਨੀਵਰਸਿਟੀ ਆਫ਼ ਸਿੰਗਾਪੁਰ ਸੋਸਾਇਟੀ ਵਿਖੇ ਹੋਣ ਵਾਲੀ ਇੱਕ ਕਾਨਫਰੰਸ ਵਿੱਚ ਇੱਕ ਮੁੱਖ ਬੁਲਾਰੇ ਹੋਣਗੇ।ਡਾ. ਸਿੰਘ ਨੇ ਐਲੁਮਨੀ ਐਸੋਸੀਏਸ਼ਨ ਨੂੰ ਦੱਸਿਆ ਕਿ ਉਹ 5 ਤੇ 6 ਜੁਲਾਈ 2026 ਨੂੰ ਉੱਥੇ ਹੋਣ ਵਾਲੀ ਇੰਟਰਨੈਸ਼ਨਲ ਕਾਨਫਰੰਸ ਔਨ ਐਜੂਕੇਸ਼ਨ ਦੇ ਮੁੱਖ ਪ੍ਰਬੰਧਕ ਤੇ ਪ੍ਰਬੰਧਕ ਵੀ ਹੋਣਗੇ।

ਉਨ੍ਹਾਂ ਦੇ ਭਾਸ਼ਣ ਦਾ ਵਿਸ਼ਾ ਹੋਵੇਗਾ 'ਮਨੁੱਖੀ ਦਿਮਾਗ : ਇਹ ਕਿਵੇਂ ਕੰਮ ਕਰਦਾ ਹੈ ਤੇ ਯਾਦਦਾਸ਼ਤ ਕਿਵੇਂ ਵਧਾਈਏ।' ਕਾਲਜ ਦੇ ਸਾਬਕਾ ਵਿਦਿਆਰਥੀ ਐਸੋਸੀਏਸ਼ਨ ਦੇ ਸੰਗਠਨ ਸਕੱਤਰ ਬ੍ਰਿਜ ਭੂਸ਼ਣ ਗੋਇਲ ਨੇ ਦੱਸਿਆ ਕਿ ਡਾ. ਗੁਰਮੀਤ ਸਿੰਘ ਕੋਲ 31 ਸਾਲਾਂ ਦਾ ਅਧਿਆਪਨ ਦਾ ਤਜਰਬਾ ਹੈ ਤੇ ਉਨ੍ਹਾਂ ਨੇ ਆਪਣੀ ਯੋਗ ਅਗਵਾਈ ਹੇਠ ਐੱਮ.ਫਿਲ ਤੇ ਪੀਐੱਚਡੀ ਲਈ ਕਈ ਵਿਦਿਆਰਥੀਆਂ ਦਾ ਮਾਰਗਦਰਸ਼ਨ ਕੀਤਾ ਹੈ।ਉਨ੍ਹਾਂ ਦੇ ਕ੍ਰੈਡਿਟ ਵਿੱਚ 130 ਤੋਂ ਵੱਧ ਖੋਜ ਯੋਗਦਾਨ ਹਨ, ਜੋ ਕਿ ਕਿਤਾਬਾਂ ਤੋਂ ਵੱਧ ਰੈਫ਼ਰੀ ਤੇ ਇੰਡੈਕਸਡ ਜਰਨਲਾਂ ਵਿੱਚ ਪ੍ਰਕਾਸ਼ਤ ਹੁੰਦੇ ਹਨ ਅਤੇ ਅੰਤਰਰਾਸ਼ਟਰੀ ਕਾਨਫਰੰਸਾਂ ਵਿੱਚ ਲਗਭਗ 35 ਮੁੱਖ ਭਾਸ਼ਣ ਦਿੱਤੇ ਹਨ, ਜਿਨ੍ਹਾਂ ਵਿੱਚੋਂ ਕੁਝ ਦਾ ਜ਼ਿਕਰ ਕਰਨਾ ਯੋਗ ਹੈ। ਆਕਸਫੋਰਡ ਯੂਨੀਵਰਸਿਟੀ, ਇੰਪੀਰੀਅਲ ਕਾਲਜ, ਲੰਡਨ, ਕੈਂਬ੍ਰਿਜ ਯੂਨੀਵਰਸਿਟੀ, ਏਆਈਟੀ, ਬੈਂਕਾਕ, ਕਾਠਮੰਡੂ, ਬੁਲਾਕਨ ਸਟੇਟ ਯੂਨੀਵਰਸਿਟੀ ਮਨੀਲਾ ਫਿਲੀਪੀਨਜ਼, ਮਲੇਸ਼ੀਆ ਯੂਨੀਵਰਸਿਟੀ ਆਫ਼ ਸਾਇੰਸ ਐਂਡ ਟੈਕਨਾਲੋਜੀ, ਐੱਮ ਐੱਲ ਸੁਖਾਡੀਆ ਯੂਨੀਵਰਸਿਟੀ, ਉਦੈਪੁਰ ਤੇ ਦੁਨੀਆ ਭਰ ਵਿੱਚ ਲਗਭਗ 30 ਅੰਤਰਰਾਸ਼ਟਰੀ ਕਾਨਫਰੰਸਾਂ ਵਿੱਚ ਸੱਦਾ ਪੱਤਰ ਦਿੱਤੇ ਗਏ ਭਾਸ਼ਣ।ਸ਼ੁਰੂ ਵਿੱਚ ਜੀਐੱਚਜੀ ਖਾਲਸਾ ਕਾਲਜ, ਗੁਰੂਸਰ ਸੁਧਾਰ ਵਿੱਚ ਸੇਵਾ ਨਿਭਾਉਣ ਤੋਂ ਬਾਅਦ, ਉਹ ਹੁਣ ਜੀ ਐੱਸ ਐੱਸ ਡੀ ਜੀ ਐੱਸ ਖਾਲਸਾ ਕਾਲਜ ਪਟਿਆਲਾ ਵਿੱਚ ਵਾਈਸ ਪ੍ਰਿੰਸੀਪਲ ਹਨ।

ਕਾਲਜ ਦੇ ਬਹੁਤ ਸਾਰੇ ਸਾਬਕਾ ਵਿਦਿਆਰਥੀਆਂ ਤੇ ਪ੍ਰਿੰਸੀਪਲ ਪ੍ਰੋਫੈਸਰ ਡਾ. ਗੁਰਸ਼ਰਨਜੀਤ ਸਿੰਘ ਸੰਧੂ ਨੇ ਵੀ ਪ੍ਰੋਫੈਸਰ ਡਾ. ਗੁਰਮੀਤ ਸਿੰਘ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਸਿੱਖਿਆ ਦੇ ਖੇਤਰ ਵਿੱਚ ਉਨ੍ਹਾਂ ਦੇ ਯੋਗਦਾਨ ਨੇ ਇਸ ਯੂਨੀਵਰਸਿਟੀ ਨੂੰ ਮਾਣ ਦਿਵਾਇਆ ਹੈ, ਜਿੱਥੇ ਉਨ੍ਹਾਂ ਦੀਆਂ ਜੜ੍ਹਾਂ ਸ਼ੁਰੂਆਤੀ ਸਿੱਖਿਆ ਵਿੱਚ ਸਨ।ਪ੍ਰੋਫੈਸਰ ਡਾ. ਗੁਰਮੀਤ ਸਿੰਘ ਨੇ ਕਾਲਜ ਦੇ ਉਸ ਸਮੇਂ ਦੇ ਅਧਿਆਪਕਾਂ ਦਾ ਧੰਨਵਾਦ ਕੀਤਾ, ਜਿਨ੍ਹਾਂ ਨੇ ਉਨ੍ਹਾਂ ਵਿੱਚ ਪ੍ਰਤਿਭਾ ਪੈਦਾ ਕੀਤੀ।



## ਪੀਰ ਬਾਬਾ ਮੌਲੇ ਸ਼ਾਹ ਤੇ ਖਾਨਪੁਰ ਬੇਟ ਦਾ ਸਾਲਾਨਾ ਮੇਲਾ ਤੇ ਭੰਡਾਰਾ 21 ਨੂੰ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**- ਸਥਾਨਕ ਕੁਹਾੜਾ ਰੋਡ 'ਤੇ ਸਥਿਤ ਪੀਰ ਬਾਬਾ ਮੌਲੇ ਸ਼ਾਹ ਜੀ ਦਾ ਸਾਲਾਨਾ ਮੇਲਾ ਤੇ ਭੰਡਾਰਾ 21 ਮਈ ਨੂੰ ਕਰਵਾਇਆ ਜਾ ਰਿਹਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ 21 ਮਈ ਨੂੰ ਮੁੱਖ ਸੇਵਾਦਾਰ ਬਾਬਾ ਖੜਕ ਸਿੰਘ ਮਾਂਗਟ ਮਜ਼ਾਰ 'ਤੇ ਚਾਦਰ ਚੜ੍ਹਾਉਣ ਤੇ ਝੰਡਾ ਚੜ੍ਹਾਉਣ ਦੀ ਰਸਮ ਅਦਾ ਕਰਨਗੇ। ਰਾਤ ਨੂੰ ਕੱਵਾਲਾਂ ਵੱਲੋਂ ਸੂਫ਼ੀਆਨਾ ਮਹਿਫਲ ਸਜਾਈ ਜਾਵੇਗੀ। ਇਸੇ ਤਰ੍ਹਾਂ ਪਿੰਡ ਖਾਨਪੁਰ ਬੇਟ ਵਿਖੇ ਪੀਰ ਬਾਬਾ ਸਾਂਈ ਲੋਕ ਜੀ ਦਾ 25ਵਾਂ ਸਾਲਾਨਾ ਮੇਲਾ ਤੇ ਭੰਡਾਰਾ 20 ਤੇ 21 ਮਈ ਨੂੰ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਬੰਧਕ ਜਤਿੰਦਰ ਕੁਮਾਰ ਹਨੀ ਆਨੰਦ ਨੇ ਦੱਸਿਆ ਕਿ ਮੇਲੇ ਦੇ ਪਹਿਲੇ ਦਿਨ ਪ੍ਰੇਮ ਸਾਗਰ ਕੱਵਾਲ ਮਾਛੀਵਾੜਾ ਤੇ ਹੈਦਰ ਕੱਵਾਲ ਲੁਧਿਆਣਾ ਵਾਲੇ ਕਵਾਲੀਆਂ ਪੇਸ਼ ਕਰਨਗੇ, ਜਦਕਿ ਦੂਜੇ ਦਿਨ 21 ਮਈ ਰਾਤ ਨੂੰ 9 ਵਜੇ ਪ੍ਰਸਿੱਧ ਗਾਇਕ ਸਾਂਈਂ ਗੁਲਾਮ ਜੁਗਨੀ ਲੋਕਾਂ ਦਾ ਮਨੋਰੰਜਨ ਕਰਨਗੇ। ਆਈਆਂ ਸੰਗਤਾਂ ਲਈ ਅਟੁੱਟ ਲੰਗਰ ਵਰਤਾਏ ਜਾਣਗੇ।

# 'ਆਪ' ਵੱਲੋਂ ਕੀਤੇ ਕੰਮਾਂ ਦਾ ਲਾਭ ਮਿਊਂਸਪਲ ਚੋਣਾਂ 'ਚ ਮਿਲਣਾ ਤੈਅ : ਦੀਪਕ ਸੂਦ

**ਰਾਜਪੁਰਾ (ਰਮੇਸ਼ ਕਟਾਰੀਆ)** ਭਗਵੰਤ ਮਾਨ ਸਰਕਾਰ ਵੱਲੋਂ ਸੂਬੇ ਵਿੱਚ ਜਿੱਥੇ ਲੋਕਾਂ ਨੂੰ ਹਰ ਪ੍ਰਕਾਰ ਦੀਆਂ ਸਹੂਲਤਾਂ ਮੁਹੱਈਆ ਕਰਾਈਆਂ ਗਈਆਂ ਹਨ, ਉੱਥੇ ਬੇਮਿਸਾਲ ਵਿਕਾਸ ਦੇ ਕੰਮ ਕੀਤੇ ਗਏ ਹਨ, ਜਿਨ੍ਹਾਂ ਦਾ ਲਾਭ ਆਪ ਦੇ ਉਮੀਦਵਾਰਾਂ ਨੂੰ ਮਿਊਂਸਪਲ ਚੋਣਾਂ ਵਿੱਚ ਮਿਲਣਾ ਤੈਅ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਮਾਰਕੀਟ ਕਮੇਟੀ ਰਾਜਪੁਰਾ ਦੇ ਚੇਅਰਮੈਨ ਦੀਪਕ ਸੂਦ ਨੇ ਲੋਕਾਂ ਨੂੰ ਆਪ ਉਮੀਦਵਾਰਾਂ ਦੇ ਹੱਕ ਵਿੱਚ ਵੋਟਿੰਗ ਕਰਨ ਲਈ ਅਪੀਲ ਕਰਦਿਆਂ ਕੀਤਾ। ਸ੍ਰੀ ਸੂਦ ਨੇ ਕਿਹਾ ਕਿ ਪਾਰਟੀ ਨੇ ਆਪਣੇ ਸਵਾ ਚਾਰ ਸਾਲ ਦੇ ਕਾਰਜਕਾਲ ਵਿੱਚ ਸਾਰੇ ਚੋਣ ਵਾਅਦੇ ਦੇ ਪੂਰੇ ਕਰਨ ਦੇ ਨਾਲ ਨਾਲ ਸੂਬੇ ਵਿੱਚ ਵਿਕਾਸ ਦੀ ਹਨੇਰੀ ਲਿਆ ਦਿੱਤੀ ਹੈ।ਇਸ ਦੇ ਨਾਲ ਹੀ ਪਾਰਟੀ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਰਨ ਵਾਲਿਆਂ ਖਿਲਾਫ਼ ਸਖ਼ਤ ਕਾਨੂੰਨ ਲਿਆ ਕੇ ਇੱਕ ਮਿਸਾਲ ਪੈਦਾ ਕੀਤੀ ਹੈ ਤੇ ਨਾਲ ਹੀ ਕਿਰਤੀ ਵਰਗ ਲਈ 1 ਮਈ ਨੂੰ ਵਿਸ਼ੇਸ਼ ਸੈਸ਼ਨ ਬੁਲਾ ਕੇ ਉਨ੍ਹਾਂ ਦੀਆਂ ਤਨਖਾਹਾਂ ਵਿੱਚ 15 ਫੀਸਦੀ ਵਾਧੇ ਦਾ ਇਤਿਹਾਸਿਕ ਫੈਸਲਾ ਲਿਆ ਹੈ।ਉਨ੍ਹਾਂ ਕਿਹਾ ਕਿ ਅਜੇ ਤੱਕ ਕਿਸੇ ਵੀ ਸਰਕਾਰ ਵੱਲੋਂ ਇਕਮੁਸ਼ਤ 15 ਫੀਸਦੀ ਤਨਖਾਹਾਂ ਵਿੱਚ ਵਾਧੇ ਦਾ ਐਲਾਨ ਕਿਸੇ ਵੀ ਸਰਕਾਰ ਵੱਲੋਂ ਨਹੀਂ ਸੀ ਕੀਤਾ ਗਿਆ।ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਮਾਨ ਸਰਕਾਰ ਵੱਲੋਂ ਪੂਰੇ ਕੀਤੇ ਵਾਅਦਿਆਂ ਅਤੇ ਕੀਤੇ ਜਾ ਰਹੇ ਵਿਕਾਸ ਕੰਮਾਂ ਤੋਂ ਖੁਸ਼ ਹਨ, ਜਿਸ ਦਾ ਲਾਭ ਆਪ ਉਮੀਦਵਾਰਾਂ ਨੂੰ 26 ਮਈ ਵਾਲੇ ਦਿਨ ਉਨ੍ਹਾਂ ਦੇ ਹੱਕ 'ਚ ਵੋਟਿੰਗ ਦੇ ਰੂਪ ਵਿੱਚ ਮਿਲਣਾ ਤੈਅ ਹੈ। ਉਨ੍ਹਾਂ ਆਸ ਪ੍ਰਗਟ ਕੀਤੀ ਕਿ ਆਪ ਵੱਲੋਂ ਸਾਰੀਆਂ ਨਗਰ ਨਿਗਮਾਂ ਅਤੇ ਸਾਰੀਆਂ ਨਗਰ ਕੌਂਸਲ ਚੋਣਾਂ ਵਿੱਚ ਬਹੁਮਤ ਹਾਸਲ ਕਰਕੇ ਆਪਣੇ ਮੇਅਰ ਤੇ ਪ੍ਰਧਾਨ ਬਣਾਏ ਜਾਣਗੇ।



## ਗੁਰਪ੍ਰੀਤ ਸਿੰਘ ਨੋਨੀ ਸੈਂਭੀ ਦੇ ਚੋਣ ਦਫ਼ਤਰ ਦਾ ਉਦਘਾਟਨ ਸਮਾਗਮ ਰੈਲੀ 'ਚ ਬਦਲਿਆ

**ਜਗਰਾਓਂ (ਅਮਿਤ ਖੰਨਾ)** ਵਾਰਡ ਨੰਬਰ 11 ਦੇ ਆਮ ਆਦਮੀ ਪਾਰਟੀ ਦੇ ਉਮੀਦਵਾਰ ਗੁਰਪ੍ਰੀਤ ਸਿੰਘ ਨੋਨੀ ਸੈਭੀ ਦੇ ਚੋਣ ਦਫ਼ਤਰ ਦਾ ਉਦਘਾਟਨ ਸਮਾਗਮ ਰੈਲੀ ਦਾ ਰੂਪ ਧਾਰਨ ਕਰ ਲਿਆ।ਸਮਾਗਮ 'ਚ ਵੱਡੀ ਗਿਣਤੀ ਵਿੱਚ ਔਰਤਾਂ ਵੀ ਸ਼ਾਮਲ ਸਨ।ਚੋਣ ਦਫ਼ਤਰ ਦਾ ਉਦਘਾਟਨ ਐੱਮ.ਐੱਲ.ਏ ਸਰਵਜੀਤ ਕੌਰ ਮਾਣੂਕੇ ਨੇ ਕੀਤਾ। ਐੱਮ.ਐੱਲ.ਏ ਸਰਵਜੀਤ ਕੌਰ ਮਾਣੂਕੇ ਨੇ ਕਿਹਾ ਕਿ ਗੁਰਪ੍ਰੀਤ ਸਿੰਘ ਨੋਨੀ ਸੈਭੀ ਰਾਜਨੀਤਕ ਆਗੂ ਨਾਲੋਂ ਸਮਾਜ ਸੇਵੀ ਪਹਿਲਾਂ ਹੈ। ਉਨ੍ਹਾਂ ਕਿਹਾ ਕਿ ਨੋਨੀ ਨੇ ਵਾਰਡ 'ਚ ਹੀ ਨਹੀਂ, ਸਗੋਂ ਪੂਰੇ ਜਗਰਾਉਂ ਹਲਕੇ ਅੰਦਰ ਆਪਣੇ ਸਾਥੀਆਂ ਨੂੰ ਨਾਲ ਲੈ ਕੇ ਲੋੜਵੰਦਾ ਦੀਆਂ ਮੁੱਢਲੀਆਂ ਜ਼ਰੂਰਤਾਂ ਪੂਰੀਆਂ ਕੀਤੀਆਂ।ਉਨ੍ਹਾਂ ਕਿਹਾ ਕਿ ਵਾਰਡ ਨੰਬਰ-11 ਸ਼ਹਿਰ 'ਚ ਵੱਡੇ ਪੱਧਰ 'ਤੇ ਵਿਕਾਸ ਕਾਰਜ ਹੋਏ, ਪਰ ਅਜੇ ਵੀ ਕੁੱਛ ਹੋਰ ਕੰਮ ਨਵੇਂ ਪਾਏ ਹਨ । ਉਨ੍ਹਾਂ ਵਾਰਡ ਵਾਸੀਆਂ ਨੂੰ ਕਿਹਾ ਆਮ ਆਦਮੀ ਪਾਰਟੀ ਦੇ ਉਮੀਦਵਾਰ ਗੁਰਪ੍ਰੀਤ ਸਿੰਘ ਨੋਨੀ ਸੈਭੀ ਨੂੰ ਵੱਡੇ ਫ਼ਰਕ ਨਾਲ ਜਿਤਾਉਣ ਦੀ ਅਪੀਲ ਕੀਤੀ। ਉਮੀਦਵਾਰ ਗੁਰਪ੍ਰੀਤ ਸਿੰਘ ਨੋਨੀ ਸੈਭੀ ਨੇ ਕਿਹਾ ਕਿ ਮੇਰਾ ਪਹਿਲਾ ਕੰਮ ਵਾਰਡ 'ਚ ਅਧੂਰੇ ਪਏ ਕੰਮ ਕਰਾਉਣਾ ਹੈ, ਜਿਹੜਾ ਤੁਹਾਡੇ ਸਹਿਯੋਗ ਨਾਲ ਹੋ ਸਕਦਾ ਹੈ।ਵਾਰਡਾਂ ਦੀ ਨੁਹਾਰ ਬਦਲਣ ਲਈ ਤੁਹਾਡੀ ਸੇਵਾ 'ਚ ਆਏ ਹਾਂ, ਤੁਸੀਂ ਮੈਨੂੰ ਸਹਿਯੋਗ ਜ਼ਰੂਰ ਦਿਓ।




# ਵਾਰਡ ਨੰ. 7 ਦੇ ਵੋਟਰਾਂ ਨੇ ਚੋਣ ਲੜ ਰਹੇ ਉਮੀਦਵਾਰਾਂ ਨਾਲ ਰਚਾਇਆ ਸੰਵਾਦ



**ਨਾਭਾ (ਵਰਿੰਦਰ ਵਰਮਾ)**- ਸੰਵਾਦ ਗਰੁੱਪ ਨਾਭਾ ਵੱਲੋਂ ਵਾਰਡ ਨੰਬਰ 7 ਦੇ ਨਗਰ ਕੌਂਸਲ ਨਾਭਾ ਦੀ ਚੋਣ ਲੜ ਰਹੇ ਤਿੰਨੇ ਉਮੀਦਵਾਰ ਸੋਨੀਆ ਪ੍ਰਹੂਜਾ ਕਾਂਗਰਸ ਪਾਰਟੀ, ਅੰਜੂ ਬਾਲਾ ਬੀਜੇਪੀ ਤੇ ਸ੍ਰੀਮਤੀ ਸਰੋਜ ਆਪ ਪਾਰਟੀ ਉਮੀਦਵਾਰ ਨੂੰ ਇਕੱਠੇ ਇੱਕ ਟੇਬਲ 'ਤੇ ਬਿਠਾ ਕੇ ਵਾਰਡ ਦੇ ਵੋਟਰਾਂ ਸਾਹਮਣੇ ਬਹੁਤ ਸਤਿਕਾਰ, ਸਦਭਾਵਨਾ ਨਾਲ ਸਵਾਲ ਜਵਾਬ ਕੀਤੇ ਗਏ, ਜਿਨ੍ਹਾਂ ਦਾ ਤਿੰਨੋਂ ਉਮੀਦਵਾਰਾਂ ਨੇ ਗਰਮਜੋਸ਼ੀ ਤੇ ਸ਼ਿਸ਼ਟਾਚਾਰ ਨਾਲ ਜਵਾਬ ਦਿੱਤੇ ਅਤੇ ਵਾਰਡ ਲਈ ਕੰਮ ਕਰਨ ਦਾ ਜਜ਼ਬਾ ਦਿਖਾਈ ਦਿੱਤਾ।ਇਸ ਮੌਕੇ ਸੰਵਾਦ ਗਰੁੱਪ ਦੇ ਸਰਪ੍ਰਸਤ ਸੀਨੀਅਰ ਐਡਵੋਕੇਟ ਗੀਤ ਇਕਬਾਲ ਸਿੰਘ ਮਝੈਲ ਨੇ ਦੱਸਿਆ ਕਿ ਇਹ ਪ੍ਰੋਗਰਾਮ ਸੰਵਾਦ ਮੈਂਬਰ ਸੰਨੀ ਰਹੇਜਾ ਦੀ ਅਗਵਾਈ ਵਿੱਚ ਸਵੈ ਸੇਵਾ ਸੁਧਾਰ ਕਮੇਟੀ ਬਠਿੰਡੀਆ ਮੁਹੱਲਾ ਨਾਭਾ ਦੇ ਸਹਿਯੋਗ ਨਾਲ ਕਰਵਾਇਆ ਗਿਆ ਹੈ।ਉੱਘੇ ਪੱਤਰਕਾਰ ਮੋਹਿਤ ਸਿੰਗਲਾ ਨੇ ਮੰਚ ਸੰਚਾਲਨ ਕੀਤਾ ਤੇ ਸੰਵਾਦ ਦੇ ਸੰਚਾਲਕ ਰਾਜੇਸ਼ ਢੀਂਗਰਾ, ਗੁਰਮੀਤ ਸਿੰਘ, ਨਿਰਮਲ ਸਿੰਘ ਨੇ ਅਪੀਲ ਕੀਤੀ ਕਿ ਹੋਰ ਉਮੀਦਵਾਰਾਂ/ਵੋਟਰਾਂ ਨੂੰ ਵੀ ਅੱਗੇ ਆਉਣਾ ਚਾਹੀਦਾ ਹੈ ਅਤੇ ਸੰਵਾਦ ਗਰੁੱਪ ਇਸ ਲਈ ਯੋਗ ਮੰਚ ਮੁਹੱਈਆ ਕਰਾਏਗਾ।ਮਹਿੰਦਰ ਪਾਲ ਬੱਬੀ ਭਾਦਸੋਂ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਇਸ ਪ੍ਰੋਗਰਾਮ ਨਾਲ ਉਮੀਦਵਾਰਾਂ ਉੱਪਰ ਵੋਟਰ ਦਾ ਦਬਦਬਾ ਕਾਇਮ ਹੋਏਗਾ।ਤਿੰਨੇ ਉਮੀਦਵਾਰਾਂ ਵਿੱਚੋਂ ਕੌਂਸਲਰ ਕੋਈ ਵੀ ਬਣੇ, ਪਰ ਉਸ ਲਈ ਵਿਕਾਸ ਕੰਮਾਂ ਵਿੱਚ ਪਾਰਦਰਸ਼ਤਾ ਰੱਖਣਾ ਧਰਮ ਬਣ ਜਾਵੇਗਾ। ਵਾਰਡ ਦੇ ਵੋਟਰਾਂ ਨੂੰ ਇਹ ਸਲੀਕੇ ਨਾਲ ਕਰਵਾਇਆ ਚੋਣ ਪ੍ਰਚਾਰ ਬਹੁਤ ਪਸੰਦ ਆਇਆ।ਇਸ ਮੌਕੇ ਸੰਵਾਦ ਸੰਯੋਜਕਾਂ ਨੇ ਕਿਹਾ ਕਿ ਹੋਰ ਵਾਰਡਾਂ ਦੇ ਵਾਸੀਆਂ ਨੂੰ ਵੀ ਇਸ ਤਰ੍ਹਾਂ ਦੇ ਪ੍ਰੋਗਰਾਮ ਕਰਨ ਲਈ ਅੱਗੇ ਆਉਣਾ ਚਾਹੀਦਾ ਹੈ ਤੇ ਸੰਵਾਦ ਗਰੁੱਪ ਇਸ ਵਿੱਚ ਸਹਿਯੋਗ ਦੇਣ ਲਈ ਤਿਆਰ ਹੈ।

# ਦਵਾਈਆਂ ਵਾਲੀਆਂ ਦੁਕਾਨਾਂ ਦੇ ਮਾਲਕਾਂ ਨਾਲ ਮਤਰੇਈ ਮਾਂ ਵਾਲਾ ਸਲੂਕ ਨਾ ਕਰੇ ਪੰਜਾਬ ਸਰਕਾਰ : ਡਾ. ਫ਼ਕੀਰ ਮੁਹੰਮਦ

**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)** ਸਰਕਾਰ ਦਵਾਈਆਂ ਵਾਲੀਆਂ ਦੁਕਾਨਾਂ ਦੇ ਮਾਲਕਾਂ ਨਾਲ ਮਤਰੇਈ ਮਾਂ ਵਾਲਾ ਸਲੂਕ ਨਾ ਕਰੇ। ਇਹ ਪ੍ਰਗਟਾਵਾ ਅਲਾਇੰਸ ਇੰਟਰਨੈਸ਼ਨਲ ਕਲੱਬ ਦੇ ਪ੍ਰਧਾਨ ਡਾ. ਫ਼ਕੀਰ ਮੁਹੰਮਦ ਤੇ ਜਨਰਲ ਸਕੱਤਰ ਡਾ. ਸ਼ਿਵਦੇਵ ਸਿੰਘ ਨੇ ਕਲੱਬ ਦੀ ਮੀਟਿੰਗ ਦੌਰਾਨ ਕੀਤਾ। ਮੀਟਿੰਗ ਵਿੱਚ ਡਾ. ਮਨਪ੍ਰੀਤ ਸਿੰਘ ਅਪੋਲੋ, ਡਾ. ਹਰਗੁਰਪ੍ਰਤਾਪ ਸਿੰਘ ਦੀਪ ਹਸਪਤਾਲ ਵਾਲੇ, ਡਾ. ਗੁਰਮੇਲ ਸਿੰਘ ਮਾਛੀਕੇ, ਸ੍ਰੀ ਸੁਖਦੇਵ ਲੱਧੜ, ਰਾਜੂ ਪੱਤੋ ਵੀ ਹਾਜ਼ਰ ਸਨ।ਡਾ. ਸ਼ਿਵਦੇਵ ਸਿੰਘ ਨੇ ਕਿਹਾ ਕਿ ਦਵਾਈਆਂ ਦੀਆਂ ਦੁਕਾਨਾਂ ਚਲਾਉਣ ਵਾਲੇ ਵੀਰ ਪਹਿਲਾਂ ਹੀ ਆਨਲਾਈਨ ਕਾਰੋਬਾਰ ਕਰਕੇ ਘਾਟੇ ਵਿੱਚ ਜਾ ਰਹੇ ਹਨ।ਉੱਤੋਂ ਸਰਕਾਰ ਨਵੇਂ-ਨਵੇਂ ਨਿਯਮ ਲਾਗੂ ਕਰਕੇ ਉਨ੍ਹਾਂ ਨੂੰ ਤੰਗ ਪ੍ਰੇਸ਼ਾਨ ਕਰ ਰਹੀ ਹੈ।ਪੰਜਾਬ ਸਰਕਾਰ ਨੂੰ ਇਨ੍ਹਾਂ ਦੁਕਾਨਾਂ ਨੂੰ ਚਲਾ ਕੇ ਪਿਛਲੇ 25-30 ਸਾਲਾਂ ਤੋਂ ਲੋਕਾਂ ਦੀ ਸੇਵਾ ਕਰ ਰਹੇ ਇਨ੍ਹਾਂ ਕੈਮਿਸਟ ਵੀਰਾਂ ਨੂੰ ਕੁੱਝ ਨਾ ਕੁੱਝ ਛੋਟਾਂ ਦੇ ਕੇ ਰਾਹਤ ਪ੍ਰਦਾਨ ਕਰਨੀ ਚਾਹੀਦੀ ਹੈ। ਡਾ. ਹਰਗੁਰਪ੍ਰਤਾਪ ਸਿੰਘ ਫਾਊਂਡਰ ਪ੍ਰੈਜ਼ੀਡੈਂਟ ਅਲਾਇੰਸ ਕਲੱਬ ਨੇ ਕਿਹਾ ਕਿ ਸਖ਼ਤੀ ਤਾਂ ਆਨਲਾਈਨ ਕਾਰੋਬਾਰ ਕਰਨ ਵਾਲੀਆਂ ਮਲਟੀ ਨੈਸ਼ਨਲ ਕੰਪਨੀਆਂ 'ਤੇ ਹੋਣੀ ਚਾਹੀਦੀ ਹੈ, ਜੋ ਪੰਜਾਬ ਭਰ ਵਿੱਚ ਕੈਮਿਸਟ ਵੀਰਾਂ ਦਾ ਰੁਜ਼ਗਾਰ ਖਾ ਰਹੀਆਂ ਹਨ, ਪਰ ਹੋ ਇਸ ਤੋਂ ਉਲਟ ਰਿਹਾ ਹੈ।ਦਵਾਈਆਂ ਦੀਆਂ ਦੁਕਾਨਾਂ ਚਲਾਉਣ ਵਾਲੇ ਕੈਮਿਸਟ ਵੀਰਾਂ ਨੂੰ ਵੀ ਆਪਣਾ ਸੰਗਠਨ ਮਜ਼ਬੂਤ ਕਰਨਾ ਚਾਹੀਦਾ ਹੈ।



# ਹਨੀ ਫੱਤਣਵਾਲਾ ਨੇ ਬਿਕਰਮ ਸਿੰਘ ਹਰਾਜ ਦੇ ਦਿਹਾਂਤ 'ਤੇ ਕੀਤਾ ਦੁੱਖ ਸਾਂਝਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ ਸਿੰਘ/ਪੂਜਾ)**- ਇਥੋਂ ਨੇੜਲੇ ਪਿੰਡ ਹਰਾਜ ਵਾਸੀ ਬਿਕਰਮ ਸਿੰਘ (67) ਦਾ ਬੀਤੇ ਦਿਨੀਂ ਹਾਰਟ ਅਟੈਕ ਕਾਰਨ ਦਿਹਾਂਤ ਹੋ ਗਿਆ ਸੀ।ਉਨ੍ਹਾਂ ਦੇ ਦਿਹਾਂਤ 'ਤੇ ਮ੍ਰਿਤਕ ਦੀ ਪਤਨੀ ਹਰਪਾਲ ਕੌਰ ਦਾ ਦੁੱਖ ਸਾਂਝਾ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਜਨਰਲ ਸਕੱਤਰ ਜਗਜੀਤ ਸਿੰਘ ਬਰਾੜ ਹਨੀ ਫੱਤਣਵਾਲਾ ਨੇ ਦੁਖੀ ਪਰਵਾਰ ਨਾਲ ਹਮਦਰਦੀ ਪ੍ਰਗਟ ਕੀਤੀ ਤੇ ਅਫਸੋਸ ਪ੍ਰਗਟ ਕੀਤਾ।ਉਨ੍ਹਾਂ ਕਿਹਾ ਕਿ ਬਿਕਰਮ ਸਿੰਘ ਨਾਲ ਫੱਤਣਵਾਲਾ ਪਰਵਾਰ ਦਾ 50 ਸਾਲ ਪੁਰਾਣਾ ਸਬੰਧ ਹੈ।ਉਨ੍ਹਾਂ ਦੇ ਚਲੇ ਜਾਣ ਨਾਲ ਪਰਵਾਰ ਨੂੰ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਇਸ ਮੌਕੇ ਬੋਹੜ ਸਿੰਘ ਹਰਾਜ ਸਾਬਕਾ ਮੈਂਬਰ, ਗੁਰਦੇਵ ਕੌਰ ਬਰਾੜ, ਅਮਨਦੀਪ ਸਿੰਘ, ਪ੍ਰਿਤਪਾਲ ਸਿੰਘ, ਗਗਨਦੀਪ ਸਿੰਘ, ਸਾਂਜ ਬਰਾੜ ਤੇ ਰਿਸ਼ਤੇਦਾਰਾਂ ਤੋਂ ਇਲਾਵਾ ਪਿੰਡ ਵਾਸੀ ਹਾਜ਼ਰ ਸਨ।

## ਚੇਅਰਮੈਨ ਸਾਧੂ ਸਿੰਘ ਦੇ ਭਰਾ ਦੀ ਮੌਤ 'ਤੇ ਦੁੱਖ ਦਾ ਪ੍ਰਗਟਾਵਾ

**ਚੌਂਕੀਮਾਨ (ਇੰਜ. ਬਲਬੀਰ ਸਿੰਘ ਮਾਨ)**- ਮਾਰਕਿਟਿੰਗ ਕਮੇਟੀ ਮੁੱਲਾਂਪੁਰ ਦੇ ਚੇਅਰਮੈਨ, ਸਾਬਕਾ ਸਰਪੰਚ ਸਾਧੂ ਸਿੰਘ ਦਿਲਸ਼ਾਦ ਦੇ ਵੱਡੇ ਭਰਾ ਜੋਰਾ ਸਿੰਘ ਦਾ ਬੀਤੇ ਦਿਨੀਂ ਸੰਖੇਪ ਬਿਮਾਰੀ ਕਾਰਨ ਦੇਹਾਂਤ ਹੋ ਗਿਆ।ਇਸ ਮੌਕੇ ਪੰਜਾਬੀ ਗੀਤਕਾਰ ਸਭਾ ਪੰਜਾਬ ਦੇ ਪ੍ਰਧਾਨ ਪਾਲੀ ਦੇਤਵਾਲੀਆ, ਸਰਪ੍ਰਸਤ ਅਮਰੀਕ ਸਿੰਘ ਤਲਵੰਡੀ, ਜਨਰਲ ਸਕੱਤਰ ਬਲਬੀਰ ਸਿੰਘ ਮਾਨ, ਕਰਨੈਲ ਸਿਵੀਆ, ਸੁਖਬੀਰ ਸਿੰਘ ਸੰਧੇ, ਅਮਰਜੀਤ ਸ਼ੇਰਪੁਰੀ, ਬਲਜੀਤ ਬਾਗੀ, ਗਾਇਕ ਜਸਪਾਲ ਮਾਨ, ਜੱਸੀ ਹਰਦੀਪ, ਫਿਲਮਕਾਰ ਸੁਖਪਾਲ ਸਿੱਧੂ, ਸੁਖਵਿੰਦਰ ਮਾਨ, ਤੇਜਾ ਤਲਵੰਡੀ ਨੇ ਪਰਵਾਰ ਨਾਲ ਹਮਦਰਦੀ ਦਾ ਪ੍ਰਗਟਾਵਾ ਕਰਦਿਆਂ ਦੁੱਖ ਸਾਂਝਾ ਕੀਤਾ।ਸਾਬਕਾ ਸਰਪੰਚ ਸਾਧੂ ਸਿੰਘ ਦਿਲਸ਼ਾਦ ਨੇ ਦੱਸਿਆ ਕਿ ਜੋਰਾ ਸਿੰਘ ਦੀ ਅੰਤਿਮ ਅਰਦਾਸ 20 ਮਈ ਬੁੱਧਵਾਰ ਨੂੰ ਪਿੰਡ ਸ਼ੇਖੂਪੁਰਾ (ਲੁਧਿਆਣਾ) ਦੇ ਗੁਰਦੁਆਰਾ ਸਾਹਿਬ ਵਿਖੇ ਦੁਪਹਿਰ ਇੱਕ ਵਜੇ ਹੋਵੇਗੀ।





ਰਾਜਪੁਰਾ ਨਗਰ ਕੌਂਸਲ ਦੀਆਂ ਹੋ ਰਹੀਆਂ ਚੋਣਾਂ ਮੌਕੇ ਵਾਰਡ ਨੰ. 17 ਤੋਂ ਆਮ ਆਦਮੀ ਪਾਰਟੀ ਦੀ ਉਮੀਦਵਾਰ ਕਲਪਨਾ ਕੁਕਰੇਜਾ ਪਤਨੀ ਰਕੇਸ਼ ਕੁਕਰੇਜਾ ਵਾਰਡ ਵਿਖੇ ਮਹਿਲਾਵਾਂ ਨਾਲ ਘਰ ਘਰ ਜਾ ਕੇ ਚੋਣ ਪ੍ਰਚਾਰ ਕਰਦੇ ਹੋਏ।

(ਫੋਟੋ ਤੇ ਵੇਰਵਾ-ਰਮੇਸ਼ ਕਟਾਰੀਆ, ਰਾਜਪੁਰਾ)

## ਘੋੜਾ ਟਰਾਲੇ ਦੀ ਟੱਕਰ ਨਾਲ ਬਾਈਕ ਚਾਲਕ ਦੀ ਮੌਤ



ਫਿਲੌਰ, (ਨਿਰਮਲ)

ਨੈਸ਼ਨਲ ਹਾਈਵੇ ਲੁਧਿਆਣਾ ਜਲੰਧਰ ਰੋਡ 'ਤੇ ਤਾਊ ਢਾਬੇ ਸਾਹਮਣੇ ਇਕ ਮੋਟਰਸਾਈਕਲ ਤੇ ਘੋੜਾ ਟਰਾਲੇ ਦੀ ਭਿਆਨਕ ਟੱਕਰ ਹੋ ਗਈ।ਇਸ ਹਾਦਸੇ 'ਚ ਮੋਟਰਸਾਈਕਲ ਸਵਾਰ ਗੁਰਦੀਪ ਸਿੰਘ ਵਾਸੀ ਲੋਹਾਰਾ, ਗੁਰਬਚਨ ਸਿੰਘ ਕਾਲੋਨੀ (ਲੁਧਿਆਣਾ) ਦੀ ਮੌਕੇ 'ਤੇ ਹੀ ਮੌਤ ਹੋ ਗਈ। ਮੋਟਰਸਾਈਕਲ 'ਤੇ ਸਵਾਰ ਉਸ ਦੀ ਸਾਲੀ ਸੁਖੀ ਤੇ ਛੋਟਾ ਬੱਚਾ ਪ੍ਰਭ ਗੰਭੀਰ ਜ਼ਖ਼ਮੀ ਹੋ ਗਏ, ਜਿਨ੍ਹਾਂ ਨੂੰ ਤੁਰੰਤ ਇਲਾਜ ਲਈ ਸਿਵਲ ਹਸਪਤਾਲ ਫਿਲੌਰ ਲਿਆਂਦਾ ਗਿਆ, ਜਿੱਥੋਂ ਉਨ੍ਹਾਂ ਦੀ ਨਾਜ਼ੁਕ ਹਾਲਤ ਨੂੰ ਦੇਖਦਿਆਂ ਜਲੰਧਰ ਰੈਫਰ ਕਰ ਦਿਤਾ ਗਿਆ। ਘਟਨਾ ਦੀ ਜਾਣਕਾਰੀ ਮਿਲਣ ਤੇ ਐੱਸ ਐੱਸ ਐੱਫ ਟੀਮ ਫਿਲੌਰ ਦੇ ਇੰਚਾਰਜ ਥਾਣੇਦਾਰ ਸਰਬਜੀਤ ਸਿੰਘ ਮੌਕੇ 'ਤੇ ਪਹੁੰਚੇ।ਉਨ੍ਹਾਂ ਦੱਸਿਆ ਕਿ ਰਾਹਗੀਰ ਦੀ ਸੂਚਨਾ 'ਤੇ ਪੁਲਿਸ ਟੀਮ ਨੇ ਮੌਕੇ 'ਤੇ ਪਹੁੰਚ ਕੇ ਜ਼ਖ਼ਮੀਆਂ ਨੂੰ ਹਸਪਤਾਲ ਭੇਜਿਆ ਤੇ ਲਾਸ਼ ਨੂੰ ਕਬਜ਼ੇ 'ਚ ਲੈ ਲਿਆ। ਮੌਕੇ ਤੋਂ ਘੋੜਾ ਟਰਾਲੇ ਦਾ ਚਾਲਕ ਫਰਾਰ ਹੋ ਗਿਆ ਹੈ। ਇਸ ਸਬੰਧੀ ਥਾਣਾ ਫਿਲੌਰ ਦੀ ਪੁਲਿਸ ਵੱਲੋਂ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਪੁਲਿਸ ਅਧਿਕਾਰੀਆਂ ਅਨੁਸਾਰ ਪਰਵਾਰ ਦੇ ਬਿਆਨਾਂ 'ਤੇ ਅਗਲੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਪੋਸਟਮਾਰਟਮ ਕਰਵਾ ਕੇ ਲਾਸ਼ ਨੂੰ ਵਾਰਸਾਂ ਹਵਾਲੇ ਕੀਤਾ ਜਾਵੇਗਾ।

## ਸਾਲਾਨਾ ਛਿੰਝ ਜੋੜ ਮੇਲਾ 21 ਤੇ 22 ਨੂੰ

**ਆਦਮਪੁਰ (ਪਰਮਜੀਤ ਸਿੰਘ)**-ਆਦਮਪੁਰ ਦੇ ਨਜਦੀਕੀ ਪਿੰਡ ਖੋਜਕੀਪੁਰ (ਡਾਕਖਾਨਾ ਸਲਾਲਾ, ਆਦਮਪੁਰ ਭੋਗਪੁਰ ਰੋਡ, ਜਲੰਧਰ) ਵਿਖੇ ਧੰਨ ਧੰਨ ਸਾਂਈ ਫਕੀਰੇ ਸ਼ਾਹ ਦੀ ਨਿੱਘੀ ਯਾਦ ਨੂੰ ਸਮਰਪਿਤ 22ਵਾਂ ਸਲਾਨਾ ਛਿੰਝ ਜੋੜ ਮੇਲਾ 21 ਮਈ (ਵੀਰਵਾਰ) ਅਤੇ 22 ਮਈ 2026 (ਸ਼ੁੱਕਰਵਾਰ) ਨੂੰ ਬੜੀ ਸ਼ਰਧਾ ਅਤੇ ਧੂਮ-ਧਾਮ ਨਾਲ ਕਰਵਾਇਆ ਜਾ ਰਿਹਾ ਹੈ। ਜਾਣਕਾਰੀ ਦਿੰਦੇ ਗੱਦੀ ਨਸ਼ੀਨ ਸਾਂਈ ਲੱਕੀ ਸ਼ਾਹ ਨੇ ਦੱਸਿਆ ਕਿ ਇਸ ਮੇਲੇ ਦੀਆਂ ਤਿਆਰੀਆਂ ਪ੍ਰਬੰਧਕ ਕਮੇਟੀ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਜ਼ੋਰਾਂ-ਸ਼ੋਰਾਂ 'ਤੇ ਕੀਤੀਆਂ ਜਾ ਰਹੀਆਂ ਹਨ। ਮੇਲੇ ਦੇ ਪਹਿਲੇ ਦਿਨ, 21 ਮਈ ਨੂੰ ਸਵੇਰੇ ਧਾਰਮਿਕ ਰਸਮਾਂ ਨਿਭਾਈਆਂ ਜਾਣਗੀਆਂ, ਜਿਸ ਵਿੱਚ ਝੰਡੇ ਦੀ ਰਸਮ ਅਤੇ ਚਾਦਰ ਚੜ੍ਹਾਉਣ ਦੀ ਹੋਵੇਗੀ। ਇਸੇ ਦਿਨ ਦੁਪਹਿਰ ਤੋਂ ਸਕੂਲਾਂ ਦੀਆਂ ਟੀਮਾਂ ਦੇ ਦਿਲਚਸਪ ਭੰਗੜਾ ਅਤੇ ਹੋਰ ਪੰਜਾਬੀ ਸੱਭਿਆਚਾਰਕ ਮੁਕਾਬਲੇ ਕਰਵਾਏ ਜਾਣਗੇ ਇਸੇ ਤਰ੍ਹਾਂ 22 ਮਈ (ਸ਼ੁੱਕਰਵਾਰ) ਨੂੰ ਛਿੰਝ ਮੁਕਾਬਲੇ ਤੇ ਝੰਡੀ ਦੀ ਕੁਸ਼ਤੀ ਜੱਸਾ ਪੱਟੀ ਅਤੇ ਸੋਨੂੰ ਚੀਕਾ ਪਹਿਲਵਾਨ ਵਿਚਕਾਰ ਹੋਵੇਗੀ। ਉਪਰੰਤ ਸੱਭਿਆਚਾਰਕ ਮੇਲੇ ਦੌਰਾਨ ਸੂਫ਼ੀਆਨਾ ਅਤੇ ਮਸ਼ਹੂਰ ਪੰਜਾਬੀ ਗਾਇਕ ਕੰਵਰ ਗਰੇਵਾਲ ਆਪਣੇ ਪ੍ਰਸਿੱਧ ਗੀਤਾਂ ਨਾਲ ਦਰਸ਼ਕਾਂ ਨੂੰ ਨਿਹਾਲ ਕਰਨਗੇ। ਉਨ੍ਹਾਂ ਦੇ ਨਾਲ-ਨਾਲ ਪੰਜਾਬ ਦੇ ਕਈ ਹੋਰ ਨਾਮਵਰ ਗਾਇਕ ਅਤੇ ਕਲਾਕਾਰ ਵੀ ਆਪਣੀ ਕਲਾ ਦੇ ਜੌਹਰ ਦਿਖਾਉਣਗੇ ਮੇਲੇ ਦੌਰਾਨ ਦੋਵੇਂ ਦਿਨ ਗੁਰੂ ਕਾ ਲੰਗਰ ਅਟੁੱਟ ਵਰਤੇਗਾ।

## ਆਜ਼ਾਦ ਉਮੀਦਵਾਰ ਵੱਲੋਂ ਚੋਣ ਮੈਦਾਨ 'ਚ ਨਿਤਰਨ ਨਾਲ ਸਿਆਸੀ ਸਮੀਕਰਨ ਬਦਲ ਗਏ

**ਫਿਲੌਰ (ਨਿਰਮਲ)**-ਫਿਲੌਰ ਦੇ ਵਾਰਡ ਨੰਬਰ 13 ਤੋਂ ਆਜ਼ਾਦ ਉਮੀਦਵਾਰ ਨਵਜੋਤ ਬੰਗੜ ਵੱਲੋਂ ਚੋਣ ਮੈਦਾਨ ਵਿੱਚ ਨਿੱਤਰਨ ਨਾਲ ਵਾਰਡ ਦੇ ਸਿਆਸੀ ਸਮੀਕਰਨ ਪੂਰੀ ਤਰ੍ਹਾਂ ਬਦਲ ਗਏ ਹਨ। ਇੱਕ ਉੱਚ-ਸਿੱਖਿਅਤ, ਕਾਨੂੰਨ ਦੀ ਡੂੰਘੀ ਸਮਝ ਰੱਖਣ ਵਾਲੇ ਅਤੇ ਨਵੀਂ ਸੋਚ ਦੇ ਧਾਰਨੀ ਉਮੀਦਵਾਰ ਦੇ ਆਉਣ ਨਾਲ ਵਾਰਡ ਨਿਵਾਸੀਆਂ ਵਿੱਚ ਭਾਰੀ ਉਤਸ਼ਾਹ ਅਤੇ ਖੁਸ਼ੀ ਦੀ ਲਹਿਰ ਦੇਖਣ ਨੂੰ ਮਿਲ ਰਹੀ ਹੈ। ਪੱਤਰਕਾਰਾ ਨਾਲ ਗੱਲਬਾਤ ਕਰਦਿਆਂ 26 ਸਾਲਾ ਉਮੀਦਵਾਰ ਨਵਜੋਤ ਬੰਗੜ ਨੇ ਬੜੇ ਆਤਮ-ਵਿਸ਼ਵਾਸ ਨਾਲ ਕਿਹਾ,ਹੋ ਸਕਦਾ ਹੈ ਕਿ ਮੈਂ ਚੋਣ ਮੈਦਾਨ ਵਿੱਚ ਉਤਰੇ ਸਾਰੇ ਉਮੀਦਵਾਰਾਂ ਵਿੱਚੋਂ ਸਭ ਤੋਂ ਘੱਟ ਉਮਰ ਦੀ ਹੋਵਾਂ, ਪਰ ਮੇਰੇ ਕੋਲ ਵਾਰਡ ਦੇ ਸੁਧਾਰ ਲਈ ਇੱਕ ਦੂਰ-ਅੰਦੇਸ਼ੀ ਸੋਚ ਹੈ। ਵਾਰਡ ਦੀਆਂ ਸਮੱਸਿਆਵਾਂ ਨੂੰ ਜੜ੍ਹੋਂ ਖ਼ਤਮ ਕਰਨ ਲਈ ਮੇਰੇ ਕੋਲ ਇੱਕ ਪੂਰਾ ਮੈਨੀਫੈਸਟੋ ਅਤੇ ਲਿਖਤੀ ਰੋਡਮੈਪ ਤਿਆਰ ਹੈ ਜਿਸ ਨੂੰ ਜਲਦੀ ਹੀ ਵਾਰਡ ਵਾਸੀਆਂ ਦੇ ਸਾਹਮਣੇ ਰੱਖਿਆ ਜਾਵੇਗਾ। ਉਨ੍ਹਾਂ ਦੀ ਦੂਰ-ਅੰਦੇਸ਼ੀ ਸੋਚ ਦੇਖ ਕੇ ਵਾਰਡ ਦੇ ਨੌਜਵਾਨ, ਬਜ਼ੁਰਗ ਤੇ ਮਹਿਲਾਵਾਂ ਵੱਡੀ ਗਿਣਤੀ ਵਿੱਚ ਉਨ੍ਹਾਂ ਦੇ ਕਾਫ਼ਲੇ ਨਾਲ ਜੁੜ ਰਹੇ ਹਨ। ਚੋਣ ਮੁਹਿੰਮ ਦੌਰਾਨ ਮਿਲ ਰਹੇ ਭਰਵੇਂ ਹੁੰਗਾਰੇ ਤੋਂ ਉਤਸ਼ਾਹਿਤ ਨਵਜੋਤ ਬੰਗੜ ਨੇ ਵਾਰਡ ਵਾਸੀਆਂ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਉਹ ਇਸ ਵਾਰ ਰਵਾਇਤੀ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ, ਇਮਾਨਦਾਰੀ, ਸਿੱਖਿਆ, ਭਾਈਚਾਰਕ ਸਾਂਝ ਅਤੇ ਨਵੀਂ ਸੋਚ ਨੂੰ ਵੋਟ ਪਾਉਣ, ਤਾਂ ਜੋ ਵਾਰਡ ਨੂੰ ਇੱਕ ਮਾਡਲ ਵਾਰਡ ਵਜੋਂ ਵਿਕਸਿਤ ਕੀਤਾ ਜਾ ਸਕੇ।



## ਸ਼ਿਵ ਕੁਮਾਰ ਬਟਾਲਵੀ ਨੂੰ ਸਮਰਪਤ ਕਵੀ ਦਰਬਾਰ ਕਰਵਾਇਆ

**ਚੰਡੀਗੜ੍ਹ (ਸੁਰਜੀਤ ਸੁਮਨ)**

ਸਾਹਿਤਕ ਸੱਥ ਖਰੜ ਵੱਲੋਂ ਸਥਾਨਕ ਖ਼ਾਲਸਾ ਸੀਨੀਅਰ ਸੈਕੰਡਰੀ ਸਕੂਲ ਵਿਖੇ ਅੱਜ ਪੰਜਾਬੀ ਦੇ ਉੱਘੇ ਸ਼ਾਇਰ ਸ਼ਿਵ ਕੁਮਾਰ ਬਟਾਲਵੀ ਦੀ ਯਾਦ ਨੂੰ ਸਮਰਪਿਤ ਵਿਸ਼ਾਲ ਕਵੀ ਦਰਬਾਰ ਕਰਵਾਇਆ ਗਿਆ। ਪ੍ਰਧਾਨਗੀ ਮੰਡਲ ਵਿੱਚ ਪ੍ਰਿੰ. ਬਹਾਦਰ ਸਿੰਘ ਗੋਸਲ, ਜਸਵਿੰਦਰ ਸਿੰਘ ਕਾਈਨੌਰ, ਸੁਦਾਗਰ ਸਿੰਘ ਪਾਲ, ਬਲਕਾਰ ਸਿੰਘ ਸਿੱਧੂ ਅਤੇ ਪਿਆਰਾ ਸਿੰਘ ਰਾਹੀ ਸ਼ਾਮਲ ਹੋਏ।ਸੱਥ ਦੇ ਪ੍ਰਧਾਨ ਵੱਲੋਂ ਸਾਰਿਆਂ ਨੂੰ ਜੀ ਆਇਆਂ ਕਹਿਣ ਉਪਰੰਤ ਕੇਸਰ ਸਿੰਘ ਇੰਸਪੈਕਟਰ ਦੁਆਰਾ ਗਾਏ ਧਾਰਮਿਕ ਗੀਤ ਨਾਲ ਸ਼ੁਰੂ ਹੋਏ ਕਵੀ ਦਰਬਾਰ ਵਿੱਚ ਜਿੱਥੇ ਸੁਰਿੰਦਰ ਸਿੰਘ ਰਸੂਲਪੁਰ, ਮਨਜੀਤਪਾਲ ਸਿੰਘ, ਸੁਰਿੰਦਰ ਕੌਰ ਬਾੜਾ, ਬਲਦੇਵ ਸਿੰਘ ਬਿੰਦਰਾ, ਡਾ. ਰਵਿੰਦਰ ਸਿੰਘ ਲੁਬਾਣਾ, ਸੁਰਜੀਤ ਸਿੰਘ, ਜਸ਼ਨਦੀਪ ਸਿੱਧੂ, ਐਡਵੋਕੇਟ ਨੀਲਮ ਨਾਰੰਗ, ਅਮਨਦੀਪ ਕੌਰ ਭੱਟੀ, ਡਾ. ਸੁਦਾਗਰ ਸਿੰਘ ਪਾਲ, ਡਾ. ਮਨਜੀਤ ਸਿੰਘ ਮਝੈਲ, ਪ੍ਰਿੰ. ਬਹਾਦਰ ਸਿੰਘ ਗੋਸਲ ਨੇ ਆਪੋ-ਆਪਣੀਆਂ ਕਵਿਤਾਵਾਂ/ ਗੀਤਾਂ ਰਾਹੀਂ ਹਾਜ਼ਰੀ ਲਵਾਈ, ਉੱਥੇ ਹੀ ਸੁਮਿੱਤਰ ਸਿੰਘ ਦੋਸਤ, ਧਿਆਨ ਸਿੰਘ ਕਾਹਲੋਂ, ਸਰਬਜੀਤ ਸਿੰਘ, ਰਾਜਵਿੰਦਰ ਸਿੰਘ ਗੱਡੂ, ਕੋਮਲਪ੍ਰੀਤ ਕੌਰ, ਬਲਵਿੰਦਰ ਸਿੰਘ ਢਿੱਲੋਂ, ਮੰਦਰ ਗਿੱਲ ਸਾਹਿਬਚੰਦੀਆ, ਮਹਿੰਦਰ ਸਿੰਘ ਗੋਸਲਾਂ, ਦਰਸ਼ਨ ਤਿਊਣਾ, ਰਾਣੀ ਸੁਮਨ, ਬਲਕਾਰ ਸਿੰਘ ਸਿੱਧੂ, ਜਸਵਿੰਦਰ ਸਿੰਘ ਕਾਈਨੌਰ ਅਤੇ ਸੁਖਦੇਵ ਸਿੰਘ ਆਦਿ ਨੇ ਸ਼ਿਵ ਕੁਮਾਰ ਬਟਾਲਵੀ ਦੀਆਂ ਵੱਖ-ਵੱਖ ਕਾਵਿ ਰਚਨਾਵਾਂ ਪੇਸ਼ ਕੀਤੀਆਂ। ਮੰਚ ਸੰਚਾਲਨ ਦੇ ਫਰਜ਼ ਨਿਭਾਉਂਦਿਆਂ ਪਿਆਰਾ ਸਿੰਘ ਰਾਹੀ ਨੇ ਅਖੀਰ ਵਿਚ ਸ਼ਿਵ ਬਟਾਲਵੀ ਦੀ ਰਚਨਾ ਸ਼ਿਕਰਾ ਬੁਲੰਦ ਆਵਾਜ਼ ਵਿਚ ਪੇਸ਼ ਕਰਕੇ ਮਾਹੌਲ ਨੂੰ ਸਿਖਰ ਤੇ ਪਹੁੰਚਾ ਦਿੱਤਾ। ਇਸ ਸਮਾਗਮ ਵਿਚ ਪ੍ਰਿਤਪਾਲ ਸਿੰਘ, ਕਰਮ ਸਿੰਘ, ਖੁਸ਼ੀ ਰਾਮ ਨਿਮਾਣਾ ਅਤੇ ਸੁਦਰਸ਼ਨ ਕੌਰ ਮਝੈਲ ਆਦਿ ਨੇ ਵੀ ਸ਼ਿਰਕਤ ਕੀਤੀ। ਪ੍ਰਧਾਨਗੀ ਭਾਸ਼ਣ ਵਿੱਚ ਬੋਲਦਿਆਂ ਪ੍ਰਿੰ. ਬਹਾਦਰ ਸਿੰਘ ਗੋਸਲ ਅਤੇ ਬਲਕਾਰ ਸਿੰਘ ਸਿੱਧੂ ਨੇ ਸਮੁੱਚੇ ਪ੍ਰੋਗਰਾਮ ਦੀ ਬਹੁਤ ਸ਼ਲਾਘਾ ਕੀਤੀ।



## ਲਾਡੀ ਸ਼ੇਰੋਵਾਲੀਆ ਵੱਲੋਂ ਧਰਨੇ 'ਤੇ ਬੈਠੇ ਸਫਾਈ ਸੇਵਕਾਂ ਦੀ ਹਮਾਇਤ



**ਸ਼ਾਹਕੋਟ (ਗਿਆਨ ਸੈਦਪੁਰੀ)**-6 ਮਈ ਤੋਂ ਧਰਨੇ 'ਤੇ ਬੈਠੇ ਸਫਾਈ ਸੇਵਕਾਂ ਦੀ ਹਮਾਇਤ ਕਰਨ ਲਈ ਨਗਰ ਪੰਚਾਇਤ ਦਫ਼ਤਰ ਸ਼ਾਹਕੋਟ ਵਿਖੇ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਸਾਥੀਆਂ ਸਮੇਤ ਪਹੁੰਚੇ। ਇਸ ਮੌਕੇ ਉਹਨਾਂ ਧਰਨੇ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਹ ਉਹ ਵਰਗ ਹੈ ਜੋ ਸ਼ਹਿਰਾਂ ਨੂੰ ਸਾਫ ਸੁਥਰੀ ਦਿੱਖ ਦਿੰਦਾ ਹੈ। ਉਹਨਾਂ ਕਿਹਾ ਕਿ ਸਰਕਾਰ ਨੂੰ ਸਫਾਈ ਸੇਵਕਾਂ ਦੀਆਂ ਜਾਇਜ਼ ਮੰਗਾਂ ਨੂੰ ਤੁਰੰਤ ਪ੍ਰਵਾਨ ਕਰਨਾ ਚਾਹੀਦਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪਰਮਜੀਤ ਕੌਰ ਬਜਾਜ ਮੈਂਬਰ ਨਗਰ ਪੰਚਾਇਤ ਸ਼ਾਹਕੋਟ, ਲਛਮਣ ਸੋਬਤੀ ਸ਼ਹਿਰੀ ਪ੍ਰਧਾਨ ਕਾਂਗਰਸ, ਸੁਖਦੀਪ ਸਿੰਘ ਕੰਗ ਪੀਏ, ਪਵਨ ਅਗਰਵਾਲ ਸਾਬਕਾ ਮੈਂਬਰ ਨਗਰ ਪੰਚਾਇਤ ਸ਼ਾਹਕੋਟ, ਰਾਜੇਸ਼ ਅਗਰਵਾਲ ਕਾਂਗਰਸੀ ਆਗੂ, ਸੋਨੂੰ ਮਿੱਤਲ ਕਾਂਗਰਸੀ ਆਗੂ, ਕੁਲਬੀਰ ਸਿੰਘ ਧੰਜੂ, ਖੁਸ਼ਦੀਪ ਸਿੰਘ ਧੰਜੂ, ਤਾਰੀ ਗਿੱਲ ਨੰਬਰਦਾਰ, ਸੁਨੀਲ ਕੁਮਾਰ ਪ੍ਰਧਾਨ ਸਫਾਈ ਸੇਵਕ ਯੂਨੀਅਨ ਸ਼ਾਹਕੋਟ ਆਦਿ ਮੌਜੂਦ ਸਨ।

## ਡੇਂਗੂ ਤੋਂ ਬਚਾਅ ਲਈ ਮੱਛਰਾਂ ਦੀ ਪੈਦਾਵਾਰ ਨੂੰ ਰੋਕਿਆ ਜਾਵੇ : ਬੈਂਸ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਸਿਵਲ ਸਰਜਨ ਹੁਸ਼ਿਆਰਪੁਰ ਡਾ.ਮਨਦੀਪ ਕਮਲ ਅਤੇ ਸੀਨੀਅਰ ਮੈਡੀਕਲ ਅਫਸਰ ਇੰਚਰਾਜ ਸੀ.ਐਚ.ਸੀ ਹਾਰਟਾ ਬੱਡਲਾ ਡਾ.ਮਨਪ੍ਰੀਤ ਸਿੰਘ ਬੈਂਸ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਅੱਜ ਬਲਾਕ ਹਾਰਟਾ ਬਡਲਾ ਅਧੀਨ ਆਉਂਦੇ ਸਿਹਤ ਕੇਂਦਰਾਂ, ਹਾਟ-ਸਪਾਟ ਖੇਤਰਾਂ, ਵਿੱਦਿਅਕ ਅਦਾਰਿਆਂ ਅਤੇ ਵੱਖ-ਵੱਖ ਪਿੰਡਾਂ'ਚ ਰਾਸ਼ਟਰੀ ਡੇਂਗੂ ਦਿਵਸ ਮਨਾਇਆ ਗਿਆ।ਇਸ ਸੰਬੰਧੀ ਡਾ. ਮਨਪ੍ਰੀਤ ਸਿੰਘ ਬੈਂਸ ਨੇ ਦੱਸਿਆ ਕਿ ਭਾਰਤ ਵਿੱਚ ਹਰ ਸਾਲ 16 ਮਈ ਨੂੰ ਰਾਸ਼ਟਰੀ ਡੇਂਗੂ ਦਿਵਸ ਮਨਾਇਆ ਜਾਂਦਾ ਹੈ ਜਿਸ ਦਾ ਮੁੱਖ ਉਦੇਸ਼ ਆਮ ਲੋਕਾਂ ਵਿੱਚ ਡੇਂਗੂ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਅਤੇ ਸਫਾਈ ਸੰਬੰਧੀ ਆਦਤਾਂ ਨੂੰ ਉਤਸ਼ਾਹਿਤ ਕਰਨਾ ਹੈ।ਇਸ ਤੋਂ ਇਲਾਵਾ ਡੇਂਗੂ ਬੁਖਾਰ ਕੀ ਹੁੰਦਾ ਹੈ, ਇਹ ਕਿਵੇਂ ਫੈਲਦਾ ਹੈ ਅਤੇ ਅਸੀਂ ਇਸ ਨੂੰ ਕਿਵੇਂ ਰੋਕ ਸਕਦੇ ਹਾਂ, ਬਾਰੇ ਜਾਗਰੂਕਤਾ ਫੈਲਾਉਣ ਲਈ ਇੱਕ ਮਹੱਤਵਪੂਰਨ ਦਿਨ ਹੈ। ਉਨਾਂ ਕਿਹਾ ਕਿ ਮੱਛਰਾਂ ਤੋਂ ਹੋਣ ਵਾਲੀਆਂ ਬੀਮਾਰੀਆਂ ਤੋਂ ਬਚਾਅ ਲਈ ਜ਼ਰੂਰੀ ਹੈ ਕਿ ਮੱਛਰਾਂ ਨੂੰ ਪੈਦਾ ਹੋਣ ਨੂੰ ਰੋਕਿਆ ਜਾਵੇ। ਜੇਕਰ ਆਮ ਲੋਕ ਇਸ ਬੀਮਾਰੀ ਦੇ ਫੈਲਣ ਦੇ ਕਾਰਨਾਂ, ਬਚਾਅ ਸੰਬੰਧੀ ਸਾਵਧਾਨੀਆਂ ਅਤੇ ਇਸ ਦੇ ਲੱਛਣਾਂ ਬਾਰੇ ਪੂਰੀ ਤਰ੍ਹਾਂ ਜਾਗਰੂਕ ਹੋਣਗੇ ਤੱਦ ਹੀ ਅਸੀਂ ਡੇਂਗੂ ਦਾ ਖਾਤਮਾ ਕਰ ਸਕਦੇ ਹਾਂ। ਉਨਾਂ ਕਿਹਾ ਕਿ ਲੋਕ ਸਵੇਰੇ ਅਤੇ ਸ਼ਾਮ ਦੇ ਸਮੇਂ ਆਪਣਾ ਅਤੇ ਆਪਣੇ ਬੱਚਿਆਂ ਦਾ ਖ਼ਾਸ ਧਿਆਨ ਰੱਖਣ ਕਿਉਂਕਿ ਇਸ ਸਮੇਂ ਡੇਂਗੂ ਫੈਲਾਉਣ ਵਾਲਾ ਮੱਛਰ ਵੱਧ ਸਰਗਰਮ ਹੁੰਦਾ ਹੈ। ਸਿਹਤ ਵਿਭਾਗ ਵਲੋਂ ਲੋਕਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਆਪਣੇ ਆਲੇ-ਦੁਆਲੇ ਸਫ਼ਾਈ ਰੱਖਣ ਅਤੇ ਡੇਂਗੂ ਰੋਕਥਾਮ ਮੁਹਿੰਮ ਵਿੱਚ ਸਰਕਾਰ ਦਾ ਸਹਿਯੋਗ ਕਰਨ।



## ਫ਼ਸਲਾਂ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ ਬਾਰੇ ਵਰਕਸ਼ਾਪ ਲਗਾਈ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**— ਉੱਤਰੀ ਭਾਰਤ ਵਿੱਚ ਫ਼ਸਲਾਂ ਦੇ ਨਾੜ/ਪਰਾਲੀ ਨੂੰ ਸਾੜਨ ਕਾਰਨ ਪੈਦਾ ਹੋ ਰਹੀਆਂ ਗੰਭੀਰ ਵਾਤਾਵਰਨਿਕ ਅਤੇ ਜਨ ਸਿਹਤ ਸੰਬੰਧੀ ਸਮੱਸਿਆਵਾਂ ਦੇ ਮੱਦੇਨਜ਼ਰ, ਜੀ ਆਈ ਜ਼ੈੱਡ- ਜੀ ਪੀ ਐੱਸ ਰਿਨਿਊਏਬਲ ਤਹਿਤ ਸਰਗਰਮ ਕਿਸਾਨ ਵਰਕਸ਼ਾਪਾਂ ਦਾ ਆਯੋਜਨ ਕੀਤਾ ਗਿਆ। ਇਨ੍ਹਾਂ ਵਰਕਸ਼ਾਪਾਂ ਵਿੱਚ ਕਿਸਾਨਾਂ, ਮਸ਼ੀਨ ਮਾਲਕਾਂ, ਪਿੰਡ ਪੱਧਰੀ ਉੱਦਮੀ ਕਿਸਾਨਾਂ ਅਤੇ ਜ਼ਮੀਨ ਠੇਕੇ 'ਤੇ ਲੈਣ ਵਾਲੇ ਠੇਕੇਦਾਰਾਂ ਨੇ ਭਾਗ ਲਿਆ, ਜਿੱਥੇ ਫ਼ਸਲਾਂ ਦੀ ਰਹਿੰਦ-ਖੂੰਹਦ ਦੇ ਟਿਕਾਊ ਪ੍ਰਬੰਧਨ ਹੱਲਾਂ ਅਤੇ ਨਵੀਆਂ ਰੁਜ਼ਗਾਰ ਸੰਭਾਵਨਾਵਾਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ।ਇਹ ਵਰਕਸ਼ਾਪਾਂ ਵਰਟੀਵਰ ਪ੍ਰਾਈਵੇਟ ਲਿਮਿਟੇਡ ਵੱਲੋਂ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਕਰਵਾਈਆਂ ਜਾ ਰਹੀਆਂ ਹਨ। ਭਾਰਤ ਵਿੱਚ ਬਾਇਓਮਾਸ ਆਧਾਰਿਤ ਜੀਵਾਸ਼ਮ ਈਂਧਣ ਦੇ ਵਿਕਲਪਾਂ ਰਾਹੀਂ ਹਵਾ ਦੀ ਗੁਣਵੱਤਾ ਵਿੱਚ ਸੁਧਾਰ ਨਾਮਕ ਇਹ ਪ੍ਰੋਜੈਕਟ ਜੀ ਆਈ ਜ਼ੈੱਡ ਅਤੇ ਜੀ ਪੀ ਐੱਸ ਰਿਨਿਊਏਬਲ ਵਿਚਕਾਰ ਸਰਕਾਰੀ-ਨਿੱਜੀ ਭਾਗੀਦਾਰੀ ਦਾ ਹਿੱਸਾ ਹੈ। ਇਹ ਪਹਿਲ ਹਰਿਆਣਾ, ਪੰਜਾਬ ਅਤੇ ਉੱਤਰ ਪ੍ਰਦੇਸ਼ ਵਿੱਚ ਜਰਮਨ ਫੈਡਰਲ ਮਿਨਿਸਟਰੀ ਫਾਰ ਇਕਨਾਮਿਕ ਕੋਆਪਰੇਸ਼ਨ ਐਂਡ ਡਿਵੈਲਪਮੈਂਟ ਦੁਆਰਾ ਵਿੱਤਪੋਸ਼ਿਤ ਬਹੁ-ਰਾਜੀ ਪ੍ਰੋਜੈਕਟ ਦਾ ਹਿੱਸਾ ਹੈ।ਭਾਰਤ ਵਿੱਚ ਹਰ ਸਾਲ ਲਗਭਗ 500 ਮਿਲੀਅਨ ਟਨ ਫ਼ਸਲਾਂ ਦੀ ਪਰਾਲੀ/ਨਾੜ ਪੈਦਾ ਹੁੰਦੀ ਹੈ, ਜਿਸ ਦਾ ਵੱਡਾ ਹਿੱਸਾ ਸਮੇਂ, ਮਜ਼ਦੂਰੀ ਅਤੇ ਹੋਰ ਸਾਧਨਾਂ ਦੀ ਘਾਟ ਕਾਰਨ ਸਾੜ ਦਿੱਤਾ ਜਾਂਦਾ ਹੈ। ਇਸ ਨਾਲ ਨਾ ਸਿਰਫ਼ ਹਵਾ ਪ੍ਰਦੂਸ਼ਣ ਵਧਦਾ ਹੈ, ਸਗੋਂ ਮਿੱਟੀ ਦੀ ਉਪਜਾਊ ਸ਼ਕਤੀ ਅਤੇ ਲਾਭਦਾਇਕ ਸੂਖ਼ਮਜੀਵਾਂ ਨੂੰ ਵੀ ਨੁਕਸਾਨ ਪਹੁੰਚਦਾ ਹੈ। ਵਰਕਸ਼ਾਪ ਦੌਰਾਨ ਕਿਸਾਨਾਂ ਨੇ ਵੱਧ ਰਹੀਆਂ ਖੇਤੀ ਲਾਗਤਾਂ, ਮਸ਼ੀਨਾਂ ਦੀ ਸੀਮਿਤ ਉਪਲੱਬਧਤਾ, ਸਟੋਰੇਜ ਢਾਂਚੇ ਅਤੇ ਬਾਜ਼ਾਰੀ ਸੰਪਰਕ ਵਰਗੀਆਂ ਚੁਣੌਤੀਆਂ 'ਤੇ ਵੀ ਚਰਚਾ ਕੀਤੀ।

## ਵਿਦਿਆਰਥੀਆਂ ਨੇ ਉਤਸ਼ਾਹ ਨਾਲ ਮਨਾਇਆ 'ਯੈਲੋ ਡੇ'

**ਗੁਰਾਇਆ (ਬਿੰਦਰ ਸੁਮਨ)**

ਐੱਸ ਟੀ ਐੱਸ ਵਰਲਡ ਸਕੂਲ ਵਿਖੇ ਬੱਚਿਆਂ ਨੂੰ ਰੰਗਾਂ ਦੀ ਪਛਾਣ ਅਤੇ ਕੁਦਰਤ ਦੀ ਸੁੰਦਰਤਾ ਨਾਲ ਜੋੜਨ ਦੇ ਮਕਸਦ ਨਾਲ 'ਯੈਲੋ ਡੇ' (ਪੀਲਾ ਦਿਵਸ) ਬੜੀ ਹੀ ਧੂਮ-ਧਾਮ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਦਾ ਵਾਤਾਵਰਣ ਪੀਲੇ ਰੰਗ ਦੀ ਰੌਣਕ ਨਾਲ ਭਰ ਗਿਆ ਅਤੇ ਨਿੱਕੇ-ਨਿੱਕੇ ਬੱਚਿਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਨੇ ਪੀਲੇ ਰੰਗ ਦੇ ਸੁੰਦਰ ਪਹਿਰਾਵੇ ਪਹਿਨ ਕੇ ਸ਼ਮੂਲੀਅਤ ਕੀਤੀ, ਜੋ ਖੁਸ਼ਹਾਲੀ, ਰੌਸ਼ਨੀ ਅਤੇ ਉਤਸ਼ਾਹ ਦਾ ਪ੍ਰਤੀਕ ਸਨ। ਸਭਾ ਦੇ ਵੱਖ-ਵੱਖ ਹਿੱਸਿਆਂ ਵਿੱਚ ਬੱਚਿਆਂ ਨੇ ਬਹੁਤ ਹੀ ਪ੍ਰਭਾਵਸ਼ਾਲੀ ਪ੍ਰਦਰਸ਼ਨ ਕੀਤਾ। ਵਿਦਿਆਰਥੀਆਂ ਨੇ ਦਿਨ ਦਾ ਵਿਚਾਰ ਅਤੇ ਨਵਾਂ ਸ਼ਬਦ ਸਾਂਝਾ ਕੀਤਾ, ਜਿਸ ਵਿੱਚ ਪੀਲੇ ਰੰਗ ਦੀ ਮਹੱਤਤਾ ਅਤੇ ਜੀਵਨ ਵਿੱਚ ਸਕਾਰਾਤਮਕਤਾ 'ਤੇ ਜ਼ੋਰ ਦਿੱਤਾ ਗਿਆ। ਵਿਦਿਆਰਥੀਆਂ ਵੱਲੋਂ ਪੀਲੇ ਰੰਗ ਦੀਆਂ ਕੁਦਰਤੀ ਵਸਤੂਆਂ, ਜਿਵੇਂ ਕਿ ਸੂਰਜ, ਫੁੱਲ ਅਤੇ ਫਲਾਂ ਬਾਰੇ ਸਮਝਦਾਰ ਭਾਸ਼ਣ ਪੇਸ਼ ਕੀਤੇ ਗਏ। ਨਿੱਕੇ ਵਿਦਿਆਰਥੀਆਂ ਨੇ ਪੀਲੇ ਰੰਗ ਅਤੇ ਇਸ ਨਾਲ ਸਬੰਧਤ ਚੀਜ਼ਾਂ 'ਤੇ ਆਧਾਰਿਤ ਮਨਮੋਹਕ ਕਵਿਤਾਵਾਂ ਸੁਣਾਈਆਂ। ਬੱਚਿਆਂ ਨੇ ਪੀਲੇ ਰੰਗ ਦੇ ਖਿਡੌਣਿਆਂ ਅਤੇ ਵਸਤੂਆਂ ਰਾਹੀਂ ਇਸ ਰੰਗ ਦੀ ਅਹਿਮੀਅਤ ਨੂੰ ਸਮਝਿਆ। ਪ੍ਰੋਗਰਾਮ ਦੇ ਅੰਤ ਵਿੱਚ, ਸਤਿਕਾਰਯੋਗ ਪ੍ਰਿੰਸੀਪਲ ਪ੍ਰਭਜੋਤ ਗਿੱਲ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਦੇ ਸੁਹਿਰਦ ਯਤਨਾਂ ਦੀ ਭਰਪੂਰ ਸ਼ਲਾਘਾ ਕੀਤੀ।



## ਵਾਰਡ ਨੰਬਰ 6 ਤੋਂ ਅਕਾਲੀ ਦਲ ਦੇ ਉਮੀਦਵਾਰ ਅੰਬਾ ਨੂੰ ਮਿਲ ਰਿਹਾ ਭਰਵਾਂ ਹੁੰਗਾਰਾ

**ਫਿਲੌਰ (ਨਿਰਮਲ)**-ਨਗਰ ਕੌਂਸਲ ਫਿਲੌਰ ਦੀਆਂ ਚੋਣਾਂ 'ਚ ਵੱਖ ਵੱਖ ਪਾਰਟੀਆਂ ਵੱਲੋਂ ਆਪਣੇ ਉਮੀਦਵਾਰ ਉਤਾਰੇ ਹਨ। ਇਸੇ ਲੜੀ ਤਹਿਤ ਸ੍ਰੋਮਣੀ ਅਕਾਲੀ ਦਲ ਵੱਲੋਂ ਵਾਰਡ ਨੰਬਰ 6 ਤੋਂ ਟਕਸਾਲੀ ਆਗੂ ਅਮਰਜੀਤ ਸਿੰਘ ਅੰਬਾ ਨੂੰ ਮੈਦਾਨ ਵਿੱਚ ਉਤਾਰਿਆ ਹੈ। ਇਸ ਸਬੰਧੀ ਵਾਰਡ ਨੰਬਰ 6 ਵਾਸੀਆਂ 'ਚ ਅਮਰਜੀਤ ਸਿੰਘ ਅੰਬਾ ਦੇ ਹੱਕ ਵਿੱਚ ਉਤਸ਼ਾਹ ਦਿਖਾ ਰਹੇ ਹਨ। ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਵਿਧਾਇਕ ਬਲਦੇਵ ਸਿੰਘ ਖਹਿਰਾ ਅਤੇ ਸਾਬਕਾ ਸ਼੍ਰੋਮਣੀ ਕਮੇਟੀ ਮੈਂਬਰ ਹਰਜਿੰਦਰ ਸਿੰਘ ਲੱਲੀਆਂ ਵੱਲੋਂ ਘਰ ਘਰ ਜਾ ਕੇ ਪ੍ਰਚਾਰ ਕੀਤਾ ਜਾ ਰਿਹਾ ਹੈ ਅਤੇ ਆਪਣੇ ਉਮੀਦਵਾਰ ਅਮਰਜੀਤ ਸਿੰਘ ਅੰਬਾ ਦੇ ਹੱਕ ਵਿੱਚ ਵੋਟਾਂ ਪਾਉਣ ਦੀ ਅਪੀਲ ਕੀਤੀ। ਇਸ ਮੌਕੇ ਅਮਰਜੀਤ ਸਿੰਘ ਅੰਬਾ ਨੇ ਕਿਹਾ ਕਿ ਉਹ ਜਿੱਤ ਕੇ ਵਾਰਡ ਦੇ ਵਿਕਾਸ ਲਈ ਮਿਹਨਤ ਕਰਨਗੇ।



## ਆਰ ਐੱਮ ਪੀ ਆਈ ਤੇ ਲਿਬ੍ਰੇਸ਼ਨ ਦੇ ਸੱਦੇ 'ਤੇ ਸੂਬੇ ਭਰ 'ਚ ਕੀਤੇ ਰੋਸ ਮੁਜ਼ਾਹਰੇ

**ਜਲੰਧਰ (ਰਾਜੇਸ਼ ਥਾਪਾ, ਸ਼ੈਲੀ ਐਲਬਰਟ, ਲਖਵਿੰਦਰ ਸਿੰਘ ਆਧੀ)**

ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐੱਮ ਪੀ ਆਈ) ਤੇ ਸੀ ਪੀ ਆਈ (ਐੱਮ ਐੱਲ) ਲਿਬ੍ਰੇਸ਼ਨ ਦੇ ਸੱਦੇ 'ਤੇ ਕੁਕਿੰਗ ਗੈਸ, ਡੀਜ਼ਲ-ਪੈਟਰੋਲ ਅਤੇ ਸੀਐਨਜੀ ਦੀਆਂ ਕੀਮਤਾਂ 'ਚ ਮੋਦੀ ਸਰਕਾਰ ਵਲੋਂ ਕੀਤੇ ਗਏ ਅਸਹਿ ਵਾਧੇ ਖਿਲਾਫ ਸੂਬੇ ਭਰ 'ਚ ਜ਼ਿਲ੍ਹਾ ਅਤੇ ਤਹਿਸੀਲ ਕੇਂਦਰਾਂ 'ਤੇ ਤਿੱਖੇ ਰੋਸ ਵਿਖਾਵੇ ਕੀਤੇ ਗਏ ਹਨ। ਦੋਹਾਂ ਪਾਰਟੀਆਂ ਵਲੋਂ ਵਿਉਂਥੀ 'ਲੋਕਾਂ ਕੋਲ ਚੱਲੋ' ਮੁਹਿੰਮ, ਜੋ 28 ਮਈ ਤੱਕ ਜਾਰੀ ਰਹੇਗੀ, ਦੇ ਪਹਿਲੇ ਦਿਨ ਕੀਤੇ ਗਏ ਉਕਤ ਰੋਸ ਮੁਜ਼ਾਹਰਿਆਂ ਦੌਰਾਨ ਮਹਿੰਗਾਈ ਅਤੇ ਸਰਕਾਰ ਤੇ ਪ੍ਰਸ਼ਾਸਨਿਕ ਮਸ਼ੀਨਰੀ ਦੀ ਮਿਲੀ ਭੁਗਤ ਨਾਲ ਕੀਤੀ ਜਾ ਰਹੀ ਜ਼ਰੂਰੀ ਵਸਤਾਂ ਦੀ ਬਲੈਕ ਤੇ ਕਾਲਾਬਾਜ਼ਾਰੀ ਨੂੰ ਵੀ ਸਖ਼ਤੀ ਨਾਲ ਰੋਕੇ ਜਾਣ ਦੀ ਜ਼ੋਰਦਾਰ ਮੰਗ ਉਭਾਰੀ ਗਈ ਹੈ। ਘੰਟਿਆਂ ਬੱਧੀ ਜਾਰੀ ਰਹੇ ਉਕਤ ਰੋਸ ਪ੍ਰਦਰਸ਼ਨਾਂ 'ਚ ਹਜ਼ਾਰਾਂ ਲੋਕਾਂ ਨੇ ਸ਼ਮੂਲੀਅਤ ਕੀਤੀ ਹੈ।ਵੱਖੋ-ਵੱਖ ਥਾਈਂ ਹੋਏ ਪ੍ਰਦਰਸ਼ਨਾਂ ਦੌਰਾਨ ਇਕੱਤਰ ਹੋਏ ਕਿਰਤੀ-ਕਿਸਾਨਾਂ, ਮਿਹਨਤਕਸ਼ਾਂ ਨੂੰ ਸਰਵ ਸਾਥੀ ਮੰਗਤ ਰਾਮ ਪਾਸਲਾ, ਗੁਰਮੀਤ ਸਿੰਘ ਬਖ਼ਤਪੁਰ, ਪਰਗਟ ਸਿੰਘ ਜਾਮਾਰਾਏ, ਰਾਜਬਿੰਦਰ ਰਾਣਾ, ਰਤਨ ਸਿੰਘ ਰੰਧਾਵਾ, ਰੁਲਦੂ ਸਿੰਘ ਮਾਨਸਾ, ਗੁਰਨਾਮ ਸਿੰਘ ਦਾਊਦ, ਡਾਕਟਰ ਸਤਨਾਮ ਸਿੰਘ ਅਜਨਾਲਾ, ਗੋਬਿੰਦ ਛਾਜਲੀ, ਸ਼ਿਵ ਕੁਮਾਰ ਪਠਾਨਕੋਟ, ਸੁਰਿੰਦਰ ਪਾਲ ਸ਼ਰਮਾ, ਨੱਥਾ ਸਿੰਘ ਢਡਵਾਲ, ਗੁਰਨਾਮ ਸਿੰਘ ਭੀਖੀ, ਮੋਹਨ ਸਿੰਘ ਧਮਾਣਾ, ਜਸਬੀਰ ਕੌਰ ਨੱਤ, ਪ੍ਰੋਫੈਸਰ ਜੈਪਾਲ ਸਿੰਘ, ਅਮੀ ਲਾਲ, ਰਘਬੀਰ ਸਿੰਘ ਬੈਨੀਪਾਲ, ਬਲਬੀਰ ਸਿੰਘ ਝਾਮਕਾ, ਸਰਬਜੀਤ ਗਿੱਲ ਨੇ ਸੰਬੋਧਨ ਕੀਤਾ।ਬੁਲਾਰਿਆਂ ਨੇ ਦੇਸ਼ ਵਾਸੀਆਂ ਨੂੰ ਖਬਰਦਾਰ ਕਰਦਿਆਂ ਕਿਹਾ ਹੈ ਕਿ ਡੀਜ਼ਲ-ਪੈਟਰੋਲ ਦੇ ਰੇਟ ਵਧਣ ਨਾਲ ਰੋਜ਼ਾਨਾ ਦੀ ਜ਼ਰੂਰਤ ਦੀ ਹਰ ਵਸਤ ਮਹਿੰਗੀ ਹੋ ਜਾਵੇਗੀ, ਜਿਸ ਨਾਲ ਮਹਿੰਗਾਈ ਦੀ ਮਾਰ ਹੇਠ ਪਹਿਲਾਂ ਹੀ ਤ੍ਰਾਹ-ਤ੍ਰਾਹ ਕਰ ਰਹੇ ਆਮ ਲੋਕਾਂ ਦਾ ਜਿਊਣਾ ਹੋਰ ਵੀ ਦੁੱਭਰ ਹੋ ਜਾਵੇਗਾ। ਸੂਬਾ ਕੇਂਦਰ 'ਤੇ ਪੁੱਜੀਆਂ ਰਿਪੋਰਟਾਂ ਅਨੁਸਾਰ ਵੱਖ-ਵੱਖ ਜ਼ਿਲ੍ਹਿਆਂ 'ਚ 29 ਥਾਵਾਂ 'ਤੇ ਰੋਸ ਪ੍ਰਦਰਸ਼ਨ ਕੀਤੇ ਗਏ ਹਨ।



## ਦਿਹਾਤੀ ਮਜ਼ਦੂਰ ਸਭਾ ਸਫਾਈ ਸੇਵਕਾਂ ਦੇ ਹਰ ਸੰਘਰਸ਼ ਲਈ ਤਿਆਰ : ਨਿਰਮਲ ਸਿੰਘ ਮਲਸੀਆਂ

ਸ਼ਾਹਕੋਟ (ਗਿਆਨ ਸੈਦਪੁਰੀ)-'ਸਾਢੇ ਚਾਰ ਸਾਲ ਪਹਿਲਾਂ ਮੁੱਖ ਮੰਤਰੀ ਭਗਵੰਤ ਮਾਨ ਅਹੁਦਾ ਸੰਭਾਲਣ ਤੋਂ ਪਹਿਲਾਂ ਕਹਿੰਦੇ ਸੀ ਕਿ ਮਾਸਟਰ ਦਾ ਮੁੰਡਾ ਮਜ਼ਦੂਰਾਂ, ਮੁਲਾਜ਼ਮਾਂ ਨੂੰ ਕਦੇ ਵੀ ਧਰਨਿਆਂ 'ਤੇ ਬੈਠਣ ਦੀ ਨੌਬਤ ਨਹੀਂ ਆਉਣ ਦੇਵੇਗਾ। ਅੱਜ ਪੰਜਾਬ ਦਾ ਹਰ ਵਰਗ ਆਮ ਆਦਮੀ ਪਾਰਟੀ ਦੀ ਸਰਕਾਰ ਬਣਾ ਕੇ ਆਪਣੇ ਆਪ ਨੂੰ ਠੱਗਿਆ ਠੱਗਿਆ ਮਹਿਸੂਸ ਕਰ ਰਿਹਾ ਹੈ'। ਉਕਤ ਵਿਚਾਰਾਂ ਦਾ ਪ੍ਰਗਟਾਵਾ ਕਾਮਰੇਡ ਨਿਰਮਲ ਸਿੰਘ ਮਲਸੀਆਂ ਜ਼ਿਲਾ ਪ੍ਰਧਾਨ ਦਿਹਾਤੀ ਮਜ਼ਦੂਰ ਸਭਾ ਨੇ ਨਗਰ ਪੰਚਾਇਤ ਦਫਤਰ ਸ਼ਾਹਕੋਟ ਧਰਨੇ 'ਤੇ ਬੈਠੇ ਮਜ਼ਦੂਰਾਂ ਨੂੰ ਸੰਬੋਧਨ ਕਰਦਿਆਂ ਕੀਤਾ। ਉਹਨਾਂ ਸਰਕਾਰ ਨੂੰ ਚੇਤਾਵਨੀ ਦਿੱਤੀ ਜੇਕਰ ਮਜ਼ਦੂਰਾਂ ਦੀਆਂ ਜਾਇਜ਼ ਮੰਗਾਂ ਨਾ ਮੰਨੀਆਂ ਗਈਆਂ ਤਾਂ ਦਿਹਾਤੀ ਮਜ਼ਦੂਰ ਸਭਾ ਹੋਰ ਭਰਾਤਰੀ ਜਥੇਬੰਦੀਆਂ ਦੇ ਸਹਿਯੋਗ ਦੇ ਨਾਲ ਵੱਡਾ ਸੰਘਰਸ਼ ਉਲਿਕਿਆ ਜਾਵੇਗਾ। ਉਹਨਾਂ ਧਰਨੇ 'ਤੇ ਬੈਠੇ ਸਫਾਈ ਸੇਵਕਾਂ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਉਹਨਾਂ ਦੇ ਨਾਲ ਮੋਢੇ ਦੇ ਨਾਲ ਮੋਢਾ ਜੋੜ ਕੇ ਚੱਲਣਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕਾਮਰੇਡ ਤਾਰਾ ਸਿੰਘ ਥੰਮੂਵਾਲ, ਸੁਨੀਲ ਕੁਮਾਰ ਪ੍ਰਧਾਨ ਸਫ਼ਾਈ ਸੇਵਕ ਯੂਨੀਅਨ ਸ਼ਾਹਕੋਟ, ਤਰਸੇਮ ਸਿੰਘ ਸ਼ਾਹਕੋਟ, ਮਲਕੀਤ ਸਿੰਘ ਮਲਸੀਆਂ, ਜਗੀਰ ਸਿੰਘ ਕੋਟਲੀ ਗਾਜਰਾਂ, ਨਿਰਮਲ ਸਿੰਘ ਮੱਟੂ ਮਲਸੀਆਂ, ਸੰਨੀ ਸ਼ਾਹਕੋਟ, ਸਰਬਜੀਤ ਸਿੰਘ, ਗੁਰਦੇਵ ਸਿੰਘ ਆਦਿ ਮੌਜੂਦ ਸਨ।



## ਸੀ ਟੀ ਗਰੁੱਪ ਦੇ ਸੀਨੀਅਰ ਸੈਕੰਡਰੀ ਵਿਦਿਆਰਥੀਆਂ ਦਾ ਤਾਰੀਫ਼-ਏ-ਕਾਬਿਲ ਜਜ਼ਬਾ

ਜਲੰਧਰ (ਸ਼ੈਲੀ ਐਲਬਰਟ)-ਅੱਜ ਦੇ ਸਮੇਂ ਵਿੱਚ ਜਿੱਥੇ ਸਿਰਫ਼ ਪੜ੍ਹਾਈ ਦਾ ਦਬਾਅ ਹੀ ਵਿਦਿਆਰਥੀਆਂ ਲਈ ਚੁਣੌਤੀ ਬਣ ਜਾਂਦਾ ਹੈ, ਉੱਥੇ ਸੀ ਟੀ ਇੰਸਟੀਚਿਊਟ ਆਫ ਹਾਇਰ ਸਟਡੀਜ਼ ਦੇ ਦੋ ਹਿੰਮਤੀ ਵਿਦਿਆਰਥੀ—ਅਮਨ ਅਤੇ ਰਾਘਵ—ਹੌਸਲੇ ਅਤੇ ਜ਼ਿੰਮੇਵਾਰੀ ਦੀ ਨਵੀਂ ਮਿਸਾਲ ਬਣ ਰਹੇ ਹਨ।ਆਰਥਿਕ ਤੰਗੀ ਅਤੇ ਸਖ਼ਤ ਪੜ੍ਹਾਈ ਦੇ ਵਿਚਕਾਰ ਸੰਤੁਲਨ ਬਣਾਉਂਦੇ ਹੋਏ, ਇਹ ਨੌਜਵਾਨ ਸਾਬਤ ਕਰ ਰਹੇ ਹਨ ਕਿ ਮਿਹਨਤ ਅਤੇ ਲਗਨ ਨਾਲ ਹਰ ਰੁਕਾਵਟ ਨੂੰ ਪਾਰ ਕੀਤਾ ਜਾ ਸਕਦਾ ਹੈ।ਦਿਨ ਵਿੱਚ ਇਹ ਆਪਣੇ ਸੁਪਨਿਆਂ ਦੇ ਪਿੱਛੇ ਦੌੜਦੇ ਵਿਦਿਆਰਥੀ ਹਨ, ਤੇ ਸਵੇਰੇ ਅਤੇ ਰਾਤ ਨੂੰ ਆਪਣੇ ਘਰਾਂ ਦੀ ਆਰਥਿਕ ਮਜ਼ਬੂਤੀ ਦਾ ਸਹਾਰਾ ਬਣਦੇ ਹਨ।ਅਮਨ, ਚਾਰ ਭੈਣ-ਭਰਾਵਾਂ ਵਿੱਚ ਸਭ ਤੋਂ ਛੋਟਾ, ਆਪਣੇ ਪਰਿਵਾਰ ਦੀ ਮਦਦ ਲਈ ਸਕੂਲ ਤੋਂ ਬਾਅਦ ਅੱਠ ਘੰਟੇ ਦੀ ਨੌਕਰੀ ਕਰਦਾ ਹੈ। ਥਕਾਵਟ ਭਰੇ ਦਿਨ ਦੇ ਬਾਵਜੂਦ, ਉਸ ਨੇ 71% ਅੰਕ ਪ੍ਰਾਪਤ ਕੀਤੇ।ਰਾਘਵ, ਇੱਕ ਮਿਹਨਤੀ ਸਕੂਲ ਵੈਨ ਡਰਾਈਵਰ ਦਾ ਪੁੱਤਰ, ਨੇ ਵੀ ਛੋਟੀ ਉਮਰ ਵਿੱਚ ਜ਼ਿੰਮੇਵਾਰੀਆਂ ਸੰਭਾਲੀਆਂ। ਉਸਨੇ ਪੜ੍ਹਾਈ ਨਾਲ ਨਾਲ ਕੰਮ ਕਰਕੇ 60% ਅੰਕਾਂ ਨਾਲ ਇਮਿਤਿਹਾਨ ਪਾਸ ਕੀਤਾ ਅਤੇ ਬਾਅਦ ਵਿੱਚ ਜ਼ੈਪਟੋ ਨਾਲ ਡਿਲਿਵਰੀ ਭਾਗੀਦਾਰ ਵਜੋਂ ਜੁੜ ਗਿਆ।ਸੀ ਟੀ ਗਰੁੱਪ ਦੇ ਅਧਿਆਪਕ ਅਤੇ ਪ੍ਰਬੰਧਨ ਨੇ ਹਮੇਸ਼ਾ ਇਨ੍ਹਾਂ ਵਿਦਿਆਰਥੀਆਂ ਦਾ ਸਾਥ ਦਿੱਤਾ ਤੇ ਉਨ੍ਹਾਂ ਨੂੰ ਹੌਸਲਾ ਦਿੱਤਾ।ਪ੍ਰਿੰਸੀਪਲ ਡਾ. ਸੀਮਾ ਅਰੋੜਾ ਨੇ ਕਿਹਾ ਕਿ ਇਹ ਵਿਦਿਆਰਥੀ ਸਿਰਫ਼ ਕਾਮਯਾਬੀ ਹੀ ਨਹੀਂ, ਸਗੋਂ ਚੰਗੇ ਚਰਿੱਤਰ ਅਤੇ ਜ਼ਿੰਮੇਵਾਰੀ ਦੀ ਵੀ ਸਿੱਖਿਆ ਦਿੰਦੇ ਹਨ।



## ਅਰਮਾਨ ਸਿੰਘ ਢਿੱਲੋਂ ਅਮਰੀਕਾ ਪੁਲਸ 'ਚ ਭਰਤੀ

**ਆਦਮਪੁਰ (ਪਰਮਜੀਤ ਸਿੰਘ)**

ਅਮਰੀਕਾ ਦਾ ਜੰਮਪਲ, ਸਵਾ.ਸੋਹਣ ਸਿੰਘ ਢਿੱਲੋਂ ਤੇ ਦਰਸ਼ਨ ਕੌਰ ਢਿੱਲੋਂ ਦਾ ਪੋਤਰੇ ਅਤੇ ਪਰਮਜੀਤ ਸਿੰਘ ਢਿੱਲੋਂ ਤੇ ਬੀਬੀ ਗੁਰਪ੍ਰੀਤ ਕੌਰ ਢਿੱਲੋਂ ਦਾ ਸਪੁੱਤਰ ਅਰਮਾਨ ਸਿੰਘ ਢਿੱਲੋਂ ਨੇ ਅਮਰੀਕਾ ਦੀ ਪੁਲਿਸ ਵਿੱਚ ਡਿਪਟੀ ਸ਼ੈਰਿਫ਼ ਅਹੁਦੇ 'ਤੇ ਅਫ਼ਸਰ ਭਰਤੀ ਹੋ ਕੇ ਸਾਬਤ ਸੂਰਤ ਸਰੂਪ ਗੁਰੂ ਸਾਹਿਬ ਦੀ ਦਸਤਾਰ ਦੀ ਸ਼ਾਨ ਵਧਾਈ ਹੈ। ਇਸ ਪ੍ਰਾਪਤੀ ਤੋਂ ਬਾਅਦ ਪਿੰਡ ਵਿਧਾਨ ਸਭਾ ਹਲਕਾ ਆਦਮਪੁਰ ਦੇ ਪਿੰਡ ਸਲਾਲਾ ਸਮੇਤ ਇਲਾਕੇ ਦੇ ਪਰਵਾਰਾਂ ਵਿੱਚ ਖ਼ੁਸ਼ੀ ਦੀ ਲਹਿਰ ਦੌੜ ਗਈ ਹੈ ਅਤੇ ਉਨ੍ਹਾਂ ਦੇ ਗ੍ਰਹਿ ਵਿਖੇ ਵਧਾਈਆਂ ਦੇਣ ਵਾਲਿਆਂ ਦਾ ਤਾਂਤਾ ਲੱਗਿਆ ਹੋਇਆ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਅਮਨਦੀਪ ਸਿੰਘ ਢਿੱਲੋਂ ਨੰਬਰਦਾਰ, ਰਾਣਾ ਸਿੰਘ,ਰਜਿੰਦਰ ਸਿੰਘ ਮੰਗੀ ਪਰਿਵਾਰਿਕ ਮੈਂਬਰ ਪਿੰਡ ਸਲਾਲਾ ਜਾਣਕਾਰੀ ਦਿੰਦੇ ਦੱਸਿਆ ਪਰਵਾਰ ਪਿਛਲੇ 41 ਸਾਲਾਂ ਤੋਂ ਵੱਧ ਸਮੇਂ ਤੋਂ ਯੂਨੀਅਨ ਸਿਟੀ, ਕੈਲੀਫੋਰਨੀਆ (ਅਮਰੀਕਾ) ਵਿਖੇ ਰਹਿ ਰਿਹਾ ਹੈ। ਉਨ੍ਹਾਂ ਦੇ 29 ਸਾਲਾ ਅਮਰੀਕਾ ਦੇ ਜੰਮਪਲ ਬੇਟੇ ਅਰਮਾਨ ਸਿੰਘ ਢਿੱਲੋਂ ਨੇ ਉੱਥੋਂ ਹੀ ਆਪਣੀ ਮੁੱਢਲੀ ਪੜ੍ਹਾਈ ਮੁਕੰਮਲ ਕੀਤੀ। ਇਸ ਤੋਂ ਬਾਅਦ ਯੂਨੀਵਰਸਿਟੀ ਵਿੱਚੋਂ 5 ਸਾਲ ਦੀ ਬਾਇਓ ਦੀ ਡਿਗਰੀ ਚੰਗੇ ਨੰਬਰਾਂ ਨਾਲ ਪਾਸ ਕੀਤੀ। ਆਪਣੀ ਉੱਚ ਵਿੱਦਿਆ ਅਤੇ ਸਖ਼ਤ ਟ੍ਰੇਨਿੰਗ ਦੇ ਬਲਬੂਤੇ ਉਹ ਮੈਡੀਕਲ ਵਿੱਚ ਐਨੀਮੀਆ ਕਾਊਂਟੀ ਪੁਲਿਸ ਸ਼ੈਰਿਫ਼ ਅਮਰੀਕਾ ਵਿੱਚ ਭਰਤੀ ਹੋਇਆ ਹੈ।ਸਭ ਤੋਂ ਵਿਸ਼ੇਸ਼ ਗੱਲ ਇਹ ਹੈ ਕਿ ਅਰਮਾਨ ਸਿੰਘ ਨੇ ਗੁਰੂ ਸਾਹਿਬ ਵੱਲੋਂ ਬਖ਼ਸ਼ਿਸ਼ ਕੀਤੀ ਦਸਤਾਰ ਤੇ ਸਾਬਤ ਸੂਰਤ ਸਰੂਪ ਨੂੰ ਮੁੱਖ ਰੱਖਦਿਆਂ ਅਮਰੀਕਾ ਪੁਲਿਸ ਵਿੱਚ ਵਰਦੀ ਦੇ ਨਾਲ ਆਪਣੀ ਦਸਤਾਰ ਸਜਾ ਕੇ ਗੁਰੂ ਦੀ ਨਿਸ਼ਾਨੀ ਨੂੰ ਮਾਣ ਦਵਾਇਆ ਹੈ। ?ਇਸ ਖ਼ੁਸ਼ੀ ਦੇ ਮੌਕੇ ਚਾਚਾ ਅਮਨਦੀਪ ਸਿੰਘ ਢਿੱਲੋਂ, ਰਾਣਾ ਸਿੰਘ ਵੱਲੋਂ ਭਤੀਜੇ ਅਰਮਾਨ ਸਿੰਘ ਢਿੱਲੋਂ ਦੀ ਇਸ ਵੱਡੀ ਸਫ਼ਲਤਾ 'ਤੇ ਗੁਰੂ ਸਾਹਿਬ ਦਾ ਸ਼ੁਕਰਾਨਾ ਕਰਦਿਆਂ ਕਿਹਾ ?ਸਿੱਖ ਧਰਮ ਵਿੱਚ ਦਸਤਾਰ ਸਿਰਫ਼ ਇੱਕ ਕੱਪੜਾ ਨਹੀਂ, ਸਗੋਂ ਸਿੱਖੀ ਦਾ ਅਨਿੱਖੜਵਾਂ ਅੰਗ ਹੈ। ਗੁਰੂ ਸਾਹਿਬ ਦੀ ਬਖ਼ਸ਼ਿਸ਼ ਇਹ ਦਾਤ ਸਾਡੇ ਮਾਣ-ਸਤਿਕਾਰ, ਆਤਮ-ਵਿਸ਼ਵਾਸ, ਉੱਚੇ ਕਿਰਦਾਰ ਅਤੇ ਵੱਖਰੀ ਪਛਾਣ ਨੂੰ ਉਜਾਗਰ ਕਰਦੀ ਹੈ।



## ਆਰ ਐੱਮ ਪੀ ਆਈ ਤੇ ਸੀ ਪੀ ਆਈ ਐੱਮ ਐੱਲ ਲਿਬਰੇਸ਼ਨ ਦੇ ਆਗੂਆਂ ਨੇ ਫੂਕਿਆ ਮੋਦੀ ਦਾ ਪੁਤਲਾ



**ਮਾਹਿਲਪੁਰ (ਸ.ਫ਼ਰੀ)**-ਚੋਣਾਂ ਤੋਂ ਬਾਅਦ ਕੇਂਦਰ ਦੀ ਮੋਦੀ ਸਰਕਾਰ ਵਲੋਂ ਤੇਲ ਦੀਆਂ ਕੀਮਤਾਂ ਵਿੱਚ ਕੀਤਾ ਵਾਧਾ ਅਤੇ ਮਹਿੰਗਾਈ ਦੇ ਵਿਰੋਧ ਵਿੱਚ ਆਰ ਐੱਮ ਪੀ ਆਈ ਤੇ ਸੀ ਪੀ ਆਈ ਐੱਮ ਐੱਲ ਲਿਬਰੇਸ਼ਨ ਦੇ ਵਰਕਰਾਂ ਨੇ ਮੱਖਣ ਸਿੰਘ ਲੰਗੇਰੀ, ਮਲਕੀਤ ਸਿੰਘ ਬਾਹੋਵਾਲ, ਸੋਹਣ ਸਿੰਘ ਭੂੰਨੋ ਅਤੇ ਸ਼ੇਰ ਜੰਗ ਬਹਾਦਰ ਸਿੰਘ ਦੀ ਅਗਵਾਈ ਵਿੱਚ ਮਾਹਿਲਪੁਰ ਕਚਹਿਰੀਆਂ ਵਿਖੇ ਨਰਿੰਦਰ ਮੋਦੀ ਦਾ ਪੁਤਲਾ ਫੂਕਿਆ ਗਿਆ।ਆਗੂਆਂ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਕਿਸਾਨਾਂ, ਮਜਦੂਰਾਂ ਅਤੇ ਮਿਹਨਤਕਸ਼ ਲੋਕਾਂ ਦਾ ਮਹਿੰਗਾਈ ਨਾਲ ਕਚੂੰਬਰ ਕੱਢ ਰਹੀ ਹੈ ਜਿਸ ਨਾਲ ਉਹਨਾਂ ਦਾ ਜੀਵਨ ਦੁਰਭਰ ਹੋ ਰਿਹਾ ਹੈ। ਇਸ ਮੌਕੇ ਕੇਂਦਰ ਦੀ ਮੋਦੀ ਸਰਕਾਰ ਵਿਰੁੱਧ ਜੰਮਕੇ ਨਾਅਰੇਬਾਜੀ ਕੀਤੀ ਗਈ।ਇਸ ਮੌਕੇ ਮੱਖਣ ਸਿੰਘ ਲੰਗੇਰੀ, ਮਲਕੀਤ ਸਿੰਘ ਬਾਹੋਵਾਲ, ਸੋਹਣ ਸਿੰਘ ਭੂੰਨੋ, ਸ਼ੇਰ ਜੰਗ ਬਹਾਦਰ ਸਿੰਘ, ਓਮ ਦੱਤ, ਸੋਹਣ ਲਾਲ, ਰਾਮ ਆਸਰਾ, ਮਾਸਟਰ ਜੈ ਰਾਮ ਬਾੜੀਆਂ, ਭਗਵੰਤ ਰਾਏ, ਅਜੀਤ ਸਿੰਘ ਡਾਂਡੀਆਂ, ਬਲਦੇਵ ਸਿੰਘ ਸਕਰੂਲੀ, ਚਾਨਣ ਸਿੰਘ, ਰਜਿੰਦਰ ਕੁਮਾਰ ਜੇਜੋਂ, ਲਸ਼ਮਣ ਸਿੰਘ, ਰੋਹਤਾਸ਼ ਆਦਿ ਹਾਜਰ ਸਨ।

## ਅੱਜ ਬਾਅਦ ਦੁਪਹਿਰ 3 ਵਜੇ ਤੱਕ ਵਾਪਸ ਲਏ ਜਾ ਸਕਦੇ ਨੇ ਕਾਗਜ਼

**ਜਲੰਧਰ (ਸੁਰਿੰਦਰ ਕੁਮਾਰ)**-ਨਗਰ ਨਿਗਮਾਂ ਤੇ ਨਗਰ ਕੌਂਸਲ, ਨਗਰ ਪੰਚਾਇਤਾਂ ਦੀਆ 26 ਮਈ ਹੋਣ ਵਾਲੀਆ ਚੌਣਾਂ ਦੇ ਸਬੰਧ ਵਿਚ ਸਰਗਰਮੀਆਂ ਤੇਜ ਹੋ ਗਈ ਹਨ ਜਿਸ ਦੇ ਤਹਿਤ ਹੁਣ 19 ਮਈ ਨੂੰ ਬਾਅਦ ਦੁਪਹਿਰ 3 ਵਜੇ ਤੱਕ ਵਾਪਸ ਲਏ ਜਾ ਸਕਦੇ ਨੇ ਕਾਗਜ਼। ਰਾਜ ਚੋਣ ਕਮਿਸ਼ਨ, ਪੰਜਾਬ ਵੱਲੋਂ ਨਗਰ ਨਿਗਮ/ਨਗਰ ਕੌਂਸਲ/ਨਗਰ ਪੰਚਾਇਤ ਦੀਆਂ ਆਮ ਚੋਣਾਂ-2026 ਸਬੰਧੀ ਜਾਰੀ ਸ਼ਡਿਊਲ ਅਨੁਸਾਰ ਜ਼ਿਲ੍ਹੇ ਵਿਚਲੀਆਂ 5 ਨਗਰ ਕੌਂਸਲਾਂ ਅਤੇ 2 ਨਗਰ ਪੰਚਾਇਤਾਂ ਲਈ ਨਾਮਜ਼ਦਗੀਆਂ ਭਰਨ ਦੇ ਆਖਰੀ ਦਿਨ 330 ਨਾਮਜ਼ਦਗੀਆਂ ਪ੍ਰਾਪਤ ਹੋਈਆਂ, ਜਿਸ ਉਪਰੰਤ ਹੁਣ ਤੱਕ ਕੁੱਲ ਨਾਮਜ਼ਦਗੀਆਂ ਦੀ ਗਿਣਤੀ 452 ਹੋ ਗਈ ਹੈ।ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ)-ਕਮ-ਵਧੀਕ ਜ਼ਿਲ੍ਹਾ ਚੋਣ ਅਫ਼ਸਰ, ਜਲੰਧਰ ਦਿਵਿਆ ਪੀ. ਨੇ ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਨਗਰ ਕੌਂਸਲ ਆਦਮਪੁਰ ਦੇ 13 ਵਾਰਡਾਂ ਲਈ 49, ਨਗਰ ਕੌਂਸਲ ਕਰਤਾਰਪੁਰ ਦੇ 15 ਵਾਰਡਾਂ ਲਈ 38, ਨਗਰ ਕੌਂਸਲ ਨਕੋਦਰ ਦੇ 17 ਵਾਰਡਾਂ ਲਈ 35, ਨਗਰ ਕੌਂਸਲ ਨੂਰਮਹਿਲ ਦੇ 13 ਵਾਰਡਾਂ ਲਈ 58 ਅਤੇ ਨਗਰ ਕੌਂਸਲ ਫਿਲੌਰ ਦੇ 15 ਵਾਰਡਾਂ ਲਈ 42 ਨਾਮਜ਼ਦਗੀਆਂ ਪ੍ਰਾਪਤ ਹੋਈਆਂ।ਇਸੇ ਤਰ੍ਹਾਂ ਨਗਰ ਪੰਚਾਇਤ ਲੋਹੀਆਂ ਖਾਸ ਦੇ 13 ਵਾਰਡਾਂ ਲਈ 52 ਅਤੇ ਨਗਰ ਪੰਚਾਇਤ ਮਹਿਤਪੁਰ ਦੇ 13 ਵਾਰਡਾਂ ਲਈ 56 ਨਾਮਜ਼ਦਗੀਆਂ ਦਾਖ਼ਲ ਹੋਈਆਂ।

## ਕਜਲਾ ਗੋਤ ਦੇ ਜਠੇਰਿਆਂ ਦਾ ਜੋੜ ਮੇਲਾ ਸੰਪੰਨ

**ਅੱਡਾ ਸਰਾਂ (ਜਸਵੀਰ ਕਾਜਲ)**

ਪਿੰਡ ਮਰਨਾਈਆ (ਹੁਸ਼ਿਆਰਪੁਰ) ਵਿਖੇ ਕਜਲਾ ਜਠੇਰਿਆਂ ਦੇ ਦਰਬਾਰ ਤੇ ਪ੍ਰਬੰਧਕ ਕਮੇਟੀ ਵਲੋ ਕਜਲਾ ਪਰਵਾਰਾਂ, ਸਮੂਹ ਨਗਰ ਨਿਵਾਸੀਆਂ ਅਤੇ ਐਨ ਆਰ ਆਈ ਸੰਗਤਾਂ ਦੇ ਸਹਿਯੋਗ ਨਾਲ ਸਾਲਾਨਾ ਜੋੜ ਮੇਲਾ ਸਰਧਾ ਪੂਰਬਿਕ ਸੰਪੰਨ ਹੋਇਆ।ਇਸ ਮੌਕੇ ਕਜਲਾ ਪਰਵਾਰਾਂ ਵਲੋਂ ਕਜਲਾ ਜਠੇਰਿਆਂ ਦੇ ਦਰਬਾਰ ਤੇ ਚਾਦਰ, ਚੋਰਾਗ ਰੋਸ਼ਨ ਅਤੇ ਝੰਡੇ ਦੀ ਰਸਮ ਅਦਾ ਕੀਤੀ ਅਤੇ ਸਰਬਤ ਭਲੇ ਦੀ ਅਰਦਾਸ ਕਰਨ ਉਪਰੰਤ ਧਾਰਮਿਕ ਪੰਡਾਲ ਸਜਾਇਆ ਗਿਆ ਜਿਸ ਵਿੱਚ ਪੰਜਾਬ ਦੇ ਮਸ਼ਹੂਰ ਗਾਇਕ ਵਿਕੀ ਬਹਾਦਰ ਐਡ ਪਾਰਟੀ, ਰੈਪੀ ਹੁਸੈਨਪੁਰ ਪਾਰਟੀ, ਕਜਲਾ ਸਿਸਟਰ ਤੋਂ ਇਲਾਵਾ ਹੋਰ ਗਾਇਕ ਜਥਿਆਂ ਨੇ ਧਾਰਮਿਕ ਸਬਦਾਂ ਨਾਲ ਨਿਹਾਲ ਕੀਤਾ ਗਿਆ ਤੇ ਇਸ ਮੌਕੇ ਵਿਸ਼ੇਸ਼ ਤੌਰ 'ਤੇ ਡਾ. ਰਾਜ ਕੁਮਾਰ ਪਾਰਲੀਮੈਂਟ ਮੈਬਰ ਵੀ ਪਹੁੰਚੇ ਤੇ ਉਨ੍ਹਾਂ ਕਿਹਾ ਕਜਲਾ ਪਰਿਵਾਰ ਦੀ ਸੰਗਤ ਵੱਡੀ ਤਦਾਦ ਵਿਚ ਬਹੁਤ ਸਰਧਾ ਨਾਲ ਪਹੁਚੀ ਹੈ। ਇਹ ਵੱਡੇ ਵੇਡਰੇ, ਜਠੇਰਿਆਂ ਦਾ ਅਸ਼ੀਰਵਾਦ ਹੈ। ਉਨ੍ਹਾਂ ਇਸ ਮੌਕੇ ਪ੍ਰਬੰਧਕ ਕਮੇਟੀ ਨੂੰ ਪੰਜ ਲੱਖ ਰੁਪਏ ਦੇਣ ਦਾ ਐਲਾਨ ਕੀਤਾ ਹੈ। ਇਸ ਮੌਕੇ ਸੰਗਤਾਂ ਵਲੋ ਠੰਡੇ ਮਿਠੇ ਜਲ ਦੀਆਂ ਛਬੀਲਾਂ ਲਗਾਈਆ ਗਈਆਂ ਤੇ ਗੁਰੂ ਦਾ ਅਟੁੱਟ ਲੰਗਰ ਵੀ ਵਰਤਿਆ ਗਿਆ। ਇਸ ਮੌਕੇ ਚੈਅਰਮੈਨ ਨਿਰਵੈਰ ਸਿੰਘ, ਪ੍ਰਧਾਨ ਬੂਟਾ ਰਾਮ ਨਾਗਰਾ, ਮੀਤ ਪ੍ਰਧਾਨ ਜਸਵਿੰਦਰ ਸਿੰਘ ਸਰਪੰਚ ਸਰਪੰਚ ਸਾਧਰਾਂ, ਕੈਸੀਆਰ ਸੁਖਵਿੰਦਰ ਕਜਲਾ ਮੁਜਫਰਪੁਰ, ਸੇਕਟਰੀ ਨੀਲਮ ਨਾਗਰਾ, ਕੈਸ਼ੀਅਰ ਪਰਮਿੰਦਰ ਸਿੰਘ ਕਜਲਾ, ਕੈਸੀਆਰ ਦਿਲਾਵਰ ਸਿੰਘ ਕਜਲਾ, ਮੀਡੀਆ ਇੰਚਾਰਜ ਗੁਰਮੇਲ ਸਿੰਘ ਨਸਰਾਲਾ, ਮੈਬਰ ਬਲਵੀਰ ਸਿੰਘ ਫੌਜੀ, ਮੈਂਬਰ ਪਿੰਦਰ ਸਰਪੰਚ ਮਰਨਾਈਆ ਮੈਬਰ ਬਲਵੀਰ ਚੱਕ ਬਿਲਗਾ, ਮੈਬਰ ਗਿਆਨ ਚੰਦ ਆਦਿ ਕਜਲਾ ਪਰਵਾਰ ਦੀਆਂ ਸੰਗਤਾਂ ਹਾਜਰ ਸਨ।



## ਲੋੜਵੰਦ ਵਿਅਕਤੀਆਂ ਨੂੰ ਦੰਦਾਂ ਦੇ ਡੈਂਚਰ ਦਿੱਤੇ



**ਜੇਜੋ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**-ਡੇਰਾ ਲੋਹ ਲੰਗਰ ਗੁਰਦੁਆਰਾ ਸੁਸਾਇਟੀ ਪਿੰਡ ਨੰਗਲ ਖੁਰਦ ਵੱਲੋਂ ਲੋੜਵੰਦ ਮਰੀਜ਼ਾਂ ਨੂੰ ਦੰਦਾਂ ਦੇ ਡੈਂਚਰ ਵੰਡੇ ਗਏ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਇਸ ਅਸਥਾਨ ਦੇ ਮੁੱਖ ਸੇਵਾਦਾਰ ਸੰਤ ਬਾਬਾ ਵਿਕਰਮਜੀਤ ਸਿੰਘ ਨੇ ਦੱਸਿਆ ਕਿ ਡੇਰਾ ਬਿਸ਼ਨਪੁਰੀ ਨੰਗਲ ਖੁਰਦ ਵਿਖੇ ਹਰ ਸ਼ਨੀਵਾਰ ਨੂੰ ਸ਼ਾਮੀ 3 ਤੋਂ 5 ਵਜੇ ਤੱਕ ਡਾਕਟਰ ਵਰੁਨ ਸਹੋਤਾ ਅਤੇ ਡਾਕਟਰ ਪਰਮਿੰਦਰ ਕੌਰ ਵਿਸ਼ੇਸ਼ ਤੌਰ +ਤੇ ਪਹੁੰਚਦੇ ਹਨ। ਇਸ ਮੌਕੇ ਮਰੀਜ਼ਾਂ ਦੀਆ ਦੰਦਾਂ, ਸਕਿਨ ਅਤੇ ਹੋਰ ਬਿਮਾਰੀਆਂ ਦਾ ਚੈੱਕ ਕਰਕੇ ਮੁਫਤ ਦਵਾਈ ਦਿਤੀ ਜਾਂਦੀ ਹੈ। ਸੰਤ ਵਿਕਰਮਜੀਤ ਸਿੰਘ ਨੇ ਦੱਸਿਆ ਕਿ ਪਿੰਡ ਨੰਗਲ ਖੁਰਦ ਵਿਖੇ ਇੱਕ ਨਵਾਂ ਹਸਪਤਾਲ ਉਸਾਰਿਆ ਜਾ ਰਿਹਾ ਹੈ। ਹਸਪਤਾਲ ਦੇ ਬਣਨ ਨਾਲ ਇਲਾਕੇ ਨੂੰ ਭਰਪੂਰ ਫਾਇਦਾ ਹੋਵੇਗਾ। ਉਹਨਾਂ ਦੱਸਿਆ ਕਿ ਸੁਸਾਇਟੀ ਦੇ ਮੈਂਬਰ ਸੁਸਾਇਟੀ ਦੇ ਕੰਮ ਕਾਰ ਨੂੰ ਹੋਰ ਵੀ ਉਸਾਰੂ ਢੰਗ ਨਾਲ ਚਲਾਉਣ ਲਈ ਹਰ ਤਰ੍ਹਾਂ ਦੇ ਉਪਰਾਲੇ ਕਰਦੇ ਰਹਿੰਦੇ ਹਨ।

## ਜੇਠ ਮਹੀਨੇ ਦੀ ਸੰਗਰਾਂਦ ਦਾ ਦਿਹਾੜਾ ਮਨਾਇਆ

**ਆਦਮਪੁਰ (ਪਰਮਜੀਤ ਸਿੰਘ)**

ਗੁਰਦੁਆਰਾ ਸ਼ਹੀਦ ਬਾਬਾ ਮੱਤੀ ਜੀ ਵਿਖੇ ਜੇਠ ਮਹੀਨੇ ਦੀ ਸੰਗਰਾਂਦ ਦਾ ਦਿਹਾੜਾ ਸਮੂਹ ਨਗਰ ਨਿਵਾਸੀਆਂ, ਇਲਾਕਾ ਵਾਸੀਆਂ ਤੇ ਸੰਗਤਾਂ ਦੇ ਸਹਿਯੋਗ ਨਾਲ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਮਨੋਹਰ ਸਿੰਘ ਡਰੋਲੀ ਕਲਾਂ ਦੀ ਦੇਖ ਰੇਖ ਹੇਠ ਪੂਰਨ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਪਰਸੋਂ ਤੋਂ ਅਰੰਭ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਭੋਗ ਪਾਏ ਗਏ ਉਪਰੰਤ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਮਨੋਹਰ ਸਿੰਘ ਨੇ ਦੱਸਿਆ ਕਿ ਸੰਗਰਾਂਦ ਦਿਹਾੜੇ ਮੌਕੇ ਸਵੇਰ 8 ਵਜੇ ਤੋਂ ਦੁਪਹਿਰ 1.30 ਵਜੇ ਤੱਕ ਸਜੇ ਦੀਵਾਨਾਂ ਅੰਦਰ ਪ੍ਰਸਿੱਧ ਰਾਗੀ, ਢਾਡੀ, ਕਥਾਵਾਚਕ ਜਥਿਆਂ ਵਿੱਚ ਭਾਈ ਗੁਰਸ਼ੀਤ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਸ਼ਹੀਦ ਬਾਬਾ ਮੱਤੀ ਜੀ,ਹਜ਼ੂਰੀ ਰਾਗੀ ਭਾਈ ਕੁਲਵਿੰਦਰ ਸਿੰਘ ਮਾਹਲ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਢਾਡੀ ਜੱਥਾ ਭਾਈ ਲਛਮਣ ਸਿੰਘ ਖਾਨਪੁਰ, ਕਥਾਵਾਚਕ ਭਾਈ ਹਰਵਿੰਦਰ ਸਿੰਘ ਜੰਮੂ, ਰਾਗੀ ਜੱਥਾ ਬੀਬੀ ਨਵਜੋਤ ਕੌਰ ਜਲੰਧਰ ਵਾਲਿਆਂ ਵਲੋਂ ਸੰਗਤਾਂ ਨੂੰ ਕੀਰਤਨ, ਕਥਾ ਅਤੇ ਢਾਡੀ ਵਾਰਾਂ ਰਾਹੀਂ ਗੁਰਬਾਣੀ ਨਾਲ ਜੋੜ ਨਿਹਾਲ ਕੀਤਾ ਗਿਆ। ਇਸ ਮੌਕੇ ਗੁਰੂ ਕਾ ਲੰਗਰ ਅਟੁੱਟ ਵਰਤਾਇਆ ਗਿਆ। ਇਸ ਮੌਕੇ ਉਨ੍ਹਾਂ ਸਭਨਾਂ ਸੰਗਤਾਂ ਤੇ ਸਹਿਯੋਗੀਆਂ ਦਾ ਧੰਨਵਾਦ ਕਰਦਿਆਂ ਸਭਨਾਂ ਨੂੰ ਸੰਗਰਾਂਦ ਦੇ ਦਿਹਾੜੇ ਦੀ ਵਧਾਈ ਦਿੱਤੀ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਸਕੱਤਰ ਰਣਵੀਰ ਪਾਲ ਸਿੰਘ, ਜਰਨੈਲ ਸਿੰਘ, ਸਰਪੰਚ ਰਸਪਾਲ ਸਿੰਘ ਪਾਲਾ, ਜਸਪਾਲ ਸਿੰਘ ਸਾਬਾ, ਨਰਿੰਦਰ ਪਾਲ ਸਿੰਘ ਨਿੰਦੀ, ਕੁਲਦੀਪ ਸਿੰਘ, ਹਰਦਿਆਲ ਸਿੰਘ, ਅਮਰਜੀਤ ਸਿੰਘ, ਡਾ. ਰਣਧੀਰ ਸਿੰਘ ਰੰਧਾਵਾ, ਕੁਲਦੀਪ ਸਿੰਘ ਮਿਨਹਾਸ, ਦਲਜੀਤ ਸਿੰਘ ਭੱਟੀ ਤੇ ਵੱਡੀ ਗਿਣਤੀ ਵਿੱਚ ਇਲਾਕਾ ਵਾਸੀ ਗੁਰੂ ਘਰ ਦਾ ਆਸ਼ੀਰਵਾਦ ਲਿਆ। ਸਟੇਜ ਸਕੱਤਰ ਦੀ ਭੂਮਿਕਾ ਮਾਸਟਰ ਸੁਰਜੀਤ ਸਿੰਘ ਨੇ ਨਿਭਾਈ।



## ਜਿੰਪਾ ਨੇ ਸੜਕ ਨਿਰਮਾਣ ਕਾਰਜ ਦੀ ਕਰਵਾਈ ਸ਼ੁਰੂਆਤ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**

ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਨੇ ਵਾਰਡ ਨੰਬਰ 31 ਵਿਚ ਕਰੀਬ 20 ਲੱਖ ਰੁਪਏ ਦੀ ਲਾਗਤ ਨਾਲ ਹੋਣ ਵਾਲੇ ਸੜਕ ਨਿਰਮਾਣ ਕਾਰਜ ਦੀ ਸ਼ੁਰੂਆਤ ਕਰਵਾਉਂਦਿਆਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਪਿਛਲੇ ਚਾਰ ਸਾਲਾਂ ਦੌਰਾਨ ਸੂਬੇ ਵਿਚ ਸਾਰੀਆਂ ਬੁਨਿਆਦੀ ਸਹੂਲਤਾਂ ਯਕੀਨੀ ਬਣਾਈਆਂ ਗਈਆਂ ਹਨ ਜਿਸ ਨਾਲ ਸ਼ਹਿਰੀ ਅਤੇ ਪੇਂਡੂ ਖੇਤਰਾਂ ਦੀ ਨੁਹਾਰ ਬਦਲੀ ਹੈ। ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਨੇ ਕਿਹਾ ਕਿ ਹੁਸ਼ਿਆਰਪੁਰ ਸ਼ਹਿਰ ਦੇ ਹਰ ਖੇਤਰ ਵਿਚ ਸੜਕਾਂ, ਗਲੀਆਂ, ਸੁਚੱਜੇ ਪਾਣੀ ਸਪਲਾਈ ਲਈ ਟਿਊਬਵੈੱਲ ਲਾਉਣ ਤੋਂ ਇਲਾਵਾ ਲੋਕ ਭਲਾਈ ਕਾਰਜਾਂ ਨੂੰ ਵੱਡੇ ਪੱਧਰ 'ਤੇ ਅਮਲੀ ਜਾਮਾ ਪਹਿਨਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਸ਼ਹਿਰ ਦੇ ਸਾਰੇ ਇਲਾਕਿਆਂ ਵਿਚ ਲੋਕਾਂ ਦੀ ਮੰਗ ਅਨੁਸਾਰ ਲਗਾਤਾਰ ਵਿਕਾਸ ਕਾਰਜ ਕਰਵਾਏ ਗਏ ਹਨ ਅਤੇ ਭਵਿੱਖ ਵਿਚ ਵੀ ਇਹ ਲੜੀ ਬਰਕਰਾਰ ਰਹੇਗੀ ਤਾਂ ਜੋ ਲੋਕਾਂ ਨੂੰ ਲੋੜੀਂਦੀਆਂ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਸਕਣ।ਉਨ੍ਹਾਂ ਕਿਹਾ ਕਿ ਵਾਰਡ ਨੰਬਰ 31 ਵਿੱਚ ਬਣਾਈ ਜਾ ਰਹੀ ਸੜਕ ਸਥਾਨਕ ਨਿਵਾਸੀਆਂ ਲਈ ਵੱਡੀ ਸਹੂਲਤ ਸਾਬਤ ਹੁੰਦਿਆਂ ਉਨ੍ਹਾਂ ਦੀ ਆਵਾਜਾਈ ਨੂੰ ਹੋਰ ਸੁਖਾਲਾ ਕਰੇਗੀ। ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਮੰਗਾਂ ਅਤੇ ਜ਼ਰੂਰਤਾਂ ਨੂੰ ਤਰਜੀਹ ਦਿੰਦੇ ਹੋਏ ਵਿਕਾਸ ਕਾਰਜਾਂ ਵਿੱਚ ਤੇਜ਼ੀ ਲਿਆਂਦੀ ਜਾ ਰਹੀ ਹੈ। ਵਿਧਾਇਕ ਜਿੰਪਾ ਨੇ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਸਾਰੀ ਦਾ ਕੰਮ ਨਿਰਧਾਰਤ ਸਮੇਂ ਦੇ ਅੰਦਰ ਗੁਣਵੱਤਾ ਦੇ ਨਾਲ ਪੂਰਾ ਕੀਤਾ ਜਾਵੇ।ਇਸ ਮੌਕੇ ਮੇਅਰ ਸੁਰਿੰਦਰ ਕੁਮਾਰ, ਕੌਂਸਲਰ ਮੋਨਿਕਾ ਕਤਨਾ, ਬਲਵਿੰਦਰ ਕਤਨਾ, ਖੈਰਾਤੀ ਲਾਲ ਕਤਨਾ, ਮਦਨ ਮੋਹਨ ਗੁਪਤਾ, ਮਹਿੰਦਰਪਾਲ ਗੁਪਤਾ, ਕਿਸ਼ਨ ਲਾਲ, ਦੀਪਕ ਅਰੋੜਾ, ਲੇਖਰਾਜ ਸ਼ਰਮਾ, ਡਾ. ਮਹਿੰਦਰਾ, ਰਾਕੇਸ਼ ਬਾਂਸਲ, ਵਿਪਨ ਗੁਪਤਾ ਅਤੇ ਹੋਰ ਪਤਵੰਤੇ ਵੀ ਹਾਜ਼ਰ ਸਨ।



## ਸ਼ੀਂਹਮਾਰ ਜਠੇਰਿਆਂ ਦਾ ਮੇਲਾ ਮਨਾਇਆ



**ਬੰਗਾ (ਅਵਤਾਰ ਕਲੇਰ)**-ਜਠੇਰੇ ਸ਼ੀਂਹਮਾਰ ਪ੍ਰਬੰਧਕ ਕਮੇਟੀ ਤੇ ਸਮੂਹ ਸ਼ੀਂਹਮਾਰ ਪਰਵਾਰ ਵਲੋਂ ਸਾਲਾਨਾ ਮੇਲਾ ਪਿੰਡ ਘੁੰਮਣਾ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਸਭ ਤੋਂ ਪਹਿਲਾਂ ਝੰਡੇ ਦੀ ਰਸਮ ਅਦਾ ਕੀਤੀ ਗਈ। ਵੱਡੇ ਵਡੇਰਿਆਂ ਦੀ ਪੂਜਾ ਕੀਤੀ ਗਈ।ਉਪਰੰਤ ਸਟੇਜ ਸਜਾਈ ਗਈ ਜਿਸ ਵਿੱਚ ਨਾਮਵਰ ਕਲਾਕਾਰਾਂ ਬਲਵਿੰਦਰ ਹੁਸ਼ਿਆਰਪੁਰ- ਬੀਬਾ ਦੀਪਕ ਦੀਪ, ਨਰੇਸ਼ ਸੇਠੀ,ਧੀਰਾ ਸਿੱਧੂ ਚਾਂਦਨੀ-ਸਿਤਾਰਾ, ਭੋਲਾ ਕੋਮਲ-ਜਗਦੀਸ਼ ਜੋਤ, ਲੱਕੀ ਬੌਸ ਆਦਿ ਕਲਾਕਾਰਾਂ ਨੇ ਧਾਰਮਿਕ ਅਤੇ ਸੱਭਿਆਚਾਰ ਗੀਤਾਂ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਪ੍ਰਬੰਧਕਾਂ ਵੱਲੋਂ ਕਲਾਕਾਰਾਂ ਤੇ ਸੇਵਾਦਾਰਾਂ ਨੂੰ ਸਿਰਪਾਓ ਨਾਲ ਸਨਮਾਨਤ ਕੀਤਾ। ਦਰਬਾਰ ਤੇ ਚਾਹ ਪਕੌੜੇ ਤੇ ਲੰਗਰ ਅਟੁੱਟ ਵਰਤਾਇਆ ਗਿਆ। ਇਸ ਮੌਕੇ ਚੇਅਰਮੈਨ ਰਾਮੇਸ਼ ਲਾਲ ਫਗਵਾੜਾ, ਪ੍ਰਧਾਨ ਜਰਨੈਲ ਸਿੰਘ ਅੱਪਰਾ, ਸਕੱਤਰ ਸੁਰਜੀਤ ਸਿੰਘ ਅੱਪਰਾ, ਖਜਾਨਚੀ ਪਿਆਰਾ ਸਿੰਘ, ਰਾਮ ਆਸਰਾ ਰਾਣਾ, ਸੁਖਦੇਵ ਭੁੱਲਾਰਾਈ, ਜਸਵੰਤ ਰਾਏ ਅੱਪਰਾ, ਚਰਨਜੀਤ ਬਜੂਹਾ ਕਲਾਂ, ਰਾਜ ਕੁਮਾਰ, ਯੋਗ ਰਾਜ ਹੁਸ਼ਿਆਰਪੁਰ, ਸੰਤੋਖ ਚੰਦ ਅੱਪਰਾ ਤੋਂ ਇਲਾਵਾ ਭਾਰੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।

# ਜਲ ਸਪਲਾਈ ਵਰਕਰਾਂ ਵੱਲੋਂ ਭਲਕੇ ਵਿੱਤ ਮੰਤਰੀ ਦੀ ਕੋਠੀ ਦਾ ਘਿਰਾਓ ਕਰਨ ਦਾ ਐਲਾਨ



**ਨਕੋਦਰ (ਮਨਜੀਤ ਮਾਨ)**

ਪੰਜਾਬ ਸਰਕਾਰ ਵੱਲੋਂ ਕੱਚੇ ਮੁਲਾਜ਼ਮਾਂ ਦੀਆਂ ਮੰਗਾਂ ਪ੍ਰਤੀ ਅਪਣਾਏ ਟਾਲ-ਮਟੋਲ ਵਾਲੇ ਵਤੀਰੇ ਖ਼ਿਲਾਫ਼ ਰੋਸ ਪ੍ਰਗਟ ਕਰਦਿਆਂ ਜਲ ਸਪਲਾਈ ਅਤੇ ਸੈਨੀਟੇਸ਼ਨ ਵਰਕਰ ਯੂਨੀਅਨ ਪੰਜਾਬ (ਰਜਿ. 26) ਜ਼ਿਲ੍ਹਾ ਜਲੰਧਰ ਨੇ ਆਰ-ਪਾਰ ਦੀ ਲੜਾਈ ਦਾ ਬਿਗਲ ਵਜਾ ਦਿੱਤਾ ਹੈ। ਜ਼ਿਲ੍ਹਾ ਪ੍ਰਧਾਨ ਪ੍ਰਤਾਪ ਸਿੰਘ ਸੰਧੂ ਅਤੇ ਜ਼ਿਲ੍ਹਾ ਜਨਰਲ ਸਕੱਤਰ ਸੁੱਚਾ ਸਿੰਘ ਨੂਰਮਹਿਲਦੀ ਸਾਂਝੀ ਅਗਵਾਈ ਹੇਠ ਹੋਈ ਹੰਗਾਮੀ ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ 20 ਮਈ ਨੂੰ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਸੰਗਰੂਰ ਸਥਿਤ ਰਿਹਾਇਸ਼ ਮੂਹਰੇ ਦਿੱਤੇ ਜਾ ਰਹੇ ਸੂਬਾ ਪੱਧਰੀ ਰੋਸ ਧਰਨੇ ਵਿੱਚ ਜ਼ਿਲ੍ਹਾ ਜਲੰਧਰ ਤੋਂ ਸੈਂਕੜੇ ਮੁਲਾਜ਼ਮ ਵੱਡੇ ਕਾਫ਼ਲਿਆਂ ਦੇ ਰੂਪ ਵਿੱਚ ਸ਼ਮੂਲੀਅਤ ਕਰਨਗੇ।ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾ ਸੀਨੀਅਰ ਮੀਤ ਪ੍ਰਧਾਨ ਜਸਵੀਰ ਸਿੰਘ ਸ਼ੀਰਾ ਨੇ ਆਖਿਆ ਕਿ ਇੰਨਲਿਸਟਮੈਂਟ ਅਤੇ ਆਊਟਸੋਰਸਿੰਗ ਕਾਮੇ ਪਿਛਲੇ 18-20 ਸਾਲਾਂ ਤੋਂ ਨਾਮਾਤਰ ਤਨਖਾਹਾਂ 'ਤੇ ਦਿਨ-ਰਾਤ ਵਿਭਾਗ ਵਿੱਚ ਸੇਵਾਵਾਂ ਨਿਭਾ ਰਹੇ ਹਨ, ਪਰ ਸਮੇਂ ਦੀਆਂ ਸਰਕਾਰਾਂ ਨੇ ਉਨ੍ਹਾਂ ਦਾ ਹਮੇਸ਼ਾ ਆਰਥਿਕ ਸ਼ੋਸ਼ਣ ਕੀਤਾ ਹੈ। ਉਨ੍ਹਾਂ ਮੰਗ ਕੀਤੀ ਕਿ ਸਮੂਹ ਇੰਨਲਿਸਟਮੈਂਟ ਤੇ ਆਊਟਸੋਰਸਿੰਗ ਕਾਮਿਆਂ ਨੂੰ ਤੁਰੰਤ ਸਿੱਧਾ ਵਿਭਾਗੀ ਕੰਟਰੈਕਟ ਜਾਰੀ ਕਰਕੇ ਰੈਗੂਲਰ ਕੀਤਾ ਜਾਵੇ। ਯੂਨੀਅਨ ਆਗੂਆਂ ਨੇ ਚੇਤਾਵਨੀ ਦਿੱਤੀ ਕਿ 20 ਮਈ ਦਾ ਸੰਗਰੂਰ ਧਰਨਾ ਸਿਰਫ਼ ਇੱਕ ਸ਼ੁਰੂਆਤ ਹੈ। ਜੇਕਰ ਵਿੱਤ ਮੰਤਰੀ ਨੇ ਜਥੇਬੰਦੀ ਦੀਆਂ ਹੱਕੀ ਮੰਗਾਂ ਦਾ ਸਥਾਈ ਹੱਲ ਨਾ ਕੱਢਿਆ, ਤਾਂ ਆਉਣ ਵਾਲੇ ਦਿਨਾਂ ਵਿੱਚ ਮੁੱਖ ਮੰਤਰੀ ਪੰਜਾਬ ਦੇ ਹਲਕੇ ਵੱਲ ਵੀ ਤਿੱਖੇ ਸੰਘਰਸ਼ੀ ਕਦਮ ਪੁੱਟੇ ਜਾਣਗੇ, ਜਿਸਦੀ ਪੂਰੀ ਜ਼ਿੰਮੇਵਾਰੀ ਸਰਕਾਰ ਅਤੇ ਪ੍ਰਸ਼ਾਸਨ ਦੀ ਹੋਵੇਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜ਼ਿਲ੍ਹਾ ਵਿੱਤ ਸਕੱਤਰ ਰੇਸ਼ਮ ਸਿੰਘ ਭੋਏਪੁਰ,ਪ੍ਰੈੱਸ ਸਕੱਤਰ ਅਜੇ ਸਿੰਘ ਭੋਗਪੁਰ, ਸੀਨੀਅਰ ਮੀਤ ਪ੍ਰਧਾਨ ਗੁਰਭੇਜ ਸਿੰਘ ਧੁੱਗੜ, ਮੁੱਖ ਸਲਾਹਕਾਰ ਸ਼ਿੰਦਰਪਾਲ ਸੰਧੂ, ਮੀਤ ਪ੍ਰਧਾਨ ਕੁਲਦੀਪ ਚੰਦ ਨਾਹਰ, ਮੀਤ ਪ੍ਰਧਾਨ ਸੰਦੀਪ ਸਿੰਘ ਕੰਗ, ਗੁਰਮੀਤ ਰਾਮ ਨਕੋਦਰ ਸਮੇਤ ਵੱਡੀ ਗਿਣਤੀ ਵਿੱਚ ਅਹੁਦੇਦਾਰ ਅਤੇ ਵਰਕਰ ਸਾਥੀ ਹਾਜ਼ਰ ਸਨ।

# ਗੈਂਗ ਰੇਪ ਪੀੜਤਾ ਨੂੰ ਇਨਸਾਫ਼ ਦਿਵਾਉਣ ਲਈ ਕੈਂਡਲ ਮਾਰਚ ਕੱਢਿਆ

**ਖਰੜ (ਹਰਨਾਮ ਸਿੰਘ ਡੱਲਾ)**

ਪਿਛਲੇ ਦਿਨੀ ਦਿੱਲੀ ਦੀ ਇੱਕ ਬੱਸ ਵਿੱਚ ਬਦਮਾਸ਼ਾ




ਵੱਲੋਂ ਇੱਕ ਔਰਤ ਨਾਲ ਕੀਤੇ ਗਏ ਗੈਂਗ ਰੇਪ ਵਿਰੁੱਧ ਵਾਰਡ ਨੰਬਰ ਪੰਜ ਦੇ ਵਸਨੀਕਾਂ ਨੇ ਰੋਹ ਭਰਿਆ ਮੁਜ਼ਾਹਰਾ ਤੇ ਕੈਂਡਲ ਮਾਰਚ ਕੀਤਾ। ਰਾਮ ਸਿੰਘ ਦੀ ਅਗਵਾਈ ਵਿੱਚ ਕੀਤੇ ਗਏ ਇਸ ਕੈਂਡਲ ਮਾਰਚ ਵਿੱਚ ਵੱਡੀ ਗਿਣਤੀ ਵਿੱਚ ਔਰਤਾਂ ਤੇ ਆਮ ਸ਼ਹਿਰੀਆਂ ਨੇ ਹਿੱਸਾ ਲਿਆ। ਇਸ ਰੋਹ ਭਰੇ ਮੁਜ਼ਾਹਰੇ ਵਿੱਚ ਬੀਬੀ ਨਿਰਵੈਰ ਕੌਰ, ਕੁਲਵਿੰਦਰ ਕੌਰ, ਅਮਨਦੀਪ ਕੌਰ ਕੌਲ, ਚਰਨ ਸਿੰਘ ਕੰਗ, ਅਮਰਜੀਤ ਸਿੰਘ, ਸੁਖਵਿੰਦਰ ਸਿੰਘ ਕੌਲ, ਰੁਪਿੰਦਰ ਕੌਰ, ਰਣਜੀਤ ਕੌਰ, ਅਮਨਦੀਪ ਕੌਰ, ਲਲਿਤਾ, ਅਮ੍ਰਿਤ ਕੌਰ, ਹਰਸ਼ਦੀਪ ਕੌਰ, ਪਰਮਿੰਦਰ ਕੌਰ, ਨਿਰਮਲ ਕੌਰ, ਸੀਰਤ, ਤੇਜਿੰਦਰ ਸਿੰਘ, ਅਰਸ਼ਦੀਪ, ਸੁਰਿੰਦਰ ਸਿੰਘ ਵਡਾਲਾ, ਜਗਤਾਰ ਸਿੰਘ,ਕਿਰਪਾਲ ਸਿੰਘ ਅਰਨੀਵਾਲਾ, ਕਹਾਣੀਕਾਰ ਗੁਰਮੀਤ ਸਿੰਘ ਜੰਗਲ,ਕਾਮਰੇਡ ਦਿਨੇਸ਼ ਪਰਸਾਦ ਅਤੇ ਮਾਨਵ ਵੀ ਹਾਜ਼ਰ ਸਨ।ਇਹ ਕੈਂਡਲ ਮਾਰਚ ਗੁਰਦੁਆਰਾ ਜੀ ਟੀ ਬੀ ਚੌਕ ਤੋਂ ਸ਼ੁਰੂ ਹੋ ਕੇ ਬਸ ਸਟੈਂਡ ਖਰੜ ਵਿਖੇ ਸਮਾਪਤ ਹੋਇਆ। ਮਜਾਹਰਾਕਾਰੀਆਂ ਨੇ ਆਪਣੇ ਹੱਥਾਂ ਵਿੱਚ ਬੈਨਰ ਤੇ ਮੌਟੋ ਫੜੇ ਹੋਏ ਸਨ। ਉਹ ਗੈਂਗ ਰੇਪ ਦੇ ਅਪਰਾਧੀਆਂ ਖਿਲਾਫ ਜਮ ਕੇ ਨੀਹਰੇਰੇਬਾਜੀ ਕਰ ਰਹੇ ਸਨ। ਮੁਜਾਹਰਾਕਾਰੀਆਂ ਦੀ ਮੰਗ ਸੀ ਅਪਰਾਧੀਆਂ ਨੂੰ ਜਲਦੀ ਗਿਰਫਤਾਰ ਕਰਕੇ ਉਹਨਾਂ ਨੂੰ ਸਖਤ ਤੋਂ ਸਖਤ ਸਜ਼ਾ ਦਿੱਤੀ ਜਾਵੇ। ਇਸ ਘਿਨੌਣੇ ਕਾਰੇ ਬਾਰੇ ਅਮਰਜੀਤ ਸਿੰਘ, ਹਰਨਾਮ ਸਿੰਘ ਡੱਲਾ, ਜਗਤਾਰ ਸਿੰਘ, ਬੀਬੀ ਨਿਰਵੈਰ ਕੌਰ ਅਤੇ ਅਰਸ਼ਦੀਪ ਨੇ ਵੀ ਆਪਣੀਆਂ ਤਕਰੀਰਾਂ ਰਾਹੀਂ ਦੋਸ਼ੀਆ ਨੂੰ ਸਖਤ ਸਜਾਵਾਂ ਦੀ ਮੰਗ ਕੀਤੀ।

# ਲਿਫਟਿੰਗ ਨਾ ਹੋਣ 'ਤੇ ਆੜ੍ਹਤੀਆਂ ਤੇ ਲੇਬਰ ਨੇ ਕੀਤਾ ਚੱਕਾ ਜਾਮ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਹਾਜੀਪੁਰ ਪੁਲੀਸ ਨੇ ਦਾਣਾ ਮੰਡੀ 'ਚ ਲਿਫਟਿੰਗ ਨਾ ਹੋਣ ਤੋਂ ਖਫ਼ਾ ਆੜ੍ਹਤੀਆਂ ਅਤੇ ਮਜ਼ਦੂਰਾਂ ਦੇ ਧਰਨੇ ਨੂੰ ਹਲਕੇ ਬਲ ਪ੍ਰਯੋਗ ਮਗਰੋਂ ਖਦੇੜ ਦਿੱਤਾ। ਆੜ੍ਹਤੂ ਐਸੋਸਿਏਸ਼ਨ ਹਾਜੀਪੁਰ ਦੇ ਪ੍ਰਧਾਨ ਵਰਿੰਦਰ ਕੁਮਾਰ ਬੱਬੂ ਨੇ ਦਸਿਆ ਕਿ ਲਿਫਟਿੰਗ ਨਾ ਹੋਣ ਤੋਂ ਖਫ਼ਾ ਆੜ੍ਹਤੀਆਂ ਤੇ ਲੇਬਰ ਨੇ ਤਲਵਾੜਾ- ਮੁਕੇਰੀਆਂ ਸੜਕ ਮਾਰਗ 'ਤੇ ਜਾਮ ਲਗਾ ਕੇ ਰੋਸ ਮੁਜ਼ਾਹਰਾ ਕੀਤਾ। ਮੁਜ਼ਾਹਰਾਕਾਰੀਆਂ ਨੇ ਪੁਲਿਸ 'ਤੇ ਅੱਧੇ ਕੁ ਘੰਟੇ ਬਾਅਦ ਬਿਨ੍ਹਾਂ ਉਨ੍ਹਾਂ ਦੀ ਗੱਲ ਸੁਣਿਆਂ ਜ਼ਬਰੀ ਧਰਨਾ ਉਠਾਉਣ ਦੇ ਦੋਸ਼ ਲਗਾਏ ਹਨ। ਆੜ੍ਹਤੀ ਪਰਮਵੀਰ ਸਿੰਘ ਢਾਡੇਕਟਵਾਲ ਤੇ ਲਖਵਿੰਦਰ ਸਿੰਘ ਟਿੰਮੀ ਨੇ ਦੱਸਿਆ ਕਿ ਹਾਜੀਪੁਰ 'ਚ 20 ਹਜ਼ਾਰ ਕਣਕ ਦੀ ਬੋਰੀ ਪਈ ਹੋਈ ਹੈ। ਇਸੇ ਤਰ੍ਹਾਂ ਬੁਢਾਬੜ ਦਾਣਾ ਮੰਡੀ 'ਚ 36 ਹਜ਼ਾਰ, ਦਾਤਾਰਪੁਰ 'ਚ 12 ਹਜ਼ਾਰ ਦੇ ਕਰੀਬ ਬੋਰੀਆਂ ਦੀ ਲਿਟਟਿੰਗ ਨਹੀਂ ਹੋਈ। ਪਹਿਲੀ ਮਈ ਤੋਂ ਸਰਕਾਰ ਨੇ ਮੰਡੀਆਂ 'ਚ ਖਰੀਦ ਬੰਦ ਕਰ ਦਿੱਤੀ ਹੈ। ਹਾਜੀਪੁਰ ਦੀਆਂ ਮੰਡੀਆਂ 9 ਤਾਰੀਕ ਨੂੰ ਬੰਦ ਹੋਈਆਂ। ਬਾਵਜੂਦ ਇਸਦੇ ਹਾਜੀਪੁਰ, ਬੁਢਾਬੜ ਤੇ ਦਾਤਾਰਪੁਰ 'ਚ ਕਣਕ ਦੀਆਂ ਧਾਕਾਂ ਲੱਗੀਆਂ ਹੋਈਆਂ ਹਨ। ਲਿਫਟਿੰਗ ਨਾ ਹੋਣ ਕਾਰਨ ਅਨਾਜ ਅਤੇ ਸਰਕਾਰੀ ਬਾਰਦਾਨਾ ਖਰਾਬ ਹੋ ਰਿਹਾ ਹੈ। ਜਦਕਿ ਨਿਯਮਾਂ ਅਨੁਸਾਰ ਪ੍ਰਸ਼ਾਸਨ ਨੇ 72 ਘੰਟਿਆਂ ਅੰਦਰ ਅਨਾਜ ਦੀ ਲਿਫਟਿੰਗ ਕਰਨੀ ਹੁੰਦੀ ਹੈ। ਲਿਫਟਿੰਗ ਨਾ ਹੋਣ ਕਾਰਨ ਮੰਡੀਆਂ 'ਚ ਕੰਮ ਕਰਦੀ ਲੇਬਰ 'ਤੇ ਆਰਥਿਕ ਬੋਝ ਪਿਆ ਹੈ। ਬਹੁਤੀ ਲੇਬਰ ਜਾ ਚੁੱਕੀ ਹੈ। ਆੜ੍ਹਤੀਆਂ ਕੋਲ ਇੱਕ ਦੁੱਕਾ ਲੇਬਰ ਰਹਿ ਗਈ ਹੈ ਜਿਸ ਕਾਰਨ ਮੰਡੀਆਂ 'ਚ ਪਏ ਅਨਾਜ ਦੀ ਰਾਖੀ ਦਾ ਸੰਕਟ ਪੈਦਾ ਹੋ ਗਿਆ ਹੈ। ਆੜ੍ਹਤੀਆਂ ਨੇ ਲਿਫਟਿੰਗ ਨਾ ਹੋਣ ਕਾਰਨ ਅਨਾਜ ਤੇ ਬਾਰਦਾਨੇ ਦੇ ਖਰਾਬੇ ਦੀ ਜਵਾਬਦੇਹੀ 'ਤੇ ਸਵਾਲ ਉਠਾਏ ਹਨ।ਚੱਕਾ ਜਾਮ ਦੀ ਸੂਚਨਾ ਮਿਲਦਿਆਂ ਹੀ ਹਰਕਤ 'ਚ ਆਈ ਹਾਜੀਪੁਰ ਪੁਲੀਸ ਮੌਕੇ 'ਤੇ ਪਹੁੰਚੀ। ਇਸ ਦਰਮਿਆਨ ਪੁਲੀਸ ਅਤੇ ਮੁਜ਼ਾਹਰਾਕਾਰੀਆਂ 'ਚ ਤਿੱਖੀ ਬਹਿਸਬਾਜ਼ੀ ਵੀ ਹੋਈ। ਪੁਲੀਸ ਮੁਜ਼ਾਹਰਕਾਰੀਆਂ ਨੂੰ ਥਾਣੇ ਲੈ ਗਈ ਤੇ ਜ਼ਬਰੀ ਜਾਮ ਖੁਲਵਾ ਦਿੱਤਾ।ਥਾਣਾ ਹਾਜੀਪੁਰ ਅਮਰਜੀਤ ਕੌਰ ਨੇ ਧਰਨਾਕਾਰੀਆਂ 'ਤੇ ਕਿਸੇ ਵੀ ਤਰ੍ਹਾਂ ਦੇ ਬਲ ਪ੍ਰਯੋਗ ਤੋਂ ਇਨਕਾਰ ਕੀਤਾ ਹੈ। ਉਨ੍ਹਾਂ ਪ੍ਰਦਰਸ਼ਨਕਾਰੀਆਂ ਵੱਲੋਂ ਆਪ ਹੀ ਅੱਧੇ ਘੰਟੇ ਮਗਰੋਂ ਜਾਮ ਖੋਲ੍ਹਣ ਦੀ ਗੱਲ ਕਹੀ। ਉਨ੍ਹਾਂ ਗਿਲਾ ਕੀਤਾ ਕਿ ਪ੍ਰਦਰਸ਼ਨਕਾਰੀਆਂ ਨੇ ਧਰਨੇ ਤੋਂ ਪਹਿਲਾਂ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਨਹੀਂ ਦਿੱਤੀ ਸੀ।ਇਸ ਮਾਮਲੇ 'ਚ ਐੱਸ ਡੀ ਐੱਮ ਮੁਕੇਰੀਆਂ ਜਿਓਤਸਨਾ ਸਿੰਘ ਠਾਕੁਰ ਨਾਲ ਸੰਪਰਕ ਕਰਨ ਦੀ ਕੋਸ਼ਿਸ਼ ਕੀਤੀ, ਪਰ ਉਨ੍ਹਾਂ ਫੋਨ ਨਹੀਂ ਉਠਾਇਆ।

# ਬਾਰ੍ਹਵੀਂ ਦੇ ਨਤੀਜੇ 'ਚ ਚੰਗਾ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀ ਸਨਮਾਨਤ



**ਮਾਹਿਲਪੁਰ (ਸਫਰੀ)**

ਇੱਥੋਂ ਦੇ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਦੇ ਕੈਂਪਸ ਵਿੱਚ ਚੱਲ ਰਹੇ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ ਵਿੱਚ ਬਾਰ੍ਹਵੀਂ ਜਮਾਤ ਦੇ ਨਤੀਜੇ ਵਿੱਚ ਵਧੀਆ ਪੁਜੀਸ਼ਨਾਂ ਹਾਸਿਲ ਕਰਨ ਵਾਲੇ ਵਿਦਿਆਰਥੀਆਂ ਦਾ ਕਾਲਜ ਦੀ ਪ੍ਰਬੰਧਕੀ ਕਮੇਟੀ, ਪ੍ਰਿੰਸੀਪਲ ਅਤੇ ਸਟਾਫ਼ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਸਬੰਧੀ ਕਰਵਾਏ ਸਨਮਾਨ ਸਮਾਰੋਹ ਵਿੱਚ ਸਿੱਖ ਐਜੂਕੇਸ਼ਨਲ ਕੌਂਸਲ ਦੇ ਖਜਾਨਚੀ ਵਰਿੰਦਰ ਸ਼ਰਮਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਵਿਦਿਆਰਥੀਆਂ ਨੂੰ ਚੰਗੇ ਨਤੀਜੇ ਲਈ ਮੁਬਾਰਕਬਾਦ ਦਿੱਤੀ। ਇਸ ਮੌਕੇ ਆਪਣੇ ਸੰਬੋਧਨ ਵਿੱਚ ਕਾਲਜ ਦੇ ਪ੍ਰਿੰਸੀਪਲ ਡਾ ਪਰਵਿੰਦਰ ਸਿੰਘ ਨੇ ਕਿਹਾ ਕਿ ਖਾਲਸਾ ਕਾਲਜ ਮਾਹਿਲਪੁਰ ਕੈਂਪਸ ਵਿੱਚ ਚਲਦੇ ਕਾਲਜੀਏਟ ਸਕੂਲ ਦੇ ਵਿਦਿਆਰਥੀਆਂ ਨੇ ਹਮੇਸ਼ਾ ਵਾਂਗ ਇਸ ਸਾਲ ਵੀ ਸਾਇੰਸ, ਕਾਮਰਸ ਅਤੇ ਆਰਟਸ ਸਟਰੀਮ ਵਿੱਚ ਸ਼ਾਨਦਾਰ ਨਤੀਜੇ ਹਾਸਲ ਕੀਤੇ ਹਨ ਜਿਸ ਦੇ ਪਿੱਛੇ ਸਟਾਫ਼ ਦੀ ਮਿਹਨਤ ਅਤੇ ਵਿਦਿਆਰਥੀਆਂ ਦੀ ਲਗਨ ਝਲਕਦੀ ਹੈ। ਉਨ੍ਹਾਂ ਦੱਸਿਆ ਕਿ ਮੈਡੀਕਲ ਸਟਰੀਮ ਵਿੱਚ ਵਿਦਿਆਰਥਣ ਅੰਜਲੀ ਬਾਲੀ ਨੇ 91.8 ਫੀਸਦੀ ਅੰਕਾਂ ਨਾਲ ਪਹਿਲਾ, ਜਸ਼ਨਦੀਪ ਕੌਰ ਨੇ 89.8 ਫੀਸਦੀ ਅੰਕਾਂ ਨਾਲ ਦੂਜਾ ਅਤੇ ਹਰਤੇਜ ਸਿੰਘ ਨੇ 89.4 ਫੀਸਦੀ ਅੰਕ ਹਾਸਲ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਨਾਨ ਮੈਡੀਕਲ ਦੇ ਨਤੀਜੇ ਵਿੱਚ ਵਿਦਿਆਰਥਣ ਮਹਿਕ ਨੇ 85.4 ਫੀਸਦੀ ਅੰਕਾਂ ਨਾਲ ਪਹਿਲਾ, ਸਿਮਰਨ ਕੌਰ ਨੇ 84.8 ਫੀਸਦੀ ਅੰਕਾਂ ਨਾਲ ਦੂਜਾ ਅਤੇ ਰਸ਼ਿਕਾ ਸਿੰਘ ਨੇ 78.4 ਫੀਸਦੀ ਅੰਕ ਹਾਸਿਲ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ।। ਕਾਮਰਸ ਸਟਰੀਮ ਵਿੱਚ ਵਿਦਿਆਰਥਣ ਕਿਰਨਦੀਪ ਕੌਰ ਨੇ 90.8 ਫੀਸਦੀ ਅੰਕ ਪ੍ਰਾਪਤ ਕਰਕੇ ਪਹਿਲਾ, ਅਰਸ਼ਦੀਪ ਕੌਰ ਨੇ 89.2 ਫੀਸਦੀ ਅੰਕਾਂ ਨਾਲ ਦੂਜਾ ਅਤੇ ਹਰਲੀਨ ਕੌਰ ਨੇ 86.6 ਫੀਸਦੀ ਅੰਕਾਂ ਨਾਲ ਤੀਜਾ ਸਥਾਨ ਪ੍ਰਾਪਤ ਕੀਤਾ। ਆਰਟਸ ਸਟਰੀਮ ਵਿੱਚ ਵਿਦਿਆਰਥਣ ਕਰਮਨਪ੍ਰੀਤ ਕੌਰ ਨੇ 88.6 ਫੀਸਦੀ ਅੰਕਾਂ ਨਾਲ ਪਹਿਲਾ, ਸ੍ਰਿਸ਼ਟੀ ਨੇ 84 ਫੀਸਦੀ ਅੰਕਾਂ ਨਾਲ ਦੂਜਾ ਅਤੇ ਜੈਸਮੀਨ ਕੌਰ ਨੇ 83.4 ਫੀਸਦੀ ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਹਾਸਿਲ ਕੀਤਾ। ਇਸ ਮੌਕੇ ਪ੍ਰਿੰਸੀਪਲ ਡਾ ਪਰਵਿੰਦਰ ਸਿੰਘ ਅਤੇ ਹਾਜ਼ਰ ਸਟਾਫ ਨੇ ਇਨ੍ਹਾਂ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਅਤੇ ਚੰਗੇ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੱਤੀਆਂ।ਸਨਮਾਨ ਸਮਾਰੋਹ 'ਚ ਪ੍ਰੋ. ਕਮਲਪ੍ਰੀਤ ਕੌਰ, ਪ੍ਰੋ. ਜਸਦੀਪ ਕੌਰ, ਪ੍ਰੋ. ਅਸ਼ੋਕ ਕੁਮਾਰ, ਪ੍ਰੋ. ਹਰਪ੍ਰੀਤ ਕੌਰ, ਡਾ ਗਣੇਸ਼ ਖੰਨਾ, ਪ੍ਰੋ. ਰਜਿੰਦਰ ਕੌਰ, ਪ੍ਰੋ. ਰਮਨਦੀਪ ਕੌਰ ਸਮੇਤ ਵਿਦਿਆਰਥੀਆਂ ਦੇ ਮਾਪੇ ਹਾਜ਼ਰ ਸਨ।

# ਕਰਨਲ ਕੰਬੋਜ ਦੇ ਭਾਜਪਾ 'ਚ ਜਾਣ ਦੇ ਚਰਚੇ

**ਸ਼ਾਹਕੋਟ(ਗਿਆਨ ਸੈਦਪੁਰੀ)**-ਵਿਧਾਨ ਸਭਾ ਹਲਕਾ ਸ਼ਾਹਕੋਟ ਵਿੱਚ ਭਾਰਤੀ ਜਨਤਾ ਪਾਰਟੀ ਦੇ ਸਿਆਸੀ ਪਰਵਾਰ ਵਿੱਚ ਨੇੜ ਭਵਿੱਖ ਵਿੱਚ ਵਾਧਾ ਹੋਣ ਦੀਆਂ ਕੰਨਸੋਆ ਹਨ। ਇਹ ਉਸੇ ਵਰਤਾਰੇ ਦਾ ਹਿੱਸਾ ਹੈ, ਜੋ ਚੋਣਾਂ ਨੇੜੇ ਆ ਜਾਣ 'ਤੇ ਅਕਸਰ ਵਾਪਰਦਾ ਹੈ।ਪਤਾ ਲੱਗਾ ਹੈ ਕਿ ਲੰਬੇ ਚੌੜੇ ਮੰਥਨ ਉਪਰੰਤ ਕਰਨਲ ਚਰਨਦੀਪ ਸਿੰਘ ਕੰਬੋਜ ਨੇ ਦੁਬਾਰਾ ਸਿਆਸਤ ਵਿੱਚ ਕੁੱਦਣ ਦਾ ਮਨ ਬਣਾਇਆ ਹੈ। ਉਹ ਕਿਹੜੀ ਸਿਆਸੀ ਪਾਰਟੀ ਵਿੱਚ ਸਰਗਰਮ ਹੋਣਗੇ, ਇਹ ਗੱਲ ਤਾਂ ਅਜੇ ਸਪੱਸ਼ਟ ਨਹੀਂ ਹੈ, ਪਰ ਦੱਸਦੇ ਹਨ ਕਿ ਭਾਜਪਾ ਵੱਲੋਂ ਸਿੱਖ ਸ਼ਖ਼ਸੀਅਤਾਂ ਨੂੰ ਆਪਣੇ ਪਾਲੇ ਵਿੱਚ ਲਿਆਉਣ ਦੀ ਮੁਹਿੰਮ ਤਹਿਤ ਕਰਨਲ ਕੰਬੋਜ ਤੱਕ ਵੀ ਰਸਾਈ ਕੀਤੀ ਗਈ ਹੈ। ਜੇਕਰ ਉਨ੍ਹਾਂ ਬਾਰੇ ਲਾਈਆਂ ਜਾ ਰਹੀਆਂ ਕਿਆਸ ਅਰਾਈਆਂ ਸੱਚ ਸਾਬਤ ਹੋਈਆਂ ਤਾਂ ਉਹ 10 ਸਾਲ ਦੀ ਸਿਆਸੀ ਚੁੱਪ ਬਾਅਦ ਸਰਗਰਮ ਸਿਆਸਤ ਦਾ ਹਿੱਸਾ ਹੋਣਗੇ। ਉਹ ਇੱਕ ਵੱਡੇ ਅਕਾਲੀ ਆਗੂ ਦੀ ਪ੍ਰੇਰਨਾ ਨਾਲ ਸਿਆਸਤ ਵਿੱਚ ਆਏ ਸਨ। ਬਹੁਜਨ ਸਮਾਜ ਪਾਰਟੀ ਦੇ ਉਹ ਸੂਬਾ ਪ੍ਰਧਾਨ ਰਹੇ ਪਰ ਵੇਲੇ ਦੀ ਬਸਪਾ ਸਿਆਸਤ ਉਨ੍ਹਾਂ ਦੇ ਰਾਸ ਨਾ ਆ ਸਕੀ। ਉਹ ਕਾਂਗਰਸੀ ਆਗੂ ਬੀਬੀ ਅੰਬਿਕਾ ਸੋਨੀ ਦੇ ਕਾਫ਼ੀ ਨਜ਼ਦੀਕੀ ਸਨ। ਉਹ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋ ਗਏ ਤੇ ਹਲਕਾ ਚੁਣਿਆ ਉਨ੍ਹਾਂ ਸ਼ਾਹਕੋਟ। ਉਹ 2007 ਵਿੱਚ ਵਿਧਾਨ ਸਭਾ ਹਲਕਾ ਸ਼ਾਹਕੋਟ ਤੋਂ ਕਾਂਗਰਸ ਪਾਰਟੀ ਦੀ ਟਿਕਟ 'ਤੇ ਚੋਣ ਲੜੇ ਪਰ ਜਿੱਤ ਨਸੀਬ ਨਾ ਹੋਈ। 2012 ਵਿੱਚ ਫਿਰ ਉਨ੍ਹਾਂ ਸਿਆਸੀ ਕਿਸਮਤ ਅਜ਼ਮਾਈ। ਓਦੋਂ ਉਹ ਜਿੱਤਦੇ ਜਿੱਤਦੇ ਹਾਰ ਗਏ। ਲਗਭਗ ਇਕਵੰਜਾ ਹਜ਼ਾਰ ਹਲਕੇ ਦੇ ਲੋਕਾਂ ਨੇ ਉਨ੍ਹਾਂ ਵਿੱਚ ਆਪਣਾ ਵਿਸ਼ਵਾਸ ਪ੍ਰਗਟ ਕੀਤਾ। ਲਗਭਗ 2500 ਵੋਟਾਂ ਦੇ ਫਰਕ ਨਾਲ ਉਹ ਜਿੱਤ ਤੋਂ ਪਛੜ ਗਏ। ਇਸ ਹਾਰ ਲਈ ਕਰਨਲ ਕੰਬੋਜ ਆਪਣੇ ਤੇ ਗੁਆਂਢੀ ਹਲਕਿਆਂ ਦੇ 5-6 ਕਾਂਗਰਸੀ ਆਗੂਆਂ ਨੂੰ ਦੋਸ਼ ਦਿੰਦੇ ਰਹੇ। ਵਿਧਾਨ ਸਭਾ ਹਲਕਾ ਸ਼ਾਹਕੋਟ ਵਿੱਚ ਸਾਰੀਆਂ ਸਿਆਸੀ ਪਾਰਟੀਆਂ ਦੇ ਆਗੂਆਂ ਨੇ 2027 ਵਿੱਚ ਵਿਧਾਨ ਸਭਾ ਦੀਆਂ ਬਰੂਹਾਂ ਟੱਪਣ ਲਈ ਮੋਰਚੇ ਸੰਭਾਲੇ ਹੋਏ ਹਨ। ਕਾਂਗਰਸੀ ਆਗੂ ਤੇ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਤੀਸਰੀ ਵਾਰ ਆਪਣੀ ਜਿੱਤ ਨੂੰ ਪੱਕੀ ਕਰਨ ਲਈ ਕੋਈ ਕਸਰ ਨਹੀਂ ਛੱਡ ਰਹੇ। ਆਪ ਹਲਕਾ ਇੰਚਾਰਜ ਪਰਮਿੰਦਰ ਸਿੰਘ ਪਿੰਦਰ ਪੰਡੋਰੀ ਕਬੱਡੀ ਦੇ ਮੈਦਾਨਾਂ ਵਿੱਚ 'ਹੀਰੋ' ਰਹੇ ਹਨ। ਸਿਆਸਤ ਦੇ ਘੋੜੇ 'ਤੇ ਵੀ ਉਹ ਸਰਪਟ ਦੌੜ ਰਹੇ ਹਨ। ਐਡਵੋਕੇਟ ਬਚਿੱਤਰ ਸਿੰਘ ਕੋਹਾੜ ਆਪਣੇ ਦਾਦਾ ਸਵਰਗੀ ਜਥੇਦਾਰ ਅਜੀਤ ਸਿੰਘ ਕੋਹਾੜ ਵੱਲੋਂ ਉਨ੍ਹਾਂ(ਬਚਿੱਤਰ ਸਿੰਘ) ਲਈ ਸੰਜੋਏ ਸੁਪਨੇ ਨੂੰ ਸਾਕਾਰ ਕਰਨ ਲਈ ਤੱਤਪਰ ਹਨ। ਭਾਜਪਾ ਵਿਧਾਨ ਸਭਾ ਹਲਕਾ ਸ਼ਾਹਕੋਟ ਦੇ ਕੈਂਪ ਇਨਚਾਰਜ ਰਾਣਾ ਹਰਦੀਪ ਸਿੰਘ ਆਪਣੇ ਸਿਆਸੀ ਪ੍ਰਭਾਵ ਨੂੰ ਵਧਾ ਰਹੇ ਹਨ, ਤੇ ਭਾਜਪਾ ਦੀ ਬਰੀਕਬੀਨੀ ਸਿਆਸੀ ਰਣਨੀਤੀ ਅਨੁਸਾਰ ਚੱਲ ਰਹੇ ਹਨ।ਅਜਿਹੀਆਂ ਪਸਥਿਤੀਆਂ ਵਿੱਚ ਕਰਨਲ ਕੰਬੋਜ ਕਿਸ ਦੇ ਆਗੂ ਦੀ ਥਾਂ ਲੈਣਗੇ, ਇਹ ਸਵਾਲ ਉਠਣਾ ਸੁਭਾਵਕ ਹੈ। ਹਲਕੇ ਦੀ ਸਿਆਸੀ ਬੱਸ ਦੀਆਂ ਸੀਟਾਂ ਤਾਂ ਸਾਰੀਆਂ 'ਬੁੱਕ' ਹਨ। ਕਰਨਲ ਕੰਬੋਜ ਲਈ ਸੀਟ ਕੌਣ ਛੱਡੇਗਾ ? ਇਹ ਗੱਲ ਤਾਂ ਉਹੀ ਜਾਣਦੇ ਹੋ ਸਕਦੇ ਹਨ।



# ਫਗਵਾੜਾ 'ਚ ਥਾਂ-ਥਾਂ ਲੱਗੇ ਕੂੜੇ ਦੇ ਢੇਰ

**ਫਗਵਾੜਾ (ਡਾ. ਰਮਨ)**

ਫਗਵਾੜਾ ਵਿੱਚ ਥਾਂ-ਥਾਂ ਲੱਗੇ ਕੂੜੇ ਦੇ ਢੇਰ ਸ਼ਹਿਰ ਦੀ ਦਿੱਖ ਅਤੇ ਸਿਹਤ ਦੋਵਾਂ ਨੂੰ ਵਿਗਾੜ ਰਹੇ ਹਨ, ਪਰ ਫਗਵਾੜਾ ਪ੍ਰਸ਼ਾਸਨ ਇਸ ਤੋਂ ਪੂਰੀ ਤਰ੍ਹਾਂ ਅਣਜਾਣ ਹੈ। ਨਗਰ ਨਿਗਮ ਪ੍ਰਸ਼ਾਸਨ ਫਗਵਾੜਾ ਵਿੱਚ ਕੂੜੇ ਦੇ ਪ੍ਰਬੰਧਨ ਵੱਲ ਕੋਈ ਧਿਆਨ ਨਹੀਂ ਦੇ ਰਿਹਾ ਹੈ। ਸਮਾਜ ਸੇਵੀ ਸੰਸਥਾ ਲਾਈਟ ਫਾਰ ਲਾਈਵਜ਼ ਦੀ ਪ੍ਰਧਾਨ ਅਨੂ ਸ਼ਰਮਾ ਨੇ ਫਗਵਾੜਾ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਇਹ ਵਿਚਾਰ ਪ੍ਰਗਟ ਕੀਤੇ। ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਫਗਵਾੜਾ ਦੇ ਮੇਹਲੀ ਗੇਟ ਇਲਾਕੇ ਵਿੱਚ ਅਰੋੜਿਆਂ ਤਲਾਅ ਨੇੜੇ ਸ੍ਰੀ ਕ੍ਰਿਸ਼ਨ ਗਊਸ਼ਾਲਾ ਦੇ ਬਾਹਰ ਲੱਗੇ ਕੂੜੇ ਦੇ ਡੰਪ ਨੂੰ ਹਟਾਉਣ ਲਈ ਸਰਕਾਰ ਨੂੰ ਬਾਰ-ਬਾਰ ਬੇਨਤੀ ਕੀਤੀ ਹੈ, ਪਰ ਸਰਕਾਰ ਕੋਈ ਕਾਰਵਾਈ ਨਹੀਂ ਕਰ ਰਹੀ ਹੈ। ਸ਼ਹਿਰ ਦੇ ਸਾਰੇ ਹਿੱਸਿਆਂ ਵਿੱਚ ਖੁੱਲ੍ਹੇ ਕੂੜੇ ਦੇ ਡੰਪ ਜੀਵਨ ਨੂੰ ਮੁਸ਼ਕਲ ਬਣਾ ਰਹੇ ਹਨ। ਉਨ੍ਹਾਂ ਦੱਸਿਆ ਕਿ ਮੇਹਲੀ ਗੇਟ ਖੇਤਰ ਤੋਂ ਇਲਾਵਾ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਫਾਰ ਬੁਆਏਜ਼ (ਸਕੂਲ ਆਫ਼ ਐਮੀਨੈਂਸ), ਅਰਬਨ ਅਸਟੇਟ, ਹੁਸ਼ਿਆਰਪੁਰ ਰੋਡ, ਮਾਲਗੋਦਾਮ ਰੋਡ, ਪਲਾਹੀ ਰੋਡ, ਸਬਜ਼ੀ ਮੰਡੀ, ਗੋਬਿੰਦਪੁਰਾ ਅਤੇ ਕਈ ਹੋਰ ਥਾਵਾਂ 'ਤੇ ਖੁੱਲ੍ਹੇ ਕੂੜੇ ਦੇ ਡੰਪਾਂ ਤੋਂ ਕੂੜਾ ਇਕੱਠਾ ਨਹੀਂ ਕੀਤਾ ਜਾ ਰਿਹਾ ਹੈ, ਅਤੇ ਕੂੜਾ ਹੁਣ ਸੜਕਾਂ 'ਤੇ ਫੈਲ ਗਿਆ ਹੈ। ਇਹ ਕੂੜਾ ਬਿਮਾਰੀਆਂ ਫੈਲਣ ਦਾ ਖ਼ਤਰਾ ਪੈਦਾ ਕਰਦਾ ਹੈ, ਅਤੇ ਪੈਦਲ ਚੱਲਣ ਵਾਲਿਆਂ ਨੂੰ ਵੀ ਕਾਫ਼ੀ ਅਸੁਵਿਧਾ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਉਨ੍ਹਾਂ ਕਿਹਾ ਕਿ ਸਕੂਲ ਆਫ਼ ਐਮੀਨੈਂਸ ਦੇ ਨੇੜੇ ਡੰਪ ਨਾ ਸਿਰਫ਼ ਵਿਦਿਆਰਥੀਆਂ ਦੀ ਸਿਹਤ ਲਈ ਖ਼ਤਰਾ ਪੈਦਾ ਕਰਦਾ ਹੈ, ਸਗੋਂ ਇਲਾਕੇ ਵਿੱਚੋਂ ਲੰਘਣ ਵਾਲੇ ਲੋਕਾਂ ਲਈ ਵੀ ਇੱਕ ਵੱਡੀ ਸਮੱਸਿਆ ਪੈਦਾ ਕਰਦਾ ਹੈ। ਉਨ੍ਹਾਂ ਪ੍ਰਸ਼ਾਸਨ ਅਤੇ ਸਰਕਾਰ ਨੂੰ ਇਸ ਦਿਸ਼ਾ ਵਿੱਚ ਤੁਰੰਤ ਕਾਰਵਾਈ ਕਰਨ ਦੀ ਅਪੀਲ ਕੀਤੀ ਅਤੇ ਕਿਹਾ ਕਿ ਉਹ ਜਲਦੀ ਹੀ ਏਡੀਸੀ ਨਾਲ ਮੁਲਾਕਾਤ ਕਰਕੇ ਮੇਹਲੀ ਗੇਟ ਖੇਤਰ ਵਿੱਚ ਅਰੋੜਿਆਂ ਤਲਾਅ ਦੇ ਨੇੜੇ ਸ੍ਰੀ ਕ੍ਰਿਸ਼ਨ ਗਊਸ਼ਾਲਾ ਦੇ ਬਾਹਰ ਕੂੜੇ ਦੇ ਡੰਪ ਨੂੰ ਹਟਾਉਣ ਦੀ ਬੇਨਤੀ ਕਰਨਗੇ।



# 5 ਦਿਨਾਂ ਤੋਂ ਪੁੱਟਿਆ ਟੋਆ ਹਾਦਸਿਆਂ ਨੂੰ ਸੱਦਾ ਦੇ ਰਿਹਾ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**

ਨਗਰ ਕੌਂਸਲ ਨਕੋਦਰ ਦੀ ਪ੍ਰਸ਼ਾਸਨਿਕ ਲਾਪਰਵਾਹੀ ਦਾ ਇੱਕ ਵੱਡਾ ਮਾਮਲਾ ਰੇਲਵੇ ਰੋਡ ਸਥਿਤ ਮੁਹੱਲਾ ਖਹਿਰਿਆਂ ਵਿਖੇ ਸਾਹਮਣੇ ਆਇਆ ਹੈ। ਇੱਥੇ ਨਗਰ ਕੌਂਸਲ ਵੱਲੋਂ ਪਿਛਲੇ ਪੰਜ ਦਿਨਾਂ ਤੋਂ ਇੱਕ ਵੱਡਾ ਟੋਆ ਪੁੱਟ ਕੇ ਅੱਧਵਿਚਾਲੇ ਛੱਡ ਦਿੱਤਾ ਗਿਆ ਹੈ, ਜਿਸ ਵੱਲ ਹੁਣ ਤੱਕ ਕਿਸੇ ਵੀ ਅਧਿਕਾਰੀ ਜਾਂ ਕਰਮਚਾਰੀ ਨੇ ਦੇਖਣਾ ਤੱਕ ਮੁਨਾਸਿਬ ਨਹੀਂ ਸਮਝਿਆ। ਪ੍ਰਸ਼ਾਸਨ ਦੀ ਇਸ ਬੇਰੁਖ਼ੀ ਕਾਰਨ ਸਥਾਨਕ ਨਿਵਾਸੀਆਂ ਅਤੇ ਉੱਥੋਂ ਲੰਘਣ ਵਾਲੇ ਰਾਹਗੀਰਾਂ ਨੂੰ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਸਥਾਨਕ ਲੋਕਾਂ ਨੇ ਰੋਸ ਪ੍ਰਗਟ ਕਰਦਿਆਂ ਦੱਸਿਆ ਕਿ ਇਸ ਪੁੱਟੇ ਹੋਏ ਟੋਏ ਕਾਰਨ ਗਲੀ ਵਿੱਚੋਂ ਗੱਡੀਆਂ ਅਤੇ ਹੋਰ ਵਾਹਨਾਂ ਦਾ ਲੰਘਣਾ ਬਿਲਕੁਲ ਔਖਾ ਹੋ ਚੁੱਕਾ ਹੈ। ਸਭ ਤੋਂ ਵੱਧ ਚਿੰਤਾ ਵਾਲੀ ਗੱਲ ਇਹ ਹੈ ਕਿ ਇਹ ਟੋਆ ਬਿਨਾਂ ਕਿਸੇ ਬੈਰੀਕੇਡ ਜਾਂ ਸੁਰੱਖਿਆ ਸੰਕੇਤ ਦੇ ਖੁੱਲ੍ਹਾ ਪਿਆ ਹੈ, ਜਿਸ ਕਾਰਨ ਗਲੀ ਵਿੱਚ ਖੇਡਣ ਵਾਲੇ ਛੋਟੇ ਬੱਚਿਆਂ ਦੇ ਵਿੱਚ ਡਿੱਗਣ ਦਾ ਹਰ ਵੇਲੇ ਖ਼ਤਰਾ ਬਣਿਆ ਰਹਿੰਦਾ ਹੈ। ਰਾਤ ਦੇ ਸਮੇਂ ਇੱਥੇ ਕੋਈ ਵੱਡਾ ਹਾਦਸਾ ਵਾਪਰਨ ਦਾ ਡਰ ਹੋਰ ਵੀ ਵਧ ਜਾਂਦਾ ਹੈ।ਮੁਹੱਲਾ ਨਿਵਾਸੀਆਂ ਨੇ ਨਗਰ ਕੌਂਸਲ ਦੇ ਉੱਚ ਅਧਿਕਾਰੀਆਂ ਤੋਂ ਪੁਰਜ਼ੋਰ ਮੰਗ ਕੀਤੀ ਹੈ ਕਿ ਇਸ ਮਸਲੇ ਦਾ ਤੁਰੰਤ ਨਿਪਟਾਰਾ ਕੀਤਾ ਜਾਵੇ ਅਤੇ ਟੋਏ ਨੂੰ ਜਲਦ ਤੋਂ ਜਲਦ ਪੂਰ ਕੇ ਸੜਕ ਨੂੰ ਪਹਿਲਾਂ ਵਾਂਗ ਠੀਕ ਕੀਤਾ ਜਾਵੇ।

# 12ਵੀਂ ਦੇ ਨਤੀਜਿਆਂ 'ਚ ਡੇਰਾਬੱਸੀ ਦੀ ਤਨੂ ਮਹਿਤਾ ਨੇ ਹਾਸਲ ਕੀਤੇ 91 ਫੀਸਦੀ ਅੰਕ

**ਡੇਰਾਬੱਸੀ (ਵਿਨੈ ਕੁਮਾਰ ਜੈਨ)**-ਸਥਾਨਕ ਕਾਲਜ ਕਲੋਨੀ ਦੀ ਰਹਿਣ ਵਾਲੀ ਇੱਕ ਬੇਹੱਦ ਹੋਣਹਾਰ, ਨਿਮਰ ਅਤੇ ਮਿਹਨਤੀ ਵਿਦਿਆਰਥਣ ਤਨੂ ਮਹਿਤਾ ਨੇ ਆਪਣੀ ਅਣਥੱਕ ਸਖ਼ਤ ਮਿਹਨਤ, ਪੜ੍ਹਾਈ ਪ੍ਰਤੀ ਅਟੁੱਟ ਲਗਨ ਅਤੇ ਦ੍ਰਿੜ ਸੰਕਲਪ ਸਦਕਾ ਕੇਂਦਰੀ ਸੈਕੰਡਰੀ ਸਿੱਖਿਆ ਬੋਰਡ ਦੀ 12ਵੀਂ ਜਮਾਤ ਦੇ ਸਲਾਨਾ ਨਤੀਜਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਇਲਾਕੇ ਦਾ ਨਾਂਅ ਰੌਸ਼ਨ ਕੀਤਾ ਹੈ। ਸੰਜੀਵ ਮਹਿਤਾ ਦੀ ਸਪੁੱਤਰੀ ਤਨੂ ਮਹਿਤਾ ਨੇ ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਸੈਕਟਰ-16 (ਡੀ), ਚੰਡੀਗੜ੍ਹ ਤੋਂ ਮੈਡੀਕਲ ਸਟਰੀਮ ਦੀ ਪ੍ਰੀਖਿਆ ਦਿੰਦਿਆਂ 91 ਫੀਸਦੀ ਅੰਕ ਪ੍ਰਾਪਤ ਕਰਕੇ ਇੱਕ ਵੱਡੀ ਉਪਲਬਧੀ ਆਪਣੇ ਨਾਂਅ ਕੀਤੀ ਹੈ। ਇਸ ਸ਼ਾਨਦਾਰ ਸਫ਼ਲਤਾ ਤੋਂ ਬਾਅਦ ਤਨੂ ਦੇ ਘਰ ਵਧਾਈਆਂ ਦੇਣ ਵਾਲਿਆਂ ਦਾ ਤਾਂਤਾ ਲੱਗਿਆ ਹੋਇਆ ਹੈ।ਆਪਣੇ ਘਰ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਤਨੂ ਮਹਿਤਾ ਨੇ ਦੱਸਿਆ ਕਿ 12ਵੀਂ ਜਮਾਤ ਦਾ ਸਿਲੇਬਸ ਕਾਫੀ ਵਿਸਥਾਰਪੂਰਵਕ ਹੁੰਦਾ ਹੈ, ਖ਼ਾਸ ਕਰਕੇ ਮੈਡੀਕਲ ਸਟਰੀਮ ਵਿੱਚ ਬਾਇਓਲੋਜੀ, ਕੈਮਿਸਟਰੀ ਤੇ ਫਿਜ਼ਿਕਸ ਵਰਗੇ ਵਿਸ਼ਿਆਂ ਨੂੰ ਡੂੰਘਾਈ ਨਾਲ ਸਮਝਣ ਦੀ ਲੋੜ ਹੁੰਦੀ ਹੈ। ਉਸ ਨੇ ਦੱਸਿਆ ਕਿ ਉਸ ਨੇ ਕਦੇ ਵੀ ਪੜ੍ਹਾਈ ਨੂੰ ਬੋਝ ਨਹੀਂ ਸਮਝਿਆ, ਸਗੋਂ ਰੋਜ਼ਾਨਾ ਟਾਈਮ-ਟੇਬਲ ਬਣਾ ਕੇ 6 ਤੋਂ 7 ਘੰਟੇ ਸਵੈ-ਅਧਿਐਨ ਕੀਤਾ। ਤਨੂ ਨੇ ਕਿਹਾ ਕਿ ਪ੍ਰੀਖਿਆਵਾਂ ਦੇ ਦਿਨਾਂ ਵਿੱਚ ਸੋਸ਼ਲ ਮੀਡੀਆ ਤੋਂ ਦੂਰੀ ਬਣਾ ਕੇ ਰੱਖਣਾ ਤੇ ਅਧਿਆਪਕਾਂ ਦੁਆਰਾ ਦਿੱਤੇ ਗਏ ਨੋਟਸ ਨੂੰ ਵਾਰ-ਵਾਰ ਰਿਵਾਈਜ਼ ਕਰਨਾ ਉਸ ਦੀ ਇਸ ਸਫ਼ਲਤਾ ਦਾ ਮੁੱਖ ਰਾਜ਼ ਰਿਹਾ ਹੈ।ਆਪਣੇ ਭਵਿੱਖ ਦੇ ਸੁਫ਼ਨਿਆਂ ਅਤੇ ਜੀਵਨ ਦੇ ਮੁੱਖ ਉਦੇਸ਼ ਬਾਰੇ ਬੇਬਾਕੀ ਨਾਲ ਗੱਲਬਾਤ ਕਰਦਿਆਂ ਤਨੂ ਮਹਿਤਾ ਨੇ ਸਾਂਝਾ ਕੀਤਾ ਕਿ ਉਸ ਦਾ ਮੁੱਖ ਟੀਚਾ ਇੱਕ ਸਫ਼ਲ ਅਤੇ ਸੰਵੇਦਨਸ਼ੀਲ ਡਾਕਟਰ ਬਣਨਾ ਹੈ। ਉਹ ਡਾਕਟਰੀ ਪੇਸ਼ੇ ਰਾਹੀਂ ਦੇਸ਼ ਦੇ ਪੱਛੜੇ ਅਤੇ ਲੋੜਵੰਦ ਹਿੱਸਿਆਂ ਵਿੱਚ ਜਾ ਕੇ ਗਰੀਬ ਅਤੇ ਬਿਮਾਰ ਲੋਕਾਂ ਦਾ ਇਲਾਜ ਕਰਨਾ ਚਾਹੁੰਦੀ ਹੈ।






# ਹੀਰ ਜਠੇਰਿਆਂ ਦਾ ਮੇਲਾ ਮਨਾਇਆ

**ਬੰਗਾ (ਅਵਤਾਰ ਕਲੇਰ)**-ਬੰਗਾ ਹਲਕੇ ਦੇ ਪਿੰਡ ਸੰਧਵਾਂ ਵਿਖੇ ਹੀਰ ਜਠੇਰਿਆਂ ਦਾ ਸਲਾਨਾ ਜੋੜ ਮੇਲਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਸਭ ਤੋਂ ਪਹਿਲਾਂ ਝੰਡੇ ਦੀ ਰਸਮ ਅਦਾ ਕੀਤੀ ਗਈ। ਦੇਸ਼ ਵਿਦੇਸ਼ ਤੋਂ ਹਜ਼ਾਰਾਂ ਦੀ ਗਿਣਤੀ 'ਚ ਸੰਗਤਾਂ ਦਰਬਾਰ ਤੇ ਨਤਮਸਤਕ ਹੋਈਆਂ। ਦਰਬਾਰ ਦੀਆਂ ਧਾਰਮਿਕ ਰਸਮਾਂ ਤੋਂ ਬਾਅਦ ਸਟੇਜ ਸਜਾਈ ਗਈ ਜਿਸ ਵਿੱਚ ਨਾਮਵਰ ਕਲਾਕਾਰਾਂ ਆਰ ਯੋਗੀ ਤੋਂ ਇਲਾਵਾ ਹੋਰ ਵੀ ਕਲਾਕਾਰਾਂ ਨੇ ਹਾਜ਼ਰੀਆਂ ਭਰੀਆਂ। ਕਮੇਟੀ ਦੇ ਪ੍ਰਧਾਨ ਫਰਿੰਦਰ ਕੁਮਾਰ ਵਲੋਂ ਸੰਗਤਾਂ ਨੂੰ ਮੇਲੇ ਦੀਆਂ ਵਧਾਈਆਂ ਦਿੱਤੀਆਂ ਤੇ ਸਾਰਿਆਂ ਦਾ ਧੰਨਵਾਦ ਕੀਤਾ।ਪ੍ਰਬੰਧਕਾਂ ਵੱਲੋਂ ਕਲਾਕਾਰਾਂ,ਦਾਨੀ ਸੱਜਣਾਂ ਅਤੇ ਸੇਵਾਦਾਰਾਂ ਨੂੰ ਸਿਰਪਾਓ ਨਾਲ ਸਨਮਾਨਤ ਕੀਤਾ। ਦਰਬਾਰ ਤੇ ਠੰਡਾ ਮਿੱਠਾ ਜਲ,ਚਾਹ ਪਕੌੜੇ ਅਤੇ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਫਰਿੰਦਰ ਕੁਮਾਰ, ਮਹਿੰਦਰ ਪਾਲ, ਸੱਤਪਾਲ, ਹਾਕਮ ਦਾਸ, ਅਮਰਜੀਤ, ਜਸਪਾਲ ਬਿੱਲੂ, ਧਰਮਪਾਲ, ਅਮਰੀਕ ਚੰਦ, ਇੰਦਰਜੀਤ, ਜਸਵੀਰ ਸ਼ੀਰਾ, ਅਮਰ ਚੰਦ, ਜਗਨਨਾਥ ਸਰਪੰਚ, ਦੇਸ ਰਾਜ, ਪ੍ਰੇਮੀ ਸੰਧਵਾਂ, ਜੋਗਿੰਦਰ ਪਾਲ ਤੋਂ ਇਲਾਵਾ ਭਾਰੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।

# ਨਗਰ ਕੌਂਸਲ ਦੇ ਸਾਬਕਾ ਵਾਈਸ ਪ੍ਰਧਾਨ ਸਾਥੀਆਂ ਸਮੇਤ 'ਆਪ' 'ਚ ਸ਼ਾਮਲ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**-ਹਲਕਾ ਨਕੋਦਰ ਵਿੱਚ ਵਿਧਾਇਕ ਇੰਦਰਜੀਤ ਕੌਰ ਮਾਨ ਵੱਲੋਂ ਸਰਕਾਰ ਕੋਲੋਂ ਸ਼ਹਿਰ ਵਾਸਤੇ ਲਿਆਂਦੇ ਵਿਕਾਸ ਲਈ ਫੰਡਾਂ ਨਾਲ ਚੱਲ ਰਹੇ ਕੰਮਾਂ ਨੂੰ ਦੇਖ ਕੀਤੀ ਜਾ ਰਹੀ ਮਿਹਨਤ ਅਤੇ ਸ਼ਹਿਰ ਨੂੰ ਹੋਰ ਬੁਲੰਦੀਆਂ ਤੇ ਲੈ ਜਾਣ ਲਈ ਨਗਰ ਕੌਂਸਲ ਨਕੋਦਰ ਦੀ ਨਵੀ ਕਮੇਟੀ ਵਿੱਚ ਉਸਾਰੂ ਸੋਚ ਵਾਲੇ ਆਗੂਆਂ ਨੂੰ ਮੌਕਾ ਦੇਣ ਦੀ ਲਗਾਤਾਰ ਕੀਤੀ ਜਾਂਦੀ ਅਪੀਲ ਨੂੰ ਲੋਕ ਗੰਭੀਰਤਾ ਨਾਲ ਲੈਂਦਿਆ ਲਗਾਤਾਰ ਸਾਥ ਦੇਣ ਲਈ ਰੋਜ਼ਾਨਾ ਦੂਸਰੀਆਂ ਪਾਰਟੀਆਂ ਨੂੰ ਅਲਵਿਦਾ ਆਖ ਰਹੇ ਹਨ ਜਿਵੇਂ ਨਗਰ ਕੌਂਸਲ ਨਕੋਦਰ ਦੇ ਸਾਬਕਾ ਵਾਈਸ ਪ੍ਰਧਾਨ ਪਵਨ ਗਿੱਲ ਦੇ ਸਪੁੱਤਰ ਪ੍ਰਿੰਸ ਗਿੱਲ ਆਪਣੇ ਸਾਥੀਆਂ ਸਮੇਤ ਜਿਹਨਾਂ ਵਿੱਚ ਪ੍ਰਿੰਸ ਅਰੋੜਾ, ਜਿੰਮੀ ਭਗਤ ਅਤੇ ਜੀਵਨ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਤੇ ਬੀਬੀ ਇੰਦਰਜੀਤ ਕੌਰ ਮਾਨ ਨੇ ਜੀ ਆਇਆ ਆਖਿਆ, ਸਵਾਗਤ ਕੀਤਾ। ਪਾਰਟੀ ਵਿੱਚ ਪੂਰਾ ਮਾਣ ਸਤਿਕਾਰ ਮਿਲਣ ਦਾ ਵਾਅਦਾ ਕੀਤਾ। ਇਸ ਸਮੇਂ ਉਹਨਾਂ ਨਾਲ ਚੇਅਰਮੈਨ ਦਰਸ਼ਨ ਸਿੰਘ ਟਾਹਲੀ ਹਾਜ਼ਰ ਸਨ।



# ਚੋਣ ਦਫ਼ਤਰ ਦਾ ਉਦਘਾਟਨ




**ਮੁਹਾਲੀ (ਗੁਰਜੀਤ ਬਿੱਲਾ)**

ਮੁਹਾਲੀ ਨਗਰ ਨਿਗਮ ਚੋਣਾਂ ਦੇ ਮੱਦੇਨਜ਼ਰ ਸ਼੍ਰੋਮਣੀ ਅਕਾਲੀ ਦਲ ਵੱਲੋਂ ਆਪਣੀਆਂ ਚੋਣ ਸਰਗਰਮੀਆਂ ਨੂੰ ਹੋਰ ਤੇਜ਼ ਕਰ ਦਿੱਤਾ ਗਿਆ ਹੈ। ਇਸੇ ਲੜੀ ਤਹਿਤ ਵਾਰਡ ਨੰਬਰ 44 ਤੋਂ ਪਾਰਟੀ ਦੇ ਉਮੀਦਵਾਰ ਸੁਖਵੀਰ ਸਿੰਘ ਗਿੱਲ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੇ ਮੁੱਖ ਆਗੂ ਪਰਵਿੰਦਰ ਸਿੰਘ ਸੋਹਾਣਾ ਦੀ ਅਗਵਾਈ ਹੇਠ ਵਾਰਡ ਵਿੱਚ ਮੁੱਖ ਚੋਣ ਦਫ਼ਤਰ ਦਾ ਉਦਘਾਟਨ ਬੜੇ ਜੋਸ਼ੋ-ਖਰੋਸ਼ ਨਾਲ ਕੀਤਾ ਗਿਆ। ਇਸ ਮੌਕੇ ਵਾਰਡ ਨਿਵਾਸੀਆਂ ਅਤੇ ਪਾਰਟੀ ਵਰਕਰਾਂ ਦਾ ਭਾਰੀ ਇਕੱਠ ਦੇਖਣ ਨੂੰ ਮਿਲਿਆ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਆਗੂ ਪਰਵਿੰਦਰ ਸਿੰਘ ਸੋਹਾਣਾ ਨੇ ਕਾਰਪੋਰੇਸ਼ਨ ਚੋਣਾਂ ਸਬੰਧੀ ਰਣਨੀਤੀ ਸਾਂਝੀ ਕੀਤੀ ਅਤੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹਮੇਸ਼ਾ ਜ਼ਮੀਨੀ ਪੱਧਰ 'ਤੇ ਲੋਕਾਂ ਦੀਆਂ ਮੁਸ਼ਕਿਲਾਂ ਹੱਲ ਕਰਨ ਲਈ ਵਚਨਬੱਧ ਰਿਹਾ ਹੈ। ਉਨ੍ਹਾਂ ਵਾਰਡ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਹਲਕੇ ਦੇ ਸਰਬਪੱਖੀ ਵਿਕਾਸ ਲਈ ਸੁਖਵੀਰ ਸਿੰਘ ਗਿੱਲ ਨੂੰ ਭਾਰੀ ਬਹੁਮਤ ਨਾਲ ਜਿਤਾ ਕੇ ਨਗਰ ਨਿਗਮ ਵਿੱਚ ਭੇਜਿਆ ਜਾਵੇ। ਵਾਰਡ ਨੰਬਰ 44 ਦੇ ਉਮੀਦਵਾਰ ਸੁਖਵੀਰ ਸਿੰਘ ਗਿੱਲ ਨੇ ਦਫ਼ਤਰ ਦੇ ਉਦਘਾਟਨ ਮੌਕੇ ਪਹੁੰਚੇ ਸਾਰੇ ਪਤਵੰਤੇ ਸੱਜਣਾਂ, ਬੀਬੀਆਂ ਅਤੇ ਨੌਜਵਾਨਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਪ੍ਰਦੀਪ ਸਿੰਘ ਭਾਰਜ, ਮਨਜੀਤ ਸਿੰਘ ਮਾਨ, ਅਜੈਪਾਲ ਸਿੰਘ ਮਿੱਡੂਖੇੜਾ, ਬਲਬੀਰ ਸਿੰਘ ਸਾਬਕਾ ਸਰਪੰਚ ਲਖਨੌਰ, ਸਤਿੰਦਰ ਸਿੰਘ ਗਿੱਲ, ਸਤਨਾਮ ਸਿੰਘ ਲਖਨੌਰ, ਬਲਵਿੰਦਰ ਸਿੰਘ ਲਖਨੌਰ ਸਮੇਤ ਭਾਰੀ ਗਿਣਤੀ 'ਚ ਵਾਰਡ ਨਿਵਾਸੀ ਮੌਜੂਦ ਸਨ।

# ਗੁਰੂ ਨਾਨਕ ਮਿਸ਼ਨ ਪਬਲਿਕ ਸਕੂਲ ਦਾ 10+2 ਦਾ ਨਤੀਜਾ ਰਿਹਾ 100 ਫੀਸਦੀ

**ਬੰਗਾ (ਅਵਤਾਰ ਕਲੇਰ)**

ਪ੍ਰਸਿੱਧ ਵਿਦਿਅਕ ਸੰਸਥਾ ਗੁਰੂ ਨਾਨਕ ਮਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਢਾਹਾਂ-ਕਲੇਰਾਂ ਦੀ ਕਲਾਸ 10+2 ਦੇ ਆਰਟਸ, ਕਾਮਰਸ, ਸਾਇੰਸ ਗਰੁੱਪਾਂ (ਨਾਨ ਮੈਡੀਕਲ ਅਤੇ ਮੈਡੀਕਲ) ਸ਼ੈਸ਼ਨ 2025-26 ਦਾ ਨਤੀਜਾ 100% ਫੀਸਦੀ ਰਿਹਾ ਹੈ । ਕਾਮਰਸ ਗਰੁੱਪ ਦੀ ਵਿਦਿਆਰਥਣ ਸੁਖਮਨਦੀਪ ਕੌਰ ਨੇ 97% ਅੰਕ ਪ੍ਰਾਪਤ ਕਰਕੇ ਆਲ ਉਵਰ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ । ਇਹ ਜਾਣਕਾਰੀ ਸਕੂਲ ਦੇ ਡਾਇਰੈਕਟਰ ਪ੍ਰੋ: ਹਰਬੰਸ ਸਿੰਘ ਬੋਲੀਨਾ ਤੇ ਪ੍ਰਿੰਸੀਪਲ ਵਨੀਤਾ ਚੋਟ ਨੇ ਸਕੂਲ ਦੇ ਸ਼ਾਨਦਾਰ ਨਤੀਜੇ ਬਾਰੇ ਜਾਣਕਾਰੀ ਦਿੱਤੀ। ਉਹਨਾਂ ਦੱਸਿਆ ਕਿ 10+2 ਕਲਾਸ ਦੇ ਸਾਇੰਸ ਗਰੁੱਪ ਵਿੱਚੋਂ ਪਹਿਲਾ ਸਥਾਨ ਹਰਲੀਨ ਕੌਰ ਪੁੱਤਰੀ ਕੁਲਦੀਪ ਸਿੰਘ-ਬਲਵਿੰਦਰ ਕੌਰ ਪਿੰਡ ਘੁੰਮਣ ਨੇ 91.2% ਅੰਕਾਂ ਨਾਲ ਪਹਿਲਾ ਸਥਾਨ, ਨਵਦੀਪ ਬੈਂਸ ਪੁੱਤਰ ਮੱਖਣ ਬੈਂਸ-ਸੋਨੀਆ ਪਿੰਡ ਚੱਕ ਗੁਰੂ ਨੇ 91% ਅੰਕਾਂ ਨਾਲ ਦੂਜਾ ਸਥਾਨ ਅਤੇ ਤੀਜਾ ਸਥਾਨ ਅੰਕਿਤਾ ਸ਼ਰਮਾ ਪੁੱਤਰੀ ਹਰਦੀਪ ਰਾਏ-ਮਨੀਸ਼ਾ ਬੰਗਾ ਨੇ 90% ਅੰਕ ਹਾਸਲ ਕਰਕੇ ਕੀਤਾ। ਕਾਮਰਸ ਗਰੁੱਪ ਵਿਚ ਸੁਖਮਨਦੀਪ ਕੌਰ ਪੁੱਤਰੀ ਪ੍ਰਦੀਪ ਸਿੰਘ-ਸੰਦੀਪ ਕੌਰ ਪਿੰਡ ਬਾਹੜ ਮਜਾਰਾ ਨੇ 97% ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ, ਮਾਨਵ ਸਰੋਆ ਪੁੱਤਰ ਚਰਨਜੀਤ ਕੁਮਾਰ ਸਰੋਆ-ਕੁਲਵਿੰਦਰ ਕੌਰ ਪਿੰਡ ਚੱਕ-ਗੁਰੂ ਨੇ 94% ਅੰਕ ਪ੍ਰਾਪਤ ਕਰਕੇ ਦੂਜਾ ਸਥਾਨ ਅਤੇ ਤੀਜਾ ਸਥਾਨ ਸੁਖਮਨ ਕੌਰ ਪੁੱਤਰੀ ਹਰਦੀਪ ਸਿੰਘ-ਸਰਬਜੀਤ ਕੌਰ ਪਿੰਡ ਕੱਟ ਨੇ 93 %ਅੰਕ ਪ੍ਰਾਪਤ ਕਰਕੇ ਕੀਤਾ। ਆਰਟਸ ਗਰੁੱਪ ਵਿਚ ਨਿਧੀ ਪੁੱਤਰੀ ਸੂਰਜ ਕੁਮਾਰ-ਆਸ਼ਾ ਰਾਣੀ ਪਿੰਡ ਝੰਡੇਰ ਕਲਾਂ ਨੇ 93% ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ, ਦੂਜਾ ਸਥਾਨ ਹਰਲੀਨ ਕੌਰ ਪੁੱਤਰੀ ਮਨਦੀਪ ਸਿੰਘ-ਪਰਪਿੰਦਰ ਕੌਰ ਪਿੰਡ ਭਰੋਲੀ ਨੇ 89.2% ਅੰਕਾਂ ਨਾਲ ਅਤੇ ਤੀਜਾ ਸਥਾਨ ਇੰਦਰਪ੍ਰੀਤ ਕੌਰ ਪੁੱਤਰੀ ਬਲਵੀਰ ਸਿੰਘ- ਜਸਵੀਰ ਕੌਰ ਪਿੰਡ ਘੁੰਮਣ ਨੇ 88%ਅੰਕ ਪ੍ਰਾਪਤ ਕਰਕੇ ਕੀਤਾ।ਉਹਨਾਂ ਦੱਸਿਆ ਕਿ ਸ਼ੈਸ਼ਨ 2025-26 ਵਿਚ 10+2 ਕਲਾਸ ਦੇ 122 ਵਿੱਚੋਂ 48 ਵਿਦਿਆਰਥੀਆਂ ਨੇ 80% ਤੋਂ ਵੱਧ ਅੰਕ ਪ੍ਰਾਪਤ ਕੀਤੇ ਹਨ । ਜਦਕਿ ਵਿਸ਼ਿਆ ਅਨੁਸਾਰ ਪੰਜਾਬੀ ਵਿਸ਼ੇ ਵਿੱਚੋਂ 100, ਪੇਂਟਿੰਗ ਵਿੱਚੋਂ 100, ਅੰਗਰੇਜ਼ੀ ਵਿੱਚੋਂ 98, ਮਨੋਵਿਗਿਆਨ ਵਿੱਚੋਂ 98, ਬਿਜ਼ਨਿਸ ਸਟੱਡੀ ਵਿੱਚੋਂ 96, ਆਈ ਪੀ ਵਿੱਚੋਂ 96, ਆਈ ਟੀ ਵਿੱਚੋਂ 96, ਅਕਾਊਂਟੈਂਸੀ ਵਿੱਚੋਂ 95, ਜੀਵ ਵਿਗਿਆਨ ਵਿੱਚੋਂ 95, ਭੌਤਿਕ ਵਿਗਿਆਨ ਵਿੱਚੋਂ 95, ਰਾਜਨੀਤੀ ਵਿਗਿਆਨ ਵਿੱਚੋਂ 92, ਰਸਾਇਣ ਵਿਗਿਆਨ ਵਿੱਚੋਂ 91, ਸੰਗੀਤ ਵਿੱਚੋਂ 91, ਸਮਾਜ ਸ਼ਾਸਤਰ ਵਿੱਚੋਂ 91 ਅਤੇ ਇਕਨੋਮਿਕਸ ਵਿੱਚੋਂ 90 ਉੱਚ ਅੰਕ ਪ੍ਰਾਪਤ ਕਰਕੇ ਵਿਦਿਆਰਥੀਆਂ ਨੇ ਆਪਣਾ ਅਤੇ ਆਪਣੇ ਸਕੂਲ ਦਾ ਨਾਂਅ ਰੋਸ਼ਨ ਕੀਤਾ ਹੈ।



# ਜਿੰਪਾ ਨੇ ਵਾਰਡ ਨੰਬਰ 26 'ਚ ਵਿਕਾਸ ਕਾਰਜਾਂ ਦੀ ਕਰਵਾਈ ਸ਼ੁਰੂਆਤ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**

ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਨੇ ਵਾਰਡ ਨੰਬਰ 26 ਵਿੱਚ ਲਗਭਗ 20 ਲੱਖ ਦੀ ਲਾਗਤ ਨਾਲ ਪਾਰਕ ਵਿਕਾਸ ਕਾਰਜਾਂ ਦੀ ਕਰਵਾਈ ਸ਼ੁਰੂਆਤ। ਇਸ ਮੌਕੇ ਉਨ੍ਹਾਂ ਕਿਹਾ ਕਿ ਇਲਾਕੇ ਦੇ ਲੋਕਾਂ ਨੂੰ ਬਿਹਤਰ ਸਹੂਲਤਾਂ ਪ੍ਰਦਾਨ ਕਰਨਾ ਉਨ੍ਹਾਂ ਦੀ ਤਰਜੀਹ ਹੈ ਅਤੇ ਇਸ ਮਕਸਦ ਲਈ ਪਾਰਕ ਨੂੰ ਸੁੰਦਰ ਅਤੇ ਵਿਕਸਤ ਕੀਤਾ ਜਾ ਰਿਹਾ ਹੈ।ਵਿਧਾਇਕ ਜਿੰਪਾ ਨੇ ਕਿਹਾ ਕਿ ਇਲਾਕੇ ਦੇ ਬੱਚਿਆਂ, ਨੌਜਵਾਨਾਂ ਅਤੇ ਬਜ਼ੁਰਗਾਂ ਲਈ ਇੱਕ ਬਿਹਤਰ ਅਤੇ ਸੁਰੱਖਿਅਤ ਵਾਤਾਵਰਣ ਪ੍ਰਦਾਨ ਕਰਨ ਲਈ ਪਾਰਕ ਵਿੱਚ ਇੱਕ ਚਾਰਦੀਵਾਰੀ, ਨਵੀਆਂ ਗਰਿੱਲਾਂ, ਇੱਕ ਵਾਕਿੰਗ ਟ੍ਰੈਕ, ਬੱਚਿਆਂ ਲਈ ਝੂਲੇ ਅਤੇ ਹੋਰ ਜ਼ਰੂਰੀ ਸਹੂਲਤਾਂ ਦਾ ਨਿਰਮਾਣ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਵਿਕਸਤ ਪਾਰਕ ਨਾ ਸਿਰਫ ਇਲਾਕੇ ਦੀ ਸੁੰਦਰਤਾ ਨੂੰ ਵਧਾਏਗਾ ਬਲਕਿ ਲੋਕਾਂ ਵਿੱਚ ਸਿਹਤ ਪ੍ਰਤੀ ਜਾਗਰੂਕਤਾ ਪੈਦਾ ਕਰਨ ਵਿੱਚ ਵੀ ਮਦਦ ਕਰੇਗਾ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸ਼ਹਿਰਾਂ ਵਿੱਚ ਵਿਕਾਸ ਲਈ ਲਗਾਤਾਰ ਕੰਮ ਕਰ ਰਹੀ ਹੈ ਅਤੇ ਲੋਕਾਂ ਦੀਆਂ ਜ਼ਰੂਰਤਾਂ ਅਨੁਸਾਰ ਹਰੇਕ ਵਾਰਡ ਵਿੱਚ ਵਿਕਾਸ ਪ੍ਰੋਜੈਕਟ ਸ਼ੁਰੂ ਕਰ ਰਹੀ ਹੈ।ਸਥਾਨਕ ਨਿਵਾਸੀਆਂ ਨੇ ਪਾਰਕ ਦੇ ਵਿਕਾਸ ਕਾਰਜ ਸ਼ੁਰੂ ਕਰਨ ਲਈ ਵਿਧਾਇਕ ਜਿੰਪਾ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਇਹ ਪ੍ਰੋਜੈਕਟ ਇਲਾਕੇ ਦੇ ਨਿਵਾਸੀਆਂ ਨੂੰ ਵੱਡੀ ਰਾਹਤ ਅਤੇ ਬਿਹਤਰ ਸਹੂਲਤਾਂ ਪ੍ਰਦਾਨ ਕਰੇਗਾ।ਇਸ ਮੌਕੇ ਮਹਿਲਾ ਵਿੰਗ ਦੀ ਜ਼ਿਲ੍ਹਾ ਪ੍ਰਧਾਨ ਮਨਜੋਤ ਕੌਰ, ਬਲਾਕ ਪ੍ਰਧਾਨ ਹਰਮਿੰਦਰ ਸਿੰਘ ਗੋਪੀ ਤੇ ਹੋਰ ਪਤਵੰਤੇ ਵੀ ਮੌਜੂਦ ਸਨ।



# 'ਰਵਿਦਾਸੀਆ ਧਰਮ' ਵਿਸ਼ਵ ਪੱਧਰ 'ਤੇ ਕਰੋੜਾਂ ਪੈਰੋਕਾਰਾਂ ਦੀ ਧਾਰਮਿਕ ਪਹਿਚਾਣ ਹੈ : ਸੰਤ ਸੁਰਿੰਦਰ ਦਾਸ ਬਾਵਾ



**ਅਲਾਵਲਪੁਰ (ਮਦਨ ਬੰਗੜ)**

ਰਵਿਦਾਸੀਆ ਧਰਮ ਪ੍ਰਚਾਰ ਅਸਥਾਨ ਕਾਹਨਪੁਰ ਵਿਖੇ ਜੇਠ ਮਹੀਨੇ ਦੀ ਸੰਗਰਾਂਦ ਦਾ ਪੁਰਵ ਸੰਤ ਸੁਰਿੰਦਰ ਦਾਸ ਬਾਵਾ ਦੀ ਅਗਵਾਈ ਹੇਠ ਸ਼ਰਧਾਪੂਰਵਕ ਮਨਾਇਆ ਗਿਆ। ਅੰਮ੍ਰਿਤਵੇਲੇ ਤੋਂ 'ਅੰਮ੍ਰਿਤਬਾਣੀ ਸਤਿਗੁਰੂ ਰਵਿਦਾਸ ਮਹਾਰਾਜ ਜੀ' ਦੇ ਪਾਵਨ ਜਾਪ, ਆਰਤੀ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਸੰਤ ਸੁਰਿੰਦਰ ਦਾਸ ਬਾਵਾ ਨੇ ਜੇਠ ਮਹੀਨੇ ਦਾ ਮਹੱਤਵ ਅਤੇ ਸਤਿਸੰਗ ਸਰਵਣ ਕਰਵਾਇਆ। ਇਸ ਦੌਰਾਨ ਵਿਸ਼ਵ ਪੱਧਰ ਤੇ ਹੋ ਰਹੇ 'ਰਵਿਦਾਸੀਆ ਧਰਮ' ਤੇ 'ਅੰਮ੍ਰਿਤਬਾਣੀ ਸਤਿਗੁਰੂ ਰਵਿਦਾਸ ਮਹਾਰਾਜ ਜੀ' ਦੇ ਪ੍ਰਚਾਰ ਅਤੇ ਪ੍ਰਸਾਰ ਤੇ ਚਾਨਣਾ ਪਾਇਆ। ਉਹਨਾਂ ਆਖਿਆ ਰਵਿਦਾਸੀਆ ਧਰਮ ਵਿਸ਼ਵ ਭਰ ਵਿੱਚ ਕਰੋੜਾਂ ਪੈਰੋਕਾਰਾਂ ਦੀ ਧਾਰਮਿਕ ਪਹਿਚਾਣ ਹੈ। ਬੱਚਿਆਂ ਨੂੰ ਵੱਧ ਤੋਂ ਵੱਧ ਵਿੱਦਿਆ ਪੜ੍ਹਾਉਣ, ਆਪਣੇ ਰਹਿਬਰਾਂ ਦੀ ਵਿਚਾਰਧਾਰਾ ਨਾਲ ਜੋੜਨ, ਜੀਵਨ ਵਿੱਚ ਮਿਹਨਤ ਕਰਕੇ ਅੱਗੇ ਵਧਣ, ਮਾਨਵਤਾ ਨਾਲ ਪਿਆਰ, ਮਾਤਾ-ਪਿਤਾ ਦੀ ਸੇਵਾ, ਸੰਤਾਂ ਦੀ ਸੰਗਤ ਅਤੇ ਹਰਿ ਦੇ ਸਿਮਰਨ ਕਰਨ ਦਾ ਉਪਦੇਸ਼ ਦਿੱਤਾ। 'ਰਵਿਦਾਸੀਆ ਧਰਮ' ਧਾਰਮਿਕ ਪਹਿਚਾਣ ਨੂੰ ਅੱਗੇ ਵਧਾਉਣ ਅਤੇ ਸੰਵਿਧਾਨਿਕ ਹੱਕਾਂ ਤੇ ਪਹਿਰਾ ਦੇਣ ਲਈ ਆਖਿਆ। ਸ੍ਰੀ ਗੁਰੂ ਰਵਿਦਾਸ ਧਰਮ ਅਸਥਾਨ ਚਮਾਰਵਾਲਾ ਜੋਹੜ ਤੁਗਲਕਾਬਾਦ ਦਿੱਲੀ ਵਿਖੇ ਦੀ ਜ਼ਮੀਨ ਰਵਿਦਾਸੀਆ ਕੌਮ ਨੂੰ ਬਿਨਾਂ ਸ਼ਰਤ ਮਿਲਣੀ ਚਾਹੀਦੀ ਹੈ। ਇਸ ਮੌਕੇ ਭਾਈ ਰਾਮ ਜੀ ,ਜਗਤਗੁਰੂ ਰਵਿਦਾਸ ਸੰਗੀਤ ਅਕੈਡਮੀ ਕਾਹਨਪੁਰ, ਫੱਗਣਮਾਜਰਾ ਦੇ ਹਜ਼ੂਰੀ ਰਾਗੀ ਜੱਥਿਆਂ ਵਲੋਂ ਹਾਜ਼ਰੀ ਲਗਵਾਈ । ਸਟੇਜ ਸਕੱਤਰ ਦੀ ਸੇਵਾ ਸੁਖਵਿੰਦਰ ਗੋਲਡੀ ਨੇ ਬਾਖੂਬੀ ਨਿਭਾਈ। ਗੁਰੂ ਕਾ ਅਟੁੱਟ ਲੰਗਰ ਵਰਤਿਆ।

# ਕੰਕਰੀਟ ਪਲਾਂਟ ਵਿਰੁੱਧ ਧਰਨਾ ਜਾਰੀ

**ਮੋਰਿੰਡਾ (ਨਿਹਾਲ ਸਿੰਘ ਕਲਸੀ)**-ਨਜ਼ਦੀਕੀ ਪਿੰਡ ਢੰਗਰਾਲੀ ਤੇ ਖੈਰਪੁਰ ਵਿੱਚ ਲੱਗ ਰਹੇ ਕੰਕਰੀਟ ਮਿਕਸਰ ਪਲਾਂਟ ਪਲਾਂਟ ਨੂੰ ਰੋਕਣ ਦੇ ਲਈ ਦਿੱਤਾ ਜਾ ਰਿਹਾ ਧਰਨਾ 24ਵੇਂ ਦਿਨ ਵਿੱਚ ਵੀ ਜਾਰੀ ਰਿਹਾ ਜਿਸ ਵਿੱਚ ਪਿੰਡ ਵਾਸੀਆਂ ਤੋਂ ਇਲਾਵਾ ਵੱਡੀ ਗਿਣਤੀ ਵਿਚ ਇਲਾਕਾ ਨਿਵਾਸੀਆਂ ਨੇ ਸ਼ਮੂਲੀਅਤ ਕੀਤੀ। ਕੰਕਰੀਟ ਪਲਾਂਟ ਦੇ ਮਾਲਕ ਕਰਮਜੀਤ ਸਿੰਘ ਵੱਲੋਂ ਗ੍ਰਾਮ ਪੰਚਾਇਤਾਂ ਤੇ ਪਿੰਡ ਵਾਸੀਆਂ ਨੂੰ ਝੂਠੀ ਜਾਣਕਾਰੀ ਦੇ ਆਧਾਰਿਤ ਕਾਨੂੰਨੀ ਨੋਟਿਸ ਭੇਜ ਕੇ ਧਰਨਾ ਚੁੱਕਣ ਲਈ ਜ਼ੋਰ ਪਾਇਆ ਜਾ ਰਿਹਾ ਹੈ । ਕਾਨੂੰਨੀ ਨੋਟਿਸ ਰਾਹੀਂ ਧਰਨੇ ਕਾਰਨ ਪ੍ਰੋਜੈਕਟ ਵਿੱਚ ਹੋਏ 2 ਕਰੋੜ ਦੇ ਮਾਲੀ ਨੁਕਸਾਨ ਦੀ ਭਰਪਾਈ ਲਈ ਲਿਖਿਆ ਗਿਆ ਹੈ। ਇਸ ਸਬੰਧੀ ਧਰਨੇ ਵਾਲੀ ਥਾਂ 'ਤੇ ਗ੍ਰਾਮ ਪੰਚਾਇਤ ਢੰਗਰਾਲੀ ਤੇ ਖੈਰਪੁਰ, ਧਰਨਾ ਚਾਲਕ ਸੰਘਰਸ਼ ਕਮੇਟੀ ਅਤੇ ਪਿੰਡ ਵਾਸੀਆਂ ਦੀ ਮੀਟਿੰਗ ਸਰਪੰਚ ਰਣਦੀਪ ਸਿੰਘ ਦੀਪੂ ਅਤੇ ਹਰਜਿੰਦਰ ਸਿੰਘ ਖਟੜਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੀ ਕਾਰਵਾਈ ਪ੍ਰੈੱਸ ਨੂੰ ਜਾਰੀ ਕਰਦਿਆਂ ਦੱਸਿਆ ਗਿਆ ਹੈ ਕਿ ਕਾਨੂੰਨੀ ਨੋਟਿਸ ਦੇ ਵਿੱਚ ਗਲਤ ਜਾਣਕਾਰੀ ਦਿੱਤੀ ਗਈ ਹੈ। ਜਿਵੇਂ ਕਿ ਕਾਨੂੰਨੀ ਨੋਟਿਸ ਵਿੱਚ ਲਿਖਿਆ ਹੈ ਕਿ ਧਰਨਾ ਕੰਕਰੀਟ ਪਲਾਂਟ ਵਾਲੀ ਥਾਂ 'ਤੇ ਪਲਾਟ ਵਿੱਚ ਦਿੱਤਾ ਗਿਆ ਹੈ। ਜਦੋਂ ਕਿ ਸੱਚ ਇਹ ਹੈ ਕਿ ਧਰਨਾ ਕੰਕਰੀਟ ਪਲਾਂਟ ਤੋਂ ਬਾਹਰ ਵੱਖਰੀ ਜਗ੍ਹਾ 'ਤੇ ਦਿੱਤਾ ਗਿਆ ਹੈ ਜਿਸ ਦਾ ਕੰਕਰੀਟ ਮਿਕਸਰ ਪਲਾਂਟ ਨਾਲ ਕੋਈ ਸਬੰਧ ਨਹੀਂ ਹੈ। ਕਾਨੂੰਨੀ ਨੋਟਿਸ ਦੇ ਵਿੱਚ ਦੂਜੀ ਝੂਠੀ ਜਾਣਕਾਰੀ ਦੇ ਆਧਾਰਤ ਇਹ ਲਿਖਿਆ ਗਿਆ ਹੈ ਕਿ ਕੰਕਰੀਟ ਪਲਾਂਟ ਦੇ ਵਿੱਚ ਕੀਮਤੀ ਤੇ ਵੱਡੀ ਮਸ਼ੀਨਰੀ ਖੜੀ ਹੈ। ਜਿਸ ਨੂੰ ਜੰਗਾਲ ਲੱਗਣ ਕਾਰਨ ਤੇ ਹੋਰ ਕਾਰਨਾ ਕਰਕੇ ਦੋ ਕਰੋੜ ਦਾ ਨੁਕਸਾਨ ਹੋ ਗਿਆ ਹੈ। ਗ੍ਰਾਮ ਪੰਚਾਇਤਾਂ ਅਤੇ ਪਿੰਡ ਵਾਸੀਆਂ ਨੇ ਲਿਖਤੀ ਬਿਆਨ ਦੇ ਵਿੱਚ ਦੱਸਿਆ ਹੈ ਕਿ ਧਰਨਾ 23 ਅਪ੍ਰੈਲ ਤੋਂ ਜਾਰੀ ਹੈ। ਉਸ ਦਿਨ ਤੋਂ ਕੰਕਰੀਟ ਪਲਾਂਟ ਦੇ ਵਿੱਚ ਕੋਈ ਮਸ਼ੀਨਰੀ ਨਹੀਂ ਖੜੀ ਹੈ। ਕੰਕਰੀਟ ਪਲਾਂਟ ਮਾਲਕ ਕਰਮਜੀਤ ਸਿੰਘ ਨੇ ਇਹ ਦੋ ਬੁਨਿਆਦੀ ਝੂਠੇ ਕਾਰਨ ਬਣਾ ਕੇ ਪਿੰਡ ਵਾਸੀਆਂ ਨੂੰ ਡਰਾਉਣ ਧਮਕਾਉਣ ਅਤੇ ਪਰੇਸ਼ਾਨ ਕਰਨ ਲਈ ਕਾਨੂੰਨੀ ਨੋਟਿਸ ਜਾਰੀ ਕੀਤਾ ਹੈ। ਬਿਆਨ ਜਾਰੀ ਰੱਖਦਿਆਂ ਗ੍ਰਾਮ ਪੰਚਾਇਤਾਂ ਤੇ ਸੰਘਰਸ਼ ਕਮੇਟੀ ਅਤੇ ਪਿੰਡ ਵਾਸੀਆਂ ਨੇ ਕਿਹਾ ਕਿ ਜੇਕਰ ਕਾਨੂੰਨੀ ਨੋਟਿਸਾਂ ਦੇ ਕਾਰਨ ਕਿਸੇ ਪਿੰਡ ਵਾਸੀ ਨੂੰ ਮਾਨਸਿਕ ਪਰੇਸ਼ਾਨੀ ਹੁੰਦੀ ਹੈ ਜਾਂ ਹੋਰ ਕੋਈ ਜਾਨੀ ਮਾਲੀ ਨੁਕਸਾਨ ਹੁੰਦਾ ਹੈ ਤਾਂ ਉਸ ਦਾ ਜਿੰਮੇਵਾਰ ਕੰਕਰੀਟ ਪਲਾਂਟ ਦਾ ਮਾਲਕ ਕਰਮਜੀਤ ਸਿੰਘ ਦੁਭਾਲੀ ਹੋਵੇਗਾ।ਧਰਨੇ ਵਿੱਚ ਬੀਬੀ ਅੰਮ੍ਰਿਤਪਾਲ ਕੌਰ ਬਾਠ ਅਤੇ ਕਮਲਜੀਤ ਕੌਰ ਖੱਟੜਾ ਦੀ ਅਗਵਾਈ ਵਿੱਚ ਵੱਡੀ ਗਿਣਤੀ ਮਹਿਲਾਵਾਂ ਨੇ ਸ਼ਮੂਲੀਅਤ ਕੀਤੀ। ਧਰਨੇ ਵਿੱਚ ਹੋਰਨਾਂ ਤੋਂ ਇਲਾਵਾ ਸੰਘਰਸ਼ ਕਮੇਟੀ ਦੇ ਆਗੂ ਸਵਰਨ ਸਿੰਘ ਢੰਗਰਾਲੀ, ਲਖਬੀਰ ਸਿੰਘ, ਬਹਾਦਰ ਸਿੰਘ, ਰਣਜੀਤ ਸਿੰਘ ਰਾਣਾ, ਬਲਦੇਵ ਸਿੰਘ ਧਾਲੀਵਾਲ, ਪੰਚ ਸੱਜਣ ਸਿੰਘ, ਗੁਰਦੀਪ ਸਿੰਘ, ਰਣਜੋਧ ਸਿੰਘ, ਚੌਂਕੀਦਾਰ ਮੋਹਨ ਸਿੰਘ, ਗੁਰਦੇਵ ਸਿੰਘ ,ਕਾਕਾ ਓਂਕਾਰ ਸਿੰਘ, ਸਰਮਜੀਤ ਸਿੰਘ ਰਾਣਾ, ਪਟਵਾਰੀ ਸੋਹਣ ਸਿੰਘ, ਤਰਲੋਚਨ ਸਿੰਘ, ਜਤਿੰਦਰ ਸਿੰਘ ਸਰਾਓ, ਹਰਮਿੰਦਰ ਸਿੰਘ ਕਾਕਾ, ਡਾਕਟਰ ਸੁਖਵਿੰਦਰ ਪਾਲ ਸਿੰਘ, ਜੇ.ਈ ਸਰਬਜੀਤ ਸਿੰਘ, ਮੋਹਣ ਸਿੰਘ ਸਰਾਓ, ਗੁਰਦੀਪ ਸਿੰਘ ,ਸਰਜੀਤ ਸਿੰਘ, ਅਮਰਜੀਤ ਸਿੰਘ ਸਰਾਓ, ਜੰਗਜੀਤ ਸਿੰਘ ,ਚੰਦ ਸਿੰਘ, ਬਲਜੀਤ ਸਿੰਘ ਸਰਾਓ , ਕੁਲਵੰਤ ਸਿੰਘ, ਜੋਗਾ ਸਿੰਘ, ਜਸਵੰਤ ਸਿੰਘ ਸੀ ਟੀ ਯੂ, ਪ੍ਰਕਾਸ਼ ਸਿੰਘ, ਰਜਿੰਦਰ ਸਿੰਘ ਘੋਲਾ, ਗੁਰਮੀਤ ਸਿੰਘ ਗਾਂਧੀ, ਗੁਰਮੇਲ ਸਿੰਘ ਫੌਜੀ, ਹਰਕੇਸ਼ ਸਿੰਘ ਆਦਿ ਪਿੰਡ ਵਾਸੀ ਸ਼ਾਮਲ ਹੋਏ।



# ਭੁਚਾਲ-ਰੋਧਕ ਢਾਂਚੇ ਵਿਸ਼ੇ 'ਤੇ ਪ੍ਰੋਜੈਕਟ ਤਿਆਰ ਕੀਤਾ

**ਜਲੰਧਰ (ਸ਼ੈਲੀ ਐਲਬਰਟ)**

ਸਿਵਲ ਇੰਜੀਨੀਅਰਿੰਗ ਵਿਭਾਗ ਮੇਹਰ ਚੰਦ ਪੌਲੀਟੈਕਨਿਕ ਕਾਲਜ ਦੁਆਰਾ ਭੂਚਾਲ-ਰੋਧਕ ਢਾਂਚੇ ਵਿਸ਼ੇ 'ਤੇ ਇੱਕ ਨਵੀਨਤਮ ਪ੍ਰੋਜੈਕਟ ਤਿਆਰ ਕੀਤਾ ਗਿਆ ਹੈ। ਇਸ ਪ੍ਰੋਜੈਕਟ ਵਿੱਚ ਉਹ ਆਧੁਨਿਕ ਤਕਨੀਕਾਂ ਦਰਸਾਈਆਂ ਗਈਆਂ ਹਨ ਜੋ ਭੂਚਾਲ ਦੌਰਾਨ ਇਮਾਰਤਾਂ 'ਤੇ ਪੈਣ ਵਾਲੇ ਪ੍ਰਭਾਵ ਨੂੰ ਘਟਾਉਣ ਅਤੇ ਢਾਂਚਾਗਤ ਸੁਰੱਖਿਆ ਨੂੰ ਮਜ਼ਬੂਤ ਬਣਾਉਣ ਵਿੱਚ ਸਹਾਇਕ ਹਨ।ਇਸ ਮਾਡਲ ਦਾ ਮੁੱਖ ਧਿਆਨ ਡੈਂਪਰ ਅਤੇ ਮੈਗਨੇਟਿਕ ਫਾਊਂਡੇਸ਼ਨ ਤਕਨਾਲੋਜੀ 'ਤੇ ਕੇਂਦ੍ਰਿਤ ਹੈ। ਡੈਂਪਰ ਭੂਚਾਲ ਦੌਰਾਨ ਪੈਦਾ ਹੋਣ ਵਾਲੀਆਂ ਕੰਪਨਾਂ ਨੂੰ ਸੋਖ ਕੇ ਢਾਂਚੇ ਨੂੰ ਨੁਕਸਾਨ ਤੋਂ ਬਚਾਉਣ ਵਿੱਚ ਮਦਦ ਕਰਦੇ ਹਨ। ਮੈਗਨੇਟਿਕ ਫਾਊਂਡੇਸ਼ਨ ਤਕਨੀਕ ਜ਼ਮੀਨੀ ਹਿਲਜੁਲ ਦੇ ਸਿੱਧੇ ਪ੍ਰਭਾਵ ਨੂੰ ਘਟਾ ਕੇ ਇਮਾਰਤ ਨੂੰ ਵਧੀਆ ਸਥਿਰਤਾ ਅਤੇ ਝਟਕਾ-ਰੋਧੀ ਸਮਰੱਥਾ ਪ੍ਰਦਾਨ ਕਰਦੀ ਹੈ। ਇਹ ਪ੍ਰੋਜੈਕਟ ਦਰਸਾਉਂਦਾ ਹੈ ਕਿ ਆਧੁਨਿਕ ਇੰਜੀਨੀਅਰਿੰਗ ਤਰੀਕੇ ਭੂਚਾਲ-ਪ੍ਰਭਾਵਿਤ ਖੇਤਰਾਂ ਵਿੱਚ ਇਮਾਰਤਾਂ ਨੂੰ ਹੋਰ ਸੁਰੱਖਿਅਤ ਅਤੇ ਮਜ਼ਬੂਤ ਬਣਾ ਸਕਦੇ ਹਨ। ਇਹ ਪ੍ਰੋਜੈਕਟ ਵਿਦਿਆਰਥੀਆਂ ਨਿਤਿਸ਼, ਜਤਿਨ, ਚਿਤਾਂਸ਼ੂ, ਪ੍ਰਤਿਭਾ, ਆਗਮ, ਇਸ਼ਾ ਅਤੇ ਯਸ਼ਿਕਾ ਵੱਲੋਂ ਅਮਿਤ ਖੰਨਾ ਦੀ ਰਹਿਨੁਮਾਈ ਹੇਠ ਸਫਲਤਾਪੂਰਵਕ ਤਿਆਰ ਕੀਤਾ ਗਿਆ। ਵਿਦਿਆਰਥੀਆਂ ਦੀ ਤਕਨੀਕੀ ਜਾਣਕਾਰੀ, ਰਚਨਾਤਮਕਤਾ ਤੇ ਟੀਮ ਵਰਕ ਦੀ ਪ੍ਰਿੰਸੀਪਲ ਡਾ. ਜਗਰੂਪ ਸਿੰਘ ਅਤੇ ਵਿਭਾਗ ਮੁਖੀ ਡਾ. ਰਾਜੀਵ ਭਾਟੀਆ ਵੱਲੋਂ ਪ੍ਰਸ਼ੰਸਾ ਕੀਤੀ ਗਈ। ਇਹ ਪ੍ਰੋਜੈਕਟ ਸੰਸਥਾ ਦੀ ਪ੍ਰਯੋਗਾਤਮਕ ਸਿੱਖਿਆ, ਨਵੀਂ ਸੋਚ ਅਤੇ ਹੁਨਰ-ਆਧਾਰਿਤ ਤਕਨੀਕੀ ਸਿੱਖਿਆ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਨੂੰ ਇਸ ਮੌਕੇ ਦੀ ਵਧਾਈ ਦਿੱਤੀ।



# ਸੰਸਕਾਰਾਂ ਨਾਲ ਹੀ ਮਜ਼ਬੂਤ ਹੁੰਦਾ ਸਹਿਕਾਰ : ਗੁਲਾਬ ਚੰਦ ਕਟਾਰੀਆ

## ਸਹਿਕਾਰ ਭਾਰਤੀ ਪੰਜਾਬ ਜਾਗਰੂਕਤਾ ਸੰਗੋਸ਼ਠੀ 'ਚ ਰਾਜਪਾਲ ਨੇ ਲੋਕਾਂ ਨੂੰ ਕੀਤਾ ਜਾਗਰੂਕ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਸਹਿਕਾਰ ਭਾਰਤੀ ਪੰਜਾਬ ਜਾਗਰੂਕਤਾ ਸੰਗੋਸ਼ਠੀ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਸਹਿਕਾਰਤਾ ਅੰਦੋਲਨ ਨੂੰ ਪਿੰਡਾਂ ਦੇ ਵਿਕਾਸ ਤੇ ਸਮਾਜਕ ਮਜ਼ਬੂਤੀ ਦਾ ਅਹਿਮ ਆਧਾਰ ਕਰਾਰ ਦਿੱਤਾ। ਆਪਣੇ ਸੰਬੋਧਨ ਦੌਰਾਨ ਉਨ੍ਹਾਂ ਕਿਹਾ ਕਿ ਸਹਿਕਾਰਤਾ ਇੱਕ ਬਹੁਤ ਪੁਰਾਣੀ ਤੇ ਮਜ਼ਬੂਤ ਸੰਸਥਾ ਹੈ, ਜੋ 1979 ਵਿੱਚ ਸਥਾਪਤ ਕੀਤੀ ਗਈ ਸੀ ਅਤੇ ਉਸ ਸਮੇਂ ਤੋਂ ਹੀ ਪਿੰਡਾਂ ਤੇ ਆਮ ਲੋਕਾਂ ਦੀ ਭਲਾਈ ਲਈ ਨਿਰੰਤਰ ਕੰਮ ਕਰ ਰਹੀ ਹੈ। ਰਾਜਪਾਲ ਨੇ ਕਿਹਾ ਕਿ ਸਹਿਕਾਰਤਾ ਦੀ ਭਾਵਨਾ ਲੋਕਾਂ ਨੂੰ ਆਪਸੀ ਭਾਈਚਾਰੇ, ਸਹਿਯੋਗ ਤੇ ਸਮਰਪਣ ਨਾਲ ਜੋੜਦੀ ਹੈ।ਉਨ੍ਹਾਂ ਕਿਹਾ ਕਿ ਸੰਸਕਾਰ ਤੋਂ ਸਹਿਕਾਰ ਦਾ ਸਿਧਾਂਤ ਸਮਾਜ ਨੂੰ ਮਜ਼ਬੂਤ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ।ਜਦੋਂ ਸਮਾਜ ਵਿੱਚ ਚੰਗੇ ਸੰਸਕਾਰ ਪੈਦਾ ਹੁੰਦੇ ਹਨ ਤਾਂ ਲੋਕ ਇਕ-ਦੂਜੇ ਦੀ ਮਦਦ ਲਈ ਅੱਗੇ ਆਉਂਦੇ ਹਨ ਤੇ ਇਸ ਨਾਲ ਸਹਿਕਾਰਤਾ ਦੀ ਭਾਵਨਾ ਹੋਰ ਮਜ਼ਬੂਤ ਹੁੰਦੀ ਹੈ। ਉਨ੍ਹਾਂ ਕਿਹਾ ਕਿ ਸਹਿਕਾਰਤਾ ਖੇਤਰ ਦਾ ਸਭ ਤੋਂ ਵੱਡਾ ਯੋਗਦਾਨ ਖੇਤੀਬਾੜੀ ਤੇ ਡੇਅਰੀ ਖੇਤਰ ਵਿੱਚ ਹੈ।ਕਿਸਾਨਾਂ ਨੂੰ ਖਾਦ, ਬੀਜ ਤੇ ਹੋਰ ਸਹੂਲਤਾਂ ਪ੍ਰਦਾਨ ਕਰਨ ਵਿੱਚ ਸਹਿਕਾਰਤਾ ਸੰਸਥਾਵਾਂ ਦੀ ਅਹਿਮ ਭੂਮਿਕਾ ਰਹੀ ਹੈ।ਡੇਅਰੀ ਖੇਤਰ ਵਿੱਚ ਵੀ ਸਹਿਕਾਰਤਾ ਨੇ ਪਿੰਡਾਂ ਦੇ ਲੋਕਾਂ ਨੂੰ ਆਤਮਨਿਰਭਰ ਬਣਾਉਣ ਵਿੱਚ ਮਦਦ ਕੀਤੀ ਹੈ।ਉਨ੍ਹਾਂ ਕਿਹਾ ਕਿ ਜੇ ਸਹਿਕਾਰਤਾ ਨੂੰ ਹੋਰ ਮਜ਼ਬੂਤ ਕੀਤਾ ਜਾਵੇ ਤਾਂ ਪਿੰਡਾਂ ਦੀ ਆਰਥਿਕਤਾ ਨੂੰ ਵੱਡਾ ਫਾਇਦਾ ਹੋ ਸਕਦਾ ਹੈ। ਪੰਜਾਬੀਆਂ ਦੀ ਸ਼ਲਾਘਾ ਕਰਦਿਆਂ ਰਾਜਪਾਲ ਨੇ ਕਿਹਾ ਕਿ ਪੰਜਾਬੀਆਂ ਦੀ ਬਹਾਦਰੀ, ਸਮਰਪਣ ਤੇ ਮਿਹਨਤ ਪੂਰੇ ਦੇਸ਼ ਲਈ ਪ੍ਰੇਰਨਾ ਹੈ।ਉਨ੍ਹਾ ਕਿਹਾ ਕਿ ਪੰਜਾਬ ਦੇਸ਼ ਦਾ ਅੰਨ ਭੰਡਾਰ ਹੈ ਤੇ ਇੱਥੋਂ ਦੇ ਕਿਸਾਨਾਂ ਨੇ ਦੇਸ਼ ਦੀ ਖਾਦ ਸੁਰੱਖਿਆ ਵਿੱਚ ਵੱਡਾ ਯੋਗਦਾਨ ਪਾਇਆ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਨੌਜਵਾਨ ਖੇਡਾਂ ਵਿੱਚ ਵੀ ਦੇਸ਼ ਤੇ ਵਿਦੇਸ਼ ਵਿੱਚ ਨਾਮ ਰੌਸ਼ਨ ਕਰ ਰਹੇ ਹਨ ਅਤੇ ਪੰਜਾਬ ਵਿੱਚ ਸਭ ਤੋਂ ਵੱਧ ਖਿਡਾਰੀ ਹਨ, ਜੋ ਇਸ ਧਰਤੀ ਦੀ ਮਿਹਨਤ ਤੇ ਅਨੁਸ਼ਾਸਨ ਦੀ ਪਛਾਣ ਹਨ। ਰਾਜਪਾਲ ਨੇ ਕਿਹਾ ਕਿ ਕਿਸੇ ਵੀ ਸੰਸਥਾ, ਸਮਾਜ ਜਾਂ ਦੇਸ਼ ਦੀ ਤਰੱਕੀ ਲਈ ਲੀਡਰ ਦਾ ਇਮਾਨਦਾਰ ਹੋਣਾ ਬਹੁਤ ਜ਼ਰੂਰੀ ਹੈ। ਜੇ ਲੀਡਰ ਇਮਾਨਦਾਰ, ਨਿਸ਼ਠਾਵਾਨ ਤੇ ਲੋਕ-ਹਿਤੈਸ਼ੀ ਹੋਵੇਗਾ ਤਾਂ ਸੰਸਥਾਵਾਂ ਮਜ਼ਬੂਤ ਬਣਦੀਆਂ ਹਨ ਤੇ ਲੋਕਾਂ ਦਾ ਭਰੋਸਾ ਵੀ ਵਧਦਾ ਹੈ। ਇਸ ਮੌਕੇ ਸਹਿਕਾਰ ਭਾਰਤੀ ਪੰਜਾਬ ਦੇ ਅਹੁਦੇਦਾਰਾਂ ਨੇ ਰਾਜਪਾਲ ਦਾ ਸਵਾਗਤ ਕੀਤਾ ਤੇ ਸੰਗੋਸ਼ਠੀ ਦੌਰਾਨ ਸਹਿਕਾਰਤਾ ਖੇਤਰ ਨਾਲ ਜੁੜੇ ਵੱਖ-ਵੱਖ ਮੁੱਦਿਆਂ 'ਤੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ। ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਸਮਾਜ ਸੇਵੀ, ਨੌਜਵਾਨ ਤੇ ਵੱਖ-ਵੱਖ ਖੇਤਰਾਂ ਨਾਲ ਜੁੜੇ ਪ੍ਰਮੁੱਖ ਵਿਅਕਤੀ ਹਾਜ਼ਰ ਸਨ।



# ਸ਼ਹੀਦ ਬਾਬਾ ਦੀਪ ਸਿੰਘ ਵੈੱਲਫੇਅਰ ਸੇਵਾ ਸੋਸਾਇਟੀ ਵੱਲੋਂ ਲੋੜਵੰਦ ਬਜ਼ੁਰਗ ਰਾਮ ਪ੍ਰਤਾਪ ਨੂੰ ਟਰਾਈ ਸਾਈਕਲ ਭੇਟ

**ਨਾਭਾ (ਵਰਿੰਦਰ ਵਰਮਾ)**- ਪਿਛਲੇ ਲੰਬੇ ਸਮੇਂ ਤੋਂ ਇਲਾਕੇ ਵਿੱਚ ਲੋੜਵੰਦ ਪਰਿਵਾਰਾਂ ਲਈ ਵੱਖੋ ਵੱਖਰੇ ਢੰਗ ਨਾਲ ਸੇਵਾਵਾਂ ਨਿਭਾਅ ਰਹੀ ਸ਼ਹੀਦ ਬਾਬਾ ਦੀਪ ਸਿੰਘ ਵੈੱਲਫੇਅਰ ਸੇਵਾ ਸੋਸਾਇਟੀ ਨਾਭਾ ਵੱਲੋਂ ਗਰੀਬ ਦਾ ਮੁੱਖ ਗੁਰੂ ਦੀ ਗੋਲਕ ਨੂੰ ਮੁੱਖ ਰੱਖਦਿਆਂ ਗੁਰੂ ਸਾਹਿਬ ਦੀ ਕਿਰਪਾ ਤੇ ਸੰਗਤਾਂ ਦੇ ਸਹਿਯੋਗ ਨਾਲ ਲਗਾਤਾਰ ਸੇਵਾਵਾਂ ਜਾਰੀ ਨੇ, ਜਿਸ ਦੇ ਚਲਦਿਆਂ ਨਾਭਾ ਨੇੜਲੇ ਪਿੰਡ ਢਿੰਗੀ ਦੇ 70 ਸਾਲਾ ਬਜ਼ੁਰਗ ਰਾਮ ਪ੍ਰਤਾਪ, ਜੋ ਤੁਰਨ ਫਿਰਨ ਤੋਂ ਅਸਮਰਥ ਸੀ, ਨੂੰ ਟਰਾਈ ਸਾਈਕਲ ਪਿੰਡ ਦੇ ਆਗੂ ਬਲਵਿੰਦਰ ਸਿੰਘ ਬਿੱਟੂ ਢਿੰਗੀ, ਜੋ ਸੰਸਥਾ ਦੇ ਆਗੂ ਹਨ, ਵੱਲੋਂ ਪੜਤਾਲ ਕਰਨ ਉਪਰੰਤ ਸਹੀ ਲੋੜਵੰਦ ਹੋਣ 'ਤੇ ਦਿੱਤਾ ਗਿਆ।ਇਹ ਜਾਣਕਾਰੀ ਸੰਸਥਾ ਦੇ ਮੁੱਖ ਸੇਵਾਦਾਰ ਭਾਈ ਅਮਨਦੀਪ ਸਿੰਘ ਲਵਲੀ, ਖਜ਼ਾਨਚੀ ਜਸਵਿੰਦਰ ਪਾਲ ਸਿੰਘ, ਗੁਰਪ੍ਰੀਤ ਸਿੰਘ ਨਾਮਧਾਰੀ ਵੱਲੋਂ ਸਾਂਝੇ ਤੌਰ 'ਤੇ ਦਿੱਤੀ ਗਈ। ਉਨ੍ਹਾਂ ਕਿਹਾ ਕਿ ਹਰ ਲੋੜਵੰਦ ਲਈ ਸੰਸਥਾ ਹਾਜ਼ਰ ਹੈ, ਪਰ ਪਰਿਵਾਰ ਅਸਲ ਵਿੱਚ ਸਹੀ ਲੋੜਵੰਦ ਹੋਣਾ ਚਾਹੀਦਾ ਹੈ, ਜਿਸ ਸਬੰਧੀ ਸੰਸਥਾ ਵੱਲੋਂ ਪੜਤਾਲ ਵੀ ਕਰਵਾਈ ਜਾਂਦੀ ਹੈ।ਉਨ੍ਹਾਂ ਦੱਸਿਆ ਕਿ ਬੀਤੇ ਦਿਨੀਂ ਪੀਜੀਆਈ ਹਸਪਤਾਲ ਚੰਡੀਗੜ੍ਹ ਦਾ ਮੇਨ ਗੇਟ, ਓਪੀਡੀ ਵਾਲਾ ਗੇਟ, ਸੈਕਟਰ 32 ਪੀਜੀਆਈ, ਕੈਂਸਰ ਹਸਪਤਾਲ ਸੰਗਰੂਰ, ਪਟਿਆਲਾ ਦਾ ਰਜਿੰਦਰਾ ਹਸਪਤਾਲ, ਨਾਭਾ ਸਰਕਾਰੀ ਹਸਪਤਾਲ, ਸਰਕਾਰੀ ਹਸਪਤਾਲ ਸੰਗਰੂਰ ਵਿੱਚ ਮਰੀਜ਼ਾਂ ਤੇ ਉਨ੍ਹਾਂ ਦੇ ਵਾਰਸਾਂ ਲਈ ਲੰਗਰ ਦੀਆਂ ਸੇਵਾਵਾਂ ਖਾਲਸੇ ਦੇ ਜਨਮ ਦਿਹਾੜੇ ਵਿਸਾਖੀ ਨੂੰ ਸਮਰਪਤ ਨਿਭਾਈਆਂ ਗਈਆਂ ਸਨ।ਉਨ੍ਹਾਂ ਕਿਹਾ ਕਿ ਹਰ ਸੋਮਵਾਰ, ਮੰਗਲਵਾਰ ਬੁੱਧਵਾਰ ਤੇ ਵੀਰਵਾਰ ਫਰੀ ਚੈੱਕਅਪ ਤੇ ਫਰੀ ਮੈਡੀਸਨ ਸੰਸਥਾ ਵੱਲੋਂ ਮਹਾਰਾਜਾ ਹੀਰਾ ਸਿੰਘ ਪਾਰਕ ਦਲੱਦੀ ਗੇਟ ਵਿਖੇ ਖੋਲ੍ਹੀ ਡਿਸਪੈਂਸਰੀ ਵਿੱਚ ਦਿੱਤੀਆਂ ਜਾਂਦੀਆਂ ਹਨ, ਜਿੱਥੇ ਵਿਸ਼ੇਸ਼ ਤੌਰ 'ਤੇ ਹੋਮਿਓਪੈਥਿਕ ਦੇ ਡਾਕਟਰ ਬੈਠਦੇ ਹਨ।ਇਸ ਮੌਕੇ ਸੰਸਥਾ ਦੇ ਮੈਂਬਰ ਕਮਲਜੀਤ ਸਿੰਘ ਕਪੂਰ, ਗਗਨਦੀਪ ਸਿੰਘ ਚੈਰੀ, ਗੁਰਪ੍ਰੀਤ ਸਿੰਘ ਪ੍ਰੀਤ, ਇੰਦਰ ਪ੍ਰੀਤ ਸਿੰਘ ਹਨੀ, ਹਰਦੇਵ ਸਿੰਘ, ਬਹਾਦਰ ਸਿੰਘ, ਗੁਰਪ੍ਰੀਤ ਸਿੰਘ ਨਾਮਧਾਰੀ, ਹਾਕਮ ਸਿੰਘ, ਸੌਰਵ ਕੁਮਾਰ, ਦਵਿੰਦਰ ਪਾਲ ਕਸ਼ਵ, ਪ੍ਰਿਤਪਾਲ ਸਿੰਘ ਆਦਿ ਹਾਜ਼ਰ ਸਨ।



# ਨਗਰ ਕੌਂਸਲ ਤੇ ਨਗਰ ਪੰਚਾਇਤ ਚੋਣਾਂ ਲਈ ਹੋਈ ਪਹਿਲੀ ਰਿਹਰਸਲ

**ਮਾਨਸਾ, (ਆਤਮਾ ਸਿੰਘ ਪਮਾਰ)** ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸ੍ਰੀਮਤੀ ਨਵਜੋਤ ਕੌਰ ਆਈ ਏ ਐਸ ਦੀਆਂ ਹਦਾਇਤਾਂ ਅਨੁਸਾਰ ਸਥਾਨਕ ਸਰਕਾਰਾਂ ਦੀਆਂ ਚੋਣਾਂ ਲਈ ਡਿਊਟੀ 'ਤੇ ਤਾਇਨਾਤ ਅਮਲੇ ਦੀ ਪਹਿਲੀ ਰਿਹਰਸਲ ਸਫ਼ਲਤਾਪੂਰਵਕ ਕਰਵਾਈ ਗਈ, ਰਿਹਰਸਲ ਦੌਰਾਨ ਚੋਣ ਸਟਾਫ਼ ਨੂੰ ਚੋਣ ਪ੍ਰਕਿਰਿਆ ਦੇ ਨਿਯਮਾਂ ਬਾਰੇ ਵਿਸਥਾਰਪੂਰਵਕ ਸਿਖਲਾਈ ਦਿੱਤੀ ਗਈ।ਜ਼ਿਲ੍ਹਾ ਚੋਣ ਅਫ਼ਸਰ ਸ੍ਰੀਮਤੀ ਨਵਜੋਤ ਕੌਰ ਨੇ ਦੱਸਿਆ ਕਿ ਇਸ ਪਹਿਲੀ ਰਿਹਰਸਲ ਦੌਰਾਨ ਵੱਖ-ਵੱਖ ਨਗਰ ਕੌਂਸਲਾਂ ਤੇ ਨਗਰ ਪੰਚਾਇਤਾਂ ਲਈ ਨਗਰ ਕੌਂਸਲ ਮਾਨਸਾ ਲਈ ਨਹਿਰੂ ਮੈਮੋਰੀਅਲ ਸਰਕਾਰੀ ਕਾਲਜ ਮਾਨਸਾ , ਨਗਰ ਪੰਚਾਇਤ ਜੋਗਾ ਲਈ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੀਆਂ) ਜੋਗਾ ਨਗਰ ਕੌਂਸਲ ਬੁਢਲਾਡਾ ਲਈ ਕ੍ਰਿਸ਼ਨਾ ਕਾਲਜ ਰੱਲੀ, ਨਗਰ ਪੰਚਾਇਤ ਬੋਹਾ ਲਈ ਸ਼ਹੀਦ ਜਗਸੀਰ ਸਿੰਘ ਸਕੂਲ ਆਫ਼ ਐਮੀਨੈਂਸ ਬੋਹਾ ਅਤੇ ਨਗਰ ਕੌਂਸਲ ਬਰੇਟਾ ਲਈ ਸ਼ਹੀਦ ਬਾਬਾ ਨੰਦ ਸਿੰਘ ਪੋਲੀਟੈਕਨਿਕ ਕਾਲਜ ਬਰੇਟਾ ਵਿਖੇ ਰਿਹਰਸਲ ਕਰਾਈ ਗਈ । ਸ੍ਰੀਮਤੀ ਨਵਜੋਤ ਕੌਰ ਨੇ ਇਸ ਪਹਿਲੀ ਰਿਹਰਸਲ ਮੌਕੇ ਸਮੂਹ ਚੋਣ ਅਮਲੇ ਤੇ ਅਧਿਕਾਰੀਆਂ ਨੂੰ ਸਖ਼ਤ ਆਦੇਸ਼ ਜਾਰੀ ਕਰਦਿਆਂ ਕਿਹਾ ਕਿ ਚੋਣਾਂ ਦੌਰਾਨ ਕਿਸੇ ਵੀ ਪੱਧਰ 'ਤੇ ਕੋਈ ਢਿੱਲ-ਮੱਠ ਬਰਦਾਸ਼ਤ ਨਹੀਂ ਹੋਵੇਗੀ। ਉਨ੍ਹਾਂ ਹੁਕਮ ਦਿੱਤੇ ਕਿ ਸਮੁੱਚੀ ਚੋਣ ਪ੍ਰਕਿਰਿਆ ਨੂੰ ਪੂਰੀ ਤਰ੍ਹਾਂ ਪਾਰਦਰਸ਼ੀ, ਨਿਰਪੱਖ ਤੇ ਭੈਅ-ਮੁਕਤ ਮਾਹੌਲ 'ਚ ਨੇਪਰੇ ਚਾੜ੍ਹਿਆ ਜਾਵੇ।ਉਨ੍ਹਾਂ ਅੱਗੇ ਦੱਸਿਆ ਕਿ ਰਿਹਰਸਲਾਂ ਦੌਰਾਨ ਚੋਣ ਸਟਾਫ਼ ਨੂੰ ਵੋਟਿੰਗ ਪ੍ਰਕਿਰਿਆ ਦੀਆਂ ਤਕਨੀਕੀ ਬਾਰੀਕੀਆਂ, ਨਿਯਮਾਂ ਤੇ ਵੋਟਾਂ ਵਾਲੇ ਦਿਨ ਰੱਖੀਆਂ ਜਾਣ ਵਾਲੀਆਂ ਸਾਵਧਾਨੀਆਂ ਬਾਰੇ ਤਕਨੀਕੀ ਟ੍ਰੇਨਿੰਗ ਦਿੱਤੀ ਜਾ ਰਹੀ ਹੈ, ਤਾਂ ਜੁ 26 ਮਈ ਨੂੰ ਪੋਲਿੰਗ ਦੌਰਾਨ ਕਿਸੇ ਵੀ ਮੁਸ਼ਕਲ ਤੋਂ ਬਚਿਆ ਜਾ ਸਕੇ।ਉਨ੍ਹਾਂ ਦੱਸਿਆ ਕਿ ਆਉਣ ਵਾਲੇ ਦਿਨਾਂ 'ਚ ਅਗਲੀਆਂ ਰਿਹਰਸਲਾਂ ਰਾਹੀਂ ਇਸ ਸਿਖਲਾਈ ਨੂੰ ਹੋਰ ਪੁਖ਼ਤਾ ਕੀਤਾ ਜਾਵੇਗਾ।



# ਸਾਬਕਾ ਵਿਧਾਇਕ ਰਾਜਲਾ ਦੀ ਬਰਸੀ ਮਨਾਈ

**ਸਮਾਣਾ, (ਇਕਬਾਲ ਸਿੰਘ ਬੱਲ)** ਪਿੰਡ ਢੈਂਠਲ ਦੇ ਗੁਰਦੁਆਰਾ ਈਸਰ ਸਾਹਿਬ ਵਿਖੇ ਸਵ. ਸਾਬਕਾ ਵਿਧਾਇਕ ਹਰਦਿਆਲ ਸਿੰਘ ਰਾਜਲਾ ਦੀ 36ਵੀਂ ਬਰਸੀ ਸ਼ਰਧਾ ਤੇ ਸਤਿਕਾਰ ਨਾਲ ਮਨਾਈ ਗਈ।ਇਸ ਮੌਕੇ ਵੱਡੀ ਗਿਣਤੀ 'ਚ ਧਾਰਮਿਕ, ਸਮਾਜਿਕ ਤੇ ਰਾਜਨੀਤਕ ਹਸਤੀਆਂ ਨੇ ਪਹੁੰਚ ਕੇ ਸਵ. ਰਾਜਲਾ ਨੂੰ ਸ਼ਰਧਾਂਜਲੀ ਭੇਟ ਕੀਤੀ ਤੇ ਉਨ੍ਹਾਂ ਦੀਆਂ ਯਾਦਾਂ ਤਾਜ਼ਾ ਕੀਤੀਆਂ।ਬਰਸੀ ਸਮਾਗਮ ਦੌਰਾਨ ਪਹੁੰਚੀਆਂ ਸੰਗਤਾਂ ਦੇ ਵੱਡੇ ਇਕੱਠ ਨੇ ਇਹ ਸਾਬਤ ਕਰ ਦਿੱਤਾ ਕਿ 36 ਸਾਲ ਬਾਅਦ ਵੀ ਹਰਦਿਆਲ ਸਿੰਘ ਰਾਜਲਾ ਲੋਕਾਂ ਦੇ ਦਿਲਾਂ 'ਚ ਵਸਦੇ ਹਨ।

# ਗਿਆਨ ਦੀਪ ਮੰਚ ਨੇ ਸਾਹਿਤਕ ਸਮਾਗਮ ਕਰਾਇਆ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਗਿਆਨਦੀਪ ਸਾਹਿਤ ਸਾਧਨਾ ਮੰਚ (ਰਜਿ) ਪਟਿਆਲਾ ਵੱਲੋਂ ਭਾਸ਼ਾ ਵਿਭਾਗ ਪੰਜਾਬ ਦੇ ਸੈਮੀਨਾਰ ਹਾਲ 'ਚ ਮਹੀਨਾਵਾਰ ਇੱਕ ਸਾਹਿਤਕ ਸਮਾਗਮ ਤੇ ਕਵੀ ਦਰਬਾਰ ਕਰਾਇਆ ਗਿਆ।ਸਮਾਗਮ ਦੀ ਸ਼ੁਰੂਆਤ ਕਰਦਿਆਂ ਮੰਚ ਦੇ ਜਨਰਲ ਸਕੱਤਰ ਗੁਰਚਰਨ ਸਿੰਘ ਚੰਨ ਪਟਿਆਲ਼ਵੀ ਨੇ ਸਾਰੇ ਸਾਹਿਤਕਾਰਾਂ ਦਾ ਸਵਾਗਤ ਕਰਦਿਆਂ ਕਵੀਆਂ ਨੂੰ ਆਪਣੀ ਰਚਨਾ ਪੇਸ਼ ਕਰਨ ਦਾ ਸੱਦਾ ਦਿੱਤਾ। ਪ੍ਰਧਾਨਗੀ ਭਾਸ਼ਣ ਦਿੰਦਿਆਂ ਡਾ. ਜੀ ਐੱਸ ਆਨੰਦ ਨੇ ਕਿਹਾ ਕਿ ਕਵੀ ਸਮਾਜ ਨੂੰ ਬਦਲਣ ਦੀ ਤਾਕਤ ਰੱਖਦੇ ਹਨ।ਸਾਡੀ ਅਸਲ ਤਾਕਤ ਸਾਡੀ ਕਲਮ ਹੈ।ਸਮਾਗਮ ਦੌਰਾਨ ਪੰਜਾਬੀ ਮੈਗਜ਼ੀਨ 'ਗੁਸਈਆਂ' ਦਾ ਮਈ ਅੰਕ ਲੋਕ ਅਰਪਣ ਕੀਤਾ ਗਿਆ।ਮੈਗਜ਼ੀਨ ਦੇ ਮੁੱਖ ਸੰਪਾਦਕ ਕੁਲਵੰਤ ਸਿੰਘ ਨਾਰੀਕੇ ਨੇ ਆਪਣੇ ਭਾਸ਼ਣ 'ਚ ਕਿਹਾ ਕਿ ਇਹ ਮੈਗਜ਼ੀਨ ਆਪ ਸਭ ਦੇ ਸਹਿਯੋਗ ਨਾਲ ਨਿਰੰਤਰ ਉਂਨੀ ਸਾਲ ਤੋਂ ਛਪ ਰਿਹਾ ਹੈ ਤੇ ਪੰਜਾਬੀ ਬੋਲੀ ਦੀ ਸੇਵਾ ਕਰ ਰਿਹਾ ਹੈ। ਕਵਿਤਾ ਦੇ ਸੈਸ਼ਨ 'ਚ ਪਰਵਿੰਦਰ ਸੋਖ, ਸੁਖਵਿੰਦਰ ਸੇਖੋਂ, ਕੁਲਵੰਤ ਸੈਦੋਕੇ, ਬਚਨ ਸਿੰਘ ਗੁਰਮ, ਗੁਰਦਰਸ਼ਨ ਗੁਸੀਲ, ਦਰਸ਼ਨ ਸਿੰਘ ਦਰਸ਼ ਪਸਿਆਣਾ, ਗੁਰਪ੍ਰੀਤ ਸਿੰਘ ਢਿੱਲੋਂ, ਅਵਤਾਰਜੀਤ, ਅੰਗਰੇਜ਼ ਵਿਰਕ, ਇੰਦਰਪਾਲ ਸਿੰਘ, ਜਸਵਿੰਦਰ ਖਾਰਾ, ਸੰਤ ਸਿੰਘ ਸੋਹਲ, ਜਸਵਿੰਦਰ ਕੌਰ, ਕੁਲਦੀਪ ਕੌਰ ਧੰਜੂ, ਬਲਬੀਰ ਸਿੰਘ ਦਿਲਦਾਰ, ਮੰਗਤ ਖਾਨ, ਗੁਰਚਰਨ ਸਿੰਘ ਧੰਜੂ ਆਦਿ ਸ਼ਖ਼ਸੀਅਤਾਂ ਵੀ ਹਾਜ਼ਰ ਰਹੀਆਂ।ਫੋਟੋਗ੍ਰਾਫੀ ਦੇ ਫ਼ਰਜ਼ ਦਰਸ਼ਨ ਸਿੰਘ ਦਰਸ਼ ਪਸਿਆਣਾ ਵੱਲੋਂ ਨਿਭਾਏ ਗਏ।

# ਨਵੇਂ ਆਏ ਡੀ ਐੱਸ ਪੀ ਜਸਬਿੰਦਰ ਖਹਿਰਾ ਦਾ ਗਰਮਜੋਸ਼ੀ ਨਾਲ ਸਵਾਗਤ

## ਖਹਿਰਾ ਦੀ ਵਾਪਸੀ ਨਾਲ ਇਲਾਕੇ ਦੇ ਲੋਕਾਂ 'ਚ ਨਵੀਂ ਉਮੀਦ ਜਾਗੀ : ਪਵਨ ਗੋਇਲ

**ਬਾਘਾ ਪੁਰਾਣਾ (ਮਨੀ ਸਿੰਗਲਾ)**- ਬਾਘਾ ਪੁਰਾਣਾ ਵਿੱਚ ਨਵੇਂ ਤਾਇਨਾਤ ਡੀਐੱਸਪੀ ਜਸਬਿੰਦਰ ਸਿੰਘ ਖਹਿਰਾ ਦੇ ਪਹੁੰਚਣ 'ਤੇ ਸ਼ਹਿਰ ਤੇ ਆਸ-ਪਾਸ ਦੇ ਇਲਾਕਿਆਂ ਵਿੱਚ ਖੁਸ਼ੀ ਦੀ ਲਹਿਰ ਦੇਖਣ ਨੂੰ ਮਿਲੀ।ਉਨ੍ਹਾਂ ਦੇ ਆਗਮਨ ਮੌਕੇ ਇਲਾਕੇ ਦੇ ਪ੍ਰਮੁੱਖ ਸਮਾਜਿਕ, ਵਪਾਰਕ ਤੇ ਧਾਰਮਕ ਵਰਗਾਂ ਦੇ ਲੋਕਾਂ ਵੱਲੋਂ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ।ਇਸ ਮੌਕੇ ਪਵਨ ਗੋਇਲ, ਰਣਜੀਤ ਸਿੰਘ ਝੀਤੇ, ਹਿਮਾਂਸ਼ੂ ਅਗਰਵਾਲ ਤੇ ਚੈਰੀ ਭਾਟੀਆ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ।ਉਨ੍ਹਾਂ ਨੇ ਫੁੱਲਾਂ ਦੇ ਗੁਲਦਸਤੇ ਭੇਟ ਕਰ ਕੇ ਡੀਐੱਸਪੀ ਜਸਬਿੰਦਰ ਸਿੰਘ ਖਹਿਰਾ ਦਾ ਸਨਮਾਨ ਕੀਤਾ।ਮੌਜੂਦ ਲੋਕਾਂ ਨੇ ਉਨ੍ਹਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਖਹਿਰਾ ਪਹਿਲਾਂ ਵੀ ਬਾਘਾ ਪੁਰਾਣਾ ਵਿੱਚ ਆਪਣੀ ਇਮਾਨਦਾਰੀ, ਨਿੱਡਰਤਾ ਤੇ ਕਾਬਲ ਸੇਵਾਵਾਂ ਕਾਰਨ ਲੋਕਾਂ ਦੇ ਦਿਲਾਂ ਵਿੱਚ ਖਾਸ ਥਾਂ ਬਣਾ ਚੁੱਕੇ ਹਨ।ਸਮਾਜਿਕ ਆਗੂਆਂ ਪਵਨ ਗੋਇਲ ਤੇ ਰਣਜੀਤ ਸਿੰਘ ਝੀਤੇ ਨੇ ਕਿਹਾ ਕਿ ਡੀਐੱਸਪੀ ਖਹਿਰਾ ਦੀ ਵਾਪਸੀ ਨਾਲ ਇਲਾਕੇ ਦੇ ਲੋਕਾਂ ਵਿਚ ਨਵੀਂ ਉਮੀਦ ਪੈਦਾ ਹੋਈ ਹੈ।ਉਨ੍ਹਾਂ ਕਿਹਾ ਕਿ ਲੋਕਾਂ ਨੂੰ ਪੂਰਾ ਭਰੋਸਾ ਹੈ ਕਿ ਉਹ ਆਪਣੀ ਕਾਰਗੁਜ਼ਾਰੀ ਨਾਲ ਕਾਨੂੰਨ-ਵਿਵਸਥਾ ਨੂੰ ਹੋਰ ਮਜ਼ਬੂਤ ਕਰਨਗੇ ਤੇ ਅਪਰਾਧਿਕ ਗਤੀਵਿਧੀਆਂ 'ਤੇ ਕਾਬੂ ਪਾਉਣਗੇ।ਉਨ੍ਹਾਂ ਇਹ ਵੀ ਕਿਹਾ ਕਿ ਮੌਜੂਦਾ ਸਮੇਂ ਵਿੱਚ ਨਸ਼ਿਆਂ ਤੇ ਅਪਰਾਧ ਖ਼ਿਲਾਫ਼ ਸਖ਼ਤ ਕਾਰਵਾਈ ਦੀ ਲੋੜ ਹੈ ਅਤੇ ਡੀਐੱਸਪੀ ਖਹਿਰਾ ਵਰਗੇ ਤਜਰਬੇਕਾਰ ਅਧਿਕਾਰੀ ਦੀ ਤਾਇਨਾਤੀ ਇਸ ਦਿਸ਼ਾ ਵਿਚ ਇੱਕ ਮਹੱਤਵਪੂਰਨ ਕਦਮ ਹੈ।ਡੀਐੱਸਪੀ ਖਹਿਰਾ ਨੇ ਸਵਾਗਤ ਕਰਨ ਲਈ ਸਭ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਉਹ ਆਪਣੀ ਡਿਊਟੀ ਪੂਰੀ ਇਮਾਨਦਾਰੀ, ਨਿਸ਼ਠਾ ਤੇ ਜ਼ਿੰਮੇਵਾਰੀ ਨਾਲ ਨਿਭਾਉਣਗੇ।ਉਨ੍ਹਾਂ ਕਿਹਾ ਕਿ ਲੋਕਾਂ ਦੀ ਸੁਰੱਖਿਆ ਤੇ ਕਾਨੂੰਨ-ਵਿਵਸਥਾ ਨੂੰ ਮਜ਼ਬੂਤ ਬਣਾਉਣਾ ਉਨ੍ਹਾਂ ਦੀ ਸਭ ਤੋਂ ਪਹਿਲੀ ਤਰਜੀਹ ਰਹੇਗੀ।ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਪੁਲਸ ਨਾਲ ਸਹਿਯੋਗ ਕਰਕੇ ਸਮਾਜ ਨੂੰ ਸ਼ਾਂਤਮਈ ਤੇ ਸੁਰੱਖਿਅਤ ਬਣਾਉਣ ਵਿੱਚ ਆਪਣਾ ਯੋਗਦਾਨ ਪਾਉਣ।ਉਨ੍ਹਾਂ ਭਰੋਸਾ ਦਿੱਤਾ ਕਿ ਕਿਸੇ ਵੀ ਤਰ੍ਹਾਂ ਦੀ ਗੈਰਕਾਨੂੰਨੀ ਗਤੀਵਿਧੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਸ ਮੌਕੇ ਵੱਡੀ ਗਿਣਤੀ ਵਿਚ ਇਲਾਕੇ ਦੇ ਨਿਵਾਸੀ, ਵਪਾਰੀ, ਨੌਜਵਾਨ ਤੇ ਹੋਰ ਵਿਅਕਤੀ ਮੌਜੂਦ ਰਹੇ।ਸਭ ਨੇ ਇਕਜੁੱਟ ਹੋ ਕੇ ਡੀਐੱਸਪੀ ਖਹਿਰਾ ਨੂੰ ਨਵੀਂ ਜ਼ਿੰਮੇਵਾਰੀ ਲਈ ਵਧਾਈਆਂ ਦਿੱਤੀਆਂ ਤੇ ਉਨ੍ਹਾਂ ਦੀ ਅਗਵਾਈ ਹੇਠ ਬਾਘਾ ਪੁਰਾਣਾ ਵਿੱਚ ਅਮਨ, ਸ਼ਾਂਤੀ ਤੇ ਵਿਕਾਸ ਦੀ ਨਵੀਂ ਦਿਸ਼ਾ ਦੀ ਉਮੀਦ ਜਤਾਈ।



# ਕੇਂਦਰ ਵੱਲੋਂ ਪੰਜਾਬ ਨੂੰ ਸੜਕਾਂ ਲਈ ਵੱਡਾ ਫੰਡ

**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)** ਪੰਜਾਬ 'ਚ ਖਰਾਬ ਸੜਕਾਂ ਅਤੇ ਕੇਂਦਰ ਵੱਲੋਂ ਮਿਲੇ ਫੰਡਾਂ ਦੇ ਮੁੱਦੇ 'ਤੇ ਸਿਆਸਤ ਗਰਮਾ ਗਈ ਹੈ। ਭਾਜਪਾ ਦੇ ਕਿਸਾਨ ਵਿੰਗ ਦੇ ਪੰਜਾਬ ਸਟੇਟ ਕਾਰਜਕਾਰੀ ਮੈਂਬਰ ਹਰਿੰਦਰ ਸਿੰਘ ਸੇਖੋਂ ਨੇ ਦਾਅਵਾ ਕੀਤਾ ਹੈ ਕਿ ਪ੍ਰਧਾਨ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਨੇ ਪੰਜਾਬ ਦੀਆਂ ਸੜਕਾਂ ਲਈ ਮੰਗ ਤੋਂ ਵੱਧ ਰਕਮ ਜਾਰੀ ਕੀਤੀ ਹੈ। ਉਨ੍ਹਾਂ ਕਿਹਾ ਕਿ ਭਗਵੰਤ ਮਾਨ ਵੱਲੋਂ 170 ਕਰੋੜ ਰੁਪਏ ਦੀ ਮੰਗ ਕੀਤੀ ਗਈ ਸੀ, ਪਰ ਕੇਂਦਰ ਸਰਕਾਰ ਨੇ ਕਰੀਬ 400 ਕਰੋੜ ਰੁਪਏ ਜਾਰੀ ਕੀਤੇ ਹਨ।ਸੇਖੋਂ ਨੇ ਕਿਹਾ ਕਿ ਹੁਣ ਦੇਖਣਾ ਇਹ ਹੋਵੇਗਾ ਕਿ ਇਹ ਪੈਸਾ ਸਹੀ ਢੰਗ ਨਾਲ ਸੜਕਾਂ ਦੇ ਨਿਰਮਾਣ 'ਤੇ ਲੱਗਦਾ ਹੈ ਜਾਂ ਨਹੀਂ।ਉਨ੍ਹਾਂ ਦੋਸ਼ ਲਾਇਆ ਕਿ ਹਿੰਮਤਪੁਰਾ ਤੋਂ ਜਵਾਹਰ ਸਿੰਘ ਵਾਲਾ ਤੱਕ ਦੀ ਸੜਕ ਕਾਫੀ ਸਮੇਂ ਤੋਂ ਖਰਾਬ ਪਈ ਹੈ ਤੇ ਲੋਕਾਂ ਨੂੰ ਆਵਾਜਾਈ ਦੌਰਾਨ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਉਨ੍ਹਾਂ ਕਿਹਾ ਕਿ ਲੋਕ ਉਮੀਦ ਕਰ ਰਹੇ ਹਨ ਕਿ ਹੁਣ ਮਿਲੇ ਫੰਡਾਂ ਨਾਲ ਇਹ ਸੜਕ ਜਲਦ ਬਣਾਈ ਜਾਵੇਗੀ।



# ਮਾਤਾ ਗੁਜਰੀ ਜੀ ਭਲਾਈ ਕੇਂਦਰ ਵੱਲੋਂ ਪਿਆਓ ਸੇਵਾ ਸ਼ੁਰੂ

**ਬੁਢਲਾਡਾ (ਅਸ਼ੋਕ ਲਾਕੜ)** ਸਮਾਜ ਸੇਵੀ ਸੰਸਥਾ ਮਾਤਾ ਗੁਜਰੀ ਜੀ ਭਲਾਈ ਕੇਂਦਰ ਵੱਲੋਂ ਲੋਕਾਂ ਦੀਆਂ ਮੁਸ਼ਕਲਾਂ ਨੂੰ ਦੇਖਦੇ ਹੋਏ ਐਸ.ਡੀ.ਐਮ ਦਫਤਰ ਤੇ ਤਹਿਸੀਲ ਕੰਪਲੈਕਸ ਵਿੱਚ ਠੰਡੇ ਪਾਣੀ ਦੇ ਪਿਆਓ ਦੀ ਸੇਵਾ ਸ਼ੁਰੂ ਕੀਤੀ ਗਈ। ਸੰਸਥਾ ਆਗੂ ਮਾਸਟਰ ਕੁਲਵੰਤ ਸਿੰਘ ਅਤੇ ਈ ਓ ਕੁਲਵਿੰਦਰ ਸਿੰਘ ਨੇ ਦੱਸਿਆ ਕਿ ਗਰਮੀ ਵਧਣ ਕਾਰਨ ਪਾਣੀ ਦੀ ਪਿਆਸ ਵੀ ਵਧ ਜਾਂਦੀ ਹੈ ਤੇ ਜੇ ਠੰਡਾ ਪਾਣੀ ਨਾ ਮਿਲੇ ਤਾਂ ਜਾਨ ਨਿਕਲਣ ਵਾਲੀ ਹੋ ਜਾਂਦੀ ਹੈ।ਤਹਿਸੀਲ ਕੰਪਲੈਕਸ ਐਸ.ਡੀ.ਐਮ ਦਫ਼ਤਰ ਵਿੱਚ ਬਹੁਤ ਲੋਕ ਰਜਿਸਟਰੀਆਂ ਕਰਾਉਣ ਤੇ ਹੋਰ ਕੰਮਾਂ ਲਈ ਆਉਂਦੇ ਹਨ।ਉਨ੍ਹਾਂ ਦੀ ਮੁਸ਼ਕਲ ਨੂੰ ਦੇਖਦੇ ਸੰਸਥਾ ਵਲੋਂ ਠੰਡੇ ਪਾਣੀ ਦਾ ਪਿਆਓ ਸ਼ੁਰੂ ਕਰ ਦਿੱਤਾ ਗਿਆ ਹੈ, ਜਿਸ ਦੀ ਸ਼ੁਰੂਆਤ ਐਸ.ਡੀ.ਐਮ ਗਗਨਦੀਪ ਸਿੰਘ ਤੇ ਨੰਬਰਦਾਰ ਰਮੇਸ਼ ਕੁਮਾਰ ਵੱਲੋਂ ਕੀਤੀ ਗਈ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਸੰਸਥਾ ਵੱਲੋਂ ਸ਼ਹਿਰ 'ਚ 12 ਟੈਂਕੀਆਂ ਰੱਖ ਕੇ ਤੇ 2 ਚੱਲਦੇ ਫਿਰਦੇ ਰਿਕਸ਼ਿਆਂ ਨਾਲ ਪਾਣੀ ਦੀ ਸੇਵਾ ਕੀਤੀ ਜਾ ਰਹੀ ਹੈ।ਜਲਦੀ ਹੀ ਬੱਸ ਸਟੈਂਡ ਦਾ ਪਿਆਓ ਵੀ ਸ਼ੁਰੂ ਕੀਤਾ ਜਾ ਰਿਹਾ ਹੈ।



# ਛਾਪਾ-ਪੰਡੋਰੀ ਦਿਹਾਤੀ ਫੀਡਰ ਦੀ ਸਪਲਾਈ 5 ਦਿਨਾਂ ਤੋਂ ਠੱਪ

**ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ)** ਪਿੰਡ ਪੰਡੋਰੀ-ਛਾਪਾ ਦੇ ਕਾਲਾਮਾਲਾ ਸਾਹਿਬ ਦਿਹਾਤੀ ਖੇਤਾਂ ਵਾਲੇ ਫੀਡਰ ਦੀ ਬਿਜਲੀ ਸਪਲਾਈ ਪਿਛਲੇ ਚਾਰ-ਪੰਜ ਦਿਨਾਂ ਤੋਂ ਪੂਰੀ ਤਰ੍ਹਾਂ ਬੰਦ ਰਹਿਣ ਕਾਰਨ ਸਬੰਧਤ ਕਿਸਾਨ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰ ਰਹੇ ਹਨ। ਬਿਜਲੀ ਨਾ ਹੋਣ ਕਾਰਨ ਸਿੰਚਾਈ ਰੁਕਣ ਨਾਲ ਸਬਜ਼ੀਆਂ, ਝੋਨੇ ਦੀ ਪਨੀਰੀ ਤੇ ਮੱਕੀ ਦੀ ਫਸਲ ਸੁੱਕਣ ਦੇ ਕਿਨਾਰੇ ਪਹੁੰਚ ਗਈ ਹੈ ਅਤੇ ਕਿਸਾਨਾਂ ਨੂੰ ਵੱਡੇ ਆਰਥਿਕ ਨੁਕਸਾਨ ਦਾ ਡਰ ਸਤਾ ਰਿਹਾ ਹੈ।ਕਿਸਾਨ ਨੱਥਾ ਸਿੰਘ ਬਾਠ, ਸੁਖਵਿੰਦਰ ਸਿੰਘ ਤੇ ਗੁਰਮੇਲ ਸਿੰਘ ਛਾਪਾ ਨੇ ਦੱਸਿਆ ਕਿ ਲਗਾਤਾਰ ਕਈ ਦਿਨਾਂ ਤੋਂ ਬਿਜਲੀ ਸਪਲਾਈ ਬੰਦ ਹੋਣ ਕਾਰਨ ਖੇਤਾਂ 'ਚ ਫ਼ਸਲਾਂ ਨੂੰ ਪਾਣੀ ਨਹੀਂ ਲੱਗ ਸਕਿਆ।ਉਨ੍ਹਾਂ ਕਿਹਾ ਕਿ ਸਮੇਂ 'ਤੇ ਸਿੰਚਾਈ ਨਾ ਹੋਣ ਨਾਲ ਫ਼ਸਲਾਂ ਨੂੰ ਭਾਰੀ ਨੁਕਸਾਨ ਹੋ ਰਿਹਾ ਹੈ ਤੇ ਕਿਸਾਨਾਂ ਦੀ ਮਿਹਨਤ ਤੇ ਖਰਚਾ ਦਾਅ 'ਤੇ ਲੱਗ ਗਿਆ ਹੈ।ਕਿਸਾਨਾਂ ਮੁਤਾਬਕ ਜਦੋਂ ਵੀ ਪਾਵਰਕਾਮ ਦਫ਼ਤਰ ਦਸੌਂਧਾ ਸਿੰਘ ਵਾਲਾ ਨਾਲ ਸੰਪਰਕ ਕੀਤਾ ਜਾਂਦਾ ਹੈ ਤਾਂ ਕੋਈ ਢੁੱਕਵਾਂ ਜਵਾਬ ਨਹੀਂ ਮਿਲਿਆ। ਸਿਰਫ਼ ਸੋਸ਼ਲ ਮੀਡੀਆ ਗਰੁੱਪਾਂ ਵਿੱਚ ਫੀਡਰ ਫਾਲਟ ਦੀ ਸੂਚਨਾ ਭੇਜ ਦਿੱਤੀ ਜਾਂਦੀ ਹੈ। ਕਿਸਾਨਾਂ ਨੇ ਮੰਗ ਕੀਤੀ ਕਿ ਬਿਜਲੀ ਸਪਲਾਈ ਤੁਰੰਤ ਬਹਾਲ ਕੀਤੀ ਜਾਵੇ ਤਾਂ ਜੁ ਹੋਰ ਨੁਕਸਾਨ ਤੋਂ ਬਚਿਆ ਜਾ ਸਕੇ।ਇਸ ਮਾਮਲੇ ਸਬੰਧੀ ਪਾਵਰਕਾਮ ਦਫ਼ਤਰ ਦਸੌਂਧਾ ਸਿੰਘ ਵਾਲਾ ਨਾਲ ਗੱਲਬਾਤ ਦੌਰਾਨ ਡਿਊਟੀ 'ਤੇ ਤੈਨਾਤ ਕਰਮਚਾਰੀ ਨੇ ਦੱਸਿਆ ਕਿ ਹਾਲ ਹੀ ਵਿੱਚ ਆਈ ਤੇਜ਼ ਹਨੇਰੀ ਤੇ ਝੱਖੜ ਕਾਰਨ ਫੀਡਰ ਲਾਈਨ ਦੇ ਕੁਝ ਖੰਭੇ ਟੁੱਟ ਗਏ ਸਨ।ਨਵੇਂ ਖੰਭੇ ਮੌਕੇ 'ਤੇ ਪਹੁੰਚ ਚੁੱਕੇ ਹਨ। ਜੇਈ ਬਲਰਾਜ ਸਿੰਘ ਆਪਣੀ ਟੀਮ ਨਾਲ ਮੁਰੰਮਤ ਦਾ ਕੰਮ ਕਰ ਰਹੇ ਹਨ।

# ਬਾਬਾ ਹਰਦੇਵ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ

**ਸਮਾਣਾ (ਇਕਬਾਲ ਸਿੰਘ ਬੱਲ)** ਸੰਤ ਨਿਰੰਕਾਰੀ ਮਿਸ਼ਨ ਵੱਲੋਂ ਯੁਗਦ੍ਰਿਸ਼ਟਾ ਬਾਬਾ ਹਰਦੇਵ ਸਿੰਘ ਜੀ ਦੀ ਯਾਦ 'ਚ ਸੰਤ ਨਿਰੰਕਾਰੀ ਅਧਿਆਤਮਿਕ ਸਥਲ, ਸਮਾਲਖਾ ਵਿਖੇ ਪਰਮ ਸਤਿਕਾਰਯੋਗ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਤੇ ਨਿਰੰਕਾਰੀ ਰਾਜਪਿਤਾ ਰਮਿਤ ਜੀ ਦੀ ਛਤਰ-ਛਾਇਆ ਹੇਠ ਭਾਵਪੂਰਤ ਸੰਤ ਸਮਾਗਮ ਦਾ ਆਯੋਜਨ ਕੀਤਾ ਗਿਆ।ਸਮਾਗਮ ਵਿੱਚ ਲੱਖਾਂ ਸ਼ਰਧਾਲੂਆਂ ਨੇ ਸਤਿਗੁਰੂ ਦੇ ਪਾਵਨ ਦਰਸ਼ਨ ਕੀਤੇ ਤੇ ਅੰਮ੍ਰਿਤਮਈ ਪ੍ਰਵਚਨਾਂ ਨੂੰ ਸੁਣ ਕੇ ਆਤਮਿਕ ਸ਼ਾਂਤੀ, ਅਨੰਦ ਅਤੇ ਇਲਾਹੀ ਪ੍ਰੇਰਨਾ ਪ੍ਰਾਪਤ ਕੀਤੀ।ਸਮਾਣਾ ਵਿਖੇ ਵੀ ਸਮਰਪਣ ਦਿਵਸ ਭਾਈ ਸਾਹਿਬ ਸਮਸ਼ੇਰ ਸਿੰਘ ਰਾਜਪੁਰਾ ਦੀ ਅਗਵਾਈ ਹੇਠ ਪੁਰਾਣੇ ਨਿਰੰਕਾਰੀ ਸਤਿਸੰਗ ਭਵਨ ਵਿਖੇ ਸ਼ਰਧਾ ਭਾਵ ਨਾਲ ਮਨਾਇਆ ਗਿਆ। ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਨੇ ਆਪਣੇ ਅਸ਼ੀਰ ਵਚਨਾਂ ਵਿੱਚ ਫ਼ਰਮਾਇਆ ਕਿ ਬਾਬਾ ਜੀ ਦਾ ਸੰਪੂਰਨ ਜੀਵਨ ਮਾਨਵਤਾ, ਸੇਵਾ ਤੇ ਪ੍ਰੇਮਾ-ਭਗਤੀ ਦੀ ਇੱਕ ਮਿਸਾਲ ਰਿਹਾ।ਉਨ੍ਹਾਂ ਨੇ ਪ੍ਰੇਰਿਤ ਕੀਤਾ ਕਿ ਮਾਨਵ ਜੀਵਨ ਦਾ ਹਰ ਪਲ ਸਾਰਥਕ ਬਣੇ ਤੇ ਹਰ ਘੜੀ ਇਨਸਾਨੀਅਤ, ਕਰੁਣਾ ਅਤੇ ਮਾਨਵੀ ਕਦਰਾਂ-ਕੀਮਤਾਂ ਦਾ ਪ੍ਰਮਾਣ ਪੇਸ਼ ਕਰੇ। ਬਾਬਾ ਹਰਦੇਵ ਸਿੰਘ ਦੀ ਪ੍ਰੇਰਨਾ ਅੱਜ ਵੀ ਸ਼ਰਧਾਲੂਆਂ ਦੇ ਹਿਰਦਿਆਂ ਵਿੱਚ ਜਿਊਂਦੀ ਹੈ। ਵਰਤਮਾਨ ਵਿੱਚ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਉਨ੍ਹਾਂ ਦੇ ਸੰਦੇਸ਼ਾਂ ਨੂੰ ਅੱਗੇ ਵਧਾਉਂਦੇ ਹੋਏ ਸੇਵਾ, ਸਮਰਪਣ ਤੇ ਸਦਭਾਵਨਾ ਦਾ ਪ੍ਰਕਾਸ਼ ਫੈਲਾ ਰਹੇ ਹਨ।ਉਨ੍ਹਾਂ ਦੇ ਮਾਰਗਦਰਸ਼ਨ ਸਦਕਾ ਵਿਸ਼ਵ ਵਿੱਚ ਮਾਨਵਤਾ, ਏਕਤਾ ਤੇ ਭਾਈਚਾਰੇ ਦਾ ਸੰਦੇਸ਼ ਨਿਰੰਤਰ ਪ੍ਰਸਾਰਿਤ ਹੋ ਰਿਹਾ ਹੈ।



# ਜਸਟਿਸ ਜਗਮੋਹਨ ਬਾਂਸਲ ਵੱਲੋਂ ਸੰਵੇਦਨਸ਼ੀਲ ਗਵਾਹ ਬਿਆਨ ਕੇਂਦਰ ਦਾ ਉਦਘਾਟਨ

**ਮੋਗਾ (ਇਕਬਾਲ ਸਿੰਘ ਖਹਿਰਾ)**- ਮੋਗਾ ਦੇ ਜੁਡੀਸ਼ੀਅਲ ਕੋਰਟਸ ਕੰਪਲੈਕਸ ਵਿੱਚ ਪੰਜਾਬ ਤੇ ਹਰਿਆਣਾ ਹਾਈਕੋਰਟ ਦੇ ਜੱਜ ਜਸਟਿਸ ਜਗਮੋਹਨ ਬਾਂਸਲ ਨੇ ਸੰਵੇਦਨਸ਼ੀਲ ਗਵਾਹ ਬਿਆਨ ਕੇਂਦਰ ਦਾ ਉਦਘਾਟਨ ਕੀਤਾ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਜੱਜ ਜਸਟਿਸ ਜਗਮੋਹਨ ਬਾਂਸਲ ਨੂੰ ਜ਼ਿਲ੍ਹਾ ਤੇ ਸੈਸ਼ਨ ਜੱਜ ਮੋਗਾ ਨੀਲਮ ਅਰੋੜਾ, ਡਿਪਟੀ ਕਮਿਸ਼ਨਰ ਸਾਗਰ ਸੇਤੀਆ, ਸੀਨੀਅਰ ਸੁਪਰਡੈਂਟ ਆਫ ਪੁਲਸ ਸਰਤਾਜ ਸਿੰਘ ਚਾਹਲ, ਮੋਗਾ ਦੇ ਸਾਰੇ ਜੁਡੀਸ਼ੀਅਲ ਅਫਸਰਾਨ ਤੇ ਬਾਰ ਐਸੋਸੀਏਸ਼ਨ ਮੋਗਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਸਿੱਧੂ ਤੇ ਬਾਰ ਐਸੋਸੀਏਸ਼ਨ ਨਿਹਾਲ ਸਿੰਘ ਵਾਲਾ ਦੇ ਪ੍ਰਧਾਨ ਸੰਦੀਪ ਅਰੋੜਾ, ਸੀਨੀਅਰ ਵਕੀਲ ਸਾਹਿਬਾਨਾਂ ਤੇ ਬਾਰ ਦੇ ਮੈਂਬਰ ਸਾਹਿਬਾਨਾਂ ਨੇ ਮੋਗਾ ਪਹੁੰਚਣ 'ਤੇ ਜੀ ਆਇਆਂ ਕਿਹਾ ਤੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ।

ਉਪਰੰਤ ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ ਜੱਜ ਜਸਟਿਸ ਜਗਮੋਹਨ ਬਾਂਸਲ ਨੇ ਸੰਵੇਦਨਸ਼ੀਲ ਗਵਾਹ ਬਿਆਨ ਕੇਂਦਰ ਦਾ ਉਦਘਾਟਨ ਕੀਤਾ।]ਇਸ ਮੌਕੇ ਹਾਈਕੋਰਟ ਦੇ ਜੱਜ ਜਸਟਿਸ ਜਗਮੋਹਨ ਬਾਂਸਲ ਨੇ ਕਿਹਾ ਕਿ ਜ਼ਿਲ੍ਹਾ ਕਚਹਿਰੀਆਂ ਮੋਗਾ ਅੰਦਰ ਜੋ ਅੱਜ ਸੰਵੇਦਨਸ਼ੀਲ ਗਵਾਹ ਬਿਆਨ ਕੇਂਦਰ ਦਾ ਉਦਘਾਟਨ ਕੀਤਾ ਗਿਆ ਹੈ, ਇਸ ਨਾਲ ਸੰਵੇਦਨਸ਼ੀਲ ਗਵਾਹਾਂ ਨੂੰ ਬਹੁਤ ਫਾਇਦਾ ਹੋਵੇਗਾ ਤੇ ਇਸ ਸੈਂਟਰ ਬਾਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਇਹ ਸੰਵੇਦਨਸ਼ੀਲ ਗਵਾਹਾਂ ਨੂੰ ਅਪਰਾਧਿਕ ਕਾਰਵਾਈਆਂ ਵਿੱਚ ਗਵਾਹੀ ਦੇਣ ਲਈ ਇੱਕ ਸੁਰੱਖਿਅਤ, ਸੂਖਮ ਤੇ ਰੁਕਾਵਟ-ਮੁਕਤ ਵਾਤਾਵਰਨ ਪ੍ਰਦਾਨ ਕਰਦੇ ਹਨ। ਇਸ ਮੌਕੇ ਅਮਰਜੀਤ ਸਿੰਘ ਵਧੀਕ ਜ਼ਿਲ੍ਹਾ ਤੇ ਸੈਸ਼ਨ ਜੱਜ, ਬਿਸ਼ਨ ਸਰੂਪ, ਵਧੀਕ ਜ਼ਿਲ੍ਹਾ ਤੇ ਸੈਸ਼ਨ ਜੱਜ, ਮੁਨੀਸ਼ ਅਰੋੜਾ ਵਧੀਕ ਜ਼ਿਲ੍ਹਾ ਤੇ ਸੈਸ਼ਨ ਜੱਜ, ਸ਼ਿਵ ਮੋਹਨ ਗਰਗ ਵਧੀਕ ਜ਼ਿਲ੍ਹਾ ਤੇ ਸੈਸ਼ਨ ਜੱਜ, ਰਾਵੀ ਇੰਦਰ ਕੌਰ ਸੰਧੂ ਪ੍ਰਿੰਸੀਪਲ ਜੱਜ, ਫੈਮਿਲੀ ਕੋਰਟ, ਪੁਸ਼ਪਾ ਰਾਣੀ ਸਿਵਲ ਜੱਜ (ਸੀਨੀਅਰ ਡਵੀਜਨ), ਮਮਤਾ ਕੱਕੜ ਚੀਫ ਜੁਡੀਸ਼ੀਅਲ ਮੈਜਿਸਟ੍ਰੇਟ, ਸਿਮਰਨ ਸਿੰਘ ਸਕੱਤਰ ਜਿਲਾ ਕਾਨੂੰਨੀ ਸੇਵਾਵਾਂ ਅਥਾਰਟੀ, ਇਤੂ ਸੋਢੀ ਵਧੀਕ ਸਿਵਲ ਜੱਜ (ਸੀਨੀਅਰ ਡਵੀਜਨ) ਤੇ ਹੋਰ ਜੱਜ ਸਾਹਿਬਾਨ ਹਾਜ਼ਰ ਸਨ।



# ਲੋਕ ਕਾਂਗਰਸ ਸਰਕਾਰ ਬਣਾਉਣ ਲਈ ਵੋਟਾਂ ਨੂੰ ਬੇਸਬਰੀ ਨਾਲ ਉਡੀਕ ਰਹੇ : ਕਾਂਤਾ ਕੁਠਾਲਾ



**ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ)** ਸੂਬਾ ਸਰਕਾਰ ਲੋਕਾਂ ਦੇ ਮਨੋਂ ਲਹਿ ਜਾਣ ਕਰਕੇ ਸੂਬੇ ਦੇ ਲੋਕ ਹੁਣ ਕਾਂਗਰਸ ਦੀ ਅਗਵਾਈ ਹੇਠ ਸਰਕਾਰ ਬਣਾਉਣ ਲਈ ਵੋਟਾਂ ਦੇ ਦਿਨ ਨੂੰ ਬੜੀ ਹੀ ਬੇਸਬਰੀ ਨਾਲ ਉਡੀਕ ਰਹੇ ਹਨ। ਇਹ ਪ੍ਰਗਟਾਵਾ ਕਾਂਗਰਸ ਦੇ ਸੀਨੀਅਰ ਆਗੂ ਬੀਬੀ ਕਾਂਤਾ ਕੁਠਾਲਾ ਨੇ ਕੀਤਾ।ਉਨ੍ਹਾਂ ਕਿਹਾ ਕਿ ਲੋਕਾਂ ਨੇ ਬੜੇ ਹੀ ਚਾਵਾਂ, ਸਧਰਾਂ ਨਾਲ ਬਦਲਾਅ ਲਿਆਉਣ ਲਈ ਆਮ ਆਦਮੀ ਪਾਰਟੀ ਦੀ ਸਰਕਾਰ ਲਿਆਂਦੀ ਸੀ, ਪਰ ਸਮੇ ਦੇ ਹਾਕਮਾਂ ਨੇ ਲੋਕਾਂ ਨੂੰ ਲੁੱਟਣ ਤੇ ਕੁੱਟਣ ਤੋਂ ਸਿਵਾਏ ਹੋਰ ਕੱਖ ਨਹੀਂ ਕੀਤਾ।ਹਰ ਪਾਸੇ ਭ੍ਰਿਸ਼ਟਾਚਾਰ, ਲੁੱਟ ਖੋਹ, ਮਾਰ ਕੁਟਾਈ, ਹੱਕ ਮੰਗਦੇ ਕਿਰਤੀ ਲੋਕਾਂ ਉਪਰ ਲਾਠੀਚਾਰਜ ਦੀਆਂ ਘਟਨਾਵਾਂ ਹਰ ਰੋਜ਼ ਦੀ ਇੱਕ ਆਮ ਗੱਲ ਬਣ ਗਈ ਹੈ।ਹਾਕਮ ਆਪਣੀ ਬਣਦੀ ਜਿੰਮੇਵਾਰੀ ਨਿਭਾਉਣ ਦੀ ਥਾਂ ਆਪਣੀਆਂ ਤਿਜੌਰੀਆਂ ਭਰਨ 'ਚ ਰੁੱਝੇ ਹੋਏ ਹਨ। ਸੂਬੇ ਦੇ ਕਿਰਤੀ ਲੋਕ ਆਪਣੇ ਨਾਲ ਹੋਈ ਜੱਗੋਂ ਤੇਰ੍ਹਵੀਂ ਦਾ ਹਿਸਾਬ-ਕਿਤਾਬ ਆਗਾਮੀ ਵਿਧਾਨ ਸਭਾ ਚੋਣਾਂ ਵੇਲੇ ਅਵੱਛ ਕਰਨਗੇ।ਬੀਬੀ ਕਾਂਤਾ ਕੁਠਾਲਾ ਨੇ ਦੱਸਿਆ ਕਿ ਕਾਂਗਰਸ ਹਾਈ ਕਮਾਂਡ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਉਹ।ਵਿਧਾਨ ਸਭਾ ਹਲਕਾ ਮਹਿਲ ਕਲਾਂ ਰਾਖਵੇਂ ਤੋਂ ਘਰ-ਘਰ ਜਾ ਕੇ ਲੋਕਾਂ ਨਾਲ ਸੰਪਰਕ ਮੁਹਿੰਮ ਤਹਿਤ ਰਾਬਤਾ ਕਾਇਮ ਕੀਤਾ ਜਾ ਰਿਹਾ ਹੈ।

# ਨਗਰ ਕੌਂਸਲ ਚੋਣਾਂ 'ਚ ਰੁੱਝੇ ਆਗੂ, ਸ਼ਹਿਰ ਦੀਆਂ ਸੜਕਾਂ 'ਤੇ ਕੂੜੇ ਦੇ ਢੇਰ

**ਦੋਰਾਹਾ, (ਹਰਮਿੰਦਰ ਸੇਠ)** ਇੱਕ ਪਾਸੇ ਨਗਰ ਕੌਂਸਲ ਚੋਣਾਂ ਨੂੰ ਲੈ ਕੇ ਸਿਆਸੀ ਪਾਰਟੀਆਂ ਤੇ ਉਮੀਦਵਾਰ ਚੋਣ ਪ੍ਰਚਾਰ ਵਿੱਚ ਪੂਰੀ ਤਰ੍ਹਾਂ ਰੁੱਝੇ ਹੋਏ ਹਨ, ਜਦਕਿ ਦੂਜੇ ਪਾਸੇ ਦੋਰਾਹਾ ਸ਼ਹਿਰ ਵਿੱਚ ਸਫ਼ਾਈ ਪ੍ਰਬੰਧਾਂ ਦੀ ਮੰਦਹਾਲੀ ਨੇ ਲੋਕਾਂ ਦੀਆਂ ਮੁਸ਼ਕਲਾਂ ਵਿੱਚ ਵਾਧਾ ਕਰ ਦਿੱਤਾ ਹੈ।ਸ਼ਹਿਰ ਦੇ ਬੱਸ ਸਟੈਂਡ ਨੇੜੇ ਸਿੱਧੂ ਹਸਪਤਾਲ ਕੋਲ ਸੜਕ ਕਿਨਾਰੇ ਕੂੜੇ ਦੇ ਵੱਡੇ ਢੇਰ ਲੱਗੇ ਹੋਏ ਹਨ ਤੇ ਇਲਾਕੇ ਵਿੱਚ ਗੰਦਗੀ ਫੈਲੀ ਹੋਈ ਹੈ, ਜਿਸ ਕਾਰਨ ਆਮ ਲੋਕਾਂ ਨੂੰ ਕਾਫ਼ੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਲੋਕਾਂ ਦਾ ਕਹਿਣਾ ਹੈ ਕਿ ਪਿਛਲੇ ਕੁਝ ਦਿਨਾਂ ਤੋਂ ਇਲਾਕੇ ਵਿੱਚ ਕੂੜਾ ਸਮੇਂ ਸਿਰ ਨਹੀਂ ਚੁੱਕਿਆ ਜਾ ਰਿਹਾ, ਜਿਸ ਨਾਲ ਸੜਕਾਂ ਤੇ ਆਸ-ਪਾਸ ਦੇ ਇਲਾਕਿਆਂ ਵਿੱਚ ਬਦਬੂ ਫੈਲ ਰਹੀ ਹੈ।ਗਰਮੀ ਦੇ ਮੌਸਮ ਵਿੱਚ ਇਹ ਗੰਦਗੀ ਲੋਕਾਂ ਦੀ ਸਿਹਤ ਲਈ ਵੀ ਖ਼ਤਰਾ ਬਣਦੀ ਜਾ ਰਹੀ ਹੈ।ਲੋਕਾਂ ਨੇ ਦੱਸਿਆ ਕਿ ਕੂੜੇ ਦੇ ਢੇਰਾਂ ਕਾਰਨ ਨਾ ਸਿਰਫ਼ ਰਾਹਗੀਰ ਪ੍ਰੇਸ਼ਾਨ ਹਨ, ਸਗੋਂ ਦੁਕਾਨਦਾਰਾਂ ਤੇ ਮਰੀਜ਼ਾਂ ਨੂੰ ਵੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਜਾਣਕਾਰੀ ਮੁਤਾਬਕ ਸਫ਼ਾਈ ਕ੍ਰਮਚਾਰੀਆਂ ਦੀਆਂ ਲੰਮੇ ਸਮੇਂ ਤੋਂ ਚੱਲ ਰਹੀਆਂ ਮੰਗਾਂ ਨੂੰ ਲੈ ਕੇ ਪੰਜਾਬ ਦੇ ਕਈ ਸ਼ਹਿਰਾਂ ਵਿੱਚ ਸਫ਼ਾਈ ਪ੍ਰਬੰਧ ਪ੍ਰਭਾਵਤ ਹੋਏ ਹਨ।ਕ੍ਰਮਚਾਰੀਆਂ ਵੱਲੋਂ ਆਪਣੀਆਂ ਮੰਗਾਂ ਮਨਵਾਉਣ ਲਈ ਸੰਘਰਸ਼ ਕੀਤਾ ਜਾ ਰਿਹਾ ਹੈ, ਜਿਸ ਦੇ ਚੱਲਦੇ ਕਈ ਥਾਂਵਾਂ 'ਤੇ ਕੂੜਾ ਚੁੱਕਣ ਦਾ ਕੰਮ ਪ੍ਰਭਾਵਿਤ ਹੋਇਆ ਹੈ।ਇਸਦਾ ਸਿੱਧਾ ਅਸਰ ਹੁਣ ਦੋਰਾਹਾ ਸ਼ਹਿਰ ਵਿੱਚ ਵੀ ਵੇਖਣ ਨੂੰ ਮਿਲ ਰਿਹਾ ਹੈ। ਇਲਾਕਾ ਨਿਵਾਸੀਆਂ ਨੇ ਦੋਸ਼ ਲਾਇਆ ਕਿ ਚੋਣਾਂ ਦੇ ਦੌਰਾਨ ਸਿਆਸੀ ਆਗੂਆਂ ਦਾ ਧਿਆਨ ਲੋਕਾਂ ਦੀਆਂ ਮੁੱਢਲੀਆਂ ਸਮੱਸਿਆਵਾਂ ਤੋਂ ਹਟ ਗਿਆ ਹੈ।ਲੋਕਾਂ ਦਾ ਕਹਿਣਾ ਹੈ ਕਿ ਜਿੱਥੇ ਚੋਣ ਪ੍ਰਚਾਰ ਦੌਰਾਨ ਵੱਡੇ-ਵੱਡੇ ਵਾਅਦੇ ਕੀਤੇ ਜਾ ਰਹੇ ਹਨ, ਉੱਥੇ ਹੀ ਸ਼ਹਿਰ ਦੀ ਸਫ਼ਾਈ ਵਰਗੀਆਂ ਬੁਨਿਆਦੀ ਸਹੂਲਤਾਂ ਨੂੰ ਅਣਡਿੱਠਾ ਕੀਤਾ ਜਾ ਰਿਹਾ ਹੈ।



# ਭਾਰਤੀ ਕਿਸਾਨ ਯੂਨੀਅਨ ਦੀ ਹੋਈ ਅਹਿਮ ਮੀਟਿੰਗ



**ਮੱਖੂ, (ਰਛਪਾਲ ਸਿੰਘ ਸੰਧੂ)** ਭਾਰਤੀ ਕਿਸਾਨ ਯੂਨੀਅਨ ਦੀ ਅਹਿਮ ਮੀਟਿੰਗ ਸੂਬਾ ਪ੍ਰਧਾਨ ਫਰਮਾਨ ਸਿੰਘ ਸੰਧੂ ਦੀ ਅਗਵਾਈ ਹੇਠ ਵਾਰਸ ਵਾਲਾ ਜੱਟਾਂ ਵਿਖੇ ਰਸ਼ਪਾਲ ਸਿੰਘ ਫੌਜੀ ਦੇ ਗ੍ਰਹਿ ਵਿਖੇ ਹੋਈ, ਜਿਸ ਵਿੱਚ ਜਥੇਬੰਦੀ ਦੇ ਸਰਪ੍ਰਸਤ ਗੁਰਦੇਵ ਸਿੰਘ ਤੋਂ ਇਲਾਵਾ ਕੋਰ ਕਮੇਟੀ ਮੈਂਬਰ ਪੰਜਾਬ ਜਥੇ. ਗੁਰਚਰਨ ਸਿੰਘ ਪੀਰ ਮੁਹੰਮਦ, ਪ੍ਰਗਟ ਸਿੰਘ ਲਹਿਰਾ, ਬਲਦੇਵ ਸਿੰਘ ਵਾਈਆਂ, ਗੁਰਨਾਮ ਸਿੰਘ ਸ਼ੀਹਾਪਾੜੀ, ਮਹਿੰਦਰ ਸਿੰਘ, ਤਾਰਾ ਸਿੰਘ, ਜਰਨਲ ਸਕੱਤਰ ਜੋਗਾ ਸਿੰਘ ਪੀਰ ਮੁਹੰਮਦ ਆਦਿ ਵਿਸ਼ੇਸ਼ ਤੌਰ 'ਤੇ ਪਹੁੰਚੇ।ਮੀਟਿੰਗ ਦੀ ਕਾਰਵਾਈ ਸ਼ੁਰੂ ਕਰਦੇ ਹੋਏ ਪ੍ਰਗਟ ਸਿੰਘ ਲਹਿਰਾ ਵੱਲੋਂ ਸਾਰਿਆਂ ਨੂੰ ਜੀ ਆਇਆਂ ਆਖਿਆ ਤੇ ਜਥੇਬੰਦੀ ਦੇ ਸੰਵਿਧਾਨ ਬਾਰੇ ਜਾਣੂ ਕਰਾਇਆ ਗਿਆ। ਜਥੇਬੰਦੀ ਦੇ ਸਰਪ੍ਰਸਤ ਬਾਪੂ ਗੁਰਦੇਵ ਸਿੰਘ ਤੇ ਜਥੇ. ਗੁਰਚਰਨ ਸਿੰਘ ਪੀਰ ਮੁਹੰਮਦ ਵੱਲੋਂ ਕਿਸਾਨਾਂ ਤੇ ਮਜ਼ਦੂਰਾਂ ਦੇ ਹੱਕ ਵਿੱਚ ਡਟਣ ਲਈ ਅਪੀਲ ਕੀਤੀ ਗਈ।ਭਾਰਤੀ ਕਿਸਾਨ ਯੂਨੀਅਨ ਦੇ ਸੂਬਾ ਪ੍ਰਧਾਨ ਫਰਮਾਨ ਸਿੰਘ ਸੰਧੂ ਨੇ ਕਿਹਾ ਕਿ ਜਥੇਬੰਦੀ ਵੱਲੋਂ ਹਮੇਸ਼ਾ ਭਾਈਚਾਰਕ ਸਾਂਝ ਨੂੰ ਮਜਬੂਤ ਕਰਨ ਲਈ ਉਪਰਾਲੇ ਕੀਤੇ ਗਏ ਹਨ ਤੇ ਕਿਸਾਨਾਂ ਤੇ ਮਜ਼ਦੂਰਾਂ ਨੂੰ ਨਾਲ ਲੈ ਕੇ ਚੱਲਿਆ ਜਾਂਦਾ ਹੈ।ਉਨ੍ਹਾਂ ਕਿਹਾ ਕਿ ਕਿ ਭਾਰਤੀ ਕਿਸਾਨ ਯੂਨੀਅਨ ਪੰਜਾਬ ਵੱਲੋਂ ਕਿਸਾਨਾਂ ਅਤੇ ਮਜ਼ਦੂਰਾਂ ਦੇ ਹੱਕਾਂ ਦੀ ਲੜਾਈ ਡਟ ਕੇ ਲੜੀ ਜਾਂਦੀ ਹੈ।ਉਨ੍ਹਾਂ ਭਾਰਤੀ ਕਿਸਾਨ ਯੂਨੀਅਨ ਪੰਜਾਬ ਵਿੱਚ ਵਾਦਾ ਕਰਦੇ ਹੋਏ ਨਵੇਂ ਅਹੁਦੇਦਾਰਾਂ ਦੀ ਚੋਣ ਕੀਤੀ, ਜਿਸ ਵਿੱਚ ਸੁਖਚੈਨ ਸਿੰਘ ਸਿੱਧੂ ਨੂੰ ਬੁਲਾਕ ਮੱਖੂ ਦਾ ਮੀਤ ਪ੍ਰਧਾਨ ਨਿਯੁਕਤ ਕਰਨ ਤੋਂ ਇਲਾਵਾ ਜਸਵੰਤ ਸਿੰਘ ਗੋਗੀਆ ਨੂੰ ਜ਼ਿਲ੍ਹਾ ਪ੍ਰੈੱਸ ਸਕੱਤਰ, ਗੁਰਪ੍ਰੀਤ ਸਿੰਘ ਪ੍ਰੀਤਾ ਜਨਰਲ ਸਕੱਤਰ ਬਲਾਕ ਮੱਖੂ, ਰਸ਼ਪਾਲ ਸਿੰਘ ਫੌਜੀ ਸਲਾਹਕਾਰ ਬਲਾਕ ਮੱਖੂ ਤੇ ਜਸਵੰਤ ਸਿੰਘ ਮਨੇਸ, ਲਖਵਿੰਦਰ ਸਿੰਘ ਸਾਹਨਕਾ, ਸੁਰਿੰਦਰ ਸਿੰਘ ਘਾਰੂ, ਬਲਵਿੰਦਰ ਸਿੰਘ ਸੈਕਟਰੀ, ਦਵਿੰਦਰ ਸਿੰਘ ਮਨੇਸ ਨਿਯੁਕਤ ਕੀਤਾ ਗਿਆ।

# ਦ੍ਰਿਸ਼ਟੀਹੀਣ ਵਿਅਕਤੀਆਂ ਲਈ ਵਿਕਸਤ ਕੀਤੀ ਗਈ ਨਵੀਂ ਤਕਨੀਕ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਪੰਜਾਬੀ ਯੂਨੀਵਰਸਿਟੀ ਵਿਖੇ ਹੋਈ ਇੱਕ ਤਾਜ਼ਾ ਖੋਜ ਰਾਹੀਂ ਅਜਿਹੀ ਤਕਨੀਕ ਵਿਕਸਤ ਕੀਤੀ ਗਈ ਹੈ, ਜੋ ਦ੍ਰਿਸ਼ਟੀਹੀਣ ਵਿਅਕਤੀਆਂ ਨੂੰ ਘਰਾਂ, ਦਫ਼ਤਰਾਂ ਤੇ ਹੋਰ ਜਨਤਕ ਇਮਾਰਤਾਂ ਦੇ ਅੰਦਰੂਨੀ ਹਿੱਸਿਆਂ ਵਿੱਚ ਸੁਰੱਖਿਅਤ ਤਰੀਕੇ ਨਾਲ਼ ਚੱਲਣ 'ਚ ਮਦਦਗਾਰ ਹੋ ਸਕਦੀ ਹੈ। ਯੂਨੀਵਰਸਿਟੀ ਦੇ ਕੰਪਿਊਟਰ ਸਾਇੰਸ ਐਂਡ ਇੰਜੀਨੀਅਰਿੰਗ ਵਿਭਾਗ ਦੀ ਖੋਜਾਰਥੀ ਡਾ. ਸੁਮਨਦੀਪ ਕੌਰ ਵੱਲੋਂ ਨਿਗਰਾਨ ਡਾ. ਲਖਵਿੰਦਰ ਕੌਰ ਤੇ ਸਹਿ-ਨਿਗਰਾਨ ਡਾ. ਮਦਨ ਲਾਲ ਦੀ ਅਗਵਾਈ 'ਚ ਕੀਤੀ। ਇਸ ਖੋਜ ਨੂੰ ਅਕਾਦਮਿਕ ਪੱਧਰ 'ਤੇ ਵੀ ਮਾਨਤਾ ਮਿਲੀ ਹੈ ਅਤੇ ਇਸ ਦੇ ਨਤੀਜੇ ਉੱਚ ਮਿਆਰ ਵਾਲ਼ੇ ਐੱਸ.ਸੀ.ਆਈ. ਸੂਚੀਬੱਧ ਰਸਾਲਿਆਂ ਵਿੱਚ ਪ੍ਰਕਾਸ਼ਤ ਹੋ ਚੁੱਕੇ ਹਨ। ਖੋਜਾਰਥੀ ਡਾ. ਸੁਮਨਦੀਪ ਕੌਰ ਨੇ ਦੱਸਿਆ ਕਿ ਇਹ ਖੋਜ ਕਾਰਜ ਰੀਅਲ-ਟਾਈਮ ਰੁਕਾਵਟ ਪਛਾਣ ਪ੍ਰਣਾਲੀ ਤਿਆਰ ਕਰਨ 'ਤੇ ਕੇਂਦਰਤ ਹੈ ਭਾਵ ਇਹ ਤਕਨੀਕ ਰਸਤੇ ਵਿੱਚ ਆਉਣ ਵਾਲੀਆਂ ਰੁਕਾਵਟਾਂ ਨੂੰ ਉਸੇ ਪਲ ਤੁਰੰਤ ਪਛਾਣ ਤੇ ਸਮਝ ਸਕਦੀ।ਉਨ੍ਹਾਂ ਦੱਸਿਆ ਕਿ ਇਹ ਤਕਨੀਕ ਆਪਣੇ ਆਲੇ-ਦੁਆਲੇ ਦੇ ਮਾਹੌਲ ਨੂੰ ਸਕੈਨ ਕਰਦੀ ਹੈ ਅਤੇ ਰਸਤੇ ਵਿੱਚ ਖੜ੍ਹੀ ਜਾਂ ਚਲਦੀ ਕਿਸੇ ਵੀ ਚੀਜ਼ ਦੀ ਪਛਾਣ ਕਰਦੀ ਹੈ।ਉਨ੍ਹਾਂ ਦੱਸਿਆ ਕਿ ਇਹ ਵਿਕਸਿਤ ਪ੍ਰਣਾਲੀ ਵੱਡੇ ਪੱਧਰ 'ਤੇ ਵੀਅਰੇਬਲ ਡਿਵਾਈਸ, ਸਮਾਰਟ ਨੇਵੀਗੇਸ਼ਨ ਸਿਸਟਮ ਤੇ ਏ.ਆਈ. ਅਧਾਰਿਤ ਹੈਲਥਕੇਅਰ ਹੱਲ ਵਿੱਚ ਵਰਤੀ ਜਾ ਸਕਦੀ ਹੈ।ਇਸ ਨੂੰ ਮੋਬਾਈਲ ਤੇ ਐਂਬੈਡਡ ਪਲੇਟਫਾਰਮਾਂ ਨਾਲ ਜੋੜ ਕੇ ਦ੍ਰਿਸ਼ਟੀਹੀਣ ਵਿਅਕਤੀਆਂ ਲਈ ਸਸਤੇ ਤੇ ਪ੍ਰਭਾਵਸ਼ਾਲੀ ਹੱਲ ਤਿਆਰ ਕੀਤੇ ਜਾ ਸਕਦੇ ਹਨ। ਨਿਗਰਾਨ ਡਾ. ਲਖਵਿੰਦਰ ਕੌਰ ਨੇ ਦੱਸਿਆ ਕਿ ਇਸ ਪ੍ਰਣਾਲੀ ਨੂੰ ਭਵਿੱਖ 'ਚ ਪ੍ਰੈਕਟੀਕਲ ਅਸਿਸਟਿਵ ਡਿਵਾਈਸ ਵਜੋਂ ਵਿਕਸਤ ਕੀਤੇ ਜਾ ਸਕਣ ਦੀ ਵੱਡੀ ਸੰਭਾਵਨਾ ਹੈ।ਉਨ੍ਹਾਂ ਦੱਸਿਆ ਕਿ ਇਸ ਤਕਨੀਕ ਵਿੱਚ ਉੱਨਤ ਇਮੇਜ ਪ੍ਰੋਸੈਸਿੰਗ, ਸੈਗਮੈਂਟੇਸ਼ਨ ਤਕਨੀਕਾਂ ਤੇ ਡੀਪ ਲਰਨਿੰਗ ਆਧਾਰਿਤ ਮਾਡਲਾਂ ਦੀ ਵਰਤੋਂ ਕੀਤੀ ਗਈ ਹੈ।ਉਨ੍ਹਾਂ ਇਸ ਖੋਜ ਦੀ ਸਮਾਜਿਕ ਮਹੱਤਤਾ ਦੇ ਹਵਾਲੇ ਨਾਲ਼ ਗੱਲ ਕਰਦਿਆਂ ਕਿਹਾ ਕਿ ਦ੍ਰਿਸ਼ਟੀਹੀਨਤਾ ਕਾਰਨ ਵਿਅਕਤੀਆਂ ਦੀ ਆਜ਼ਾਦੀ ਘਟ ਜਾਂਦੀ ਹੈ ਅਤੇ ਉਹ ਹੋਰਾਂ 'ਤੇ ਨਿਰਭਰ ਹੋ ਜਾਂਦੇ ਹਨ, ਜਿਸ ਨਾਲ ਉਨ੍ਹਾਂ ਦੀ ਜੀਵਨ ਗੁਣਵੱਤਾ ਪ੍ਰਭਾਵਿਤ ਹੁੰਦੀ ਹੈ।ਅੰਦਰੂਨੀ ਵਾਤਾਵਰਣ ਵੀ ਕਈ ਵਾਰ ਬਦਲਦੇ ਰਹਿੰਦੇ ਹਨ, ਜਿਸ ਕਰਕੇ ਰੁਕਾਵਟਾਂ ਦਾ ਖਤਰਾ ਬਣਿਆ ਰਹਿੰਦਾ ਹੈ।ਇਹ ਖੋਜ ਇਨ੍ਹਾਂ ਚੁਣੌਤੀਆਂ ਦਾ ਹੱਲ ਪੇਸ਼ ਕਰਦੀ ਹੈ ਤੇ ਦ੍ਰਿਸ਼ਟੀਹੀਣ ਵਿਅਕਤੀਆਂ ਲਈ ਸੁਤੰਤਰ, ਸੁਰੱਖਿਅਤ ਤੇ ਆਤਮਵਿਸ਼ਵਾਸੀ ਜੀਵਨ ਨੂੰ ਉਤਸ਼ਾਹਤ ਕਰਦੀ ਹੈ। ਸਹਿ-ਨਿਗਰਾਨ ਡਾ. ਮਦਨ ਲਾਲ ਨੇ ਕਿਹਾ ਕਿ ਇਸ ਤਕਨੀਕ ਦੀ ਅਹਿਮ ਵਿਸ਼ੇਸ਼ਤਾ ਇਹ ਹੈ ਕਿ ਵਰਤੋਂਕਾਰ ਨੂੰ ਰੀਅਲ-ਟਾਈਮ ਆਡੀਟਰੀ ਫੀਡਬੈਕ (ਆਵਾਜ਼ ਰਾਹੀਂ ਚੇਤਾਵਨੀ) ਪ੍ਰਦਾਨ ਕਰਦੀ ਹੈ, ਜਿਸ ਨਾਲ਼ ਉਨ੍ਹਾਂ ਨੂੰ ਆਪਣੇ ਰਸਤੇ ਵਿੱਚ ਆਉਣ ਵਾਲੀਆਂ ਰੁਕਾਵਟਾਂ ਬਾਰੇ ਤੁਰੰਤ ਜਾਣਕਾਰੀ ਮਿਲਦੀ ਹੈ।ਇਹ ਵਿਸ਼ੇਸ਼ਤਾ ਵਰਤੋਂਕਾਰਾਂ ਦੀ ਕਿਸੇ ਸਥਾਨ ਅਤੇ ਸਥਿਤੀ ਸੰਬੰਧੀ ਸੂਝ ਨੂੰ ਵਧਾਉਂਦੀ ਹੈ ਅਤੇ ਉਹਨਾਂ ਨੂੰ ਖੁਦਮੁਖਤਿਆਰ ਤੌਰ 'ਤੇ ਸੁਰੱਖਿਅਤ ਤਰੀਕੇ ਨਾਲ ਰਸਤਾ ਤੈਅ ਕਰਨ ਦੇ ਫੈਸਲੇ ਕਰਨ ਯੋਗ ਬਣਾਉਂਦੀ ਹੈ।



# ਬੀ ਕੇ ਯੂ ਏਕਤਾ ਡਕੌਂਦਾ ਸ਼ਹਿਰੀ ਯੂਨਿਟ ਦੀ ਚੋਣ



**ਜਗਰਾਉਂ (ਨਛੱਤਰ ਸੰਧੂ)**- ਸਥਾਨਕ ਪੁਰਾਣੀ ਦਾਣਾ ਮੰਡੀ ਮੰਦਿਰ ਵਾਲੀ ਧਰਮਸ਼ਾਲਾ 'ਚ ਸ਼ਹਿਰ ਦੇ ਅਗਵਾੜਾਂ ਨਾਲ ਸਬੰਧਤ ਨੌਜਵਾਨ ਕਿਸਾਨਾਂ ਦੀ ਜਨਰਲ ਮੀਟਿੰਗ ਹੋਈ।ਬਲਾਕ ਪ੍ਰਧਾਨ ਤਰਸੇਮ ਸਿੰਘ ਬੱਸੂਵਾਲ ਦੀ ਪ੍ਰਧਾਨਗੀ ਹੇਠ ਹੋਈ ਇਸ ਮੀਟਿੰਗ ਵਿੱਚ ਸ਼ਹਿਰੀ ਕਮੇਟੀ ਦੀ ਸਰਵਸੰਮਤੀ ਨਾਲ ਚੋਣ ਕੀਤੀ ਗਈ।ਇਸ ਸਮੇਂ ਜ਼ਿਲ੍ਹਾ ਪ੍ਰਧਾਨ ਜਗਤਾਰ ਸਿੰਘ ਦੇਹੜਕਾ ਵਿਸ਼ੇਸ਼ ਤੌਰ 'ਤੇ ਮੀਟਿੰਗ ਵਿੱਚ ਸ਼ਾਮਲ ਹੋਏ।ਮੀਟਿੰਗ ਵਿੱਚ ਕਿਸਾਨਾਂ ਮਜ਼ਦੂਰਾਂ ਦੀਆਂ ਮੰਗਾਂ 'ਤੇ ਸੰਘਰਸ਼ ਤੇਜ਼ ਕਰਨ ਦਾ ਫ਼ੈਸਲਾ ਕੀਤਾ ਗਿਆ।ਇਸ ਸਮੇਂ ਗੁਰਦੀਪ ਸਿੰਘ ਦੀਪਾ ਪ੍ਰਧਾਨ, ਤੇਜਿੰਦਰ ਸਿੰਘ ਨਰੂਲਾ ਮੀਤ ਪ੍ਰਧਾਨ, ਕੁਲਵਿੰਦਰ ਸਿੰਘ ਢਿੱਲੋਂ ਸਕੱਤਰ, ਸ਼ਮਸ਼ੇਰ ਸਿੰਘ ਸ਼ੇਰਾ ਖਜ਼ਾਨਚੀ, ਸੰਦੀਪ ਸਿੰਘ ਪ੍ਰੈੱਸ ਸਕੱਤਰ ਚੁਣੇ ਗਏ। ਇਸ ਤੋਂ ਇਲਾਵਾ ਪੰਦਰਾਂ ਮੈਂਬਰੀ ਕਾਰਜਕਾਰਨੀ ਵੀ ਚੁਣੀ ਗਈ। ਇਸ ਸਮੇਂ ਬਾਕੀ ਅਗਵਾੜਾਂ ਤੋਂ ਕਿਸਾਨਾਂ ਨੂੰ ਵੱਡੇ ਪੱਧਰ 'ਤੇ ਮੈਂਬਰ ਬਣਾਉਣ ਦਾ ਫੈਸਲਾ ਵੀ ਕੀਤਾ ਗਿਆ।ਇਸ ਸਮੇਂ ਨਿਰਮਲ ਸਿੰਘ ਭੰਮੀਪੁਰਾ ਵਿੱਤ ਸਕੱਤਰ ਵੀ ਹਾਜ਼ਰ ਸਨ।

# ਸ਼ਿਵ ਮੰਦਰ ਵਿਖੇ ਸ਼ਨੀ ਜਯੰਤੀ ਧੂਮਧਾਮ ਨਾਲ ਮਨਾਈ

**ਬਾਘਾ ਪੁਰਾਣਾ (ਮਨੀ ਸਿੰਗਲਾ)**- ਮੁੱਦਕੀ ਰੋਡ ਸਥਿਤ ਪ੍ਰਸਿੱਧ ਸ਼੍ਰੀ ਸ਼ਿਵ ਸ਼ਨੀ ਮੰਦਰ ਵਿਖੇ ਸ਼੍ਰੀ ਸ਼ਨੀ ਜਯੰਤੀ ਦਾ ਪਵਿੱਤਰ ਤਿਉਹਾਰ ਬੜੀ ਸ਼ਰਧਾ, ਉਤਸ਼ਾਹ ਤੇ ਧੂਮਧਾਮ ਨਾਲ ਮਨਾਇਆ ਗਿਆ। ਇਸ ਧਾਰਮਿਕ ਮੌਕੇ ਸਵੇਰ ਤੋਂ ਹੀ ਮੰਦਰ ਪ੍ਰਾਂਗਣ ਵਿੱਚ ਸ਼ਰਧਾਲੂਆਂ ਦੀ ਭਾਰੀ ਭੀੜ ਦੇਖਣ ਨੂੰ ਮਿਲੀ। ਦੂਰ-ਦੂਰ ਤੋਂ ਪਹੁੰਚੇ ਹਜ਼ਾਰਾਂ ਭਗਤਾਂ ਨੇ ਭਗਵਾਨ ਸ਼੍ਰੀ ਸ਼ਨੀ ਦੇਵ ਜੀ ਦੇ ਦਰਸ਼ਨ ਕਰਕੇ ਅਸ਼ੀਰਵਾਦ ਪ੍ਰਾਪਤ ਕੀਤਾ ਤੇ ਆਪਣੇ ਪਰਿਵਾਰਾਂ ਦੀ ਖੁਸ਼ਹਾਲੀ ਲਈ ਅਰਦਾਸਾਂ ਕੀਤੀਆਂ। ਸਮਾਗਮ ਦੌਰਾਨ ਵਿਸ਼ੇਸ਼ ਧਾਰਮਿਕ ਕਾਰਜਕ੍ਰਮਾਂ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਭਗਵਾਨ ਸ਼ਨੀ ਦੇਵ ਜੀ ਦੀ ਵਿਸ਼ੇਸ਼ ਪੂਜਾ-ਅਰਚਨਾ, ਤੇਲ ਅਭਿਸ਼ੇਕ ਤੇ ਭਜਨ-ਕੀਰਤਨ ਮੁੱਖ ਆਕਰਸ਼ਣ ਰਹੇ।ਮੰਦਰ ਅੰਦਰ ਗੂੰਜ ਰਹੇ ਭਗਤੀਮਈ ਭਜਨਾਂ ਨੇ ਸਾਰੇ ਮਾਹੌਲ ਨੂੰ ਆਧਿਆਤਮਿਕ ਰੰਗ ਵਿੱਚ ਰੰਗ ਦਿੱਤਾ।ਸ਼ਰਧਾਲੂਆਂ ਨੇ ਸ਼ਰਧਾ ਭਾਵ ਨਾਲ ਭਾਗ ਲੈਂਦਿਆਂ ਭਗਵਾਨ ਸ਼ਨੀ ਦੇਵ ਅੱਗੇ ਨਤਮਸਤਕ ਹੋ ਕੇ ਅਸੀਸਾਂ ਲਈਆਂ।ਮੰਦਰ ਪ੍ਰਬੰਧਕ ਕਮੇਟੀ ਵੱਲੋਂ ਸ਼ਰਧਾਲੂਆਂ ਲਈ ਵਿਸ਼ਾਲ ਲੰਗਰ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ, ਜੋ ਸਾਰਾ ਦਿਨ ਅਟੁੱਟ ਚੱਲਦਾ ਰਿਹਾ।

ਹਜ਼ਾਰਾਂ ਦੀ ਗਿਣਤੀ ਵਿੱਚ ਪਹੁੰਚੇ ਭਗਤਾਂ ਨੇ ਲੰਗਰ ਛਕ ਕੇ ਪ੍ਰਸਾਦ ਪ੍ਰਾਪਤ ਕੀਤਾ ਤੇ ਸੇਵਾ ਕਾਰਜਾਂ ਵਿੱਚ ਵੀ ਭਾਗ ਲਿਆ। ਇਸ ਮੌਕੇ ਧਾਰਮਿਕ ਤੇ ਸਮਾਜਿਕ ਸ਼ਖ਼ਸੀਅਤਾਂ ਨੇ ਵੀ ਹਾਜ਼ਰੀ ਭਰੀ, ਜਿਸ 'ਚ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਜਥੇਦਾਰ ਤੀਰਥ ਸਿੰਘ ਮਾਹਲਾ, ਪ੍ਰਧਾਨ ਬਲਵਿੰਦਰ ਗਰਗ, ਸੰਦੀਪ ਗੋਇਲ ਠੰਡੂ, ਅਸ਼ਵਨੀ ਸ਼ਰਮਾ, ਪ੍ਰਧਾਨ ਅਰੁਣ ਬਾਂਸਲ, ਪਵਨ ਗੋਇਲ, ਜਗਸੀਰ ਸਿੰਘ ਕਾਲੇਕੇ, ਮਨੋਜ ਗੋਇਲ, ਭੂਸ਼ਣ ਜੈਨ, ਪਵਨ ਢੰਡ (ਪ੍ਰਧਾਨ ਖੱਤਰੀ ਸਭਾ), ਰਣਜੀਤ ਝਿੰਤੇ, ਦਵਿੰਦਰ ਚੀਕਾ, ਚੈਰੀ ਭਾਟੀਆ, ਪ੍ਰਧਾਨ ਰਾਜ ਕੁਮਾਰ ਗਰਗ, ਸੁਰਿੰਦਰ ਬਾਂਸਲ, ਯੋਗੇਸ਼ ਬਾਂਸਲ ਯੋਗੀ, ਦੀਪਕ ਕੁਮਾਰ ਰੇਲੂ, ਮੁਨੀਸ਼ ਗਰਗ ਟੀਨੀ, ਕਰਮਵੀਰ ਕਟਾਰੀਆ, ਨਰੇਸ਼ ਕੁਮਾਰ ਮੰਗਾ, ਚੰਦਰ ਬਾਂਸਲ, ਰਾਜ ਦਵਿੰਦਰ ਕਟਾਰੀਆ, ਸਚਿਨ ਸਿੰਗਲਾ, ਰਮੇਸ਼ ਕੁਮਾਰ ਟੋਨੀ, ਆਸ਼ੂਤੋਸ਼ ਭੰਡਾਰੀ, ਵਿੱਕੀ ਲੂੰਬਾ ਤੇ ਸੂਰਜ ਗਰਗ ਸਮੇਤ ਵੱਡੀ ਗਿਣਤੀ ਵਿੱਚ ਸ਼ਰਧਾਲੂ ਮੌਜੂਦ ਰਹੇ।



# ਖਾਲਸਪੁਰ ਵਿਖੇ ਖੇਡ ਗਰਾਊਂਡ ਤੇ ਗਲੀਆਂ-ਨਾਲੀਆਂ ਦੇ ਕੰਮਾਂ ਦਾ ਨੀਂਹ ਪੱਥਰ

**ਸਨੌਰ/ਦੇਵੀਗੜ੍ਹ, (ਰਾਜਿੰਦਰ ਸਿੰਘ ਥਿੰਦ)** ਪਿੰਡਾਂ ਦੀ ਨੁਹਾਰ ਬਦਲਣ ਤੇ ਨੌਜਵਾਨੀ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ ਦੇ ਮਕਸਦ ਨਾਲ ਹਲਕਾ ਇੰਚਾਰਜ ਸਰਦਾਰ ਰਣਜੋਧ ਸਿੰਘ ਹਡਾਣਾ ਵੱਲੋਂ ਪਿੰਡ ਖਾਲਸਪੁਰ ਵਿਖੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਨਵੇਂ ਬਣਨ ਵਾਲੇ ਸ਼ਾਨਦਾਰ ਖੇਡ ਗਰਾਊਂਡ ਤੇ ਪਿੰਡ ਦੀਆਂ ਗਲੀਆਂ-ਨਾਲੀਆਂ ਦੇ ਨਿਰਮਾਣ ਕਾਰਜਾਂ ਦਾ ਨੀਂਹ ਪੱਥਰ ਰੱਖਿਆ ਗਿਆ।ਵਿਕਾਸ ਕਾਰਜਾਂ ਦੀ ਇਸ ਰਸਮੀ ਸ਼ੁਰੂਆਤ ਮੌਕੇ ਪਿੰਡ ਵਾਸੀਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਪਿੰਡ ਵਾਸੀਆਂ ਤੇ ਨੌਜਵਾਨਾਂ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਾ ਮੁੱਖ ਮਕਸਦ ਸੂਬੇ ਦੇ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਕੱਢ ਕੇ ਖੇਡ ਮੈਦਾਨਾਂ ਨਾਲ ਜੋੜਨਾ ਹੈ।ਉਨ੍ਹਾਂ ਕਿਹਾ ਕਿ ਪਿੰਡ ਖਾਲਸਪੁਰ ਵਿਖੇ ਬਣਨ ਵਾਲਾ ਇਹ ਖੇਡ ਗਰਾਊਂਡ ਇਲਾਕੇ ਦੇ ਖਿਡਾਰੀਆਂ ਲਈ ਵਰਦਾਨ ਸਾਬਤ ਹੋਵੇਗਾ, ਜਿੱਥੇ ਆਧੁਨਿਕ ਸਹੂਲਤਾਂ ਮੁਹੱਈਆ ਕਰਾਈਆਂ ਜਾਣਗੀਆਂ ਤਾਂ ਜੋ ਸਾਡੇ ਪਿੰਡਾਂ ਦੇ ਬੱਚੇ ਕੌਮਾਂਤਰੀ ਪੱਧਰ 'ਤੇ ਦੇਸ਼ ਦਾ ਨਾਂਅ ਰੌਸ਼ਨ ਕਰ ਸਕਣ। ਸੜਕਾਂ ਤੇ ਗਲੀਆਂ-ਨਾਲੀਆਂ ਦੇ ਪ੍ਰੋਜੈਕਟ ਬਾਰੇ ਗੱਲ ਕਰਦਿਆਂ ਹਡਾਣਾ ਨੇ ਕਿਹਾ ਕਿ ਪਿੰਡਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨਾ ਸਰਕਾਰ ਦੀ ਪਹਿਲੀ ਤਰਜੀਹ ਹੈ।

ਪਿੰਡ ਖਾਲਸਪੁਰ ਦੀਆਂ ਗਲੀਆਂ ਤੇ ਨਾਲੀਆਂ ਦੇ ਨਿਰਮਾਣ ਨਾਲ ਲੋਕਾਂ ਨੂੰ ਆਉਣ ਵਾਲੀਆਂ ਮੁਸ਼ਕਲਾਂ ਤੋਂ ਹਮੇਸ਼ਾ ਲਈ ਨਿਜ਼ਾਤ ਮਿਲੇਗੀ।ਉਨ੍ਹਾਂ ਸਪੱਸ਼ਟ ਕੀਤਾ ਕਿ ਵਿਕਾਸ ਕਾਰਜਾਂ 'ਚ ਵਰਤੇ ਜਾਣ ਵਾਲੇ ਮਟੀਰੀਅਲ ਦੀ ਗੁਣਵੱਤਾ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ ਤੇ ਸਾਰੇ ਕੰਮ ਪਾਰਦਰਸ਼ੀ ਤਰੀਕੇ ਨਾਲ ਨੇਪਰੇ ਚਾੜ੍ਹੇ ਜਾਣਗੇ।



# ਦਵਿੰਦਰ ਕੌਰ ਮੋਮੀ ਦੀ ਆਤਮਿਕ ਸ਼ਾਂਤੀ ਲਈ ਸਹਿਜ ਪਾਠ ਦਾ ਭੋਗ ਪਾਇਆ

**ਫਿਰੋਜ਼ਪੁਰ (ਗੁਰਬਚਨ ਸਿੰਘ)**- ਪਿੰਡ ਭਾਗੋਕੇ ਦੀ ਸਾਬਕਾ ਸਰਪੰਚ ਦਵਿੰਦਰ ਕੌਰ ਮੋਮੀ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਸ੍ਰੀ ਸਹਿਜ ਪਾਠ ਦੇ ਭੋਗ ਮੌਕੇ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਜੀ ਵਿਖੇ ਧਾਰਮਿਕ ਸਮਾਗਮ ਕਰਵਾਇਆ ਗਿਆ। ਦਵਿੰਦਰ ਕੌਰ ਮੋਮੀ, ਵੇਰਕਾ ਫਿਰੋਜ਼ਪੁਰ ਡੇਅਰੀ ਦੇ ਚੇਅਰਮੈਨ, ਨੈਸ਼ਨਲ ਕੁਆਰਡੀਨੇਟਰ ਓਬੀਸੀ ਡਿਪਾਰਟਮੈਂਟ ਆਲ ਇੰਡੀਆ ਕਾਂਗਰਸ ਤੇ ਜੰਮੂ-ਕਸ਼ਮੀਰ ਦੇ ਇੰਚਾਰਜ ਗੁਰਭੇਜ ਸਿੰਘ ਟਿੱਬੀ, ਰਜਿੰਦਰ ਸਿੰਘ ਥਿੰਦ ਤੇ ਹਰਪਾਲ ਸਿੰਘ ਯੂ ਕੇ ਦੀ ਭੈਣ ਤੇ ਸਾਬਕਾ ਸਰਪੰਚ ਅਮਨਦੀਪ ਸਿੰਘ ਮੋਮੀ ਦੀ ਧਰਮ ਪਤਨੀ ਸਨ।ਸਮਾਗਮ ਦੌਰਾਨ ਭਾਈ ਨਿਰਭੈਅ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਰਸ ਭਿੰਨਾ ਕੀਰਤਨ ਕੀਤਾ ਗਿਆ।ਇਸ ਮੌਕੇ ਸਿੰਘ ਸਾਹਿਬ ਗਿਆਨੀ ਰਾਜਦੀਪ ਸਿੰਘ ਹੈੱਡ ਗ੍ਰੰਥੀ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਨੇ ਕਥਾ ਵਿਚਾਰਾਂ ਰਾਹੀਂ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ। ਸਮਾਗਮ ਵਿੱਚ ਵੱਖ-ਵੱਖ ਰਾਜਨੀਤਕ, ਧਾਰਮਿਕ ਤੇ ਸਮਾਜਿਕ ਸੰਸਥਾਵਾਂ ਨਾਲ ਜੁੜੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਿਰਕਤ ਕਰਦਿਆਂ ਦਵਿੰਦਰ ਕੌਰ ਮੋਮੀ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।ਇਸ ਮੌਕੇ ਮੈਂਬਰ ਪਾਰਲੀਮੈਂਟ ਸ਼ੇਰ ਸਿੰਘ ਘੁਬਾਇਆ, ਮਲਕੀਤ ਥਿੰਦ ਚੇਅਰਮੈਨ ਪਛੜੀਆਂ ਸ਼੍ਰੇਣੀਆਂ, ਵਿਧਾਇਕ ਬਰਿੰਦਰਮੀਤ ਸਿੰਘ ਪਾਹੜਾ, ਸਾਬਕਾ ਵਿਧਾਇਕ ਪਰਮਿੰਦਰ ਸਿੰਘ ਪਿੰਕੀ, ਕੁਲਬੀਰ ਸਿੰਘ ਜ਼ੀਰਾ, ਰਮਿੰਦਰ ਆਂਵਲਾ, ਦਰਸ਼ਨ ਸਿੰਘ ਮੈਂਬਰ ਐੱਸਜੀਪੀਸੀ, ਸਰਬਜੀਤ ਸਿੰਘ ਬਾਠ, ਕੁਸ਼ਲਦੀਪ ਸਿੰਘ ਢਿੱਲੋਂ, ਸੁਖਪਾਲ ਸਿੰਘ ਭੁੱਲਰ, ਰਾਜਬੀਰ ਸਿੰਘ ਭੁੱਲਰ, ਹਰੀ ਸਿੰਘ ਖਾਈ, ਬਲਜੀਤ ਕੌਰ ਬਾਂਗੜ, ਪਰਮਿੰਦਰ ਡਿੰਪਲ, ਬਲਬੀਰ ਬਾਠ, ਸੁਖਵਿੰਦਰ ਅਟਾਰੀ, ਡਾ. ਦਿਲਜੋਤ ਕੰਬੋਜ ਤੇ ਜਸਪਾਲ ਹਾਂਡਾ ਸਮੇਤ ਕਈ ਹੋਰ ਪ੍ਰਮੁੱਖ ਹਸਤੀਆਂ ਹਾਜ਼ਰ ਸਨ।



## ਆਰ ਐੱਮ ਪੀ ਆਈ ਤੇ ਸੀ ਪੀ ਆਈ ਐੱਮ ਐੱਲ ਲਿਬਰੇਸ਼ਨ ਦੇ ਸਾਥੀ ਮਹਿੰਗਾਈ ਵਿਰੁੱਧ ਚੌਕਾਂ 'ਚ ਨਿੱਤਰੇ



ਧਾਰੀਵਾਲ/ਗੁਰਦਾਸਪੁਰ (ਮਨਦੀਪ ਵਿੱਕੀ, ਜਨਕ ਮਹਾਜਨ)-ਆਰਐੱਮਪੀ ਆਈ ਅਤੇ ਸੀਪੀਆਈਐੱਮਐੱਲ ਲਿਬਰੇਸ਼ਨ ਦੇ ਕਾਮਰੇਡਾਂ ਵੱਲੋਂ ਇਥੇ ਗੁਰਦਾਸਪੁਰ ਦੇ ਭੀੜ ਭੜਕੇ ਵਾਲੇ ਡਾਕਖਾਨੇ ਚੌਂਕ ਵਿੱਚ ਇਕੱਠੇ ਹੋ ਕੇ ਮਹਿੰਗਾਈ ਵਿਰੁੱਧ ਸੰਕੇਤਕ ਧਰਨਾ ਦਿੱਤਾ ਅਤੇ ਖੂਬ ਨਾਅਰੇ ਲਾਏ।ਧਰਨੇ ਦੀ ਅਗਵਾਈ ਕਾਮਰੇਡ ਧਿਆਨ ਸਿੰਘ ਠਾਕੁਰ ਅਤੇ ਕਾਮਰੇਡ ਵਿਜੇ ਸੋਹਲ ਨੇ ਸਾਂਝੇ ਤੌਰ 'ਤੇ ਕੀਤੀ, ਜਦ ਕਿ ਮੱਖਣ ਸਿੰਘ ਕੁਹਾੜ ਅਤੇ ਅਸ਼ਵਨੀ ਕੁਮਾਰ ਲਖਨ ਕਲਾਂ ਉਚੇਚੇ ਤੌਰ ਤੇ ਸ਼ਾਮਲ ਹੋਏ।ਰਘਬੀਰ ਸਿੰਘ ਚਾਹਲ, ਅਜੀਤ ਸਿੰਘ ਹੁੰਦਲ, ਬੂਟਾ ਰਾਮ ਆਜ਼ਾਦ, ਰਣਜੀਤ ਕੌਰ ਡਡਵਾਂ ਅਤੇ ਹਜਾਰਾ ਸਿੰਘ ਧਾਰੀਵਾਲ ਨੇ ਵੀ ਸੰਬੋਧਨ ਕੀਤਾ।ਆਗੂਆਂ ਨੇ ਮਹਿੰਗਾਈ ਦੀ ਜ਼ਿੰਮੇਵਾਰ ਮੋਦੀ ਸਰਕਾਰ ਮੋਦੀ-ਸਰਕਾਰ, ਰੋਕੋ-ਰੋਕੋ ਰੋਕੋ ਇਹ ਮਹਿੰਗਾਈ—ਨਹੀਂ ਤੇ ਤੁਹਾਡੀ ਸ਼ਾਮਤ ਆਈ, ਤਰਲ ਤੇ ਗੈਸ ਦੀਆਂ ਵਧਾਈਆਂ ਕੀਮਤਾਂ ਵਾਪਸ ਲਓ, ਅਮਰੀਕਾ ਨਾਲ ਸਾਂਝ ਪਾਉਣੀ ਬੰਦ ਕਰੋ-ਆਦਿ ਨਾਅਰੇ ਬੁਲੰਦ ਕੀਤੇ ।ਆਗੂਆਂ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਜੋ ਤੇਲ ਤੇ ਗੈਸ ਜਾਂ ਕੀਮਤਾਂ ਵਧਾਈਆਂ ਹਨ ਅਤੇ ਹੋਰ ਵਧਾਉਣੀਆਂ ਹਨ ਇਹ ਮੋਦੀ ਸਰਕਾਰ ਦੀਆਂ ਨਾਕਾਮੀਆਂ ਦਾ ਅਤੇ ਅਮਰੀਕਾ ਪੱਖੀ ਨੀਤੀਆਂ ਦਾ ਸਿੱਟਾ ਹੈ। ਪ੍ਰਧਾਨ ਮੰਤਰੀ ਮੋਦੀ ਜੋ ਵੀ ਵਿਸ਼ਵ ਗੁਰੂ ਬਣਨ ਅਤੇ ਚੌਥੀ ਵੱਡੀ ਆਰਥਿਕ ਸ਼ਕਤੀ ਬਣਨ ਦੇ ਸੁਪਨੇ ਲਿਆ ਰਹੇ ਸੀ ਉਸਦੇ ਉਲਟ ਦੇਸ਼ ਨੂੰ ਕੰਗਾਲ ਕਰ ਦਿੱਤਾ ਹੈ।ਜੋ ਤੇਲ, ਗੈਸ, ਵਿਦੇਸ਼ੀ ਸਫਰ, ਫਸਲੀ ਖਾਦਾਂ, ਦਵਾਈਆਂ ਆਦਿ ਦੀ ਵਰਤੋਂ ਘੱਟ ਕਰਨ ਦੇ ਆਦੇਸ਼ ਹਨ ਇਸ ਦਾ ਭਾਵ ਹੈ ਕਿ ਦੇਸ਼ 'ਤੇ ਬਹੁਤ ਵੱਡਾ ਸੰਕਟ ਹੈ।ਇਹ ਆਰਥਿਕ ਐਮਰਜੰਸੀ ਹੈ।ਸਾਥੀਆਂ ਨੇ ਲੋਕਾਂ ਨੂੰ ਬੰਗਾਲ ਵਾਂਗ ਵੱਡੇ ਪੱਧਰ ਤੇ ਵੋਟਾਂ ਕੱਟਣ ਅਤੇ ਚੋਣਾਂ ਲੁੱਟਣ ਤੋਂ ਸੁਚੇਤ ਕੀਤਾ ਅਤੇ ਲੋਕਾਂ ਨੂੰ ਕੇਂਦਰ ਤੇ ਪੰਜਾਬ ਦੀਆਂ ਸਰਕਾਰਾਂ ਵਿਰੁੱਧ ਸੜਕਾਂ 'ਤੇ ਨਿਕਲਣ ਦਾ ਸੁਨੇਹਾ ਦਿੱਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਵਿੰਦਰ ਸਿੰਘ ਕਲਸੀ, ਮਲਕੀਅਤ ਸਿੰਘ ਬੁੱਢਾਕੋਟ, ਕੁਲਵੰਤ ਸਿੰਘ ਬਾਠ, ਸੁਨੀਤਾ ਕੰਗ ਆਦਿ ਵੀ ਹਾਜ਼ਰ ਸਨ।

## 2.1 ਕਿੱਲੋ ਹੈਰੋਇਨ ਤੇ ਸੱਤ ਪਿਸਤੌਲਾਂ ਸਮੇਤ ਕਾਬੂ

ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ) : ਅੰਮ੍ਰਿਤਸਰ ਕਮਿਸ਼ਨਰੇਟ ਪੁਲਸ ਨੇ ਨਸ਼ਾ ਤੇ ਗੈਰ-ਕਾਨੂੰਨੀ ਹਥਿਆਰ ਤਸਕਰੀ ਮਾਡਿਊਲ ਵਿਚ ਸਰਗਰਮ ਵਿਅਕਤੀ ਨੂੰ 2.1 ਕਿਲੋਗ੍ਰਾਮ ਹੈਰੋਇਨ ਅਤੇ ਸੱਤ ਆਧੁਨਿਕ ਪਿਸਤੌਲਾਂ ਸਮੇਤ ਗ੍ਰਿਫਤਾਰ ਕਰਕੇ ਇਸ ਮਾਡਿਊਲ ਦਾ ਪਰਦਾਫ਼ਾਸ਼ ਕੀਤਾ ਹੈ। ਇਹ ਜਾਣਕਾਰੀ ਸਾਂਝੀ ਕਰਦਿਆਂ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀ ਦੀ ਪਛਾਣ ਖੁਸ਼ ਕੁਮਾਰ ਉਰਫ਼ ਭੋਲੂ (26) ਵਾਸੀ ਗੁਰਵਾਲੀ ਗੇਟ, ਅੰਮ੍ਰਿਤਸਰ ਵਜੋਂ ਹੋਈ ਹੈ। ਮੁਲਜ਼ਮ ਦਾ ਅਪਰਾਧਿਕ ਪਿਛੋਕੜ ਹੈ ਤੇ ਉਸ ਦੇ ਖਿਲਾਫ਼ ਐੱਨ. ਡੀ. ਪੀ. ਐੱਸ. ਐਕਟ, ਆਰਮਜ਼ ਐਕਟ ਤੇ ਸਨੈਚਿੰਗ ਦੇ ਮਾਮਲੇ ਦਰਜ਼ ਹਨ। ਉਨ੍ਹਾਂ ਦੱਸਿਆ ਕਿ ਬਰਾਮਦ ਕੀਤੇ ਗਏ ਪਿਸਤੌਲਾਂ ਵਿਚ ਇਕ 9 ਐੱਮ.ਐੱਮ. ਗਲੈਡੀਏਟਰ (ਤੁਰਕੀ ਦਾ ਬਣਿਆ), ਇਕ 9 ਐੱਮ.ਐੱਮ. ਜ਼ਿਗਾਨਾ ਐਕਸ-ਸ਼ਾਟ, ਇਕ .30 ਬੋਰ ਬਰੇਟਾ (ਇਟਲੀ ਦਾ ਬਣਿਆ), ਇਕ .30 ਬੋਰ ਜ਼ਿਗਾਨਾ (ਚੀਨ ਦਾ ਬਣਿਆ), ਇਕ .30 ਬੋਰ (ਆਸਟਰੀਆ ਦਾ ਬਣਿਆ), ਇਕ .30 ਬੋਰ (ਚੀਨ ਦਾ ਬਣਿਆ) ਤੇ ਇਕ .30 ਬੋਰ ਪਿਸਤੌਲ ਸ਼ਾਮਲ ਹਨ। ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤਾ ਗਿਆ ਮੁਲਜ਼ਮ ਵਰਚੁਅਲ ਨੰਬਰਾਂ ਰਾਹੀਂ ਵਿਦੇਸ਼ੀ ਤਸਕਰ ਦੇ ਸੰਪਰਕ ਵਿਚ ਸੀ। ਉਨ੍ਹਾਂ ਦੱਸਿਆ ਕਿ ਹੈਰੋਇਨ ਤੇ ਹਥਿਆਰਾਂ ਦੀਆਂ ਗੈਰ-ਕਾਨੂੰਨੀ ਖੇਪਾਂ ਸਰਹੱਦ ਪਾਰੋਂ ਡਰੋਨ ਰਾਹੀਂ ਪਹੁੰਚਾਈਆਂ ਜਾ ਰਹੀਆਂ ਸਨ, ਜੋ ਮੁਲਜ਼ਮ ਵੱਲੋਂ ਅੱਗੇ ਅਪਰਾਧਿਕ ਤੱਤਾਂ ਨੂੰ ਡਿਲੀਵਰ ਕੀਤੀਆਂ ਜਾਂਦੀਆਂ ਸਨ। ਆਪ੍ਰੇਸ਼ਨ ਸਬੰਧੀ ਵੇਰਵੇ ਸਾਂਝੇ ਕਰਦੇ ਹੋਏ ਪੁਲਿਸ ਕਮਿਸ਼ਨਰ (ਸੀ.ਪੀ.) ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਯੋਜਨਾਬੱਧ ਤੇ



ਖੁਫੀਆ ਇਤਲਾਹ 'ਤੇ ਕਾਰਵਾਈ ਕਰਦਿਆਂ ਪੁਲਸ ਟੀਮਾਂ ਨੇ ਖੁਸ਼ ਉਰਫ਼ ਭੋਲੂ ਨੂੰ ਗ੍ਰਿਫ਼ਤਾਰ ਕੀਤਾ ਤੇ ਉਸ ਦੇ ਕਬਜ਼ੇ ਵਿਚੋਂ 2.1 ਕਿਲੋਗ੍ਰਾਮ ਹੈਰੋਇਨ ਬਰਾਮਦ ਕੀਤੀ। ਉਨ੍ਹਾਂ ਦੱਸਿਆ ਕਿ ਮੁਲਜ਼ਮ ਤੋਂ ਨਿਰੰਤਰ ਪੁੱਛਗਿੱਛ ਤੇ ਹੋਰ ਜਾਂਚ ਦੌਰਾਨ ਸੱਤ ਪਿਸਤੌਲ ਵੀ ਬਰਾਮਦ ਹੋਏ ਹਨ। ਉਨ੍ਹਾਂ ਦੱਸਿਆ ਕਿ ਮੁਲਜ਼ਮ ਪੁਰਾਣੇ ਸ਼ਹਿਰ ਵਿਚ ਕੱਪੜੇ ਦੀ ਦੁਕਾਨ ਕਰਦਾ ਹੈ। ਸੀ.ਪੀ. ਨੇ ਕਿਹਾ ਕਿ ਜਾਂਚ ਤੋਂ ਇਹ ਵੀ ਪਤਾ ਲੱਗਿਆ ਹੈ ਕਿ ਬਰਾਮਦ ਕੀਤੇ ਗਏ ਪਿਸਤੌਲ ਅਪਰਾਧਿਕ ਗਤੀਵਿਧੀਆਂ ਨੂੰ ਅੰਜਾਮ ਦੇਣ ਲਈ ਅਪਰਾਧਿਕ ਤੱਤਾਂ ਨੂੰ ਅੱਗੇ ਸਪਲਾਈ ਕੀਤੇ ਜਾਣੇ ਸਨ। ਕਮਿਸ਼ਨਰੇਟ ਪੁਲਸ ਅੰਮ੍ਰਿਤਸਰ ਨੇ ਤੁਰੰਤ ਕਾਰਵਾਈ ਕੀਤੀ ਅਤੇ ਹਥਿਆਰਾਂ ਦੀ ਸਪਲਾਈ ਅੱਗੇ ਪਹੁੰਚਾਉਣ ਤੋਂ ਪਹਿਲਾਂ ਹੀ ਮੁਲਜ਼ਮ ਨੂੰ ਗ੍ਰਿਫ਼ਤਾਰ ਕਰ ਲਿਆ। ਉਨ੍ਹਾਂ ਦੱਸਿਆ ਕਿ ਇਸ ਸਬੰਧ ਵਿਚ ਕੇਸ ਪੁਲਸ ਸਟੇਸ਼ਨ ਸੀ-ਡਵੀਜ਼ਨ, ਅੰਮ੍ਰਿਤਸਰ ਵਿਚ ਦਰਜ ਕੀਤਾ ਗਿਆ ਹੈ।

## ਕੁੱਲ ਹਿੰਦ ਕਿਸਾਨ ਸਭਾ ਨੇ ਕੇਂਦਰ ਸਰਕਾਰ ਦਾ ਪੁਤਲਾ ਫੂਕਿਆ



ਚੋਹਲਾ/ਸਰਹਾਲੀ (ਰਮਨ ਚੱਢਾ)-ਚੋਹਲਾ ਵਿਖੇ ਕੁੱਲ ਹਿੰਦ ਕਿਸਾਨ ਸਭਾ ਦੇ ਵਰਕਰਾਂ ਨੇ ਪਰਮਜੀਤ ਸਿੰਘ ਚੋਹਲਾ ਅਤੇ ਕਾਮਰੇਡ ਬਲਵਿੰਦਰ ਸਿੰਘ ਦਦੇਹਰ ਦੀ ਅਗਵਾਈ ਵਿੱਚ ਇਕੱਠੇ ਹੋ ਕੇ ਗਵਰਨਰ ਪੰਜਾਬ ਅਤੇ ਕੇਂਦਰ ਬੀਜੇਪੀ ਸਰਕਾਰ ਦਾ ਪੁਤਲਾ ਫੂਕਿਆ।ਯਾਦ ਰਹੇ ਕਿ ਕੱਲ ਚੰਡੀਗੜ੍ਹ ਵਿੱਚ ਕਿਸਾਨ ਮਾਰਚ ਤੇ ਕੀਤੇ ਤਸ਼ੱਦਦ ਦੇ ਵਿਰੋਧ ਵਿੱਚ ਅੱਜ ਸੰਯੁਕਤ ਕਿਸਾਨ ਮੋਰਚਾ ਵੱਲੋਂ ਥਾਂ-ਥਾਂ ਤੇ ਪੁਤਲੇ ਫੂਕੇ ਜਾਣੇ ਹਨ।ਇਸੇ ਲੜੀ ਤਹਿਤ ਕੁੱਲ ਹਿੰਦ ਕਿਸਾਨ ਸਭਾ ਦੇ ਵਰਕਰਾਂ ਵੱਲੋਂ ਪੁਤਲਾ ਫੂਕਣ ਸਮੇਂ ਕਿਸਾਨ ਸਭਾ ਦੇ ਆਗੂਆਂ ਨੇ ਕਿਹਾ ਕਿ ਕੇਂਦਰ ਦੀ ਮੌਜੂਦਾ ਸਰਕਾਰ ਪੰਜਾਬ ਦੇ ਹੱਕਾਂ ਤੇ ਲਗਾਤਾਰ ਡਾਕਾ ਮਾਰ ਰਹੀ ਹੈ।ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵਿੱਚੋਂ ਪੰਜਾਬ ਦੀ ਪੱਕੀ ਨੁਮਾਇੰਦਗੀ ਖਤਮ ਕਰ ਦਿੱਤੀ ਗਈ ਹੈ।ਪੰਜਾਬ ਦੇ ਪਾਣੀਆਂ ਨੂੰ ਖੋਹਣ ਦੀਆਂ ਕੋਸ਼ਿਸ਼ਾਂ ਲਗਾਤਾਰ ਜਾਰੀ ਹਨ। ਪੰਜਾਬ ਯੂਨੀਵਰਸਿਟੀ ਨੂੰ ਵੀ ਖੋਹਿਆ ਜਾ ਰਿਹਾ ਹੈ।ਪੰਜਾਬੀ ਬੋਲੀ ਨਾਲ ਚੰਡੀਗੜ੍ਹ ਤੇ ਹੋਰ ਗੁਆਂਢੀ ਰਾਜਾਂ ਵਿੱਚ ਧੱਕਾ ਕੀਤਾ ਜਾ ਰਿਹਾ ਹੈ।ਪੰਜਾਬ ਦੇ ਸੈਨਿਕ ਸਕੂਲਾਂ ਵਿੱਚ ਪੰਜਾਬੀ ਨੂੰ ਮਤਰੇਈ ਕਰ ਦਿੱਤਾ ਗਿਆ ਹੈ।ਇਸ ਤੋਂ ਬਿਨਾਂ ਕੇਂਦਰ ਸਰਕਾਰ ਲੋਕਾਂ ਨੂੰ ਧਰਮ ਦੇ ਨਾਂ ਤੇ ਪਾੜ ਕੇ ਕਾਰਪੋਰੇਟ ਘਰਾਣਿਆਂ ਦਾ ਪੱਖ ਪੂਰ ਰਹੀ ਹੈ।ਮਜ਼ਦੂਰਾਂ ਕਿਸਾਨਾਂ ਤੇ ਮਿਹਨਤਕਸ਼ ਲੋਕਾਂ ਦੀ ਲੁੱਟ ਲਗਾਤਾਰ ਵੱਧ ਰਹੀ ਹੈ।ਡੀਜ਼ਲ ਪੈਟਰੋਲ ਤੇ ਗੈਸ ਦੀਆਂ ਕੀਮਤਾਂ ਵਧਣ ਨਾਲ ਆਮ ਲੋਕਾਂ ਦਾ ਜਿਊਣਾ ਦੁੱਭਰ ਹੋ ਰਿਹਾ ਹੈ।

ਇਸ ਮੌਕੇ ਉਨ੍ਹਾਂ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਵੀ ਲਗਭਗ ਕੇਂਦਰ ਸਰਕਾਰ ਦੀਆਂ ਲੀਹਾਂ 'ਤੇ ਕੰਮ ਕਰ ਰਹੀ ਹੈ।ਬੇਰੁਜ਼ਗਾਰੀ ਅਤੇ ਮਹਿੰਗਾਈ ਨੇ ਲੋਕਾਂ ਦਾ ਜਿਊਣਾ ਮੁਹਾਲ ਕੀਤਾ ਹੋਇਆ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਪਰਮਜੀਤ ਸਿੰਘ, ਰਜਿੰਦਰ ਸਿੰਘ, ਗੁਰਪਾਲ ਸਿੰਘ ਫ਼ੌਜੀ, ਜਗਤਾਰ ਸਿੰਘ ਸੇਵਾ ਸਿੰਘ ਦਦੇਹਰ ਸਾਹਿਬ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ।

## ਅਧਿਆਪਕ ਜਥੇਬੰਦੀਆਂ ਵੱਲੋਂ ਪ੍ਰਸ਼ਾਸਨ ਦੇ ਪੱਖਪਾਤੀ ਵਤੀਰੇ ਖ਼ਿਲਾਫ਼ ਤਿੱਖੇ ਸੰਘਰਸ਼ ਦਾ ਐਲਾਨ



ਧਾਰੀਵਾਲ, (ਮਨਦੀਪ ਵਿੱਕੀ)-ਜ਼ਿਲ੍ਹਾ ਗੁਰਦਾਸਪੁਰ ਦੀਆਂ ਸਮੂਹ ਅਧਿਆਪਕ ਜਥੇਬੰਦੀਆਂ ਦੇ ਆਗੂਆਂ ਅਤੇ ਪੀੜਤ ਅਧਿਆਪਕਾਂ ਵੱਲੋਂ ਜਨਗਣਨਾ ਅਤੇ ਚੋਣ ਡਿਊਟੀਆਂ ਵਿੱਚ ਕੀਤੀਆਂ ਗਈਆਂ ਭਾਰੀ ਬੇਨਿਯਮੀਆਂ ਦੇ ਖ਼ਿਲਾਫ਼ ਤਹਿਸੀਲਦਾਰ ਗੁਰਦਾਸਪੁਰ ਅਤੇ ਏਡੀਸੀ ਜਨਰਲ ਦੇ ਸੁਪਰਡੈਂਟ ਨਾਲ ਮੁਲਾਕਾਤ ਕਰਕੇ ਮੰਗ ਪੱਤਰ ਦਿੱਤਾ ਗਿਆ।ਪਰ ਬੇਹੱਦ ਅਫ਼ਸੋਸ ਦੀ ਗੱਲ ਹੈ ਕਿ ਤਹਿਸੀਲਦਾਰ ਗੁਰਦਾਸਪੁਰ ਵੱਲੋਂ ਅਧਿਆਪਕਾਂ ਦੀਆਂ ਜਾਇਜ਼ ਅਤੇ ਇਨਸਾਨੀ ਮੰਗਾਂ ਸੁਣਨ ਦੀ ਬਜਾਏ ਗੈਰ-ਜ਼ਿੰਮੇਵਾਰਾਨਾ ਅਤੇ ਪੱਖਪਾਤੀ ਰਵੱਈਆ ਅਪਨਾਇਆ ਗਿਆ।ਪ੍ਰਸ਼ਾਸਨ ਦੇ ਇਸ ਹੰਕਾਰੀ ਵਤੀਰੇ ਕਾਰਨ ਸਮੂਹ ਅਧਿਆਪਕ ਵਰਗ ਵਿੱਚ ਭਾਰੀ ਰੋਸ ਦੀ ਲਹਿਰ ਦੌੜ ਗਈ ਹੈ।ਅਧਿਆਪਕਾਂ ਜਥੇਬੰਦੀਆਂ ਦੇ ਆਗੂਆਂ ਨੇ ਆਖਿਆ ਕਿ ਏਡੀ ਸੀ ਜਨਰਲ ਵੱਲੋਂ ਜਾਰੀ ਪੱਤਰ ਲਾਗੂ ਕੀਤਾ ਜਾਵੇ, ਇਸ ਵੇਲੇ ਪੰਜਾਬ ਵਿੱਚ ਕੜਾਕੇ ਦੀ ਗਰਮੀ ਪੈ ਰਹੀ ਹੈ ਅਤੇ ਪਾਰਾ (ਤਾਪਮਾਨ) 40 ਡਿਗਰੀ ਸੈਲਸੀਅਸ ਨੂੰ ਵੀ ਪਾਰ ਕਰ ਚੁੱਕਾ ਹੈ।ਅਜਿਹੇ ਅਸਹਿ ਮੌਸਮ ਵਿੱਚ ਅਧਿਆਪਕਾਂ ਕੋਲੋਂ ਸਕੂਲ ਦੀ ਡਿਊਟੀ ਦੇ ਨਾਲ-ਨਾਲ ਬਿਨਾਂ ਫਾਰਗ ਕੀਤੇ, ਬਲਦੀ ਗਰਮੀ ਵਿੱਚ ਘਰ-ਘਰ ਜਾ ਕੇ ਜਨਗਣਨਾ ਕਰਵਾਉਣ ਦਾ ਮਾਨਸਿਕ ਅਤੇ ਸਰੀਰਕ ਤਸ਼ੱਦਦ ਕਰਵਾਇਆ ਜਾ ਰਹੀ ਹੈ।ਪ੍ਰਸ਼ਾਸਨਿਕ ਅਧਿਕਾਰੀ ਏਸੀ ਕਮਰਿਆਂ ਵਿੱਚ ਬੈਠ ਕੇ ਫ਼ਰਮਾਨ ਜਾਰੀ ਕਰ ਰਹੇ ਹਨ, ਜਦੋਂ ਕਿ ਜ਼ਮੀਨੀ ਹਕੀਕਤ ਇਹ ਹੈ ਕਿ ਅਧਿਆਪਕਾ ਸਿਰ ਬੱਚਿਆਂ ਅਤੇ ਘਰਾਂ ਦਾ ਬੋਝ ਪਾ ਕੇ ਉਨ੍ਹਾਂ ਨੂੰ ਇਸ ਲੂ ਦੇ ਮੌਸਮ ਵਿੱਚ ਸੜਕਾਂ 'ਤੇ ਰੁਲਣ ਲਈ ਮਜਬੂਰ ਕੀਤਾ ਜਾ ਰਿਹਾ ਹੈ।ਜਥੇਬੰਦੀਆਂ ਨੇ ਦੋਸ਼ ਲਾਇਆ ਕਿ ਡਿਊਟੀਆਂ ਲਗਾਉਣ ਅਤੇ ਕੱਟਣ ਵਿੱਚ ਸ਼ਰੇਆਮ ਪੱਖਪਾਤ ਦੀ ਖੇਡ ਖੇਡੀ ਗਈ ਹੈ।ਤਹਿਸੀਲਦਾਰ ਦਫ਼ਤਰ ਵੱਲੋਂ ਆਪਣੇ ਚਹੇਤਿਆਂ, ਸਿਫ਼ਾਰਸ਼ੀਆਂ ਅਤੇ ਰਿਸ਼ਤੇਦਾਰਾਂ ਨੂੰ ਨਿਵਾਜਣ ਲਈ ਉਨ੍ਹਾਂ ਦੀਆਂ ਡਿਊਟੀਆਂ ਮਨਮਰਜ਼ੀ ਨਾਲ ਕੱਟੀਆਂ ਗਈਆਂ ਹਨ।ਦੂਜੇ ਪਾਸੇ, ਜਿਨ੍ਹਾਂ ਅਧਿਆਪਕਾਂ ਦੇ ਬੱਚੇ ਜਾਂ ਪਰਿਵਾਰਕ ਮੈਂਬਰ ਗੰਭੀਰ ਬੀਮਾਰੀਆਂ ਨਾਲ ਜੂਝ ਰਹੇ ਹਨ, ਉਨ੍ਹਾਂ ਦੀ ਲਾਚਾਰੀ ਅਤੇ ਮੈਡੀਕਲ ਹਾਲਤ ਨੂੰ ਤਹਿਸੀਲਦਾਰ ਵੱਲੋਂ ਪੂਰੀ ਤਰ੍ਹਾਂ ਅਣਗੌਲਿਆ ਕਰਕੇ ਅੜੀਅਲਪੁਣਾ ਦਿਖਾਇਆ ਜਾ ਰਿਹਾ ਹੈ ਅਤੇ ਡਿਊਟੀਆਂ ਕੱਟਣ ਤੋਂ ਸਾਫ਼ ਮਨਾ ਕੀਤਾ ਜਾ ਰਿਹਾ ਹੈ।ਸਾਰੀਆਂ ਪੱਖਪਾਤੀ ਡਿਊਟੀਆਂ ਤੁਰੰਤ ਰੱਦ ਕੀਤੀਆਂ ਜਾਣ।ਜ਼ਿਲ੍ਹਾ ਸਿੱਖਿਆ ਅਫ਼ਸਰ ਦੀ ਦੇਖ-ਰੇਖ ਵਿੱਚ, ਜੋ ਅਧਿਆਪਕ ਜਿੱਥੇ ਪੜ੍ਹਾਉਂਦਾ ਹੈ, ਉਸ ਦੇ ਨੇੜਲੇ ਖੇਤਰ ਮੁਤਾਬਕ ਹੀ ਨਿਆਂਸੰਗਤ ਤਰੀਕੇ ਨਾਲ ਡਿਊਟੀ ਤੈਅ ਹੋਵੇ।ਜਿਹੜੇ ਅਧਿਆਪਕਾਂ ਦੀ ਜਨਗਣਨਾ ਡਿਊਟੀ ਲੱਗੀ ਹੈ, ਉਨ੍ਹਾਂ ਨੂੰ ਚੋਣ ਡਿਊਟੀ ਤੋਂ ਤੁਰੰਤ ਮੁਕਤ ਕੀਤਾ ਜਾਵੇ।ਕਪਲ ਕੇਸ, ਅੰਗਹੀਣ, ਵਿਧਵਾ ਅਤੇ ਬਿਮਾਰੀ ਤੋਂ ਪੀੜਤ ਅਧਿਆਪਕਾਂ ਨੂੰ ਛੋਟ ਦਿੱਤੀ ਜਾਵੇ। ਅਧਿਆਪਕਾਂ ਨੂੰ 150 ਤੋਂ ਵੱਧ ਘਰਾਂ ਦੀ ਗਿਣਤੀ ਕਰਨ ਲਈ ਮਜਬੂਰ ਨਾ ਕੀਤਾ ਜਾਵੇ।

ਜੇਕਰ ਇਨ੍ਹਾਂ ਨਾਜਾਇਜ਼ ਅਤੇ ਪੱਖਪਾਤੀ ਡਿਊਟੀਆਂ ਨੂੰ ਤੁਰੰਤ ਦਰੁਸਤ ਨਾ ਕੀਤਾ ਗਿਆ, ਤਾਂ ਕੱਲ੍ਹ ਨੂੰ ਸਮੂਹ ਜਥੇਬੰਦੀਆਂ ਵੱਲੋਂ ਜ਼ਿਲ੍ਹਾ ਪੱਧਰੀ ਤਿੱਖਾ ਧਰਨਾ ਪ੍ਰਦਰਸ਼ਨ ਕੀਤਾ ਜਾਵੇਗਾ, ਜਿਸ ਦੌਰਾਨ ਹੋਣ ਵਾਲੇ ਕਿਸੇ ਵੀ ਨੁਕਸਾਨ ਦੀ ਪੂਰੀ ਜ਼ਿੰਮੇਵਾਰੀ ਸਥਾਨਕ ਪ੍ਰਸ਼ਾਸਨ ਅਤੇ ਤਹਿਸੀਲਦਾਰ ਗੁਰਦਾਸਪੁਰ ਦੀ ਹੋਵੇਗੀ।ਇਸ ਮੌਕੇ ਕੁਲਦੀਪ ਪੁਰੋਵਾਲ, ਰਾਜ ਸੁਖਵਿੰਦਰ ਸਿੰਘ, ਅਸ਼ਵਨੀ ਫੱਜੂਪੁਰ, ਓਂਕਾਰ ਸਿੰਘ, ਰਜਨੀ ਪਰਕਾਸ਼, ਸਲਵਿੰਦਰ ਕੁਮਾਰ, ਗਗਨਦੀਪ ਸਿੰਘ, ਬਲਵਿੰਦਰ ਕੌਰ, ਅਨਿਲ ਕੁਮਾਰ ਲਾਹੌਰੀਆ, ਸੰਜੀਵ ਕੁਮਾਰ, ਸਤਿੰਦਰ ਕੌਰ, ਅਸ਼ੋਕ ਕੁਮਾਰ, ਬੰਟੀ ਠਾਕੁਰ, ਸ਼ਰਨਜੀਤ ਸਿੰਘ, ਹਰਪਾਲ ਸਿੰਘ, ਬਲਕਾਰ ਸਿੰਘ, ਸੁਖਮਨ, ਰਾਕੇਸ਼ ਕੁਮਾਰ, ਰਜਨੀ ਬਾਲਾ ਆਦਿ ਹੋਰ ਅਧਿਆਪਕ ਵੀ ਹਾਜਰ ਸਨ।

## ਪ੍ਰਿੰ. ਗੁਰਦੀਪ ਸਿੰਘ ਰੰਧਾਵਾ ਨੇ ਆਪਣਾ 75ਵਾਂ ਜਨਮ ਦਿਨ ਮਨਾਇਆ

### * 'ਆਧੁਨਿਕ ਜ਼ਿੰਦਗੀ ਤੇ ਸਮਾਜਵਾਦ' ਕਿਤਾਬ ਦੀ ਹੋਈ ਘੁੰਡ ਚੁਕਾਈ



ਮਜੀਠਾ (ਸੋਇਮ ਆਨੰਦ)-ਪੰਜਾਬੀ ਸਾਹਿਤ ਜਗਤ ਦੇ ਉੱਘੇ ਲੇਖਕ ਅਤੇ ਸਮਾਜ ਸੇਵਕ ਸੇਵਾਮੁਕਤ ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਵੱਲੋਂ ਆਪਣਾ 75ਵਾਂ ਜਨਮਦਿਨ ਸ਼ਹੀਦ ਭਗਤ ਸਿੰਘ ਮੈਮੋਰੀਅਲ ਸੋਸ਼ਲ ਅਤੇ ਵੈੱਲਫੇਅਰ ਸਭਾ ਦੇ ਦਫਤਰ ਪਾਖਰਪੁਰਾ ਵਿਖੇ ਮਨਾਇਆ ਗਿਆ।ਇਸ ਮੌਕੇ ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਦੀ ਲਿਖੀ ਕਿਤਾਬ ਆਧੁਨਿਕ ਜ਼ਿੰਦਗੀ ਤੇ ਸਮਾਜਵਾਦ ਦੀ ਘੁੰਡ ਚੁਕਾਈ ਕੀਤੀ ਗਈ।

ਇਸ ਮੌਕੇ ਕਿਤਾਬ 'ਤੇ ਖੁੱਲ ਕੇ ਚਰਚਾ ਹੋਈ। ਚਰਚਾ ਵਿੱਚ ਕੁਲਦੀਪ ਸਿੰਘ ਕਾਹਲੋਂ ਵੱਲੋਂ ਦੱਸਿਆ ਗਿਆ ਕਿ ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਨੇ ਇਸ ਕਿਤਾਬ ਵਿੱਚ ਆਪਣੀ ਜ਼ਿੰਦਗੀ ਦੇ ਸਾਰੇ ਤਜਰਬਿਆਂ ਨੂੰ ਬਹੁਤ ਸੁਚੱਜੇ ਤਰੀਕੇ ਨਾਲ ਸਾਂਝਾ ਕੀਤਾ ਹੈ। ਇਸ ਕਿਤਾਬ ਵਿੱਚ ਲਗਭਗ 13 ਦੇ ਕਰੀਬ ਪਾਠ ਲਿਖੇ ਗਏ ਹਨ ਜੋ ਕਿ ਇਨਸਾਨ ਨੂੰ ਜੀਵਨ ਜਾਚ ਸਿਖਾਉਣ ਵਿੱਚ ਸਹਾਈ ਹੁੰਦੇ ਹਨ।ਮਾਸਟਰ ਸਤਨਾਮ ਸਿੰਘ ਪਾਖਰਪੁਰਾ ਵੱਲੋਂ ਵੀ ਕਿਤਾਬ ਉਤੇ ਖੁੱਲ੍ਹ ਕੇ ਚਰਚਾ ਕੀਤੀ ਗਈ ਅਤੇ ਉਨ੍ਹਾਂ ਵੱਲੋਂ ਦੱਸਿਆ ਗਿਆ ਕਿ ਇੰਨਾ ਕੋਰਾ ਤੇ ਕਰਾਰਾ ਸੱਚ ਸਿਰਫ ਪ੍ਰਿੰਸੀਪਲ ਗੁਰਦੀਪ ਸਿੰਘ ਹੀ ਲਿਖ ਸਕਦੇ ਹਨ।

ਇਸ ਤੋਂ ਇਲਾਵਾ ਕਿਤਾਬ 'ਤੇ ਚਰਚਾ ਕਰਨ ਵਾਲਿਆਂ ਵਿੱਚ ਪ੍ਰਿੰਸੀਪਲ ਮਨਜੀਤ ਸਿੰਘ ਸੰਧੂ, ਮਾਸਟਰ ਨਿਰਮਲ ਸਿੰਘ ਸੇਖੂਪੁਰਾ, ਪ੍ਰਿੰਸੀਪਲ ਮਨਜੀਤ ਸਿੰਘ ਭੋਮਾ, ਨਰਿੰਜਨ ਸਿੰਘ ਗਿੱਲ ਆਦਿ ਹਾਜ਼ਰ ਸਨ।

ਇਸ ਮੌਕੇ ਵੱਡੀ ਗਿਣਤੀ ਵਿੱਚ ਸਰੋਤੇ ਹਾਜ਼ਰ ਸਨ ਜਿਨਾਂ ਵਿੱਚ ਰਜੀਵ ਕੁਮਾਰ, ਗੁਲਸ਼ਨ ਕੁਮਾਰ ਬਾਵਾ, ਪਰਮਜੀਤ ਨੰਬਰਦਾਰ, ਹਰਮਨਦੀਪ ਸਿੰਘ ਟਰਪਈ, ਸਰਦਾਰ ਰਤਨ ਸਿੰਘ ਆਦਿ ਸਮੇਤ ਹੋਰ ਇਲਾਕੇ ਦੀਆਂ ਸ਼ਖ਼ਸੀਅਤਾਂ ਹਾਜ਼ਰ ਸਨ।

## ਫੌਜੀ ਜਵਾਨ ਦੀ ਟ੍ਰੇਨ ਦੇ ਬਾਥਰੂਮ 'ਚੋਂ ਮਿਲੀ ਮ੍ਰਿਤਕ ਦੇਹ



ਕਲਾਨੌਰ, (ਮਨਦੀਪ ਕੋਹਲੀ)-ਘਰੋਂ ਡਿਊਟੀ 'ਤੇ ਪਰਤ ਰਹੇ ਫੌਜੀ ਜਵਾਨ ਦੀ ਰੇਲ ਗੱਡੀ ਦੇ ਬਾਥਰੂਮ ਵਿੱਚ ਮੌਤ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ।ਜਾਣਕਾਰੀ ਦਿੰਦਿਆਂ ਕਲਾਨੌਰ ਦੇ ਭਾਈ ਰਜਿੰਦਰ ਸਿੰਘ ਭੰਗੂ ਜੋ ਕਿ ਆਪ ਵੀ ਪਹਿਲਾਂ ਫੌਜ 'ਚ ਨੌਕਰੀ ਕਰ ਚੁੱਕੇ ਹਨ ਨੇ ਦੱਸਿਆ ਕਿ ਉਨ੍ਹਾਂ ਦਾ ਬੇਟਾ ਪ੍ਰਭਸ਼ਰਨ ਸਿੰਘ ਜੋ 9 ਪੰਜਾਬ ਸਿੱਖ ਰੈਜੀਮੈਂਟ ਦੇ ਜਵਾਨ ਸੀ। ਪ੍ਰਭਸ਼ਰਨ ਸਿੰਘ ਦੀ ਜੰਮੂ ਖੇਤਰ ਵਿੱਚ ਡਿਊਟੀ ਕਰਨ ਮਗਰੋਂ ਬਦਲੀ ਮੇਰਠ ਵਿੱਚ ਹੋਈ ਸੀ ਅਤੇ ਕੁਝ ਦਿਨ ਘਰ ਰਹਿਣ ਮਗਰੋਂ ਘਰ ਤੋਂ ਡਿਊਟੀ 'ਤੇ ਜਾ ਰਿਹਾ ਸੀ। ਉਸ ਨੂੰ ਬੜੇ ਚਾਵਾਂ ਨਾਲ ਪਰਿਵਾਰਕ ਮੈਂਬਰਾਂ ਵੱਲੋਂ ਮੁਕੇਰੀਆਂ ਦੇ ਰੇਲਵੇ ਸਟੇਸ਼ਨ ਤੋਂ ਡਿਊਟੀ ਲਈ ਰਵਾਨਾ ਕੀਤਾ ਗਿਆ ਸੀ, ਪਰ ਕੁਦਰਤ ਨੂੰ ਕੁਝ ਹੋਰ ਹੀ ਮਨਜ਼ੂਰ ਸੀ। ਪਰਿਵਾਰਿਕ ਮੈਂਬਰਾਂ ਵੱਲੋਂ ਉਸ ਦੇ ਪਹੁੰਚਣ ਦੀ ਖਬਰ ਸੁਣਨ ਲਈ ਉਸਨੂੰ ਫੋਨ ਲਗਾਇਆ ਗਿਆ ਪਰ ਵਾਰ ਵਾਰ ਫੋਨ ਕਰਨ 'ਤੇ ਵੀ ਉਸ ਵੱਲੋਂ ਫੋਨ ਨਹੀਂ ਉਠਾਇਆ ਗਿਆ, ਜਿਸ 'ਤੇ ਚਿੰਤਾ ਹੋਣ 'ਤੇ ਅਸੀਂ ਕਲਾਨੌਰ ਪੁਲਸ ਸਟੇਸ਼ਨ ਦੇ ਥਾਣਾ ਮੁਖੀ ਨੂੰ ਇਤਲਾਹ ਦਿੱਤੀ, ਜਿਸ 'ਤੇ ਤੁਰੰਤ ਕਾਰਵਾਈ ਕਰਦਿਆਂ ਫੋਨ ਦੀ ਲੋਕੇਸ਼ਨ ਦਾ ਪਤਾ ਲਗਾਇਆ ਗਿਆ ਜੋ ਦਿੱਲੀ ਤੋਂ ਦੂਰ ਦੱਸ ਰਹੀ ਸੀ, ਜਿਸ 'ਤੇ ਉਨ੍ਹਾਂ ਦੇ ਕਹਿਣ ਮੁਤਾਬਿਕ ਜੀਆਰਪੀ ਨਾਲ ਕੰਟੈਕਟ ਕੀਤਾ ਗਿਆ। ਜੀ ਆਰ ਪੀ ਵੱਲੋਂ ਤੁਰੰਤ ਕਾਰਵਾਈ ਕਰਦਿਆਂ ਜੋਧਪੁਰ ਸਟੇਸ਼ਨ ਤੇ ਟ੍ਰੇਨ ਰੋਕ ਕੇ ਟਰੇਨ ਦੀ ਚੈਕਿੰਗ ਕੀਤੀ ਗਈ ਤਾਂ ਟਰੇਨ ਦੇ ਬਾਥਰੂਮ ਵਿੱਚੋਂ ਫੌਜੀ ਜਵਾਨ ਪ੍ਰਭਸ਼ਰਨ ਸਿੰਘ ਵਾਸੀ ਕਲਾਨੌਰ ਨੂੰ ਮ੍ਰਿਤਕ ਪਾਇਆ ਗਿਆ, ਫੌਜੀ ਜਵਾਨ ਦੀ ਮੌਤ ਦੀ ਖਬਰ ਸੁਣਦਿਆਂ ਹੀ ਪਰਿਵਾਰ ਵਿੱਚ ਚੀਕ ਚਿਹਾੜਾ ਮੱਚ ਗਿਆ ਤੇ ਇਲਾਕੇ ਵਿੱਚ ਸੋਗ ਦੀ ਲਹਿਰ ਫੈਲ ਗਈ। ਪ੍ਰਭਸ਼ਰਨ ਦੀ ਸੱਤ ਸਾਲ ਦੀ ਬੇਟੀ ਅਤੇ ਇੱਕ ਪੰਜ ਸਾਲ ਦਾ ਬੇਟਾ ਹੈ।

## ਮੰਗਾਂ ਮੰਨਣ ਤੋਂ ਇਨਕਾਰੀ ਸਰਕਾਰ ਖਿਲਾਫ ਬਿਜਲੀ ਕਾਮੇ ਤੇ ਪੈਨਸ਼ਨਰ ਪਏ ਸੰਘਰਸ਼ਾਂ ਦੇ ਰਾਹ



ਗੁਰਦਾਸਪੁਰ (ਜਨਕ ਮਹਾਜਨ)- ਪੀ ਐੱਸ ਈ ਬੀ ਇੰਪਲਾਈਜ ਜੁਆਇੰਟ ਫ਼ੋਰਮ ਅਤੇ ਬਿਜਲੀ ਮੁਲਾਜ਼ਮ ਏਕਤਾ ਅਤੇ ਪੈਨਸ਼ਨਰਾਂ ਦੀਆਂ ਜਥੇਬੰਦੀਆਂ ਦੀ ਸਾਂਝੀ ਮੀਟਿੰਗ ਦਿਲਬਾਗ ਸਿੰਘ ਬੁਟਰ, ਸੁਖਦੇਵ ਸਿੰਘ ਖੁੱਡਾਂ, ਸਾਹਿਬ ਸਿੰਘ ਧਾਲੀਵਾਲ, ਜਸਵਿੰਦਰ ਸਿੰਘ ਦੀ ਪ੍ਰਧਾਨਗੀ ਹੇਠ ਗੁਰੂ ਨਾਨਕ ਪਾਰਕ ਗੁਰਦਾਸਪੁਰ ਵਿਖੇ ਹੋਈ ਜਿਸ ਵਿੱਚ ਵਿਸ਼ੇਸ਼ ਤੌਰ ਸਾਥੀ ਗੁਰਵੇਲ ਸਿੰਘ ਬੱਲਪੁਰੀਆ, ਬਲਵਿੰਦਰ ਸਿੰਘ ਉਦੀਪੁਰ, ਦਲਬੀਰ ਸਿੰਘ ਉਸਾਹਨ ਹਾਜ਼ਰ ਹੋਏ ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਸੂਬਾ ਪੱਧਰੀ ਸੰਘਰਸ਼ ਨੂੰ ਸਰਕਲ ਅੰਦਰ ਪੂਰੀ ਦ੍ਰਿੜਤਾ ਨਾਲ ਲਾਗੂ ਕੀਤਾ ਜਾਵੇਗਾ ਮੁਲਾਜ਼ਮ ਆਗੂਆਂ ਨੇ ਦਸਿਆ ਹੈ ਕਿ ਪਾਵਰਕੌਮ ਦੀ ਮੈਨੇਜਮੈਂਟ ਬਿਜਲੀ ਕਾਮਿਆਂ ਦੀਆਂ ਮੀਟਿੰਗਾਂ ਦੌਰਾਨ ਮੰਨੀਆਂ ਹੋਈਆਂ ਮੰਗਾਂ ਲਾਗੂ ਨਹੀ ਕਰ ਰਹੀ ਅਤੇ ਸਮਝੌਤੇ ਤੋਂ ਮੁਕਰ ਗਈ ਹੈ ਜਿਸ ਕਾਰਨ ਬਿਜਲੀ ਕਾਮਿਆਂ ਅਤੇ ਪੈਨਸ਼ਨਰਾਂ ਦੇ ਸਾਂਝੇ ਥੜੇ ਵਲੋਂ ਪਾਵਰਕੌਮ ਦੀ ਮੈਨੇਜਮੈਂਟ ਖਿਲਾਫ ਤਿੱਖੇ ਸੰਘਰਸ਼ ਦਾ ਐਲਾਨ ਕੀਤਾ ਗਿਆ ਜਿਸ ਦੇ ਤਹਿਤ 21 ਮਈ ਤੋਂ ਬਿਜਲੀ ਮੁਲਾਜ਼ਮ ਆਪਣੀ ਬਣਦੀ ਡਿਊਟੀ 8 ਘੰਟੇ ਕਰਨਗੇ ਅਤੇ ਮਹਿਕਮੇ ਦੇ ਨਿਯਮ ਅਨੁਸਾਰ ਕੰਮ ਕਰਨਗੇ ਅਤੇ ਪਾਵਰਕੌਮ ਦੀ ਮੈਨੇਜਮੈਂਟ ਚੇਅਰਮੈਨ, ਮੈਂਬਰਾਂ ਦਾ ਫੀਲਡ ਵਿੱਚ ਆਉਣ ਤੇ ਕਾਲ਼ੇ ਝੰਡਿਆਂ ਨਾਲ ਵਿਖਾਵੇ ਕੀਤੇ ਜਾਣਗੇ ਅਤੇ 24 ਮਈ ਨੂੰ ਪੰਜਾਬ ਦੇ ਬਿਜਲੀ ਮੁਲਾਜ਼ਮ ਅਤੇ ਪੈਨਸ਼ਨਰਜ਼ ਸੂਬਾ ਪੱਧਰੀ ਰੋਸ਼ ਮੁਜ਼ਾਹਰਾ ਮੁੱਖ ਮੰਤਰੀ ਰਿਹਾਇਸ਼ ਸੰਗਰੂਰ ਵਿਖੇ ਕਰਨਗੇ। ਜੇਕਰ ਪਾਵਰਕੌਮ ਦੀ ਮੈਨੇਜਮੈਂਟ ਵਲੋਂ ਮੀਟਿੰਗ ਦੌਰਾਨ ਹੋਈਆਂ ਸਹਿਮਤੀਆ ਲਾਗੂ ਨਾ ਕੀਤੀਆਂ ਤਾਂ 16,17, ਜੂਨ ਨੂੰ ਦੋ ਰੋਜ਼ਾ ਹੜਤਾਲ ਕੀਤੀ ਜਾਵੇਗੀ ਅਤੇ ਪੈਨਸ਼ਨਰਜ਼ ਸਾਥੀ ਜ਼ਿਲਾ ਹੈੱਡਕੁਆਰਟਰ ਤੇ ਆਪਣੇ ਆਪ ਨੂੰ ਗਿਰਫਤਾਰੀ ਲਾਈ ਪੇਸ਼ ਕਰਨਗੇ। ਮਹਿਕਮੇ ਵਲੋਂ ਦਿੱਤੇ ਜਾ ਰਹੇ ਮੋਬਾਇਲ ਫੋਨ ਨੂੰ ਕੋਈ ਵੀ ਕਰਮਚਾਰੀ ਨਹੀਂ ਲਵੇਗਾ।

ਇਸ ਮੀਟਿੰਗ ਵਿੱਚ ਬਲਜਿੰਦਰ ਸਿੰਘ, ਗੁਰਦੀਪ ਸਿੰਘ, ਤਰਲੋਕ ਸਿੰਘ ਖੁੱਡੀ, ਪ੍ਰਕਾਸ਼ ਘੁੱਲਾ, ਗੁਰਪ੍ਰੀਤ ਸਿੰਘ ਮੱਲੀ, ਚਰਨਜੀਤ ਸਿੰਘ ਕਾਹਲੋਂ, ਬਲਵਿੰਦਰ ਸਿੰਘ ਬਾਜਵਾ, ਰਛਪਾਲ ਸਿੰਘ ਤਿੱਬੜ, ਰੂਪ ਲਾਲ ਆਦਿ ਆਗੂ ਹਾਜ਼ਰ ਸਨ।

## ਤਹਿਸੀਲਦਾਰਾਂ ਦੀ ਘਾਟ ਕਾਰਨ ਤਹਿਸੀਲਾਂ 'ਚ ਲੋਕਾਂ ਦੀ ਹੋ ਰਹੀ ਖੱਜਲ-ਖੁਆਰੀ : ਭਰੋਵਾਲ

ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਰਮਨਦੀਪ ਸਿੰਘ ਭਰੋਵਾਲ ਨੇ ਸਥਾਨਕ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦਾਅਵੇ ਤਾਂ ਬਹੁਤ ਵੱਡੇ ਵੱਡੇ ਕਰਦੀ ਹੈ ਲੇਕਿਨ ਹਕੀਕਤ ਇਹ ਹੈ ਕਿ ਇਨ੍ਹਾਂ ਦੀਆਂ ਨਿਕੰਮੀਆਂ ਨੀਤੀਆਂ ਕਾਰਨ ਆਮ ਲੋਕਾਂ ਦਾ ਜੀਵਨ ਮੁਹਾਲ ਹੋਇਆ ਪਿਆ ਹੈ।ਉਨ੍ਹਾਂ ਕਿਹਾ ਕਿ ਤਰਨ ਤਾਰਨ ਜ਼ਿਲ੍ਹੇ ਦੀਆਂ ਤਹਿਸੀਲਾਂ ਵਿੱਚ ਤਹਿਸੀਲਦਾਰਾਂ ਦਾ ਕਾਲ ਪੈ ਗਿਆ ਹੈ ਕਿਉਂਕਿ ਕੋਈ ਵੀ ਅਫਸਰ ਇਨ੍ਹਾਂ ਦੀਆਂ ਮਾੜੀਆਂ ਨੀਤੀਆਂ ਕਾਰਨ ਇਸ ਇਲਾਕੇ ਵਿੱਚ ਨੌਕਰੀ ਕਰਨ ਨੂੰ ਤਿਆਰ ਨਹੀਂ॥ ਭਰੋਵਾਲ ਨੇ ਕਿਹਾ ਕਿ ਖਡੂਰ ਸਾਹਿਬ ਤਹਿਸੀਲ ਵਿੱਚ ਪਿਛਲੇ ਦੋ ਮਹੀਨਿਆਂ ਤੋਂ ਤਹਿਸੀਲਦਾਰ ਦੀ ਨਿਯੁਕਤੀ ਨਹੀਂ ਹੋਈ। ਤਰਨ ਤਾਰਨ ਤਹਿਸੀਲ ਵਿੱਚ ਵੀ ਤਹਸੀਲਦਾਰ ਨਹੀਂ। ਤਰਾਸਦੀ ਇਹ ਹੈ ਕਿ ਨੌਸ਼ਹਿਰਾ ਪੰਨੂਆਂ ਅਤੇ ਚੋਹਲਾ ਸਾਹਿਬ ਵਿੱਚ ਵੀ ਤਹਿਸੀਲਦਾਰ ਨਹੀਂ ਤੇ ਗਨੀਮਤ ਇਸ ਗੱਲ ਦੀ ਹੈ ਕਿ ਨਾਇਬ ਤਹਿਸੀਲਦਾਰ ਦੋ ਦੋ ਜਗ੍ਹਾ ਡਿਊਟੀ ਕਰ ਰਹੇ ਹਨ ਪਰ ਲੋਕਾਂ ਦੇ ਇੰਤਕਾਲ ਨਹੀਂ ਹੋ ਰਹੇ ਕਿਉਂਕਿ ਨਾਇਬ ਤਹਿਸੀਲਦਾਰ ਕੋਲ ਇੰਤਕਾਲ ਮਨਜ਼ੂਰ ਕਰਨ ਦਾ ਅਧਿਕਾਰ ਹੀ ਨਹੀਂ ਹੈ। ਤਹਿਸੀਲਦਾਰ ਤੋਂ ਬਿਨਾਂ ਕਿਸਾਨਾਂ ਤੇ ਹੋਰ ਘਰ ਪਰਿਵਾਰ ਵਾਲਿਆਂ ਤੇ ਕਾਰੋਬਾਰੀਆਂ ਦੀਆਂ ਰਜਿਸਟਰੀਆਂ ਦੇ ਇੰਤਕਾਲ ਨਹੀਂ ਹੋ ਰਹੇ ਜਿਸ ਕਾਰਨ ਜਿੱਥੇ ਕਿਸਾਨਾਂ ਨੂੰ ਭਾਰੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਉਥੇ ਜਿਨ੍ਹਾਂ ਲੋਕਾਂ ਨੇ ਕਾਰੋਬਾਰ ਕਰਨੇ ਹਨ ਉਨ੍ਹਾਂ ਦੇ ਕੰਮ ਰੁਕ ਚੁੱਕੇ ਹਨ ॥ਭਰੋਵਾਲ ਨੇ ਕਿਹਾ ਕਿ ਕਈ ਕਿਸਾਨ ਵੀਰਾਂ ਨੇ ਤੇ ਹੋਰ ਲੋਕਾਂ ਨੇ ਪ੍ਰਾਈਵੇਟ ਅਦਾਰਿਆਂ ਤੇ ਆੜ੍ਹਤੀਆਂ ਪਾਸੋਂ ਕਰਜ਼ਾ ਲੈ ਕੇ ਜ਼ਮੀਨਾਂ ਖਰੀਦੀਆਂ ਹਨ ਤਾਂ ਜੋ



ਰਜਿਸਟਰੀ ਹੋਣ ਤੋਂ ਬਾਅਦ ਇੰਤਕਾਲ ਕਰਵਾ ਬੈਂਕ ਦੇ ਕੋਲ ਕਾਗਜ਼ ਰੱਖ ਕੇ ਉਸ ਤੇ ਲਿਮਿਟ ਬਣਾ ਕੇ ਉਹ ਕਰਜਾ ਵਾਪਸ ਕਰਕੇ ਭਾਰ ਮੁਕਤ ਹੋ ਸਕਣ ਪਰ ਅਜਿਹੇ ਹਾਲਾਤ 'ਚ ਉਨ੍ਹਾਂ ਉਪਰ ਵਿਆਜ 'ਤੇ ਵਿਆਜ ਪੈ ਰਿਹਾ ਹੈ ਜਿਸ ਨਾਲ ਕਿਸਾਨ ਆਰਥਿਕ ਤੌਰ ਤੇ ਹੋਰ ਕਮਜ਼ੋਰ ਹੋ ਰਹੇ ਹਨ ਤੇ ਕਈ ਜਿਨ੍ਹਾਂ ਦੇ ਬੱਚੇ ਵਿਦੇਸ਼ ਜਾਣੇ ਹਨ ਉਹ ਭਾਰੀ ਪ੍ਰੇਸ਼ਾਨੀ 'ਚ ਹਨ ਕਿਉਂਕਿ ਉਨ੍ਹਾਂ ਨੂੰ ਵੀ ਕਰਜ਼ਾ ਲੈਣ ਵਿੱਚ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਲੇਕਿਨ ਸਰਕਾਰ ਕੁੰਭਕਰਨ ਦੀ ਨੀਂਦ ਸੁੱਤੀ ਪਈ ਹੈ ਤੇ ਲੋਕ ਹਾਹਾਕਾਰ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਉਹ ਸਰਕਾਰ ਦੇ ਇਸ ਨਕਲੀ ਵਿਕਾਸ ਤੇ ਲੋਕਾਂ ਨੂੰ ਸਹੂਲਤ ਦੇ ਫੈਲਾਏ ਜਾ ਰਹੇ ਝੂਠ ਦੇ ਢੰਡੋਰੇ ਨੂੰ ਤੁਹਾਡੇ ਸਾਹਮਣੇ ਰੱਖ ਰਹੇ ਹਾਂ। ਲੋਕ ਇੰਤਕਾਲ ਨਾ ਹੋਣ ਕਾਰਨ ਪਰੇਸ਼ਾਨ ਹਨ। ਜੇਕਰ ਆਲਮ ਅਜਿਹਾ ਰਿਹਾ ਤੇ ਕੋਈ ਮਾਨਸਿਕ ਦਬਾਅ ਹੇਠ ਆ ਕੇ ਖੁਦਕੁਸ਼ੀਆਂ ਦਾ ਰਾਹ ਵੀ ਅਖਤਿਆਰ ਕਰ ਸਕਦਾ ਹੈ।

## ਸਭ ਦੀ ਮਦਦ ਲਈ ਅੱਗੇ ਰਹਿਣ ਵਾਲੀ ਮਾਤਾ ਸੁਖਵਿੰਦਰ ਕੌਰ

ਭੋਗ 'ਤੇ ਵਿਸ਼ੇਸ਼



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਸਿੱਧੂ ਪਰਿਵਾਰ ਜਿਨ੍ਹਾਂ ਵਿੱਚ ਸਰਪੰਚ ਪਰਮਜੀਤ ਸਿੰਘ ਸਿੱਧੂ ਟਾਹਲੀ ਸਾਹਿਬ ਆਸਟਰੇਲੀਆ, ਬਲਕਾਰ ਸਿੰਘ ਟਾਹਲੀ ਸਾਹਿਬ, ਮਨਪ੍ਰੀਤ ਸਿੰਘ ਟਾਹਲੀ ਸਾਹਿਬ ਕੈਨੇਡਾ, ਸਰਬਜੀਤ ਕੌਰ ਦੇ ਮਾਤਾ ਅਤੇ ਪਲਵਿੰਦਰ ਸਿੰਘ ਗਿੱਲ ਸੰਗਤਪੁਰਾ ਜਨਰਲ ਸਕੱਤਰ ਪੰਜਾਬ ਖੰਡ ਮਿੱਲ ਯੂਨੀਅਨ ਦੇ ਸੱਸ ਮਾਤਾ ਸੁਖਵਿੰਦਰ ਕੌਰ ਪਤਨੀ ਬਲਦੇਵ ਸਿੰਘ ਸਿੱਧੂ ਪ੍ਰਧਾਨ ਗੁਰਦੁਆਰਾ ਟਾਹਲੀ ਸਾਹਿਬ ਦੇ ਤੁਰ ਜਾਣ ਕਾਰਨ ਇਸ ਪਰਿਵਾਰ ਨੂੰ ਬਹੁਤ ਵੱਡਾ ਘਾਟਾ ਪਿਆ ਹੈ ਅਤੇ ਉਨ੍ਹਾਂ ਦੀ ਘਾਟ ਹਮੇਸ਼ਾ ਹੀ ਪਰਿਵਾਰ ਨੂੰ ਰੜਕਦੀ ਰਹੇਗੀ। ਮਾਤਾ ਸੁਖਵਿੰਦਰ ਕੌਰ ਦਾ ਜਨਮ ਪਿੰਡ ਕਾਲੀਆਂ ਬਟਾਲਾ ਵਿਖੇ ਹੋਇਆ, ਜਿਨ੍ਹਾਂ ਦਾ ਵਿਆਹ ਸੰਨ 1971 ਵਿੱਚ ਬਲਦੇਵ ਸਿੰਘ ਸਿੱਧੂ ਟਾਹਲੀ ਸਾਹਿਬ ਜਰਮਨ ਵਾਲਿਆਂ ਨਾਲ ਹੋਇਆ। ਉਨ੍ਹਾਂ ਦੇ ਗ੍ਰਹਿ ਵਿਖੇ ਚਾਰ ਬੱਚਿਆਂ ਨੇ ਜਨਮ ਲਿਆ। ਪਤੀ ਦੇ ਵਿਦੇਸ਼ ਹੁੰਦਿਆਂ ਬੱਚਿਆਂ ਨੂੰ ਮਿਆਰੀ ਸਿੱਖਿਆ ਦਿੱਤੀ। ਬੇਟਾ ਪਰਮਜੀਤ ਸਿੰਘ ਸਰਪੰਚ ਆਸਟਰੇਲੀਆ, ਬਲਕਾਰ ਸਿੰਘ ਇਥੇ ਖੇਤੀਬਾੜੀ, ਮਨਪ੍ਰੀਤ ਸਿੰਘ ਕੈਨੇਡਾ ਦੀ ਧਰਤੀ ਰਹਿੰਦੇ ਹਨ ਅਤੇ ਬੇਟੀ ਕੁਲਵਿੰਦਰ ਸਿੰਘ ਗਿੱਲ ਸੰਗਤਪੁਰਾ ਜਨਰਲ ਸਕੱਤਰ ਪੰਜਾਬ ਖੰਡ ਮਿੱਲ ਯੂਨੀਅਨ ਨਾਲ ਵਿਆਹੀ ਹੋਈ ਹੈ। ਮਾਤਾ ਸੁਖਵਿੰਦਰ ਕੌਰ ਨੇ ਆਪਣੇ ਬੱਚਿਆਂ ਨੂੰ ਹਮੇਸ਼ਾ ਹਰ ਇੱਕ ਦੀ ਮਦਦ ਕਰਨ ਦੀ ਨਸੀਹਤ ਦਿੱਤੀ ਜਿਸ 'ਤੇ ਅੱਜ ਉਨ੍ਹਾਂ ਦੇ ਬੱਚੇ ਅਮਲ ਕਰ ਰਹੇ ਹਨ। 10 ਮਈ ਨੂੰ ਮਾਤਾ ਅਚਾਨਕ ਅਕਾਲ ਚਲਾਣਾ ਕਰ ਗਏ ਸਨ ਜਿਨ੍ਹਾਂ ਨਮਿਤ ਪਰਿਵਾਰ ਵੱਲੋਂ ਰਖਾਏ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਅੱਜ 19 ਮਈ ਨੂੰ ਉਨ੍ਹਾਂ ਦੇ ਗ੍ਰਹਿ ਟਾਹਲੀ ਸਾਹਿਬ ਵਿਖੇ ਪੈਣ ਉਪਰੰਤ ਗੁਰਦੁਆਰਾ ਬਾਬਾ ਬੀਰ ਸਿੰਘ ਟਾਹਲੀ ਸਾਹਿਬ ਵਿਖੇ 12 ਤੋਂ 2 ਵਜੇ ਤੱਕ ਸ਼ਰਧਾਂਜਲੀ ਸਮਾਰੋਹ ਹੋਵੇਗਾ ਜਿਸ ਵਿੱਚ ਵੱਖ-ਵੱਖ ਸਿਆਸੀ, ਗੈਰ-ਸਿਆਸੀ ਤੇ ਧਾਰਮਿਕ ਸ਼ਖ਼ਸੀਅਤਾਂ ਮਾਤਾ ਸੁਖਵਿੰਦਰ ਕੌਰ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਲਈ ਪਹੁੰਚ ਰਹੀਆਂ ਹਨ।

## ਕਾਮਰੇਡਾਂ ਨੇ ਕੀਤਾ ਮਹਿੰਗਾਈ ਵਿਰੁੱਧ ਰੋਸ ਮੁਜ਼ਾਹਰਾ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਮਹਿੰਗਾਈ, ਕਾਲਾ ਬਾਜ਼ਾਰੀ ਪੈਟਰੋਲ, ਡੀਜ਼ਲ ਅਤੇ ਗੈਸ ਦੀਆਂ ਵਧੀਆਂ ਕੀਮਤਾਂ ਵਿਰੁੱਧ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਅਤੇ ਸੀਪੀਆਈ ਐੱਮ ਐੱਲ ਲਿਬਰੇਸ਼ਨ ਦੇ ਸੈਂਕੜੇ ਕਾਰਕੁਨਾਂ ਤੇ ਹਮਦਰਦਾਂ ਨੇ ਉਚੇ ਪੁਲ ਤਿਕੋਨੀ ਪਾਰਕ ਵਿਖੇ ਰੋਹ ਭਰਪੂਰ ਇਕੱਠ ਕੀਤਾ ਜਿਸਨੂੰ ਇਨ੍ਹਾਂ ਪਾਰਟੀਆਂ ਦੇ ਪ੍ਰਮੁੱਖ ਆਗੂਆਂ ਰਤਨ ਸਿੰਘ ਰੰਧਾਵਾ, ਬਲਬੀਰ ਸਿੰਘ ਝਾਮਕਾ, ਡਾਕਟਰ ਸਤਨਾਮ ਸਿੰਘ ਅਜਨਾਲਾ, ਜਗਤਾਰ ਸਿੰਘ ਕਰਮਪੁਰਾ ਅਤੇ ਸਾਥੀ ਕਿਰਪਾਲ ਸਿੰਘ ਗਿੱਲ ਨੇ ਰੋਹ ਭਰੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਤੇਲ, ਗੈਸ ਦੀਆਂ ਵਧਾਈਆਂ ਕੀਮਤਾਂ ਦੀ ਨਿਰੋਲ ਮੋਦੀ ਸਰਕਾਰ ਜ਼ੁੰਮੇਵਾਰ ਹੈ ਜਿਹੜੀ ਤੇਲ ਗੈਸ ਦੀ ਬਾਹਰਲੇ ਦੇਸ਼ਾਂ ਤੋਂ ਖਰੀਦ ਟਰੰਪ ਦੇ ਦਿਸ਼ਾ ਨਿਰਦੇਸ਼ਾਂ ਤੇ ਕਰਦੀ ਹੈ ਜਦੋਂ ਕਿ ਸਾਨੂੰ ਰੂਸ ਅਤੇ ਈਰਾਨ ਕੋਲੋਂ ਸਸਤੀਆਂ ਦਰਾਂ 'ਤੇ ਮਿਲ ਸਕਦਾ ਹੈ।ਉਕਤ ਪਾਰਟੀ ਆਗੂਆਂ ਨੇ ਅੱਗੇ ਕਿਹਾ ਕਿ ਕਾਰਪੋਰੇਟ ਅਦਾਰਿਆਂ ਅਤੇ ਉਨਾਂ ਦੀਆਂ ਕੰਪਨੀਆਂ ਵੱਲੋਂ ਆਰਜ਼ੀ ਥੁੜ ਪੈਦਾ ਕਰਕੇ ਗਰੀਬ ਲੋਕਾਂ ਨੂੰ ਬਲੈਕ ਵਿੱਚ ਮਹਿੰਗੇ ਭਾਅ ਤੇ ਗੈਸ ਸਿਲੰਡਰ ਲੈਣੇ ਪੈ ਰਹੇ ਹਨ।ਇਸਦੇ ਨਾਲ ਹੀ ਹੋਰ ਪ੍ਰਚੂਨ ਵਸਤਾਂ ਵੀ ਆਮ ਲੋਕਾਂ ਨੂੰ ਮਹਿੰਗੇ ਭਾਅ ਤੇ ਖ਼ਰੀਦਣ ਲਈ ਮਜਬੂਰ ਹੋਣਾ ਪੈ ਰਿਹਾ ਹੈ।ਆਗੂਆਂ ਨੇ ਅੱਗੇ ਕਿਹਾ ਕਿ ਮੋਦੀ ਸਰਕਾਰ ਦੇ ਬਾਰਾਂ ਸਾਲਾਂ ਦੇ ਰਾਜ ਦੌਰਾਨ ਵਿਸ਼ਵ ਮੰਡੀ ਵਿੱਚ ਕੱਚੇ ਤੇਲ ਦੀਆਂ ਕੀਮਤਾਂ ਵਿੱਚ ਕਈ ਵਾਰ ਭਾਰੀ ਕਟੌਤੀ ਹੋਣ ਦੇ ਬਾਵਜੂਦ ਤੇਲ ਕੰਪਨੀਆਂ ਨੇ ਇਹਨਾਂ ਵਸਤਾਂ ਦੀਆਂ ਕੀਮਤਾਂ ਨਹੀਂ ਘਟਾਈਆਂ ਜਿਸ ਕਾਰਨ ਇਹਨਾਂ ਤੇਲ ਕੰਪਨੀਆਂ ਨੇ ਮੋਦੀ ਦੀ ਮੇਹਰਬਾਨੀ ਕਰਕੇ ਚੁਤਾਲੀ ਲੱਖ ਕਰੋੜ ਰੁਪਏ ਦਾ ਮੁਨਾਫਾ ਕਮਾਇਆ ਹੈ ਅਤੇ ਹੁਣ ਘਾਟਾ ਪੈਣ ਦਾ ਝੂਠਾ ਰੌਲਾ ਪਾ ਰਹੇ ਹਨ।ਮੋਦੀ ਵੱਲੋਂ ਮਹਿੰਗਾਈ ਨੂੰ ਠੱਲ੍ਹ ਪਾਉਣ ਦੀ ਬਜਾਏ ਲੋਕਾਂ ਨੂੰ ਘੱਟ ਪਟਰੋਲ ਵਰਤਣ ਇੱਕ ਸਾਲ ਲਈ ਸੋਨਾ ਚਾਂਦੀ ਨਾ ਖਰੀਦਣ ਅਤੇ ਕਿਸਾਨਾਂ ਨੂੰ ਖਾਦ ਘੱਟ ਵਰਤਣ ਦੀਆਂ ਬੇਲੋੜੀਆਂ ਨਸੀਹਤਾਂ ਦਿੱਤੀਆਂ ਜਾ ਰਹੀਆਂ ਹਨ।ਰੈਲੀ ਉਪਰੰਤ ਉਪਰੋਕਤ ਆਗੂਆਂ ਦੀ ਅਗਵਾਈ ਵਿੱਚ ਅੰਮ੍ਰਿਤਸਰ ਦੇ ਮਸ਼ਹੂਰ ਹਾਲ ਬਜ਼ਾਰ ਵਿੱਚ ਰੋਸ ਮੁਜ਼ਾਹਰਾ ਕੀਤਾ ਗਿਆ ਜਿੱਥੇ ਦੁਕਾਨਦਾਰਾਂ ਅਤੇ ਲੋਕਾਂ ਨੂੰ ਭਰਵੀਂ ਅਪੀਲ ਕੀਤੀ ਗਈ ਕਿ ਇਸ ਮਹਿੰਗਾਈ ਦੀ ਮੁੱਖ ਜ਼ਿੰਮੇਵਾਰ ਭਾਜਪਾ ਦੀ ਮੋਦੀ ਸਰਕਾਰ ਅਤੇ ਉਸਦਾ ਜੋਟੀਦਾਰ ਡੋਨਾਲਡ ਟਰੰਪ ਜ਼ਿੰਮੇਵਾਰ ਹੈ।ਆਓ ਦੇਸ਼ ਵਾਸੀਓ, ਲੋਕਾਂ ਦੇ ਮਸਲਿਆਂ ਦੇ ਹੱਲ ਲਈ ਆਰ ਐੱਸ ਐੱਸ ਦੀ ਵਿਚਾਰਧਾਰਾ ਤੇ ਚਲਦੀ ਮੋਦੀ ਸਰਕਾਰ ਨੂੰ ਚਲਦਾ ਕਰਨ ਲਈ ਆਪਣੀ ਏਕਤਾ ਨੂੰ ਮਜ਼ਬੂਤ ਕਰਦਿਆਂ ਸੰਗਰਾਮਾਂ ਦੇ ਪਿੜ ਮੱਲੀਏ। ਮੁਜ਼ਾਹਰੇ ਦੇ ਅੰਤ ਵਿੱਚ ਕੁਤਵਾਲੀ ਸਾਹਮਣੇ ਬੀਜੇਪੀ, ਮੋਦੀ ਦਾ ਪੁਤਲਾ ਫੂਕਿਆ ਗਿਆ ਅਤੇ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ।ਆਏ ਸਾਥੀਆਂ ਦਾ ਸਾਥੀ ਮੰਗਲ ਸਿੰਘ ਟਾਂਡਾ ਨੇ ਧੰਨਵਾਦ ਕੀਤਾ।

## ਉਮੀਦ ਅਤੇ ਸਮਰਪਣ ਹੀ ਸਿੱਖਿਆ ਦਾ ਧੁਰਾ: ਸੋਨਾਲੀ ਗਿਰੀ ਉੱਜਵਲ



ਗੁਰਦਾਸਪੁਰ, (ਜਨਕ ਮਹਾਜਨ)-ਉਮੀਦ ਅਤੇ ਸਮਰਪਣ ਹੀ ਸਿੱਖਿਆ ਦਾ ਧੁਰਾ ਹੈ।ਇਹ ਵਿਚਾਰ ਪੰਜਾਬ ਦੀ ਸਿੱਖਿਆ ਸਕੱਤਰ ਸੋਨਾਲੀ ਗਿਰੀ ਉਜਵਲ ਨੇ ਸਰਕਾਰੀ ਕਾਲਜ ਗੁਰਦਾਸਪੁਰ ਵਿਖੇ ਪ੍ਰਗਟ ਕੀਤਾ।ਇਸ ਮੌਕੇ ਸਮਰਪਣ ਸੋਸਾਇਟੀ, ਜੋ ਕਿ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਆਦਿਤਿਆ ਉਪਲ ਦੀ ਸਰਪ੍ਰਸਤੀ ਹੇਠ ਚੱਲ ਰਹੀ ਹੈ, ਦੇ ਸਹਿਯੋਗ ਨਾਲ ਕੈਰੀਅਰ ਗਾਈਡੈਂਸ ਅਤੇ ਕੰਪੀਟੀਟਿਵ ਇਗਜ਼ਾਮ ਦੀਆਂ ਕਲਾਸਾਂ ਦੀ ਸ਼ੁਰੂਆਤ ਕੀਤੀ ਗਈ।ਨਾਲ ਹੀ, ਮੈਂਟਲ ਹੈਲਥ ਵੈੱਲਫੇਅਰ ਦਫਤਰ ਦਾ ਵੀ ਉਦਘਾਟਨ ਕੀਤਾ ਗਿਆ।ਸਿੱਖਿਆ ਸਕੱਤਰ ਨੇ ਕਿਹਾ ਕਿ ਸਾਡਾ ਫਰਜ਼ ਬਣਦਾ ਹੈ ਕਿ ਅਸੀਂ ਵਿਦਿਆਰਥੀਆਂ ਦੇ ਨਾਲ ਹਰ ਰੋਜ਼ ਗੱਲ ਕਰੀਏ, ਖਾਸ ਕਰਕੇ ਪ੍ਰੀਖਿਆਵਾਂ ਤੋਂ ਪਹਿਲਾਂ ਅਤੇ ਨਤੀਜੇ ਆਉਣ ਦੇ ਸਮੇਂ।

ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕਰਨੀ ਅਤਿ ਜ਼ਰੂਰੀ ਹੈ, ਤਾਂ ਜੋ ਕੋਈ ਵੀ ਵਿਦਿਆਰਥੀ ਸਟਰੈਸ ਵਿੱਚ ਆ ਕੇ ਗਲਤ ਫੈਸਲਾ ਨਾ ਲਵੇ।ਉਨ੍ਹਾਂ ਸਰਕਾਰੀ ਕਾਲਜ ਗੁਰਦਾਸਪੁਰ ਅਤੇ ਸਮਰਪਣ ਸੋਸਾਇਟੀ ਦਾ ਧੰਨਵਾਦ ਕੀਤਾ ਕਿ ਉਨ੍ਹਾਂ ਨੇ ਇਸ ਇਨਿਸ਼ੀਏਟਿਵ ਦਾ ਬੂਟਾ ਲਗਾਇਆ, ਜਿਸ ਨਾਲ ਵਿਦਿਆਰਥੀਆਂ ਨੂੰ ਮੁਕਾਬਲੇ ਦੀਆਂ ਪ੍ਰੀਖਿਆਵਾਂ ਲਈ ਮੁਫ਼ਤ ਟ੍ਰੇਨਿੰਗ ਪ੍ਰਦਾਨ ਕੀਤੀ ਜਾਵੇਗੀ।ਉਹਨਾਂ ਨੇ ਵਿਪਲ ਉਜਵਲ ਸਾਬਕਾ ਡਿਪਟੀ ਕਮਿਸ਼ਨਰ ਦੇ ਯੋਗਦਾਨ ਦੀ ਵੀ ਪ੍ਰਸ਼ੰਸਾ ਕੀਤੀ ਅਤੇ ਕਿਹਾ ਕਿ ਸਰਕਾਰੀ ਕਾਲਜ ਗੁਰਦਾਸਪੁਰ ਦੇ ਐਲੂਮਨਾਈ ਅਤੇ ਸ਼ਹਿਰ ਦੇ ਹੋਰ ਲੋਕਾਂ ਨੇ ਵੀ ਇਸ ਸੁਸਾਇਟੀ ਨੂੰ ਸਫਲ ਬਣਾਇਆ ਹੈ। ਸਿੱਖਿਆ ਸਕੱਤਰ ਨੇ ਪ੍ਰੋਫੈਸਰ ਅਸ਼ਵਨੀ ਭੱਲਾ ਪ੍ਰਿੰਸੀਪਲ ਸਰਕਾਰੀ ਕਾਲਜ ਦੀ ਭੂਮਿਕਾ ਦੀ ਵੀ ਪ੍ਰਸ਼ੰਸਾ ਕੀਤੀ ਅਤੇ ਕਿਹਾ ਕਿ ਪ੍ਰਿੰਸੀਪਲ ਦੇ ਯਤਨਾਂ ਨਾਲ ਕਾਲਜ ਨੂੰ ਨਵੀਂ ਉਚਾਈਆਂ ਮਿਲ ਰਹੀਆਂ ਹਨ। ਇਸ ਮੌਕੇ ਤੇ ਡਿਪਟੀ ਕਮਿਸ਼ਨਰ ਅਦਿਤਯ ਉਪਲ ਵੀ ਸ਼ਾਮਿਲ ਹੋਏ ਅਤੇ ਕਾਲਜ ਦੇ ਉਪਰਾਲਿਆਂ ਦੀ ਸ਼ਲਾਘਾ ਕੀਤੀ।

ਇਸ ਮੌਕੇ ਤੇ ਸਰਕਾਰੀ ਕਾਲਜ ਗੁਰਦਾਸਪੁਰ ਦੇ ਮੈਂਟਲ ਹੈਲਥ ਸੈਂਟਰ ਦਾ ਉਦਘਾਟਨ ਵੀ ਕੀਤਾ ਗਿਆ।

ਕਾਲਜ ਵਿੱਚ ਆਜ਼ਾਦੀ ਘੁਲਾਟੀਆਂ ਅਤੇ ਖਾਸ ਕਰਕੇ ਲੈਫਟ ਨਵਦੀਪ ਸਿੰਘ ਦੇ ਪਿਤਾ ਕੈਪਟਨ ਜੋਗਿੰਦਰ ਸਿੰਘ ਨੂੰ ਮੈਡਮ ਸੋਨਾਲੀ ਗਿਰੀ ਵੱਲੋਂ ਸਨਮਾਨਿਤ ਕੀਤਾ ਗਿਆ।ਇਸ ਮੌਕੇ ਪ੍ਰੋਫੈਸਰ ਰਾਜ ਕੁਮਾਰ ਸ਼ਰਮਾ, ਪਰਮਜੀਤ ਕੌਰ ਜ਼ਿਲ੍ਹਾ ਸਿੱਖਿਆ ਅਫਸਰ, ਕੁੰਵਰ ਰਵਿੰਦਰ ਵਿੱਕੀ, ਮੁਕੇਸ਼ ਵਰਮਾ ਜ਼ਿਲ੍ਹਾ ਗਾਈਡੈਂਸ ਕਾਊਂਸਲਰ, ਲੈਕਚਰਾਰ ਡਾ. ਸਰਦੂਲ ਸਿੰਘ ਚੌਹਸਨ ਅਤੇ ਲੈਕਚਰਾਰ ਰਾਮ ਪਾਲ ਵੀ ਮੌਜੂਦ ਸਨ।

## ਮਾਤਾ ਭੱਦਰਕਾਲੀ ਮੰਦਰ ਵਿਖੇ ਨਤਮਸਤਕ ਹੋਏ ਤਰੁਣ ਚੁੱਘ



ਛੇਹਰਟਾ, (ਮਨੋਜ ਕੁਮਾਰ) : ਮਾਤਾ ਭੱਦਰਕਾਲੀ ਮੇਲੇ ਮੌਕੇ ਅਨੁਜ ਖੇਮਕਾ, ਉਨ੍ਹਾਂ ਦੀ ਪਤਨੀ ਮੀਨਾਕਸ਼ੀ ਖੇਮਕਾ ਅਤੇ ਪੁੱਤਰਾਂ ਕਪਿਸ਼ ਖੇਮਕਾ ਤੇ ਉਦਿਤ ਖੇਮਕਾ ਨੇ ਐਤਵਾਰ ਨੂੰ ਮਾਤਾ ਭੱਦਰਕਾਲੀ ਮੰਦਰ ਵਿਖੇ ਮੱਥਾ ਟੇਕਿਆ ਅਤੇ ਦੇਵੀ ਮਾਂ ਦਾ ਅਸ਼ੀਰਵਾਦ ਪ੍ਰਾਪਤ ਕੀਤਾ। ਭੱਦਰਕਾਲੀ ਮੰਦਰ ਵਿਚ ਸਵੇਰ ਤੋਂ ਰਾਤ ਤਕ ਦੇਵੀ ਮਾਂ ਨੂੰ ਸਮਰਪਿਤ ਕੀਰਤਨ ਚੱਲਦਾ ਰਿਹਾ। ਮੰਦਰ ਦੇ ਸੇਵਾਦਾਰ ਸੁਸ਼ੀਲ ਸਿਤਾਰਾ ਨੇ ਅਨੁਜ ਖੇਮਕਾ ਤੇ ਉਨ੍ਹਾਂ ਦੇ ਪਰਿਵਾਰ ਨੂੰ ਫੁੱਲਾਂ ਦੇ ਹਾਰ ਤੇ ਨਾਰੀਅਲ ਭੇਟ ਕਰਕੇ ਸਨਮਾਨਿਤ ਕੀਤਾ।

## ਪ੍ਰਸਿੱਧ ਚਿੰਤਕ ਪੰਡਿਤ ਤਾਰਾ ਸਿੰਘ ਨਰੋਤਮ ਬਾਰੇ ਰਿਆੜਕੀ ਕਾਲਜ ਤੁਗਲਵਾਲਾ ਵਿਖੇ ਵਿਸ਼ੇਸ਼ ਸਮਾਗਮ



ਧਾਰੀਵਾਲ, (ਮਨਦੀਪ ਵਿੱਕੀ)-ਜਿਨ੍ਹਾਂ ਕੌਮਾਂ ਨੇ ਆਪਣੇ ਵੱਡੇ ਵਿਦਵਾਨਾਂ ਅਤੇ ਸਾਹਿਤਕਾਰਾਂ ਨੂੰ ਭੁਲਾ ਦਿੱਤਾ, ਉਹ ਕੌਮਾਂ ਆਪਣੀਆਂ ਜੜ੍ਹਾਂ ਤੋਂ ਟੁੱਟ ਗਈਆਂ-ਇਸ ਸੋਚ ਨੂੰ ਕੇਂਦਰ ਵਿੱਚ ਰੱਖ ਕੇ ਬਾਬਾ ਆਇਆ ਸਿੰਘ ਰਿਆੜਕੀ ਕਾਲਜ ਤੁਗਲਵਾਲਾ ਵਿਖੇ ਇੰਟੈਕ ਪੰਜਾਬ ਦੇ ਸਹਿਯੋਗ ਨਾਲ ਭੁੱਲੇ-ਵਿਸਰੇ ਸਾਹਿਤਕਾਰਾਂ ਨੂੰ ਮੁੜ ਉਭਾਰਨ ਦੀ ਲੜੀ ਤਹਿਤ ਨਿਰਮਲ ਪੰਥ ਦੇ ਅਦੁੱਤੀ ਵਿਦਵਾਨ ਪੰਡਿਤ ਤਾਰਾ ਸਿੰਘ ਨਰੋਤਮ ਨੂੰ ਸਮਰਪਿਤ ਇੱਕ ਵਿਸ਼ੇਸ਼ ਸਮਾਗਮ ਆਯੋਜਿਤ ਕੀਤਾ ਗਿਆ।ਇਸ ਸਮਾਗਮ ਦੀ ਪ੍ਰੇਰਣਾ ਡਾਕਟਰ ਪਰਮਜੀਤ ਸਿੰਘ ਮਾਨਸਾ ਦੇ ਉਸ ਖੋਜ ਕਾਰਜ ਤੋਂ ਮਿਲੀ ਜਿਨ੍ਹਾਂ ਨੇ ਪੰਡਿਤ ਤਾਰਾ ਸਿੰਘ ਨਰੋਤਮ ਉਤੇ ਪੀਐੱਚਡੀ ਕੀਤੀ ਹੈ ਅਤੇ ਜਿਨ੍ਹਾਂ ਦੀ ਖੋਜ ਨੇ ਇਸ ਮਹਾਨ ਵਿਦਵਾਨ ਦੀ ਬਹੁਪੱਖੀ ਸਾਹਿਤਕ ਵਿਰਾਸਤ ਨੂੰ ਨਵੀਂ ਪੀੜ੍ਹੀ ਦੇ ਸਾਹਮਣੇ ਉਜਾਗਰ ਕਰਨ ਦਾ ਅਧਾਰ ਤਿਆਰ ਕੀਤਾ।

ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਪ੍ਰੋ. ਨਰੇਸ਼ ਕੁਮਾਰ, ਮੁਖੀ ਪੰਜਾਬੀ ਅਤੇ ਡੋਗਰੀ ਵਿਭਾਗ, ਕੇਂਦਰੀ ਯੂਨੀਵਰਸਿਟੀ ਧਰਮਸ਼ਾਲ ਨੇ ਕਿਹਾ ਕਿ ਪੰਡਿਤ ਤਾਰਾ ਸਿੰਘ ਨਰੋਤਮ ਦੀਆਂ 4000 ਤੋਂ ਵੱਧ ਪੰਨਿਆਂ ਦੀਆਂ ਰਚਨਾਵਾਂ ਇੱਕ ਜੀਵਨ ਭਰ ਦੀ ਤਪੱਸਿਆ ਦੀ ਸਾਖੀ ਦਿੰਦੀਆਂ ਹਨ।ਉਨ੍ਹਾਂ ਕਿਹਾ ਕਿ ਭੁੱਲੇ-ਵਿਸਰੇ ਵਿਦਵਾਨਾਂ ਨੂੰ ਯਾਦ ਕਰਨਾ ਸਿਰਫ਼ ਸ਼ਰਧਾਂਜਲੀ ਨਹੀਂ, ਸਗੋਂ ਕੌਮ ਦੀ ਅਕਾਦਮਿਕ ਜ਼ਿੰਮੇਵਾਰੀ ਹੈ ਜਿਸ ਵਿਦਵਾਨ ਨੇ ਗੁਰੂ ਗਿਰਾਰਥ ਕੋਸ਼ ਵਰਗੀ ਅਜਿਹੀ ਰਚਨਾ ਰਚੀ ਜੋ ਆਧੁਨਿਕ ਕੋਸ਼ਾਂ ਦੀ ਆਧਾਰ-ਵਿਧੀ ਬਣੀ ਹੈ।ਇੰਟੈਕ ਪੰਜਾਬ ਦੇ ਕਨਵੀਨਰ ਮੇਜਰ ਜਨਰਲ ਬਲਵਿੰਦਰ ਸਿੰਘ ਨੇ ਕਿਹਾ ਕਿ ਇੰਟੈਕ ਦਾ ਮਨੋਰਥ ਸਿਰਫ਼ ਇਮਾਰਤਾਂ ਅਤੇ ਵਿਰਸੇ ਦੀ ਸੰਭਾਲ ਤੱਕ ਸੀਮਤ ਨਹੀਂ—ਸਾਹਿਤਕ ਅਤੇ ਵਿਚਾਰਕ ਵਿਰਾਸਤ ਵੀ ਸਾਡਾ ਅਨਮੁੱਲਾ ਖ਼ਜ਼ਾਨਾ ਹੈ।ਪੰਡਿਤ ਨਰੋਤਮ ਵਰਗੇ ਵਿਦਵਾਨ, ਜਿਨ੍ਹਾਂ ਨੇ ਗੁਰ ਤੀਰਥ ਸੰਗ੍ਰਹਿ ਵਿੱਚ ਹੇਮਕੁੰਟ ਸਾਹਿਬ ਦੇ ਮਹੱਤਵ ਦਾ ਸਭ ਤੋਂ ਪਹਿਲਾ ਪ੍ਰਕਾਸ਼ਨ ਦਿੱਤਾ, ਅਜਿਹੇ ਵਿਦਵਾਨਾਂ ਨੂੰ ਮੁੜ ਉਭਾਰਨਾ ਸਾਡੀ ਸੰਸਥਾਗਤ ਪ੍ਰਤੀਬੱਧਤਾ ਹੈ।ਉਨ੍ਹਾਂ ਐਲਾਨ ਕੀਤਾ ਕਿ ਇੰਟੈਕ ਪੰਜਾਬ ਜਲਦ ਹੀ ਪੰਡਿਤ ਨਰੋਤਮ ਦੇ ਅਣਛਪੇ ਗ੍ਰੰਥਾਂ ਨੂੰ ਦੁਬਾਰਾ ਪ੍ਰਕਾਸ਼ਿਤ ਕਰਨ ਦਾ ਬੀੜਾ ਚੁੱਕੇਗੀ।ਰਿਆੜਕੀ ਸੰਸਥਾਵਾਂ ਦੇ ਪ੍ਰਬੰਧਕ ਸ. ਗਗਨਦੀਪ ਸਿੰਘ ਵਿਰਕ ਨੇ ਸਮਾਗਮ ਵਿੱਚ ਨਿਰਮਲੇ ਪੰਥ ਬਾਰੇ ਵਿਸਤਾਰ ਨਾਲ ਚਾਨਣਾ ਪਾਉਂਦਿਆਂ ਕਿਹਾ ਕਿ ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੁਆਰਾ ਸਥਾਪਿਤ ਨਿਰਮਲ ਪੰਥ ਦਾ ਮਨੋਰਥ ਗੁਰਬਾਣੀ ਦੀ ਵਿਆਖਿਆ ਠੀਕ ਢੰਗ ਨਾਲ ਕਰਨਾ ਸੀ।ਨਿਰਮਲ ਪੰਥ ਦੇ ਵਿਦਵਾਨਾਂ ਨੇ ਗੁਰਬਾਣੀ ਦੇ ਟੀਕਿਆਂ, ਵਿਆਕਰਣ ਗ੍ਰੰਥਾਂ ਅਤੇ ਤੁਲਨਾਤਮਕ ਵਿਆਖਿਆ ਰਾਹੀਂ ਸਿੱਧ ਕੀਤਾ ਕਿ ਗੁਰਮਤਿ ਦਾ ਗਿਆਨ ਉਤਮ ਹੈ।ਉਨ੍ਹਾਂ ਕਿਹਾ ਕਿ ਰਿਆੜਕੀ ਸੰਸਥਾਵਾਂ ਅਜਿਹੇ ਹਰ ਉੱਦਮ ਦਾ ਹਿੱਸਾ ਬਣਨਾ ਆਪਣਾ ਫ਼ਰਜ਼ ਸਮਝਦੀਆਂ ਹਨ ਜੋ ਵਿੱਦਿਆ ਅਤੇ ਵਿਰਸੇ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਂਦਾ ਹੋਵੇ।ਸਮਾਗਮ ਦੀ ਪ੍ਰਧਾਨਗੀ ਕਾਲਜ ਦੇ ਪ੍ਰਿੰਸੀਪਲ ਸ. ਸਵਰਨ ਸਿੰਘ ਵਿਰਕ ਨੇ ਕੀਤੀ। ਆਪਣੇ ਪ੍ਰਧਾਨਗੀ ਭਾਸ਼ਣ ਵਿੱਚ ਉਨ੍ਹਾਂ ਕਿਹਾ ਕਿ ਪੰਡਿਤ ਤਾਰਾ ਸਿੰਘ ਨਰੋਤਮ ਨੇ ਇੱਕ ਸਾਧਾਰਨ ਕਿਸਾਨ ਪਰਿਵਾਰ ਤੋਂ ਉਠ ਕੇ ਕਾਸ਼ੀ, ਅੰਮ੍ਰਿਤਸਰ ਅਤੇ ਬੰਗਾਲ ਤੱਕ ਗਿਆਨ ਦੀ ਜੋ ਯਾਤਰਾ ਕੀਤੀ, ਉਹ ਸਾਡੇ ਵਿਦਿਆਰਥੀਆਂ ਲਈ ਸਦੀਵੀ ਪ੍ਰੇਰਨਾ ਸ੍ਰੋਤ ਹੈ।ਜੋ ਵਿਦਵਾਨ ਅੰਤਿਮ ਸਾਹ ਤੱਕ ਕਲਮ ਦੀ ਸੇਵਾ ਕਰਦਾ ਰਿਹਾ ਅਤੇ ਜਿਸ ਦੀ ਅੰਤਿਮ ਰਚਨਾ ਅਤੇ ਅੰਤਿਮ ਸਾਹ ਇੱਕੋ ਵੇਲੇ ਸੰਪੂਰਨ ਹੋਏ—ਉਹ ਜੀਵਨ ਕੋਈ ਸਾਧਾਰਨ ਜੀਵਨ ਨਹੀਂ, ਉਹ ਸਾਧਨਾ ਦਾ ਸਿਖ਼ਰ ਹੈ।ਪੰਜਾਬੀ ਦੇ ਸਿਰਮੌਰ ਕਵੀ ਅਤੇ ਸਾਹਿਤਕ ਸ਼ਖ਼ਸੀਅਤ ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਇਸ ਮੌਕੇ ਆਨਲਾਈਨ ਮਾਧਿਅਮ ਰਾਹੀਂ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਉਹ ਬਾਬਾ ਆਇਆ ਸਿੰਘ ਰਿਆੜਕੀ ਕਾਲਜ ਤੁਗਲਵਾਲਾ ਦੇ ਉਸ ਕਾਰਜ ਲਈ ਦਿਲੋਂ ਮਸ਼ਕੂਰ ਹਨ ਜਿਸ ਰਾਹੀਂ ਇਹ ਸੰਸਥਾ ਭੁੱਲੇ-ਵਿਸਰੇ ਸਾਹਿਤਕਾਰਾਂ ਨੂੰ ਮੁੜ ਜ਼ਿੰਦਾ ਕਰਨ ਅਤੇ ਲੱਭ-ਲੱਭ ਕੇ ਅੱਗੇ ਲਿਆਉਣ ਦਾ ਵੱਡਾ ਅਤੇ ਅਨਮੁੱਲਾ ਕਾਰਜ ਕਰ ਰਹੀ ਹੈ।

ਉਨ੍ਹਾਂ ਕਿਹਾ ਕਿ ਅਜਿਹੇ ਸਮਾਗਮ ਕੇਵਲ ਇੱਕ ਵਿਦਵਾਨ ਨੂੰ ਯਾਦ ਕਰਨ ਦਾ ਨਹੀਂ, ਸਗੋਂ ਪੰਜਾਬੀ ਸਾਹਿਤ ਦੀ ਉਸ ਜੜ੍ਹ ਨੂੰ ਸਿੰਚਣ ਦਾ ਜ਼ਰੀਆ ਹਨ ਜਿਸ ਤੋਂ ਅਸੀਂ ਟੁੱਟਦੇ ਜਾ ਰਹੇ ਹਾਂ। ਗਿੱਲ ਸਾਹਿਬ ਨੇ ਯਾਦ ਕਰਵਾਇਆ ਕਿ ਇਸ ਤੋਂ ਪਹਿਲਾਂ ਵੀ ਇਸ ਸੰਸਥਾ ਨੇ ਪੰਜਾਬੀ ਸਾਹਿਤਕਾਰ—ਤਸਵੀਰਾਂ ਦੀ ਜ਼ੁਬਾਨੀ ਵਰਗੇ ਵਿਲੱਖਣ ਉਦਮ ਰਾਹੀਂ ਪੰਜਾਬ ਦੀਆਂ ਪ੍ਰਮੁੱਖ ਸਾਹਿਤਕ ਅਤੇ ਸੱਭਿਆਚਾਰਕ ਸ਼ਖ਼ਸੀਅਤਾਂ ਨੂੰ ਨਵੀਂ ਪੀੜ੍ਹੀ ਦੇ ਸਾਹਮਣੇ ਲਿਆਉਣ ਵਿੱਚ ਮੋਹਰੀ ਭੂਮਿਕਾ ਨਿਭਾਈ ਹੈ।ਉਨ੍ਹਾਂ ਕਿਹਾ ਕਿ ਜਦੋਂ ਕੋਈ ਵਿੱਦਿਅਕ ਸੰਸਥਾ ਕੇਵਲ ਡਿਗਰੀਆਂ ਵੰਡਣ ਤੱਕ ਸੀਮਤ ਨਾ ਰਹਿ ਕੇ ਸਾਹਿਤਕ ਵਿਰਸੇ ਦੀ ਰਾਖੀ ਦਾ ਬੀੜਾ ਚੁੱਕ ਲੈਂਦੀ ਹੈ, ਤਾਂ ਉਹ ਸੰਸਥਾ ਆਪਣੇ ਆਪ ਵਿੱਚ ਇੱਕ ਸਾਹਿਤਕ ਤੀਰਥ ਬਣ ਜਾਂਦੀ ਹੈ।ਸਮਾਗਮ ਵਿੱਚ ਆਨਲਾਈਨ ਮਾਧਿਅਮ ਰਾਹੀਂ ਸੰਬੋਧਨ ਕਰਦਿਆਂ ਡਾ. ਪਰਮਜੀਤ ਸਿੰਘ ਮਾਨਸਾ ਨੇ ਕਿਹਾ ਕਿ ਆਪਣੇ ਸਮੇਂ ਦੇ ਨਿਰਮਲੇ ਚਿੰਤਕਾਂ ਵਿੱਚ ਪੰਡਿਤ ਤਾਰਾ ਸਿੰਘ ਨਰੋਤਮ ਦਾ ਨਾਮ ਬਹੁਤ ਵੱਡੇ ਸਤਿਕਾਰ ਅਤੇ ਅਕੀਦਤ ਨਾਲ ਲਿਆ ਜਾਂਦਾ ਸੀ।ਉਨ੍ਹਾਂ ਕਿਹਾ ਕਿ ਅੱਜ ਵੇਲੇ ਦੀ ਸਭ ਤੋਂ ਵੱਡੀ ਲੋੜ ਇਹ ਹੈ ਕਿ ਅਜਿਹੇ ਮਹਾਨ ਸਾਹਿਤਕਾਰਾਂ ਨੂੰ ਨਵੀਂ ਪੀੜ੍ਹੀ ਦੇ ਸਾਹਮਣੇ ਰੂਬਰੂ ਪੇਸ਼ ਕੀਤਾ ਜਾਵੇ, ਉਨ੍ਹਾਂ ਦੀਆਂ ਵਡਮੁੱਲੀਆਂ ਰਚਨਾਵਾਂ ਨੂੰ ਉੱਚ ਪਾਏ ਦੀਆਂ ਪੁਸਤਕਾਂ ਦੇ ਰੂਪ ਵਿੱਚ ਪ੍ਰਕਾਸ਼ਿਤ ਕੀਤਾ ਜਾਵੇ ਅਤੇ ਉਨ੍ਹਾਂ ਦੀਆਂ ਹੱਥ-ਲਿਖਤਾਂ ਨੂੰ ਸੰਭਾਲ ਕੇ ਛਪਾਈ ਰਾਹੀਂ ਖੋਜਾਰਥੀਆਂ ਤੱਕ ਪਹੁੰਚਾਇਆ ਜਾਵੇ। ਉਨ੍ਹਾਂ ਆਖਿਆ ਕਿ ਜੇ ਅਸੀਂ ਹੁਣ ਵੀ ਨਾ ਜਾਗੇ ਤਾਂ ਸਦੀਆਂ ਦੀ ਇਹ ਵਿਦਵਤਾ ਦੀ ਵਿਰਾਸਤ ਸਾਡੇ ਹੱਥੋਂ ਸਦਾ ਲਈ ਖਿਸਕ ਜਾਵੇਗੀ।

ਸਮਾਗਮ ਵਿੱਚ ਪੰਡਿਤ ਨਰੋਤਮ ਦੀਆਂ ਚਾਰ ਕਿਸਮਾਂ ਦੀਆਂ ਰਚਨਾਵਾਂ—ਸਿਧਾਂਤਕ ਵਿਆਖਿਆ, ਗੁਰਬਾਣੀ ਟੀਕੇ, ਕੋਸ਼ ਰਚਨਾਵਾਂ ਅਤੇ ਫੁਟਕਲ ਰਚਨਾਵਾਂ ਬਾਰੇ ਵਿਦਵਾਨਾਂ ਨੇ ਵਿਸਤਾਰ ਨਾਲ ਚਰਚਾ ਕੀਤੀ।ਵਿਸ਼ੇਸ਼ ਤੌਰ ਤੇ 'ਸ੍ਰੀ ਗੁਰਮਤਿ ਨਿਰਣਯ ਸਾਗਰ', 'ਭਗਤ ਬਾਣੀ ਸਟੀਕ' ਅਤੇ 'ਗੁਰ ਤੀਰਥ ਸੰਗ੍ਰਹਿ' ਵਰਗੀਆਂ ਰਚਨਾਵਾਂ ਨੂੰ ਸਿੱਖ ਸਾਹਿਤ ਦੀ ਅਮੁੱਲੀ ਵਿਰਾਸਤ ਵਜੋਂ ਉਜਾਗਰ ਕੀਤਾ ਗਿਆ।ਕਾਲਜ ਦੀਆਂ ਵਿਦਿਆਰਥਣਾਂ ਆਂਚਲ ਪ੍ਰੀਤ ਕੌਰ ਅਤੇ ਮੁਸਕਾਨ ਦੀਪ ਕੌਰ ਨੇ ਇਸ ਵਿਸ਼ੇ ਸਬੰਧੀ ਆਪਣੀ ਰਚਨਾਵਾਂ ਸਾਂਝੀਆਂ ਕੀਤੀਆਂ।ਇਹ ਵੀ ਦੱਸਿਆ ਗਿਆ ਕਿ ਭਾਈ ਕਾਨ੍ਹ ਸਿੰਘ ਨਾਭਾ ਨੇ ਮਹਾਨ ਕੋਸ਼ ਵਿੱਚ ਨਰੋਤਮ ਦੀਆਂ ਦਸ ਪ੍ਰਮੁੱਖ ਰਚਨਾਵਾਂ ਦਾ ਬਿਓਰਾ ਦਿੱਤਾ ਹੈ ਜਿਨ੍ਹਾਂ ਦੀ ਕੁੱਲ ਸੰਖਿਆ 4000 ਤੋਂ ਵੱਧ ਪੰਨਿਆਂ ਦੀ ਹੈ।ਸਮਾਗਮ ਵਿੱਚ ਕਾਲਜ ਦੇ ਵਿਦਿਆਰਥੀਆਂ, ਅਧਿਆਪਕਾਂ ਅਤੇ ਸਾਹਿਤ-ਪ੍ਰੇਮੀਆਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ


### ਉੱਤਰ ਰੇਲਵੇ

#### ਈ-ਨੀਲਾਮੀ ਸੂਚਨਾ

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਸੀਨੀਅਰ ਮੰਡਲ ਵਾਣਿਜ ਪ੍ਰਬੰਧਕ/ ਮਾਲਭਾੜਾ, ਉਤਰ ਰੇਲਵੇ, ਫਿਰੋਜਪੁਰ ਦੁਆਰਾ ਹੇਠਾਂ ਦਿਤੇ ਗਏ ਕੰਮ ਦੇ ਲਈ ਯੋਗ ਅਤੇ ਰਜਿਸਟਰਡ ਬੋਲੀਦਾਤਾਵਾਂ ਤੋਂ ਫਿਰੋਜਪੁਰ ਮੰਡਲ ਵਿਚ ਈ-ਨੀਲਾਮੀ ਮੰਗ ਕੀਤੀ ਗਈ ਹੈ:

| ਨੀਲਾਮੀ ਸੂਚੀ ਨੰ. | ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ | ਕੰਮ ਦਾ ਨਾਮ |
|---|---|---|
| EAFZR-SLR26-26 | 02.06.26 ਨੂੰ 11:00 ਵਜੇ | ਗੱਡੀਆਂ ਵਿਚ ਪਾਰਸਲ ਸਪੇਸ ਨੂੰ ਲੀਜ 'ਤੇ ਦੇਣ ਦਾ ਠੇਕਾ (ਟ੍ਰੇਨ ਨੰਬਰ/ਐਸਐਲਆਰ ਕੰਪਾਰਟਮੈਂਟ) 11058//R1, 14664/F1, 04652/F1 & 14620/19 ਵਿਚ ਰਾਊਂਡ-ਟ੍ਰਿਪ VP. |

ਵਿਸਤ੍ਰਿਤ ਜਾਣਕਾਰੀ ਅਤੇ ਪੰਜੀਕਰਨ ਦੇ ਲਈ, ਕਿਰਪਾ ਰੇਲਵੇ ਦੀ ਵੈਬਸਾਇਟ **www.ireps.gov.in** 'ਤੇ ਜਾਓ। 1660/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

### ਉੱਤਰ ਰੇਲਵੇ

#### ਟੈਂਡਰ ਸੂਚਨਾ

ਸੀਨੀ. ਮੰਡਲ ਬਿਜਲੀ ਇੰਜੀਨੀਅਰ/ਇਲੈਕਟ੍ਰਿਕ ਲੋਕੋ ਸ਼ੈਡ, ਉੱਤਰ ਰੇਲਵੇ, ਲੁਧਿਆਣਾ ਦੇ ਲਈ ਅਤੇ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਈ-ਟੈਂਡਰਾ ਨੰ: 2025-26-15A ਮੰਗ ਕੀਤੀ ਜਾਂਦੀ ਹੈ। ਟੈਂਡਰਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਮਿਤੀ **10.06.2026** ਨੂੰ **15.00 ਵਜੇ** ਤਕ ਪੇਸ਼ ਕਰ ਸਕਦੇ ਹਨ। ਇਨ੍ਹਾਂ ਟੈਂਡਰਾਂ ਦੇ ਲਈ ਮੈਨੂੰਅਲ ਪ੍ਰਸਤਾਵ ਮਾਨਯ ਨਹੀਂ ਹੈ ਅਤੇ ਐਸੇ ਕਿਸੀ ਵੀ ਮੈਨੂੰਅਲ ਪ੍ਰਾਪਤ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਟੈਂਡਰਕਰਤਾ ਟੈਂਡਰ ਪ੍ਰਪੱਤਰ ਦੀ ਲਾਗਤ ਅਤੇ ਬਿਆਨਾ ਰਾਸ਼ੀ ਦੇ ਭੁਗਤਾਨ ਕਰਨ ਦੇ ਲਈ ਕੇਵਲ ਆਈ.ਆਰ.ਈ.ਪੀ.ਐਸ. ਪੋਰਟਲ ਉਤੇ ਉਪਲਬਧ ਆਨਲਾਈਨ ਸਾਧਨਾਂ ਦੇ ਦੁਆਰਾ ਜਿਸ ਤਰ੍ਹਾਂ ਨੇਟ ਬੈਂਕਿੰਗ, ਡੇਬਿਟ ਕਾਰਡ ਤੇ ਕ੍ਰੇਡਿਟ ਕਾਰਡ ਤੋਂ ਭੁਗਤਾਨ ਕਰ ਸਕਦੇ ਹਨ। ਮੈਨੂੰਅਲ ਭੁਗਤਾਨ ਜਿਸ ਤਰ੍ਹਾਂ ਡਿਮਾਂਡ ਡਰਾਫਟ, ਬੈਂਕਰਸ ਚੈਕ, ਜਮਾਂ ਰਸੀਦਾਂ ਤੇ ਐਫ.ਡੀ.ਆਰ. ਆਦਿ ਦੇ ਦੁਆਰਾ ਤੋਂ ਭੁਗਤਾਨ ਦੀ ਅਨੁਮਤੀ ਨਹੀਂ ਹੈ।

| | |
|---|---|
| **ਟੈਂਡਰ ਨੰਬਰ :** | 2025-26-15A |
| **ਕੰਮਾਂ ਦਾ ਵੇਰਵਾ :** | 3 ਫੇਜ ਇਲੈਕਟ੍ਰਿਕ ਲੋਕੋ ਵਿਚ E-70 ਬ੍ਰੇਕ ਸਿਸਟਮ ਦੀ ਪੂਰੀ ਮੁਰੰਮਤ / ਓਵਰਹਾਲਿੰਗ। |
| **ਅਨੁਮਾਨਿਤ ਲਾਗਤ :** | ਰੁ: 6,20,18,147.88/- |
| **ਟੈਂਡਰ ਦੀ ਕੀਮਤ :** | ਰੁ: 0 |
| **ਟੈਂਡਰ ਪੂਰਾ ਕਰਨ ਦੀ ਮਿਤੀ ਅਤੇ ਸਮਾਂ :** | 10.06.2026, 15:00 ਵਜੇ ਤਕ |
| **ਬਿਆਨਾ ਰਾਸ਼ੀ :** | ਰੁ: 12,40,400/- |
| **ਕੰਮ ਦਾ ਸਮਾਂ :** | 24 ਮਹੀਨੇ |
| **ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ :** | 10.06.2026, 15:00 ਵਜੇ ਦੇ ਬਾਦ |
| **ਵੈੱਬਸਾਈਟ :** | www.ireps.gov.in |

ਨੰ: 230-Elect/TRS/LDH/WC/E-70/2025-26/15A ਮਿਤੀ : 18.05.2026 1658/26

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# ਦਰਸ਼ਨ ਸਿੰਘ ਟਾਹਲੀ ਜ਼ਿਲ੍ਹਾ ਪ੍ਰੀਸ਼ਦ ਦੇ ਚੇਅਰਮੈਨ, ਐਡਵੋਕੇਟ ਅਮਰੀਕ ਸਿੰਘ ਸੈਣੀ ਵਾਈਸ ਚੇਅਰਮੈਨ ਬਣੇ



**ਜਲੰਧਰ (ਰਾਜੇਸ਼ ਥਾਪਾ)**

ਜ਼ਿਲ੍ਹਾ ਪ੍ਰੀਸ਼ਦ ਜਲੰਧਰ ਦੇ ਚੇਅਰਮੈਨ ਅਤੇ ਵਾਈਸ ਚੇਅਰਮੈਨ ਦੀ ਚੋਣ 14 ਮਈ ਨੂੰ ਡਿਪਟੀ ਕਮਿਸ਼ਨਰ ਜਲੰਧਰ ਦੀ ਰਹਿਨੁਮਾਈ ਹੇਠ ਸ਼ਾਂਤੀਪੂਰਨ ਢੰਗ ਨਾਲ ਸੰਪੰਨ ਹੋਈ।ਇਸ ਦੌਰਾਨ ਸਰਬਸੰਮਤੀ ਨਾਲ ਦਰਸ਼ਨ ਸਿੰਘ ਟਾਹਲੀ ਨੂੰ ਜ਼ਿਲ੍ਹਾ ਪਰਿਸ਼ਦ ਜਲੰਧਰ ਦਾ ਚੇਅਰਮੈਨ ਅਤੇ ਐਡਵੋਕੇਟ ਅਮਰੀਕ ਸਿੰਘ ਸੈਣੀ ਨੂੰ ਵਾਈਸ ਚੇਅਰਮੈਨ ਚੁਣਿਆ ਗਿਆ।ਗੌਰਤਲਬ ਹੈ ਕਿ ਐਡਵੋਕੇਟ ਅਮਰੀਕ ਸਿੰਘ ਸੈਣੀ ਨੇ ਦਸੰਬਰ 2025 ਵਿੱਚ ਹੋਈਆਂ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਦੌਰਾਨ ਜਲੰਧਰ ਦੇ ਚੋਲੰਗ ਹਲਕੇ ਤੋਂ ਵੱਡੇ ਫਰਕ ਨਾਲ ਜਿੱਤ ਦਰਜ ਕੀਤੀ ਸੀ। ਉੱਥੇ ਹੀ ਦਰਸ਼ਨ ਸਿੰਘ ਟਾਹਲੀ ਪਹਿਲਾਂ ਵਿਧਾਨ ਸਭਾ ਹਲਕਾ ਨਕੋਦਰ ਤੋਂ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਚੁਣੇ ਗਏ ਸਨ।ਐਡਵੋਕੇਟ ਅਮਰੀਕ ਸਿੰਘ ਸੈਣੀ ਸਾਲ 2014 ਤੋਂ ਆਮ ਆਦਮੀ ਪਾਰਟੀ ਨਾਲ ਜੁੜੇ ਹੋਏ ਹਨ ਅਤੇ ਪਾਰਟੀ ਵਿੱਚ ਸਰਗਰਮ ਭੂਮਿਕਾ ਨਿਭਾ ਰਹੇ ਹਨ।ਜ਼ਿਲ੍ਹਾ ਪ੍ਰੀਸ਼ਦ ਦੇ ਚੇਅਰਮੈਨ ਤੇ ਵਾਈਸ ਚੇਅਰਮੈਨ ਦੀ ਚੋਣ ਲਈ ਸਾਰੇ ਜ਼ਿਲ੍ਹਾ ਪ੍ਰੀਸ਼ਦ ਮੈਂਬਰਾਂ ਅਤੇ ਬਲਾਕ ਸੰਮਤੀਆਂ ਦੇ ਚੇਅਰਮੈਨਾਂ ਵੱਲੋਂ ਵੋਟਿੰਗ ਕੀਤੀ ਜਾਂਦੀ ਹੈ। ਯਾਦ ਰਹੇ ਕਿ ਜ਼ਿਲ੍ਹਾ ਜਲੰਧਰ ਵਿੱਚ ਜ਼ਿਲ੍ਹਾ ਪ੍ਰੀਸ਼ਦ ਦੀਆਂ 10 ਸੀਟਾਂ 'ਤੇ ਆਮ ਆਦਮੀ ਪਾਰਟੀ ਦੇ ਉਮੀਦਵਾਰ ਜੇਤੂ ਰਹੇ ਸਨ, ਜਦਕਿ ਕਾਂਗਰਸ ਦੇ 7, ਬੀ ਐੱਸ ਪੀ ਦੇ 3 ਅਤੇ ਸ਼੍ਰੋਮਣੀ ਅਕਾਲੀ ਦਲ (ਬਾਦਲ) ਦਾ 1 ਮੈਂਬਰ ਜਿੱਤਿਆ ਸੀ।ਇਸ ਤੋਂ ਇਲਾਵਾ ਬਲਾਕ ਸਮਿਤੀਆਂ ਦੇ ਚੇਅਰਮੈਨਾਂ ਵਿੱਚ ਵੀ ਆਮ ਆਦਮੀ ਪਾਰਟੀ ਨੂੰ ਲੋੜੀਂਦਾ ਬਹੁਮਤ ਪ੍ਰਾਪਤ ਸੀ, ਜਿਸ ਕਾਰਨ ਇਹ ਚੋਣ ਬਿਨਾਂ ਕਿਸੇ ਵਿਰੋਧ ਦੇ ਸਰਬਸੰਮਤੀ ਨਾਲ ਮੁਕੰਮਲ ਹੋਈ। ਇਸ ਮੌਕੇ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਅਦਿੱਤਿਆ ਜੈਨ, ਸਕੱਤਰ ਐਡਵੋਕੇਟ ਰੋਹਿਤ ਗੰਭੀਰ, ਸੀਨੀਅਰ ਐਡਵੋਕੇਟ ਰਜਿੰਦਰ ਮੰਡ ਨੇ ਉਨ੍ਹਾਂ ਨੂੰ ਵਧਾਈਆਂ ਦਿੱਤੀਆਂ।

# ਐਗਰੀਗੇਟਰ ਲਾਇਸੈਂਸ ਦੇਣ ਲਈ ਨਿਯਮਾਂ ਨੂੰ ਮਨਜ਼ੂਰੀ ਦਿੱਤੀ : ਨਾਇਬ ਸਿੰਘ ਸੈਣੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਨੀ ਦੀ ਅਗਵਾਈ ਹੇਠ ਅੱਜ ਇੱਥੇ ਹੋਈ ਕੈਬਨਿਟ ਦੀ ਮੀਟਿੰਗ ਵਿੱਚ ਹਰਿਆਣਾ ਮੋਟਰ ਵਹੀਕਲਜ਼ ਰੂਲਜ਼, 1993 ਦੇ ਤਹਿਤ ਮਿਨਿਸਟਰੀ ਆਫ਼ ਰੋਡ ਟਰਾਂਸਪੋਰਟ ਐਂਡ ਹਾਈਵੇਜ਼ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਅਤੇ ਕਮਿਸ਼ਨ ਫਾਰ ਏਅਰ ਕੁਆਲਿਟੀ ਮੈਨੇਜਮੈਂਟ ਦੇ ਨਿਰਦੇਸ਼ਾਂ ਅਨੁਸਾਰ ਐਗਰੀਗੇਟਰ ਲਾਇਸੈਂਸ ਦੇਣ ਲਈ ਨਿਯਮਾਂ ਨੂੰ ਮਨਜ਼ੂਰੀ ਦਿੱਤੀ ਗਈ। ਇਹ ਫੈਸਲਾ ਰਾਜ ਦੇ ਐੱਨ ਸੀ ਆਰ ਜ਼ਿਲ੍ਹਿਆਂ ਵਿੱਚ ਬਿਹਤਰ ਆਵਾਜਾਈ ਨੂੰ ਉਤਸ਼ਾਹਿਤ ਕਰਨ, ਵਾਹਨਾਂ ਤੋਂ ਹੋਣ ਵਾਲੇ ਪ੍ਰਦੂਸ਼ਣ ਨੂੰ ਰੋਕਣ ਅਤੇ ਹਵਾ ਦੀ ਗੁਣਵੱਤਾ ਨੂੰ ਬਿਹਤਰ ਬਣਾਉਣ ਲਈ ਲਿਆ ਗਿਆ ਹੈ।ਸੋਧੇ ਹੋਏ ਨਿਯਮਾਂ ਦੇ ਤਹਿਤ 1 ਜਨਵਰੀ, 2026 ਤੋਂ ਰਾਸ਼ਟਰੀ ਰਾਜਧਾਨੀ ਖੇਤਰਾਂ ਵਿੱਚ ਨਵੇਂ ਐਗਰੀਗੇਟਰਸ, ਡਿਲਿਵਰੀ ਸਰਵਿਸ ਪ੍ਰੋਵਾਈਡਰਸ ਅਤੇ ਈ-ਕਾਮਰਸ ਕੰਪਨੀਆਂ ਦੇ ਬੇੜੇ ਵਿੱਚ ਸ਼ਾਮਲ ਸਾਰੇ ਵਾਹਨ ਲਾਜ਼ਮੀ ਤੌਰ 'ਤੇ ਸੀਐੱਨ ਜੀ, ਇਲੈਕਟ੍ਰਿਕ ਵਹੀਕਲ, ਬੈਟਰੀ ਨਾਲ ਚੱਲਣ ਵਾਲੀਆਂ ਗੱਡੀਆਂ ਜਾਂ ਕਿਸੇ ਦੂਜੇ ਸਭ ਤੋਂ ਸਾਫ਼ ਸੁਥਰੇ ਬਾਲਣ 'ਤੇ ਅਧਾਰਤ ਹੋਣਗੇ। ਇਸ ਤੋਂ ਇਲਾਵਾ ਐੱਨ ਸੀ ਆਰ ਖੇਤਰਾਂ ਵਿੱਚ ਮੌਜੂਦਾ ਬੇੜੇ ਵਿੱਚ ਸਿਰਫ਼ ਸੀ ਐੱਨ ਜੀ ਜਾਂ ਇਲੈਕਟ੍ਰਿਕ 3-ਵ੍ਹੀਲਰ, ਆਟੋ-ਰਿਕਸ਼ਾ ਨੂੰ ਹੀ ਸ਼ਾਮਲ ਕਰਨ ਦੀ ਇਜਾਜ਼ਤ ਹੋਵੇਗੀ।ਕੈਬਨਿਟ ਨੇ ਰਾਜ ਵਿੱਚ ਚੱਲ ਰਹੇ ਐਪ-ਬੇਸਡ ਪੈਸੇਂਜਰ ਐਗਰੀਗੇਟਰਸ ਅਤੇ ਡਿਲੀਵਰੀ ਸਰਵਿਸ ਪ੍ਰੋਵਾਈਡਰਸ ਲਈ ਇੱਕ ਵੱਡਾ ਰੈਗੂਲੇਟਰੀ ਫਰੇਮਵਰਕ ਬਣਾਉਣ ਲਈ ਹਰਿਆਣਾ ਮੋਟਰ ਵਹੀਕਲਜ਼ ਰੂਲਜ਼, 1993 ਦੇ ਰੂਲ 86 ਏ ਵਿੱਚ ਬਦਲਾਅ ਦੀ ਵੀ ਮਨਜ਼ੂਰੀ ਦਿੱਤੀ।

# ਮਾਸਟਰ ਸਵਰਨਾ ਰਾਮ ਕਟਾਰੀਆ ਨੂੰ ਵਿਕਾਸ ਕੰਮਾਂ ਲਈ ਪਿੰਡ ਵਾਸੀ ਹਮੇਸ਼ਾ ਯਾਦ ਰੱਖਣਗੇ

**ਜੰਡਿਆਲਾ ਮੰਜਕੀ (ਨ ਜ਼ ਸ)**



ਨੇੜਲੇ ਪਿੰਡ ਥਾਬਲਕੇ ਦੇ ਜੰਮਪਲ ਤੇ ਉੱਘੇ ਸਮਾਜ ਸੇਵੀ ਐੱਨ ਆਰ ਆਈ ਮਾਸਟਰ ਸਵਰਨਾ ਰਾਮ ਕਟਾਰੀਆ ਜੀ, ਜੋ ਪਿਛਲੇ ਸਾਲ ਇੰਗਲੈਂਡ ਵਿਖੇ ਸਦੀਵੀ ਵਿਛੋੜਾ ਦੇ ਗਏ ਸਨ, ਉਨ੍ਹਾਂ ਦੀ ਯਾਦ ਵਿੱਚ ਇੰਗਲੈਂਡ ਤੋਂ ਆਏ ਪਰਿਵਾਰਕ ਮੈਂਬਰਾਂ ਉਨ੍ਹਾਂ ਦੇ ਸਪੁੱਤਰ ਕਮਲ ਦੇਵ ਕਟਾਰੀਆ, ਨੂੰਹ ਕੁਲਵਿੰਦਰ ਕੌਰ ਤੇ ਸਪੁੱਤਰੀ ਸੰਤੋਸ਼ ਵੱਲੋਂ ਸ੍ਰੀ ਗੁਰੂ ਰਵਿਦਾਸ ਭਵਨ ਜਲੰਧਰ ਵਿਖੇ ਧਾਰਮਿਕ ਸਮਾਗਮ ਕਰਵਾਇਆ ਗਿਆ। ਇਸ ਮੌਕੇ ਵੱਡੀ ਗਿਣਤੀ 'ਚ ਰਿਸ਼ਤੇਦਾਰ, ਸਕੇ ਸੰਬੰਧੀ ਤੇ ਪਿੰਡ ਥਾਬਲਕੇ ਤੋਂ ਵੀ ਪਤਵੰਤੇ ਵਿਅਕਤੀ ਪਹੁੰਚੇ, ਜਿਨ੍ਹਾਂ ਵੱਲੋਂ ਉਨ੍ਹਾਂ ਦੇ ਸਮਾਜ ਲਈ ਕੀਤੇ ਕੰਮਾਂ ਨੂੰ ਯਾਦ ਕਰਦਿਆਂ ਭਾਵ-ਭਿੰਨੀਆਂ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ। ਦੱਸਣਯੋਗ ਹੈ ਕਿ ਕਿਰਤੀ ਪਰਵਾਰ ਵਿੱਚ ਜਨਮੇ ਮਾਸਟਰ ਸਵਰਨਾ ਰਾਮ ਕਟਾਰੀਆ ਨੂੰ ਜੇ ਬੀ ਟੀ ਕਰਨ ਉਪਰੰਤ ਅਧਿਆਪਕ ਦੀ ਨੌਕਰੀ ਮਿਲ ਗਈ ਤੇ ਨੌਕਰੀ ਦੌਰਾਨ ਹੀ ਉਹ ਇੰਗਲੈਂਡ ਚਲੇ ਗਏ। ਉਥੇ ਉਨ੍ਹਾਂ ਆਪਣੇ ਪਰਵਾਰ ਦੀ ਸੈਟਿੰਗ ਲਈ ਜਿੱਥੇ ਡੱਟ ਕੇ ਮਿਹਨਤੀ ਕੀਤੀ, ਉਥੇ ਉਨ੍ਹਾਂ ਆਪਣੇ ਪਿੰਡ ਦੇ ਵਿਕਾਸ ਕੰਮਾਂ ਵਿੱਚ ਵੀ ਵੱਧ ਚੜ੍ਹ ਕੇ ਮਦਦ ਕੀਤੀ। ਉਨ੍ਹਾਂ ਸਰਕਾਰੀ ਪ੍ਰਾਇਮਰੀ ਸਕੂਲ ਥਾਬਲਕੇ ਨੂੰ ਅੱਠਵੀਂ ਤੱਕ ਅਪਗ੍ਰੇਡ ਕਰਵਾਉਣ ਵਾਸਤੇ ਆਪਣੀ ਪਤਨੀ ਸਵ. ਪ੍ਰਸਿੰਨੀ ਦੇਵੀ ਦੀ ਯਾਦ ਵਿੱਚ 5 ਕਮਰਿਆਂ ਦੀ ਬਿਲਡਿੰਗ ਬਣਵਾਈ, 2009 ਵਿੱਚ ਮਿਡਲ ਸਕੂਲ ਬਣਨ 'ਤੇ ਉਸ 'ਚ ਬੱਚਿਆਂ ਦੇ ਬੈਠਣ ਲਈ ਬੈਂਚ, ਦਫਤਰ ਲਈ ਟੇਬਲ, ਕੁਰਸੀਆਂ ਤੇ ਲੈਕਚਰ ਸਟੈਂਡ ਲੈ ਕੇ ਦਿੱਤੇ। ਇਸ ਦੇ ਨਾਲ ਹੀ ਆਪਣੀ ਹਵੇਲੀ ਦੀ ਜਗ੍ਹਾ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਜੀ ਨੂੰ ਦਾਨ ਦੇ ਦਿੱਤੀ ਅਤੇ ਗੁਰਦੁਆਰਾ ਸਾਹਿਬ ਦੀ ਇਮਾਰਤ ਵਾਸਤੇ ਇੱਕ ਲੱਖ ਦੇ ਕਰੀਬ ਵਿੱਤੀ ਮਦਦ ਵੀ ਕੀਤੀ। ਸਮੁੱਚੇ ਪਿੰਡ ਵਾਸੀ ਸਵ. ਮਾਸਟਰ ਸਵਰਨਾ ਰਾਮ ਕਟਾਰੀਆ ਜੀ ਦੇ ਵਿਛੋੜੇ 'ਤੇ ਜਿੱਥੇ ਉਨ੍ਹਾਂ ਨੂੰ ਭਾਵ-ਭਿੰਨੀ ਸ਼ਰਧਾਂਜਲੀ ਭੇਟ ਕਰਦੇ ਹਨ, ਉਥੇ ਉਨ੍ਹਾਂ ਵੱਲੋਂ ਪਿੰਡ ਲਈ ਕੀਤੇ ਸਮਾਜ ਸੇਵੀ ਕਾਰਜਾਂ ਨੂੰ ਯਾਦ ਰੱਖਦੇ ਹੋਏ ਹਮੇਸ਼ਾ ਉਨ੍ਹਾਂ ਦੇ ਅਭਾਰੀ ਰਹਿਣਗੇ।



# ਨਗਰ ਨਿਗਮ ਚੋਣਾਂ ਲਈ ਆਈ ਏ ਐੱਸ/ ਸੀਨੀਅਰ ਪੀ ਸੀ ਐੱਸ ਅਧਿਕਾਰੀਆਂ ਨੂੰ ਜਨਰਲ ਆਬਜ਼ਰਵਰਾਂ ਵਜੋਂ ਕੀਤਾ ਨਿਯੁਕਤ

**ਚੰਡੀਗੜ੍ਹ (ਸੁਰਜੀਤ ਸੁਮਨ)**

ਰਾਜ ਚੋਣ ਕਮਿਸ਼ਨ, ਪੰਜਾਬ ਵੱਲੋਂ ਸੂਬੇ ਵਿੱਚ 8 ਨਗਰ ਨਿਗਮਾਂ, 76 ਨਗਰ ਕੌਂਸਲਾਂ ਅਤੇ 21 ਨਗਰ ਪੰਚਾਇਤਾਂ (ਕੁੱਲ 105) ਦੀਆਂ ਆਮ ਚੋਣਾਂ ਦਾ ਐਲਾਨ ਕੀਤਾ ਗਿਆ ਹੈ ਤੇ ਇਸ ਸਬੰਧੀ 26 ਮਈ ਨੂੰ ਵੋਟਾਂ ਪੈਣਗੀਆਂ। ਇਹਨਾਂ ਚੋਣਾਂ ਨੂੰ ਸੁਤੰਤਰ, ਨਿਰਪੱਖ ਅਤੇ ਸ਼ਾਂਤੀਪੂਰਨ ਢੰਗ ਨਾਲ ਨੇਪਰੇ ਚਾੜ੍ਹਨ ਲਈ ਕਮਿਸ਼ਨ ਵੱਲੋਂ 23 ਜ਼ਿਲ੍ਹਿਆਂ ਵਿੱਚ ਆਈ ਏ ਐੱਸ/ਸੀਨੀਅਰ ਪੀ ਸੀ ਐੱਸ ਅਧਿਕਾਰੀਆਂ ਨੂੰ ਜਨਰਲ ਅਬਜ਼ਰਵਰ ਨਿਯੁਕਤ ਕੀਤਾ ਗਿਆ ਹੈ। ਨਿਯੁਕਤ ਕੀਤੇ ਗਏ ਜਨਰਲ ਅਬਜ਼ਰਵਰਾਂ ਵਿੱਚ ਮਿਸ. ਪਰਨੀਤ ਸ਼ੇਰਗਿੱਲ, ਆਾਇ ਏ ਐੱਸ (ਬਰਨਾਲਾ), ਪਰਮਦੀਪ ਸਿੰਘ, ਪੀ ਸੀ ਐੱਸ (ਅੰਮ੍ਰਿਤਸਰ), ਹਰਸੁਹਿੰਦਰ ਪਾਲ ਸਿੰਘ ਬਰਾੜ, ਆਈ ਏ ਐੱਸ (ਬਠਿੰਡਾ), ਸੁਖਪ੍ਰੀਤ ਸਿੰਘ ਸਿੱਧੂ, ਪੀ ਸੀ ਐੱਸ (ਫਿਰੋਜ਼ਪੁਰ), ਰੁਬਿੰਦਰਜੀਤ ਸਿੰਘ ਬਰਾੜ, ਆਈ ਏ ਐੱਸ (ਫਰੀਦਕੋਟ), ਰਿਸ਼ਭ ਬਾਂਸਲ, ਪੀ ਸੀ ਐੱਸ. (ਫਾਜ਼ਿਲਕਾ), ਮਿਸ. ਹਰਗੁਣਜੀਤ ਕੌਰ, ਆਈ ਏ ਐੱਸ. (ਫਤਿਹਗੜ੍ਹ ਸਾਹਿਬ), ਰਾਕੇਸ਼ ਕੁਮਾਰ ਪੋਪਲੀ, ਪੀ ਸੀ ਐੱਸ (ਗੁਰਦਾਸਪੁਰ), ਮਿਸ. ਹਰਜੋਤ ਕੌਰ, ਪੀ ਸੀ ਐੱਸ (ਹੁਸ਼ਿਆਰਪੁਰ), ਪਰਮਵੀਰ ਸਿੰਘ, ਆਈ ਏ ਐੱਸ (ਜਲੰਧਰ), ਮਿਸ. ਕਨੂੰ ਥਿੰਦ ਪੀ ਸੀ ਐੱਸ (ਕਪੂਰਥਲਾ/ 19.05.2026 ਤੱਕ) ਅਤੇ ਸੇਨੂ ਦੁੱਗਲ, ਆਈ.ਏ.ਐਸ. (ਕਪੂਰਥਲਾ/ 24.05.2026 ਤੋਂ 29.05.2026), ਮਿਸ. ਬਲਦੀਪ ਕੌਰ, ਆਈ ਏ ਐੱਸ (ਲੁਧਿਆਣਾ), ਮਿਸ. ਨਯਨ, ਪੀ ਸੀ ਐੱਸ (ਮੋਗਾ), ਅਮਿਤ ਸਰੀਨ, ਪੀ ਸੀ ਐੱਸ (ਮਾਨਸਾ), ਪਰਮੋਦ ਸਿੰਗਲਾ, ਪੀ ਸੀ ਐੱਸ (ਮਾਲੇਰਕੋਟਲਾ), ਅਮਰਬੀਰ ਸਿੰਘ, ਪੀ ਸੀ ਐੱਸ ਸ੍ਰੀ ਮੁਕਤਸਰ ਸਾਹਿਬ), ਮਿਸ. ਅਪਨੀਤ ਰਿਆਤ, ਆਈ ਏ ਐੱਸ (ਪਟਿਆਲਾ/ 19.05.2026 ਤੱਕ), ਰਿਸ਼ੀ ਪਾਲ ਸਿੰਘ, ਆਈ ਏ ਐੱਸ (ਪਟਿਆਲਾ/ 24.05.2026 ਤੋਂ 29.05.2026 ਤੱਕ), ਅਮਰਿੰਦਰ ਸਿੰਘ ਟਿਵਾਣਾ, ਪੀ ਸੀ ਐੱਸ (ਪਠਾਨਕੋਟ), ਜਗਜੀਤ ਸਿੰਘ, ਪੀ ਸੀ ਐੱਸ (ਰੂਪਨਗਰ), ਮਿਸ. ਅਮਨਦੀਪ ਕੌਰ, ਆਈ ਏ ਐੱਸ (ਐੱਸ ਬੀ ਐੱਸ ਨਗਰ), ਅਭਿਜੀਤ ਕਪਲਿਸ਼, ਆਈ ਏ ਐੱਸ (ਮੁਹਾਲੀ), ਕਮਲ ਕੁਮਾਰ ਗਰਗ, ਆਈ ਏ ਐੱਸ (ਸੰਗਰੂਰ), ਵਿਕਾਸ ਹੀਰਾ, ਪੀ ਸੀ ਐੱਸ (ਤਰਨਤਾਰਨ) ਸ਼ਾਮਿਲ ਹਨ।

# ਵਿਦਿਆਰਥੀਆਂ ਵੱਲੋਂ ਬਾਰ੍ਹਵੀਂ ਦੀਆਂ ਪ੍ਰੀਖਿਆ 'ਚ ਸ਼ਾਨਦਾਰ ਪ੍ਰਦਰਸ਼ਨ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਰਿਆਤ ਬਾਹਰਾ ਇੰਟਰਨੈਸ਼ਨਲ ਸਕੂਲ, ਮੋਹਾਲੀ ਦੇ ਵਿਦਿਆਰਥੀਆਂ ਨੇ ਅਕਾਦਮਿਕ ਸੈਸ਼ਨ 2025-26 ਲਈ ਬਾਰ੍ਹਵੀਂ ਜਮਾਤ ਦੀ ਸੀਬੀਐਸਈ ਬੋਰਡ ਪ੍ਰੀਖਿਆਵਾਂ ਵਿੱਚ ਆਪਣੇ ਸ਼ਾਨਦਾਰ ਪ੍ਰਦਰਸ਼ਨ ਨਾਲ ਸੰਸਥਾ ਦਾ ਨਾਂਅ ਰੌਸ਼ਨ ਕੀਤਾ। ਅਕਾਦਮਿਕ ਉੱਤਮਤਾ ਦੀ ਆਪਣੀ ਵਿਰਾਸਤ ਨੂੰ ਕਾਇਮ ਰੱਖਦੇ ਹੋਏ, ਸਕੂਲ ਨੇ ਸਾਰੀਆਂ ਸਟ੍ਰੀਮਾਂ ਵਿੱਚ ਪ੍ਰਭਾਵਸ਼ਾਲੀ ਨਤੀਜੇ ਦਰਜ ਕੀਤੇ। ਡਾਇਰੈਕਟਰ ਪ੍ਰਿੰਸੀਪਲ ਅਭਿਲਾਸ਼ਾ ਸਿੰਘ ਨੇ ਦੱਸਿਆ ਕਿ ਪ੍ਰਾਪਤੀਆਂ ਕਰਨ ਵਾਲਿਆਂ ਵਿੱਚ ਮੋਹਰੀ ਹਰਮਨਬੀਰ ਸਿੰਘ ਨੇ ਕਾਮਰਸ ਵਿੱਚ 93.2% ਅੰਕ ਪ੍ਰਾਪਤ ਕੀਤੇ, ਉਸ ਤੋਂ ਬਾਅਦ ਅਮਨੀਤ ਕੌਰ ਨੇ ਹਿਊਮੈਨਿਟੀਜ਼ ਵਿੱਚ 93% ਅੰਕ ਪ੍ਰਾਪਤ ਕੀਤੇ। ਅਤੇ ਨਮਨਪ੍ਰੀਤ ਕੌਰ ਨੇ 92% ਅੰਕ ਪ੍ਰਾਪਤ ਕੀਤੇ। ਕਰਿਸ਼ਮਾ (ਕਾਮਰਸ) ਨੇ 90.6% ਅੰਕ ਪ੍ਰਾਪਤ ਕੀਤੇ, ਜਦੋਂ ਕਿ ਹਾਰਮਨੀ ਕੁੰਡੀ (ਹਿਊਮੈਨਿਟੀਜ਼) ਨੇ 90% ਅੰਕ ਪ੍ਰਾਪਤ ਕੀਤੇ, ਜਿਸ ਨਾਲ ਉਨ੍ਹਾਂ ਨੂੰ 90% ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ ਚੋਟੀ ਦੇ ਪ੍ਰਦਰਸ਼ਨਕਾਰਾਂ ਵਿੱਚ ਸ਼ਾਮਲ ਕੀਤਾ ਗਿਆ। ਕਈ ਹੋਰ ਵਿਦਿਆਰਥੀਆਂ ਨੇ ਵੀ ਸ਼ਲਾਘਾਯੋਗ ਪ੍ਰਦਰਸ਼ਨ ਕੀਤਾ। ਸਿਮਰਨ (88%), ਮਾਨਿਕ ਗੋਇਲ (87%), ਬਬਲਪ੍ਰੀਤ ਕੌਰ (85%), ਜਸਪਿੰਦਰ ਕੌਰ (84.2%), ਗੁਰਜੋਤ ਸਿੰਘ (83.8%), ਅਤੇ ਜਪਗੁਣ ਕੌਰ (83.8%) ਅੰਕ ਪ੍ਰਾਪਤ ਕਰਨ ਵਾਲਿਆਂ ਵਿੱਚੋਂ ਸਨ। ਇਸ ਤੋਂ ਇਲਾਵਾ, ਬਹੁਤ ਸਾਰੇ ਵਿਦਿਆਰਥੀਆਂ ਨੇ 70-80% ਅਤੇ 60-70% ਬਰੈਕਟਾਂ ਵਿੱਚ ਅੰਕ ਪ੍ਰਾਪਤ ਕੀਤੇ, ਜੋ ਕਿ ਸਮੂਹ ਵਿੱਚ ਇਕਸਾਰ ਅਕਾਦਮਿਕ ਪ੍ਰਾਪਤੀ ਨੂੰ ਦਰਸਾਉਂਦਾ ਹੈ। ਰਿਆਤ ਬਾਹਰਾ ਗਰੁੱਪ ਦੇ ਚੇਅਰਮੈਨ ਗੁਰਵਿੰਦਰ ਸਿੰਘ ਬਾਹਰਾ ਨੇ ਸਾਰੇ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਸਖ਼ਤ ਮਿਹਨਤ, ਸਮਰਪਣ ਅਤੇ ਲਗਨ ਲਈ ਵਧਾਈ ਦਿੱਤੀ। ਉਨ੍ਹਾਂ ਨੇ ਇਨ੍ਹਾਂ ਸ਼ਾਨਦਾਰ ਨਤੀਜਿਆਂ ਨੂੰ ਪ੍ਰਾਪਤ ਕਰਨ ਵਿੱਚ ਅਧਿਆਪਕ ਸਟਾਫ਼ ਦੇ ਯਤਨਾਂ ਅਤੇ ਮਾਪਿਆਂ ਦੇ ਸਮਰਥਨ ਦੀ ਵੀ ਸ਼ਲਾਘਾ ਕੀਤੀ।



# ਸਾਬਕਾ ਪ੍ਰਧਾਨ ਹਰੀਪਾਲ ਸਮੇਤ 2 ਉਮੀਦਵਾਰਾਂ ਦੇ ਕਾਗਜ਼ ਰੱਦ

**ਮੋਰਿੰਡਾ (ਨਿਹਾਲ ਸਿੰਘ ਕਲਸੀ)**-ਨਗਰ ਕੌਂਸਲ ਮੋਰਿੰਡਾ ਲਈ ਚੋਣ ਲੜਨ ਦੇ ਚਾਹਵਾਨ ਹਰੀਪਾਲ ਸਮੇਂ 2 ਉਮੀਦਵਾਰਾਂ ਦੇ ਕਾਗਜ਼ ਰੱਦ ਹੋ ਗਏ ਹਨ। ਜਾਣਕਾਰੀ ਅਨੁਸਾਰ ਨਗਰ ਕੌਂਸਲ ਮੋਰਿੰਡਾ ਲਈ ਵਾਰਡ ਨੰਬਰ 14 ਤੋਂ ਉਮੀਦਵਾਰ ਹਰੀਪਾਲ ਸਾਬਕਾ ਪ੍ਰਧਾਨ ਨਗਰ ਕੌਂਸਲ ਮੋਰਿੰਡਾ ਤੇ ਵਾਰਡ ਨੰਬਰ 6 ਤੋਂ ਅਕਾਲੀ ਦਲ ਦੇ ਉਮੀਦਵਾਰ ਗੁਰਸ਼ਰਨਬੀਰ ਸਿੰਘ ਸਮੇਤ 2 ਉਮੀਦਵਾਰਾਂ ਦੇ ਕਾਗਜ਼ ਰੱਦ ਹੋ ਗਏ ਹਨ। ਜਾਣਕਾਰੀ ਅਨੁਸਾਰ ਨਗਰ ਕੌਂਸਲ ਮੋਰਿੰਡਾ ਲਈ 26 ਮਈ ਨੂੰ ਹੋਣ ਜਾ ਰਹੀ ਚੋਣ ਲਈ 63 ਉਮੀਦਵਾਰਾਂ ਨੇ ਆਪਣੇ ਨਾਮਜ਼ਦਗੀ ਪੇਪਰ ਦਾਖਲ ਕੀਤੇ ਸਨ ਜਿਹਨਾਂ ਵਿੱਚ ਵੱਖ ਵੱਖ ਸਿਆਸੀ ਪਾਰਟੀਆਂ ਦੇ ਉਮੀਦਵਾਰਾਂ ਸਮੇਤ 26 ਅਜ਼ਾਦ ਉਮੀਦਵਾਰ ਸ਼ਾਮਲ ਹਨ। ਇਹਨਾਂ ਦੋ ਵਿਅਕਤੀਆਂ ਦੇ ਨਾਮਜ਼ਦਗੀ ਪੇਪਰ ਰੱਦ ਹੋਣ ਕਾਰਨ ਇਸ ਸਮੇਂ 61 ਉਮੀਦਵਾਰ ਖੜ੍ਹੇ ਹਨ। 19 ਮਈ ਨੂੰ ਕਾਗਜ਼ਾਂ ਦੀ ਵਾਪਸੀ ਸਮੇਂ ਕਿਨੇ ਉਮੀਦਵਾਰ ਅਪਣੇ ਕਾਗਜ਼ ਵਾਪਸ ਲੈਂਦੇ ਹਨ ਇਹ ਤਾਂ ਸਮਾਂ ਹੀ ਦੱਸੇਗਾ।

# ਠੰਢੇ-ਮਿੱਠੇ ਜਲ ਦੀ ਛਬੀਲ ਲਗਾਈ

**ਜਲੰਧਰ ( ਲਖਵਿੰਦਰ ਸਿੰਘ ਆਧੀ)**-ਬਸਤੀ ਦਾਨਿਸ਼ਮੰਦ ਇਲਾਕੇ ਵਿੱਚ ਪ੍ਰਸਿੱਧ ਸਮਾਜ ਸੇਵੀ ਸੋਨੂੰ, ਜਿਨ੍ਹਾਂ ਨੂੰ ਇਲਾਕੇ ਵਿੱਚ 'ਜਗਤ ਚਾਚਾ' ਦੇ ਨਾਮ ਨਾਲ ਵੀ ਜਾਣਿਆ ਜਾਂਦਾ ਹੈ, ਵੱਲੋਂ ਇੱਕ ਸ਼ਲਾਘਾਯੋਗ ਉਪਰਾਲਾ ਕੀਤਾ ਗਿਆ। ਉਨ੍ਹਾਂ ਨੇ ਇਸ ਤਪਦੀ ਗਰਮੀ ਵਿੱਚ ਰਾਹਗੀਰਾਂ ਦੀ ਪਿਆਸ ਬੁਝਾਉਣ ਲਈ ਆਪਣੀ ਮਾਰਕੀਟ ਦੇ ਬਿਲਕੁਲ ਅੱਗੇ ਠੰਢੇ-ਮਿੱਠੇ ਜਲ ਦੀ ਛਬੀਲ ਲਗਾਈ।ਛਬੀਲ ਦੌਰਾਨ ਉੱਥੋਂ ਲੰਘਣ ਵਾਲੇ ਹਰ ਰਾਹਗੀਰ, ਰਿਕਸ਼ਾ ਚਾਲਕਾਂ ਅਤੇ ਵਾਹਨ ਚਾਲਕਾਂ ਨੂੰ ਰੋਕ-ਰੋਕ ਕੇ ਠੰਡਾ ਜਲ ਛਕਾਇਆ ਗਿਆ। ਸਥਾਨਕ ਲੋਕਾਂ ਨੇ ਸੋਨੂੰ (ਜਗਤ ਚਾਚਾ) ਦੇ ਇਸ ਸੇਵਾ ਕਾਰਜ ਦੀ ਭਰਪੂਰ ਸ਼ਲਾਘਾ ਕੀਤੀ।




# ਦਵਿੰਦਰ ਸਿੰਘ ਬਾਜਵਾ ਨੇ ਡੀ ਐੱਸ ਪੀ ਵਜੋਂ ਚਾਰਜ ਸੰਭਾਲਿਆ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**-ਸਬ ਡਿਵੀਜ਼ਨ ਥਾਣਾ ਟਾਂਡਾ ਵਿਖੇ ਦਵਿੰਦਰ ਸਿੰਘ ਬਾਜਵਾ ਨੇ ਇੱਕ ਵਾਰ ਫਿਰ ਤੋਂ ਡੀ ਐੱਸ ਪੀ ਟਾਂਡਾ ਵਜੋਂ ਕਾਰਜਭਾਰ ਸੰਭਾਲ ਲਿਆ ਹੈ।ਉਨ੍ਹਾਂ ਨੇ ਥਾਣਾ ਟਾਂਡਾ ਦਾ ਚਾਰਜ ਸੰਭਾਲਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿ ਉਹ ਪਹਿਲਾਂ ਦੀ ਤਰ੍ਹਾਂ ਥਾਣਾ ਟਾਂਡਾ ਵਿੱਚ ਨਸ਼ਿਆਂ ਅਤੇ ਅਪਰਾਧਿਕ ਅੰਸਰਾਂ ਤੇ ਕਾਬੂ ਪਾਉਣ ਦੇ ਲਈ ਸ਼ਹਿਰ ਵਾਸੀਆਂ ਦੇ ਸਹਿਯੋਗ ਨਾਲ ਦੁਗਣੀ ਸਪੀਡ ਦੇ ਨਾਲ ਕੰਮ ਕਰਨਗੇ।ਇਸ ਮੌਕੇ ਉਹਨਾਂ ਕਿਹਾ ਕਿ ਜ਼ਿਲ੍ਹਾ ਪੁਲਿਸ ਮੁਖੀ ਸੰਦੀਪ ਕੁਮਾਰ ਮਲਿਕ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਤੇ ਟਾਂਡਾ ਸ਼ਹਿਰ ਵਾਸੀਆਂ ਦੇ ਸਹਿਯੋਗ ਨਾਲ ਇਲਾਕੇ ਦੀ ਬਿਹਤਰੀ ਲਈ ਉਹ ਪਹਿਲਾਂ ਵਾਂਗ ਹੀ ਕੰਮ ਕਰਨਗੇ ਅਤੇ ਥਾਣਾ ਟਾਂਡਾ ਦੀ ਸਮੁੱਚੀ ਟੀਮ ਨੂੰ ਨਾਲ ਲੈ ਕੇ ਚੱਲਣਗੇ। ਜ਼ਿਕਰ ਯੋਗ ਹੈ ਕਿ ਡੀ ਐੱਸ ਪੀ ਦਵਿੰਦਰ ਸਿੰਘ ਬਾਜਵਾ ਪਹਿਲਾਂ ਬਦਲੀ ਹੋਣ ਉਪਰੰਤ ਕਪੂਰਥਲਾ ਚਲ ਗਏ ਸਨ ਅਤੇ ਫਿਰ ਤੋਂ ਬਦਲੀ ਹੋਣ ਉਪਰੰਤ ਥਾਣਾ ਟਾਂਡਾ ਦਾ ਚਾਰਜ ਸੰਭਾਲ ਰਹੇ ਹਨ।



# ਲਾਰਡ ਕ੍ਰਿਸ਼ਨਾ ਕਾਲਜ ਆਫ ਐਜੂਕੇਸ਼ਨ 'ਚ ਫੇਅਰਵੈੱਲ ਪਾਰਟੀ



**ਸੁਲਤਾਨਪੁਰ ਲੋਧੀ, (ਹਨੀ)**

ਲਾਰਡ ਕ੍ਰਿਸ਼ਨਾ ਕਾਲਜ ਆਫ ਐਜੂਕੇਸ਼ਨ ਵਿਖੇ ਪ੍ਰਿੰਸੀਪਲ ਰੂਬੀ ਭਗਤ ਦੀ ਅਗਵਾਈ ਵਿਚ ਸੀਨੀਅਰ ਵਿਦਿਆਰਥੀਆਂ ਲਈ ਫੇਅਰਵੈੱਲ ਪਾਰਟੀ ਦਾ ਆਯੋਜਨ ਕੀਤਾ ਗਿਆ ਜਿਸ ਵਿਚ ਬੀ ਐੱਡ ਦੇ ਵਿਦਿਆਰਥੀਆਂ ਵੱਡੀ ਗਿਣਤੀ ਵਿਚ ਭਾਗ ਲਿਆ। ਇਸ ਦੌਰਾਨ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ, ਜਦਕਿ ਮਾਡਲਿੰਗ ਸ਼ੋਅ ਸਮਾਗਮ ਦਾ ਮੁੱਖ ਆਕਰਸ਼ਣ ਰਿਹਾ। ਮਾਡਲਿੰਗ ਸ਼ੋਅ ਦੇ ਵੱਖ ਵੱਖ ਰਾਊਂਡ 'ਚੋਂ ਗੁਜ਼ਰਦਿਆਂ ਸੁਮਨ ਮਿਸ ਫੇਅਰਵੈਲ ਅਤੇ ਇੰਦਰਜੀਤ ਸਿੰਘ ਮਿਸਟਰ ਫੇਅਰਵੈਲ ਦੇ ਖ਼ਿਤਾਬ 'ਤੇ ਕਬਜ਼ਾ ਕਰਨ 'ਚ ਸਫ਼ਲ ਰਹੇ। ਪ੍ਰਿੰਸੀਪਲ ਰੂਬੀ ਭਗਤ ਨੇ ਵਿਦਿਆਰਥੀਆਂ ਨੂੰ ਭਵਿੱਖ ਵਿਚ ਅੱਗੇ ਵਧਣ ਦਾ ਸੁਨੇਹਾ ਦਿੱਤਾ ਅਤੇ ਪ੍ਰਤਿਭਾਸ਼ਾਲੀ ਅਧਿਆਪਕ ਬਣ ਕੇ ਦੇਸ਼ ਦੀ ਸੇਵਾ ਕਰਨ ਲਈ ਪ੍ਰੇਰਿਤ ਕੀਤਾ। ਸਮਾਗਮ ਦੇ ਅੰਤ ਵਿਚ ਜੇਤੂਆਂ ਸਮੇਤ ਸੀਨੀਅਰ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਪ੍ਰੋਫੈਸਰ ਸੁੰਮੀ ਧੀਰ, ਪ੍ਰੋ. ਰਮਾ, ਪ੍ਰੋ. ਚਰਨਜੀਤ ਕੌਰ, ਪ੍ਰੋ. ਕੁਲਦੀਪ ਕੌਰ ਆਦਿ ਸਟਾਫ ਮੈਂਬਰ ਹਾਜਰ ਸਨ।

# ਡੇਅਰੀ ਫਾਰਮਿੰਗ ਲਈ 'ਸ਼ਾਮਲਾਤ ਦੇਹ' ਜ਼ਮੀਨ ਪੱਟੇ 'ਤੇ ਦੇਣ ਨੂੰ ਦਿੱਤੀ ਮਨਜ਼ੂਰੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)**-ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਨੀ ਦੀ ਅਗਵਾਈ ਹੇਠ ਅੱਜ ਹੋਈ ਕੈਬਨਿਟ ਦੀ ਮੀਟਿੰਗ ਵਿੱਚ ਵਿਕਾਸ ਅਤੇ ਪੰਚਾਇਤ ਵਿਭਾਗ ਦੇ ਇੱਕ ਪ੍ਰਸਤਾਵ ਨੂੰ ਮਨਜ਼ੂਰੀ ਦੇ ਦਿੱਤੀ ਗਈ ਹੈ। ਇਸ ਪ੍ਰਸਤਾਵ ਦੇ ਤਹਿਤ, ਹਰਿਆਣਾ ਰਾਜ ਗ੍ਰਾਮੀਣ ਆਜੀਵਿਕਾ ਮਿਸ਼ਨ ਕੋਲ ਰਜਿਸਟਰਡ ਸਵੈ-ਸਹਾਇਤਾ ਸਮੂਹਾਂ ਨੂੰ ਡੇਅਰੀ ਫਾਰਮਿੰਗ ਦੇ ਉਦੇਸ਼ ਲਈ 'ਸ਼ਾਮਲਾਤ ਦੇਹ' (ਸਮੁਦਾਇਕ) ਜ਼ਮੀਨ ਉਪਲਬਧ ਕਰਵਾਈ ਜਾਵੇਗੀ।ਇਸ ਉਦੇਸ਼ ਲਈ ਕੈਬਨਿਟ ਨੇ 'ਹਰਿਆਣਾ ਵਿਲੇਜ ਕਾਮਨ ਲੈਂਡਜ਼ (ਰੈਗੂਲੇਸ਼ਨ) ਰੂਲਜ਼, 1964' ਦੇ ਨਿਯਮ 6 ਵਿੱਚ ਸੋਧ ਨੂੰ ਸਬੰਧਤ ਨਿਯਮਾਂ ਅਤੇ ਸ਼ਰਤਾਂ ਸਮੇਤ ਮਨਜ਼ੂਰੀ ਦੇ ਦਿੱਤੀ ਹੈ।ਸੋਧੇ ਹੋਏ ਉਪਬੰਧਾਂ ਤੋਂ ਬਾਅਦ, ਗ੍ਰਾਮ ਪੰਚਾਇਤਾਂ ਨੂੰ ਹਰਿਆਣਾ ਰਾਜ ਗ੍ਰਾਮੀਣ ਆਜੀਵਿਕਾ ਮਿਸ਼ਨ ਕੋਲ ਰਜਿਸਟਰਡ ਸਵੈ-ਸਹਾਇਤਾ ਸਮੂਹਾਂ ਅਤੇ ਸਵੈ-ਸਹਾਇਤਾ ਸਮੂਹਾਂ ਦੀਆਂ ਸਹਿਕਾਰੀ ਸਭਾਵਾਂ ਨੂੰ ਡੇਅਰੀ ਸਥਾਪਿਤ ਕਰਨ ਲਈ 500 ਵਰਗ ਗਜ਼ ਤੱਕ ਦੀ 'ਸ਼ਾਮਲਾਤ ਦੇਹ' ਜ਼ਮੀਨ ਪੱਟੇ 'ਤੇ ਦੇਣ ਦੀ ਇਜਾਜ਼ਤ ਹੋਵੇਗੀ। ਇਹ ਪੱਟਾ ਸ਼ੁਰੂ ਵਿੱਚ ਦੋ ਸਾਲਾਂ ਦੀ ਮਿਆਦ ਲਈ ਦਿੱਤਾ ਜਾਵੇਗਾ, ਅਤੇ ਡੇਅਰੀ ਦੇ ਤਸੱਲੀਬਖ਼ਸ਼ ਸੰਚਾਲਨ ਦੇ ਅਧਾਰ 'ਤੇ (ਜਿਵੇਂ ਕਿ ਹਰਿਆਣਾ ਰਾਜ ਗ੍ਰਾਮੀਣ ਆਜੀਵਿਕਾ ਮਿਸ਼ਨ ਵੱਲੋਂ ਪ੍ਰਮਾਣਿਤ ਕੀਤਾ ਜਾਵੇਗਾ), ਇਸ ਨੂੰ ਹੋਰ ਤਿੰਨ ਸਾਲਾਂ ਲਈ ਵਧਾਇਆ ਜਾ ਸਕਦਾ ਹੈ।ਹਾਲਾਂਕਿ, ਪੱਟੇ ਦੀ ਕੁੱਲ ਮਿਆਦ ਪੰਜ ਸਾਲਾਂ ਤੋਂ ਵੱਧ ਨਹੀਂ ਹੋਵੇਗੀ।

# ਜਾਗਰੂਕਤਾ ਰੈਲੀ ਕੱਢੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓਮ ਪ੍ਰਕਾਸ਼ ਰਾਣਾ)**

ਪੀ ਐੱਮ ਸ੍ਰੀ ਜਵਾਹਰ ਨਵੋਦਿਆ ਵਿਦਿਆਲਿਆ ਫਲਾਹੀ ਵਿਖੇ ਪਾਣੀ ਦੀ ਸੰਭਾਲ ਬਾਰੇ ਜਾਗਰੂਕਤਾ ਫੈਲਾਉਣ ਲਈ ਸੱਤਵੀਂ ਜਮਾਤ ਦੇ ਵਿਦਿਆਰਥੀਆਂ ਵੱਲੋਂ ਪਾਣੀ ਬਚਾਓ, ਜੀਵਨ ਬਚਾਓ ਜਾਗਰੂਕਤਾ ਰੈਲੀ ਕੱਢੀ ਗਈ, ਜਿਸ ਦੀ ਅਗਵਾਈ ਸੀਤਾ ਰਾਮ ਬਾਂਸਲ, ਰਵਿੰਦਰ ਸਿੰਘ ਕੌਂਸਲਰ ਅਤੇ ਸੁਨੀਤਾ ਨੇ ਕੀਤੀ। ਕੁਦਰਤੀ ਸੋਮੇ ਪਾਣੀ ਦੀ ਸਾਂਭ-ਸੰਭਾਲ ਅਤੇ ਜ਼ਿੰਦਗੀ ਵਿਚ ਪਾਣੀ ਦੀ ਮਹੱਤਤਾ ਬਾਰੇ ਜਾਗਰੂਕਤਾ ਰੈਲੀ ਸਕੂਲ ਕੈਂਪਸ ਤੋਂ ਸ਼ੁਰੂ ਹੋ ਕੇ ਫਲਾਹੀ ਪਿੰਡ ਦੀਆਂ ਗਲੀਆਂ ਵਿੱਚੋਂ ਲੰਘੀ ਜਿਥੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਪਾਣੀ ਬਚਾਉਣ ਦੀ ਅਪੀਲ ਕਰਦਿਆਂ ਜਾਗਰੂਕਤਾ ਪੈਦਾ ਕਰਨ ਲਈ ਪਾਣੀ ਬਚਾਓ, ਜੀਵਨ ਬਚਾਓ, ਜਲ ਹੈ ਤਾਂ ਕੱਲ੍ਹ ਹੈ ਅਤੇ ਪਾਣੀ ਬਚਾਓ ਜੀਵਨ ਬਚਾਓ ਦੇ ਨਾਅਰੇ ਲਾਏ। ਪਿੰਡ ਵਿੱਚ ਸਰਪੰਚ ਲਖਵੀਰ ਕੌਰ, ਸਾਬਕਾ ਸਰਪੰਚ ਸੁਰਜੀਤ ਲਾਲ ਅਤੇ ਕਈ ਪਿੰਡ ਵਾਸੀ ਵੀ ਰੈਲੀ ਵਿੱਚ ਸ਼ਾਮਲ ਹੋਏ ਅਤੇ ਉਨ੍ਹਾਂ ਨੇ ਭਵਿੱਖ ਵਿਚ ਪਾਣੀ ਦੀ ਬੱਚਤ ਲਈ ਉਪਰਾਲੇ ਕਰਨ ਦਾ ਪ੍ਰਣ ਲਿਆ। ਇਕੱਠ ਨੂੰ ਸੰਬੋਧਨ ਕਰਦਿਆਂ ਸੀਤਾ ਰਾਮ ਬਾਂਸਲ ਨੇ ਪਾਣੀ ਦੀ ਸਾਂਭ-ਸੰਭਾਲ ਨਾ ਕਰਨ ਨਾਲ ਭਵਿੱਖ ਵਿਚ ਪੈਦਾ ਹੋਣ ਵਾਲੇ ਖ਼ਤਰਿਆਂ 'ਤੇ ਚਾਨਣਾ ਪਾਇਆ ਅਤੇ ਚੇਤਾਵਨੀ ਦਿੱਤੀ ਕਿ ਪਾਣੀ ਦੇ ਸਰੋਤਾਂ ਦੀ ਲਾਪਰਵਾਹੀ ਨਾਲ ਵਰਤੋਂ ਕਰਨ ਕਰਕੇ ਪੀਣ ਵਾਲੇ ਪਾਣੀ, ਖੇਤੀਬਾੜੀ ਅਤੇ ਇੱਥੋਂ ਤੱਕ ਕਿ ਜੀਵ ਜੰਤੂਆਂ ਲਈ ਪਾਣੀ ਦੀ ਕਮੀ ਦਾ ਸਾਹਮਣਾ ਕਰਨਾ ਪਵੇਗਾ। ਸਾਬਕਾ ਸਰਪੰਚ ਸੁਰਜੀਤ ਲਾਲ ਨੇ ਸਮਾਜਿਕ ਜਾਗਰੂਕਤਾ ਅਤੇ ਭਾਈਚਾਰਕ ਭਲਾਈ ਦੇ ਉਦੇਸ਼ ਨਾਲ ਸਾਰਥਕ ਪ੍ਰੋਗਰਾਮ ਕਰਵਾਉਣ ਲਈ ਪ੍ਰਿੰਸੀਪਲ ਅਤੇ ਸਟਾਫ ਦੀ ਸ਼ਲਾਘਾ ਕੀਤੀ। ਰੈਲੀ ਵਿੱਚ ਹਿੱਸਾ ਲੈਣ ਵਾਲਿਆਂ ਨੇ ਸਰਕਾਰੀ ਪ੍ਰਾਇਮਰੀ ਸਕੂਲ ਫਲਾਹੀ ਦਾ ਦੌਰਾ ਕੀਤਾ ਜਿੱਥੇ ਉਨ੍ਹਾਂ ਨੇ ਛੋਟੇ ਵਿਦਿਆਰਥੀਆਂ ਵਿੱਚ ਪਾਣੀ ਦੀ ਸੰਭਾਲ ਦਾ ਸੰਦੇਸ਼ ਫੈਲਾਇਆ। ਹੈੱਡਮਾਸਟਰ ਸਤਪਾਲ ਨੇ ਸਟਾਫ ਦੇ ਨਾਲ ਮਿਲ ਕੇ ਇਸ ਪਹਿਲਕਦਮੀ ਦਾ ਨਿੱਘਾ ਸਵਾਗਤ ਕੀਤਾ।




# 10 ਵੀਂ ਦਾ ਨਤੀਜਾ ਰਿਹਾ 100 ਫੀਸਦੀ

**ਜਲੰਧਰ (ਲਖਵਿੰਦਰ ਸਿੰਘ ਆਧੀ)**-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਮਾਰਚ 2026 ਵਿੱਚ ਲਈ ਗਈ ਦੱਸਵੀਂ ਸ਼੍ਰੇਣੀ ਦੀ ਪ੍ਰੀਖਿਆ ਦੇ ਨਤੀਜੇ ਦਾ ਐਲਾਨ ਕਰ ਦਿੱਤਾ ਗਿਆ ਹੈ। ਇਸ ਪ੍ਰੀਖਿਆ ਵਿੱਚ ਸਰਕਾਰੀ ਹਾਈ ਸਕੂਲ ਪਿੰਡ ਆਧੀ (ਜਲੰਧਰ) ਦੇ ਵਿਦਿਆਰਥੀਆਂ ਨੇ ਵੱਡੀ ਸਫ਼ਲਤਾ ਹਾਸਿਲ ਕਰਦਿਆਂ ਸਕੂਲ ਦਾ ਨਾਮ ਰੌਸ਼ਨ ਕੀਤਾ ਤੇ ਦਸਵੀਂ ਜਮਾਤ ਦਾ ਨਤੀਜਾ ਵੀ ਬਹੁਤ ਸ਼ਾਨਦਾਰ ਰਿਹਾ । ਦਸਵੀਂ ਦੀ ਸਿਮਰਨ ਕੌਰ 650 ਤੋਂ 549 ਨੰਬਰ ਲੈ ਦੇ ਪਹਿਲੇ ਸਥਾਨ 'ਤੇ ਕਰਨਵੀਰ ਸਿੰਘ 523 ਨੰਬਰ ਲੈ ਕੇ ਦੂਸਰੇ ਸਥਾਨ 'ਤੇ ਅਤੇ ਅਰਸ਼ਦੀਪ ਸਿੰਘ ਨੇ 519 ਨੰਬਰ ਲੈ ਕੇ ਤੀਸਰੇ ਸਥਾਨ 'ਤੇ ਰਿਹਾ। ਹੈਡਮਾਸਟਰ ਕੁਲਬੀਰ ਸਿੰਘ ਨੇ ਵਿਦਿਆਰਥੀਆਂ ਤੇ ਮਾਪਿਆਂ ਅਤੇ ਸਕੂਲ ਸਟਾਫ ਨੂੰ ਵਧਾਈਆਂ ਦਿੱਤੀਆਂ ਤੇ ਕਿਹਾ ਕਿ ਜਿੱਥੇ ਤੁਸੀਂ ਸਕੂਲ ਦਾ ਨਾਂਅ ਰੌਸ਼ਨ ਕੀਤਾ ਹੈ ਉਥੇ ਆਪਣੇ ਮਾਂ ਬਾਪ ਦਾ ਮਾਣ ਵੀ ਵਧਾਇਆ ਹੈ।




# ਖੂਨਦਾਨ ਕੈਂਪ ਅੱਜ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**-ਪਿੰਡ ਲੋਧੀ ਚੱਕ ਵਿਖੇ ਸਥਿਤ ਬਾਬਾ ਭਾਈ ਚਾਈਆ ਜੀ ਦੇ ਅਸਥਾਨ ਤੇ ਰਿਪਲ ਆਫ ਹੈਲਪ ਕਲੱਬ ਟਿਲੁਵਾਲ ਖੁਣ ਖੁਣ ਕਲਾਂ ਵੱਲੋਂ ਵੱਲੋਂ ਮਾਨਵਤਾ ਦੀ ਸੇਵਾ ਨੂੰ ਸਮਰਪਿਤ ਪਹਿਲਾ ਖੂਨਦਾਨ ਕੈਂਪ 19 ਮਈ ਨੂੰ ਲਗਾਇਆ ਜਾਵੇਗਾ। ਸੱਚਖੰਡ ਵਾਸੀ ਬਾਬਾ ਕਾਰਸੀ ਗਿਰ ਦੀ ਯਾਦ ਵਿੱਚ ਕਰਵਾਏ ਜਾ ਰਹੇ ਸਾਲਾਨਾ ਭੰਡਾਰੇ ਤੇ ਜੋੜ ਮੇਲੇ ਸਵੇਰੇ 10 ਵਜੇ ਤੋਂ 2 ਵਜੇ ਤੱਕ ਲਗਾਏ ਜਾ ਰਹੇ ਕੈਂਪ ਸਬੰਧੀ ਜਾਣਕਾਰੀ ਦਿੰਦੇ ਹੋਏ ਕਲੱਬ ਦੇ ਪ੍ਰਧਾਨ ਪਾਸਟਰ ਬਲਵੰਤ ਵਿਜ, ਮੋਟੇ ਚੇਅਰਮੈਨ ਅੰਮ੍ਰਿਤਪਾਲ ਸਿੰਘ ਤੇ ਡਾਇਰੈਕਟਰ ਦੀਪਕ ਭਟਾਰਾ ਨੇ ਦੱਸਿਆ ਕਿ ਕੈਂਪ ਦੌਰਾਨ ਸਤਨਾਮ ਹਸਪਤਾਲ ਦੀ ਟੀਮ ਵੱਲੋਂ ਸੇਵਾਵਾਂ ਪ੍ਰਦਾਨ ਕਰਦੇ ਹੋਏ ਬਲੱਡ ਇਕੱਤਰ ਕੀਤਾ ਜਾਵੇਗਾ। ਉਹਨਾਂ ਇਸ ਕੈਂਪ ਦੌਰਾਨ ਇਲਾਕੇ ਦੇ ਨੌਜਵਾਨਾਂ ਨੂੰ ਮਨੁੱਖਤਾ ਦੀ ਸੇਵਾ ਨੂੰ ਮੁੱਖ ਰੱਖਦੇ ਹੋਏ ਖੂਨਦਾਨ ਕਰਨ ਲਈ ਪ੍ਰੇਰਿਤ ਕੀਤਾ ਹੈ ।ਉਹਨਾਂ ਦੱਸਿਆ ਕਿ ਖੂਨਦਾਨ ਕਰਨ ਵਾਲੇ ਨੌਜਵਾਨਾਂ ਦਾ ਕਲੱਬ ਵੱਲੋਂ ਵਿਸ਼ੇਸ਼ ਤੌਰ ਤੇ ਸਨਮਾਨ ਵੀ ਕੀਤਾ ਜਾਵੇਗਾ।

# ਰਿੰਗ ਬੀਸਟ ਬਾਕਸਿੰਗ ਕਲੱਬ ਦੇ ਖਿਡਾਰੀਆਂ ਨੇ ਕਿਕ ਬਾਕਸਿੰਗ ਚੈਂਪੀਅਨਸ਼ਿਪ 'ਚ ਮਾਰੀਆਂ ਮੱਲਾਂ



**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**

15 ਮਈ ਤੋਂ 17 ਮਈ ਤੱਕ ਬਨਾਰਸੀ ਦਾਸ ਆਰਿਆ ਪਬਲਿਕ ਕਾਲਜ ਜਲੰਧਰ ਕੈਂਟ ਵਿਖੇ ਹੋਈ 22ਵੀਂ ਪੰਜਾਬ ਸਟੇਟ ਕੈਡੇਟ ਕਿਕ ਬਾਕਸਿੰਗ ਚੈਂਪੀਅਨਸ਼ਿਪ 2026 ਵਿੱਚ ਰਿੰਗ ਬੀਸਟ ਬਾਕਸਿੰਗ ਕਲੱਬ ਦੇ ਖਿਡਾਰੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਇੱਕ ਸਿਲਵਰ ਅਤੇ ਦੋ ਬ੍ਰਾਂਜ਼ ਮੈਡਲ ਜਿੱਤ ਕੇ ਕਲੱਬ ਤੇ ਜ਼ਿਲ੍ਹਾ ਕਪੂਰਥਲਾ ਦਾ ਨਾਂਅ ਰੌਸ਼ਨ ਕੀਤਾ ਹੈ। ਚੈਂਪੀਅਨਸ਼ਿਪ ਦੌਰਾਨ ਯੁਵਰਾਜ ਤਾਈਵਾਲ ਨੇ ਪੁਆਇੰਟ ਫਾਈਟ +69 ਕਿਲੋਗ੍ਰਾਮ ਭਾਰ ਵਰਗ ਵਿੱਚ ਸ਼ਾਨਦਾਰ ਖੇਡ ਦਿਖਾਉਂਦਿਆਂ ਸਿਲਵਰ ਮੈਡਲ ਆਪਣੇ ਨਾਂਅ ਕੀਤਾ। ਇਸੇ ਤਰ੍ਹਾਂ ਨਵਨੀਤ ਨੇ ਪੁਆਇੰਟ ਫਾਈਟ ਓਲਡਰ ਕੈਡੇਟ -50 ਕਿਲੋਗ੍ਰਾਮ ਭਾਰ ਵਰਗ 'ਚ ਬ੍ਰਾਂਜ਼ ਮੈਡਲ ਹਾਸਲ ਕੀਤਾ, ਜਦਕਿ ਯੂਵੀਕਾ ਨੇ ਯੰਗ ਕੈਡੇਟ -28 ਕਿਲੋਗ੍ਰਾਮ ਪੁਆਇੰਟ ਫਾਈਟ ਵਿੱਚ ਬ੍ਰਾਂਜ਼ ਮੈਡਲ ਜਿੱਤ ਕੇ ਆਪਣੇ ਪਰਵਾਰ ਅਤੇ ਅਕੈਡਮੀ ਦਾ ਮਾਣ ਵਧਾਇਆ ਹੈ। ਕੋਚ ਪ੍ਰਿੰਸ ਕੌਲ ਨੇ ਜੇਤੂ ਖਿਡਾਰੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਬੱਚਿਆਂ ਦੀ ਇਹ ਸਫਲਤਾ ਉਨ੍ਹਾਂ ਦੀ ਲਗਾਤਾਰ ਮਿਹਨਤ, ਅਨੁਸ਼ਾਸਨ ਅਤੇ ਸਮਰਪਣ ਦਾ ਨਤੀਜਾ ਹੈ। ਇਸ ਦੌਰਾਨ ਲੈਂਬਰ ਰਾਮ ਭਾਣੋਕੀ, ਪ੍ਰਿੰਸੀਪਲ ਗੀਟਾ ਥਾਪਰ, ਪ੍ਰਿੰਸੀਪਲ ਡਾ. ਰੋਮਾ ਦੁੱਲਤ, ਲਖਵੀਰ ਸਿੰਘ ਡੀ ਪੀ ਈ, ਮਨੀਸ਼ ਕੁਮਾਰ, ਤਰੁਣ ਕੁਮਾਰ, ਯਸ਼ਵੀਰ ਕੋਕਾ, ਕੁਲਦੀਪ ਸਿੰਘ ਤੇ ਜਸਵਿੰਦਰ ਪਾਲ ਵੱਲੋਂ ਵੀ ਜੇਤੂ ਖਿਡਾਰੀਆਂ ਨੂੰ ਸ਼ੁੱਭ ਇੱਛਾਵਾਂ ਦਿੱਤੀਆਂ ਗਈਆਂ ਤੇ ਉਨ੍ਹਾਂ ਨੂੰ ਨੈਸ਼ਨਲ ਪੱਧਰ ਦੇ ਮੁਕਾਬਲਿਆਂ 'ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ ਗਿਆ।

# ਸੰਤ ਪਰਮਾਨੰਦ ਦੀ ਯਾਦ 'ਚ ਜੋੜ ਮੇਲਾ ਮਨਾਇਆ

**ਹੁਸ਼ਿਆਰਪੁਰ (ਓ ਪੀ ਰਾਣਾ)**

ਭੇਖ ਭੂਸ਼ਨ ਬ੍ਰਹਮਲੀਨ 108 ਸੰਤ ਪਰਮਾਨੰਦ ਦੀ ਯਾਦ ਵਿੱਚ 43ਵਾਂ ਸਲਾਨਾ ਜੋੜ ਮੇਲਾ ਤੇ ਸੰਤ ਚਾਨਣ ਰਾਮ ਦੇ ਜਨਮ ਦਿਵਸ ਸਮਾਗਮ ਧਾਮ ਚਾਨਣਪੁਰੀ ਸ਼ੇਰਗੜ੍ਹ ਨਜ਼ਦੀਕ ਅਸਲਾਮਾਬਾਦ, ਹੁਸ਼ਿਆਰਪੁਰ ਵਿਖੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਮੌਜੂਦਾ ਸੰਚਾਲਕ ਸੰਤ ਧਰਮਪਾਲ ਸਟੇਜ ਸਕੱਤਰ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਦੀ ਅਗਵਾਈ ਹੇਠ ਬਹੁਤ ਸ਼ਰਧਾ ਪੂਰਵਕ ਮਨਾਏ ਗਏ। ਪਹਿਲਾਂ ਰੱਖੇ ਗਏ ਸ੍ਰੀ ਸਹਿਜ ਪਾਠ ਦੇ ਭੋਗ ਤੋਂ ਉਪਰੰਤ ਖੁੱਲੇ ਪੰਡਾਲਾਂ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰਛਾਇਆ ਹੇਠ ਕੀਰਤਨ ਦੇ ਦੀਵਾਨ ਸਜਾਏ ਗਏ ਜਿਸ ਵਿੱਚ ਰਾਗੀ ਜਥਿਆਂ ਤੇ ਸੰਤਾਂ ਮਹਾਂਪੁਰਸ਼ਾਂ ਨੇ ਸੰਗਤਾਂ ਨੂੰ ਗੁਰਬਾਣੀ ਰਾਹੀਂ ਨਿਹਾਲ ਕੀਤਾ।

ਇਸ ਮੌਕੇ ਸੰਤ ਸਰਵਣ ਦਾਸ ਚੇਅਰਮੈਨ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਰਜਿ.ਪੰਜਾਬ, ਸੰਤ ਸਰਵਣ ਦਾਸ ਲੁਧਿਆਣਾ ਸੀਨੀ. ਮੀਤ ਪ੍ਰਧਾਨ, ਸੰਤ ਸਤਵਿੰਦਰ ਹੀਰਾ ਰਾਸ਼ਟਰੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ, ਸੰਤ ਬਲਵੀਰ ਦਾਸ ਸਾਹਰੀ, ਸੰਤ ਜਗੀਰ ਸਿੰਘ ਸਰਬਤ ਭਲਾ ਆਸ਼ਰਮ ਨੰਦਾਚੌਰ, ਸੰਤ ਮਨਜੀਤ ਦਾਸ ਵਿਛੋਹੀ, ਸੰਤ ਹਰਮੀਤ ਸਿੰਘ ਬਣਾ ਸਾਹਿਬ, ਸੰਤ ਕੁਲਦੀਪ ਦਾਸ ਬਸੀ ਮਰੂਫ, ਸੰਤ ਪਵਨ ਦਾਸ ਤਾਜੇਵਾਲ, ਸੰਤ ਤਰਸੇਮ ਦਾਸ ਗੜ੍ਹਸ਼ੰਕਰ, ਸੰਤ ਰਜੇਸ਼ ਦਾਸ ਬਜਵਾੜਾ, ਸੰਤ ਗੁਰਮੇਲ ਰਾਮ ਰਹੀਮ ਪੁਰ, ਸੰਤ ਅਮਰ ਸਿੰਘ ਲਾਚੋਵਾਲ, ਸੰਤ ਗੁਰਮੀਤ ਦਾਸ , ਭਾਈ ਸਾਹਿਬ ਸਿੰਘ ਬਜਵਾੜਾ ਆਦਿ ਨੇ ਕਥਾ ਕੀਰਤਨ ਰਾਹੀਂ ਹਾਜਰੀ ਭਰੀ। ਸਟੇਜ ਸਕੱਤਰ ਦੀ ਸੀ ਸੇਵਾ ਓ ਪੀ ਰਾਣਾ ਨੇ ਨਿਭਾਈ।ਸੰਤ ਧਰਮਪਾਲ ਵੱਲੋਂ ਧਾਰਮਿਕ, ਸਮਾਜਿਕ ਤੇ ਰਾਜਨੀਤਕ ਸਖਸ਼ੀਅਤਾਂ ਨੂੰ ਸਨਮਾਨਤ ਕੀਤਾ ਤੇ ਧੰਨਵਾਦ ਕੀਤਾ ।ਇਸ ਮੌਕੇ ਇੰਜੀ. ਜਗਦੀਸ਼ ਬੱਧਣ ਪ੍ਰਧਾਨ ਸ਼੍ਰੋਮਣੀ ਸ੍ਰੀ ਗੁਰੂ ਰਵਿਦਾਸ ਚੈਰੀਟੇਬਲ ਸਭਾ, ਬਲਵੀਰ ਸਿੰਘ ਹੀਰ ਪ੍ਰਧਾਨ ਸ੍ਰੀ ਗੁਰੂ ਰਵਿਦਾਸ ਸਭਾ, ਮੁਖੀ ਰਾਮ, ਬੀ ਆਰ ਬੱਧਣ, ਗੁਰਮੇਲ ਸੰਧੂ ਮੋਹਣ ਲਾਲ, ਚਮਨ ਲਾਲ ਵਿਰਦੀ, ਕੈਪਟਨ ਨਿਰਵੈਰ ਸਿੰਘ, ਬਲਵਿੰਦਰ ਕੁਮਾਰ, ਗੁਰਦੇਵ ਚੰਦ,ਗੁਰਨਾਮ ਸਿੰਘ, ਤੀਕਸ਼ਨ ਹਾਂਡਾ, ਰਕੇਸ਼ ਕੁਮਾਰ, ਮਿਸ਼ਨਰੀ ਕਲਾਕਾਰ ਵਿੱਕੀ ਬਹਾਦਰ ਕੇ, ਸੋਨੀਆ ਸ਼ੇਖੂਪੁਰਾ, ਬੂਟਾ ਮਹੁੰਮਦ, ਸਰਵਣ ਸਿੰਘ, ਬਲਵੀਰ ਕੌਰ, ਰਾਮ ਪਾਲ ਬਜਵਾੜਾ, ਰਮੇਸ਼ ਲਾਲ ਸੰਧੂ, ਰਣਜੀਤ ਕੌਰ, ਰਾਜ ਕੁਮਾਰ ਡਾਡਾ, ਜਗਦੀਸ਼ ਸੰਧੂ, ਸੁਰਿੰਦਰ ਕੁਮਾਰ ਮਾਨਾ, ਜੋਤ ਨਿਰੰਜਨ, ਜਸਵਿੰਦਰ ਕੌਰ, ਨੀਲਮ ਰਾਣੀ, ਰੂਬੀ ਡਾਡਾ, ਕ੍ਰਿਸ਼ਨਾ ਦੇਵੀ, ਸਵਰਣ ਕੌਰ, ਕੁਲਵਿੰਦਰ ਕੌਰ, ਰਮਨ ਕੁਮਾਰ, ਰਾਜ ਕੁਮਾਰ ਜੰਗੀ, ਸੁਰਜੀਤ ਕੌਰ, ਮਨੀਸ਼ ਵਿਰਦੀ, ਮਲਕੀਤ ਵਿਰਦੀ ਆਦਿ ਹਾਜ਼ਰ ਸਨ।




# ਗੁਰੂ ਗੋਬਿੰਦ ਸਿੰਘ 'ਵਰਸਿਟੀ ਕਾਲਜ ਵਿਖੇ ਦਾਖ਼ਲਾ ਸ਼ੁਰੂ

**ਗੁਰਾਇਆ (ਬਿੰਦਰ ਸੁਮਨ)**

ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੇ ਸਿੱਧੇ ਪ੍ਰਬੰਧਾਂ ਅਧੀਨ, ਉਪ- ਕੁਲਪਤੀ ਪ੍ਰੋ. (ਡਾ.) ਕਰਮਜੀਤ ਸਿੰਘ ਦੀ ਰਹਿਨੁਮਾਈ ਅਤੇ ਪ੍ਰੋ. (ਡਾ.) ਸਰੋਜ ਅਰੋੜਾ, ਡੀਨ ਕਾਲਜ ਵਿਕਾਸ ਕੌਂਸਲ ਦੀ ਯੋਗ ਅਗਵਾਈ ਵਿੱਚ ਚੱਲ ਰਹੇ ਗੁਰੂ ਗੋਬਿੰਦ ਸਿੰਘ ਯੂਨੀਵਰਸਿਟੀ ਕਾਲਜ ਜੰਡਿਆਲਾ ਵਿੱਚ ਸੈਸ਼ਨ 2026-27 ਲਈ ਵੱਖ-ਵੱਖ ਗਰੈਜੂਏਟ ਅਤੇ ਡਿਪਲੋਮਾ ਕੋਰਸਾਂ ਲਈ ਦਾਖ਼ਲੇ ਸ਼ੁਰੂ ਹੋ ਗਏ ਹਨ।ਇਸ ਸੰਬੰਧੀ ਜਾਣਕਾਰੀ ਦਿੰਦਿਆ ਕਾਲਜ ਦੇ ਇੰਚਾਰਜ ਜਸ਼ਨਜੋਤ ਸਿੰਘ ਜੌਹਲ ਨੇ ਦੱਸਿਆ ਕਿ ਵੱਧ ਤੋਂ ਵੱਧ ਵਿਦਿਆਰਥੀ ਜਲਦੀ ਤੋਂ ਜਲਦੀ ਦਾਖ਼ਲਿਆਂ ਲਈ ਆਪਣਾ ਨਾਂਅ ਰਜਿਸਟਰ ਕਰਵਾ ਲੈਣ ਕਿਉਂ ਜੋ ਦਾਖ਼ਲੇ ਦਾ ਪੋਰਟਲ ਖੁੱਲ੍ਹ ਚੁੱਕਾ ਹੈ ਅਤੇ ਸਮੇਂ ਸਿਰ ਦਾਖ਼ਲਾ ਲੈ ਕੇ ਵਿਦਿਆਰਥੀ ਆਪਣਾ ਮਨ- ਪਸੰਦ ਕੋਰਸ ਲੈ ਸਕਦਾ ਹੈ। ਉਨ੍ਹਾਂ ਦੱਸਿਆ ਕਿ ਇਹ ਕਾਲਜ ਜੰਡਿਆਲਾ ਮੰਜਕੀ ਤੋਂ ਇਲਾਵਾ ਆਲ੍ਹੇ-ਦੁਆਲ੍ਹੇ ਦੇ ਪਿੰਡਾਂ ਦੇ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਦੇ ਰਿਹਾ ਹੈ। ਕਾਲਜ ਵਿੱਚ ਪਾਠਕ੍ਰਮ ਤੋ ਇਲਾਵਾਂ ਸੈਮੀਨਾਰ ਅਤੇ ਵਰਕਸ਼ਾਪ ਰਾਹੀਂ ਵੱਡੀਆਂ ਸ਼ਖ਼ਸ਼ੀਅਤਾਂ ਵੱਲੋਂ ਵਿਦਿਆਰਥੀਆਂ ਨੂੰ ਅਨਮੁੱਲਾ ਗਿਆਨ ਪ੍ਰਦਾਨ ਕੀਤਾ ਜਾਂਦਾ ਹੈ। ਸਿੱਖਿਆ ਤੋਂ ਇਲਾਵਾਂ ਇਹ ਕਾਲਜ ਯੁਵਕ ਸਰਗਰਮੀਆਂ, ਖੇਡਾਂ ਅਤੇ ਐੱਨ ਐੱਸ ਐੱਸ ਦੇ ਖੇਤਰ ਵਿੱਚ ਖ਼ਾਸ ਪ੍ਰਾਪਤੀਆਂ ਹਾਸਲ ਕਰ ਰਿਹਾ ਹੈ। ਸੰਸਥਾ ਦਾ ਮੁੱਖ ਉਦੇਸ਼ ਪੇਂਡੂ ਇਲਾਕਿਆਂ ਦੇ ਨੌਜਵਾਨਾਂ ਨੂੰ ਉੱਚ ਸਿੱਖਿਆ ਵੱਲ ਪ੍ਰੇਰਿਤ ਕਰਨਾ ਹੈ।ਕਾਲਜ ਵਿੱਚ ਪੜ੍ਹ ਰਹੇ ਅਨੁਸੂਚਿਤ ਵਰਗ ਨਾਲ ਸੰਬੰਧਿਤ ਯੋਗ ਵਿਦਿਆਰਥੀਆਂ ਨੂੰ ਪੰਜਾਬ ਸਰਕਾਰ ਦੀ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਤਹਿਤ ਮੁਫ਼ਤ ਪੜ੍ਹਾਈ ਦੀ ਸਹੂਲਤ ਦਿੱਤੀ ਜਾ ਰਹੀ ਹੈ। ਇਸ ਦੇ ਨਾਲ ਹੀ ਹੋਰ ਵਰਗਾਂ ਅਤੇ ਜਰਨਲ ਵਰਗ ਦੇ ਵਿਦਿਆਰਥੀਆਂ ਨੂੰ ਐੱਨ ਆਰ ਆਈ ਸਕਾਲਰਸ਼ਿਪ ਮੁਹੱਈਆਂ ਕਰਵਾਈ ਜਾਂਦੀ ਹੈ, ਜਿਸ ਨਾਲ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰਾਂ ਦੇ ਵਿਦਿਆਰਥੀ ਉੱਚ ਵਿੱਦਿਆ ਪ੍ਰਾਪਤ ਕਰ ਸਕਣ। ਇਸ ਕਾਲਜ ਵਿੱਚ ਜਿੱਥੇ ਉੱਚ ਮਿਆਰੀ ਸਿੱਖਿਆ ਦਿੱਤੀ ਜਾ ਰਹੀ ਹੈ, ਉੱਥੇ ਅਨੁਸ਼ਾਸਨ ਦਾ ਵੀ ਖ਼ਾਸ ਧਿਆਨ ਰੱਖਿਆ ਜਾ ਰਿਹਾ ਹੈ।



# ਪੇਂਡੂ ਲਾਇਬ੍ਰੇਰੀਆਂ ਤੇ ਵਿੱਦਿਅਕ ਸੰਸਥਾਵਾਂ ਨੂੰ ਮਿਲਣਗੀਆਂ ਮਿਆਰੀ ਪੁਸਤਕਾਂ

**ਮੁਹਾਲੀ (ਗੁਰਜੀਤ ਬਿੱਲਾ)**-ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਪੁਸਤਕ ਸੱਭਿਆਚਾਰ ਨੂੰ ਪ੍ਰਫੁੱਲਿਤ ਕਰਨ ਲਈ ਵਿਸ਼ੇਸ਼ ਉਪਰਾਲਾ ਕਰਦਿਆਂ ਪੁਸਤਕ ਮੈਚਿੰਗ ਗ੍ਰਾਂਟ ਸਕੀਮ ਦੀ ਸ਼ੁਰੂਆਤ ਕੀਤੀ ਗਈ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਖੋਜ ਅਫ਼ਸਰ ਡਾ. ਦਰਸ਼ਨ ਕੌਰ ਨੇ ਦੱਸਿਆ ਕਿ ਡਾਇਰੈਕਟਰ, ਭਾਸ਼ਾ ਵਿਭਾਗ ਪੰਜਾਬ ਦੀ ਅਗਵਾਈ ਹੇਠ ਇਸ ਸਕੀਮ ਤਹਿਤ ਜ਼ਿਲ੍ਹੇ ਦੀਆਂ ਸਮੂਹ ਪੇਂਡੂ ਲਾਇਬ੍ਰੇਰੀਆਂ, ਸਰਕਾਰੀ ਅਤੇ ਗ਼ੈਰ-ਸਰਕਾਰੀ ਵਿੱਦਿਅਕ ਸੰਸਥਾਵਾਂ ਨੂੰ ਮਿਆਰੀ ਪੁਸਤਕਾਂ ਮੁਹੱਈਆ ਕਰਵਾਈਆਂ ਜਾਣਗੀਆਂ। ਇਸ ਗ੍ਰਾਂਟ ਦੀ ਖ਼ਾਸੀਅਤ ਇਹ ਹੈ ਕਿ ਕੋਈ ਸੰਸਥਾ ਭਾਸ਼ਾ ਵਿਭਾਗ ਤੋਂ ਜਿੰਨੇ ਮੁੱਲ ਦੀਆਂ ਪੁਸਤਕਾਂ ਖ਼ਰੀਦੇਗੀ, ਉਨੇ ਹੀ ਮੁੱਲ ਦੀਆਂ ਵਾਧੂ ਕਿਤਾਬਾਂ ਵਿਭਾਗ ਵੱਲੋਂ ਮੈਚਿੰਗ ਗ੍ਰਾਂਟ ਅਧੀਨ ਬਿਲਕੁਲ ਮੁਫ਼ਤ ਪ੍ਰਦਾਨ ਕੀਤੀਆਂ ਜਾਣਗੀਆਂ।ਸਕੀਮ ਦਾ ਲਾਭ ਲੈਣ ਦੀ ਪ੍ਰਕਿਰਿਆ ਬਾਰੇ ਸਪੱਸ਼ਟ ਕਰਦਿਆਂ ਉਨ੍ਹਾਂ ਦੱਸਿਆ ਕਿ ਪੁਸਤਕਾਂ ਪ੍ਰਾਪਤ ਕਰਨ ਲਈ ਚਾਹਵਾਨ ਪੇਂਡੂ ਲਾਇਬ੍ਰੇਰੀਆਂ ਪਿੰਡ ਦੇ ਸਰਪੰਚ ਤੋਂ ਤਸਦੀਕਸ਼ੁਦਾ ਬਿਨੈ-ਪੱਤਰ ਦੇ ਸਕਦੀਆਂ ਹਨ ਅਤੇ ਵਿੱਦਿਅਕ ਸੰਸਥਾਵਾਂ ਜਿਵੇਂ ਕਿ ਸਕੂਲਾਂ, ਕਾਲਜਾਂ ਅਤੇ ਹੋਰ ਅਦਾਰਿਆਂ ਦੇ ਮੁਖੀ ਆਪਣੀ ਅਧਿਕਾਰਤ ਮੋਹਰ ਅਤੇ ਹਸਤਾਖਰਾਂ ਸਮੇਤ ਲੈਟਰ-ਪੈਡ 'ਤੇ ਬਿਨੈ-ਪੱਤਰ ਦੇ ਸਕਦੇ ਹਨ। ਇਨ੍ਹਾਂ ਪੁਸਤਕਾਂ ਨੂੰ ਖ਼ਰੀਦਣ ਅਤੇ ਸਕੀਮ ਸਬੰਧੀ ਹੋਰ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਲਈ ਜ਼ਿਲ੍ਹਾ ਭਾਸ਼ਾ ਦਫ਼ਤਰ, ਡੀ.ਸੀ. ਕੰਪਲੈਕਸ, ਕਮਰਾ ਨੰਬਰ 518 (ਏ), ਚੌਥੀ ਮੰਜ਼ਿਲ, ਸੈਕਟਰ-76, ਮੋਹਾਲੀ ਵਿਖੇ ਸੰਪਰਕ ਕੀਤਾ ਜਾ ਸਕਦਾ ਹੈ।

# ਮਹਿਤਪੁਰ ਚੋਣਾਂ 'ਚ ਉਮੀਦਵਾਰਾਂ 'ਚ ਕਾਂਗਰਸ ਮੋਹਰੀ

**ਸ਼ਾਹਕੋਟ (ਗਿਆਨ ਸੈਦਪੁਰੀ)**-ਨਗਰ ਪੰਚਾਇਤ ਮਹਿਤਪੁਰ ਲਈ 26 ਮਈ ਨੂੰ ਹੋਣ ਵਾਲੀਆਂ ਚੋਣਾਂ ਲਈ ਵੱਖ-ਵੱਖ ਪਾਰਟੀਆਂ ਦੇ ਉਮੀਦਵਾਰਾਂ ਵੱਲੋਂ ਨਾਮਜ਼ਦਗੀਆਂ ਦਾਖਲ ਕਰਵਾ ਦਿੱਤੀਆਂ ਗਈਆਂ ਹਨ। ਹੈਰਾਨੀ ਦੀ ਇਹ ਗੱਲ ਹੈ ਕਿ ਸੱਤਾਧਾਰੀ ਧਿਰ ਨੂੰ 13 ਵਾਰਡਾਂ ਵਿੱਚੋਂ ਦੋ ਵਾਰਡਾਂ ਵਿੱਚ ਉਮੀਦਵਾਰ ਮਿਲੇ ਹੀ ਨਹੀਂ ਜਾਂ ਸਮਝੌਤਾ ਕੀਤਾ ਗਿਆ ਹੋਵੇਗਾ। ਸੱਤਾਧਾਰੀ ਧਿਰ ਨੇ 11 ਵਾਰਡਾਂ 'ਤੇ ਆਪਣੇ ਉਮੀਦਵਾਰ ਉਤਾਰੇ ਹਨ। ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ ਵੱਲੋਂ 13 ਦੇ 13 ਉਮੀਦਵਾਰਾਂ ਦੀ ਕਿਸਮਤ ਅਜ਼ਮਾਈ ਜਾਣੀ ਹੈ। ਸੋਸ਼ਲ ਮੀਡੀਆ 'ਤੇ ਅਕਾਲੀ ਦਲ (ਬਾਦਲ) ਦੇ ਉਭਾਰ ਦੀਆਂ ਚਰਚਾਵਾਂ ਦੀ ਹਲਕਾ ਸ਼ਾਹਕੋਟ ਦੇ ਬਲਾਕ ਮਹਿਤਪੁਰ ਵਿੱਚ ਨਗਰ ਪੰਚਾਇਤ ਦੀਆਂ ਹੋਣ ਵਾਲੀਆਂ ਚੋਣਾਂ ਵਿੱਚ ਫੂਕ ਨਿਕਲਦੀ ਨਜ਼ਰ ਆਈ। ਮਹਿਤਪੁਰ ਨਗਰ ਪੰਚਾਇਤ ਚੋਣਾਂ ਲਈ ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਤਿੰਨ ਉਮੀਦਵਾਰ ਹੀ ਮੈਦਾਨ ਵਿੱਚ ਉਤਰੇ ਨਜ਼ਰ ਆਉਂਦੇ ਹਨ। ਦੇਸ਼ ਨੂੰ ਭਗਵੇਂ ਰੰਗ ਰੰਗਣ ਵਾਲੀ ਭਾਰਤੀ ਜਨਤਾ ਪਾਰਟੀ ਨੇ ਅੱਠ ਉਮੀਦਵਾਰ ਮਹਿਤਪੁਰ ਨਗਰ ਪੰਚਾਇਤ ਚੋਣਾਂ ਲਈ ਸਾਹਮਣੇ ਲਿਆਂਦੇ ਹਨ। ਹਾਥੀ ਆਪਣੀ ਚਾਲ ਅਨੁਸਾਰ ਬਸਪਾ ਦਾ ਇਕ ਉਮੀਦਵਾਰ ਹੀ ਜਨਤਾ ਦੀ ਕਚਹਿਰੀ ਵਿੱਚ ਲੈ ਕੇ ਆਇਆ ਹੈ। 26 ਮਈ ਨੂੰ ਹੋਣ ਵਾਲੀਆਂ ਨਗਰ ਪੰਚਾਇਤ ਮਹਿਤਪੁਰ ਦੀਆਂ ਚੋਣਾਂ ਵਿੱਚ ਕਿਸੇ ਵੀ ਪਾਰਟੀ ਵੱਲੋਂ ਨਾ ਖੜੇ ਹੋਣ ਵਾਲੇ ਛੇ ਉਮੀਦਵਾਰ ਹਨ, ਜਿਨ੍ਹਾਂ ਨੂੰ ਆਜ਼ਾਦ ਕਿਹਾ ਜਾਂਦਾ ਹੈ। ਜ਼ਿਲ੍ਹਾ ਕਾਂਗਰਸ ਦੇ ਪ੍ਰਧਾਨ ਅਤੇ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਦੇ 13 ਉਮੀਦਵਾਰ ਜਿਨਾਂ ਵਿੱਚ, ਵਾਰਡ ਨੰਬਰ ਇੱਕ ਤੋਂ ਕੁਲਵਿੰਦਰ ਕੌਰ ਪਤਨੀ ਪ੍ਰਸ਼ੋਤਮ ਲਾਲ, ਵਾਰਡ ਨੰਬਰ ਦੋ ਤੋਂ ਕਮਲ ਕਿਸ਼ੋਰ, ਵਾਰਡ ਨੰਬਰ ਤਿੰਨ ਤੋਂ ਜਸਵੀਰ ਕੌਰ ਪਤਨੀ ਹਰਮੇਸ਼ ਮਹੇ, ਵਾਰਡ ਨੰਬਰ ਚਾਰ ਤੋਂ ਕਸ਼ਮੀਰੀ ਲਾਲ, ਵਾਰਡ ਨੰਬਰ ਪੰਜ ਤੋਂ ਪ੍ਰਵੀਨ ਮਹਿਤਾ ਪਤਨੀ ਰਾਕੇਸ਼ ਮਹਿਤਾ, ਵਾਰਡ ਨੰਬਰ ਛੇ ਤੋਂ ਤਜਿੰਦਰ ਸਿੰਘ ਜਿੰਦਰ, ਵਾਰਡ ਨੰਬਰ ਸੱਤ ਤੋਂ ਸਵਪਨਦੀਪ ਕੌਰ ਪਤਨੀ ਹਰਸਿਮਰਨਜੀਤ ਸਿੰਘ ਰੂਬੀ ਚਾਹਲ, ਵਾਰਡ ਨੰਬਰ ਅੱਠ ਤੋਂ ਮਹਿੰਦਰਪਾਲ ਸਿੰਘ ਟੂਰਨਾ, ਵਾਰਡ ਨੰਬਰ ਨੌਂ ਤੋਂ ਸਤਨਾਮ ਸਿੰਘ, ਵਾਰਡ ਨੰਬਰ ਦਸ ਤੋਂ ਨਿਰਮਲ ਸਿੰਘ, ਵਾਰਡ ਨੰਬਰ ਗਿਆਰਾਂ ਤੋਂ ਹਰਪ੍ਰੀਤ ਸਿੰਘ ਪੀਤਾ, ਵਾਰਡ ਨੰਬਰ ਬਾਰਾਂ ਤੋਂ ਗੁਰਜੀਤ ਸਿੰਘ (ਹਰਿਆਣਾ ਵਾਲੇ) ਅਤੇ ਵਾਰਡ ਨੰਬਰ ਤੇਰਾਂ ਤੋਂ ਅਮਨ ਪਤਨੀ ਸੁਖਦੇਵ ਪਾਲ ਸ਼ਾਮਲ ਹਨ। ਇਸੇ ਤਰ੍ਹਾਂ ਪਰਮਿੰਦਰ ਸਿੰਘ ਪੰਡੋਰੀ ਹਲਕਾ ਇੰਚਾਰਜ 'ਆਪ' ਵੱਲੋਂ ਵਾਰਡ ਨੰਬਰ ਇੱਕ ਅਤੇ ਵਾਰਡ ਨੰਬਰ ਤਿੰਨ ਨੂੰ ਛੱਡ ਕੇ ਆਪਣੇ 11 ਉਮੀਦਵਾਰ ਮੈਦਾਨ ਵਿੱਚ ਉਤਾਰੇ ਹਨ, ਜਿਨਾਂ ਵਿੱਚ ਵਾਰਡ ਨੰਬਰ ਦੋ ਤੋਂ ਪਰਮਿੰਦਰ ਕੁਮਾਰ, ਵਾਰਡ ਨੰਬਰ ਚਾਰ ਤੋਂ ਨਵਦੀਪ ਕੁਮਾਰ, ਵਾਰਡ ਨੰਬਰ ਪੰਜ ਤੋਂ ਵੰਦਨਾ ਪਤਨੀ ਅਜੇ ਕੁਮਾਰ, ਵਾਰਡ ਨੰਬਰ ਛੇ ਤੋਂ ਹਨੀ ਕੁਮਾਰ, ਵਾਰਡ ਨੰਬਰ ਸੱਤ ਤੋਂ ਅਮਨਦੀਪ ਕੌਰ ਸ਼ੇਰਗਿੱਲ, ਵਾਰਡ ਨੰਬਰ ਅੱਠ ਤੋਂ ਸ਼ਕਸਮ ਸੇਤੀਆ, ਵਾਰਡ ਨੰਬਰ ਨੌਂ ਤੋਂ ਗੁਰਵਿੰਦਰ ਕੌਰ, ਵਾਰਡ ਨੰਬਰ 10 ਤੋਂ ਅਸ਼ਵਨੀ ਕੁਮਾਰ, ਵਾਰਡ ਨੰਬਰ 11 ਤੋਂ ਸੰਦੀਪ ਸਿੰਘ, ਵਾਰਡ ਨੰਬਰ 12 ਤੋਂ ਅਤੇ ਵਾਰਡ ਨੰਬਰ 13 ਤੋਂ ਰਾਧਾ ਦੇਵੀ ਨੂੰ ਚੋਣ ਮੈਦਾਨ ਵਿੱਚ ਉਤਾਰਿਆ ਹੈ। ਭਾਰਤੀ ਜਨਤਾ ਪਾਰਟੀ ਨੇ ਵਾਰਡ ਨੰਬਰ ਇੱਕ ਵਿੱਚੋਂ ਸੁਸ਼ਮਾ ਦੇਵੀ, ਵਾਰਡ ਨੰਬਰ ਤਿੰਨ ਵਿੱਚੋਂ ਮਮਤਾ, ਵਾਰਡ ਨੰਬਰ ਚਾਰ ਵਿੱਚੋਂ ਵਿਪਨ ਕੁਮਾਰ, ਵਾਰਡ ਨੰਬਰ ਛੇ ਵਿੱਚੋਂ ਵਿਸ਼ਾਲ, ਵਾਰਡ ਨੰਬਰ ਸੱਤ ਤੋਂ ਪਰਮਜੀਤ ਕੌਰ, ਵਾਰਡ ਨੰਬਰ ਅੱਠ ਵਿੱਚੋਂ ਸੁਨੀਲ ਕੁਮਾਰ, ਵਾਰਡ ਨੰਬਰ 12 ਤੋਂ ਸਤਿੰਦਰਜੀਤ ਸਿੰਘ ਅਤੇ ਵਾਰਡ ਨੰਬਰ 13 ਵਿੱਚੋਂ ਕਮਲ 'ਤੇ ਬਾਜ਼ੀ ਖੇਡੀ ਗਈ ਹੈ। ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਜ਼ਿਲ੍ਹਾ ਜਥੇਦਾਰ ਅਤੇ ਹਲਕਾ ਸ਼ਾਹਕੋਟ ਦੇ ਇੰਚਾਰਜ ਐਡਵੋਕੇਟ ਬਚਿੱਤਰ ਸਿੰਘ ਕੋਹਾੜ ਨੇ ਆਪਣੇ ਤਿੰਨ ਉਮੀਦਵਾਰਾਂ ਨੂੰ ਚੋਣ ਮੈਦਾਨ ਵਿੱਚ ਉਤਾਰਿਆ ਹੈ, ਜਿਨਾਂ ਵਿੱਚ ਵਾਰਡ ਨੰਬਰ ਚਾਰ ਤੋਂ ਸੀਤਾ ਰਾਮ, ਵਾਰਡ ਨੰਬਰ 11 ਤੋਂ ਮਨਪ੍ਰੀਤ ਬਾਵਾ ਅਤੇ ਵਾਰਡ ਨੰਬਰ 12 ਤੋਂ ਲਵਪ੍ਰੀਤ ਚੋਣ ਲੜਨਗੇ। ਬਸਪਾ ਦੇ ਵਾਰਡ ਨੰਬਰ ਇਕ ਤੋਂ ਕਿਰਨਦੀਪ ਕੌਰ ਚੋਣ ਮੈਦਾਨ ਵਿੱਚ ਡਟੇ ਹੋਏ ਹਨ। ਦੋ ਵਾਰ ਮੈਂਬਰ ਨਗਰ ਪੰਚਾਇਤ ਰਹੇ ਕ੍ਰਾਂਤੀਜੀਤ ਸਿੰਘ ਚੌਹਾਨ ਇਸ ਵਾਰ ਆਜ਼ਾਦ ਉਮੀਦਵਾਰ ਵਜੋਂ ਵਾਰਡ ਨੰਬਰ ਬਾਰਾਂ ਦੇ ਵੋਟਰਾਂ ਦਾ ਵਿਸ਼ਵਾਸ ਜਿੱਤਣ ਲਈ ਖੜੇ ਹੋਏ ਹਨ।



ਮਹਿਤਪੁਰ ਨਗਰ ਪੰਚਾਇਤ ਚੋਣਾਂ ਲਈ ਆਪਣੇ 13 ਉਮੀਦਵਾਰਾਂ ਨਾਲ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਤੇ ਹੋਰ

# ਜ਼ਿਲ੍ਹੇ ਅੰਦਰ ਪਾਰਦਰਸ਼ੀ ਢੰਗ ਨਾਲ ਹੋਵੇਗੀ ਐੱਸ ਆਈ ਆਰ : ਔਲਖ

**ਨਵਾਂਸ਼ਹਿਰ (ਮਨੋਜ ਲਾਡੀ)**

ਜ਼ਿਲ੍ਹਾ ਚੋਣ ਅਫ਼ਸਰ ਕਮ ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸਪੈਸ਼ਲ ਇੰਟੈਨਸਿਵ ਰੀਵੀਜ਼ਨ (ਐੱਸ ਆਈ ਆਰ) ਸਬੰਧੀ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਕੀਤੀ।ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਦੇ ਨਿਰਦੇਸ਼ਾਂ ਅਨੁਸਾਰ ਜ਼ਿਲ੍ਹੇ ਵਿੱਚ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਨਸਿਵ ਰੀਵੀਜ਼ਨ ਦਾ ਕੰਮ ਸ਼ੁਰੂ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਦਾ ਮੁੱਖ ਉਦੇਸ਼ ਵੋਟਰ ਸੂਚੀਆਂ ਨੂੰ ਪੂਰੀ ਤਰ੍ਹਾਂ ਸ਼ੁੱਧ, ਅੱਪਡੇਟ ਅਤੇ ਨੁਕਸ ਰਹਿਤ ਬਣਾਉਣਾ ਹੈ ਤਾਂ ਜੋ ਹਰ ਯੋਗ ਨਾਗਰਿਕ ਨੂੰ ਵੋਟ ਪਾਉਣ ਦਾ ਮੌਕਾ ਮਿਲ ਸਕੇ।ਜ਼ਿਲ੍ਹਾ ਚੋਣ ਅਫ਼ਸਰ ਕਮ ਡਿਪਟੀ ਕਮਿਸ਼ਨਰ ਨੇ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਐੱਸ ਆਈ ਆਰ ਦੇ ਪੂਰੇ ਸ਼ਡਿਊਲ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਸਪੈਸ਼ਲ ਇੰਟੈਂਸਿਵ ਰਵੀਜ਼ਨ (ਐੱਸ ਆਈ ਆਰ) ਅਧੀਨ ਜ਼ਿਲ੍ਹੇ ਵਿੱਚ 25 ਜੂਨ ਤੋਂ 24 ਜੁਲਾਈ 2026 ਤੱਕ ਬੀ ਐੱਲ ਓਜ਼ ਘਰੋ-ਘਰੀ ਜਾ ਕੇ ਵੋਟਰ ਦੇ ਫਾਰਮ ਭਰਵਾਉਣਗੇ। ਉਨ੍ਹਾਂ ਦੱਸਿਆ ਕਿ ਇਸ ਕੰਮ ਲਈ 615 ਬੀ ਐੱਲ ਓਜ਼, 62 ਸੁਪਰਵਾਈਜ਼ਰ, 3 ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰ, 6 ਸਹਾਇਕ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰ ਸਮੇਤ ਪੂਰਾ ਚੋਣ ਅਮਲਾ ਲਗਾਇਆ ਗਿਆ ਹੈ। ਐੱਸ ਆਈ ਆਰ ਸੰਬੰਧੀ ਬੀ ਐੱਲ ਓਜ਼ ਨੂੰ ਟ੍ਰੇਨਿੰਗ ਦੇਣ ਅਤੇ ਹੋਰ ਤਿਆਰੀਆਂ ਸਬੰਧੀ ਕੰਮ 15 ਜੂਨ ਤੋਂ 24 ਜੂਨ 2026 ਤੱਕ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਵੋਟਰ ਸੂਚੀਆਂ ਸਪੈਸ਼ਲ ਇੰਟੈਂਸਿਵ ਰਵੀਜ਼ਨ ਲਈ ਵੋਟਰ ਸੂਚੀ 2003 ਦਾ ਮੌਜੂਦ ਵੋਟਰ ਸੂਚੀ 2025 ਨਾਮ ਮੈਪਿੰਗ ਕੀਤਾ ਜਾਣਾ ਹੈ।ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਪੋਲਿੰਗ ਸਟੇਸ਼ਨਾਂ ਨੂੰ ਤਰਕ ਸੰਗਤ ਕਰਨ ਦਾ ਕੰਮ 24 ਜੁਲਾਈ 2026 ਤੱਕ ਕੀਤਾ ਜਾਵੇਗਾ। ਵੋਟਰ ਸੂਚੀ ਦਾ ਖਰੜਾ 31 ਜੁਲਾਈ 2026 ਨੂੰ ਪ੍ਰਕਾਸ਼ਿਤ ਕੀਤਾ ਜਾਵੇਗਾ। ਵੋਟਰ ਸੂਚੀਆਂ ਸਬੰਧੀ ਦਾਅਵੇ ਅਤੇ ਇਤਰਾਜ 31 ਜੁਲਾਈ 2026 ਤੋਂ 30 ਅਗਸਤ 2026 ਤੱਕ ਪੇਸ਼ ਕੀਤੇ ਜਾ ਸਕਦੇ ਹਨ। ਦਾਅਵੇ ਅਤੇ ਇਤਰਾਜ ਦਾ ਨਿਪਟਾਰਾ 28 ਸਤੰਬਰ 2026 ਤੱਕ ਕੀਤਾ ਜਾਵੇਗਾ ਅਤੇ ਅੰਤਿਮ ਵੋਟਰ ਸੂਚੀ ਦੀ ਪ੍ਰਕਾਸ਼ਨਾ 01 ਅਕਤੂਬਰ 2026 ਨੂੰ ਕੀਤੀ ਜਾਵੇਗੀ।